ਸੋਮਵਾਰ, 11 ਮਈ, 2026
28 ਵਿਸਾਖ { ਨਾਨਕਸ਼ਾਹੀ 558 / ਬਿਕਰਮੀ 2083 }
ਜਿਲਦ/VOL. : 74
ਅੰਕ/NO. : 340

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • MONDAY, 11 MAY, 2026
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਸੰਜੀਵ ਅਰੋੜਾ ਦੀ ਗ੍ਰਿਫ਼ਤਾਰੀ ਖ਼ਿਲਾਫ਼ ਪੰਜਾਬ ਭਰ 'ਚ ਪ੍ਰਦਰਸ਼ਨ

**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁੰਮਨ, ਕ੍ਰਿਸ਼ਨ ਗਰਗ)**-ਆਮ ਆਦਮੀ ਪਾਰਟੀ ਨੇ ਐਤਵਾਰ ਨੂੰ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਵਿਰੁੱਧ ਸੂਬਾ ਵਿਆਪੀ ਪ੍ਰਦਰਸ਼ਨ ਸ਼ੁਰੂ ਕਰਦਿਆਂ ਦਾਅਵਾ ਕੀਤਾ ਕਿ ਮੋਦੀ ਸਰਕਾਰ ਭਾਜਪਾ ਵਿਰੋਧੀ ਆਗੂਆਂ ਨੂੰ ਨਿਸ਼ਾਨਾ ਬਣਾਉਣ ਅਤੇ ਗੈਰ-ਭਾਜਪਾ ਸਰਕਾਰਾਂ ਨੂੰ ਅਸਥਿਰ ਕਰਨ ਲਈ ਇਨਫੋਰਸਮੈਂਟ ਡਾਇਰੈਕਟੋਰੇਟ, ਸੀ ਬੀ ਆਈ ਅਤੇ ਇਨਕਮ ਟੈਕਸ ਵਿਭਾਗ ਵਰਗੀਆਂ ਕੇਂਦਰੀ ਏਜੰਸੀਆਂ ਦੀ ਦੁਰਵਰਤੋਂ ਕਰ ਰਹੀ ਹੈ। ਕੈਬਨਿਟ ਮੰਤਰੀ ਸੰਜੀਵ ਅਰੋੜਾ ਵਿਰੁੱਧ ਈ ਡੀ ਦੀ ਕਾਰਵਾਈ ਨੂੰ ਲੈ ਕੇ 'ਆਪ' ਆਗੂਆਂ ਤੇ ਵਰਕਰਾਂ ਨੇ ਪੰਜਾਬ ਦੇ ਜ਼ਿਲ੍ਹਾ ਹੈੱਡਕੁਆਰਟਰਾਂ 'ਤੇ ਭਾਜਪਾ ਦਫ਼ਤਰਾਂ ਦਾ ਘਿਰਾਓ ਕੀਤਾ ਅਤੇ ਨਰਿੰਦਰ ਮੋਦੀ ਤੇ ਭਾਜਪਾ ਸਰਕਾਰ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ।

ਇਹ ਪ੍ਰਦਰਸ਼ਨ ਹੁਸ਼ਿਆਰਪੁਰ, ਪਟਿਆਲਾ, ਮੁਹਾਲੀ ਅਤੇ ਪੰਜਾਬ ਦੇ ਕਈ ਹੋਰ ਹਿੱਸਿਆਂ ਵਿੱਚ ਕੀਤੇ ਗਏ, ਜਿੱਥੇ 'ਆਪ' ਆਗੂਆਂ ਨੇ ਕਿਹਾ ਕਿ ਭਾਜਪਾ ਚੁਣੀਆਂ ਹੋਈਆਂ ਸਰਕਾਰਾਂ ਨੂੰ ਡਰਾਉਣ ਅਤੇ ਵਿਰੋਧੀ ਧਿਰ ਦੀ ਆਵਾਜ਼ ਨੂੰ ਚੁੱਪ ਕਰਾਉਣ ਲਈ ਜਾਂਚ ਏਜੰਸੀਆਂ ਨੂੰ ਸਿਆਸੀ ਹਥਿਆਰ ਵਜੋਂ ਵਰਤ ਰਹੀ ਹੈ। ਪ੍ਰਦਰਸ਼ਨਕਾਰੀਆਂ ਨੇ ਹੱਥਾਂ ਵਿੱਚ ਤਖ਼ਤੀਆਂ ਫੜੀਆਂ ਹੋਈਆਂ ਸਨ ਤੇ ਮੋਦੀ ਸਰਕਾਰ ਵਿਰੁੱਧ ਨਾਅਰੇਬਾਜ਼ੀ ਕੀਤੀ ਅਤੇ ਭਾਜਪਾ 'ਤੇ ਹਰ ਉਸ ਸਿਆਸੀ ਤਾਕਤ ਨੂੰ ਕੁਚਲਣ ਦੀ ਕੋਸ਼ਿਸ਼ ਕਰਨ ਦਾ ਦੋਸ਼ ਲਗਾਇਆ, ਜੋ ਉਸ ਅੱਗੇ ਝੁਕਣ ਤੋਂ ਇਨਕਾਰ ਕਰਦੀ ਹੈ।ਹੁਸ਼ਿਆਰਪੁਰ ਵਿੱਚ 'ਆਪ' ਆਗੂਆਂ ਨੇ ਪੀ ਐੱਮ ਮੋਦੀ ਦਾ ਪੁਤਲਾ ਫੂਕਿਆ ਅਤੇ ਭਾਜਪਾ ਦੀਆਂ ਕਾਰਵਾਈਆਂ ਨੂੰ ਵਿਰੋਧੀ ਪਾਰਟੀਆਂ ਤੇ 'ਤਾਨਾਸ਼ਾਹੀ ਅਤੇ ਲੋਕਤੰਤਰ ਵਿਰੋਧੀ ਹਮਲਾ' ਕਰਾਰ ਦਿੱਤਾ। ਪਾਰਟੀ ਵਰਕਰਾਂ ਨੇ ਕਿਹਾ ਕਿ ਭਾਜਪਾ ਛਾਪਿਆਂ ਅਤੇ ਜ਼ਬਰਦਸਤੀ ਕਾਰਵਾਈਆਂ ਰਾਹੀਂ ਡਰ ਫੈਲਾਉਣ ਦੀ ਕੋਸ਼ਿਸ਼ ਕਰ ਰਹੀ ਹੈ, ਪਰ ਪੰਜਾਬ ਅਜਿਹੀਆਂ ਚਾਲਾਂ ਅੱਗੇ ਗੋਡੇ ਨਹੀਂ ਟੇਕੇਗਾ।

### 'ਆਪ' ਦੀ ਵਧਦੀ ਲੋਕਪ੍ਰਿਅਤਾ ਨੂੰ ਹਜ਼ਮ ਨਹੀਂ ਕਰ ਪਾ ਰਹੀ ਭਾਜਪਾ : ਚੀਮਾ

### ਪੰਜਾਬੀ ਭਾਜਪਾ ਨੂੰ ਮੂੰਹ-ਤੋੜਵਾਂ ਜਵਾਬ ਦੇਣਗੇ : ਡਾ. ਬਲਬੀਰ ਸਿੰਘ




ਸੀਨੀਅਰ 'ਆਪ' ਆਗੂ ਤੇ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਭਾਜਪਾ ਨੇ ਈ ਡੀ, ਸੀ ਬੀ ਆਈ ਅਤੇ ਇਨਕਮ ਟੈਕਸ ਵਰਗੀਆਂ ਏਜੰਸੀਆਂ ਨੂੰ ਸਿਆਸੀ ਹਥਿਆਰ ਬਣਾ ਦਿੱਤਾ ਹੈ। ਜਦੋਂ ਵੀ ਭਾਜਪਾ ਨੂੰ ਸਿਆਸੀ ਹਾਰ ਜਾਂ ਵਿਰੋਧ ਦਾ ਸਾਹਮਣਾ ਕਰਨਾ ਪੈਂਦਾ ਹੈ, ਉਹ ਵਿਰੋਧੀ ਆਗੂਆਂ 'ਤੇ ਕੇਂਦਰੀ ਏਜੰਸੀਆਂ ਨੂੰ ਛੱਡ ਦਿੰਦੀ ਹੈ। ਪਹਿਲਾਂ ਬੰਗਾਲ ਨੂੰ ਨਿਸ਼ਾਨਾ ਬਣਾਇਆ ਗਿਆ ਸੀ ਅਤੇ ਹੁਣ ਪੰਜਾਬ 'ਤੇ ਹਮਲਾ ਕੀਤਾ ਜਾ ਰਿਹਾ ਹੈ, ਕਿਉਂਕਿ ਭਾਜਪਾ 'ਆਪ' ਦੀ ਵਧਦੀ ਲੋਕਪ੍ਰਿਯਤਾ ਅਤੇ ਭਗਵੰਤ ਮਾਨ ਸਰਕਾਰ ਵੱਲੋਂ ਕੀਤੇ ਜਾ ਰਹੇ ਲੋਕ-ਪੱਖੀ ਕੰਮਾਂ ਨੂੰ ਹਜ਼ਮ ਨਹੀਂ ਕਰ ਪਾ ਰਹੀ। ਚੀਮਾ ਨੇ ਦਾਅਵਾ ਕੀਤਾ ਕਿ ਭਾਜਪਾ ਲੋਕਤੰਤਰੀ ਤਰੀਕੇ ਨਾਲ ਚੁਣੀਆਂ ਗਈਆਂ ਸਰਕਾਰਾਂ ਨੂੰ ਡਰਾ-ਧਮਕਾ ਕੇ ਕਮਜ਼ੋਰ ਕਰਨ ਦੀ ਕੋਸ਼ਿਸ਼ ਕਰ ਰਹੀ ਹੈ, ਕਿਉਂਕਿ ਉਹ ਉਨ੍ਹਾਂ ਨੂੰ ਸਿਆਸੀ ਤੌਰ 'ਤੇ ਹਰਾ ਨਹੀਂ ਸਕੀ। ਪੰਜਾਬ ਦੇ ਲੋਕ ਦੇਖ ਰਹੇ ਹਨ ਕਿ ਕਿਵੇਂ ਬਦਲਾਖੋਰੀ ਦੀ ਰਾਜਨੀਤੀ ਲਈ ਸੰਵਿਧਾਨਕ ਸੰਸਥਾਵਾਂ ਦੀ ਦੁਰਵਰਤੋਂ ਕੀਤੀ ਜਾ ਰਹੀ ਹੈ।

ਪਟਿਆਲਾ ਵਿੱਚ ਕੈਬਨਿਟ • ਬਾਕੀ ਸਫਾ 2 'ਤੇ

## ਅਰੋੜਾ ਦੀ ਹਿੰਮਤ ਨੂੰ ਸਲਾਮ : ਕੇਜਰੀਵਾਲ



**ਨਵੀਂ ਦਿੱਲੀ :** ਆਮ ਆਦਮੀ ਪਾਰਟੀ ਨੇ ਪੰਜਾਬ ਦੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਨੂੰ ਇੱਕ ਫਰਜ਼ੀ ਕੇਸ ਵਿੱਚ ਗ੍ਰਿਫ਼ਤਾਰ ਕਰਨ ਨੂੰ ਪੰਜਾਬ ਦੇ ਲੋਕਾਂ ਦੇ ਭਰੋਸੇ, ਵਿਕਾਸ ਅਤੇ ਭਵਿੱਖ ਨਾਲ ਧੋਖਾ ਕਰਾਰ ਦਿੱਤਾ ਹੈ। ਇਸ ਦੇ ਨਾਲ ਹੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ ਸਮੇਤ ਹੋਰਨਾਂ ਆਗੂਆਂ ਨੇ ਸੰਕਟ ਦੀ ਇਸ ਘੜੀ ਵਿੱਚ ਵੀ ਸੰਜੀਵ ਅਰੋੜਾ ਦੇ ਅਡੋਲ ਰਹਿਣ ਅਤੇ ਭਾਜਪਾ ਵਿੱਚ ਸ਼ਾਮਲ ਨਾ ਹੋਣ ਦੇ ਫੈਸਲੇ ਦੀ ਜ਼ੋਰਦਾਰ ਸ਼ਲਾਘਾ ਕੀਤੀ ਹੈ। ਅਰਵਿੰਦ ਕੇਜਰੀਵਾਲ ਨੇ 'ਐੱਕਸ' 'ਤੇ ਕਿਹਾ ਕਿ ਕਿਸੇ ਵੀ ਇਨਸਾਨ ਦੇ ਕਿਰਦਾਰ ਦਾ ਪਤਾ ਮੁਸੀਬਤ ਦੇ ਸਮੇਂ ਲੱਗਦਾ ਹੈ। ਸੰਜੀਵ ਅਰੋੜਾ ਨੇ ਭਾਜਪਾ ਵਿੱਚ ਜਾਣ ਦੀ ਬਜਾਏ ਜੇਲ੍ਹ ਜਾਣਾ ਪਸੰਦ ਕੀਤਾ। ਸੰਜੀਵ ਅਰੋੜਾ ਦੀ ਹਿੰਮਤ ਨੂੰ ਸਲਾਮ ਹੈ। ਮਨੀਸ਼ ਸਿਸੋਦੀਆ ਨੇ ਕਿਹਾ ਕਿ ਸੰਜੀਵ ਅਰੋੜਾ ਇੱਕ ਅਜਿਹੇ ਆਗੂ ਹਨ, ਜੋ ਨਾ ਸਿਰਫ਼ ਇਮਾਨਦਾਰ ਅਤੇ ਮਿਹਨਤੀ ਹਨ, ਸਗੋਂ ਪੰਜਾਬ ਲਈ ਉਨ੍ਹਾ ਕੋਲ ਇੱਕ ਸਪੱਸ਼ਟ ਵਿਜ਼ਨ, ਡੂੰਘੀ ਸਮਝ ਅਤੇ ਬਦਲਾਅ ਦਾ ਜਨੂੰਨ ਵੀ ਹੈ। ਸਿਸੋਦੀਆ ਨੇ ਕਿਹਾ ਕਿ ਉਨ੍ਹਾ ਸ਼ਹਿਰਾਂ ਨੂੰ ਸਾਫ਼-ਸੁਥਰਾ ਅਤੇ ਵਿਵਸਥਿਤ ਬਣਾਉਣ ਲਈ ਵੱਡੇ ਪੱਧਰ 'ਤੇ ਕੰਮ ਸ਼ੁਰੂ ਕੀਤਾ। ਸਟਰੀਟ ਲਾਈਟਾਂ ਨਾਲ ਸ਼ਹਿਰਾਂ ਨੂੰ ਰੁਸ਼ਨਾਉਣ, ਸੜਕਾਂ ਅਤੇ ਗਲੀਆਂ ਵਿੱਚ ਫੈਲੇ ਬਿਜਲੀ ਦੀਆਂ ਤਾਰਾਂ ਦੇ ਜਾਲ ਨੂੰ ਵਿਵਸਥਿਤ ਕਰਨ ਅਤੇ ਆਧੁਨਿਕ ਅਰਬਨ ਇਨਫਰਾਸਟਰਕਚਰ ਖੜ੍ਹਾ ਕਰਨ ਦੀ ਦਿਸ਼ਾ ਵਿੱਚ ਲਗਾਤਾਰ ਕੰਮ ਕੀਤਾ। ਹਾਲ ਹੀ ਵਿੱਚ ਪਿੰਡਾਂ ਅਤੇ ਖੇਤਾਂ ਵਿੱਚ ਫੈਲੀਆਂ ਨੰਗੀਆਂ ਬਿਜਲੀ ਦੀਆਂ ਤਾਰਾਂ ਨੂੰ ਅੰਡਰ-ਗਰਾਊਂਡ ਕਰਨ ਦੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਹਿਮ ਯੋਜਨਾ ਨੂੰ ਜ਼ਮੀਨ 'ਤੇ ਉਤਾਰਨ ਦੀ ਜ਼ਿੰਮੇਵਾਰੀ ਵੀ ਸੰਜੀਵ ਅਰੋੜਾ ਹੀ ਪੂਰੀ ਮਿਹਨਤ ਤੇ ਵਚਨਬੱਧਤਾ ਨਾਲ ਨਿਭਾ ਰਹੇ ਸਨ।

## ਧਰਮ ਨਿਰਪੱਖਤਾ ਤੇ ਸਮਾਜਿਕ ਨਿਆਂ ਦੇ ਨਵੇਂ ਯੁੱਗ ਦੀ ਸ਼ੁਰੂਆਤ : ਵਿਜੇ

### • ਤਾਮਿਲਨਾਡੂ ਦੇ ਮੁੱਖ ਮੰਤਰੀ ਵਜੋਂ ਲਿਆ ਹਲਫ਼ • ਪਹਿਲੇ ਆਦੇਸ਼ 'ਚ 200 ਯੂਨਿਟ ਬਿਜਲੀ ਕੀਤੀ ਮੁਫ਼ਤ



**ਚੇਨਈ :** 'ਤਾਮਿਲਾਗਾ ਵੇਤਰੀ ਕਜ਼ਗਮ' (ਟੀ ਵੀ ਕੇ) ਦੇ ਵਿਧਾਇਕ ਦਲ ਦੇ ਨੇਤਾ ਅਤੇ ਉੱਘੇ ਅਦਾਕਾਰ ਸੀ. ਜੋਸਫ ਵਿਜੇ ਨੇ ਐਤਵਾਰ ਨੂੰ ਤਾਮਿਲਨਾਡੂ ਦੇ ਮੁੱਖ ਮੰਤਰੀ ਵਜੋਂ ਸਹੁੰ ਚੁੱਕ ਲਈ ਹੈ। ਚੇਨਈ ਦੇ ਜਵਾਹਰ ਲਾਲ ਨਹਿਰੂ ਇੰਡੋਰ ਸਟੇਡੀਅਮ ਵਿੱਚ ਕਰਵਾਏ ਗਏ ਇੱਕ ਸ਼ਾਨਦਾਰ ਸਮਾਗਮ ਦੌਰਾਨ ਰਾਜਪਾਲ ਰਾਜੇਂਦਰ ਵਿਸ਼ਵਨਾਥ ਅਰਲੇਕਰ ਨੇ ਉਨ੍ਹਾਂ ਨੂੰ ਅਹੁਦੇ ਅਤੇ ਭੇਤ ਗੁਪਤ ਰੱਖਣ ਦੀ ਸਹੁੰ ਚੁਕਾਈ। ਇਸ ਸਹੁੰ ਚੁੱਕ ਸਮਾਗਮ ਨਾਲ ਸੂਬੇ ਦੀ ਰਾਜਨੀਤੀ ਵਿੱਚ ਇੱਕ ਨਵੇਂ ਯੁੱਗ ਦੀ ਸ਼ੁਰੂਆਤ ਹੋਈ ਹੈ। ਪਿਛਲੇ 60 ਸਾਲਾਂ ਵਿੱਚ ਇਹ ਪਹਿਲੀ ਵਾਰ ਹੈ ਜਦੋਂ ਡੀ.ਐੱਮ.ਕੇ ਜਾਂ ਏ.ਆਈ.ਏ.ਡੀ.ਐੱਮ.ਕੇ ਵਰਗੀਆਂ ਦ੍ਰਾਵਿੜ ਪਾਰਟੀਆਂ ਨੂੰ ਪਛਾੜ ਕੇ ਕਿਸੇ ਤੀਜੀ ਧਿਰ ਨੇ ਸੱਤਾ ਸੰਭਾਲੀ ਹੈ। ਸਟੇਡੀਅਮ ਦੇ ਅੰਦਰ ਅਤੇ ਬਾਹਰ ਲੱਖਾਂ ਦੀ ਗਿਣਤੀ ਵਿੱਚ ਵਿਜੇ ਦੇ ਪ੍ਰਸ਼ੰਸਕ ਅਤੇ ਸਮਰਥਕ ਜਸ਼ਨ ਮਨਾ ਰਹੇ ਹਨ। ਵਿਜੇ ਨੂੰ 13 ਮਈ ਤੱਕ ਵਿਧਾਨ ਸਭਾ ਵਿੱਚ ਆਪਣਾ ਬਹੁਮਤ ਸਾਬਤ ਕਰਨਾ ਹੋਵੇਗਾ। ਵਿਜੇ ਦੀ ਨਵੀਂ ਕੈਬਨਿਟ ਵਿੱਚ ਸ਼ਾਮਲ ਮੰਤਰੀਆਂ 'ਬੱਸੀ' ਐਨ. ਆਨੰਦ, ਆਦਵ ਅਰਜੁਨ, ਕੇ.ਏ. ਸੇਂਗੋਟਈਅਨ, ਕੇ.ਜੀ. ਅਰੁਣਰਾਜ, ਪੀ. ਵੈਂਕਟਰਮਨਨ, ਸੀ.ਟੀ.ਆਰ. ਨਿਰਮਲ ਕੁਮਾਰ, ਏ. ਰਾਜਮੋਹਨ ਅਤੇ ਕੇ.ਟੀ. ਨੇ ਵੀ ਸਹੁੰ ਚੁੱਕੀ। ਸਹੁੰ ਚੁੱਕਣ ਤੋਂ ਤੁਰੰਤ ਬਾਅਦ ਪਹਿਲੀ ਵਾਰ ਤਾਮਿਲਨਾਡੂ ਸਕੱਤਰੇਤ ਪਹੁੰਚਣ 'ਤੇ ਪੁਲਸ ਵਿਭਾਗ ਵੱਲੋਂ ਉਨ੍ਹਾਂ ਦਾ ਸ਼ਾਨਦਾਰ ਸਵਾਗਤ ਕੀਤਾ ਗਿਆ ਅਤੇ ਉਨ੍ਹਾਂ ਨੂੰ ਰਸਮੀ 'ਗਾਰਡ ਆਫ਼ ਆਨਰ' ਦਿੱਤਾ ਗਿਆ। ਸਕੱਤਰੇਤ ਵਿਖੇ ਮੁੱਖ ਮੰਤਰੀ ਦੇ ਚੈਂਬਰ ਵਿੱਚ ਦਾਖਲ ਹੋਣ ਤੋਂ ਬਾਅਦ ਵਿਜੇ ਨੇ ਅਧਿਕਾਰਤ ਤੌਰ 'ਤੇ ਆਪਣਾ ਕੰਮਕਾਜ ਸੰਭਾਲਿਆ। ਇਸ ਦੌਰਾਨ ਉਨ੍ਹਾਂ ਨੇ ਕਈ ਅਹਿਮ ਸਰਕਾਰੀ ਦਸਤਾਵੇਜ਼ਾਂ ਅਤੇ ਫਾਈਲਾਂ 'ਤੇ ਦਸਤਖ਼ਤ ਕੀਤੇ। ਵਿਜੇ ਨੇ ਆਪਣੀ ਪਹਿਲੀ ਕਲਮ ਨਾਲ ਘਰੇਲੂ ਖਪਤਕਾਰਾਂ ਲਈ 200 ਯੂਨਿਟ ਮੁਫ਼ਤ ਬਿਜਲੀ ਦੇਣ ਦੇ ਆਦੇਸ਼ 'ਤੇ ਦਸਤਖਤ ਕੀਤੇ। ਇਸ ਦੇ ਨਾਲ ਹੀ ਉਨ੍ਹਾਂ ਨੇ ਔਰਤਾਂ ਦੀ ਸੁਰੱਖਿਆ ਲਈ ਇੱਕ ਵਿਸ਼ੇਸ਼ ਫੋਰਸ ਅਤੇ ਰਾਜ ਭਰ ਵਿੱਚ ਨਸ਼ਾ • ਬਾਕੀ ਸਫਾ 2 'ਤੇ

## ਵਿਨੀਪੈਗ 'ਚ ਕਕਾਰਾਂ ਕਾਰਨ ਪੇਪਰ ਦੇਣ ਤੋਂ ਰੋਕਿਆ

**ਵਿਨੀਪੈਗ ;** ਵਿਨੀਪੈਗ ਦੇ ਸਿੱਖ ਵਿਅਕਤੀ ਨੂੰ ਕਕਾਰਾਂ ਕਾਰਨ ਪੇਪਰ ਦੇਣ ਤੋਂ ਰੋਕਣ ਦਾ ਮਾਮਲਾ ਸਾਹਮਣੇ ਆਇਆ ਹੈ।

ਜਸਪਾਲ ਸਿੰਘ ਗਿੱਲ ਦਾ ਕਹਿਣਾ ਹੈ ਕਿ ਉਸ ਨੂੰ ਸ੍ਰੀ ਸਾਹਿਬ ਉਤਾਰਨ ਤੋਂ ਇਨਕਾਰ ਕਰਨ ਤੋਂ ਬਾਅਦ ਪੁਲਸ ਭਰਤੀ ਪ੍ਰੀਖਿਆ 'ਚ ਬੈਠਣ ਨਹੀਂ ਦਿੱਤਾ ਗਿਆ। ਗਿੱਲ ਨੇ ਕਕਾਰਾਂ ਦੀ ਮਹੱਤਤਾ ਦੱਸਦਿਆਂ ਕਿਹਾ ਕਿ ਅਸੀਂ ਇਸ ਨੂੰ ਹਿੰਮਤ ਅਤੇ ਬੇਇਨਸਾਫ਼ੀ ਵਿਰੁੱਧ ਲੜਨ ਦੀ ਆਪਣੀ ਜ਼ਿੰਮੇਵਾਰੀ ਦੇ ਪ੍ਰਤੀਕ ਵਜੋਂ ਪਹਿਨਦੇ ਹਾਂ, ਪਰ ਕੈਨੇਡਾ ਦੇ ਭਰਤੀ ਅਧਿਕਾਰੀਆਂ ਨੇ ਕਿਹਾ ਕਿ ਜਦੋਂ ਤੱਕ ਉਹ ਕਿਰਪਾਨ ਨਹੀਂ ਸੌਂਪ ਦਿੰਦੇ, ਉਦੋਂ ਤੱਕ ਉਨ੍ਹਾਂ ਨੂੰ ਪ੍ਰੀਖਿਆ ਦੇਣ ਦੀ ਆਗਿਆ ਨਹੀਂ ਦਿੱਤੀ ਜਾਵੇਗੀ।

## ਬਿਨਾਂ ਜਾਂਚ-ਪੜਤਾਲ ਦੇ ਹੋਈ ਗ੍ਰਿਫਤਾਰੀ-ਵਕੀਲ ਦਾ ਦਾਅਵਾ



**ਗੁਰੂਗ੍ਰਾਮ :** ਗੁਰੂਗ੍ਰਾਮ ਦੀ ਇੱਕ ਸੈਸ਼ਨ ਅਦਾਲਤ ਨੇ ਪੰਜਾਬ ਦੇ ਕੈਬਨਿਟ ਮੰਤਰੀ ਅਤੇ ਆਮ ਆਦਮੀ ਪਾਰਟੀ (ਆਪ) ਦੇ ਆਗੂ ਸੰਜੀਵ ਅਰੋੜਾ ਨੂੰ 100 ਕਰੋੜ ਰੁਪਏ ਦੇ ਕਥਿਤ ਜੀ ਐੱਸ ਟੀ ਧੋਖਾਧੜੀ ਨਾਲ ਜੁੜੇ ਮਨੀ ਲਾਂਡਰਿੰਗ ਮਾਮਲੇ ਵਿੱਚ ਸੱਤ ਦਿਨਾਂ ਲਈ ਐਨਫੋਰਸਮੈਂਟ ਡਾਇਰੈਕਟੋਰੇਟ ਦੀ ਹਿਰਾਸਤ ਵਿੱਚ ਭੇਜ ਦਿੱਤਾ ਹੈ। ਈ ਡੀ ਨੇ ਮੰਤਰੀ ਦੇ ਦਿੱਲੀ, ਗੁਰੂਗ੍ਰਾਮ ਅਤੇ ਚੰਡੀਗੜ੍ਹ ਸਥਿਤ ਵੱਖ-ਵੱਖ ਟਿਕਾਣਿਆਂ ਅਤੇ ਕਾਰੋਬਾਰੀ ਇਕਾਈਆਂ 'ਤੇ ਦਿਨ ਭਰ ਚੱਲੀ ਛਾਪੇਮਾਰੀ ਤੋਂ ਬਾਅਦ ਉਨ੍ਹਾਂ ਨੂੰ ਪ੍ਰੀਵੈਂਸ਼ਨ ਆਫ਼ ਮਨੀ ਲਾਂਡਰਿੰਗ ਐਕਟ ਤਹਿਤ ਗ੍ਰਿਫ਼ਤਾਰ ਕੀਤਾ ਸੀ। ਈ ਡੀ ਦੇ ਅਧਿਕਾਰੀਆਂ ਅਨੁਸਾਰ, ਇਹ ਜਾਂਚ 100 ਕਰੋੜ ਰੁਪਏ ਤੋਂ ਵੱਧ ਦੇ ਮੋਬਾਈਲ ਫੋਨਾਂ ਦੀ ਕਥਿਤ ਫਰਜ਼ੀ ਜੀ ਐੱਸ ਟੀ ਖਰੀਦ ਦੇ ਆਲੇ-ਦੁਆਲੇ ਘੁੰਮਦੀ ਹੈ। ਜਾਂਚਕਰਤਾਵਾਂ ਦਾ ਦਾਅਵਾ ਹੈ ਕਿ ਦਿੱਲੀ ਸਥਿਤ ਗੈਰ-ਮੌਜੂਦ (ਬੋਗਸ) ਫਰਮਾਂ ਰਾਹੀਂ ਫਰਜ਼ੀ ਖਰੀਦ ਇਨਵੌਇਸ ਤਿਆਰ ਕੀਤੇ ਗਏ ਸਨ ਤਾਂ ਜੋ ਗਲਤ ਤਰੀਕੇ ਨਾਲ ਇਨਪੁਟ ਟੈਕਸ ਕ੍ਰੈਡਿਟ, ਨਿਰਯਾਤ-ਲਿੰਕਡ ਜੀ ਐੱਸ ਟੀ ਰਿਫੰਡ ਅਤੇ ਡਿਊਟੀ ਡਰਾਅਬੈਕ ਲਾਭ ਪ੍ਰਾਪਤ ਕੀਤੇ ਜਾ ਸਕਣ। ਇਸ ਕਾਰਵਾਈ ਦੌਰਾਨ ਏਜੰਸੀ ਨੇ 'ਹੈਂਪਟਨ ਸਕਾਈ ਰਿਐਲਿਟੀ ਲਿਮਟਿਡ' ਦੇ ਕੰਪਲੈਕਸਾਂ ਦੀ ਵੀ ਤਲਾਸ਼ੀ ਲਈ, ਜੋ ਇਸ ਮਾਮਲੇ ਵਿੱਚ ਜਾਂਚ ਦੇ ਘੇਰੇ ਵਿੱਚ ਹੈ। ਦੂਜੇ ਪਾਸੇ, ਸੰਜੀਵ ਅਰੋੜਾ ਦੇ ਵਕੀਲ ਅਰਜੁਨ ਨੇ ਇਨ੍ਹਾਂ ਦੋਸ਼ਾਂ ਨੂੰ ਸਿਆਸਤ ਤੋਂ ਪ੍ਰੇਰਿਤ ਕਰਾਰ ਦਿੱਤਾ ਹੈ। ਉਨ੍ਹਾ ਕਿਹਾ ਕਿ ਈ ਡੀ ਨੇ 5 ਮਈ ਨੂੰ ਕੇਸ ਦਰਜ ਕੀਤਾ ਅਤੇ 9 ਮਈ ਦੀ ਸਵੇਰ ਨੂੰ ਮੰਤਰੀ ਨੂੰ ਗ੍ਰਿਫ਼ਤਾਰ ਕਰ ਲਿਆ, ਜਦ ਕਿ ਕੋਈ ਅਸਲ ਜਾਂਚ ਨਹੀਂ ਕੀਤੀ ਗਈ। ਵਕੀਲ ਨੇ ਦਾਅਵਾ ਕੀਤਾ ਕਿ ਉਨ੍ਹਾਂ ਨੂੰ ਅਜੇ ਤੱਕ ਐੱਫ ਆਈ ਆਰ ਦੀ ਕਾਪੀ ਵੀ ਮੁਹੱਈਆ ਨਹੀਂ ਕਰਵਾਈ ਗਈ। ਅਦਾਲਤ ਨੇ ਹੁਣ ਮੰਤਰੀ ਨੂੰ 16 ਮਈ ਨੂੰ ਮੁੜ ਗੁਰੂਗ੍ਰਾਮ ਅਦਾਲਤ ਵਿੱਚ ਪੇਸ਼ ਕਰਨ ਦੇ ਹੁਕਮ ਦਿੱਤੇ ਹਨ।

## ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਈ ਪ੍ਰੀਟੀ ਜ਼ਿੰਟਾ



**ਅੰਮ੍ਰਿਤਸਰ :** ਬਾਲੀਵੁੱਡ ਅਦਾਕਾਰਾ ਪ੍ਰੀਟੀ ਜ਼ਿੰਟਾ ਸ਼ਨੀਵਾਰ ਰਾਤ ਨੂੰ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਈ। ਉਸ ਨੇ ਮੱਥਾ ਟੇਕਿਆ ਅਤੇ ਅਰਦਾਸ ਕੀਤੀ। ਗੁਰਦੁਆਰੇ ਵਿੱਚ ਅਰਦਾਸ ਕਰਨ ਤੋਂ ਬਾਅਦ ਉਸ ਨੇ ਲੰਗਰ ਹਾਲ ਵਿੱਚ ਸੇਵਾ ਕੀਤੀ। ਮੀਡੀਆ ਨਾਲ ਗੱਲ ਕਰਦਿਆਂ ਜ਼ਿੰਟਾ ਨੇ ਕਿਹਾ, "ਬਾਬਾ ਜੀ ਦਾ ਬੁਲਾਵਾ ਆਇਆ ਸੀ ਅਤੇ ਅਸੀਂ ਆ ਗਏ।" ਉਸ ਨੇ ਦੱਸਿਆ ਕਿ ਉਸ ਦੀ ਪੰਜਾਬ ਕਿੰਗਜ਼ ਕ੍ਰਿਕਟ ਟੀਮ ਦਾ 11 ਮਈ ਨੂੰ ਇੱਕ ਮਹੱਤਵਪੂਰਨ ਮੈਚ ਹੈ ਅਤੇ ਉਹ ਟੀਮ ਦੀ ਜਿੱਤ ਲਈ ਪ੍ਰਾਰਥਨਾ ਕਰਨ ਆਈ ਹੈ। ਉਸ ਨੇ ਵਿਸ਼ਵਾਸ ਪ੍ਰਗਟ ਕੀਤਾ ਕਿ ਵਾਹਿਗੁਰੂ ਜੀ ਦੀ ਕਿਰਪਾ ਨਾਲ, ਉਸ ਦੀ ਟੀਮ ਸ਼ਾਨਦਾਰ ਪ੍ਰਦਰਸ਼ਨ ਕਰੇਗੀ, ਸਾਰੇ ਮੈਚ ਜਿੱਤਣ ਅਤੇ ਪਲੇ ਆਫ ਵਿੱਚ ਪਹੁੰਚਣ ਦੀ ਕੋਸ਼ਿਸ਼ ਕਰੇਗੀ। ਉਸ ਨੇ ਟੀਮ ਦੇ ਕਪਤਾਨ ਸ਼੍ਰੇਅਸ ਅਈਅਰ ਦਾ ਜ਼ਿਕਰ ਕਰਦਿਆਂ ਕਿਹਾ ਕਿ ਪੰਜਾਬ ਦੇ ਲੋਕ ਉਸ ਨੂੰ ਪਿਆਰ ਨਾਲ "ਸਰਪੰਚ" ਕਹਿੰਦੇ ਹਨ, ਜੋ ਕਿ ਟੀਮ ਲਈ ਮਾਣ ਵਾਲੀ ਗੱਲ ਹੈ।

## ਰਿਮਾਂਡ ਦੌਰਾਨ ਨੌਜਵਾਨ ਨੇ ਫਾਹਾ ਲਿਆ



**ਅਮਲੋਹ :** ਥਾਣਾ ਅਮਲੋਹ ਵਿੱਚ ਚੋਰੀ ਦੇ ਦੋਸ਼ ਹੇਠ ਪੁਲਸ ਰਿਮਾਂਡ 'ਤੇ ਚੱਲ ਰਹੇ ਇੱਕ ਨੌਜਵਾਨ ਵੱਲੋਂ ਫਾਹਾ ਲੈ ਕੇ ਆਤਮ ਹੱਤਿਆ ਕਰ ਲੈਣ ਦੀ ਸੂਚਨਾ ਪ੍ਰਾਪਤ ਹੋਈ ਹੈ। ਜਾਣਕਾਰੀ ਅਨੁਸਾਰ ਮ੍ਰਿਤਕ ਦੀ ਪਹਿਚਾਣ ਦਵਿੰਦਰ ਸਿੰਘ ਵਾਸੀ ਪਿੰਡ ਮਾਜਰੀ ਕਿਸ਼ਨੇਵਾਲੀ ਵਜੋਂ ਹੋਈ ਹੈ। ਇਸ ਮਾਮਲੇ ਦੀ ਜਾਂਚ ਜੁਡੀਸ਼ੀਅਲ ਮੈਜਿਸਟਰੇਟ ਵੱਲੋਂ ਕੀਤੀ ਜਾ ਰਹੀ ਹੈ। ਮ੍ਰਿਤਕ ਦੀ ਲਾਸ਼ ਨੂੰ ਪੋਸਟਮਾਰਟਮ ਲਈ ਕਮਿਊਨਿਟੀ ਹੈੱਲਥ ਸੈਂਟਰ ਅਮਲੋਹ ਵਿੱਚ ਰੱਖਿਆ ਗਿਆ ਹੈ।

## ਸੜਕ ਹਾਦਸੇ 'ਚ ਬੀਬੀਪੁਰ ਦੇ 3 ਵਿਅਕਤੀਆਂ ਦੀ ਮੌਤ

**ਬੱਸੀ ਪਠਾਣਾ :** ਇੱਥੋਂ ਨੇੜੇ ਪਿੰਡ ਹਿੰਦੂਪੁਰ ਨਜ਼ਦੀਕ ਕਾਰ ਅਤੇ ਮੋਟਰਸਾਈਕਲ ਦਰਮਿਆਨ ਵਾਪਰੇ ਦਰਦਨਾਕ ਸੜਕ ਹਾਦਸੇ ਵਿੱਚ ਮੋਟਰਸਾਈਕਲ ਸਵਾਰ ਤਿੰਨ ਵਿਅਕਤੀਆਂ ਦੀ ਮੌਕੇ 'ਤੇ ਮੌਤ ਹੋ ਗਈ। ਮੋਟਰਸਾਈਕਲ ਨੂੰ ਪਿੱਛੋਂ ਟੱਕਰ ਮਾਰਨ ਵਾਲਾ ਕਾਰ ਚਾਲਕ ਮੌਕੇ ਤੋਂ ਫਰਾਰ ਹੋ ਗਿਆ। ਪੁਲਸ ਥਾਣਾ ਬਡਾਲੀ ਆਲਾ ਸਿੰਘ ਵੱਲੋਂ ਲਾਸ਼ਾਂ ਨੂੰ ਕਬਜ਼ੇ ਵਿੱਚ ਲੈ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਫਰਾਰ ਹੋਏ ਵਿਅਕਤੀ ਦੀ ਭਾਲ ਸ਼ੁਰੂ ਕਰ ਦਿੱਤੀ ਗਈ ਹੈ। ਸਹਾਇਕ ਥਾਣੇਦਾਰ ਰਾਮ ਸਿੰਘ ਨੇ ਦੱਸਿਆ ਕਿ ਇਹ ਹਾਦਸਾ ਸ਼ਨੀਵਾਰ ਰਾਤ ਕਰੀਬ 10 ਵਜੇ ਦੇ ਕਰੀਬ ਵਾਪਰਿਆ, ਜਦੋਂ ਇੱਕ ਤੇਜ਼ ਰਫਤਾਰ ਕਾਰ ਨੇ ਮੋਟਰਸਾਈਕਲ ਨੂੰ ਪਿੱਛੋਂ ਜ਼ੋਰਦਾਰ ਟੱਕਰ ਮਾਰ ਦਿੱਤੀ। ਉਨ੍ਹਾਂ ਦੱਸਿਆ ਕਿ ਮ੍ਰਿਤਕਾਂ ਦੀ ਪਛਾਣ ਅਵਤਾਰ ਸਿੰਘ, ਸਤਵਿੰਦਰ ਸਿੰਘ ਅਤੇ ਮੋਹਨ ਸਿੰਘ ਵਜੋਂ ਹੋਈ ਹੈ, ਜੋ ਕਿ ਪਿੰਡ ਬੀਬੀਪੁਰ ਦੇ ਰਹਿਣ ਵਾਲੇ ਸਨ। ਇਸ ਘਟਨਾ ਕਾਰਨ ਪਿੰਡ ਬੀਬੀਪੁਰ ਵਿੱਚ ਸੋਗ ਦੀ ਲਹਿਰ ਫੈਲ ਗਈ ਹੈ।

## ਸਕੂਲ ਸਿੱਖਿਆ 'ਚ ਪੰਜਾਬ ਨੇ ਕੇਰਲਾ ਨੂੰ ਪਛਾੜਿਆ : ਬੈਂਸ



**ਚੰਡੀਗੜ੍ਹ (ਗੁਰਜੀਤ ਬਿੱਲਾ)**

ਸਕੂਲੀ ਸਿੱਖਿਆ ਵਿੱਚ ਇਤਿਹਾਸਕ ਮੀਲ ਪੱਥਰ ਸਥਾਪਤ ਕਰਦਿਆਂ ਪੰਜਾਬ ਨੇ ਭਾਰਤ ਦੇ ਸਰਵੋਤਮ ਕਾਰਗੁਜ਼ਾਰੀ ਵਾਲੇ ਸੂਬੇ ਵਜੋਂ ਮਾਨਤਾ ਹਾਸਲ ਕੀਤੀ ਹੈ। ਨੀਤੀ ਆਯੋਗ ਸਿੱਖਿਆ ਗੁਣਵੱਤਾ ਰਿਪੋਰਟ 2026 ਵਿੱਚ ਪੰਜਾਬ ਨੇ ਸਕੂਲ ਸਿੱਖਿਆ ਦੇ ਅਹਿਮ ਬੁਨਿਆਦੀ ਸਿੱਖਿਆ ਮਾਪਦੰਡਾਂ ਵਿੱਚ ਭਾਰਤ ਦੀ ਲੰਮੇ ਸਮੇਂ ਤੋਂ ਅਗਵਾਈ ਕਰਨ ਵਾਲੇ ਕੇਰਲਾ ਨੂੰ ਪਛਾੜ ਦਿੱਤਾ ਹੈ।ਪ੍ਰਣਾਲੀਗਤ ਸੁਧਾਰਾਂ ਅਤੇ ਜ਼ਮੀਨੀ ਪੱਧਰ 'ਤੇ ਸਮਰਪਣ ਰਾਹੀਂ ਹਾਸਲ ਕੀਤੀ ਇਸ ਪ੍ਰਾਪਤੀ ਨੂੰ 'ਪੰਜਾਬ ਦੇ ਦੌਰ' ਦੀ ਸ਼ੁਰੂਆਤ ਦੱਸਦਿਆਂ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਇਹ ਸਨਮਾਨ ਹਰ ਉਸ ਮਾਤਾ-ਪਿਤਾ, ਵਿਦਿਆਰਥੀ ਅਤੇ ਅਧਿਆਪਕ ਦਾ ਹੈ, ਜਿਸ ਨੇ ਸਰਕਾਰੀ ਸਕੂਲਾਂ ਦਾ ਸਾਥ ਛੱਡਣ ਤੋਂ ਇਨਕਾਰ ਕਰ ਦਿੱਤਾ। ਇਹ ਇੱਕ ਦਿਨ ਵਿੱਚ ਹਾਸਲ ਕੀਤੀ ਉਪਲਬਧੀ ਨਹੀਂ ਹੈ, ਬਲਕਿ ਇਹ ਬਿਹਤਰ ਨੀਤੀ, ਇਰਾਦੇ ਅਤੇ ਅਮਲ ਦਾ ਸੁਮੇਲ ਹੈ, ਜਿਸ ਨਾਲ ਬਿਹਤਰ ਨਤੀਜੇ ਸਾਹਮਣੇ ਆਏ ਹਨ। ਨੀਤੀ ਆਯੋਗ ਦੀ ਰਿਪੋਰਟ ਸਬੰਧੀ ਵੇਰਵੇ ਸਾਂਝੇ ਕਰਦਿਆਂ ਉਨ੍ਹਾ ਕਿਹਾ ਕਿ ਪੰਜਾਬ ਨੇ ਤੀਜੀ ਜਮਾਤ ਵਿੱਚ ਭਾਸ਼ਾ 'ਚ 82 ਫ਼ੀਸਦ ਅਤੇ ਗਣਿਤ ਵਿੱਚ 78 ਫ਼ੀਸਦ ਅੰਕ ਹਾਸਲ ਕੀਤੇ, ਜੋ ਕੇਰਲਾ ਦੇ ਕ੍ਰਮਵਾਰ 75 ਫ਼ੀਸਦ ਅਤੇ 70 ਫ਼ੀਸਦ ਤੋਂ ਵੱਧ ਹਨ। 9ਵੀਂ ਜਮਾਤ ਦੇ ਗਣਿਤ ਵਿੱਚ ਪੰਜਾਬ ਨੇ 52 ਫ਼ੀਸਦ ਮੁਹਾਰਤ ਦਰਜ ਕੀਤੀ, ਜੋ ਕਿ ਕੇਰਲਾ ਦੇ 45 ਫ਼ੀਸਦ ਨਾਲੋਂ ਜ਼ਿਆਦਾ ਹੈ। ਨੀਤੀ ਆਯੋਗ ਦੀ ਰਿਪੋਰਟ ਦੇ ਨਤੀਜਿਆਂ ਦਾ ਹਵਾਲਾ ਦਿੰਦਿਆਂ ਉਨ੍ਹਾ ਕਿਹਾ ਕਿ ਸੂਬੇ ਦੇ 99.9 ਫ਼ੀਸਦ ਸਰਕਾਰੀ ਸਕੂਲਾਂ ਵਿੱਚ ਹੁਣ ਬਿਜਲੀ ਉਪਲੱਬਧ ਹੈ, 99 ਫ਼ੀਸਦ ਸਕੂਲਾਂ ਵਿੱਚ ਕਾਰਜਸ਼ੀਲ ਕੰਪਿਊਟਰ ਉਪਲੱਬਧ ਹਨ ਅਤੇ 80 ਫ਼ੀਸਦ ਤੋਂ ਵੱਧ ਸਕੂਲ ਸਮਾਰਟ ਕਲਾਸਰੂਮਾਂ ਨਾਲ ਲੈਸ ਹਨ। ਇਸ ਤੋਂ ਇਲਾਵਾ 10ਵੀਂ ਜਮਾਤ ਦੇ 90 ਫ਼ੀਸਦ ਤੋਂ ਵੱਧ ਵਿਦਿਆਰਥੀ ਹੁਣ 11ਵੀਂ ਜਮਾਤ ਵਿੱਚ ਦਾਖ਼ਲਾ ਲੈ ਰਹੇ ਹਨ। ਇਹ ਦਰ ਸਕੂਲ ਛੱਡਣ ਦੀ ਦਰ ਵਿੱਚ ਤੇਜ਼ੀ ਨਾਲ ਆ ਰਹੀ ਗਿਰਾਵਟ ਨੂੰ ਦਰਸਾਉਂਦੀ ਹੈ। ਵਿਦਿਆਰਥੀ-ਅਧਿਆਪਕ ਅਨੁਪਾਤ 22:1 ਹੋ ਗਿਆ ਹੈ।

## ਐਲਵਿਸ਼ ਤੋਂ ਮੰਗੀ 10 ਕਰੋੜ ਦੀ ਫਿਰੌਤੀ



**ਗੁਰੂਗ੍ਰਾਮ :** ਮਸ਼ਹੂਰ ਸੋਸ਼ਲ ਮੀਡੀਆ ਇੰਫਲੂਐਂਸਰ ਅਤੇ 'ਬਿੱਗ ਬੌਸ' ਦੇ ਜੇਤੂ ਐਲਵਿਸ਼ ਯਾਦਵ ਨੂੰ ਕਥਿਤ ਤੌਰ 'ਤੇ ਲਾਰੈਂਸ ਬਿਸ਼ਨੋਈ ਗੈਂਗ ਨਾਲ ਸਬੰਧ ਹੋਣ ਦਾ ਦਾਅਵਾ ਕਰਨ ਵਾਲੇ ਇੱਕ ਵਿਅਕਤੀ ਵੱਲੋਂ 10 ਕਰੋੜ ਰੁਪਏ ਦੀ ਫਿਰੌਤੀ ਦੀ ਧਮਕੀ ਦਿੱਤੀ ਗਈ ਹੈ। ਇਸ ਘਟਨਾ ਤੋਂ ਬਾਅਦ ਗੁਰੂਗ੍ਰਾਮ ਪੁਲਸ ਨੇ ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ ਜਾਂਚ ਸ਼ੁਰੂ ਕਰ ਦਿੱਤੀ ਹੈ। ਪੁਲਸ ਸੂਤਰਾਂ ਅਨੁਸਾਰ, ਇਹ ਧਮਕੀ ਭਰਿਆ ਸੰਦੇਸ਼ 5 ਮਈ ਨੂੰ ਇੱਕ ਕੌਮਾਂਤਰੀ ਨੰਬਰ ਤੋਂ ਵਟਸਐਪ ਰਾਹੀਂ ਭੇਜਿਆ ਗਿਆ ਸੀ। ਆਪਣੀ ਸ਼ਿਕਾਇਤ ਵਿੱਚ ਐਲਵਿਸ਼ ਯਾਦਵ ਨੇ ਦੱਸਿਆ ਕਿ ਪਹਿਲਾਂ ਉਸ ਨੂੰ ਇੱਕ ਵਿਦੇਸ਼ੀ ਨੰਬਰ ਤੋਂ ਫੋਨ ਆਇਆ ਸੀ, ਜਿਸ ਦਾ ਉਹ ਜਵਾਬ ਨਹੀਂ ਦੇ ਸਕਿਆ। ਇਸ ਤੋਂ ਤੁਰੰਤ ਬਾਅਦ ਉਸ ਦੇ ਅਤੇ ਉਸ ਦੇ ਪਿਤਾ ਰਾਮ ਅਵਤਾਰ ਯਾਦਵ ਦੇ ਵਟਸਐਪ 'ਤੇ ਮੈਸੇਜ ਭੇਜਿਆ ਗਿਆ, ਜਿਸ ਵਿੱਚ ਦੋ ਦਿਨਾਂ ਦੇ ਅੰਦਰ 10 ਕਰੋੜ ਰੁਪਏ ਦੀ ਮੰਗ ਕੀਤੀ ਗਈ।

ਸੰਦੇਸ਼ ਭੇਜਣ ਵਾਲੇ ਨੇ ਚਿਤਾਵਨੀ ਦਿੱਤੀ ਕਿ ਜੇਕਰ ਪੈਸੇ ਨਾ ਦਿੱਤੇ ਗਏ ਤਾਂ ਗੋਲੀਆਂ ਚਲਾ ਦਿੱਤੀਆਂ ਜਾਣਗੀਆਂ। ਗੁਰੂਗ੍ਰਾਮ ਦੇ ਸੈਕਟਰ-56 ਪੁਲਸ ਸਟੇਸ਼ਨ ਵਿੱਚ ਕੇਸ ਦਰਜ ਕਰਨ ਤੋਂ ਬਾਅਦ ਇਹ ਮਾਮਲਾ ਅਪਰਾਧ ਸ਼ਾਖ਼ਾ ਨੂੰ ਸੌਂਪ ਦਿੱਤਾ ਗਿਆ ਹੈ।

## ਏਅਰ ਇੰਡੀਆ ਨੇ ਤਿੰਨ ਸਾਲਾਂ 'ਚ 1,000 ਤੋਂ ਵੱਧ ਮੁਲਾਜ਼ਮ ਕੱਢੇ

**ਮੁੰਬਈ :** ਏਅਰ ਇੰਡੀਆ ਦੇ ਮੁੱਖ ਕਾਰਜਕਾਰੀ ਅਧਿਕਾਰੀ ਕੈਂਪਬੈਲ ਵਿਲਸਨ ਨੇ ਐਤਵਾਰ ਨੂੰ ਖੁਲਾਸਾ ਕਰਦਿਆਂ ਦੱਸਿਆ ਹੈ ਕਿ ਪਿਛਲੇ ਤਿੰਨ ਸਾਲਾਂ ਦੌਰਾਨ ਨੈਤਿਕ ਉਲੰਘਣਾਵਾਂ ਅਤੇ ਨਿਯਮਾਂ ਦੀ ਅਣਦੇਖੀ ਕਰਨ ਵਾਲੇ 1,000 ਤੋਂ ਵੱਧ ਮੁਲਾਜ਼ਮਾਂ ਨੂੰ ਨੌਕਰੀ ਤੋਂ ਬਰਖਾਸਤ ਕਰ ਦਿੱਤਾ ਗਿਆ ਹੈ। ਮੁਲਾਜ਼ਮਾਂ ਨਾਲ ਟਾਊਨ ਹਾਲ ਮੀਟਿੰਗ ਦੌਰਾਨ ਵਿਲਸਨ ਨੇ ਸਪੱਸ਼ਟ ਕੀਤਾ ਕਿ ਹਰ ਸਾਲ ਸੈਂਕੜੇ ਕਰਮਚਾਰੀਆਂ ਨੂੰ ਗੈਰ-ਕਾਨੂੰਨੀ ਗਤੀਵਿਧੀਆਂ ਕਾਰਨ ਬਾਹਰ ਦਾ ਰਸਤਾ ਦਿਖਾਇਆ ਜਾਂਦਾ ਹੈ।

ਉਨ੍ਹਾ ਮੁਲਾਜ਼ਮਾਂ ਨੂੰ ਨਸੀਹਤ ਦਿੱਤੀ ਕਿ ਉਨ੍ਹਾ ਨੂੰ ਉਦੋਂ ਵੀ ਇਮਾਨਦਾਰੀ ਅਤੇ ਸਹੀ ਤਰੀਕੇ ਨਾਲ ਕੰਮ ਕਰਨਾ ਚਾਹੀਦਾ ਹੈ, ਜਦੋਂ ਕੋਈ ਉਨ੍ਹਾਂ ਨੂੰ ਦੇਖ ਨਹੀਂ ਰਿਹਾ ਹੁੰਦਾ। ਟਾਟਾ ਸਮੂਹ ਦੀ ਮਲਕੀਅਤ ਵਾਲੀ ਏਅਰ ਇੰਡੀਆ ਵਿੱਚ ਇਸ ਵੇਲੇ ਲਗਭਗ 24,000 ਕਰਮਚਾਰੀ ਹਨ। ਸੀ ਈ ਓ ਮੁਤਾਬਕ ਇਕ ਹਜ਼ਾਰ ਕਾਮਿਆਂ ਨੂੰ ਜਹਾਜ਼ਾਂ ਤੋਂ ਸਾਮਾਨ ਦੀ ਸਮਗਲਿੰਗ ਕਰਨ ਅਤੇ ਬਿਨਾਂ ਫੀਸ ਲਏ ਵਾਧੂ ਸਾਮਾਨ ਲਿਜਾਣ ਦੀ ਇਜਾਜ਼ਤ ਦੇਣ ਦੇ ਦੋਸ਼ਾਂ ਤਹਿਤ ਨੌਕਰੀਓਂ ਕੱਢਿਆ ਗਿਆ ਹੈ। ਇਸ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸਟਾਫ ਵੱਲੋਂ 'ਮੁਲਾਜ਼ਮ ਮਨੋਰੰਜਨ ਯਾਤਰਾ' ਪ੍ਰਣਾਲੀ ਦੀ ਦੁਰਵਰਤੋਂ ਕੀਤੀ ਗਈ ਸੀ। ਮਾਰਚ ਵਿੱਚ ਹੋਈ ਇੱਕ ਜਾਂਚ ਦੌਰਾਨ ਸਾਹਮਣੇ ਆਇਆ ਸੀ ਕਿ ਲਗਭਗ 4,000 ਮੁਲਾਜ਼ਮਾਂ ਨੇ ਯਾਤਰਾ ਨੀਤੀ ਦਾ ਗਲਤ ਫਾਇਦਾ ਉਠਾਇਆ ਸੀ, ਜਿਸ ਤੋਂ ਬਾਅਦ ਉਨ੍ਹਾਂ 'ਤੇ ਜੁਰਮਾਨੇ ਵੀ ਲਗਾਏ ਗਏ ਸਨ। ਇਹ ਸਖ਼ਤ ਕਾਰਵਾਈ ਅਜਿਹੇ ਸਮੇਂ ਕੀਤੀ ਗਈ ਹੈ, ਜਦੋਂ ਏਅਰ ਇੰਡੀਆ ਭਾਰੀ ਵਿੱਤੀ ਘਾਟੇ ਨਾਲ ਜੂਝ ਰਹੀ ਹੈ ਅਤੇ ਖਰਚਿਆਂ ਵਿੱਚ ਕਟੌਤੀ ਕਰਨ ਦੀ ਕੋਸ਼ਿਸ਼ ਕਰ ਰਹੀ ਹੈ।

## ਓਵਰਡੋਜ਼ ਨਾਲ 23 ਸਾਲਾਂ ਦੇ ਨੌਜਵਾਨ ਦੀ ਮੌਤ



**ਅਮਲੋਹ :** ਹਲਕਾ ਅਮਲੋਹ ਦੇ ਪਿੰਡ ਮਾਜਰੀ ਕਿਸਨੇ ਵਾਲੀ ਦੇ ਇਕ ਨੌਜਵਾਨ ਦੀ ਓਵਰਡੋਜ਼ ਨਾਲ ਮੌਤ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਮ੍ਰਿਤਕ ਦੀ ਪਹਿਚਾਣ 23 ਸਾਲਾ ਪਵਨਦੀਪ ਸਿੰਘ ਵਾਸੀ ਮਾਜਰੀ ਕਿਸਨੇ ਵਾਲੀ ਵਜੋਂ ਹੋਈ ਹੈ।

ਮ੍ਰਿਤਕ ਦੇ ਪਿਤਾ ਨਿਰਭੈ ਸਿੰਘ ਨੇ ਦੱਸਿਆ ਕਿ ਉਨ੍ਹਾਂ ਦਾ ਬੇਟਾ ਪਿਛਲੇ ਕੁਝ ਸਮੇਂ ਤੋਂ ਨਸ਼ੇ ਕਰਨ ਦਾ ਆਦੀ ਸੀ। ਉਸ ਨੂੰ ਨਸ਼ਾ ਛੁਡਾਊ ਕੇਂਦਰ ਵਿਚ ਭਰਤੀ ਵੀ ਕਰਵਾਇਆ ਗਿਆ ਸੀ ਅਤੇ ਉਹ ਕੁਝ ਦਿਨ ਪਹਿਲਾਂ ਹੀ ਘਰ ਵਾਪਸ ਆਇਆ ਸੀ। ਉਨ੍ਹਾਂ ਨੇ ਦੱਸਿਆ ਕਿ ਉਹਨਾਂ ਦੇ ਬੇਟੇ ਦੀ ਲਾਸ਼ ਮੰਡੀ ਗੋਬਿੰਦਗੜ੍ਹ ਦੇ ਇਕ ਪਾਰਕ ਵਿੱਚੋਂ ਮਿਲੀ, ਜਿਸ ਦੇ ਨਜ਼ਦੀਕ ਹੀ ਇਕ ਸਰਿੰਜ ਵੀ ਪਈ ਮਿਲੀ।

## 50 ਸਾਲ ਬਾਅਦ 'ਗਰੀਨ ਗੋਲਡ' ਦੀ ਹੋਵੇਗੀ ਖੁੱਲ੍ਹੀ ਨਿਲਾਮੀ



**ਚੰਡੀਗੜ੍ਹ :** ਪੰਜਾਬ ਦੀ ਆਰਥਿਕਤਾ ਅਤੇ ਜੰਗਲਾਤ ਸੰਪਤੀ ਦੇ ਪ੍ਰਬੰਧਨ ਨਾਲ ਜੁੜਿਆ ਇੱਕ ਇਤਿਹਾਸਕ ਫ਼ੈਸਲਾ ਸਾਹਮਣੇ ਆਇਆ ਹੈ। ਪੰਜਾਬ ਸੇਵਾ ਮੁਕਤ ਜੰਗਲਾਤ ਦੇ ਮੁਲਾਜ਼ਮ ਭਲਾਈ ਸੰਸਥਾ ਦੀ ਲੰਬੇ ਸਮੇਂ ਤੋਂ ਚੱਲ ਰਹੀ ਮੰਗ ਨੂੰ ਮਨਜ਼ੂਰ ਕਰਦਿਆਂ ਪੰਜਾਬ ਸਰਕਾਰ ਨੇ ਕਰੀਬ 50 ਸਾਲਾਂ ਬਾਅਦ ਜੰਗਲਾਤ ਸੰਪਤੀ ਦੀ ਖੁੱਲ੍ਹੀ ਨਿਲਾਮੀ ਦਾ ਰਸਤਾ ਸਾਫ਼ ਕਰ ਦਿੱਤਾ ਹੈ। ਇਸ ਫ਼ੈਸਲੇ ਨੂੰ ਪੰਜਾਬ ਲਈ "ਗੇਮ ਚੇਂਜਰ" ਮੰਨਿਆ ਜਾ ਰਿਹਾ ਹੈ, ਕਿਉਂਕਿ ਹੁਣ "ਗਰੀਨ ਗੋਲਡ" ਕਹੀ ਜਾਣ ਵਾਲੀ ਲੱਕੜ ਸਿੱਧਾ ਮਾਰਕੀਟ ਭਾਅ 'ਤੇ ਵਿਕੇਗੀ ਅਤੇ ਇਸ ਦਾ ਸਿੱਧਾ ਲਾਭ ਸਰਕਾਰੀ ਖ਼ਜ਼ਾਨੇ ਨੂੰ ਮਿਲੇਗਾ। ਪੰਜਾਬ ਸੇਵਾ-ਮੁਕਤ ਵਣ ਮੁਲਾਜ਼ਮ ਭਲਾਈ ਸੰਸਥਾ ਵੱਲੋਂ ਇੱਕ ਪ੍ਰੈੱਸ ਨੋਟ ਜ਼ਰੀਏ ਦਾਅਵਾ ਕੀਤਾ ਹੈ ਕਿ ਪੰਜਾਬ ਸਰਕਾਰ ਨੇ ਲੰਘੀ 16 ਅਪਰੈਲ 2026 ਨੂੰ ਜਾਰੀ ਪੱਤਰ ਰਾਹੀਂ ਜੰਗਲੀ ਰਕਬੇ ਵਿਚ ਸੁੱਕੇ ਖੜ੍ਹੇ ਅਤੇ ਹਰੇ ਡਿੱਗੇ ਰੁੱਖਾਂ ਨੂੰ ਆਮ ਜਨਤਾ ਲਈ ਖੁੱਲ੍ਹੀ ਬੋਲੀ ਰਾਹੀਂ ਨਿਲਾਮ ਕਰਨ ਦੀ ਮਨਜ਼ੂਰੀ ਦਿੱਤੀ ਹੈ। ਇਸ ਨਾਲ ਜੰਗਲਾਤ ਵਿਭਾਗ ਦੀ ਸੰਪਤੀ ਹੁਣ ਪਾਰਦਰਸ਼ੀ ਢੰਗ ਨਾਲ ਵੇਚੀ ਜਾਵੇਗੀ ਅਤੇ ਸਰਕਾਰ ਨੂੰ ਉਸ ਦੀ ਅਸਲ ਕੀਮਤ ਮਿਲੇਗੀ। ਸੰਸਥਾ ਨੇ ਦਾਅਵਾ ਕੀਤਾ ਕਿ • ਬਾਕੀ ਸਫਾ 2 'ਤੇ

## ਅੱਜ-ਨਾਮਾ

ਪਲ-ਪਲ ਲੋਕ ਮੋਬਾਈਲ ਤੋਂ ਜਾਣ ਵੇਖੀ,
ਅੱਜ ਵੀ ਪੰਜਾਬ ਦੇ ਕਿੱਦਾਂ ਹਾਲਾਤ ਬੇਲੀ।
ਛਾਪੇ ਈ ਡੀ ਦੇ ਜਿਹੜੇ ਸਨ ਵੱਜਦੇ ਪਏ,
ਪਹੁੰਚੀ ਉਨ੍ਹਾਂ ਦੀ ਕਿੱਧਰ ਆ ਬਾਤ ਬੇਲੀ।
ਈ ਡੀ ਮੁੜੀ, ਮੁਜ਼ਾਹਰੇ ਕਈ ਹੋਣ ਲੱਗੇ,
ਚੱਲੀ ਮੈਦਾਨ ਵਿੱਚ ਸ਼ਹਿ ਤੇ ਮਾਤ ਬੇਲੀ।
ਹਰ ਕੋਈ ਆਖਦਾ ਖੁਦ ਨੂੰ ਸਾਫ-ਸੁਥਰਾ,
ਕਹਿੰਦਾ ਏ ਹੋਰਾਂ ਨੂੰ: ਵੇਖ ਔਕਾਤ ਬੇਲੀ।
ਰਾਜਸੀ ਪਿੜ ਹੈ ਚਿੱਕੜ ਦੀ ਪੰਡ ਵਰਗਾ,
ਭਰ-ਭਰ ਹੋਰਨਾਂ 'ਤੇ ਪਾਈਦੇ ਬੁੱਕ ਬੇਲੀ।
ਹਾਜ਼ਮੇ ਲੋਹੇ ਦੀ ਲੱਠ ਜਿਹੇ ਆਗੂਆਂ ਦੇ,
ਛਕ ਜਾਣ ਰੇਤ ਨਾਲ ਬੱਜਰੀ, ਲੁੱਕ ਬੇਲੀ।

-ਤੀਸ ਮਾਰ ਖਾਂ

## ਬਿਜਲੀ ਕਾਮਿਆਂ ਦੀ ਏਟਕ ਜਥੇਬੰਦੀ ਦੇ ਬਾਨੀ ਪ੍ਰਧਾਨ ਐੱਚ ਐੱਸ ਪ੍ਰਮਾਰ ਦੇ ਜਨਮ ਦਿਨ 'ਤੇ ਸਮਾਗਮ

### ਪ੍ਰਮਾਰ ਤੇ ਗਿੱਲ ਦੇ ਪਰਵਾਰਾਂ ਨੂੰ ਕੀਤਾ ਸਨਮਾਨਤ



**ਲੁਧਿਆਣਾ :** ਬਿਜਲੀ ਕਾਮਿਆਂ ਦੀ ਸਿਰਮੌਰ ਜਥੇਬੰਦੀ ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਪੰਜਾਬ ਨੇ ਜਥੇਬੰਦੀ ਦੇ ਬਾਨੀ ਪ੍ਰਧਾਨ ਕਾ. ਐੱਚ ਐੱਸ ਪ੍ਰਮਾਰ ਦੀ ਨਿੱਘੀ ਯਾਦ ਵਿੱਚ ਉਹਨਾਂ ਦੇ ਜਨਮ ਦਿਨ ਨੂੰ ਸਮਰਪਿਤ ਸਮਾਗਮ ਸਥਾਨਕ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਵਿੱਚ ਆਯੋਜਿਤ ਕੀਤਾ, ਜਿਸ ਵਿੱਚ ਸੂਬਾ ਭਰ ਤੋਂ ਜਥੇਬੰਦੀ ਦੇ ਆਗੂਆਂ ਨੇ ਭਰਵੀਂ ਸ਼ਮੂਲੀਅਤ ਕੀਤੀ। ਇਸ ਸਮਾਗਮ ਦੀ ਪ੍ਰਧਾਨਗੀ ਸੂਬਾ ਪ੍ਰਧਾਨ ਮਨਜੀਤ ਸਿੰਘ ਬਾਸਰਕੇ ਨੇ ਕੀਤੀ। ਸਮਾਗਮ ਦੀ ਸ਼ੁਰੂਆਤ ਐੱਫ ਈ ਦੇ ਮੀਤ ਪ੍ਰਧਾਨ ਗੁਰਪ੍ਰੀਤ ਸਿੰਘ ਗੰਡੀਵਿੰਡ ਨੇ ਕਰਦਿਆਂ ਕਾ. ਐੱਚ ਐੱਸ ਪ੍ਰਮਾਰ ਦੇ ਸੰਘਰਸ਼ਮਈ ਜੀਵਨ ਅਤੇ ਉੱਚੇ-ਸੁੱਚੇ ਕਿਰਦਾਰ 'ਤੇ ਝਾਤ ਪਾਈ। ਸਮਾਗਮ ਵਿੱਚ ਜਥੇਬੰਦੀ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਰਾਕੇਸ਼ ਸੈਣੀ, ਐੱਫ ਈ ਆਗੂ ਸੁਰਿੰਦਰਪਾਲ ਲਹੌਰੀਆ, ਰਛਪਾਲ ਸਿੰਘ ਪਾਲੀ, ਦਰਸ਼ਨ ਲਾਲ ਮੋਗਾ ਸਮੇਤ ਪਾਵਰਕਾਮ ਐਂਡ ਟ੍ਰਾਂਸਕੋ ਪੈਨਸ਼ਨਰ ਯੂਨੀਅਨ ਪੰਜਾਬ (ਸੰਬੰਧਤ ਏਟਕ) ਦੇ ਵਰਕਿੰਗ ਜਨਰਲ ਸਕੱਤਰ ਨਰਿੰਦਰ ਬੱਲ, ਮੀਤ ਪ੍ਰਧਾਨ ਕੇਵਲ ਸਿੰਘ ਬਨਵੈਤ, ਖਜ਼ਾਨਚੀ ਸੁਖਜੰਟ ਸਿੰਘ, ਸੂਬਾ ਆਗੂ ਐੱਸ ਪੀ ਸਿੰਘ, ਤਾਰਾ ਸਿੰਘ ਖਹਿਰਾ, ਮਨਜੀਤ ਸਿੰਘ ਮਨਸੂਰਾਂ ਨੇ ਕਾ. ਐੱਚ ਐੱਸ ਪ੍ਰਮਾਰ ਅਤੇ ਕਾ. ਗੁਰਨਾਮ ਸਿੰਘ ਗਿੱਲ ਨਾਲ ਜੁੜੀਆਂ ਯਾਦਾਂ ਨੂੰ ਹਾਜ਼ਰੀਨ ਨਾਲ ਸਾਂਝਾ ਕੀਤਾ। ਸਮਾਗਮ ਦੇ ਮੁੱਖ ਬੁਲਾਰੇ ਪੰਜਾਬ ਏਟਕ ਦੇ ਜਨਰਲ ਸਕੱਤਰ ਕਾ. ਨਿਰਮਲ ਸਿੰਘ ਧਾਲੀਵਾਲ ਨੇ ਵਿਛੋੜਾ ਦੇ ਚੁੱਕੇ ਆਗੂਆਂ ਨੂੰ ਯਾਦ ਕਰਨ ਲਈ ਜਥੇਬੰਦੀ ਦੇ ਸ਼ਾਨਦਾਰ ਉਪਰਾਲੇ ਦੀ ਜ਼ੋਰਦਾਰ ਸ਼ਲਾਘਾ ਕੀਤੀ। ਕਾ. ਧਾਲੀਵਾਲ ਨੇ ਕੇਂਦਰ ਅਤੇ ਪੰਜਾਬ ਸਰਕਾਰ ਦੀਆਂ ਮੁਲਾਜ਼ਮ-ਮਜ਼ਦੂਰ ਵਿਰੋਧੀ ਨੀਤੀਆਂ ਤੋਂ ਹਾਜ਼ਰੀਨ ਨੂੰ ਜਾਣੂ ਕਰਵਾ ਕੇ 19 ਮਈ ਨੂੰ ਪੰਜਾਬ ਏਟਕ ਦੇ ਸੱਦੇ 'ਤੇ ਲੇਬਰ ਕਮਿਸ਼ਨਰ ਦਫਤਰ ਮੁਹਾਲੀ ਵਿਖੇ ਕਾਮਿਆਂ ਦੀਆਂ ਘੱਟੋ-ਘੱਟ ਉਜਰਤਾਂ ਵਿੱਚ ਵਾਧੇ ਸਮੇਤ ਹੋਰ ਮੰਗਾਂ ਲਈ ਦਿੱਤੇ ਜਾ ਰਹੇ ਰੋਸ ਧਰਨੇ ਵਿੱਚ ਵਹੀਰਾਂ ਘੱਤ ਕੇ ਪਹੁੰਚਣ ਦਾ ਸੱਦਾ ਦਿੱਤਾ। ਇਸ ਸਮਾਗਮ ਮੌਕੇ ਫੈਡਰੇਸ਼ਨ ਏਟਕ ਜਥੇਬੰਦੀ ਨੇ ਆਪਣੇ ਆਗੂਆਂ ਕਾ. ਐੱਚ ਐੱਸ ਪ੍ਰਮਾਰ ਅਤੇ ਕਾ. ਗੁਰਨਾਮ ਸਿੰਘ ਗਿੱਲ ਦਾ ਸਨਮਾਨ ਬਹਾਲ ਰੱਖਦਿਆਂ ਹਰੇਕ ਸਾਲ ਦੀ ਤਰ੍ਹਾਂ ਕਾ. ਐੱਚ ਐੱਸ ਪ੍ਰਮਾਰ ਦੀ ਧੀ ਨਰਿੰਦਰ ਕੌਰ ਅਤੇ ਕਾ. ਗੁਰਨਾਮ ਸਿੰਘ ਗਿੱਲ ਦੀ ਧਰਮ ਪਤਨੀ ਨਰਿੰਦਰ ਕੌਰ ਗਿੱਲ ਨੂੰ ਦੋਸ਼ਾਲੇ ਭੇਟ ਕਰਕੇ ਸਨਮਾਨਤ ਕੀਤਾ। ਸਮਾਗਮ ਵਿੱਚ ਸੂਬਾ ਖਜ਼ਾਨਚੀ ਦਵਿੰਦਰ ਸਿੰਘ, ਸੂਬਾ ਆਗੂਆਂ ਕੁਲਵਿੰਦਰ ਸਿੰਘ ਬਾਗੜੀਆ, ਸਾਹਿਬ ਸਿੰਘ ਧਾਲੀਵਾਲ, ਮੋਹਨ ਸਿੰਘ ਗਿੱਲ, ਗੁਰਪ੍ਰੀਤ ਸਿੰਘ ਮਹਿਦੂਦਾਂ, ਮਨਿੰਦਰ ਸਿੰਘ ਮੁਕਤਸਰ, ਅਰੁਣ ਕੁਮਾਰ, ਅਸ਼ਵਨੀ ਕੁਮਾਰ ਆਦਿ ਨੇ ਹਿੱਸਾ ਲਿਆ। ਸਮਾਗਮ ਦੀ ਕਾਮਯਾਬੀ ਲਈ ਕਾ. ਪ੍ਰਮਾਰ ਦੇ ਪਰਿਵਾਰ ਅਤੇ ਪਾਵਰਕਾਮ ਐਂਡ ਟ੍ਰਾਂਸਕੋ ਪੈਨਸ਼ਨਰ ਯੂਨੀਅਨ ਏਟਕ ਦਿਹਾਤੀ ਸਰਕਲ ਲੁਧਿਆਣਾ ਦੇ ਸਾਥੀਆਂ ਨੇ ਸੂਬਾ ਆਗੂ ਐੱਸ ਪੀ ਸਿੰਘ ਦੀ ਅਗਵਾਈ ਹੇਠ ਦਿਲ ਖੋਲ੍ਹ ਕੇ ਆਰਥਿਕ ਸਹਾਇਤਾ ਦਿੱਤੀ। ਸਟੇਜ ਦਾ ਸੰਚਾਲਨ ਸੂਬਾ ਜਨਰਲ ਸਕੱਤਰ ਹਰਵਿੰਦਰ ਸਿੰਘ ਅਕਾਲਗੜ੍ਹ ਨੇ ਕੀਤਾ। ਸੂਬਾ ਭਰ ਤੋਂ ਸਮਾਗਮ ਵਿੱਚ ਹਿੱਸਾ ਲੈਣ ਪਹੁੰਚੇ ਆਗੂਆਂ ਦਾ ਸੂਬਾ ਪ੍ਰਧਾਨ ਮਨਜੀਤ ਸਿੰਘ ਬਾਸਰਕੇ ਨੇ ਧੰਨਵਾਦ ਕੀਤਾ।

## 15 ਮਈ ਦੀ ਦੇਸ਼-ਵਿਆਪੀ ਹੜਤਾਲ ਨੂੰ ਸਫਲ ਬਣਾਉਣ ਲਈ ਕੋਈ ਕਸਰ ਨਾ ਛੱਡੀ ਜਾਵੇ : ਗੋਰੀਆ



**ਸ਼ਾਹਕੋਟ (ਗਿਆਨ ਸੈਦਪੁਰੀ)**

ਮਨਰੇਗਾ ਬਹਾਲ ਕਰਾਉਣ ਵਾਸਤੇ ਸਨਮਾਨ ਅਤੇ ਨਿਆਂ ਲਈ ਲੰਘੇ ਮਾਰਚ ਮਹੀਨੇ ਦਿੱਲੀ ਦੇ ਕੰਸਟੀਚਿਊਸ਼ਨ ਕਲੱਬ ਆਫ ਇੰਡੀਆ ਵਿਖੇ ਦੇਸ਼ ਪੱਧਰੀ ਕੀਤੀ ਗਈ ਕਨਵੈਨਸ਼ਨ ਦੀ ਰੌਸ਼ਨੀ ਵਿੱਚ 15 ਮਈ ਨੂੰ ਮਨਰੇਗਾ ਮਜ਼ਦੂਰਾਂ ਵੱਲੋਂ ਦੇਸ਼ ਵਿਆਪੀ ਹੜਤਾਲ ਕੀਤੀ ਜਾ ਰਹੀ ਹੈ।ਕੇਂਦਰੀ ਟਰੇਡ ਯੂਨੀਅਨਾਂ, ਸੁਤੰਤਰ ਖੇਤਰੀ ਫੈਡਰੇਸ਼ਨਾਂ ਅਤੇ ਐਸੋਸੀਏਸ਼ਨਾਂ ਵੱਲੋਂ ਜਾਰੀ ਪ੍ਰੈੱਸ ਬਿਆਨ ਵਿੱਚ 15 ਮਈ ਦੀ ਹੜਤਾਲ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ ਗਿਆ ਹੈ।ਇਸੇ ਸੰਦਰਭ ਵਿੱਚ ਖੇਤੀਬਾੜੀ ਅਤੇ ਪੇਂਡੂ ਮਜ਼ਦੂਰ ਯੂਨੀਅਨਾਂ ਦੇ ਸਾਂਝੇ ਪਲੇਟਫਾਰਮ ਅਤੇ ਨਰੇਗਾ ਸੰਘਰਸ਼ ਮੋਰਚਾ ਨੇ ਹੜਤਾਲ ਨੂੰ ਸਫਲ ਕਰਨ ਦਾ ਸੱਦਾ ਦਿੱਤਾ ਹੈ।

ਇਸ ਸੰਬੰਧ ਵਿੱਚ ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਕੌਮੀ ਜਨਰਲ ਸਕੱਤਰ ਕਾਮਰੇਡ ਗੁਲਜਾਰ ਸਿੰਘ ਗੋਰੀਆ ਨੇ ਦੱਸਿਆ ਕਿ ਇਸ ਹੜਤਾਲ ਵਿੱਚ 'ਵਿਕਸਿਤ ਭਾਰਤ ਗਰੰਟੀ ਫਾਰ ਰੋਜ਼ਗਾਰ ਐਂਡ ਆਜੀਵਿਕਾ ਮਿਸ਼ਨ (ਗਰਾਮੀਣ)' ਨੂੰ ਵਾਪਸ ਕਰਾਉਣ ਦੀ ਮੰਗ ਜ਼ੋਰਦਾਰ ਢੰਗ ਨਾਲ ਕੀਤੀ ਜਾਵੇਗੀ।ਉਹਨਾਂ ਦੱਸਿਆ ਕਿ 12 ਫਰਵਰੀ 2020 ਨੂੰ ਸੀ ਟੀ ਯੂ ਦੁਆਰਾ ਬੁਲਾਈ ਗਈ ਅਤੇ ਸੰਯੁਕਤ ਕਿਸਾਨ ਮੋਰਚੇ ਦੇ ਨਾਲ-ਨਾਲ ਖੇਤੀ ਮਜ਼ਦੂਰਾਂ ਦੇ ਸਾਂਝੇ ਪਲੇਟਫਾਰਮ ਦੁਆਰਾ ਸਮਰਥਿਤ ਹੜਤਾਲ ਵਿੱਚ ਵੀ ਇਹ ਮੰਗ ਬਾਕੀ ਮੰਗਾਂ ਵਿੱਚੋਂ ਇੱਕ ਸੀ।ਕਾਮਰੇਡ ਗੋਰੀਆ ਨੇ ਕਿਹਾ ਕਿ ਵੀ ਬੀ ਗ੍ਰਾਮ ਜੀ ਐਕਟ ਨੂੰ ਵਾਪਸ ਲੈਣ ਅਤੇ • ਬਾਕੀ ਸਫਾ 2 'ਤੇ

## ਲੋਕ ਅਦਾਲਤ 'ਚ 37350 ਕੇਸਾਂ ਦਾ ਨਿਪਟਾਰਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸ੍ਰੀ ਮੁਕਤਸਰ ਸਾਹਿਬ ਵੱਲੋਂ ਮਾਣਯੋਗ ਚੀਫ ਜਸਟਿਸ ਸ੍ਰੀ ਸ਼ੀਲ ਨਾਗੂ ਤੇ ਮਾਣਯੋਗ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ ਦੇ ਦਿਸ਼ਾ-ਨਿਰਦੇਸ਼ਾਂ ਹੇਠ ਸਾਲ 2026 ਦੀ ਦੂਜੀ ਨੈਸ਼ਨਲ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ। ਇਸ ਲੋਕ ਅਦਾਲਤ ਦੀ ਅਗਵਾਈ ਸ੍ਰੀਮਤੀ ਜਸਵਿੰਦਰ ਸ਼ੀਮਰ, ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਕੀਤੀ।ਲੋਕ ਅਦਾਲਤ ਲਈ ਸ੍ਰੀ ਮੁਕਤਸਰ ਸਾਹਿਬ ਵਿਖੇ 8, ਮਲੋਟ ਵਿਖੇ 4 ਅਤੇ ਗਿੱਦੜਬਾਹਾ ਵਿਖੇ 2 ਬੈਂਚ ਬਣਾਏ ਗਏ।ਇਨ੍ਹਾਂ ਬੈਂਚਾਂ ਵਿੱਚ [illegible], ਮੋਟਰ ਐਕਸੀਡੈਂਟ, ਪਰਿਵਾਰਕ ਝਗੜੇ, ਟਰੈਫਿਕ ਚਲਾਨ, ਬੈਂਕ ਕੇਸ, ਬਿਜਲੀ ਚੋਰੀ, ਸਿਵਲ ਸੂਟ, ਐੱਨ.ਆਈ. ਐਕਟ ਅਤੇ ਐੱਫ.ਆਈ.ਆਰ. ਰੱਦ ਕਰਨ ਵਰਗੇ ਮਾਮਲਿਆਂ ਦੀ ਸੁਣਵਾਈ ਕੀਤੀ ਗਈ। ਜਸਵਿੰਦਰ ਸ਼ੀਮਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਲੋਕ ਅਦਾਲਤ ਵਿੱਚ ਕੁੱਲ 37370 ਕੇਸ ਰੱਖੇ ਗਏ ਸਨ, ਜਿਨ੍ਹਾਂ ਵਿੱਚੋਂ ਲਗਭਗ 37350 ਕੇਸਾਂ ਦਾ ਨਿਪਟਾਰਾ ਕਰਵਾਇਆ ਗਿਆ। ਕਈ ਲੰਬੇ ਸਮੇਂ ਤੋਂ ਚੱਲ ਰਹੇ ਮਾਮਲੇ ਵੀ ਆਪਸੀ ਸਹਿਮਤੀ ਨਾਲ ਸੁਲਝਾਏ ਗਏ।ਧਿਰਾਂ ਨੇ ਲੋਕ ਅਦਾਲਤ ਰਾਹੀਂ ਆਪਣੇ ਝਗੜਿਆਂ ਦਾ ਹੱਲ ਹੋਣ 'ਤੇ ਸੰਤੁਸ਼ਟੀ ਜਤਾਈ।ਉਨ੍ਹਾਂ ਕਿਹਾ ਕਿ ਲੋਕ ਅਦਾਲਤਾਂ ਵਿੱਚ ਦੋਹਾਂ ਧਿਰਾਂ ਦੀ ਸਹਿਮਤੀ ਨਾਲ ਕੇਸਾਂ ਦਾ ਨਿਪਟਾਰਾ ਹੁੰਦਾ ਹੈ, ਜਿਸ ਨਾਲ ਸਮੇਂ ਤੇ ਧਨ ਦੀ ਬਚਤ ਹੁੰਦੀ ਹੈ ਅਤੇ ਕੋਰਟ ਫੀਸ ਵੀ ਵਾਪਸ ਮਿਲ ਜਾਂਦੀ ਹੈ।ਲੋਕ ਅਦਾਲਤ ਦੇ ਫੈਸਲੇ ਨੂੰ ਸਿਵਲ ਕੋਰਟ ਦੀ ਡਿਕਰੀ ਦੇ ਬਰਾਬਰ ਮਾਨਤਾ ਪ੍ਰਾਪਤ ਹੁੰਦੀ ਹੈ।ਇਸ ਮੌਕੇ ਨੀਰਜ ਕੁਮਾਰ ਸਿੰਗਲਾ, ਇੰਚਾਰਜ ਸਕੱਤਰ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਲੋਕ ਅਦਾਲਤਾਂ ਦਾ ਵੱਧ ਤੋਂ ਵੱਧ ਲਾਭ ਲੈਣ।ਉਨ੍ਹਾਂ ਦੱਸਿਆ ਕਿ ਸਾਲ 2026 ਦੀ ਤੀਜੀ ਲੋਕ ਅਦਾਲਤ 12 ਸਤੰਬਰ ਨੂੰ ਲਗਾਈ ਜਾਵੇਗੀ।

## 'ਭੂਤਨੀ' ਦੇ ਡਰ ਤੋਂ ਸਤੇ ਸੈਂਕੜੇ ਕਿਸਾਨਾਂ ਨੇ ਬਾਬਾ ਬਲਵੀਰ ਸਿੰਘ ਦਾ ਦਰ ਖੜਕਾਇਆ

**ਤਲਵੰਡੀ ਸਾਬੋ (ਜਗਦੀਪ ਗਿੱਲ)**



ਮਾਨਸਾ ਤੇ ਬਠਿੰਡਾ ਜ਼ਿਲ੍ਹਿਆਂ ਦੇ 15 ਤੋਂ ਵੱਧ ਪਿੰਡਾਂ ਦੇ ਸੈਂਕੜੇ ਕਿਸਾਨਾਂ ਨੇ ਨਿਹੰਗ ਮੁਖੀ ਜਥੇਦਾਰ ਬਾਬਾ ਬਲਵੀਰ ਸਿੰਘ ਦਾ ਦਰ ਖੜਕਾਉਂਦਿਆਂ ਉਨ੍ਹਾਂ ਅੱਗੇ ਇਹ ਗੁਹਾਰ ਲਾਈ ਕਿ ਸਰਕਾਰਾਂ ਦੁਆਰਾ ਪ੍ਰਸਤਾਵਿਤ 'ਭੂਤਨੀ' ਦੀ ਦਹਿਸ਼ਤ ਨੇ ਕਿਸਾਨਾਂ ਦੇ ਸਾਹ ਸੂਤ ਰੱਖੇ ਹਨ।ਜ਼ਿਕਰਯੋਗ ਹੈ ਕਿ ਨਿਹੰਗ ਸਿੰਘਾਂ ਦੇ ਬੋਲਿਆਂ ਵਿੱਚ ਰੇਲ ਗੱਡੀ ਨੂੰ ਭੂਤਨੀ ਕਿਹਾ ਜਾਂਦਾ ਹੈ। ਮਾਮਲਾ ਕੁਝ ਇਸ ਤਰ੍ਹਾਂ ਹੈ ਕਿ ਕੇਂਦਰ ਸਰਕਾਰ ਦੀ ਤਰਫ ਤੋਂ ਕੁਝ ਸਮਾਂ ਪਹਿਲਾਂ ਕੇਂਦਰੀ ਰੇਲਵੇ ਰਾਜ ਮੰਤਰੀ ਸਰਦਾਰ ਰਵਨੀਤ ਸਿੰਘ ਬਿੱਟੂ ਵੱਲੋਂ ਬਠਿੰਡਾ ਵਿਖੇ ਮਾਨਸਾ ਦੇ ਪਿੰਡ ਸੱਦਾ ਸਿੰਘ ਵਾਲਾ ਤੋਂ ਬਠਿੰਡਾ ਜ਼ਿਲ੍ਹੇ ਦੇ ਬੰਗੀ ਨਿਹਾਲ ਸਿੰਘ ਪਿੰਡ ਤੱਕ ਨਵਾਂ ਰੇਲਵੇ ਟਰੈਕ ਵਿਛਾਉਣ ਦਾ ਐਲਾਨ ਕੀਤਾ ਗਿਆ ਸੀ।ਸਰਕਾਰੀ ਪ੍ਰਪੋਜ਼ਲ ਵਿੱਚ ਕਿਹਾ ਗਿਆ ਹੈ ਕਿ ਇਹ ਰੇਲਵੇ ਪ੍ਰੋਜੈਕਟ ਤਖਤ ਸ੍ਰੀ ਦਮਦਮਾ ਸਾਹਿਬ ਨੂੰ ਰੇਲਵੇ ਲਿੰਕ ਨਾਲ ਜੋੜਨ ਲਈ ਹੋਂਦ ਵਿੱਚ ਲਿਆਂਦਾ ਜਾ ਰਿਹਾ ਹੈ।

ਦੱਸ ਦਈਏ ਕਿ ਇਤਿਹਾਸਕ ਦਮਦਮਾ ਸਹਿਬ ਸ਼ਹਿਰ ਜਿਹੜਾ ਭੂਗੋਲਿਕ ਤੌਰ 'ਤੇ ਮੌੜ ਮੰਡੀ ਜਿੱਥੇ ਰੇਲ ਲਿੰਕ ਹੈ ਤੋਂ 18 ਕਿਲੋਮੀਟਰ ਅਤੇ ਰਾਮਾ ਮੰਡੀ ਤੋਂ 12 ਕੁ ਕਿਲੋਮੀਟਰ ਦੀ ਦੂਰੀ ਤੇ ਸਥਿਤ ਹੈ।ਜਦੋਂਕਿ ਪਿੰਡ ਬੰਗੀ ਨਿਹਾਲ ਸਿੰਘ, ਜਿਸ ਨਾਲ ਲਿੰਕ ਜੋੜਿਆ ਜਾ ਰਿਹਾ ਹੈ। ਤਖਤ ਸ੍ਰੀ ਦਮਦਮਾ ਸਾਹਿਬ ਤੋਂ ਨਾ ਸਿਰਫ ਕਈ ਕਿਲੋਮੀਟਰ ਹੋਰ ਨੇੜੇ ਪੈਂਦਾ ਹੈ, ਸਗੋਂ ਉਸ ਗੁਰੂ ਗੋਬਿੰਦ ਸਿੰਘ ਮਾਰਗ ਉਪਰ ਸਥਿਤ ਹੈ, ਜਿਸ ਨੂੰ ਕਿਸ ਵਕਤ ਪੰਜਾਬ ਦੇ ਮੁੱਖ ਮੰਤਰੀ ਗਿਆਨੀ ਜ਼ੈਲ ਸਿੰਘ ਨੇ ਉਚੇਚਾ ਬਣਵਾਇਆ ਸੀ।

ਉਕਤ ਦੋਵਾਂ ਜ਼ਿਲ੍ਹਿਆਂ ਦੇ ਕਿਸਾਨ ਇਸ ਗੱਲ ਉਪਰ ਜ਼ੋਰ ਦੇ ਰਹੇ ਹਨ ਕਿ ਜੇਕਰ ਸਰਕਾਰਾਂ ਦੀ ਨੀਅਤ ਬਿਲਕੁਲ ਸਾਫ਼ ਹੈ ਤਾਂ ਉਹ ਵੰਗੀ ਨਿਹਾਲ ਸਿੰਘ ਦੇ ਰੇਲਵੇ ਸਟੇਸ਼ਨ ਨੂੰ ਤਖਤ ਦਮਦਮਾ ਸਾਹਿਬ ਦਾ ਨਾਂਅ ਦੇ ਕੇ ਸੜਕ ਤਖਤ ਸ੍ਰੀ ਦਮਦਮਾ ਸਾਹਿਬ ਨਾਲ ਕਿਉਂ ਨਹੀਂ ਜੋੜ ਦਿੰਦੇ।ਜਦੋਂਕਿ ਅਜਿਹਾ ਕਰਦਿਆਂ ਸਰਕਾਰਾਂ ਦਾ ਕਈ ਸੌ ਕਰੋੜ ਰੁਪਿਆ ਵੀ ਬਚ ਸਕਦਾ ਹੈ।ਪੀੜਤ ਕਿਸਾਨਾਂ ਦਾ ਕਹਿਣਾ ਹੈ ਕਿ ਜਿਹੜਾ ਗੁਰੂ ਗੋਬਿੰਦ ਸਿੰਘ ਮਾਰਗ 1972 ਵਿੱਚ ਵੇਲੇ ਦੇ ਮੁੱਖ ਮੰਤਰੀ ਗਿਆਨੀ ਜ਼ੈਲ ਸਿੰਘ ਨੇ ਬਣਵਾਉਂਦਿਆਂ ਸਿੱਖਾਂ ਤੋਂ ਵੱਡੀ ਵਾਹ-ਵਾਹ ਖੱਟੀ ਸੀ, ਉਸੇ ਗੁਰੂ ਗੋਬਿੰਦ ਸਿੰਘ ਮਾਰਗ ਦੇ ਇਸ ਸਿਰਫ ਅੱਠ ਦਸ ਕਿਲੋਮੀਟਰ ਦੇ ਟੋਟੇ ਨੂੰ ਹੋਰ ਸੋਹਣਾ ਬਣਾ ਕੇ ਵੰਗੀ ਤੋਂ ਦਮਦਮਾ ਸਾਹਿਬ ਤੱਕ ਸ਼ਰਧਾਲੂਆਂ ਦੇ ਆਉਣ-ਜਾਣ ਦਾ ਪ੍ਰਬੰਧ ਕਿਉਂ ਨਹੀਂ ਕੀਤਾ ਜਾ ਸਕਦਾ।

ਜ਼ਿਕਰਯੋਗ ਹੈ ਕਿ ਕੁਝ ਦਿਨ ਪਹਿਲਾਂ ਇੱਥੇ ਹੀ ਇੱਕ ਹੋਰ ਧਾਰਮਿਕ ਸੰਸਥਾ ਗੁਰਦੁਆਰਾ ਮਸਤੂਆਣਾ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਕਾਕਾ ਸਿੰਘ ਵੱਲੋਂ ਤਖਤ ਸ੍ਰੀ ਦਮਦਮਾ ਸਾਹਿਬ ਤੋਂ ਬੰਗੀ ਨਿਹਾਲ ਸਿੰਘ ਤੱਕ ਮੁਫ਼ਤ ਬੱਸਾਂ ਚਲਾਉਣ ਦਾ ਵੀ ਭਰੋਸਾ ਦਿਵਾਇਆ ਗਿਆ ਹੈ।ਉਧਰ ਹੁਣ ਬਾਬਾ ਬਲਵੀਰ ਸਿੰਘ ਜੀ ਵੱਲੋਂ ਵੀ ਨਾ ਸਿਰਫ ਕਿਸਾਨਾਂ ਨੂੰ ਇਹ ਵਿਸ਼ਵਾਸ ਦਵਾਇਆ ਗਿਆ ਕਿ ਇਸ ਮਾਮਲੇ ਵਿੱਚ ਉਹਨਾਂ ਦਾ ਸਾਥ ਦੇਣਗੇ ਸਗੋਂ ਖੜ੍ਹੇ ਪੈਰ ਕੇਂਦਰੀ ਰੇਲਵੇ ਰਾਜ ਮੰਤਰੀ ਸਰਦਾਰ ਰਵਨੀਤ ਸਿੰਘ ਬਿੱਟੂ ਨੂੰ ਫੋਨ ਕਰਦਿਆਂ ਕਿਸਾਨਾਂ ਦਾ ਦੁੱਖ ਦੂਰ ਕਰਨ ਲਈ ਵਕਤ ਦੇਣ ਦੀ ਮੰਗ ਵੀ ਕੀਤੀ।

ਪੱਤਰਕਾਰਾਂ ਕੋਲ ਦੁੱਖੜੇ ਰੋਂਦਿਆਂ ਪੀੜਤ ਕਿਸਾਨਾਂ ਨੇ ਕਿਹਾ ਕਿ ਇਹ ਪ੍ਰਸਤਾਵਿਤ 'ਭੂਤਨੀ' ਉਰਫ ਬੇਲੋੜੀ ਰੇਲ ਗੱਡੀ ਹਜ਼ਾਰਾਂ ਕਿਸਾਨਾਂ ਦੇ ਉਜਾੜੇ ਦਾ ਕਾਰਨ ਬਣੇਗੀ, ਜਦੋਂ ਕਿ ਕਿਸਾਨਾਂ ਵੱਲੋਂ ਸੁਝਾਈ ਜਾ ਰਹੀ ਬਦਲਵੀਂ ਪ੍ਰੋਜਲ ਨਾਲ ਕਿਸਾਨ ਵੀ ਉਜੜਨ ਤੋਂ ਬਚ ਸਕਦੇ ਅਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਨੂੰ ਵੀ ਰੇਲਵੇ ਲਿੰਕ ਨਾਲ ਨੇੜਿਓਂ ਸਿੱਧਾ ਜੋੜਿਆ ਜਾ ਸਕਦਾ ਹੈ।

## ਸੁਪਰੀਮ ਸਕੂਲ ਵਿਖੇ 'ਮਾਂ ਦਿਵਸ' ਉਤਸ਼ਾਹ ਨਾਲ ਮਨਾਇਆ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸੁਪਰੀਮ ਇੰਟਰਨੈਸ਼ਨਲ ਸਕੂਲ ਮਹਿਲ ਕਲਾਂ ਵਿਖੇ ਮਾਂ ਦਿਵਸ ਬੜੇ ਹੀ ਉਤਸ਼ਾਹ ਤੇ ਧੂਮਧਾਮ ਨਾਲ ਮਨਾਇਆ ਗਿਆ।ਇਸ ਸਮਾਗਮ ਦਾ ਆਯੋਜਨ ਡਾਇਰੈਕਟਰ ਮੋਹਨੀਸ਼ ਮਿਸ਼ਰਾ ਦੀ ਅਗਵਾਈ ਹੇਠ ਅਧਿਆਪਕਾਂ ਦੁਆਰਾ ਕਰਵਾਇਆ ਗਿਆ, ਜਿਸ ਦਾ ਆਰੰਭ ਸਵੇਰ ਦੀ ਪ੍ਰਾਥਨਾ ਸਭਾ ਤੋਂ ਹੀ ਸ਼ੁਰੂ ਹੋਇਆ। ਇਸ ਮੌਕੇ ਵਿਦਿਆਰਥੀਆਂ ਨੇ ਕਵਿਤਾਵਾਂ, ਗੀਤਾਂ ਤੇ ਭਾਸ਼ਣ ਰਾਹੀਂ ਮਾਂ ਦੇ ਪਿਆਰ ਨੂੰ ਸਲਾਮ ਕਰਦਿਆਂ ਆਪਣੇ ਮਨ ਦੇ ਭਾਵ ਪੇਸ਼ ਕੀਤੇ।ਵਿਦਿਆਰਥੀਆਂ ਨੇ ਆਪਣਾ ਪਿਆਰ ਦਰਸਾਉਣ ਲਈ ਸੁੰਦਰ ਗਰੀਟਿੰਗ ਕਾਰਡ ਬਣਾਏ।ਡਾਇਰੈਕਟਰ ਮੋਹਨੀਸ਼ ਮਿਸ਼ਰਾ ਨੇ ਕਿਹਾ ਕਿ ਇਹ ਦਿਨ ਮਾਂ ਦੇ ਨਿਰਸਵਾਰਥ ਪਿਆਰ, ਤਿਆਗ ਤੇ ਮਿਹਨਤ ਨੂੰ ਸਨਮਾਨਤ ਕਰਨ ਦਾ ਦਿਨ ਹੈ।ਪੰਜਾਬੀ ਵਿੱਚ ਮਾਂ ਨੂੰ ਰੱਬ ਦਾ ਰੂਪ ਮੰਨਿਆ ਗਿਆ ਹੈ, ਜੋ ਘਰ ਦੀ ਠੰਢੀ ਛਾਂ ਵਰਗੀ ਹੁੰਦੀ ਹੈ। ਇਸ ਲਈ ਸਾਨੂੰ ਆਪਣੇ ਮਾਤਾ-ਪਿਤਾ ਦੀ ਕਦਰ ਤੇ ਸਤਿਕਾਰ ਕਰਨਾ ਚਾਹੀਦਾ ਹੈ।

## ਐੱਮ ਐੱਲ ਡੀ ਸਕੂਲ ਵਿਖੇ 'ਮਾਂ ਦਿਵਸ' ਮਨਾਇਆ



**ਜਗਰਾਓਂ (ਅਮਿਤ ਖੰਨਾ)**-ਮਹੰਤ ਲਛਮਣ ਦਾਸ ਸੀਨੀ. ਸੈਕੰ. ਸਕੂਲ ਤਲਵੰਡੀ ਕਲਾਂ (ਲੁਧਿ:) ਵਿਖੇ 'ਮਾਂ ਦਿਵਸ' ਮਨਾਇਆ ਗਿਆ, ਜਿਸ ਵਿੱਚ ਨਰਸਰੀ, ਐੱਲ.ਕੇ.ਜੀ., ਬਾਰਵੀਂ ਤੇ ਨਵੇਂ ਦਾਖਲੇ ਵਾਲੇ ਵਿਦਿਆਰਥੀਆਂ ਦੀਆਂ ਮਾਵਾਂ ਉਚੇਚੇ ਤੌਰ 'ਤੇ ਸ਼ਾਮਲ ਹੋਈਆਂ।ਸਕੂਲ ਵੱਲੋਂ ਕਰਵਾਏ ਇਸ ਸਮਾਗਮ ਦਾ ਮਾਵਾਂ ਨੇ ਖ਼ੂਬ ਆਨੰਦ ਮਾਣਿਆ।ਇਸ ਸਮਾਗਮ ਵਿੱਚ ਜਿੱਥੇ ਅਰਮਾਨਵੀਰ ਕੌਰ ਨੇ ਆਪਣੀ ਸਪੀਚ ਦੁਆਰਾ ਮਾਂ ਦੇ ਕਿਰਦਾਰ ਨੂੰ ਰੁਸ਼ਨਾਇਆ, ਉੱਥੇ ਹੀ ਈਸ਼ਵਰਪਾਲ ਸਿੰਘ ਦੇ ਗੀਤ 'ਮਾਂ ਤਾਂ ਜੱਗ ਤੇ ਮਿੱਤਰੋ ਰੱਬ ਦੇ ਰੂਪ ਜਿਹੀ' ਨੇ ਸਾਰਿਆਂ ਨੂੰ ਭਾਵੁਕ ਕਰ ਦਿੱਤਾ।ਮਾਵਾਂ ਦੇ ਮਨੋਰੰਜਨ ਲਈ ਕੁੱਝ ਹੋਰ ਗਤੀਵਿਧੀਆਂ ਕਰਵਾਈਆਂ ਗਈਆਂ, ਜਿਨ੍ਹਾਂ 'ਚ ਮਾਵਾਂ ਨੇ ਵੱਧ ਚੜ੍ਹ ਕੇ ਹਿੱਸਾ ਲੈਂਦੇ ਹੋਏ ਖ਼ੂਬ ਆਨੰਦ ਮਾਣਿਆ।ਜੇਤੂ ਰਹਿਣ ਵਾਲੀਆਂ ਮਾਵਾਂ ਨੂੰ ਸਨਮਾਨਤ ਕੀਤਾ ਗਿਆ।ਪ੍ਰਿੰਸੀਪਲ ਬਲਦੇਵ ਬਾਵਾ ਨੇ ਮਾਂ ਦਿਵਸ ਸਮਾਗਮ ਉੱਪਰ ਪਹੁੰਚੀਆਂ ਮਾਵਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸਾਡੇ ਸੱਭਿਆਚਾਰ ਵਿੱਚ ਸਾਰੇ ਦਿਨ ਪਰਵਾਰ ਦੇ ਦਿਨ ਹਨ, ਪਰ ਇਹ ਖਾਸ ਦਿਨ ਸਾਨੂੰ ਆਪਣੇ ਫਰਜ਼ ਪ੍ਰਤੀ ਅਹਿਸਾਸ ਕਰਵਾਉਂਦੇ ਹਨ।ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਵਿਦਿਆਰਥੀਆਂ ਦੀ ਪੜ੍ਹਾਈ ਤੇ ਸਰਵਪੱਖੀ ਵਿਕਾਸ ਸਾਡਾ ਮੁੱਖ ਉਦੇਸ਼ ਹੈ, ਜਿਸ ਨੂੰ ਸਾਡੀ ਅਧਿਆਪਕਾਂ ਦੀ ਟੀਮ ਤੁਹਾਡੇ ਸਹਿਯੋਗ ਨਾਲ ਮਿਲ ਕੇ ਕਾਮਯਾਬ ਕਰੇਗੀ। ਇਸ ਮੌਕੇ ਮੈਡਮ ਜਸਮਿੰਦਰ ਕੌਰ, ਦਲਵੀਰ ਕੌਰ, ਸੁਖਦੀਪ ਕੌਰ, ਅੰਮ੍ਰਿਤਪਾਲ ਕੌਰ, ਹਰਮਨਦੀਪ ਕੌਰ, ਸ੍ਰ. ਗੁਰਿੰਦਰਪਾਲ ਸਿੰਘ, ਗੁਰਚਰਨ ਸਿੰਘ, ਹਰਪ੍ਰੀਤ ਸਿੰਘ ਤੇ ਸਮੂਹ ਸਟਾਫ ਹਾਜ਼ਰ ਸੀ।

## ਡਾ. ਅਸ਼ੋਕ ਸਿੰਗਲਾ ਨੇ ਸੰਭਾਲੀ ਸਿਵਲ ਸਰਜਨ ਦੀ ਜ਼ਿੰਮੇਵਾਰੀ



**ਮੋਗਾ (ਇਕਬਾਲ ਸਿੰਘ ਖਹਿਰਾ)**-ਇੰਡੀਅਨ ਮੈਡੀਕਲ ਐਸੋਸੀਏਸ਼ਨ ਮੋਗਾ ਵੱਲੋਂ ਨਵੇਂ ਨਿਯੁਕਤ ਸਿਵਲ ਸਰਜਨ ਮੋਗਾ ਡਾ. ਅਸ਼ੋਕ ਸਿੰਗਲਾ ਦਾ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਆਈ.ਐੱਮ.ਏ. ਮੋਗਾ ਦੇ ਅਹੁਦੇਦਾਰਾਂ ਤੇ ਮੈਂਬਰਾਂ ਵੱਲੋਂ ਡਾ. ਸਿੰਗਲਾ ਨੂੰ ਗੁਲਦਸਤੇ ਭੇਟ ਕਰਕੇ ਵਧਾਈ ਦਿੱਤੀ ਗਈ ਤੇ ਉਨ੍ਹਾਂ ਦੀ ਨਵੀਂ ਜ਼ਿੰਮੇਵਾਰੀ ਲਈ ਸ਼ੁੱਭ-ਕਾਮਨਾਵਾਂ ਪ੍ਰਗਟ ਕੀਤੀਆਂ ਗਈਆਂ।ਇਸ ਦੌਰਾਨ ਆਈ.ਐੱਮ.ਏ. ਮੋਗਾ ਦੇ ਮੈਂਬਰਾਂ ਡਾ. ਪਰੇਮ ਸਿੰਘ, ਡਾ. ਸੰਜੀਵ ਮਿੱਤਲ, ਡਾ. ਇਕਬਾਲ ਸਿੰਘ, ਡਾ. ਵਿਕਾਸ ਤੇ ਡਾ. ਵੋਹਰਾ ਨੇ ਕਿਹਾ ਕਿ ਡਾ. ਅਸ਼ੋਕ ਸਿੰਗਲਾ ਇੱਕ ਇਮਾਨਦਾਰ, ਤਜਰਬੇਕਾਰ ਤੇ ਮਰੀਜ਼ਾਂ ਪ੍ਰਤੀ ਸਮਰਪਿਤ ਅਧਿਕਾਰੀ ਹਨ ਤੇ ਉਨ੍ਹਾਂ ਦੀ ਅਗਵਾਈ ਹੇਠ ਜ਼ਿਲ੍ਹੇ ਦੀਆਂ ਸਿਹਤ ਸੇਵਾਵਾਂ ਨੂੰ ਹੋਰ ਮਜ਼ਬੂਤੀ ਮਿਲੇਗੀ।ਉਨ੍ਹਾਂ ਭਰੋਸਾ ਦਿੱਤਾ ਕਿ ਆਈ.ਐੱਮ.ਏ. ਮੋਗਾ ਵੱਲੋਂ ਸਿਹਤ ਵਿਭਾਗ ਨੂੰ ਹਰ ਸੰਭਵ ਸਹਿਯੋਗ ਦਿੱਤਾ ਜਾਵੇਗਾ।ਡਾ. ਅਸ਼ੋਕ ਸਿੰਗਲਾ ਨੇ ਆਈ.ਐੱਮ.ਏ. ਮੋਗਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਜ਼ਿਲ੍ਹਾ ਵਾਸੀਆਂ ਨੂੰ ਬਿਹਤਰ ਤੇ ਸੁਚੱਜੀਆਂ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ।ਇਸ ਮੌਕੇ ਆਈ.ਐੱਮ.ਏ. ਮੋਗਾ ਦੇ ਅਹੁਦੇਦਾਰ, ਡਾਕਟਰ ਸਾਹਿਬਾਨ ਤੇ ਹੋਰ ਮੈਂਬਰ ਹਾਜ਼ਰ ਸਨ।ਇਸੇ ਦੌਰਾਨ ਹੀ ਸਿਵਲ ਹਸਪਤਾਲ ਮੋਗਾ ਦੇ ਸਟਾਫ ਵੱਲੋਂ ਵੀ ਗੁਲਦਸਤੇ ਭੇਟ ਕਰਕੇ ਸਵਾਗਤ ਕੀਤਾ ਗਿਆ।

## ਲਾਰੈਂਸ ਇੰਟਰਨੈਸ਼ਨਲ ਕਾਨਵੈਂਟ ਸਕੂਲ 'ਚ ਨੰਨੇ ਬੱਚਿਆਂ ਲਈ ਪੂਲ ਪਾਰਟੀ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਅੱਤ ਦੀ ਪੈ ਰਹੀ ਗਰਮੀ ਤੇ ਤਪਸ਼ ਤੋਂ ਬੱਚਿਆਂ ਨੂੰ ਰਾਹਤ ਦਿਵਾਉਣ ਤੇ ਉਨ੍ਹਾਂ ਦੇ ਚਿਹਰਿਆਂ 'ਤੇ ਮੁਸਕਾਨ ਲਿਆਉਣ ਦੇ ਉਦੇਸ਼ ਨਾਲ ਲਾਰੈਂਸ ਇੰਟਰਨੈਸ਼ਨਲ ਕਾਨਵੈਂਟ ਸਕੂਲ 'ਚ ਪ੍ਰੀ-ਪ੍ਰਾਇਮਰੀ ਵਿੰਗ ਦੇ ਵਿਦਿਆਰਥੀਆਂ ਲਈ ਇੱਕ ਰੰਗਾਰੰਗ 'ਪੂਲ ਪਾਰਟੀ' ਦਾ ਆਯੋਜਨ ਕੀਤਾ ਗਿਆ।ਸਮਾਗਮ ਵਿੱਚ ਨਰਸਰੀ ਤੋਂ ਦੂਜੀ ਜਮਾਤ ਤੱਕ ਦੇ ਨੰਨ੍ਹੇ-ਮੁੰਨ੍ਹੇ ਵਿਦਿਆਰਥੀਆਂ ਨੇ ਵੱਡੇ ਉਤਸ਼ਾਹ ਨਾਲ ਭਾਗ ਲਿਆ। ਸਕੂਲ ਦੇ ਪੂਲ ਖੇਤਰ ਨੂੰ ਗੁਬਾਰਿਆਂ ਤੇ ਰੰਗ-ਬਿਰੰਗੀਆਂ ਗੇਂਦਾਂ ਨਾਲ ਸੁੰਦਰ ਢੰਗ ਨਾਲ ਸਜਾਇਆ ਗਿਆ ਸੀ। ਬੱਚੇ ਰੰਗ-ਬਿਰੰਗੇ ਪਹਿਰਾਵਿਆਂ ਵਿੱਚ ਬਹੁਤ ਹੀ ਪਿਆਰੇ ਲੱਗ ਰਹੇ ਸਨ।ਜਿਵੇਂ ਹੀ ਉਨ੍ਹਾਂ ਨੇ ਠੰਡੇ ਪਾਣੀ ਨਾਲ ਭਰੇ ਪੂਲ ਵਿੱਚ ਕਦਮ ਰੱਖਿਆ, ਉਨ੍ਹਾਂ ਦੀ ਖ਼ੁਸ਼ੀ ਦਾ ਕੋਈ ਠਿਕਾਣਾ ਨਾ ਰਿਹਾ।ਪਾਣੀ ਵਿੱਚ ਖੇਡਦੇ, ਹੱਸਦੇ ਤੇ ਮਸਤੀ ਕਰਦੇ ਬੱਚਿਆਂ ਨੇ ਖ਼ੂਬ ਆਨੰਦ ਮਾਣਿਆ।ਪਿੱਛੇ ਚੱਲ ਰਹੇ ਮਿਊਜ਼ਿਕ ਨੇ ਸਮਾਗਮ ਨੂੰ ਹੋਰ ਵੀ ਰੰਗੀਨ ਬਣਾ ਦਿੱਤਾ।ਕਈ ਵਿਦਿਆਰਥੀਆਂ ਨੇ ਪੂਲ ਦੇ ਕੋਲ ਨੱਚ ਕੇ ਆਪਣੀ ਖ਼ੁਸ਼ੀ ਦਾ ਪ੍ਰਗਟਾਵਾ ਕੀਤਾ, ਜਿਸ ਨਾਲ ਮਾਹੌਲ ਖ਼ੁਸ਼ਗਵਾਰ ਬਣ ਗਿਆ।ਸਕੂਲ ਦੀ ਪ੍ਰਿੰਸੀਪਲ ਜੀਨਮ ਮੈਡਮ ਤੇ ਚੇਅਰਮੈਨ ਮਨੋਜ ਕੁਮਾਰ ਨੇ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਬੱਚਿਆਂ ਦੇ ਸਰੀਰਕ ਤੇ ਮਾਨਸਿਕ ਵਿਕਾਸ ਲਈ ਬਹੁਤ ਜ਼ਰੂਰੀ ਹੁੰਦੀਆਂ ਹਨ।ਉਨ੍ਹਾਂ ਦੱਸਿਆ ਕਿ ਇਸ ਤਰ੍ਹਾਂ ਦੀਆਂ ਐਕਟਿਵਿਟੀਆਂ ਨਾਲ ਬੱਚਿਆਂ ਵਿੱਚ ਟੀਮ ਭਾਵਨਾ, ਆਤਮ-ਵਿਸ਼ਵਾਸ ਤੇ ਖੇਡਾਂ ਪ੍ਰਤੀ ਰੁਚੀ ਵਧਦੀ ਹੈ।ਅਧਿਆਪਕਾਂ ਨੇ ਵੀ ਬੱਚਿਆਂ ਨਾਲ ਮਿਲ ਕੇ ਖੇਡਾਂ ਵਿੱਚ ਹਿੱਸਾ ਲਿਆ, ਜਿਸ ਨਾਲ ਵਿਦਿਆਰਥੀਆਂ ਦਾ ਉਤਸ਼ਾਹ ਹੋਰ ਵਧ ਗਿਆ।ਸਕੂਲ ਪ੍ਰਬੰਧਕ ਕਮੇਟੀ ਵੱਲੋਂ ਸਾਰੇ ਸੁਰੱਖਿਆ ਉਪਾਅ ਵੀ ਯਕੀਨੀ ਬਣਾਏ ਗਏ ਤਾਂ ਜੁ ਬੱਚੇ ਬਿਨਾਂ ਕਿਸੇ ਚਿੰਤਾ ਦੇ ਸਮਾਗਮ ਦਾ ਪੂਰਾ ਆਨੰਦ ਲੈ ਸਕਣ।ਇਹ ਪੂਲ ਪਾਰਟੀ ਗ਼ਰਮੀ ਦੇ ਮੌਸਮ ਵਿੱਚ ਬੱਚਿਆਂ ਲਈ ਤਾਜ਼ਗੀ ਭਰਿਆ ਅਨੁਭਵ ਸਾਬਤ ਹੋਈ।

## ਭਾਜਪਾ ਵੱਲੋਂ ਜ਼ੀਰਾ ਮਿਊਂਸੀਪਲ ਚੋਣਾਂ ਲਈ ਇੰਚਾਰਜ ਨਿਯੁਕਤ



**ਮੱਖੂ (ਰਛਪਾਲ ਸਿੰਘ ਸੰਧੂ)**-ਭਾਜਪਾ ਪੰਜਾਬ ਵੱਲੋਂ ਨਿਕਟ ਭਵਿੱਖ ਵਿੱਚ ਆ ਰਹੀਆਂ ਮਿਊਂਸਪਲ ਤੇ ਨਗਰ ਪੰਚਾਇਤ ਚੋਣਾਂ ਲਈ ਤਿਆਰੀ ਸ਼ੁਰੂ ਕਰਦੇ ਹੋਏ ਜ਼ਿਲ੍ਹਾ ਫ਼ਿਰੋਜ਼ਪੁਰ ਵਿੱਚ ਚੋਣ ਇੰਚਾਰਜਾਂ ਦੀ ਕੀਤੀ ਗਈ ਨਿਯੁਕਤੀ ਬਾਰੇ ਜ਼ਿਲ੍ਹਾ ਪ੍ਰਧਾਨ ਸਰਬਜੀਤ ਸਿੰਘ ਬਾਠ ਨੇ ਦੱਸਿਆ ਕਿ ਨਗਰ ਪੰਚਾਇਤ ਜ਼ੀਰਾ ਦੀਆਂ ਚੋਣਾਂ ਲਈ ਰਾਕੇਸ਼ ਕਪੂਰ ਜ਼ਿਲ੍ਹਾ ਮਹਾਂਮੰਤਰੀ ਭਾਜਪਾ ਸ੍ਰੀ ਅਮ੍ਰਿਤਸਰ ਸਾਹਿਬ, ਅਸ਼ਵਨੀ ਢੀਂਗੜਾ ਐਡਵੋਕੇਟ ਸਟੇਟ ਕੋ ਕਨਵੀਨਰ ਭਾਜਪਾ ਲੀਗਲ ਸੈੱਲ ਪੰਜਾਬ ਤੇ ਸੰਦੀਪ ਸਚਦੇਵਾ ਮੀਤ ਪ੍ਰਧਾਨ ਭਾਜਪਾ ਜ਼ਿਲ੍ਹਾ ਫ਼ਿਰੋਜ਼ਪੁਰ ਨੂੰ ਭਾਜਪਾ ਵੱਲੋਂ ਚੋਣ ਇੰਚਾਰਜ ਨਿਯੁਕਤ ਕੀਤਾ ਗਿਆ ਹੈ, ਜੋ ਚੋਣ ਲੜਨ ਦੇ ਚਾਹਵਾਨ ਵਰਕਰਾਂ ਨਾਲ ਮੁਲਾਕਾਤ ਕਰਨਗੇ ਤੇ ਆਪਣੀ ਸਿਫ਼ਾਰਸ਼ ਭਾਜਪਾ ਪੰਜਾਬ ਨੂੰ ਭੇਜਣਗੇ।ਉਨ੍ਹਾਂ ਦੱਸਿਆ ਕਿ ਇਨ੍ਹਾਂ ਦੇ ਨਾਲ-ਨਾਲ ਇਸ ਵਿਧਾਨ ਸਭਾ ਹਲਕਾ ਦੇ ਹਲਕਾ ਇੰਚਾਰਜ, ਜ਼ਿਲ੍ਹਾ ਮੰਡਲ ਮੋਰਚਿਆ ਦੇ ਸੈੱਲਾਂ ਦੇ ਅਧਿਕਾਰੀ ਤੇ ਸੀਨੀਅਰ ਵਰਕਰ ਸਹਿਯੋਗ ਕਰਨਗੇ।ਉਨ੍ਹਾਂ ਦਾਅਵਾ ਕੀਤਾ ਕਿ ਪੰਜਾਬ ਵਾਸੀਆਂ ਨੇ ਸਾਰੀਆਂ ਪਾਰਟੀਆਂ ਨੂੰ ਵੇਖ ਲਿਆ ਹੈ। ਹੁਣ ਲੋਕ ਭਾਜਪਾ ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀਆਂ ਨੀਤੀਆਂ ਤੋਂ ਪ੍ਰਭਾਵਤ ਹੋ ਕੇ ਮਿਊਂਸਪਲ, ਨਗਰ ਪੰਚਾਇਤ ਤੇ ਆਉਣ ਵਾਲਿਆਂ 2027 ਦੀਆਂ ਵਿਧਾਨ ਸਭਾ ਚੋਣਾਂ 'ਚ ਭਾਜਪਾ ਨੂੰ ਭਾਰੀ ਬਹੁਮਤ ਨਾਲ ਜਿਤਾਣਗੇ।

## ਨੈਸ਼ਨਲ ਲੋਕ ਅਦਾਲਤ 'ਚ 17,298 ਕੇਸਾਂ ਦਾ ਨਿਪਟਾਰਾ



**ਸੰਗਰੂਰ (ਪ੍ਰਵੀਨ, ਖੁਰਮੀ, ਸਿੰਗਲਾ)**-ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੀ ਰਹਿਨੁਮਾਈ ਤੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਸੰਗਰੂਰ ਦੀ ਅਗਵਾਈ ਹੇਠ ਸ਼ਨੀਵਾਰ ਨੂੰ ਜ਼ਿਲ੍ਹਾ ਕਚਹਿਰੀਆਂ ਸੰਗਰੂਰ ਸਮੇਤ ਉਪ ਮੰਡਲ ਪੱਧਰ ਦੀਆਂ ਕਚਹਿਰੀਆਂ ਸੁਨਾਮ, ਮੂਨਕ ਤੇ ਧੂਰੀ ਵਿਖੇ ਨੈਸ਼ਨਲ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ।ਇਸ ਲੋਕ ਅਦਾਲਤ ਦੌਰਾਨ ਵੱਡੀ ਗਿਣਤੀ ਵਿੱਚ ਕੇਸਾਂ ਦਾ ਆਪਸੀ ਸਹਿਮਤੀ ਨਾਲ ਨਿਪਟਾਰਾ ਕਰਵਾਇਆ ਗਿਆ, ਜਿਸ ਨਾਲ ਲੋਕਾਂ ਨੂੰ ਲੰਬੇ ਸਮੇਂ ਤੋਂ ਚੱਲ ਰਹੇ ਮਾਮਲਿਆਂ ਵਿੱਚ ਰਾਹਤ ਮਿਲੀ।ਇਸ ਸਬੰਧੀ ਜਾਣਕਾਰੀ ਦਿੰਦਿਆਂ ਚੀਫ਼ ਜੁਡੀਸ਼ੀਅਲ ਮੈਜਿਸਟਰੇਟ ਮਨਪ੍ਰੀਤ ਕੌਰ ਨੇ ਦੱਸਿਆ ਕਿ ਜ਼ਿਲ੍ਹਾ ਸੰਗਰੂਰ ਵਿੱਚ ਕੇਸਾਂ ਦੇ ਨਿਪਟਾਰੇ ਲਈ ਕੁੱਲ 17 ਲੋਕ ਅਦਾਲਤ ਬੈਂਚਾਂ ਦਾ ਗਠਨ ਕੀਤਾ ਗਿਆ ਸੀ, ਜਿਨ੍ਹਾਂ ਦੀ ਪ੍ਰਧਾਨਗੀ ਨਿਆਂਇਕ ਤੇ ਮਾਲ ਅਧਿਕਾਰੀਆਂ ਵੱਲੋਂ ਕੀਤੀ ਗਈ।ਉਨ੍ਹਾਂ ਦੱਸਿਆ ਕਿ ਲੋਕ ਅਦਾਲਤ ਵਿੱਚ ਕੁੱਲ 18,476 ਕੇਸ ਸੁਣਵਾਈ ਲਈ ਰੱਖੇ ਗਏ ਸਨ, ਜਿਨ੍ਹਾਂ ਵਿੱਚੋਂ 17,298 ਕੇਸਾਂ ਦਾ ਸਫਲ ਨਿਪਟਾਰਾ ਕੀਤਾ ਗਿਆ।ਉਨ੍ਹਾਂ ਕਿਹਾ ਕਿ ਲੋਕ ਅਦਾਲਤਾਂ ਰਾਹੀਂ ਧਿਰਾਂ ਨੂੰ ਸਸਤਾ, ਤੇਜ਼ ਤੇ ਸਥਾਈ ਨਿਆਂ ਪ੍ਰਾਪਤ ਹੁੰਦਾ ਹੈ।ਇਸ ਪ੍ਰਕਿਰਿਆ ਵਿੱਚ ਦੋਹਾਂ ਧਿਰਾਂ ਦੀ ਸਹਿਮਤੀ ਨਾਲ ਮਾਮਲੇ ਦਾ ਹੱਲ ਕੀਤਾ ਜਾਂਦਾ ਹੈ ਤੇ ਅਦਾਲਤੀ ਫੀਸ ਵੀ ਵਾਪਸ ਹੋ ਜਾਂਦੀ ਹੈ।ਇਸ ਨਾਲ ਨਾ ਸਿਰਫ਼ ਸਮੇਂ ਤੇ ਧਨ ਦੀ ਬਚਤ ਹੁੰਦੀ ਹੈ, ਸਗੋਂ ਦੋਹਾਂ ਪੱਖਾਂ ਵਿਚਕਾਰ ਆਪਸੀ ਸਾਂਝ ਤੇ ਵਿਸ਼ਵਾਸ ਵੀ ਬਣਿਆ ਰਹਿੰਦਾ ਹੈ।ਇਸ ਮੌਕੇ ਉਨ੍ਹਾਂ ਇੱਕ ਹੋਰ ਮਹੱਤਵਪੂਰਨ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਸੈਸ਼ਨਜ਼ ਡਵੀਜ਼ਨ ਸੰਗਰੂਰ ਦੇ ਪ੍ਰਸ਼ਾਸਕੀ ਜੱਜ ਮਾਨਯੋਗ ਜਸਟਿਸ ਅਲਕਾ ਸਰੀਨ, ਜੱਜ ਪੰਜਾਬ ਤੇ ਹਰਿਆਣਾ ਹਾਈ ਕੋਰਟ ਚੰਡੀਗੜ੍ਹ ਤੇ ਜ਼ਿਲ੍ਹਾ ਤੇ ਸੈਸ਼ਨਜ਼ ਜੱਜ ਸੰਗਰੂਰ ਮੁਨੀਸ਼ ਸਿੰਗਲ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਕੋਰਟ ਕੰਪਲੈਕਸ ਵਿੱਚ ਇੱਕ ਆਧੁਨਿਕ ਕ੍ਰੈਚ ਸਥਾਪਤ ਕੀਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਇਸ ਕ੍ਰੈਚ ਦਾ ਉਦੇਸ਼ ਕੰਮਕਾਜੀ ਮਾਪਿਆਂ ਦੇ ਬੱਚਿਆਂ ਲਈ ਸੁਰੱਖਿਅਤ, ਸੁਵਿਧਾਜਨਕ ਤੇ ਪਾਲਣ-ਪੋਸ਼ਣ ਵਾਲਾ ਮਾਹੌਲ ਪ੍ਰਦਾਨ ਕਰਨਾ ਹੈ ਤਾਂ ਜੋ ਮਾਪੇ ਆਪਣੇ ਦਫ਼ਤਰੀ ਕੰਮਕਾਜ ਤੇ ਬੱਚਿਆਂ ਦੀ ਦੇਖਭਾਲ ਵਿੱਚ ਸੰਤੁਲਨ ਬਣਾ ਸਕਣ।

## ਐੱਸ ਆਰ ਐੱਸ ਵਿੱਦਿਆਪੀਠ 'ਚ ਮਦਰਜ਼ ਡੇ ਮੌਕੇ ਵਿਸ਼ੇਸ਼ ਅਸੈਂਬਲੀ



**ਸਮਾਣਾ (ਇਕਬਾਲ ਸਿੰਘ ਬੱਲ)**-ਐੱਸ ਆਰ ਐੱਸ ਵਿੱਦਿਆਪੀਠ ਵਿੱਚ ਮਦਰਜ਼ ਡੇ ਮੌਕੇ ਇੱਕ ਭਾਵਪੂਰਨ ਵਿਸ਼ੇਸ਼ ਅਸੈਂਬਲੀ ਤੇ ਵੱਖ-ਵੱਖ ਰਚਨਾਤਮਕ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਮਾਂ ਪ੍ਰਤੀ ਪਿਆਰ, ਸਤਿਕਾਰ ਤੇ ਕ੍ਰਿਤਜਤਾ ਨੂੰ ਸੁੰਦਰ ਢੰਗ ਨਾਲ ਦਰਸਾਇਆ ਗਿਆ।ਵਿਸ਼ੇਸ਼ ਅਸੈਂਬਲੀ ਦੀ ਸ਼ੁਰੂਆਤ ਪ੍ਰਾਰਥਨਾ ਨਾਲ ਹੋਈ ਤੇ ਉਸ ਤੋਂ ਬਾਅਦ ਸਕੂਲ ਗੀਤ ਪੇਸ਼ ਕੀਤਾ ਗਿਆ।ਵਿਦਿਆਰਥੀਆਂ ਨੇ ਅੱਜ ਦਾ ਵਿਚਾਰ ਤੇ ਹਫ਼ਤੇ ਦੀਆਂ ਖ਼ਬਰਾਂ ਵੀ ਸਾਂਝੀਆਂ ਕੀਤੀਆਂ।ਉਪਰੰਤ ਇੱਕ ਦਿਲਚਸਪ ਸਟੇਜ ਕਵਿੱਜ਼ ਪ੍ਰੋਗਰਾਮ ਨੂੰ ਹੋਰ ਰੁਚਿਕਰ ਬਣਾਇਆ, ਜਦਕਿ ਮਦਰਜ਼ ਡੇ ਵਿਸ਼ੇ 'ਤੇ ਦਿੱਤੇ ਗਏ ਭਾਸ਼ਣ ਨੇ ਮਾਵਾਂ ਦੇ ਨਿਸ਼ਕਾਮ ਪਿਆਰ, ਤਿਆਗ ਤੇ ਯੋਗਦਾਨ ਨੂੰ ਭਾਵਪੂਰਨ ਢੰਗ ਨਾਲ ਪ੍ਰਗਟ ਕੀਤਾ।ਸੁਰੀਲੇ ਗੀਤਾਂ ਤੇ ਭਾਵਨਾਤਮਕ ਨ੍ਰਿਤ ਨੇ ਮਾਂ ਤੇ ਬੱਚੇ ਦੇ ਪਵਿੱਤਰ ਰਿਸ਼ਤੇ ਨੂੰ ਬਹੁਤ ਹੀ ਸੁੰਦਰ ਢੰਗ ਨਾਲ ਦਰਸਾਇਆ।ਇਸ ਮੌਕੇ ਨੂੰ ਹੋਰ ਵੀ ਰਚਨਾਤਮਕ ਬਣਾਉਣ ਲਈ ਵੱਖ-ਵੱਖ ਕਲਾਸਾਂ ਲਈ ਖਾਸ ਗਤੀਵਿਧੀਆਂ ਕਰਵਾਈਆਂ ਗਈਆਂ।ਸਕੂਲ ਦੇ ਪ੍ਰਿੰਸੀਪਲ ਡਾ. ਚੰਦਨਦੀਪ ਨੇ ਵਿਦਿਆਰਥੀਆਂ ਨੂੰ ਮਾਤਾ-ਪਿਤਾ, ਖਾਸ ਕਰਕੇ ਮਾਵਾਂ ਦਾ ਸਤਿਕਾਰ ਕਰਨ ਲਈ ਪ੍ਰੇਰਿਤ ਕੀਤਾ।ਇਹ ਪ੍ਰੋਗਰਾਮ ਚੇਅਰਮੈਨ ਸੀ ਏ ਅਮਿਤ ਸਿੰਗਲਾ, ਮੈਨੇਜਿੰਗ ਡਾਇਰੈਕਟਰ ਸੀ ਏ ਲਲਿਤ ਸਿੰਗਲਾ ਤੇ ਵਾਈਸ ਚੇਅਰਪਰਸਨ ਸਮਿਧਾ ਸਿੰਗਲਾ ਦੇ ਮਾਰਗਦਰਸ਼ਨ ਹੇਠ ਕੀਤਾ ਗਿਆ।ਇਸ ਦਾ ਸਫਲ ਸੰਚਾਲਨ ਲਾਇਨ ਹਾਊਸ (ਡਿਊਟੀ ਹਾਊਸ) ਦੇ ਵਿਦਿਆਰਥੀਆਂ ਵੱਲੋਂ ਕੀਤਾ ਗਿਆ।ਅਸੈਂਬਲੀ ਦਾ ਸਮਾਪਨ ਰਾਸ਼ਟਰੀ ਗੀਤ ਨਾਲ ਕੀਤਾ ਗਿਆ।

## ਪ੍ਰੈੱਸ ਕਾਨਫਰੰਸ ਤੋਂ ਬਾਅਦ ਐਕਸ਼ਨ ਮੂਡ 'ਚ ਨਜ਼ਰ ਆਏ ਐੱਸ ਐੱਚ ਓ

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**



ਹਾਲ ਹੀ ਵਿੱਚ ਕੀਤੀ ਗਈ ਪ੍ਰੈੱਸ ਕਾਨਫਰੰਸ ਤੋਂ ਬਾਅਦ ਐੱਸ ਐੱਚ ਓ ਜਤਿੰਦਰ ਸਿੰਘ ਨਿਹਾਲ ਸਿੰਘ ਵਾਲਾ ਐਕਸ਼ਨ ਮੂਡ ਵਿੱਚ ਨਜ਼ਰ ਆਏ।ਪ੍ਰੈੱਸ ਕਾਨਫਰੰਸ ਤੋਂ ਬਾਅਦ ਉਨ੍ਹਾਂ ਵੱਲੋਂ ਨਿਹਾਲ ਸਿੰਘ ਵਾਲਾ ਦੇ ਮੇਨ ਚੌਕ ਵਿੱਚ ਵਿਸ਼ੇਸ਼ ਨਾਕਾਬੰਦੀ ਕਰਕੇ ਚੈਕਿੰਗ ਮੁਹਿੰਮ ਚਲਾਈ ਗਈ।ਇਸ ਮੌਕੇ ਉਨ੍ਹਾਂ ਦੀ ਸਮੁੱਚੀ ਪੁਲਸ ਟੀਮ ਵੀ ਮੌਜੂਦ ਰਹੀ।ਨਾਕੇ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਐੱਸ ਐੱਚ ਓ ਜਤਿੰਦਰ ਸਿੰਘ ਨੇ ਕਿਹਾ ਕਿ ਇਲਾਕੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਹਰ ਹਾਲਤ ਵਿੱਚ ਬਰਕਰਾਰ ਰੱਖਿਆ ਜਾਵੇਗਾ ਤੇ ਕਿਸੇ ਵੀ ਸ਼ਰਾਰਤੀ ਅਨਸਰ ਨੂੰ ਬਖ਼ਸ਼ਿਆ ਨਹੀਂ ਜਾਵੇਗਾ।ਉਨ੍ਹਾਂ ਸ਼ਰਾਰਤੀ ਅਨਸਰਾਂ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਉਹ ਆਪਣੀਆਂ ਹਰਕਤਾਂ ਤੋਂ ਬਾਜ਼ ਆਉਣ, ਨਹੀਂ ਤਾਂ ਉਨ੍ਹਾਂ ਖ਼ਿਲਾਫ਼ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।ਉਨ੍ਹਾਂ ਹੋਰ ਕਿਹਾ ਕਿ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਪੁਲਸ ਵੱਲੋਂ ਅੱਗੇ ਵੀ ਇਸ ਤਰ੍ਹਾਂ ਦੀਆਂ ਨਾਕਾਬੰਦੀਆਂ ਤੇ ਚੈਕਿੰਗ ਮੁਹਿੰਮਾਂ ਜਾਰੀ ਰਹਿਣਗੀਆਂ।ਪੁਲਸ ਦੀ ਇਸ ਕਾਰਵਾਈ ਨਾਲ ਆਮ ਲੋਕਾਂ ਵਿੱਚ ਸੁਰੱਖਿਆ ਦੀ ਭਾਵਨਾ ਮਜ਼ਬੂਤ ਹੋਈ ਹੈ।

## ਹਿੰਮਤ ਵਰਮਾ ਨੇ ਬੇਟੇ ਦੀ ਯਾਦ 'ਚ ਕਿਤਾਬਾਂ-ਕਾਪੀਆਂ ਵੰਡੀਆਂ



**ਜਗਰਾਓਂ (ਅਮਿਤ ਖੰਨਾ)**-ਕੋਈ ਵੀ ਬੱਚਾ ਕਿਤਾਬਾਂ ਦੀ ਕਮੀ ਕਰਕੇ ਅਪਨੀ ਪੜ੍ਹਾਈ ਤੋਂ ਵਾਂਝਾ ਨਾ ਰਹੇ, ਇਸ ਮਕਸਦ ਨੂੰ ਲੈ ਕੇ ਬੁੱਕ ਬੈਂਕ ਜਗਰਾਓਂ ਦੇ ਪ੍ਰਧਾਨ ਹਿੰਮਤ ਵਰਮਾ ਨੇ ਅਪਣੇ ਪੁੱਤਰ ਸਵਰਗੀ ਸੰਨੀ ਵਰਮਾ ਦੀ ਯਾਦ ਵਿੱਚ 25 ਬੱਚਿਆਂ ਨੂੰ ਉਨ੍ਹਾਂ ਦੀ ਜਮਾਤ ਦੀਆਂ ਕਿਤਾਬਾਂ ਦੇ ਸੈੱਟ ਤੇ ਕਾਪੀਆਂ ਭੇਂ ਕੀਤੀਆਂ। ਇਸ ਮੌਕੇ ਕੈਪਟਨ ਨਰੇਸ਼ ਵਰਮਾ ਨੇ ਦੱਸਿਆ ਕਿ ਬੁੱਕ ਬੈਂਕ ਜਗਰਾਓਂ ਪਿਛਲੇ ਚਾਲੀ ਸਾਲਾਂ ਤੋਂ ਵਿੱਦਿਆ ਦੇ ਖੇਤਰ ਵਿੱਚ ਆਪਣੀਆਂ ਸੇਵਾਵਾਂ ਦੇ ਰਿਹਾ ਹੈ। ਇਸ ਮੌਕੇ ਹਿੰਮਤ ਵਰਮਾ ਨੇ ਕਿਹਾ ਕਿ ਉਨ੍ਹਾਂ ਦੇ ਸ਼ੋ-ਰੂਮ ਦੇ ਦਰਵਾਜ਼ੇ ਜ਼ਰੂਰਤਮੰਦ ਤੇ ਹੋਸ਼ਿਆਰ ਵਿਦਿਆਰਥੀਆਂ ਲਈ ਹਮੇਸ਼ਾ ਖੁੱਲ੍ਹੇ ਨੇ। ਇਸ ਮੌਕੇ ਉਨ੍ਹਾਂ ਸਾਰੇ ਬੱਚਿਆਂ ਨੂੰ ਵਧੀਆ ਗਿਫ਼ਟ ਵੀ ਦਿੱਤੇ। ਇਸ ਮੌਕੇ ਰਾਜਿੰਦਰ ਜੈਨ ਕਾਕਾ, ਕੈਪਟਨ ਨਰੇਸ਼ ਵਰਮਾ, ਮਦਨ ਲਾਲ ਬਾਂਸਲ, ਸ਼ਸ਼ੀ ਭੂਸ਼ਣ ਜੈਨ, ਰਾਜਿੰਦਰ ਜੈਨ ਕਾਕਾ, ਲਲਿਤ ਅੱਗਰਵਾਲ, ਕੇਵਲ ਮਲਹੋਤਰਾ, ਕੰਚਨ ਗੁਪਤਾ, ਸੋਨੂ ਮੱਕੜ ਤੇ ਹੋਰ ਸਟਾਫ ਨੇ ਹਿੰਮਤ ਵਰਮਾ ਦੇ ਇਸ ਨੇਕ ਉਪਰਾਲੇ ਦੀ ਪ੍ਰਸ਼ੰਸਾ ਕੀਤੀ।

## ਲਛਮਣ ਦਾਸ ਨੇ ਫੜਿਆ ਕਾਂਗਰਸ ਦਾ ਹੱਥ



**ਕੋਟ ਈਸੇ ਖਾਂ (ਅਰੋੜਾ)**-ਹਲਕਾ ਧਰਮਕੋਟ ਤੋਂ ਕਾਂਗਰਸ ਪਾਰਟੀ ਦੇ ਸਾਬਕਾ ਵਿਧਾਇਕ ਸੁਖਜੀਤ ਸਿੰਘ ਕਾਕਾ ਲੋਹਗੜ੍ਹ ਨੇ ਸਾਬਕਾ ਸਰਪੰਚ ਲਛਮਣ ਦਾਸ ਚੁੰਬਰ ਨੂੰ ਕਾਂਗਰਸ ਪਾਰਟੀ ਵਿੱਚ ਸ਼ਾਮਲ ਕੀਤਾ।ਇਸ ਮੌਕੇ ਵਿਧਾਇਕ ਲੋਹਗੜ੍ਹ ਨੇ ਕਿਹਾ ਕਿ ਪਾਰਟੀ ਵੱਲੋਂ ਹਰੇਕ ਵਰਕਰ ਨੂੰ ਬਣਦਾ ਮਾਨ ਸਨਮਾਨ ਦਿੱਤਾ ਜਾਂਦਾ ਹੈ।ਪਾਰਟੀ ਨੂੰ ਹਮੇਸ਼ਾ ਹੀ ਮਿਹਨਤੀ ਤੇ ਇਮਾਨਦਾਰ ਵਰਕਰਾਂ ਦੀ ਲੋੜ ਹੁੰਦੀ ਹੈ, ਜੋ ਪਾਰਟੀ ਦੀ ਨੀਤੀਆਂ ਨੂੰ ਕਰ ਪਹੁੰਚਾ ਸਕੇ।ਇਸ ਮੌਕੇ ਪਾਰਟੀ ਵਿੱਚ ਸ਼ਾਮਲ ਹੋਏ ਨਵ-ਨਿਯੁਕਤ ਲਛਮਣ ਦਾਸ ਨੇ ਕਿਹਾ ਕਿ ਕਾਂਗਰਸ ਪਾਰਟੀ ਮੈਨੂੰ ਜੋ ਵੀ ਜ਼ਿੰਮੇਵਾਰੀ ਦੇਵੇਗੀ, ਉਸ ਨੂੰ ਮੈਂ ਪੂਰੀ ਇਮਾਨਦਾਰੀ ਨਾਲ ਨਿਭਾਵਾਂਗਾ।ਇਸ ਮੌਕੇ ਨਗਰ ਪੰਚਾਇਤ ਦੇ ਸਾਬਕਾ ਪ੍ਰਧਾਨ ਕੁਲਦੀਪ ਸਿੰਘ ਰਾਜਪੂਤ ਅਤੇ ਪੀ ਪੀ ਸੀ ਸੀ ਮੈਂਬਰ ਕ੍ਰਿਸ਼ਨ ਤਿਵਾੜੀ, ਸੀਨੀਅਰ ਕਾਂਗਰਸੀ ਆਗੂ ਭਾਊ ਲਖਬੀਰ ਸਿੰਘ ਲੱਖਾ, ਕਾਂਗਰਸੀ ਆਗੂ ਬਲਰਾਮ ਸ਼ਰਮਾ ਬੱਬੀ, ਗੋਪਾਲ, ਸੁਖਵਿੰਦਰ ਸ਼ੌਂਕੀ, ਬਲਵੀਰ ਸਿੰਘ ਪਾਂਧੀ, ਦੇਸ਼ ਰਾਜ, ਮਹਿੰਦਰ ਸਿੰਘ ਰਾਜਪੂਤ ਤੋਂ ਇਲਾਵਾ ਹੋਰ ਹਾਜ਼ਰ ਸਨ।

## ਸ੍ਰੀ ਤਾਰਾ ਚੰਦ ਸਕੂਲ 'ਚ ਫ੍ਰੈਸ਼ਰ-ਕਮ-ਫੇਅਰਵੈੱਲ ਪਾਰਟੀ




**ਭੀਖੀ (ਗੁਰਿੰਦਰ ਸਿੰਘ ਔਲਖ)**-ਸਥਾਨਕ ਸ੍ਰੀ ਤਾਰਾ ਚੰਦ ਵਿੱਦਿਆ ਮੰਦਰ ਸੀਨੀਅਰ ਸੈਕੰਡਰੀ ਸਕੂਲ ਵਿੱਚ ਕਲਾਸ 9ਵੀਂ ਤੋਂ 12ਵੀਂ ਤੱਕ ਦੇ ਵਿਦਿਆਰਥੀਆਂ ਲਈ ਸ਼ਾਨਦਾਰ ਫ੍ਰੈਸ਼ਰ-ਕਮ-ਫੇਅਰਵੈੱਲ ਪਾਰਟੀ ਦਾ ਆਯੋਜਨ ਕੀਤਾ ਗਿਆ।ਸਮਾਗਮ ਦੌਰਾਨ ਵਿਦਿਆਰਥੀਆਂ ਵੱਲੋਂ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤੇ ਗਏ, ਜਿਨ੍ਹਾਂ ਵਿੱਚ ਮਨਮੋਹਕ ਕੋਰਿਓਗ੍ਰਾਫੀ, ਲੋਕ ਨਾਚ, ਲੋਕ ਗੀਤ, ਛੋਟੇ ਨਾਟਕ ਤੇ ਹਾਸਰਸ ਭਰੇ ਸਕਿੱਟ ਖਾਸ ਆਕਰਸ਼ਨ ਦਾ ਕੇਂਦਰ ਰਹੇ।ਕਲਾਸ 10ਵੀਂ ਤੇ 12ਵੀਂ ਦੇ ਵਿਦਿਆਰਥੀਆਂ ਨੇ ਕਲਾਸ 9ਵੀਂ ਤੇ 11ਵੀਂ ਦੇ ਵਿਦਿਆਰਥੀਆਂ ਦਾ ਗਰਮਜੋਸ਼ੀ ਨਾਲ ਸਵਾਗਤ ਕਰਦੇ ਹੋਏ ਉਨ੍ਹਾਂ ਨੂੰ ਜੀਵਨ ਦੇ ਇਸ ਮਹੱਤਵਪੂਰਨ ਅਕਾਦਮਿਕ ਪੜਾਅ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ। ਇਸ ਦੇ ਨਾਲ ਹੀ ਕਲਾਸ 9ਵੀਂ ਤੇ 11ਵੀਂ ਦੇ ਵਿਦਿਆਰਥੀਆਂ ਨੇ ਆਪਣੇ ਸੀਨੀਅਰਾਂ ਨੂੰ ਅਗਾਊਂ ਵਿਦਾਈ ਦਿੰਦਿਆਂ ਉਨ੍ਹਾਂ ਦੇ ਸੁਨਹਿਰੇ ਭਵਿੱਖ ਲਈ ਦਿਲੋਂ ਸ਼ੁੱਭ-ਕਾਮਨਾਵਾਂ ਭੇਟ ਕੀਤੀਆਂ।ਇਸ ਮੌਕੇ ਸਕੂਲ ਪ੍ਰਿੰਸੀਪਲ ਰਪਿੰਦਰ ਪਟਿਆਲ ਨੇ ਕਿਹਾ ਕਿ ਵਿਦਿਆਰਥੀ ਆਪਣੇ ਲਕਸ਼ ਨੂੰ ਨਿਰਧਾਰਤ ਕਰਕੇ ਪੂਰੀ ਲਗਨ ਨਾਲ ਮਿਹਨਤ ਕਰਨ, ਕਿਉਂਕਿ ਅੱਜ ਦੀ ਮਿਹਨਤ ਹੀ ਕੱਲ੍ਹ ਦੀ ਸਫਲਤਾ ਬਣਦੀ ਹੈ।

## ਸਫਾ 1 ਦੇ ਬਾਕੀ...

### ਸੰਜੀਵ ਅਰੋੜਾ ਦੀ ਗ੍ਰਿਫ਼ਤਾਰੀ ਖਿਲਾਫ ਪੰਜਾਬ ਭਰ 'ਚ ਪ੍ਰਦਰਸ਼ਨ...

ਮੰਤਰੀ ਡਾ. ਬਲਬੀਰ ਸਿੰਘ ਨੇ ਰੋਸ ਮਾਰਚ ਦੀ ਅਗਵਾਈ ਕੀਤੀ ਅਤੇ 'ਡਰ ਅਤੇ ਧਮਕਾਉਣ ਦੀ ਰਾਜਨੀਤੀ' ਕਰਨ ਲਈ ਭਾਜਪਾ ਦੀ ਸਖ਼ਤ ਆਲੋਚਨਾ ਕੀਤੀ। ਮੁਹਾਲੀ ਅਤੇ ਹੋਰ ਜ਼ਿਲ੍ਹਿਆਂ ਵਿੱਚ ਵੀ ਅਜਿਹੇ ਹੀ ਪ੍ਰਦਰਸ਼ਨ ਕੀਤੇ ਗਏ, ਜਿੱਥੇ 'ਆਪ' ਵਰਕਰਾਂ ਨੇ ਭਾਜਪਾ ਦਫ਼ਤਰਾਂ ਦੇ ਬਾਹਰ ਇਕੱਠੇ ਹੋ ਕੇ ਸੰਜੀਵ ਅਰੋੜਾ ਵਿਰੁੱਧ ਕੀਤੀ ਕਾਰਵਾਈ ਨੂੰ ਰਾਜਨੀਤੀ ਤੋਂ ਪ੍ਰੇਰਿਤ ਦੱਸਦਿਆਂ ਨਿੰਦਾ ਕੀਤੀ। ਪ੍ਰਦਰਸ਼ਨਕਾਰੀਆਂ ਨੂੰ ਸੰਬੋਧਨ ਕਰਦਿਆਂ ਡਾ. ਬਲਬੀਰ ਸਿੰਘ ਨੇ ਕਿਹਾ ਕਿ ਭਾਜਪਾ ਦੀ ਰਾਜਨੀਤੀ ਧਮਕੀਆਂ, ਛਾਪਿਆਂ ਅਤੇ ਜ਼ਬਰਦਸਤੀ ਦੇ ਦੁਆਲੇ ਘੁੰਮਦੀ ਹੈ। ਜਦੋਂ 'ਆਪ' ਨੇ ਕੇਂਦਰ ਅੱਗੇ ਝੁਕਣ ਤੋਂ ਇਨਕਾਰ ਕਰ ਦਿੱਤਾ ਤਾਂ ਉਨ੍ਹਾਂ ਪਹਿਲਾਂ ਪੰਜਾਬ ਦੇ ਰਾਜ ਸਭਾ ਮੈਂਬਰਾਂ 'ਤੇ ਦਬਾਅ ਪਾਇਆ ਅਤੇ ਬਾਅਦ ਵਿੱਚ ਕੈਬਨਿਟ ਮੰਤਰੀਆਂ ਨੂੰ ਨਿਸ਼ਾਨਾ ਬਣਾਇਆ। ਉਨ੍ਹਾ ਸੋਚਿਆ ਕਿ ਪੰਜਾਬ ਨੂੰ ਈ ਡੀ, ਸੀ ਬੀ ਆਈ ਅਤੇ ਇਨਕਮ ਟੈਕਸ ਦੇ ਛਾਪਿਆਂ ਰਾਹੀਂ ਡਰਾਇਆ ਜਾ ਸਕਦਾ ਹੈ, ਪਰ ਪੰਜਾਬੀਆਂ ਦਾ ਜ਼ੁਲਮ ਵਿਰੁੱਧ ਖੜ੍ਹਨ ਦਾ ਇਤਿਹਾਸ ਰਿਹਾ ਹੈ ਅਤੇ ਉਹ ਭਾਜਪਾ ਨੂੰ ਮੂੰਹ ਤੋੜਵਾਂ ਜਵਾਬ ਦੇਣਗੇ। 'ਆਪ' ਆਗੂਆਂ ਨੇ ਦੁਹਰਾਇਆ ਕਿ ਪੰਜਾਬ ਦੇ ਲੋਕ ਸਿਆਸੀ ਬਦਲਾਖੋਰੀ ਲਈ ਸੰਵਿਧਾਨਕ ਸੰਸਥਾਵਾਂ ਦੀ ਦੁਰਵਰਤੋਂ ਨੂੰ ਬਰਦਾਸ਼ਤ ਨਹੀਂ ਕਰਨਗੇ। ਪਾਰਟੀ ਨੇ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਡਰਾਉਣ-ਧਮਕਾਉਣ ਅਤੇ ਬਦਲਾਖੋਰੀ ਦੀ ਰਾਜਨੀਤੀ ਰਾਹੀਂ ਪੰਜਾਬ ਨੂੰ ਅਸਥਿਰ ਕਰਨ ਦੀਆਂ ਕੋਸ਼ਿਸ਼ਾਂ ਨਾਕਾਮ ਹੋਣਗੀਆਂ।

**ਲੁਧਿਆਣਾ** : ਲੁਧਿਆਣਾ ਵਿੱਚ ਐਤਵਾਰ ਨੂੰ ਉਸ ਵੇਲੇ ਸਥਿਤੀ ਬੇਹੱਦ ਤਣਾਅਪੂਰਨ ਹੋ ਗਈ, ਜਦੋਂ ਕੈਬਨਿਟ ਮੰਤਰੀ ਸੰਜੀਵ ਅਰੋੜਾ ਦੀ ਗ੍ਰਿਫ਼ਤਾਰੀ ਦੇ ਵਿਰੋਧ ਵਿੱਚ ਪ੍ਰਦਰਸ਼ਨ ਕਰ ਰਹੇ ਆਮ ਆਦਮੀ ਪਾਰਟੀ (ਆਪ) ਦੇ ਵਰਕਰ ਅਤੇ ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਵਰਕਰ ਆਹਮੋ-ਸਾਹਮਣੇ ਹੋ ਗਏ। ਦੋਵਾਂ ਧਿਰਾਂ ਵਿਚਾਲੇ ਹੋਈ ਤਿੱਖੀ ਨੋਕ-ਝੋਕ ਦੌਰਾਨ ਮਾਹੌਲ ਇੰਨਾ ਵਿਗੜ ਗਿਆ ਕਿ ਭਾਜਪਾ ਵਰਕਰਾਂ ਨੇ 'ਆਪ' ਵਰਕਰਾਂ ਵੱਲ ਝਾੜੂ ਸੁੱਟੇ। ਇਸ ਹੰਗਾਮੇ ਦੌਰਾਨ ਇੱਕ ਭਾਜਪਾ ਵਰਕਰ ਦੇ ਹੱਥ 'ਤੇ ਗੰਭੀਰ ਸੱਟ ਲੱਗੀ, ਜਿਸ ਕਾਰਨ ਕਾਫ਼ੀ ਖ਼ੂਨ ਵਹਿ ਗਿਆ। ਲੁਧਿਆਣਾ ਇਕਾਈ ਦੇ 'ਆਪ' ਪ੍ਰਧਾਨ ਜਤਿੰਦਰ ਖੰਗੂੜਾ ਦੀ ਅਗਵਾਈ ਵਿੱਚ ਵਰਕਰਾਂ ਨੇ ਗਿੱਲ ਰੋਡ ਸਥਿਤ ਦਾਣਾ ਮੰਡੀ ਵਿੱਚ ਕੇਂਦਰ ਸਰਕਾਰ ਦਾ ਪੁਤਲਾ ਫੂਕਿਆ। ਜਦੋਂ 'ਆਪ' ਵਰਕਰਾਂ ਨੇ ਭਾਜਪਾ ਦਫ਼ਤਰ ਵਿੱਚ ਵੜਨ ਦੀ ਕੋਸ਼ਿਸ਼ ਕੀਤੀ, ਤਾਂ ਅੰਦਰੋਂ ਭਾਜਪਾ ਦੇ ਸੀਨੀਅਰ ਆਗੂ ਅਨਿਲ ਸਾਰੀਨ, ਰਜਨੀਸ਼ ਧੀਮਾਨ ਅਤੇ ਪਰਵੀਨ ਬੰਸਲ ਦੀ ਅਗਵਾਈ ਵਿੱਚ ਵਰਕਰ ਬਾਹਰ ਆ ਗਏ ਅਤੇ ਕੇਜਰੀਵਾਲ ਵਿਰੁੱਧ ਨਾਅਰੇਬਾਜ਼ੀ ਸ਼ੁਰੂ ਕਰ ਦਿੱਤੀ। 'ਆਪ' ਆਗੂ ਜਤਿੰਦਰ ਖੰਗੂੜਾ ਨੇ ਕਿਹਾ ਕਿ ਕੇਂਦਰ ਸਰਕਾਰ ਵਿਰੋਧੀ ਧਿਰ ਦੀ ਆਵਾਜ਼ ਦਬਾਉਣ ਲਈ ਈ ਡੀ ਦੀ ਦੁਰਵਰਤੋਂ ਕਰ ਰਹੀ ਹੈ। ਉਨ੍ਹਾਂ ਸੰਜੀਵ ਅਰੋੜਾ ਦੀ ਗ੍ਰਿਫ਼ਤਾਰੀ ਨੂੰ ਗੈਰ-ਕਾਨੂੰਨੀ ਅਤੇ ਲੋਕਤੰਤਰ ਦਾ ਕਤਲ ਕਰਾਰ ਦਿੱਤਾ। ਉਨ੍ਹਾਂ ਚਿਤਾਵਨੀ ਦਿੱਤੀ ਕਿ ਪਾਰਟੀ ਇਸ 'ਧੱਕੇਸ਼ਾਹੀ' ਵਿਰੁੱਧ ਸੜਕਾਂ 'ਤੇ ਉਤਰ ਕੇ ਸੰਘਰਸ਼ ਤੇਜ਼ ਕਰੇਗੀ। ਹਾਲਾਤ ਵਿਗੜਦੇ ਦੇਖ ਪੁਲਸ ਵੱਲੋਂ ਭਾਰੀ ਫੋਰਸ ਤਾਇਨਾਤ ਕੀਤੀ ਗਈ ਤਾਂ ਜੋ ਕਿਸੇ ਵੀ ਅਣਸੁਖਾਵੀਂ ਘਟਨਾ ਨੂੰ ਰੋਕਿਆ ਜਾ ਸਕੇ।

**ਬਠਿੰਡਾ** : ਸੰਜੀਵ ਅਰੋੜਾ ਦੀ ਈ ਡੀ ਵੱਲੋਂ ਕੀਤੀ ਗ੍ਰਿਫ਼ਤਾਰੀ ਦੇ ਵਿਰੋਧ 'ਚ ਆਮ ਆਦਮੀ ਪਾਰਟੀ ਦੇ ਆਗੂ ਤੇ ਵਰਕਰ ਐਤਵਾਰ ਨੂੰ ਇੱਥੇ ਭਾਰਤੀ ਜਨਤਾ ਪਾਰਟੀ ਦੇ ਦਫ਼ਤਰ ਅੱਗੇ ਰੋਸ ਵਿਖਾਵਾ ਕਰਨ ਪੁੱਜੇ ਤਾਂ ਦਫ਼ਤਰ ਅੱਗੇ ਆਪਣੀ ਪਾਰਟੀ ਦੇ ਝੰਡੇ ਚੁੱਕੀ ਖੜ੍ਹੋਤੇ ਭਾਜਪਾ ਵਰਕਰਾਂ ਨੇ ਨਾਅਰੇਬਾਜ਼ੀ ਕਰਕੇ 'ਆਪ' ਵਰਕਰਾਂ ਦਾ ਵਿਰੋਧ ਕਰਨਾ ਸ਼ੁਰੂ ਕਰ ਦਿੱਤਾ। ਇਸ ਦੌਰਾਨ ਵਿਧਾਇਕ ਬਲਕਾਰ ਸਿੱਧੂ ਦੀ ਅਗਵਾਈ 'ਚ 'ਆਪ' ਦੇ ਕਾਰਕੁਨ ਭਾਜਪਾ ਦਫ਼ਤਰ ਵੱਲ ਵਧੇ। ਮਾਹੌਲ ਭਖ਼ਦਾ ਦੇਖ ਕੇ ਦੋਵਾਂ ਧਿਰਾਂ ਦਰਮਿਆਨ ਲਾਈਨ ਬਣਾ ਕੇ ਖੜ੍ਹੇ ਪੁਲਸ ਦੇ ਜਵਾਨਾਂ ਨੇ ਚੌਕਸੀ ਬਣਾ ਕੇ ਦੋਵਾਂ ਧਿਰਾਂ ਨੂੰ ਧੱਕ ਕੇ, ਇੱਕ-ਦੂਜੇ ਤੋਂ ਦੂਰ ਕੀਤਾ। ਜ਼ੋਰ ਅਜ਼ਮਾਇਸ਼ ਤੋਂ ਬਾਅਦ 'ਆਪ' ਵਰਕਰ ਥਾਏਂ ਧਰਨਾ ਲਾ ਕੇ ਬੈਠ ਗਏ ਅਤੇ ਨਾਅਰੇਬਾਜ਼ੀ ਸ਼ੁਰੂ ਕਰ ਦਿੱਤੀ। ਰੌਲੇ-ਰੱਪੇ ਦੌਰਾਨ ਪ੍ਰਦਰਸ਼ਨਕਾਰੀਆਂ ਦੀ ਅਗਵਾਈ ਕਰ ਰਹੇ ਆਗੂਆਂ ਨੇ ਸਿਆਸੀ ਬਦਲਾਖ਼ੋਰੀ ਦਾ ਦੋਸ਼ ਲਾਇਆ। ਉਨ੍ਹਾਂ ਕਿਹਾ ਕਿ ਭਾਜਪਾ ਵਿਰੋਧੀਆਂ ਦੀ ਜ਼ੁਬਾਨਬੰਦੀ ਲਈ ਈ ਡੀ, ਸੀ ਬੀ ਆਈ ਅਤੇ ਹੋਰ ਕੇਂਦਰੀ ਏਜੰਸੀਆਂ ਦੀ ਵਿਰੋਧੀਆਂ ਨੂੰ ਦਬਾਉਣ ਲਈ ਦੁਰਵਰਤੋਂ ਕਰ ਰਹੀ ਹੈ। ਉਨ੍ਹਾਂ ਦੋਸ਼ ਲਾਏ ਕਿ ਭਾਜਪਾ ਅਨੈਤਿਕ ਕਾਰਵਾਈਆਂ 'ਤੇ ਉੱਤਰ ਕੇ ਵਿਰੋਧੀਆਂ ਦੀ ਆਵਾਜ਼ ਨੂੰ ਦਬਾਉਣਾ ਚਾਹੁੰਦੀ ਹੈ। ਉਨ੍ਹਾ ਕਿਹਾ ਕਿ ਚੰਦ ਰੋਜ਼ ਪਹਿਲਾਂ ਭਾਜਪਾ ਨੇ ਕੋਝੀ ਹਰਕਤ ਕਰਦਿਆਂ ਅਪਰੇਸ਼ਨ 'ਲੋਟਸ' ਜ਼ਰੀਏ 'ਆਪ' ਦੇ ਸੱਤ ਰਾਜ ਸਭਾ ਮੈਂਬਰਾਂ ਨੂੰ ਡਰਾ-ਧਮਕਾ ਕੇ ਆਪਣੇ ਵਿੱਚ ਰਲਾਇਆ ਅਤੇ ਹੁਣ ਉਸੇ ਕੜੀ ਤਹਿਤ ਮੰਤਰੀ ਸੰਜੀਵ ਅਰੋੜਾ ਨੂੰ ਨਿਸ਼ਾਨਾ ਬਣਾਉਣ ਦੀ ਸ਼ਰਮਨਾਕ ਕਰਤੂਤ ਕੀਤੀ ਹੈ। ਉਨ੍ਹਾਂ ਕਿਹਾ ਕਿ ਹਰ ਜਬਰ ਤੇ ਜ਼ੁਲਮ ਦਾ ਮੂੰਹ ਭੰਨਣ ਵਾਲੇ ਪੰਜਾਬੀਆਂ ਨਾਲ ਇਸ ਟੱਕਰ 'ਚ ਉਸ ਨੂੰ ਬੁਰੀ ਤਰ੍ਹਾਂ ਮੂੰਹ ਦੀ ਖਾਣੀ ਪਵੇਗੀ। ਪ੍ਰਦਰਸ਼ਨ ਵਿੱਚ ਵਿਧਾਇਕ ਬਲਕਾਰ ਸਿੱਧੂ, ਨਗਰ ਸੁਧਾਰ ਟਰੱਸਟ ਬਠਿੰਡਾ ਦੇ ਚੇਅਰਮੈਨ ਜਤਿੰਦਰ ਸਿੰਘ ਭੱਲਾ, ਸ਼ੂਗਰਫ਼ੈੱਡ ਪੰਜਾਬ ਦੇ ਚੇਅਰਮੈਨ ਐਡਵੋਕੇਟ ਨਵਦੀਪ ਸਿੰਘ ਜੀਦਾ, ਪਾਰਟੀ ਦੇ ਤਰਜਮਾਨ ਚੇਅਰਮੈਨ ਨੀਲ ਗਰਗ, ਚੇਅਰਮੈਨ ਬਲਕਾਰ ਸਿੰਘ ਭੋਖੜਾ, ਸਾਬਕਾ ਮੇਅਰ ਪਦਮਜੀਤ ਮਹਿਤਾ ਸਮੇਤ ਬਹੁਤ ਸਾਰੇ ਸੀਨੀਅਰ ਆਗੂ ਅਤੇ ਪਾਰਟੀ ਵਾਲੰਟੀਅਰ ਸ਼ਾਮਲ ਸਨ।

### 50 ਸਾਲ ਬਾਅਦ...

ਲੱਗਭੱਗ ਪੰਜ ਦਹਾਕੇ ਪਹਿਲਾਂ ਜੰਗਲਾਤ ਸੰਪਤੀ ਦੀ ਖੁੱਲ੍ਹੀ ਨਿਲਾਮੀ ਹੁੰਦੀ ਸੀ, ਜਿਸ ਤੋਂ ਸਰਕਾਰ ਨੂੰ ਵੱਡੀ ਆਮਦਨ ਹੁੰਦੀ ਸੀ, ਪਰ ਪੰਜਾਬ ਰਾਜ ਜੰਗਲਾਤ ਵਿਕਾਸ ਨਿਗਮ ਲਿਮਟਿਡ ਬਣਨ ਤੋਂ ਬਾਅਦ ਇਹ ਪ੍ਰਕਿਰਿਆ ਬਦਲ ਗਈ ਅਤੇ ਸਰਕਾਰੀ ਖ਼ਜ਼ਾਨੇ ਨੂੰ ਬਣਦਾ ਲਾਭ ਨਹੀਂ ਮਿਲ ਸਕਿਆ। ਹੁਣ ਸਰਕਾਰ ਦੇ ਨਵੇਂ ਫ਼ੈਸਲੇ ਨਾਲ ਇਹ ਪ੍ਰਣਾਲੀ ਦੁਬਾਰਾ ਲਾਗੂ ਹੋਣ ਜਾ ਰਹੀ ਹੈ। ਸੰਸਥਾ ਦੇ ਜਨਰਲ ਸਕੱਤਰ ਮਧੂ ਭੂਸ਼ਨ ਕੌੜਾ ਨੇ ਕਿਹਾ ਕਿ ਇਹ ਫ਼ੈਸਲਾ ਪੰਜਾਬ ਲਈ ਆਰਥਿਕ ਤੌਰ 'ਤੇ ਬਹੁਤ ਲਾਭਦਾਇਕ ਸਾਬਤ ਹੋਵੇਗਾ। ਉਨ੍ਹਾਂ ਕਿਹਾ ਕਿ "ਗਰੀਨ ਗੋਲਡ" ਦੀ ਸਹੀ ਕੀਮਤ ਮਿਲਣ ਨਾਲ ਪੰਜਾਬ ਸਰਕਾਰ ਦੇ ਖ਼ਜ਼ਾਨੇ ਵਿੱਚ ਸੈਂਕੜੇ ਕਰੋੜ ਰੁਪਏ ਦਾ ਵਾਧਾ ਹੋ ਸਕਦਾ ਹੈ। ਉਨ੍ਹਾਂ ਪੰਜਾਬ ਸਰਕਾਰ, ਜੰਗਲਾਤ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਅਤੇ ਪ੍ਰਸ਼ਾਸਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਕਦਮ ਨਾ ਸਿਰਫ਼ ਜੰਗਲਾਤ ਵਿਭਾਗ ਵਿੱਚ ਪਾਰਦਰਸ਼ਤਾ ਲਿਆਵੇਗਾ, ਸਗੋਂ ਪੰਜਾਬ ਦੀ ਆਰਥਿਕ ਮਜ਼ਬੂਤੀ ਵੱਲ ਵੀ ਇੱਕ ਵੱਡਾ ਮੋੜ ਸਾਬਤ ਹੋਵੇਗਾ।

## 16 ਬੋਤਲਾਂ ਨਜਾਇਜ਼ ਸ਼ਰਾਬ ਸਮੇਤ ਗ੍ਰਿਫਤਾਰ

**ਜਲਾਲਾਬਾਦ, (ਜੀਤ ਕੁਮਾਰ)**-ਥਾਣਾ ਸਦਰ ਜਲਾਲਾਬਾਦ ਦੀ ਪੁਲਸ ਨੇ 16 ਬੋਤਲਾਂ ਨਜਾਇਜ਼ ਸ਼ਰਾਬ ਸਣੇ ਇਕ ਵਿਅਕਤੀ ਗ੍ਰਿਫਤਾਰ ਕੀਤਾ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਬੇਅੰਤ ਸਿੰਘ ਨੇ ਦੱਸਿਆ ਕਿ ਉਹ ਸਮੇਤ ਸਾਥੀ ਕਰਮਚਾਰੀਆਂ ਦੇ ਨਾਲ ਥਾਣਾ ਏਰੀਏ ਵਿੱਚ ਗਸ਼ਤ ਕਰ ਰਹੇ ਸੀ ਤੇ ਇਸ ਦੌਰਾਨ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਬਲਕਾਰ ਸਿੰਘ ਨਜਾਇਜ ਸ਼ਰਾਬ ਵੇਚਣ ਦਾ ਆਦੀ ਹੈ, ਜਿਸ 'ਤੇ ਪੁਲਸ ਪਾਰਟੀ ਨੇ ਪਿੰਡ ਪ੍ਰਭਾਤ ਸਿੰਘ ਵਾਲਾ ਉਤਾੜ ਵਿਖੇ ਨਹਿਰ ਦੇ ਪੁਲ ਕੋਲ ਨਾਕਾਬੰਦੀ ਕਰਕੇ 16 ਬੋਤਲਾਂ ਨਾਜਾਇਜ਼ ਸ਼ਰਾਬ ਸਮੇਤ ਕਾਬੂ ਕੀਤਾ ਹੈ। ਪੁਲਸ ਨੇ ਥਾਣਾ ਸਦਰ ਵਿਖੇ ਬਲਕਾਰ ਸਿੰਘ ਪੁੱਤਰ ਬਲਵੀਰ ਸਿੰਘ ਵਾਸੀ ਪ੍ਰਭਾਤ ਸਿੰਘ ਵਾਲਾ ਉਤਾੜ ਖਿਲਾਫ ਆਬਕਾਰੀ ਐਕਟ ਅਧੀਨ ਮੁਕੱਦਮਾ ਦਰਜ ਕੀਤਾ ਹੈ।

### ਧਰਮ ਨਿਰਪੱਖਤਾ ਤੇ ...

ਤਸਕਰੀ ਵਿਰੋਧੀ ਇਕਾਈਆਂ ਸਥਾਪਤ ਕਰਨ ਦੀ ਫਾਈਲ ਨੂੰ ਵੀ ਮਨਜ਼ੂਰੀ ਦਿੱਤੀ। ਜਵਾਹਰ ਲਾਲ ਨਹਿਰੂ ਇੰਡੋਰ ਸਟੇਡੀਅਮ ਵਿੱਚ ਆਪਣੇ ਪਹਿਲੇ ਸੰਬੋਧਨ ਦੌਰਾਨ ਵਿਜੇ ਨੇ ਕਿਹਾ ਕਿ ਸੂਬੇ ਵਿੱਚ ਹੁਣ ਅਸਲ ਧਰਮ ਨਿਰਪੱਖਤਾ ਅਤੇ ਸਮਾਜਿਕ ਨਿਆਂ ਪ੍ਰਤੀ ਵਚਨਬੱਧ ਸ਼ਾਸਨ ਦੇ ਨਵੇਂ ਯੁੱਗ ਦੀ ਸ਼ੁਰੂਆਤ ਹੋ ਗਈ ਹੈ। ਉਨ੍ਹਾਂ ਇੱਕ ਸਖ਼ਤ ਸੁਨੇਹਾ ਦਿੰਦਿਆਂ ਸਪੱਸ਼ਟ ਕੀਤਾ ਕਿ ਸਰਕਾਰ ਵਿੱਚ ਉਨ੍ਹਾਂ ਤੋਂ ਇਲਾਵਾ ਕੋਈ ਹੋਰ ਸ਼ਕਤੀ ਕੇਂਦਰ ਨਹੀਂ ਹੋਵੇਗਾ ਅਤੇ ਉਹ ਖ਼ੁਦ ਹੀ ਸੱਤਾ ਦੇ ਇਕਲੌਤੇ ਕੇਂਦਰ ਹੋਣਗੇ। ਸਹੁੰ ਚੁੱਕ ਸਮਾਗਮ ਵਿੱਚ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।

### 15 ਮਈ ਦੀ ਦੇਸ਼...

ਮਜ਼ਬੂਤ ਅਤੇ ਨਵੀਨੀਕਰਨ ਕੀਤਾ ਮਨਰੇਗਾ ਬਹਾਲ ਕਰਨ ਦੀ ਮੰਗ ਕੀਤੀ ਜਾਵੇਗੀ। ਮਨਰੇਗਾ ਮਜ਼ਦੂਰਾਂ ਲਈ ਸਾਲ ਵਿੱਚ ਘੱਟੋ-ਘੱਟ 200 ਦਿਨ ਕੰਮ 700 ਰੁਪਏ ਦਿਹਾੜੀ ਦੀ ਮੰਗ ਕੀਤੀ ਜਾਵੇਗੀ।ਬਾਹਰਲੀ ਤਕਨੀਕ ਦੇ ਅਧਾਰਤ ਭੁਗਤਾਨ ਤੇ ਹਾਜ਼ਰੀ ਪ੍ਰਣਾਲੀ ਨੂੰ ਵਾਪਸ ਲੈਣ ਦੀ ਮੰਗ ਵੀ ਕੀਤੀ ਜਾਵੇਗੀ। ਮੰਗਾਂ ਵਿੱਚ ਇਹ ਸ਼ਾਮਲ ਹੈ ਕਿ ਗ੍ਰਾਮ ਸਭਾਵਾਂ ਨੂੰ ਮਨਰੇਗਾ ਕੰਮਾਂ ਵਿੱਚ ਮੁੱਖ ਹਿੱਸੇਦਾਰ ਬਣਾਇਆ ਜਾਵੇ।

## ਕੇਰਲ ਦੇ ਗੱਤਕਾ ਖਿਡਾਰੀਆਂ ਨੂੰ ਬਲਜਿੰਦਰ ਤੂਰ ਸਿਖਾਉਣਗੇ ਗੁਰ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਾਲ 2008 ਤੋਂ ਗੁਰੂ ਸਾਹਿਬਾਨ ਦੀ ਬਖ਼ਸ਼ਿਸ਼ ਪ੍ਰਾਪਤ ਖੇਡ ਗੱਤਕਾ ਦੇ ਪ੍ਰਚਾਰ ਤੇ ਪ੍ਰਸਾਰ ਦੇ ਲਈ ਗੱਤਕਾ ਫੈਡਰੇਸ਼ਨ ਆਫ ਇੰਡੀਆ ਕੰਮ ਕਰ ਰਹੀ ਹੈ ਅਤੇ ਫੈਡਰੇਸ਼ਨ ਦੇ ਜਨਰਲ ਸਕੱਤਰ ਬਲਜਿੰਦਰ ਸਿੰਘ ਤੂਰ ਨੇ ਦੱਸਿਆ ਕਿ ਗੱਤਕਾ ਖੇਡ ਹੁਣ ਕੇਵਲ ਨਗਰ ਕੀਰਤਨਾਂ ਦਾ ਹੀ ਸ਼ਿੰਗਾਰ ਨਹੀਂ ਰਹੀ, ਸਗੋਂ ਇਸ ਨੂੰ ਖਿਡਾਰੀ ਇੱਕ ਪ੍ਰੋਫੈਸ਼ਨ ਦੇ ਰੂਪ 'ਚ ਅਪਨਾ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਹੁਣ ਉੱਤਰੀ ਭਾਰਤ ਦੇ ਰਾਜਾਂ ਤੱਕ ਹੀ ਸੀਮਤ ਨਹੀਂ, ਸਗੋਂ ਦੱਖਣੀ ਭਾਰਤ ਦੇ ਰਾਜਾਂ ਵਿੱਚ ਵੀ ਇਹ ਖੇਡ ਬਹੁਤ ਹਰਮਨ ਪਿਆਰੀ ਹੋ ਰਹੀ ਹੈ। ਇਸੇ ਲੜੀ ਤਹਿਤ ਉਨ੍ਹਾਂ ਵੱਲੋਂ ਕੇਰਲ ਦੇ ਕਾਲੀਕਟ ਜ਼ਿਲ੍ਹੇ ਦੇ ਪਠਾਣੀਆਂ ਸ਼ਹਿਰ ਵਿਖੇ ਦੋ ਰੋਜ਼ਾ ਗੱਤਕੇ ਦਾ ਕੈਂਪ 12 ਤੇ 13 ਮਈ 2026 ਨੂੰ ਲਗਾਇਆ ਜਾ ਰਿਹਾ ਹੈ, ਜਿਸ ਵਿੱਚ ਕੇਰਲ ਰਾਜ ਦੇ ਖਿਡਾਰੀ ਗੱਤਕੇ ਦੀਆਂ ਬਰੀਕੀਆਂ ਤੋਂ ਜਾਣੂ ਹੋ ਸਕਣਗੇ। ਬਲਜਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦਾ ਮੁੱਖ ਮਕਸਦ ਗੁਰੂ ਸਾਹਿਬਾਨ ਦੀ ਖੇਡ ਨੂੰ ਘਰ-ਘਰ ਤੱਕ ਪਹੁੰਚਾਉਣਾ ਹੈ ਤੇ ਇਸ ਸਵੈ-ਰੱਖਿਆ ਦੀ ਖੇਡ ਨਾਲ ਜਿੱਥੇ ਲੜਕੇ ਤੇ ਲੜਕੀਆਂ ਆਪਣੇ ਆਪ ਦੀ ਰਾਖੀ ਕਰ ਸਕਦੇ ਹਨ, ਉਥੇ ਹੀ ਇੱਕ ਪ੍ਰੋਫੈਸ਼ਨਲ ਖਿਡਾਰੀ ਦੇ ਰੂਪ 'ਚ ਆਪਣੇ ਆਪ ਨੂੰ ਸਥਾਪਤ ਕਰ ਸਕਦੇ ਹਨ। ਕੈਂਪ ਵਿੱਚ ਉਨ੍ਹਾਂ ਨਾਲ ਪੰਜਾਬ ਗੱਤਕਾ ਐਸੋਸੀਏਸ਼ਨ ਦੇ ਕੋਆਰਡੀਨੇਟਰ ਰਘਬੀਰ ਸਿੰਘ ਵੱਲੋਂ ਸਾਥ ਦਿੱਤਾ ਜਾਵੇਗਾ।

## ਆਰ ਐੱਸ ਡੀ ਪਬਲਿਕ ਸਕੂਲ 'ਚ 'ਮਦਰਜ਼ ਡੇ' ਮਨਾਇਆ

### ਮਾਵਾਂ ਤੇ ਬੱਚਿਆਂ ਨੇ ਰੈਂਪ ਵਾਕ ਤੇ ਰੰਗਾਰੰਗ ਪ੍ਰੋਗਰਾਮ ਰਾਹੀਂ ਬਖੇਰੇ ਖ਼ੁਸ਼ੀ ਦੇ ਰੰਗ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਅੱਜ ਆਰ ਐੱਸ ਡੀ ਰਾਜ ਰਤਨ ਪਬਲਿਕ ਸਕੂਲ ਵਿਖੇ ਮਾਂ ਦਿਵਸ ਬਹੁਤ ਹੀ ਉਤਸ਼ਾਹ, ਪਿਆਰ ਤੇ ਯਾਦਗਾਰੀ ਪਲਾਂ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਦਾ ਪੂਰਾ ਕੈਂਪਸ ਮਾਵਾਂ ਤੇ ਬੱਚਿਆਂ ਦੇ ਅਟੁੱਟ ਰਿਸ਼ਤੇ ਦੀ ਮਹਿਕ ਨਾਲ ਲਹਿਰਾ ਉੱਠਿਆ। ਇਸ ਸਮਾਗਮ ਦਾ ਉਦੇਸ਼ ਬੱਚਿਆਂ ਦੇ ਜੀਵਨ ਵਿੱਚ ਮਾਂ ਦੇ ਨਿਰਸਵਾਰਥ ਪਿਆਰ ਤੇ ਮਹੱਤਵ ਨੂੰ ਸਲਾਹੁਣਾ ਸੀ। ਪ੍ਰੋਗਰਾਮ ਦਾ ਮੁੱਖ ਆਕਰਸ਼ਣ 'ਮਦਰ-ਕਿਡਜ਼ ਰੈਂਪ ਵਾਕ' ਰਿਹਾ, ਜਿਸ ਵਿਚ ਮਾਵਾਂ ਨੇ ਆਪਣੇ ਨੰਨ੍ਹੇ-ਮੁੰਨ੍ਹੇ ਬੱਚਿਆਂ ਦੇ ਹੱਥਾਂ ਵਿੱਚ ਹੱਥ ਪਾ ਕੇ ਪੂਰੇ ਆਤਮ-ਵਿਸ਼ਵਾਸ ਨਾਲ ਰੈਂਪ 'ਤੇ ਵਾਕ ਕੀਤੀ। ਮਾਂ ਤੇ ਬੱਚਿਆਂ ਦੀ ਇਸ ਪਿਆਰੀ ਜੋੜੀ ਨੇ ਹਾਜ਼ਰੀਨ ਦਾ ਮਨ ਮੋਹ ਲਿਆ। ਇਸ ਦੇ ਨਾਲ ਹੀ ਮਾਵਾਂ ਤੇ ਬੱਚਿਆਂ ਲਈ ਕਈ ਮਨੋਰੰਜਕ ਖੇਡਾਂ ਤੇ ਦਿਲਚਸਪ ਗਤੀਵਿਧੀਆਂ ਵੀ ਕਰਵਾਈਆਂ ਗਈਆਂ। ਇਨ੍ਹਾਂ ਖੇਡਾਂ ਵਿੱਚ ਮਾਵਾਂ ਨੇ ਬਹੁਤ ਹੀ ਉਤਸ਼ਾਹ ਨਾਲ ਹਿੱਸਾ ਲਿਆ ਤੇ ਆਪਣੇ ਬਚਪਨ ਦੀਆਂ ਯਾਦਾਂ ਤਾਜ਼ਾ ਕੀਤੀਆਂ। ਸਮਾਗਮ ਦੇ ਅੰਤ ਵਿੱਚ ਸਕੂਲ ਦੀ ਪ੍ਰਿੰਸੀਪਲ ਡਾ. ਪ੍ਰਵੀਨ ਔਲ ਨੇ ਵੱਖ-ਵੱਖ ਮੁਕਾਬਲਿਆਂ ਵਿੱਚ ਜੇਤੂ ਰਹੀਆਂ ਮਾਂਵਾਂ ਤੇ ਬੱਚਿਆਂ ਨੂੰ ਤੋਹਫ਼ੇ ਦੇ ਕੇ ਸਨਮਾਨਤ ਕੀਤਾ। ਉਨ੍ਹਾਂ ਆਪਣੇ ਸੰਬੋਧਨ ਵਿੱਚ ਕਿਹਾ ਕਿ ਮਾਂ ਤੋਂ ਬਿਨਾਂ ਜੀਵਨ ਅਧੂਰਾ ਹੈ ਤੇ ਅਜਿਹੇ ਸਮਾਗਮ ਮਾਂ-ਬੱਚੇ ਦੇ ਰਿਸ਼ਤੇ ਨੂੰ ਹੋਰ ਮਜ਼ਬੂਤ ਕਰਦੇ ਹਨ। ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਐੱਸਸੀ ਸਾਂਵਲਕਾ, ਸਕੱਤਰ ਰਜਨੀਸ਼ ਸਾਂਵਲਕਾ, ਡਾਇਰੈਕਟਰ ਐੱਸਪੀ ਆਨੰਦ ਤੇ ਪ੍ਰਿੰਸੀਪਲ ਡਾ. ਪ੍ਰਵੀਨ ਔਲ ਨੇ ਸਮੂਹ ਮਾਵਾਂ ਨੂੰ 'ਮਦਰਜ਼ ਡੇ' ਦੀ ਵਧਾਈ ਦਿੱਤੀ।

## ਦਿਨ 'ਚ ਹੀ ਚੋਰਾਂ ਨੇ ਘਰ ਨੂੰ ਬਣਾਇਆ ਨਿਸ਼ਾਨਾ

**ਬਰੇਟਾ (ਰੀਤਵਾਲ)**-ਪਿੰਡ ਸ਼ੇਖੂਪੁਰ ਖੁਡਾਲ ਵਿੱਚ ਚੋਰੀ ਦੀ ਘਟਨਾ ਵਾਪਰੀ ਹੈ।ਸ਼ੇਖੂਪੁਰ ਖੁਡਾਲ ਦਾ ਰਹਿਣ ਵਾਲਾ ਮੰਗੂ ਸਿੰਘ ਸ਼ਨੀਵਾਰ ਦੁਪਹਿਰ ਨੂੰ ਆਪਣੇ ਪਰਵਾਰ ਨਾਲ ਘਰ ਨੂੰ ਤਾਲਾ ਲਗਾ ਕੇ ਪਿੰਡ ਵਿੱਚ ਇੱਕ ਵਿਆਹ ਵਿੱਚ ਗਿਆ ਸੀ।ਜਦੋਂ ਸ਼ਾਮ ਨੂੰ ਘਰ ਵਾਪਸ ਆਇਆ ਤਾਂ ਉਸ ਨੂੰ ਪਤਾ ਲੱਗਾ ਕਿ ਅਣਪਛਾਤੇ ਚੋਰ ਕੰਧ ਟੱਪ ਕੇ ਕਮਰਿਆਂ ਦੇ ਮੁੱਖ ਤਾਲੇ ਤੋੜ ਕੇ ਘਰ ਵਿੱਚ ਦਾਖਲ ਹੋਏ ਹਨ।ਚੋਰਾਂ ਨੇ ਘਰ ਦੇ ਅੰਦਰ ਪਈ ਅਲਮਾਰੀ ਤੇ ਤਿੰਨ ਬੈੱਡ ਦੇ ਡੱਬੇ ਖੋਲ੍ਹੇ, ਸਮਾਨ ਦੀ ਛਾਣਬੀਣ ਕੀਤੀ ਤੇ 4 ਤੋਲੇ ਸੋਨਾ-ਚਾਂਦੀ, ਹਜ਼ਾਰਾਂ ਰੁਪਏ ਨਕਦੀ ਅਤੇ ਕੁਝ ਮਹੱਤਵਪੂਰਨ ਦਸਤਾਵੇਜ਼ ਚੋਰੀ ਕਰਕੇ ਫਰਾਰ ਹੋ ਗਏ।ਘਟਨਾ ਦੀ ਜਾਣਕਾਰੀ ਮਿਲਦੇ ਹੀ ਬਰੇਟਾ ਪੁਲਿਸ ਮੌਕੇ 'ਤੇ ਪਹੁੰਚੀ ਤੇ ਸਥਿਤੀ ਦਾ ਜਾਇਜ਼ਾ ਲਿਆ।ਪੀੜਤ ਮੰਗੂ ਸਿੰਘ ਨੇ ਪੁਲਸ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਚੋਰਾਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਗ੍ਰਿਫ਼ਤਾਰ ਕੀਤਾ ਜਾਵੇ ਤੇ ਚੋਰੀ ਹੋਏ ਸਾਮਾਨ ਨੂੰ ਬਰਾਮਦ ਕੀਤਾ ਜਾਵੇ।ਇਸ ਦੌਰਾਨ ਪੁਲਸ ਅਧਿਕਾਰੀ ਕੁਲਵੰਤ ਸਿੰਘ ਨੇ ਦੱਸਿਆ ਕਿ ਘਰ ਦੇ ਨੇੜੇ-ਤੇੜੇ ਲੱਗੇ ਸੀਸੀਟੀਵੀ ਕੈਮਰਿਆਂ ਦੀ ਜਾਂਚ ਕੀਤੀ ਜਾ ਰਹੀ ਹੈ ਤੇ ਚੋਰਾਂ ਨੂੰ ਜਲਦੀ ਹੀ ਫੜ ਲਿਆ ਜਾਵੇਗਾ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

# 2,37,000 ਰੁਪਏ ਸਮੇਤ ਜੂਆ ਖੇਡਦੇ 9 ਨੌਜਵਾਨ ਕਾਬੂ



**ਧਾਰੀਵਾਲ, (ਮਨਦੀਪ ਵਿੱਕੀ)** ਥਾਣਾ ਧਾਰੀਵਾਲ ਦੀ ਪੁਲਸ ਨੇ ਜੂਆ ਖੇਡਦੇ 9 ਨੌਜਵਾਨਾਂ ਨੂੰ 2 ਲੱਖ 37000 ਰੁਪਏ ਭਾਰਤੀ ਕਰੰਸੀ, ਤਾਸ਼ ਦੇ 52 ਪੱਤੇ, ਇੱਕ ਕਾਰ ਅਤੇ ਪੰਜ ਦੋ ਪਹੀਆ ਵਾਹਨਾਂ ਸਮੇਤ ਕਾਬੂ ਕੀਤਾ ਹੈ, ਜਦਕਿ ਇਕ ਮੌਕੇ ਤੋਂ ਫਰਾਰ ਹੋ ਗਿਆ। ਇਸ ਮਾਮਲੇ ਸਬੰਧੀ ਪੁਲਸ ਨੇ 10 ਨੌਜਵਾਨਾਂ ਵਿਰੁੱਧ ਕੇਸ ਦਰਜ ਕੀਤਾ ਹੈ। ਇਸ ਸਬੰਧੀ ਡੀਐੱਸਪੀ ਕੁਲਵੰਤ ਸਿੰਘ ਮਾਨ ਨੇ ਦੱਸਿਆ ਕਿ ਐੱਸਐੱਸਪੀ ਗੁਰਦਾਸਪੁਰ ਅਦਿੱਤਿਯਾ ਦੇ ਆਦੇਸ਼ਾਂ ਤਹਿਤ ਥਾਣਾ ਧਾਰੀਵਾਲ ਦੀ ਪੁਲਸ ਵੱਲੋਂ ਸਮਾਜ ਵਿਰੋਧੀ ਭੈੜੇ ਅਨਸ਼ਰਾਂ ਨੂੰ ਨਕੇਲ ਪਾਉਣ ਦੀ ਲਗਾਤਾਰ ਕੀਤੀਆਂ ਜਾ ਰਹੀਆਂ ਕੋਸ਼ਿਸ਼ਾਂ ਤਹਿਤ ਲੰਘੀ ਰਾਤ ਏ.ਐੱਸ.ਆਈ. ਕੁਲਦੀਪ ਸਿੰਘ ਸਮੇਤ ਪੁਲਸ ਪਾਰਟੀ ਭੈੜੇ ਪੁਰਸ਼ਾਂ ਦੀ ਤਲਾਸ਼ ਗਸ਼ਤ ਕਰਦੇ ਹੋਏ ਬੱਸ ਸਟੈਂਡ ਧਾਰੀਵਾਲ, ਮਾਡਲ ਟਾਊਨ ਧਾਰੀਵਾਲ, ਪਿੰਡ ਅਹਿਮਦਾਬਾਦ ਤੋਂ ਰੇਲਵੇ ਫਾਟਕ ਫੱਤੇਨੰਗਲ ਪੁੱਜੇ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਸੌਰਵ ਸ਼ਰਮਾ ਉਰਫ ਸਰਕਾਰੀ ਵਾਸੀ ਫੱਤੇਨੰਗਲ ਆਮ ਲੋਕਾਂ ਨੂੰ ਪੈਸੇ ਦੁੱਗਣੇ ਕਮਾਉਣ ਦਾ ਲਾਲਚ ਦੇ ਕੇ ਪਿੰਡ ਫੱਤੇਨੰਗਲ ਦੇ ਬਾਹਰਵਾਰ ਪੀਰ ਬਾਬੇ ਦੀ ਜਗ੍ਹਾ ਲਾਗੇ ਤਾਸ਼ ਦੇ ਪੱਤਿਆਂ ਨਾਲ ਜੂਆ ਖਿਡਾਉਂਦਾ ਹੈ ਜੋ ਇਸ ਸਮੇਂ ਜੂਆ ਖਿਡਾ ਰਿਹਾ ਹੈ। ਸੂਚਨਾ ਮਿਲਦੇ ਹੀ ਥਾਣਾ ਧਾਰੀਵਾਲ ਦੇ ਐੱਸ ਐੱਚ ਓ ਪਰਮਿੰਦਰ ਸਿੰਘ ਨੇ ਸਮੇਤ ਪੁਲੀਸ ਪਾਰਟੀ ਮਿਲੀ ਇਤਲਾਹ ਦੇ ਅਧਾਰ 'ਤੇ ਪਿੰਡ ਫੱਤੇਨੰਗਲ ਦੇ ਬਾਹਰਵਾਰ ਪੀਰ ਬਾਬੇ ਦੀ ਜਗ੍ਹਾ ਲਾਗੇ ਲੱਗੇ ਰੇਡ ਕੀਤਾ ਤਾਂ ਉਥੋਂ ਜੂਆ ਖੇਡਦੇ 9 ਨੌਜਵਾਨਾਂ ਨੂੰ 2 ਲੱਖ 37000 ਰੁਪਏ ਭਾਰਤੀ ਕਰੰਸੀ, ਤਾਸ਼ ਦੇ 52 ਪੱਤੇ, ਇੱਕ ਕਾਰ ਅਤੇ ਪੰਜ ਦੋ ਪਹੀਆ ਵਾਹਨਾਂ ਸਮੇਤ ਗ੍ਰਿਫਤਾਰ ਕਰ ਲਿਆ ਹੈ ਜਦਕਿ ਜੂਆ ਖਿਡਾਉਣ ਵਾਲਾ ਮੁੱਖ ਦੋਸ਼ੀ ਫਰਾਰ ਹੈ, ਜਿਸਦੀ ਭਾਲ ਜਾਰੀ ਹੈ। ਕਾਬੂ ਮੁਲਜ਼ਮਾਂ ਦੀ ਪਛਾਣ ਕਮਾਲਾ ਭੱਟੀ, ਰਾਜਨ ਭੱਟੀ, ਮੰਨੀ ਸ਼ਰਮਾ ਵਾਸੀਆਨ ਬਟਾਲਾ, ਜ਼ੋਨ ਵਾਸੀ ਲੰਗਾਹ, ਰਵੀ ਕੁਮਾਰ, ਰਜਤ, ਅਦਿਤਿਆ ਮਹਾਜਨ, ਲੱਕੀ ਅਤੇ ਰਜੇਸ਼ ਕੁਮਾਰ ਵਾਸੀਆਨ ਧਾਰੀਵਾਲ ਵਜੋਂ ਹੋਈ।

# ਕੌਮੀ ਲੋਕ ਅਦਾਲਤ 'ਚ 7683 ਕੇਸਾਂ ਦਾ ਮੌਕੇ 'ਤੇ ਨਿਪਟਾਰਾ

## ਆਪਸੀ ਝਗੜਿਆਂ ਕਾਰਨ ਅਲੱਗ ਹੋਏ ਵਿਆਹੁਤਾ ਜੋੜਿਆਂ ਦੀ ਕਰਵਾਈ ਸੁਲਾਹ-ਸਫਾਈ

**ਪੱਟੀ, ਤਰਨਤਾਰਨ (ਬਲਦੇਵ ਸਿੰਘ ਸੰਧੂ, ਪ੍ਰਿਤਪਾਲ ਸਿੰਘ)**- ਕੌਮੀ ਕਾਨੂੰਨੀ ਸੇਵਾਵਾਂ ਅਥਾਰਟੀ ਅਥਾਰਟੀ, ਨਵੀਂ ਦਿੱਲੀ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਤਰਨ ਤਾਰਨ ਸੈਸ਼ਨਜ਼ ਡਵੀਜ਼ਨ ਵਿੱਚ ਕੌਮੀ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ।ਜ਼ਿਲ੍ਹਾ ਅਤੇ ਸ਼ੈਸ਼ਨ ਜੱਜ ਕਮ-ਚੇਅਰਮੈਨ-ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਤਰਨ ਤਾਰਨ ਕੰਵਲਜੀਤ ਸਿੰਘ ਬਾਜਵਾ ਨੇ ਇਹ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਦੌਰਾਨ ਪਬਲਿਕ ਦੀ ਸਹੂਲਤ ਲਈ ਕੌਮੀ ਲੋਕ ਅਦਾਲਤ ਦੇ ਕੁੱਲ 8 ਬੈਚ ਬਣਾਏ ਗਏ।ਇਨ੍ਹਾਂ ਵਿੱਚ ਪਹਿਲਾ ਬੈਂਚ ਮਨੋਜ ਕੁਮਾਰ, ਵਧੀਕ ਜ਼ਿਲ੍ਹਾ ਅਤੇ ਸੈਸ਼ਨ ਜੱਜ, (ਪ੍ਰਿੰਸੀਪਲ ਜੱਜ ਫੈਮਿਲੀ ਕੋਰਟ), ਤਰਨ ਤਾਰਨ, ਦੂਸਰਾ ਬੈਂਚ ਰਵਿੰਦਰਜੀਤ ਸਿੰਘ ਬਾਜਵਾ, ਵਧੀਕ ਜ਼ਿਲ੍ਹਾ ਅਤੇ ਸੈਸ਼ਨ ਜੱਜ, ਤਰਨ ਤਾਰਨ, ਤੀਸਰਾ ਬੈਂਚ ਅਮਨਦੀਪ ਸਿੰਘ, ਅਡੀਸ਼ਨਲ ਚੀਫ਼ ਜੁਡੀਸ਼ੀਅਲ ਮੈਜਿਸਟ੍ਰੇਟ, ਤਰਨ ਤਾਰਨ, ਚੌਥਾ ਬੈਂਚ ਮਿਸ ਮਨਜੋਤ ਕੌਰ, ਸਿਵਲ ਜੱਜ ਜੂਨੀਅਰ ਡਵੀਜ਼ਨ, ਤਰਨ ਤਾਰਨ ਅਤੇ ਪੰਜਵਾ ਬੈਂਚ ਅਜੈਬ ਸਿੰਘ, ਚੇਅਰਮੈਨ, ਪਰਮਾਨੈਂਟ ਲੋਕ ਅਦਾਲਤ, ਤਰਨ ਤਾਰਨ ਸ਼ਾਮਿਲ ਸਨ।ਇਸੇ ਤਰ੍ਹਾਂ ਪੱਟੀ ਵਿਖੇ ਦੋ ਬੈਂਚ ਸਿਮਰਨਜੀਤ ਸਿੰਘ, ਸਿਵਲ ਜੱਜ ਜੂਨੀਅਰ ਡਵੀਜ਼ਨ, ਪੱਟੀ ਅਤੇ ਸੰਨੀ ਸੰਧੂ, ਸਿਵਲ ਜੱਜ ਜੂਨੀਅਰ ਡਵੀਜ਼ਨ ਪੱਟੀ ਵੱਲੋਂ ਲਗਾਏ ਗਏ।ਇਸ ਤੋਂ ਇਲਾਵਾ ਖਡੂਰ ਸਾਹਿਬ ਵਿਖੇ ਇਕ ਬੈਂਚ ਰਾਜਦੀਪ ਸਿੰਘ ਮਾਨ, ਸਿਵਲ ਜੱਜ ਜੂਨੀਅਰ ਡਵੀਜ਼ਨ ਖਡੂਰ ਸਾਹਿਬ ਵੱਲੋਂ ਲਗਾਇਆ ਗਿਆ।ਉਨ੍ਹਾਂ ਦੱਸਿਆ ਕਿ ਲੋਕ ਅਦਾਲਤ ਦੇ ਬੈਂਚਾਂ ਦੇ ਪ੍ਰੀਜ਼ਾਈਡਿੰਗ ਅਫ਼ਸਰਾਂ ਨੇ ਬਹੁਤ ਹੀ ਸਹਿਜਤਾ,



ਸੰਵੇਦਨਸ਼ੀਲਤਾ ਨਾਲ ਪਬਲਿਕ ਦੇ ਨਾਲ ਆਹਮੋ- ਸਾਹਮਣੇ ਬੈਠ ਕੇ ਉਨ੍ਹਾਂ ਦੇ ਝਗੜਿਆਂ/ਸਮੱਸਿਆਵਾਂ ਨੂੰ ਸੁਣਿਆ ਅਤੇ ਉਨ੍ਹਾਂ ਨੂੰ ਝਗੜਾ ਖ਼ਤਮ ਕਰਨ ਦੇ ਫ਼ਾਇਦੇ ਦੱਸਦੇ ਹੋਏ ਉਨ੍ਹਾਂ ਨੂੰ ਆਪਸੀ ਸਹਿਮਤੀ ਨਾਲ ਕੇਸ ਨਿਬੇੜਨ ਲਈ ਪ੍ਰੇਰਿਆ।ਉਨ੍ਹਾਂ ਦੱਸਿਆ ਕਿ ਇਸ ਲੋਕ ਅਦਾਲਤ ਵਿੱਚ ਆਪਸੀ ਝਗੜਿਆਂ ਕਾਰਨ ਅਲੱਗ ਹੋਏ ਕਈ ਵਿਆਹੇ ਜੋੜੇ ਇਕੱਠੇ ਕੀਤੇ ਗਏ ਅਤੇ ਸਾਲਾਂ ਪੁਰਾਣੇ ਕਈ ਝਗੜੇ ਖ਼ਤਮ ਕੀਤੇ ਗਏ।ਉਨ੍ਹਾਂ ਦੱਸਿਆ ਕਿ ਲੋਕ ਅਦਾਲਤ ਦੇ ਪ੍ਰੀਜ਼ਾਈਡਿੰਗ ਅਫ਼ਸਰਾਂ ਨੇ ਪਬਲਿਕ ਦੀ ਸਹਿਮਤੀ ਨਾਲ ਇਸ ਵਾਰ ਦੀ ਕੌਮੀ ਲੋਕ ਅਦਾਲਤ ਵਿੱਚ ਕੁੱਲ 9183 ਰੱਖੇ ਕੇਸਾਂ ਵਿਚੋਂ 7683 ਕੇਸਾਂ ਦਾ ਮੌਕੇ ਤੇ ਨਿਪਟਾਰਾ ਕੀਤਾ ਅਤੇ 42388536 ਰੁਪਏ ਦੀ ਰਕਮ ਦੇ ਫ਼ੈਸਲੇ ਕੀਤੇ ਗਏ।ਉਨ੍ਹਾਂ ਨੇ ਇਹ ਵੀ ਜਾਣਕਾਰੀ ਦਿੱਤੀ ਕਿ ਜੇਕਰ ਲੋਕ ਅਦਾਲਤ ਵਿੱਚ ਕਿਸੇ ਕੇਸ ਦਾ ਫ਼ੈਸਲਾ ਹੋ ਜਾਂਦਾ ਹੈ ਤਾਂ ਇਸ ਕੇਸ ਵਿੱਚ ਲੱਗੀ ਕੋਰਟ ਫੀਸ ਵਾਪਸ ਹੋ ਜਾਂਦੀ ਹੈ।ਉਨ੍ਹਾਂ ਦੱਸਿਆ ਕਿ ਅਦਾਲਤਾਂ ਵਿੱਚ ਸਮੇਂ-ਸਮੇਂ ਤੇ ਪ੍ਰੀ ਲੋਕ ਅਦਾਲਤਾਂ ਦਾ ਵੀ ਆਯੋਜਨ ਕੀਤਾ ਗਿਆ ਸੀ।ਉਨ੍ਹਾਂ ਕਿਹਾ ਕਿ ਰਾਸ਼ਟਰੀ ਲੋਕ ਅਦਾਲਤ ਵਿੱਚ ਦੋ ਧਿਰਾਂ ਦੀ ਆਪਸੀ ਰਜ਼ਾਮੰਦੀ ਨਾਲ ਝਗੜਿਆਂ ਦਾ ਨਿਪਟਾਰਾ ਕੀਤਾ ਜਾਂਦਾ ਹੈ।ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਕੰਵਲਜੀਤ ਸਿੰਘ ਬਾਜਵਾ ਨੇ ਦੱਸਿਆ ਕਿ ਕੌਮੀ ਲੋਕ ਅਦਾਲਤ ਰਾਹੀਂ ਕੇਸ ਹੱਲ ਕਰਨ ਦੇ ਬੜੇ ਫ਼ਾਇਦੇ ਹਨ, ਕਿਉਂਕਿ ਕੌਮੀ ਲੋਕ ਅਦਾਲਤ ਰਾਹੀਂ ਹੱਲ ਕੀਤੇ ਜਾਂਦੇ ਮੁਕੱਦਮਿਆਂ ਦੀ ਅੱਗੇ ਕਿਸੇ ਵੀ ਅਦਾਲਤ ਵਿੱਚ ਅਪੀਲ ਨਹੀਂ ਕੀਤੀ ਜਾ ਸਕਦੀ ਅਤੇ ਲੋਕ ਅਦਾਲਤ ਰਾਹੀਂ ਹੱਲ ਕੀਤੇ ਗਏ ਮਾਮਲੇ ਦਾ ਫ਼ੈਸਲਾ ਅੰਤਿਮ ਹੁੰਦਾ ਹੈ ਅਤੇ ਆਪਸੀ ਸਹਿਮਤੀ ਨਾਲ ਨਿਬੜੇ ਕੇਸਾਂ ਵਿੱਚ ਕੋਰਟ ਫੀਸ ਵੀ ਵਾਪਸ ਹੁੰਦੀ ਹੈ।ਚੀਫ ਜੁਡੀਸ਼ੀਅਲ ਮੈਜਿਸਟ੍ਰੇਟ-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਤਰਨ ਤਾਰਨ ਮਿਸ ਕਿਰਨ ਜੋਤੀ ਨੇ ਇਸ ਦੌਰਾਨ ਕਿਹਾ ਕਿ ਪਬਲਿਕ ਨੂੰ ਵੱਧ ਤੋਂ ਵੱਧ ਕੌਮੀ ਲੋਕ ਅਦਾਲਤ ਵਿੱਚ ਭਾਗ ਲੈਣ ਚਾਹੀਦਾ ਹੈ ਅਤੇ ਇਸ ਦਾ ਫ਼ਾਇਦਾ ਉਠਾਉਣਾ ਚਾਹੀਦਾ ਹੈ।ਉਨ੍ਹਾਂ ਦੱਸਿਆ ਕਿ ਅਗਲੀ ਕੌਮੀ ਲੋਕ ਅਦਾਲਤ ਮਿਤੀ 12 ਸਤੰਬਰ 2026 ਨੂੰ ਲੱਗ ਰਹੀ ਹੈ।

# ਬਚਪਨ ਪਲੇਅ ਸਕੂਲ ਅਜਨਾਲਾ ਵਿਖੇ ਮਾਂ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ




**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**- ਬਚਪਨ ਪਲੇਅ ਸਕੂਲ ਵਿਖੇ ਮਾਂ ਦਿਵਸ ਬੜੇ ਹੀ ਉਤਸ਼ਾਹ, ਪਿਆਰ ਅਤੇ ਖੁਸ਼ੀ ਭਰੇ ਮਾਹੌਲ ਵਿੱਚ ਮਨਾਇਆ ਗਿਆ।ਇਸ ਵਿਸ਼ੇਸ਼ ਸਮਾਗਮ ਦੌਰਾਨ ਸਕੂਲ ਦੀ ਮੈਨੇਜਿੰਗ ਡਾਇਰੈਕਟਰ ਸੰਤੋਸ਼ ਬਜਾਜ, ਪ੍ਰਿੰਸੀਪਲ ਮੋਨਿਕਾ ਖੋਖਰ ਅਤੇ ਸਮੂਹ ਸਟਾਫ ਵੱਲੋਂ ਬੱਚਿਆਂ ਦੀਆਂ ਮਾਤਾਵਾਂ ਨੂੰ ਸਨਮਾਨ ਸਹਿਤ ਸੱਦਾ ਦਿੱਤਾ ਗਿਆ।ਬੱਚਿਆਂ ਵੱਲੋਂ ਪੇਸ਼ ਰੰਗਾਰੰਗ ਪੇਸ਼ਕਾਰੀਆਂ ਨੇ ਸਭ ਦਾ ਮਨ ਮੋਹ ਲਿਆ।ਇਸ ਮੌਕੇ ਸੰਬੋਧਨ ਕਰਦਿਆਂ ਸੰਤੋਸ਼ ਬਜਾਜ ਨੇ ਮਾਂ ਦੇ ਨਿਸ਼ਕਾਮ ਪਿਆਰ, ਤਿਆਗ ਅਤੇ ਮਮਤਾ ਦੀ ਮਹਾਨਤਾ ਬਾਰੇ ਬੱਚਿਆਂ ਨੂੰ ਜਾਗਰੂਕ ਕੀਤਾ।ਉਨ੍ਹਾਂ ਕਿਹਾ ਕਿ ਮਾਂ ਬੱਚੇ ਦੀ ਪਹਿਲੀ ਅਧਿਆਪਕ ਹੁੰਦੀ ਹੈ ਜੋ ਉਸਦੇ ਜੀਵਨ ਨੂੰ ਸਹੀ ਦਿਸ਼ਾ ਦਿੰਦੀ ਹੈ।ਪ੍ਰਿੰ. ਮੋਨਿਕਾ ਖੋਖਰ ਨੇ ਵੀ ਬੱਚਿਆਂ ਨੂੰ ਮਾਂ ਦੀ ਮਮਤਾ ਅਤੇ ਮਾਪਿਆਂ ਦੇ ਸਤਿਕਾਰ ਦੀ ਮਹੱਤਤਾ ਬਾਰੇ ਪ੍ਰੇਰਨਾਦਾਇਕ ਵਿਚਾਰ ਸਾਂਝੇ ਕੀਤੇ।ਉਨ੍ਹਾਂ ਬੱਚਿਆਂ ਨੂੰ ਹਮੇਸ਼ਾ ਆਪਣੇ ਮਾਪਿਆਂ ਦਾ ਆਦਰ ਕਰਨ ਲਈ ਪ੍ਰੇਰਿਤ ਕੀਤਾ।ਸਮਾਗਮ ਨੂੰ ਸਫਲ ਬਣਾਉਣ ਵਿੱਚ ਸਕੂਲ ਦੇ ਸਟਾਫ ਮੈਂਬਰਾਂ ਅਮਨਦੀਪ, ਸੁਖਪ੍ਰੀਤ, ਜਗਰੂਪ, ਨਵਜੀਤ, ਜੋਬਨਜੀਤ, ਰਿੰਕੀ, ਗੀਨਾ ਅਤੇ ਪ੍ਰਭਜੀਤ ਦਾ ਵਿਸ਼ੇਸ਼ ਯੋਗਦਾਨ ਰਿਹਾ।ਸਮਾਗਮ ਦੇ ਅੰਤ ਵਿੱਚ ਮਾਤਾਵਾਂ ਅਤੇ ਬੱਚਿਆਂ ਨੇ ਇਕੱਠੇ ਖੁਸ਼ੀ ਦੇ ਪਲ ਬਿਤਾਏ ਅਤੇ ਸਕੂਲ ਪ੍ਰਬੰਧਕਾਂ ਵੱਲੋਂ ਸਭ ਦਾ ਧੰਨਵਾਦ ਕੀਤਾ ਗਿਆ।

# ਡੀ ਐੱਸ ਪੀ ਲਲਿਤ ਕੁਮਾਰ ਨੇ ਲਾਇਆ ਨਾਕਾ, ਕਈ ਵਾਹਨਾਂ ਦੇ ਕੱਟੇ ਚਲਾਨ

**ਫਤਿਹਗੜ੍ਹ ਚੂੜੀਆਂ, (ਜਸਦੇਵ ਸਿੰਘ ਮਾਨ)**- ਕਸਬਾ ਫਤਿਹਗੜ੍ਹ ਚੂੜੀਆਂ 'ਚ ਉਸ ਵੇਲੇ ਸਨਸਨੀ ਫੈਲ ਗਈ ਜਦੋਂ ਨਵੇਂ ਆਏ



ਡੀਐੱਸਪੀ ਲਲਿਤ ਕੁਮਾਰ ਨੇ ਆਪਣੀ ਟੀਮ ਸਮੇਤ ਮੱਛੀ ਮਾਰਕੀਟ ਵਿਖੇ ਨਾਕਾ ਲਗਾਇਆ ਹੋਇਆ ਸੀ।ਦੱਸਣਾ ਬਣਦਾ ਹੈ ਕਿ ਕਸਬੇ ਦਾ ਮੇਨ ਚੌਕ ਹੈ ਮੱਛੀ ਮਾਰਕੀਟ, ਜਿੱਥੇ ਆਵਾਜਾਈ ਜ਼ਿਆਦਾ ਹੋਣ ਕਰਕੇ ਲੋਕ ਬਾਜ਼ਾਰ ਜਾਣ ਲੱਗਿਆਂ ਆਪਣੇ ਵਾਹਨ ਵਿੱਚ ਸੜਕ ਦੇ ਲਗਾ ਜਾਂਦੇ ਸਨ ਤੇ ਆਉਣ ਜਾਣ ਵਾਲਿਆਂ ਨੂੰ ਬੜੀ ਮੁਸ਼ਕਿਲ ਹੁੰਦੀ ਸੀ।ਅੱਜ ਜਿਵੇਂ ਹੀ ਡੀਐੱਸਪੀ ਲਲਿਤ ਕੁਮਾਰ ਤੇ ਐੱਸਐੱਚਓ ਸੁਰਿੰਦਰਪਾਲ ਸਿੰਘ ਨੇ ਸ਼ੱਕੀ ਲੋਕਾਂ ਨੂੰ ਰੋਕਿਆ ਤੇ ਕਾਰਵਾਈ ਦੌਰਾਨ ਕਈ ਵਾਹਨ ਕਬਜ਼ੇ ਵਿਚ ਲਏ ਗਏ ਤੇ ਕਈਆਂ ਦੇ ਚਲਾਨ ਵੀ ਕੱਟੇ। ਮੋਟਰਸਾਈਕਲ ਸਵਾਰ ਪੁਲਸ ਨੂੰ ਦੂਰੋਂ ਦੇਖ ਕੇ ਪਿੱਛੇ ਨੂੰ ਭੱਜਦੇ ਨਜ਼ਰ ਆਏ ਤੇ ਕਈ ਮੋਟਰਸਾਈਕਲ ਤੇ ਗੇੜੀ ਮਾਰਨ ਆਏ ਵੀ ਰਾਸ਼ਨ ਵਾਲੀ ਦੁਕਾਨ 'ਚ ਵੜਦੇ ਦੇਖੇ ਗਏ ।ਇਸ ਮੌਕੇ ਗੱਲਬਾਤ ਕਰਦਿਆਂ ਡੀਐੱਸਪੀ ਲਲਿਤ ਕੁਮਾਰ ਨੇ ਦੱਸਿਆ ਕਿ ਕਸਬੇ ਲੋਕਾਂ ਨੂੰ ਬੜੀ ਮੁਸ਼ਕਿਲ ਆ ਰਹੀ ਸੀ ਜੋ ਮੋਟਰਸਾਈਕਲ ਬਿਨਾਂ ਕਾਗਜ਼, ਸ਼ਰਾਰਤੀ ਅਨਸਰ ਜੋ ਮੋਟਰਸਾਈਕਲ ਤੇ ਪਟਾਕੇ ਮਰਦੇ ਸਨ ਤੇ ਜੋ ਲੋਕ ਆਪਣੇ ਵਾਹਨਾਂ ਦੇ ਰੰਗ ਕਾਲੇ ਕਰ ਲੈਂਦੇ ਸਨ ਤੇ ਨੰਬਰ ਪਲੇਟ ਵੀ ਲਾਹ ਦਿੰਦੇ ਸਨ ਅੱਜ ਉਨ੍ਹਾਂ ਨੂੰ ਕਾਬੂ ਕਰਕੇ ਕਾਰਵਾਈ ਸ਼ੁਰੂ ਕਰ ਦਿੱਤੀ ਹੈ ਤੇ ਲੋਕ ਇਹ ਨਾ ਸਮਝਣ ਕਿ ਇਹ ਨਾਕਾ ਇਕ ਦੋ ਦਿਨ ਹੀ ਲੱਗਣਾ ਹੈ, ਸਾਡੀ ਟੀਮ ਰੋਜ਼ਾਨਾ ਹੀ ਕਸਬੇ ਦੇ ਹਰ ਮੋੜ 'ਤੇ ਚੈਕਿੰਗ ਕਰਦੀ ਰਹੇਗੀ।ਅਗਰ ਕੋਈ ਕਾਲੇ ਸ਼ੀਸ਼ੇ ਵਾਲੇ ਵਾਹਨ, ਬਿਨਾਂ ਨੰਬਰ ਪਲੇਟ ਵਾਹਨ ਜਾਂ ਕੋਈ ਨਸ਼ੇੜੀ ਨਸ਼ਾ ਵੇਚਦਾ ਜਾਂ ਕਰਦਾ ਫੜਿਆਂ ਗਿਆ, ਬਖਸ਼ਿਆ ਨਹੀਂ ਜਾਏਗਾ।

# ਰੈੱਡ ਕਰਾਸ ਸੁਸਾਇਟੀ ਵੱਲੋਂ ਸਰਬੱਤ ਦਾ ਭਲਾ ਟਰੱਸਟ ਸਨਮਾਨਿਤ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਡਿਪਟੀ ਕਮਿਸ਼ਨਰ-ਕਮ-ਪ੍ਰਧਾਨ ਰੈੱਡ ਕਰਾਸ ਸੁਸਾਇਟੀ ਦਲਵਿੰਦਰਜੀਤ ਸਿੰਘ ਦੀ ਅਗਵਾਈ ਅਤੇ ਕਾਰਜਕਾਰੀ ਸੈਕਟਰੀ ਰੈੱਡ ਕਰਾਸ ਸੈਮਸਨ ਮਸੀਹ ਦੀ ਦੇਖ-ਰੇਖ ਹੇਠ ਰੈੱਡ ਕਰਾਸ ਭਵਨ ਅੰਮ੍ਰਿਤਸਰ ਵਿਖੇ ਮਨਾਏ ਗਏ ਵਿਸ਼ਵ ਰੈੱਡ




ਕਰਾਸ ਦਿਵਸ ਮੌਕੇ ਡਾ. ਐੱਸ. ਪੀ. ਸਿੰਘ ਉਬਰਾਏ ਦੀ ਸਰਪ੍ਰਸਤੀ ਹੇਠ ਚੱਲਣ ਵਾਲੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।ਟਰੱਸਟ ਵੱਲੋਂ ਇਹ ਸਨਮਾਨ ਟਰੱਸਟ ਦੇ ਅਹੁਦੇਦਾਰ ਮਨਪ੍ਰੀਤ ਸਿੰਘ ਸੰਧੂ ਵੱਲੋਂ ਪ੍ਰਾਪਤ ਕੀਤਾ ਗਿਆ। ਸਮਾਗਮ 'ਚ ਬਤੌਰ ਮੁੱਖ ਮਹਿਮਾਨ ਪਹੁੰਚੇ ਚੀਫ਼ ਖਾਲਸਾ ਦੀਵਾਨ ਦੇ ਪ੍ਰਧਾਨ ਅਤੇ ਵਿਧਾਇਕ ਡਾ. ਇੰਦਰਬੀਰ ਸਿੰਘ ਨਿੱਜਰ ਤੋਂ ਇਲਾਵਾ ਰੈੱਡ ਕਰਾਸ ਸੁਸਾਇਟੀ ਦੇ ਆਨਰੇਰੀ ਸਕੱਤਰ ਪ੍ਰਗਤੀ ਸੇਠੀ (ਪੀਸੀਐੱਸ), ਕਾਰਜਕਾਰੀ ਸੈਕਟਰੀ ਸੈਮਸਨ ਮਸੀਹ ਅਤੇ ਜ਼ਿਲ੍ਹਾ ਸਿੱਖਿਆ ਅਫ਼ਸਰ ਰਾਜੇਸ਼ ਸ਼ਰਮਾ ਨੇ ਆਪਣੇ ਸੰਬੋਧਨ ਵਿਚ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਬਾਨੀ ਡਾ. ਐੱਸ. ਪੀ. ਸਿੰਘ ਵੱਲੋਂ ਬਿਨਾਂ ਕਿਸੇ ਭੇਦ ਭਾਵ ਤੋਂ ਮਨੁੱਖਤਾ ਦੀ ਭਲਾਈ ਲਈ ਨਿਰੰਤਰ ਨਿਭਾਏ ਜਾ ਰਹੇ ਸੇਵਾ ਕਾਰਜਾਂ ਦੀ ਸ਼ਲਾਘਾ ਕਰਦਿਆਂ ਦੱਸਿਆ ਕਿ ਉਨ੍ਹਾਂ ਦੀ ਟਰੱਸਟ ਵੱਲੋਂ ਹੜ੍ਹਾਂ ਦੌਰਾਨ ਅੰਮ੍ਰਿਤਸਰ ਜ਼ਿਲ੍ਹਾ ਪ੍ਰਸ਼ਾਸਨ ਨੂੰ ਵੱਡਾ ਸਹਿਯੋਗ ਦਿੰਦਿਆਂ ਜਿੱਥੇ ਸ਼ੁਰੂਆਤੀ ਦਿਨਾਂ 'ਚ ਵੱਡੇ ਪੱਧਰ ਤੇ ਰਾਸ਼ਨ ਦੀਆਂ ਕਿੱਟਾਂ, ਪਸ਼ੂਆਂ ਲਈ ਮੱਕੀ ਦਾ ਆਚਾਰ, ਕੰਬਲ, ਫੌਗ ਮਸ਼ੀਨਾਂ, ਮੱਛਰਦਾਨੀਆਂ ਅਤੇ ਤਰਪਾਲਾਂ ਆਦਿ ਸਾਮਾਨ ਵੰਡਿਆ ਗਿਆ ਸੀ ਉਥੇ ਹੀ ਹੜ੍ਹਾਂ ਤੋਂ ਬਾਅਦ ਹੜ੍ਹ ਪ੍ਰਭਾਵਿਤ ਲੋੜਵੰਦ ਪਰਿਵਾਰਾਂ ਦੀਆਂ ਧੀਆਂ ਦੇ ਵਿਆਹਾਂ ਲਈ ਪ੍ਰਤੀ ਪਰਿਵਾਰ 1 ਲੱਖ ਰੁਪਏ ਦੀ ਵੱਡੀ ਆਰਥਿਕ ਮਦਦ ਕਰ ਕੇ ਇੱਕ ਨਿਵੇਕਲੀ ਮਿਸਾਲ ਪੇਸ਼ ਕੀਤੀ ਹੈ। ਇਸ ਮੌਕੇ ਉਪਰੋਕਤ ਤੋਂ ਇਲਾਵਾ ਪਿੰਗਲਵਾੜਾ ਸੁਸਾਇਟੀ ਤੋਂ ਮਾਸਟਰ ਰਾਜਬੀਰ ਸਿੰਘ, ਆਸ਼ੂ ਵਿਸ਼ਾਲ ਸਮੇਤ ਵੱਖ-ਵੱਖ ਸਮਾਜ ਸੇਵੀ ਸੰਸਥਾਵਾਂ ਦੇ ਆਗੂ ਤੇ ਪ੍ਰਸ਼ਾਸਨਿਕ ਅਧਿਕਾਰੀ ਮੌਜੂਦ ਸਨ।

# ਭਾਜਪਾ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਸੰਧੂ ਨੇ ਪਿੰਡਾਂ ਤੋਂ ਆਏ ਲੋਕਾਂ ਦੀਆਂ ਮੁਸ਼ਕਿਲਾਂ ਸੁਣੀਆਂ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਸੰਧੂ ਵੱਲੋਂ ਮੁੱਖ ਦਫਤਰ ਤਰਨ ਤਾਰਨ ਸ਼ਹਿਰ ਅਤੇ ਵੱਖ-ਵੱਖ ਇਲਾਕਿਆਂ ਵਿੱਚ



ਲਗਾਤਾਰ ਲੋਕਾਂ ਨਾਲ ਰਾਬਤਾ ਬਣਾਈ ਰੱਖਦੇ ਹੋਏ ਵਰਕਰਾਂ ਅਤੇ ਆਮ ਜਨਤਾ ਦੀਆਂ ਮੁਸ਼ਕਲਾਂ ਨੂੰ ਧਿਆਨ ਨਾਲ ਸੁਣਿਆ ਜਾ ਰਿਹਾ ਹੈ।

ਲੋਕਾਂ ਦੀਆਂ ਮੁਸ਼ਕਿਲਾਂ ਸੁਣਨ ਮੌਕੇ ਉਨ੍ਹਾਂ ਦੱਸਿਆ ਕਿ ਭਾਜਪਾ ਸਰਕਾਰ ਹਮੇਸ਼ਾ ਹੀ ਲੋਕਾਂ ਦੀ ਭਲਾਈ ਲਈ ਵਚਨਬੱਧ ਰਹੀ ਹੈ ਅਤੇ ਕੇਂਦਰ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਲੋਕ-ਹਿਤੈਸ਼ੀ ਸਕੀਮਾਂ ਦਾ ਲਾਭ ਹਰ ਘਰ ਤੱਕ ਪਹੁੰਚਾਉਣਾ ਸਾਡੀ ਪਹਿਲੀ ਜ਼ਿੰਮੇਵਾਰੀ ਹੈ।ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਲੋਕਾਂ ਨੂੰ ਸਰਕਾਰੀ ਸਕੀਮਾਂ ਬਾਰੇ ਪੂਰੀ ਜਾਣਕਾਰੀ ਦੇਣਾ ਬਹੁਤ ਜ਼ਰੂਰੀ ਹੈ ਤਾਂ ਜੋ ਕੋਈ ਵੀ ਯੋਗ ਵਿਅਕਤੀ ਸਰਕਾਰ ਦੀ ਸਹਾਇਤਾ ਤੋਂ ਵਾਂਝੀ ਨਾ ਰਹਿ ਜਾਵੇ।ਇਸੇ ਉਦੇਸ਼ ਨਾਲ ਭਾਜਪਾ ਵਰਕਰ ਘਰ-ਘਰ ਜਾ ਕੇ ਲੋਕਾਂ ਨੂੰ ਕੇਂਦਰ ਸਰਕਾਰ ਦੀਆਂ ਵੱਖ-ਵੱਖ ਯੋਜਨਾਵਾਂ ਜਿਵੇਂ ਆਯੁਸ਼ਮਾਨ ਭਾਰਤ ਯੋਜਨਾ, ਪ੍ਰਧਾਨ ਮੰਤਰੀ ਆਵਾਸ ਯੋਜਨਾ, ਉਜਵਲਾ ਯੋਜਨਾ, ਕਿਸਾਨ ਸਨਮਾਨ ਨਿਧੀ ਅਤੇ ਹੋਰ ਭਲਾਈ ਸਕੀਮਾਂ ਬਾਰੇ ਜਾਣੂ ਕਰਵਾ ਰਹੇ ਹਨ।ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਸੰਧੂ ਨੇ ਕਿਹਾ ਕਿ ਪੰਜਾਬ ਦੀ ਸੱਤਾ ਤੇ ਰਾਜ ਕਰਨ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਅਤੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਪੰਜਾਬ ਦੇ ਲੋਕਾਂ ਨਾਲ ਵੱਡਾ ਝੂਠ ਬੋਲਿਆ ਹੈ ਅਤੇ ਜਿੰਨੇ ਵੀ ਚੋਣਾਂ ਵੇਲੇ ਵਾਅਦੇ ਕੀਤੇ ਸਨ ਉਨ੍ਹਾਂ ਵਿੱਚੋਂ ਇੱਕ ਵੀ ਵਾਅਦਾ ਪੂਰਾ ਨਹੀਂ ਕੀਤਾ ਗਿਆ।ਹਰਜੀਤ ਸਿੰਘ ਸੰਧੂ ਨੇ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਦੇਸ਼ ਤੇਜ਼ੀ ਨਾਲ ਵਿਕਾਸ ਦੇ ਰਾਹ 'ਤੇ ਅੱਗੇ ਵੱਧ ਰਿਹਾ ਹੈ।

ਕੇਂਦਰ ਸਰਕਾਰ ਨੇ ਹਰ ਵਰਗ ਲਈ ਵਿਸ਼ੇਸ਼ ਯੋਜਨਾਵਾਂ ਸ਼ੁਰੂ ਕੀਤੀਆਂ ਹਨ ਤਾਂ ਜੋ ਗਰੀਬ, ਕਿਸਾਨ, ਮਜ਼ਦੂਰ, ਮਹਿਲਾਵਾਂ ਅਤੇ ਨੌਜਵਾਨਾਂ ਨੂੰ ਮਜ਼ਬੂਤ ਕੀਤਾ ਜਾ ਸਕੇ।ਉਨ੍ਹਾਂ ਕਿਹਾ ਕਿ ਦੇਸ਼ ਦੇ ਵਿਕਾਸ ਵਿੱਚ ਹਰ ਨਾਗਰਿਕ ਦੀ ਭਾਗੀਦਾਰੀ ਯਕੀਨੀ ਬਣਾਉਣ ਲਈ ਭਾਜਪਾ ਲਗਾਤਾਰ ਜਨ ਸੰਪਰਕ ਮੁਹਿੰਮ ਚਲਾ ਰਹੀ ਹੈ।ਇਸ ਦੌਰਾਨ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਸੰਧੂ ਨੇ ਵਰਕਰਾਂ ਨੂੰ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ ਅਤੇ ਲੋਕਾਂ ਦੀ ਸੇਵਾ ਨੂੰ ਆਪਣਾ ਮੁੱਖ ਧਿਆਨ ਬਣਾਉਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਉਨ੍ਹਾਂ ਨਾਲ ਜ਼ਿਲ੍ਹੇ ਦੇ ਹੋਰ ਪਾਰਟੀ ਦੇ ਪ੍ਰਮੁੱਖ ਆਗੂ ਵੀ ਮੌਜੂਦ ਸਨ।

# ਜ਼ਿਲ੍ਹਾ ਗੁਰਦਾਸਪੁਰ ਦੇ ਸਰਕਾਰੀ ਸਕੂਲਾਂ ਦੇ 14 ਵਿਦਿਆਰਥੀ ਜੇ ਈ ਈ ਮੇਨ ਦੀ ਪ੍ਰੀਖਿਆ 'ਚੋਂ ਪਾਸ

## *ਹੋਣਹਾਰ ਵਿਦਿਆਰਥੀਆਂ ਨੂੰ ਮੁੱਖ ਮੰਤਰੀ ਤੇ ਸਿੱਖਿਆ ਮੰਤਰੀ ਪੰਜਾਬ ਨੇ ਮੁਹਾਲੀ ਵਿਖੇ ਕੀਤਾ ਸਨਮਾਨਿਤ

**ਧਾਰੀਵਾਲ, (ਮਨਦੀਪ ਵਿੱਕੀ)**- ਪੰਜਾਬ ਸਰਕਾਰ ਵੱਲੋਂ ਸਿੱਖਿਆ ਦਾ ਪੱਧਰ ਉੱਚਾ ਚੁੱਕਣ ਅਤੇ ਵਿਦਿਆਰਥੀਆਂ ਨੂੰ ਸਮੇਂ ਦੇ ਹਾਣੀ ਬਣਾਉਣ ਲਈ ਸਰਕਾਰੀ ਸਕੂਲਾਂ ਵਿੱਚ ਪੜਦੇ 10+1 ਤੇ 10+2 ਵਿਦਿਆਰਥੀਆਂ ਲਈ ਕੋਚਿੰਗ ਜਮਾਤਾਂ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਹੈ, ਜਿਸ ਤਹਿਤ ਸਰਕਾਰੀ ਸਕੂਲਾਂ ਵਿੱਚ ਪੜਦੇ ਅਨੇਕਾਂ ਵਿਦਿਆਰਥੀ ਇਨ੍ਹਾਂ ਕੋਚਿੰਗ ਜਮਾਤਾਂ ਦਾ ਲਾਭ ਉਠਾ ਰਹੇ ਹਨ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਸਿੱਖਿਆ ਅਫਸਰ ਪਰਮਜੀਤ ਅਤੇ ਜ਼ਿਲ੍ਹਾ ਨੋਡਲ ਅਫਸਰ ਸ: ਅਮਰਜੀਤ ਸਿੰਘ ਪੁਰੇਵਾਲ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਵਿਭਾਗ ਵੱਲੋਂ ਸਾਇੰਸ ਅਤੇ ਆਰਟਸ ਸਟਰੀਮ ਵਿੱਚ ਪੜਦੇ ਸਾਰੇ ਵਿਦਿਆਰਥੀਆਂ ਲਈ ਜੇ.ਈ.ਈ, ਨੀਟ ਅਤੇ ਕਲੈਟ ਪ੍ਰੀਖਿਆ ਲਈ ਸਪੈਸ਼ਲ ਕੋਚਿੰਗ ਲਗਾਈ ਜਾਂਦੀ ਹੈ ਅਤੇ ਇਹ ਸਹੂਲਤ ਹਰੇਕ ਸਾਲ ਵਿਦਿਆਰਥੀਆਂ ਨੂੰ ਮੁਫਤ ਦਿੱਤੀ ਜਾਂਦੀ ਹੈ।ਉਨ੍ਹਾਂ ਦੱਸਿਆ ਕਿ ਇਸ ਸਾਲ ਵੀ ਜੇਈਈ ਅਤੇ ਨੀਟ ਦੀ ਕੋਚਿੰਗ ਮੈਰੀਟੋਰੀਅਸ ਸਕੂਲ ਜਲੰਧਰ ਵਿਖੇ ਚੱਲ ਰਹੀ ਹੈ , ਜਿਸ ਵਿੱਚ ਪੂਰੇ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਪੜਦੇ ਵਿਦਿਆਰਥੀ ਹੀ ਹਿੱਸਾ ਲੈ ਰਹੇ ਹਨ ।ਇਨ੍ਹਾਂ ਕੋਚਿੰਗ ਜਮਾਤਾਂ ਨੂੰ ਸਫਲਤਾ ਪੂਰਵਕ ਚਲਾਉਣ ਲਈ ਵਿਭਾਗ ਵੱਲੋਂ ਆਈ.ਆਈ.ਟੀ ਕਾਨਪੁਰ ਤੋਂ ਮਾਹਿਰ ਸਟਾਫ ਦਾ ਵਿਸ਼ੇਸ ਪ੍ਰਬੰਧ ਕੀਤਾ ਹੋਇਆ ਹੈ, ਜਿਸ ਦੀ ਮਿਸਾਲ ਇਸ ਸਾਲ ਪੂਰੇ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਪੜਦੇ 351 ਵਿਦਿਆਰਥੀਆਂ ਨੇ ਜੇਈਈ ਮੇਨ ਪ੍ਰੀਖਿਆ ਪਾਸ ਕਰਕੇ ਕਾਇਮ ਕੀਤੀ ਹੈ। ਇਸ ਵਿਚੋਂ



ਜ਼ਿਲ੍ਹਾ ਗੁਰਦਾਸਪੁਰ ਦੇ 14 ਵਿਦਿਆਰਥੀਆਂ ਨੇ ਜੇਈਈ ਮੇਨ ਪ੍ਰਖਿਆ ਪਾਸ ਕਰਕੇ ਆਪਣੇ ਮਾਪਿਆਂ, ਸਕੂਲ ਮੁਖੀਆਂ ਅਤੇ ਅਧਿਆਪਕਾਂ ਦਾ ਨਾਮ ਰੋਸ਼ਨ ਕੀਤਾ ਹੈ ।ਇਨ੍ਹਾਂ 14 ਵਿਦਿਆਰਥੀਆਂ ਵਿੱਚੋਂ ਸਸਸਸ ਦੀਨਾਨਗਰ (ਲੜਕੇ) ਦੇ 05 ਵਿਦਿਆਰਥੀ ਦੀਕਸ਼ਾ, ਨਕੁਲ ਸੈਣੀ, ਜੀਆ ਸੈਣੀ ਤਨਿਕਸ਼ਾ ਠਾਕੁਰ ਤੇ ਤਨਿਸ਼ ਸੈਣੀ, ਮੈਰੀਟੋਰੀਅਸ ਸਕੂਲ ਗੁਰਦਾਸਪੁਰ ਦੇ 02 ਵਿਦਿਆਰਥੀ ਸ਼ੁਭਮਪ੍ਰੀਤ ਤੇ ਰਾਹੁਲ ਹੰਸ, ਸਸਸਸ ਤਾਰਾਗੜ ਦੇ ਸਿਮਰਜੋਤ ਸਿੰਘ, ਸਸਸਸ ਸਾਹਪੁਰ ਜਾਜਨ ਦੇ ਆਸ਼ਿਮ ਗੰਭੀਰ, ਸਸਸਸ ਮਿਰਜਾਜਾਨ ਦੇ ਨਵਨੂਰ ਸਿੰਘ, ਸਸਸਸ ਸ਼ੰਕਰਪੁਰ ਦੇ ਸੁਮਨਪ੍ਰੀਤ ਸਿੰਘ, ਸਸਸਸ ਗੁਰਦਾਸਪੁਰ (ਲੜਕੀਆਂ) ਦੀ ਜਸਮੀਨ, ਸਸਸਸ ਕਾਲਾ ਨੰਗਲ ਦੇ ਮੰਥਨ ਅਤੇ ਆਦਰਸ਼ ਸਕੂਲ ਕੋਟ ਧੰਦਲ ਦੇ ਰਾਹੁਲ ਹੰਸ ਆਦਿ ਕ੍ਰਮਵਾਰ ਹਨ ।ਜ਼ਿਲ੍ਹਾ ਸਿੱਖਿਆ ਅਫ਼ਸਰ ਮੈਡਮ ਪਰਮਜੀਤ ਵਲੋਂ ਇਨ੍ਹਾਂ ਸਮੂਹ ਵਿਦਿਆਰਥੀਆਂ ਨੂੰ, ਉਨ੍ਹਾਂ ਦੇ ਮਾਪਿਆਂ, ਅਧਿਆਪਕਾਂ ਅਤੇ ਸਕੂਲ ਮੁਖੀਆਂ ਨੂੰ ਇਸ ਮਹਾਨ ਪ੍ਰਾਪਤੀ ਲਈ ਵਧਾਈ ਦਿੱਤੀ ।ਸ: ਪੁਰੇਵਾਲ ਨੇ ਦੱਸਿਆ ਕਿ ਇਨ੍ਹਾਂ ਵਿਦਿਆਰਥੀਆਂ ਨੂੰ ਵਿੱਦਿਆ ਭਵਨ ਮੁਹਾਲੀ ਵਿਖੇ ਮਾਨਯੋਗ ਮੁੱਖ ਮੰਤਰੀ ਅਤੇ ਸਿੱਖਿਆ ਮੰਤਰੀ ਪੰਜਾਬ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।ਹੁਣ ਇਨ੍ਹਾਂ ਵਿਦਿਆਰਥੀਆਂ ਲਈ ਜੇਈਈ ਐਡਵਾਂਸ ਦੀ ਤਿਆਰੀ ਵਾਸਤੇ ਕੋਚਿੰਗ ਕੈਂਪ ਮੈਰੀਟੋਰੀਅਸ ਸਕੂਲ ਜਲੰਧਰ ਵਿਖੇ ਲਗਾਤਾਰ ਜਾਰੀ ਹਨ, ਜਿਹੜੇ ਵਿਦਿਆਰਥੀ ਆਫਲਾਈਨ ਕੋਚਿੰਗ ਲੈਣ ਲਈ ਇੱਛੁਕ ਨਹੀਂ ਹਨ ਉਨ੍ਹਾਂ ਵਾਸਤੇ ਵਿਭਾਗ ਵਲੋਂ ਪੇਸ ਪੋਰਟਲ ਅਤੇ ਸਾਥੀ ਐਪ ਰਾਹੀਂ ਆਨਲਾਈਨ ਕੋਚਿੰਗ ਦਿੱਤੀ ਜਾਂਦੀ ਹੈ ।ਸਮੇਂ ਸਮੇਂ ਤੇ ਵਿਦਿਆਰਥੀਆਂ ਨੂੰ ਅਨੇਕਾਂ ਵੱਖ ਵੱਖ ਟੈਸਟਾਂ ਦੀ ਤਿਆਰੀ ਲਈ ਕੋਚਿੰਗ ਮੁਫ਼ਤ ਪ੍ਰਦਾਨ ਕੀਤੀ ਜਾਂਦੀ ਹੈ । ਇਹ ਸਹੂਲਤ ਸਿਰਫ ਸਰਕਾਰੀ ਸਕੂਲਾਂ ਵਿੱਚ ਪੜਦੇ ਵਿਦਿਆਰਥੀ ਹੀ ਲੈ ਸਕਦੇ ਹਨ।ਵਿਭਾਗ ਵੱਲੋਂ ਸਮੇਂ ਸਮੇਂ 'ਤੇ ਮੁਫਤ ਸਮਰ ਕੈਂਪ, ਵਿੰਟਰ ਕੈਂਪ ਆਦਿ ਦਾ ਖਾਸ ਪ੍ਰਬੰਧ ਕੀਤਾ ਜਾਂਦਾ ਹੈ ।ਇਸ ਸਮੇਂ ਵਿਦਿਆਰਥੀਆਂ ਨਾਲ ਸ: ਅਮਰਜੀਤ ਸਿੰਘ ਪੁਰੇਵਾਲ, ਜ਼ਿਲ੍ਹਾ ਨੋਡਲ ਅਫਸਰ, ਗਗਨਦੀਪ ਕੌਰ ਸਾਇੰਸ ਮਿਸਟ੍ਰੈੱਸ ਅਤੇ ਗਗਨਦੀਪ ਲਾਇਬ੍ਰੇਰੀਅਨ ਵੀ ਹਾਜ਼ਰ ਸਨ ।

# ਬਜ਼ੁਰਗਾਂ ਨਾਲ ਸਮਾਂ ਬਤੀਤ ਕਰਕੇ ਮਨਾਇਆ ਮਦਰ'ਜ਼ ਡੇਅ




**ਛੇਹਰਟਾ, (ਮਨੋਜ ਕੁਮਾਰ) :** ਗੁਰੂ ਅਰਜਨ ਦੇਵ ਕਾਲਜ ਆਫ ਨਰਸਿੰਗ, ਝਬਾਲ ਰੋਡ ਦੀ ਡਾਇਰੈਕਟਰ ਰਾਧਿਕਾ ਚੁੱਘ ਦੀ ਅਗਵਾਈ ਹੇਠ ਮਦਰਜ਼ ਡੇਅ ਮਨਾਇਆ ਗਿਆ। ਇਸ ਮੌਕੇ ਕਾਲਜ ਦੇ ਵਿਦਿਆਰਥੀਆਂ ਤੇ ਸਟਾਫ ਨੇ ਬਿਰਧ ਆਸ਼ਰਮ ਦਾ ਦੌਰਾ ਕੀਤਾ ਅਤੇ ਬਜ਼ੁਰਗਾਂ ਨਾਲ ਸਮਾਂ ਬਿਤਾਇਆ। ਵਿਦਿਆਰਥੀਆਂ ਨੇ ਬਜ਼ੁਰਗਾਂ ਨਾਲ ਗੱਲਬਾਤ ਕੀਤੀ, ਉਨ੍ਹਾਂ ਦੀ ਤੰਦਰੁਸਤੀ ਬਾਰੇ ਪੁੱਛਿਆ ਤੇ ਉਨ੍ਹਾਂ ਦੇ ਅਨੁਭਵ ਸੁਣੇ। ਇਸ ਮੌਕੇ ਕਾਲਜ ਡਾਇਰੈਕਟਰ ਰਾਧਿਕਾ ਚੁੱਘ ਨੇ ਕਿਹਾ ਕਿ ਮਾਦਰਜ਼ ਡੇਅ ਮਾਵਾਂ ਤੇ ਬਜ਼ੁਰਗਾਂ ਪ੍ਰਤੀ ਸਤਿਕਾਰ, ਪਿਆਰ ਤੇ ਸੇਵਾ ਦੇ ਪ੍ਰਗਟਾਵਾ ਕਰਨ ਦਾ ਦਿਨ ਹੈ। ਸਾਨੂੰ ਆਪਣੇ ਬਜ਼ੁਰਗਾਂ ਦਾ ਸਤਿਕਾਰ ਕਰਨਾ ਚਾਹੀਦਾ ਹੈ ਤੇ ਉਨ੍ਹਾਂ ਦੇ ਤਜਰਬਿਆਂ ਤੋਂ ਸਿੱਖਣਾ ਚਾਹੀਦਾ ਹੈ। ਕਾਲਜ ਵੱਲੋਂ ਸਾਰੇ ਬਜ਼ੁਰਗਾਂ ਨੂੰ ਸਨਮਾਨਿਤ ਕੀਤਾ ਗਿਆ ਅਤੇ ਉਨ੍ਹਾਂ ਦੀ ਚੰਗੀ ਸਿਹਤ ਤੇ ਖੁਸ਼ਹਾਲ ਜੀਵਨ ਦੀ ਕਾਮਨਾ ਕੀਤੀ। ਕਾਲਜ ਨੇ ਬਿਰਧ ਆਸ਼ਰਮ ਦੀ ਮੈਨੇਜਮੈਂਟ, ਜਿਨ੍ਹਾਂ ਵਿੱਚ ਮੈਨੇਜਿੰਗ ਟਰੱਸਟੀ ਖੁਸ਼ਵਿੰਦਰ ਸਿੰਘ ਸੰਧੂ, ਇੰਚਾਰਜ ਬਲਵਿੰਦਰ ਸਿੰਘ, ਰੁਪਿੰਦਰ ਕੌਰ ਤੇ ਪੂਨਮ ਸ਼ਾਮਲ ਹਨ, ਦਾ ਵਿਸ਼ੇਸ਼ ਧੰਨਵਾਦ ਕੀਤਾ। ਇਸ ਮੌਕੇ ਮੈਨੇਜਮੈਂਟ ਹੈੱਡ ਮੋਨਿਕਾ ਤਲਵਾੜ, ਹਰਸੁਮੀਤ ਕੌਰ, ਸਵਿਤਾ ਸ਼ਰਮਾ, ਰਮਨਦੀਪ ਕੌਰ, ਜੈਸਮੀਨ, ਸਨੇਹਾ, ਪਾਇਲ, ਅਰਸ਼ਪ੍ਰੀਤ, ਜਸ਼ਨ ਤੇ ਅਨਮੋਲ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ ।

# ਇੰਟਕ ਪ੍ਰਧਾਨ ਗੁਲਜ਼ਾਰ ਸਿੰਘ ਖਾਸਾ ਅਕਾਲੀ ਦਲ ਵਾਰਿਸ ਪੰਜਾਬ ਦੇ 'ਚ ਸ਼ਾਮਲ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਕਾਂਗਰਸ ਪਾਰਟੀ ਨੂੰ ਉਸ ਵੇਲੇ ਵੱਡਾ ਸਿਆਸੀ ਝਟਕਾ ਲੱਗਾ ਜਦੋਂ ਜ਼ਿਲ੍ਹਾ ਦਿਹਾਤੀ ਅੰਮ੍ਰਿਤਸਰ ਦੇ ਮੌਜੂਦਾ ਇੰਟਕ ਪ੍ਰਧਾਨ ਗੁਲਜ਼ਾਰ ਸਿੰਘ ਖਾਸਾ ਆਪਣੇ ਸਾਥੀਆਂ ਸਮੇਤ ਕਾਂਗਰਸ ਪਾਰਟੀ ਨੂੰ ਅਲਵਿਦਾ ਕਹਿ ਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਿਲ ਹੋ ਗਏ।ਇਸ ਮੌਕੇ ਗੁਲਜ਼ਾਰ ਸਿੰਘ ਖਾਸਾ ਨੇ ਕਿਹਾ ਕਿ ਉਹ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੀ ਨਿਡਰ ਅਤੇ ਪੰਜਾਬ-ਪੱਖੀ ਸੋਚ ਤੋਂ ਪ੍ਰਭਾਵਿਤ ਹੋ ਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਨਾਲ ਜੁੜੇ ਹਨ। ਪ੍ਰੈੱਸ ਕਾਨਫਰੰਸ 'ਚ ਮੁੱਖ ਆਗੂਆਂ ਵਿੱਚ ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਪਰਮਜੀਤ ਸਿੰਘ ਜੌਹਲ, ਐਡਵੋਕੇਟ ਕਰਮਵੀਰ ਸਿੰਘ, ਭਾਈ ਅਮਨਦੀਪ ਸਿੰਘ ਡੱਡੂਆਣਾ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਜੁਗਰਾਜ ਸਿੰਘ ਮਹਿਤਾ, ਭਾਈ ਬਲਦੇਵ ਸਿੰਘ ਜੱਲੂਪੁਰ, ਭਾਈ ਹਰਕਮਲਪ੍ਰੀਤ ਸਿੰਘ, ਭਾਈ ਰਘਬੀਰ ਸਿੰਘ,



ਬਾਬਾ ਬਿਬੇਕ ਸਿੰਘ, ਭਾਈ ਜੁਗਰਾਜ ਸਿੰਘ ਨਰਾਇਣਗੜ੍ਹ, ਭਾਈ ਮਹਿੰਦਰਪਾਲ ਸਿੰਘ ਤੁੰਗ, ਭਾਈ ਕੁਲਵਿੰਦਰ ਸਿੰਘ ਵਡਾਲੀ, ਜਸਕਰਨ ਸਿੰਘ ਲੋਪੋਕੇ, ਜੁਗਰਾਜ ਸਿੰਘ ਭੰਗਵਾਂ, ਗੁਰਵਿੰਦਰ ਸਿੰਘ ਲੋਪੋਕੇ, ਭਾਈ ਹਰਪ੍ਰੀਤ ਸਿੰਘ ਸਿੰਘ, ਭਾਈ ਬਲਵੰਤ ਸਿੰਘ ਡੇਹਰੀਵਾਲ ਹਾਜ਼ਰ ਸਨ।

# ਸਕੂਲ ਆਫ ਐਮੀਨੈਂਸ ਕਿਲਾ ਮੰਡੀ ਕੈਂਪਸ 'ਚ ਵਰਲਡ ਰੈੱਡ ਕਰਾਸ ਦਿਵਸ ਮਨਾਇਆ

**ਬਟਾਲਾ, (ਡਾ. ਮਲਵਿੰਦਰ ਸਿੰਘ)**- ਵਿਸ਼ਵ ਪ੍ਰਸਿੱਧ ਮੁੱਢਲੀ ਸਹਾਇਤਾ ਦੇ ਬਾਨੀ ਭਾਈ ਘਨ੍ਹਈਆ ਜੀ ਦੇ ਸੰਦੇਸ਼ ਨੂੰ ਜੀਨ ਹੈਨਰੀ ਡਿਊਨਾ (ਨੋਬਲ ਸ਼ਾਂਤੀ ਪੁਰਸਕਾਰ ਜੇਤੂ) ਦੇ ਜਨਮ ਦਿਵਸ ਨੂੰ ਸਮਰਪਿਤ ਵਰਲਡ ਰੈੱਡ ਕਰਾਸ ਡੇ ਮੌਕੇ ਸਕੂਲ ਆਫ ਐਮੀਨੈਂਸ ਕਿਲਾ ਮੰਡੀ ਕੈਂਪਸ ਵੱਲੋਂ ਸੈਮੀਨਾਰ ਕਰਵਾਇਆ ਗਿਆ ਜਿਸ ਵਿਚ ਪ੍ਰਿੰਸੀਪਲ ਸੁਨੀਤਾ ਸ਼ਰਮਾ ਦੇ ਦਿਸ਼ਾ ਨਿਰਦੇਸ਼ 'ਚ ਇੰਚਾਰਜ ਹਰਪ੍ਰੀਤ ਕੌਰ ਦੀ ਅਗਵਾਈ ਵਿੱਚ ਲੈਕਚਰਾਰ ਹਰਪ੍ਰੀਤ ਸਿੰਘ, ਮਨੀ ਭੱਲਾ, ਹਰਪ੍ਰੀਤ ਸਿੰਘ, ਪਰਮਜੀਤ ਕੌਰ, ਜਸਬੀਰ ਕੌਰ, ਹਰਪ੍ਰੀਤ, ਕਿਰਨਦੀਪ ਕੌਰ, ਮਨਦੀਪ ਕੌਰ ਸਮੇਤ, ਬੁਲਾਰੇ ਵਜੋ ਪੋਸਟ ਵਾਰਡਨ ਹਰਬਖਸ਼ ਸਿੰਘ ਤੇ ਮਨਿੰਦਰ ਕੌਰ ਦੇ ਨਾਲ ਸੀਡੀ ਵਲੰਟੀਅਰ ਜਗਪ੍ਰੀਤ ਸਿੰਘ, ਗੁਰਪ੍ਰੀਤ ਸਿੰਘ ਅਤੇ ਵਿਦਿਆਰਥੀਆਂ ਨੇ ਹਿੱਸਾ ਲਿਆ।ਇਸ ਮੌਕੇ ਨਾਗਰਿਕ ਸੁਰੱਖਿਆ ਦੀਆਂ ਗਤੀਵਿਧੀਆਂ ਬਾਰੇ ਦੱਸਿਆ ਗਿਆ ਅਤੇ ਸੜਨ, ਕੱਟ, ਰਿਕਵਰੀ ਪੁਜ਼ੀਸ਼ਨ ਦਾ ਅਭਿਆਸ



ਕਰਵਾਇਆ।ਜ਼ਰੂਰਤ ਪੈਣ 'ਤੇ ਪੁਲਸ, ਐਂਬੂਲੈਂਸਾਂ, ਫਾਇਰ ਬ੍ਰਿਗੇਡ ਨੂੰ ਸੂਚਨਾ ਦੇਣ ਹਿੱਤ ਹੈਲਪ ਲਾਈਨ ਨੰਬਰਾਂ ਦੀ ਵਰਤੋਂ ਬਾਰੇ ਵੀ ਦੱਸਿਆ ਗਿਆ। ਜ਼ਿਕਰਯੋਗ ਹੈ ਕਿ ਪੀੜਤਾਂ ਦੀ ਮਦਦ ਕਰਨ ਵਾਲੇ ਬਹਾਦਰ ਵਿਦਿਆਰਥੀਆਂ ਨੂੰ ਭਾਰਤ/ਪੰਜਾਬ ਸਰਕਾਰ ਅਤੇ ਸਥਾਨਕ ਸੰਸਥਾਵਾਂ ਵੱਲੋਂ ਸਨਮਾਨਿਤ ਕੀਤਾ ਜਾਂਦਾ ਹੈ।

# ਕਈ ਮਿੱਠੀਆਂ ਯਾਦਾਂ ਛੱਡ ਗਿਆ ਪ੍ਰਤਾਪ ਵਰਲਡ ਸਕੂਲ 'ਚ ਮਾਂ ਨੂੰ ਸਮਰਪਤ ਦਿਹਾੜਾ

**ਪਠਾਨਕੋਟ (ਦਵਿੰਦਰ ਸਿੰਘ)**- ਪ੍ਰਤਾਪ ਵਰਲਡ ਸਕੂਲ ਪਠਾਨਕੋਟ ਵਿਖੇ ਮਾਤਾ ਦਿਵਸ ਬਹੁਤ ਹੀ ਉਤਸ਼ਾਹ, ਪਿਆਰ ਅਤੇ ਖੁਸ਼ਗਵਾਰ ਮਾਹੌਲ ਵਿੱਚ ਮਨਾਇਆ ਗਿਆ। 150 ਤੋਂ ਵੱਧ ਮਾਵਾਂ ਨੇ ਆਪਣੇ ਬੱਚਿਆਂ ਨਾਲ ਭਾਗ ਲਿਆ। ਮਾਵਾਂ ਅਤੇ ਬੱਚਿਆਂ ਵਿਚਕਾਰ ਭਾਵਨਾਤਮਕ ਰਿਸ਼ਤਿਆਂ ਨੂੰ ਹੋਰ ਮਜ਼ਬੂਤ ਬਣਾਉਣ ਅਤੇ ਖੁਸ਼ੀਆਂ ਅਤੇ ਆਪਣੇਪਣ ਦੇ ਸੁੰਦਰ ਪਲ ਸਾਂਝੇ ਕਰਨ ਲਈ ਕਈ ਮਨੋਰੰਜਕ ਗਤੀਵਿਧੀਆਂ ਕਰਵਾਈਆਂ ਗਈਆਂ।ਸਮਾਰੋਹ ਦੌਰਾਨ ਮਾਵਾਂ ਲਈ ਕਈ ਦਿਲਚਸਪ ਮੁਕਾਬਲੇ ਅਤੇ ਖੇਡਾਂ ਆਯੋਜਿਤ ਕੀਤੀਆਂ ਗਈਆਂ, ਜਿਨ੍ਹਾਂ ਵਿੱਚ ਪਾਸ ਦ ਬੇਬੀ ਐਂਡ ਚੈੱਕ ਯੂਅਰ ਲੱਕ, ਨਿੰਬੂ ਦੌੜ, ਅੰਤਾਕਸ਼ਰੀ ਅਤੇ ਆਕਰਸ਼ਕ ਸੁੰਦਰਤਾ ਪ੍ਰਤੀਯੋਗਿਤਾ ਸ਼ਾਮਲ ਸਨ। ਵਿਦਿਆਰਥੀਆਂ ਨੇ ਵੀ ਆਪਣੀਆਂ ਮਾਵਾਂ ਨੂੰ ਸਮਰਪਿਤ ਵਿਸ਼ੇਸ਼ ਪੇਸ਼ਕਾਰੀਆਂ ਕੀਤੀਆਂ। ਇਸ ਮੌਕੇ ਜ਼ਿਲ੍ਹਾ ਨੋਡਲ ਅਧਿਕਾਰੀ ਪਠਾਨਕੋਟ ਨਿਧੀ ਮਹਿਤਾ ਮੁੱਖ ਮਹਿਮਾਨ ਵਜੋਂ ਹਾਜ਼ਰ ਹੋਏ।ਉਨ੍ਹਾਂ ਨੇ ਕਿਹਾ ਕਿ ਮਾਤਾ ਦਿਵਸ ਸਿਰਫ਼ ਇੱਕ ਤਿਉਹਾਰ ਨਹੀਂ, ਸਗੋਂ ਉਨ੍ਹਾਂ ਮਾਵਾਂ ਪ੍ਰਤੀ ਪਿਆਰ, ਸਨਮਾਨ ਅਤੇ ਧੰਨਵਾਦ ਪ੍ਰਗਟ ਕਰਨ ਦਾ ਮੌਕਾ ਹੈ, ਜੋ ਹਰ ਪਰਿਵਾਰ ਦੀ ਮਜ਼ਬੂਤ ਨੀਂਹ ਹੁੰਦੀਆਂ ਹਨ।ਸਕੂਲ ਦੇ ਡਾਇਰੈਕਟਰ ਸੰਨੀ ਮਹਾਜਨ ਨੇ ਕਿਹਾ ਕਿ ਮਾਂ ਬੱਚੇ ਦੀ ਪਹਿਲੀ ਅਧਿਆਪਕਾ,



ਮਾਰਗਦਰਸ਼ਕ ਅਤੇ ਸਭ ਤੋਂ ਮਜ਼ਬੂਤ ਸਹਾਰਾ ਹੁੰਦੀ ਹੈ ਅਤੇ ਸਕੂਲ ਦੀ ਡਾਇਰੈਕਟਰ ਓਸ਼ਿਨ ਮਹਾਜਨ ਨੇ ਮਾਤਰਤਵ ਨੂੰ ਪਿਆਰ ਅਤੇ ਸ਼ਕਤੀ ਦਾ ਸਭ ਤੋਂ ਪਵਿੱਤਰ ਰੂਪ ਦੱਸਿਆ।ਸਕੂਲ ਦੇ ਪ੍ਰਿੰਸੀਪਲ ਸ਼ੁਭਰਾ ਰਾਣੀ ਨੇ ਵੀ ਸਭ ਮਾਵਾਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਮਾਵਾਂ ਬੱਚਿਆਂ ਵਿੱਚ ਸੰਸਕਾਰ, ਆਤਮਵਿਸ਼ਵਾਸ ਅਤੇ ਸੰਵੇਦਨਸ਼ੀਲਤਾ ਵਿਕਸਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ।

# ਬੀਆਈਐੱਸ ਕੁਇਜ਼ ਮੁਕਾਬਲੇ 'ਚ ਸ਼ਾਨਦਾਰ ਪ੍ਰਦਰਸ਼ਨ

**ਪਠਾਨਕੋਟ, (ਦਵਿੰਦਰ ਸਿੰਘ)**- ਜ਼ਿਲ੍ਹੇ ਦਾ ਨਾਮ ਰੌਸ਼ਨ ਕਰਦੇ ਹੋਏ ਸੁਜਾਨਪੁਰ ਦੇ ਸਰਕਾਰੀ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਦੀ ਵਿਦਿਆਰਥਣ ਰਿਤਿਕਾ ਨੇ 15 ਮਾਰਚ ਨੂੰ ਆਯੋਜਿਤ ਰਾਸ਼ਟਰੀ ਪੱਧਰ ਦੇ ਬੀਆਈਐੱਸ ਕੁਇਜ਼ ਮੁਕਾਬਲੇ ਵਿੱਚ ਪਹਿਲਾ ਇਨਾਮ ਹਾਸਲ ਕੀਤਾ।ਇਹ ਉਪਲਬਧੀ ਉਸਦੀ ਲਗਾਤਾਰ ਮਿਹਨਤ ਅਤੇ ਅਧਿਆਪਕਾ ਰੇਣੁਕਾ ਮਹਾਜਨ ਦੇ ਮਾਰਗਦਰਸ਼ਨ ਦਾ ਨਤੀਜਾ ਹੈ, ਜਿਨ੍ਹਾਂ ਨੇ ਤਿਆਰੀ ਅਤੇ ਹੌਸਲਾ ਅਫ਼ਜ਼ਾਈ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ।ਇਸ ਮੌਕੇ ਭਾਰਤੀ ਮਿਆਰ ਬਿਊਰੋ (ਬੀਆਈਐੱਸ) ਦੇ ਸਰੋਤ ਵਿਅਕਤੀ ਅਤੇ ਪਠਾਨਕੋਟ ਦੇ



ਸਾਬਕਾ ਉਪ ਡੀਈਓ ਰਾਜੇਸ਼ਵਰ ਸਲਾਰੀਆ ਨੇ ਰੇਣੁਕਾ ਮਹਾਜਨ ਅਤੇ ਉਨ੍ਹਾਂ ਦੀਆਂ ਵਿਦਿਆਰਥਣਾਂ ਦੇ ਸ਼ਾਨਦਾਰ ਯਤਨਾਂ ਦੀ ਪ੍ਰਸ਼ੰਸਾ ਕੀਤੀ।ਉਨ੍ਹਾਂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਇਸ ਤਰ੍ਹਾਂ ਦੀਆਂ ਉਪਲਬਧੀਆਂ ਨੌਜਵਾਨਾਂ ਵਿੱਚ ਗੁਣਵੱਤਾ ਪ੍ਰਤੀ ਜਾਗਰੂਕਤਾ ਅਤੇ ਮਿਆਰੀਕਰਨ ਦੀ ਸੰਸਕ੍ਰਿਤੀ ਨੂੰ ਕਿਵੇਂ ਪ੍ਰੇਰਿਤ ਕਰਦੀਆਂ ਹਨ।ਸ਼੍ਰੀ ਸਲਾਰੀਆ ਨੇ ਐੱਸਪੀਓ ਆਸ਼ੀਸ਼ ਦਿਵੇਦੀ ਅਤੇ ਜੀਵਾਨੰਦਮ ਡੀ, ਡਾਇਰੈਕਟਰ ਅਤੇ ਮੁਖੀ, ਭਾਰਤੀ ਮਿਆਰ ਬਿਊਰੋ ਜੰਮੂ ਅਤੇ ਕਸ਼ਮੀਰ ਸ਼ਾਖਾ ਦਫ਼ਤਰ ਦਾ ਵੀ ਸਕੂਲੀ ਪੱਧਰ 'ਤੇ ਬੀਆਈਐੱਸ ਗਤੀਵਿਧੀਆਂ ਨੂੰ ਉਤਸ਼ਾਹਿਤ ਕਰਨ ਵਿੱਚ ਉਨ੍ਹਾਂ ਦੇ ਲਗਾਤਾਰ ਸਹਿਯੋਗ ਅਤੇ ਮਾਰਗਦਰਸ਼ਨ ਲਈ ਧੰਨਵਾਦ ਕੀਤਾ।ਉਨ੍ਹਾਂ ਨੇ ਜ਼ਿਲ੍ਹਾ ਸਿੱਖਿਆ ਅਧਿਕਾਰੀ ਅਤੇ ਉਪ ਜ਼ਿਲ੍ਹਾ ਸਿੱਖਿਆ ਅਧਿਕਾਰੀ ਦਾ ਵੀ ਧੰਨਵਾਦ ਪ੍ਰਗਟਾਇਆ।

# ਸੁਸ਼ੀਲ ਸਿਤਾਰਾ ਨੇ ਕੀਤਾ ਮਾਤਾ ਦੀ ਮਹਿਮਾ ਦਾ ਗੁਣਗਾਨ



**ਛੇਹਰਟਾ, (ਮਨੋਜ ਕੁਮਾਰ) :** ਮਾਤਾ ਭੱਦਰਕਾਲੀ ਦੇ ਮੇਲੇ ਮੌਕੇ ਮੰਦਿਰ ਮਾਤਾ ਭੱਦਰਕਾਲੀ ਗੇਟ ਖਜ਼ਾਨਾ ਦੇ ਬਾਹਰ ਸ਼੍ਰੀ ਮਹਾਕਾਲੀ ਯਾਤਰਾ ਸੇਵਾ ਸੰਘ ਵੱਲੋਂ ਮਾਤਾ ਦੀ ਵਿਸ਼ਾਲ ਚੌਂਕੀ ਲਗਾਈ ਗਈ। ਇਸ ਮੌਕੇ ਪ੍ਰਸਿੱਧ ਭਜਨ ਗਾਇਕ ਸੁਸ਼ੀਲ ਸਿਤਾਰਾ ਨੇ ਮਾਤਾ ਦੀ ਮਹਿਮਾ ਦਾ ਗੁਣਗਾਨ ਕੀਤਾ। ਚੌਂਕੀ ਦੌਰਾਨ ਵੱਡੀ ਗਿਣਤੀ ਵਿਚ ਸੰਗਤ ਨੇ ਸ਼ਿਰਕਤ ਕੀਤੀ ਅਤੇ ਮਾਤਾ ਭੱਦਰਕਾਲੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪੁੱਜੇ ਰਾਸ਼ਟਰੀ ਹਿੰਦੂ ਚੇਤਨਾ ਮੰਚ ਦੇ ਪੰਜਾਬ ਪ੍ਰਧਾਨ ਅਨੁਜ ਖੇਮਕਾ ਨੇ ਵੀ ਮਾਤਾ ਭੱਦਰਕਾਲੀ ਦਾ ਆਸ਼ੀਰਵਾਦ ਲਿਆ। ਭਜਨ ਗਾਇਕ ਸੁਸ਼ੀਲ ਸਿਤਾਰਾ ਨੇ ਉਨ੍ਹਾਂ ਨੂੰ ਸਨਮਾਨਿਤ ਕੀਤਾ। ਅੰਤ ਵਿਚ ਆਈ ਸੰਗਤ ਨੂੰ ਪ੍ਰਸ਼ਾਦ ਵੰਡਿਆ ਗਿਆ। ਇਸ ਮੌਕੇ ਬੱਚਿਆਂ ਨੂੰ ਖਿਡੌਣੇ ਵੀ ਵੰਡੇ ਗਏ।

# ਪੰਜਾਬੀ ਸਾਹਿਤ ਸਭਾ ਚੋਗਾਵਾਂ ਨੇ ਸ਼ਾਇਰ ਦੁਖਭੰਜਨ ਰੰਧਾਵਾ ਨਾਲ ਸੰਵਾਦ ਰਚਾਇਆ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**- ਪਿਛਲੇ 36 ਸਾਲਾਂ ਤੋਂ ਲਗਾਤਾਰ ਸਾਹਿਤਕ ਖੇਤਰ ਵਿੱਚ ਨਵੀਆਂ ਪੈੜਾਂ ਪਾ ਰਹੀ ਪੰਜਾਬੀ ਸਾਹਿਤ ਸਭਾ ਚੋਗਾਵਾਂ ਨੇ ਰੂਬਰੂ ਪ੍ਰੋਗਰਾਮ ਦੀ ਲੜੀ ਤਹਿਤ ਪੁਰਤਗਾਲ ਤੋਂ ਆਏ ਸ਼ਾਇਰ ਦੁੱਖਭੰਜਨ ਸਿੰਘ ਰੰਧਾਵਾ ਨਾਲ ਸੰਵਾਦ ਰਚਾਇਆ।ਬਾਬਾ ਜਾਗੋ ਸ਼ਹੀਦ ਆਦਰਸ਼ ਸਕੂਲ ਕੋਹਾਲੀ ਵਿਖੇ ਹੋਏ ਇਸ ਸਮਾਰੋਹ ਦੀ ਪ੍ਰਧਾਨਗੀ ਪ੍ਰਗਤੀਸ਼ੀਲ ਲੇਖਕ ਸੰਘ, ਇਕਾਈ ਮਜੀਠਾ ਦੇ ਸਰਪ੍ਰਸਤ ਨਿਰੰਜਨ ਸਿੰਘ ਗਿੱਲ, ਡਾ: ਅਮਰਜੀਤ ਸਿੰਘ ਗਿੱਲ, ਵਿਸ਼ਵ ਸਾਹਿਤਕ ਸਿਤਾਰੇ ਮੰਚ ਤਰਨ ਤਾਰਨ ਦੇ ਪ੍ਰਧਾਨ ਹਰਭਜਨ ਸਿੰਘ ਭਗਰਥ ਅਤੇ ਸ਼੍ਰੋਮਣੀ ਪੰਜਾਬੀ ਸਾਹਿਤ ਸਭਾ ਜੰਡਿਆਲਾ ਗੁਰੂ ਦੇ ਜਨਰਲ ਸਕੱਤਰ ਮਾਸਟਰ ਅਵਤਾਰ ਸਿੰਘ ਗੋਇੰਦਵਾਲੀਆ ਨੇ ਸਾਂਝੇ ਰੂਪ ਵਿੱਚ ਕੀਤੀ।ਮੰਚ ਸੰਚਾਲਕ ਦੇ ਫਰਜ਼ ਨਿਭਾ ਰਹੇ ਸਭਾ ਦੇ ਪ੍ਰਧਾਨ ਧਰਵਿੰਦਰ ਸਿੰਘ ਔਲਖ ਨੇ ਦੁੱਖਭੰਜਨ ਰੰਧਾਵਾ ਦੀ ਜ਼ਿੰਦਗੀ ਅਤੇ ਸਾਹਿਤਕ ਸਫਰ ਬਾਰੇ ਹਾਜ਼ਰੀਨ ਨਾਲ



ਜਾਣ-ਪਛਾਣ ਕਰਵਾਈ।ਜ਼ਿੰਦਗੀ ਦੇ ਸਫਰ ਬਾਰੇ ਗੱਲਬਾਤ ਕਰਦਿਆਂ ਦੁਖਭੰਜਨ ਰੰਧਾਵਾ ਨੇ ਕਿਹਾ ਕਿ ਘਰ ਵਿੱਚ ਭਾਵੇਂ ਸਾਹਿਤਕ ਮਾਹੌਲ ਨਹੀਂ ਸੀ, ਪਰ ਬਚਪਨ ਵਿੱਚ ਉਸਨੂੰ ਗਾਉਣ ਦਾ ਬਹੁਤ ਸ਼ੌਕ ਸੀ ਅਤੇ ਉਹ ਗਾਇਕ ਬਣਨਾ ਚਾਹੁੰਦਾ ਸੀ ਪਰ ਉਸ ਦੀ ਗਾਇਕ ਬਣਨ ਦੀ ਇੱਛਾ ਪੂਰੀ ਨਾ ਹੋ ਸਕੀ ਅਤੇ ਉਸਨੇ ਲਿਖਣਾ ਸ਼ੁਰੂ ਕਰ ਦਿੱਤਾ।ਸ਼ਿਵ ਕੁਮਾਰ ਬਟਾਲਵੀ ਦੀ ਸ਼ਾਇਰੀ ਤੋਂ ਬਹੁਤ ਹੀ ਪ੍ਰਭਾਵਿਤ ਬਟਾਲੇ ਸ਼ਹਿਰ ਦੇ ਬਸ਼ਿੰਦੇ ਰੰਧਾਵਾ ਨੇ ਦੱਸਿਆ ਕਿ ਉਸ ਦੀ ਇੱਕ ਕਾਵਿ ਪੁਸਤਕ 'ਰਾਹ ਜਾਂਦਾ ਫਕੀਰ' ਪਰਕਾਸ਼ਿਤ ਹੋ ਚੁੱਕੀ ਹੈ। ਉਸਦੀ ਸ਼ਾਇਰੀ ਵਿੱਚ ਬਿਰਹਾ ਦਾ ਰੰਗ ਭਾਰੂ ਹੈ।ਸਭਾ ਵੱਲੋਂ ਮਹਿਮਾਨ ਸ਼ਾਇਰ ਨੂੰ ਸ਼ਾਲ ਅਤੇ ਮੋਮੈਂਟੋ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਹੋਏ ਕਵੀ ਦਰਬਾਰ ਵਿੱਚ ਇਤਿਹਾਸਕਾਰ ਏ. ਐੱਸ. ਦਲੇਰ, ਕੁਲਵੰਤ ਸਿੰਘ ਕੰਤ, ਕੁਲਵਿੰਦਰ ਸਿੰਘ ਆਨੰਦ, ਗੋਪਾਲ ਸਿੰਘ ਨਿਮਾਣਾ, ਨਿਰੰਜਨ ਸਿੰਘ ਗਿੱਲ, ਸੁਖਬੀਰ ਸਿੰਘ ਭੁੱਲਰ, ਡਾ. ਅਮਰਜੀਤ ਸਿੰਘ ਗਿੱਲ, ਗੁਰਜਿੰਦਰ ਸਿੰਘ ਬਗਿਆੜੀ, ਹਰਕੀਰਤ ਸਿੰਘ ਸੰਧੂ, ਸਰਤਾਜ ਸਿੰਘ ਸੰਧੂ ਰਣੀਕੇ, ਹਰਭਜਨ ਸਿੰਘ ਭਗਰਥ, ਅਵਤਾਰ ਸਿੰਘ ਗੋਇੰਦਵਾਲੀਆ, ਗਾਇਕ ਸੁਰਿੰਦਰ ਸਾਗਰ ਅਤੇ ਲਾਡੀ ਹੁੰਦਲ ਨੇ ਆਪਣੀਆਂ ਕਾਵਿ ਰਚਨਾਵਾਂ ਪੇਸ਼ ਕਰਕੇ ਮਹਿਫਲ ਵਿੱਚ ਰੰਗ ਭਰੇ।ਕਹਾਣੀਕਾਰ ਤੇ ਪੱਤਰਕਾਰ ਬਲਦੇਵ ਸਿੰਘ ਕੰਬੋ ਨੇ ਨੌਜਵਾਨ ਪੀੜ੍ਹੀ ਅਤੇ ਵਿਦਿਆਰਥੀਆਂ ਨੂੰ ਸਾਹਿਤ ਨਾਲ ਜੋੜਨ ਲਈ ਪ੍ਰੇਰਿਆ। ਅੰਤ ਵਿੱਚ ਜਗਰੂਪ ਸਿੰਘ ਐਮਾਂ ਵੱਲੋਂ ਆਏ ਹੋਏ ਲੇਖਕਾਂ ਅਤੇ ਸਾਹਿਤ ਪ੍ਰੇਮੀਆਂ ਦਾ ਧੰਨਵਾਦ ਕੀਤਾ ਗਿਆ।

# ਮਹਾਰਾਣਾ ਪ੍ਰਤਾਪ ਦੀ 486ਵੀਂ ਜਯੰਤੀ ਮੌਕੇ ਨਵੀਂ ਪੀੜ੍ਹੀ ਨੂੰ ਰਾਸ਼ਟਰ ਲਈ ਬਲਿਦਾਨ ਤੇ ਤਿਆਗ ਦਾ ਸੱਦਾ

**ਪਠਾਨਕੋਟ (ਦਵਿੰਦਰ ਸਿੰਘ)**: ਆਪਣੇ ਤਿਆਗ ਅਤੇ ਬਲਿਦਾਨ ਨਾਲ ਇਤਿਹਾਸ ਦੇ ਪੰਨਿਆਂ ਨੂੰ ਰੌਸ਼ਨ ਕਰਨ ਵਾਲੇ ਰਾਸ਼ਟਰ ਦੇ ਯੁਗਪੁਰਖ, ਵੀਰ ਸ਼ਰੋਮਣੀ ਸੂਰਵੀਰ ਮਹਾਰਾਣਾ ਪ੍ਰਤਾਪ ਦੀ 486ਵੀਂ ਜਯੰਤੀ ਮੌਕੇ ਮਹਾਰਾਣਾ ਪ੍ਰਤਾਪ ਯੂਥ ਕਲੱਬ ਸੰਮੂਚੱਕ ਵੱਲੋਂ ਪਿੰਡ ਵਿੱਚ ਇਸ ਵੀਰ ਯੋਧੇ ਦੀ ਯਾਦ ਵਿੱਚ ਬਣੇ ਸਮਾਰਕ 'ਤੇ ਮਹਾਰਾਣਾ ਪ੍ਰਤਾਪ ਜਯੰਤੀ ਸਮਾਰੋਹ ਦਾ ਆਯੋਜਨ ਕੀਤਾ ਗਿਆ।ਸ਼ਹੀਦ ਸੈਨਿਕ ਪਰਿਵਾਰ ਸੁਰੱਖਿਆ ਪ੍ਰੀਸ਼ਦ ਦੇ ਮਹਾਸਚਿਵ ਕੁੰਵਰ ਰਵਿੰਦਰ ਸਿੰਘ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਇਨ੍ਹਾਂ ਤੋਂ ਇਲਾਵਾ ਸ਼ਹੀਦ ਲਾਂਸ ਨਾਇਕ ਡਿਪਟੀ ਸਿੰਘ ਸੈਨਾ ਮੈਡਲ ਦੇ ਭਤੀਜੇ ਵਰਿੰਦਰ ਸਿੰਘ, ਕੈਪਟਨ ਦੇਸ ਰਾਜ, ਕਲੱਬ ਦੇ ਮਹਾਸਚਿਵ ਠਾਕੁਰ ਭੂਪਿੰਦਰ ਸਿੰਘ ਬੌਬੀ, ਸਕੱਤਰ ਮਨਜੀਤ ਪਠਾਨੀਆ ਆਦਿ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਰਕੇ ਇਸ ਰਾਸ਼ਟਰ ਨਾਇਕ ਨੂੰ ਭਾਵਭਿੰਨੀ ਸ਼ਰਧਾਂਜਲੀ ਅਰਪਿਤ ਕੀਤੀ।ਸ਼ਰਧਾਂਜਲੀ ਸਮਾਰੋਹ ਨੂੰ ਸੰਬੋਧਨ ਕਰਦੇ ਹੋਏ ਕੁੰਵਰ ਰਵਿੰਦਰ ਸਿੰਘ ਨੇ ਕਿਹਾ ਕਿ ਵੀਰ ਸ਼ਰੋਮਣੀ ਮਹਾਰਾਣਾ ਪ੍ਰਤਾਪ ਰਾਸ਼ਟਰ ਦੇ ਅਨਮੋਲ ਰਤਨ ਹਨ, ਜਿਨ੍ਹਾਂ ਦਾ ਤਿਆਗ, ਬਲਿਦਾਨ ਅਤੇ ਆਦਰਸ਼ ਆਉਣ ਵਾਲੀ ਪੀੜ੍ਹੀ ਲਈ ਪ੍ਰੇਰਣਾ ਸਰੋਤ ਹਨ।ਉਨ੍ਹਾਂ ਕਿਹਾ ਕਿ ਮਹਾਰਾਣਾ ਪ੍ਰਤਾਪ ਦੀਆਂ ਆਦਰਸ਼ ਨੀਤੀਆਂ ਨੇ ਰਾਸ਼ਟਰ ਵਿਰੋਧੀ ਤਾਕਤਾਂ ਅੱਗੇ ਝੁਕਣਾ ਨਹੀਂ ਸਿਖਾਇਆ, ਸਗੋਂ ਦੇਸ਼ ਅਤੇ ਧਰਮ ਦੀ ਰੱਖਿਆ ਕਰਦੇ ਹੋਏ ਉਸ ਮੁਗਲ ਸਿਆਸਤ ਦੇ ਖ਼ਿਲਾਫ਼ ਸੰਘਰਸ਼ ਕੀਤਾ ਜਿਸ ਨੇ ਹਿੰਦੁਸਤਾਨ ਦੇ ਟੁਕੜੇ ਕਰਨ ਦਾ ਬੀੜਾ ਚੁੱਕਿਆ ਹੋਇਆ ਸੀ।ਉਨ੍ਹਾਂ ਕਿਹਾ ਕਿ ਮਹਾਰਾਣਾ ਪ੍ਰਤਾਪ ਮੁਗਲ ਸਮਰਾਟ ਅਕਬਰ ਅੱਗੇ ਕਦੇ ਝੁਕੇ ਨਹੀਂ, ਸਗੋਂ ਜੰਗਲਾਂ ਵਿੱਚ ਭਟਕਦੇ ਹੋਏ ਘਾਹ ਦੀਆਂ ਰੋਟੀਆਂ ਖਾ ਕੇ ਵੀ ਆਪਣੇ ਅਤੇ ਦੇਸ਼ ਦੇ ਸਵਾਭਿਮਾਨ ਨੂੰ ਕਾਇਮ ਰੱਖਦੇ ਹੋਏ ਖ਼ੱਤਰੀ ਧਰਮ 'ਤੇ ਆਂਚ ਨਹੀਂ ਆਉਣ ਦਿੱਤੀ।ਉਨ੍ਹਾਂ ਕਿਹਾ ਕਿ ਸਰਕਾਰ ਨੂੰ ਸਕੂਲਾਂ ਦੇ ਪਾਠਕ੍ਰਮਾਂ ਵਿੱਚ ਮਹਾਰਾਣਾ ਪ੍ਰਤਾਪ ਵਰਗੇ ਸੂਰਵੀਰਾਂ ਦੀਆਂ ਸ਼ੌਰਯ ਗਾਥਾਵਾਂ ਸ਼ਾਮਲ ਕਰਨੀਆਂ ਚਾਹੀਦੀਆਂ ਹਨ ਤਾਂ ਜੋ ਦੇਸ਼ ਦੀ ਨੌਜਵਾਨ ਪੀੜ੍ਹੀ ਆਪਣੇ ਗੌਰਵਮਈ ਇਤਿਹਾਸ ਦੀਆਂ ਮਹਾਨ ਸ਼ਖ਼ਸੀਅਤਾਂ ਬਾਰੇ ਜਾਣ ਸਕੇ।ਕੁੰਵਰ ਰਵਿੰਦਰ ਸਿੰਘ ਨੇ ਕਿਹਾ ਕਿ ਜੂਨ ਦੇ ਪੂਰੇ ਮਹੀਨੇ ਦੌਰਾਨ ਦੇਸ਼ ਭਰ ਵਿੱਚ ਸ਼ਹਿਰਾਂ ਅਤੇ ਪਿੰਡਾਂ ਦੇ ਪੱਧਰ ਤੇ ਮਹਾਰਾਣਾ ਪ੍ਰਤਾਪ ਜਯੰਤੀਆਂ ਮਨਾਈਆਂ ਜਾਂਦੀਆਂ ਹਨ ਤਾਂ ਜੋ ਸਮੂਹ ਦੇਸ਼ਵਾਸੀ ਇਸ ਸੂਰਵੀਰ ਦੇ ਸੰਘਰਸ਼ਮਈ ਜੀਵਨ ਤੋਂ ਪ੍ਰੇਰਣਾ ਲੈ ਸਕਣ।ਪਰ ਦੇਸ਼ ਦੀ ਬਦਕਿਸਮਤੀ ਹੈ ਕਿ ਅੱਜ ਦੀ ਪੀੜ੍ਹੀ ਨੂੰ ਸਕੂਲਾਂ ਵਿੱਚ ਅਕਬਰ ਦ ਗ੍ਰੇਟ ਪੜ੍ਹਾਇਆ ਜਾਂਦਾ ਹੈ, ਜਦਕਿ ਸੱਚਾਈ ਇਹ ਹੈ ਕਿ ਅਕਬਰ ਨਹੀਂ, ਮਹਾਰਾਣਾ ਪ੍ਰਤਾਪ ਮਹਾਨ ਸਨ। ਇਤਿਹਾਸ ਵੀ ਦੱਸਦਾ ਹੈ ਕਿ ਅਕਬਰ ਕਦੇ ਜਿੱਤਿਆ ਨਹੀਂ ਅਤੇ ਮਹਾਰਾਣਾ ਪ੍ਰਤਾਪ ਕਦੇ ਹਾਰੇ ਨਹੀਂ। ਉਨ੍ਹਾਂ ਕਿਹਾ ਕਿ ਗੁਲਾਮੀ ਦੇ ਵਿਰੋਧ ਵਿੱਚ ਜੇ ਪਹਿਲੀ ਚਿੰਗਾਰੀ ਭੜਕੀ ਤਾਂ ਉਹ ਇਸ ਮਹਾਨ ਯੋਧੇ ਦੀ ਧੜਕਦੀ ਆਵਾਜ਼ ਨਾਲ ਹੀ ਪੈਦਾ ਹੋਈ ਸੀ। ਜੇ ਅਸੀਂ ਅੱਜ ਉਨ੍ਹਾਂ ਨੂੰ ਆਜ਼ਾਦੀ ਦਾ



ਪਹਿਲਾ ਪਰਵਾਨਾ ਕਹੀਏ ਤਾਂ ਇਹ ਕੋਈ ਅਤਿਕਥਨੀ ਨਹੀਂ ਹੋਵੇਗੀ।ਬਲਿਦਾਨੀ ਲਾਂਸ ਨਾਇਕ ਡਿਪਟੀ ਸਿੰਘ ਸੈਨਾ ਮੈਡਲ ਦੇ ਭਤੀਜੇ ਵਰਿੰਦਰ ਸਿੰਘ ਨੇ ਕਿਹਾ ਕਿ ਜੋ ਦੇਸ਼ ਆਪਣੇ ਗੌਰਵਮਈ ਇਤਿਹਾਸ ਨੂੰ ਭੁੱਲ ਜਾਂਦਾ ਹੈ, ਉਸ ਦਾ ਅਸਤਿਤਵ ਜਲਦੀ ਹੀ ਖਤਮ ਹੋ ਜਾਂਦਾ ਹੈ। ਉਨ੍ਹਾਂ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਚਾਹੀਦਾ ਹੈ ਕਿ ਨਸ਼ੇ ਵਰਗੀ ਲਾਹਨਤੀ ਬਿਮਾਰੀ ਦਾ ਤਿਆਗ ਕਰਦੇ ਹੋਏ ਮਹਾਰਾਣਾ ਪ੍ਰਤਾਪ ਵਰਗੇ ਸੂਰਵੀਰਾਂ ਦੇ ਆਦਰਸ਼ਾਂ ਤੇ ਚੱਲਣ ਦਾ ਸੰਕਲਪ ਲਏ।ਉਨ੍ਹਾਂ ਕਿਹਾ ਕਿ ਅੱਜ ਦੇਸ਼ ਦੀ ਬਦਕਿਸਮਤੀ ਹੈ ਕਿ ਸਾਡੇ ਨੌਜਵਾਨ ਲੱਖਾਂ ਰੁਪਏ ਖਰਚ ਕਰਕੇ ਵਿਦੇਸ਼ਾਂ ਦਾ ਰੁਖ ਕਰ ਰਹੇ ਹਨ ਅਤੇ ਉਨ੍ਹਾਂ ਅੰਗਰੇਜ਼ਾਂ ਦੀ ਦਿਹਾੜੀ ਕਰ ਰਹੇ ਹਨ ਜਿਨ੍ਹਾਂ ਨੇ ਸਾਨੂੰ ਸਾਲਾਂ ਤੱਕ ਗੁਲਾਮ ਬਣਾਇਆ ਰੱਖਿਆ।ਕਾਰਜਕ੍ਰਮ ਦੇ ਅੰਤ ਵਿੱਚ ਸਰਪੰਚ ਗਣੇਸ਼ ਕੁਮਾਰ ਅਤੇ ਸਾਬਕਾ ਸਰਪੰਚ ਸਵਰਨ ਸਿੰਘ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ।ਇਸ ਮੌਕੇ ਨੰਬਰਦਾਰ ਠਾਕੁਰ ਵਰਿੰਦਰ ਸਿੰਘ, ਠਾਕੁਰ ਜਵਾਹਰ ਸਿੰਘ, ਅਮਿਤ ਪਠਾਨੀਆ, ਮਦਨ ਲਾਲ, ਦਲਵਿੰਦਰ ਸਿੰਘ ਸੋਨੂ, ਠਾਕੁਰ ਕਿਸ਼ਨ ਸਿੰਘ, ਮਦਨ ਸਿੰਘ, ਅਭਿਨਵ ਠਾਕੁਰ, ਕੈਪਟਨ ਅਜਾਇਬ ਸਿੰਘ, ਤਰਵਿੰਦਰ ਸਿੰਘ, ਸੰਜੀਵ ਕੁਮਾਰ, ਓਂਕਾਰ ਨਾਥ ਸਾਬੀ, ਕੁਲਵਿੰਦਰ ਸਿੰਘ, ਦਲਜੀਤ ਸਿੰਘ ਆਦਿ ਹਾਜ਼ਰ ਸਨ।

ਨਵਾਂ ਜ਼ਮਾਨਾ
ਸੋਮਵਾਰ, 11 ਮਈ 2026

# ਜਨ-ਸੰਘਰਸ਼ ਹੀ ਇੱਕੋ-ਇੱਕ ਰਾਹ

*ਸ਼ੁੱਕਰਵਾਰ ਛਪੇ ਸਾਡੇ ਐਡੀਟੋਰੀਅਲ 'ਲੈਨਿਨ ਦੀ ਮੂਰਤੀ ਦਾ ਟੁੱਟਣਾ' ਵਿੱਚ ਅਸੀਂ ਠੀਕ ਹੀ ਇਹ ਲਿਖਿਆ ਸੀ ਕਿ ਫਾਸ਼ੀਵਾਦੀ ਤਾਕਤਾਂ ਚੋਣਾਂ ਰਾਹੀਂ ਸੱਤਾ ਹਥਿਆ ਤਾਂ ਲੈਂਦੀਆਂ ਹਨ, ਪਰ ਵੋਟਾਂ ਰਾਹੀਂ ਉਨ੍ਹਾਂ ਨੂੰ ਸੱਤਾ ਤੋਂ ਲਾਂਭੇ ਨਹੀਂ ਕੀਤਾ ਜਾ ਸਕਦਾ। ਸਾਡੇ ਇਨ੍ਹਾਂ ਸ਼ਬਦਾਂ ਬਾਰੇ ਕੁਝ ਸੱਜਣਾਂ ਨੂੰ ਇਹ ਲੱਗਿਆ ਕਿ ਅਸੀਂ ਮੋਦੀ ਸਰਕਾਰ ਵਿਰੁੱਧ ਹਥਿਆਰਬੰਦ ਸੰਘਰਸ਼ ਦਾ ਸੱਦਾ ਦੇ ਰਹੇ ਹਾਂ, ਪਰ ਸਾਡੀ ਸੋਚ ਇਹ ਨਹੀਂ ਸੀ। ਅਸੀਂ ਇਹ ਸ਼ਬਦ ਸਾਡੇ ਗੁਆਂਢੀ ਦੇਸ਼ਾਂ ਵਿੱਚ ਪਿਛਲੇ 5 ਕੁ ਸਾਲਾਂ ਦੌਰਾਨ ਵਾਪਰੀਆਂ ਘਟਨਾਵਾਂ ਦੇ ਸੰਦਰਭ ਵਿੱਚ ਲਿਖੇ ਸਨ।*

*ਸਭ ਤੋਂ ਪਹਿਲਾਂ ਸ੍ਰੀਲੰਕਾ ਵਿੱਚ ਜਨਤਾ ਨੇ ਸੜਕਾਂ 'ਤੇ ਆ ਕੇ ਸੱਤਾਧਾਰੀਆਂ ਨੂੰ ਗੱਦੀ ਛੱਡਣ ਲਈ ਮਜਬੂਰ ਕਰ ਦਿੱਤਾ ਸੀ। ਉਸ ਉਪਰੰਤ ਸਤੰਬਰ 2024 ਵਿੱਚ ਹੋਈਆਂ ਰਾਸ਼ਟਰਪਤੀ ਚੋਣਾਂ ਵਿੱਚ ਜਨਤਾ ਨੇ ਖੱਬੇ-ਪੱਖੀ ਆਗੂ ਅਨੁਰਾ ਕੁਮਾਰਾ ਦਿਸਾਨਾਇਕੇ ਨੂੰ ਸੱਤਾ ਸੌਂਪ ਦਿੱਤੀ ਸੀ। ਉਸ ਤੋਂ ਬਾਅਦ ਬੰਗਲਾਦੇਸ਼ ਵਿੱਚ ਲੋਕ ਉਭਾਰ ਨੇ ਲੰਮੇ ਸਮੇਂ ਤੋਂ ਲੋਕਤੰਤਰੀ ਸੰਸਥਾਵਾਂ 'ਤੇ ਕਬਜ਼ਾ ਕਰ ਚੁੱਕੀ ਸ਼ੇਖ ਹਸੀਨਾ ਨੂੰ ਦੇਸ਼ ਛੱਡ ਕੇ ਭੱਜਣ ਲਈ ਮਜਬੂਰ ਕਰ ਦਿੱਤਾ। ਇਸ ਜਨਤਕ ਸੰਘਰਸ਼ ਵਿੱਚ ਮੁਸਲਿਮ ਕੱਟੜਪੰਥੀ ਅੱਗੇ-ਅੱਗੇ ਸਨ। ਬਾਹਰੀ ਲੋਕਾਂ ਨੂੰ ਜਾਪਦਾ ਸੀ ਕਿ ਬੰਗਲਾਦੇਸ਼ ਹੁਣ ਧਾਰਮਿਕ ਕੱਟੜਪੰਥੀਆਂ ਦੀ ਝੋਲੀ ਵਿੱਚ ਜਾ ਪਵੇਗਾ, ਪਰ ਹੋਇਆ ਇਸ ਦੇ ਉਲਟ। ਜਦੋਂ ਫਰਵਰੀ 2026 ਵਿੱਚ ਚੋਣਾਂ ਹੋਈਆਂ ਤਾਂ ਲੋਕਾਂ ਨੇ ਤਾਰਿਕ ਰਹਿਮਾਨ ਦੀ ਅਗਵਾਈ ਵਿੱਚ ਬੰਗਲਾਦੇਸ਼ ਨੈਸ਼ਨਲਿਸਟ ਪਾਰਟੀ ਨੂੰ ਗੱਦੀ 'ਤੇ ਬਿਠਾ ਦਿੱਤਾ ਸੀ। ਇਨ੍ਹਾਂ ਚੋਣਾਂ ਵਿੱਚ ਮੁਸਲਿਮ ਕੱਟੜਪੰਥੀਆਂ ਨੂੰ ਬੁਰੀ ਤਰ੍ਹਾਂ ਹਾਰ ਦਾ ਸਾਹਮਣਾ ਕਰਨਾ ਪਿਆ। ਇਹੋ ਕੁਝ ਨਿਪਾਲ ਵਿੱਚ ਹੋਇਆ। ਪਹਿਲਾਂ ਲੋਕਾਂ ਵਾਰੀ-ਵਾਰੀ ਸੱਤਾ ਦਾ ਸੁਆਦ ਚੱਖਣ ਵਾਲੇ ਸੱਤਾਧਾਰੀਆਂ ਨੂੰ ਗੱਦੀ ਛੱਡਣ ਲਈ ਮਜਬੂਰ ਕੀਤਾ ਤੇ ਫਿਰ ਚੋਣਾਂ ਰਾਹੀਂ ਮਾਰਚ 2026 ਵਿੱਚ ਇੱਕ ਨੌਜਵਾਨ ਆਗੂ ਬਲੇਂਦਰ ਸ਼ਾਹ ਨੂੰ ਸੱਤਾ ਸੌਂਪ ਦਿੱਤੀ।*

*ਇਨ੍ਹਾਂ ਤਿੰਨਾਂ ਹੀ ਮੁਲਕਾਂ ਵਿੱਚ ਹਾਲਾਤ ਇੱਕੋ ਜਿਹੇ ਸਨ। ਮਹਿੰਗਾਈ, ਬੇਰੁਜ਼ਗਾਰੀ ਤੇ ਭ੍ਰਿਸ਼ਟਾਚਾਰ ਤੋਂ ਲੋਕ ਅੱਕ ਚੁੱਕੇ ਸਨ। ਇਸ ਵਿਰੁੱਧ ਉਹ ਸੜਕਾਂ 'ਤੇ ਨਿਕਲੇ ਤੇ ਸੱਤਾਧਾਰੀਆਂ ਨੂੰ ਗੱਦੀਆਂ ਤੋਂ ਲਾਂਭੇ ਕਰ ਦਿੱਤਾ। ਅੱਜ ਸਾਡੇ ਦੇਸ਼ ਦੇ ਹਾਲਾਤ ਵੀ ਇਨ੍ਹਾਂ ਦੇਸ਼ਾਂ ਨਾਲੋਂ ਵੱਖਰੇ ਨਹੀਂ ਹਨ। ਬੇਰੁਜ਼ਗਾਰੀ ਸਿਖਰ 'ਤੇ ਪਹੁੰਚ ਚੁੱਕੀ ਹੈ। ਸਰਕਾਰੀ ਅੰਕੜੇ ਬੇਰੁਜ਼ਗਾਰਾਂ ਦਾ ਮਖ਼ੌਲ ਉਡਾਉਂਦੇ ਹਨ। ਜੇਕਰ ਕੋਈ ਨੌਜਵਾਨ ਹਫ਼ਤੇ ਵਿੱਚ ਇੱਕ ਘੰਟਾ ਕੰਮ ਕਰੇ, ਇੱਕ ਇੰਜੀਨੀਅਰ ਕਿਸੇ ਫੂਡ ਡਲਿਵਰੀ ਐਪ 'ਤੇ ਦੋ ਘੰਟੇ ਖਾਣਾ ਡਲਿਵਰ ਕਰ ਦੇਵੇ ਤਾਂ ਉਸ ਨੂੰ ਰੁਜ਼ਗਾਰ ਪ੍ਰਾਪਤ ਸਮਝਿਆ ਜਾਂਦਾ ਹੈ। ਲੱਖਾਂ ਪੜ੍ਹੇ-ਲਿਖੇ ਨੌਜਵਾਨ 10-12 ਹਜ਼ਾਰ ਦੀਆਂ ਕੱਚੀਆਂ ਨੌਕਰੀਆਂ ਕਰਨ ਲਈ ਮਜਬੂਰ ਹਨ। ਡਿਗਰੀਆਂ ਵਧ ਰਹੀਆਂ ਹਨ, ਨੌਕਰੀਆਂ ਘਟ ਰਹੀਆਂ ਹਨ। ਕੰਮ ਦੇ ਘੰਟੇ ਵਧ ਰਹੇ ਹਨ, ਤਨਖ਼ਾਹ ਘਟ ਰਹੀ ਹੈ।*

*ਨਿੱਜੀ ਹਸਪਤਾਲਾਂ ਵਿੱਚ ਮਰੀਜ਼ ਬਿਮਾਰੀ ਨਾਲੋਂ ਬਿੱਲ ਦੇਖ ਕੇ ਜ਼ਿਆਦਾ ਡਰ ਜਾਂਦੇ ਹਨ। ਸਰਕਾਰੀ ਹਸਪਤਾਲਾਂ ਦੀਆਂ ਲੰਮੀਆਂ ਲਾਈਨਾਂ ਵਿੱਚ ਮਰੀਜ਼ ਦਮ ਤੋੜ ਦਿੰਦੇ ਹਨ।*

*ਵਧਦੀ ਮਹਿੰਗਾਈ ਤੋਂ ਤੰਗ ਹੋ ਕੇ ਮਜ਼ਦੂਰ ਤਨਖ਼ਾਹ ਵਧਾਉਣ ਦੀ ਮੰਗ ਕਰੇ ਤਾਂ ਇਸ ਨੂੰ ਦੇਸ਼ ਵਿਰੋਧੀ ਸਾਜ਼ਿਸ਼ ਕਹਿ ਦਿੱਤਾ ਜਾਂਦਾ ਹੈ। ਮਜ਼ਦੂਰ ਯੂਨੀਅਨ ਬਣਾਉਣ ਤਾਂ ਉਨ੍ਹਾਂ ਨੂੰ ਅਰਥ ਵਿਵਸਥਾ ਉੱਤੇ ਹਮਲਾ ਕਹਿ ਕੇ ਜੇਲ੍ਹਾਂ ਵਿੱਚ ਡੱਕ ਦਿੱਤਾ ਜਾਂਦਾ ਹੈ।*

*ਉਦਯੋਗਪਤੀ ਬੈਂਕਾਂ ਦੇ ਕਰੋੜਾਂ, ਅਰਬਾਂ ਰੁਪਏ ਲੈ ਕੇ ਵਿਦੇਸ਼ ਭੱਜ ਜਾਂਦੇ ਹਨ ਤਾਂ ਇਸ ਨੂੰ ਮਾਰਕਿਟ ਰਿਸਕ ਕਹਿ ਕੇ ਅਰਬਾਂ ਰੁਪਏ ਵੱਟੇ-ਖਾਤੇ ਪਾ ਦਿੱਤੇ ਜਾਂਦੇ ਹਨ। 2015 ਤੋਂ 2024 ਤੱਕ ਬੈਂਕਾਂ ਨੇ ਕਾਰਪੋਰੇਟਾਂ ਦੇ 16 ਲੱਖ ਕਰੋੜ ਰੁਪਏ ਵੱਟੇ-ਖਾਤੇ ਪਾਏ ਸਨ। ਕਾਰਪੋਰੇਟ ਟੈਕਸ 30 ਫ਼ੀਸਦੀ ਤੋਂ ਘਟਾ ਕੇ 22 ਫ਼ੀਸਦੀ ਕਰ ਦਿੱਤਾ ਗਿਆ ਹੈ। ਜਦੋਂ ਜਨਤਾ ਇਹ ਪੁੱਛਦੀ ਹੈ ਕਿ ਸਿੱਖਿਆ ਤੇ ਸਿਹਤ ਨੂੰ ਮੁਫ਼ਤ ਕਿਉਂ ਨਹੀਂ ਕੀਤਾ ਜਾਂਦਾ ਤਾਂ ਕਹਿ ਦਿੱਤਾ ਜਾਂਦਾ ਹੈ ਕਿ ਸਰਕਾਰ ਕੋਲ ਪੈਸਾ ਨਹੀਂ ਹੈ।*

*ਵੱਡੀਆਂ ਕੰਪਨੀਆਂ ਨੂੰ ਸਸਤੀ ਜ਼ਮੀਨ, ਸਸਤੀ ਬਿਜਲੀ ਤੇ ਰਾਹਤ ਪੈਕੇਜ ਦਿੱਤੇ ਜਾਂਦੇ ਹਨ, ਪਰ ਗਰੀਬ ਬੱਚਾ ਮੁਫ਼ਤ ਸਿੱਖਿਆ ਮੰਗ ਲਏ ਤਾਂ ਕਿਹਾ ਜਾਂਦਾ ਹੈ ਕਿ ਮੁਫ਼ਤ ਦੀਆਂ ਰਿਉੜੀਆਂ ਦੇਸ਼ ਬਰਬਾਦ ਕਰ ਦੇਣਗੀਆਂ। ਦੇਸ਼ ਮੰਦਰਾਂ ਤੇ ਸ਼ੇਅਰ ਬਜ਼ਾਰ ਦੀ ਚਮਕ ਅਤੇ ਅਰਬਪਤੀਆਂ ਦੀ ਵਧ ਰਹੀ ਗਿਣਤੀ ਨਾਲ ਮਹਾਨ ਨਹੀਂ ਬਣਦਾ, ਦੇਸ਼ ਉਦੋਂ ਮਹਾਨ ਬਣਦਾ ਹੈ, ਜਦੋਂ ਆਮ ਮਨੁੱਖ ਬਿਨਾਂ ਡਰ ਤੇ ਬਿਨਾਂ ਭੁੱਖ ਸੌਖੀ ਜ਼ਿੰਦਗੀ ਜੀ ਸਕੇ।*

*ਇਸ ਲਈ ਸਮੇਂ ਦੀ ਮੰਗ ਹੈ ਕਿ ਮਿਹਨਤਕਸ਼, ਨੌਜਵਾਨ, ਵਿਦਿਆਰਥੀ, ਕਿਸਾਨ, ਮੁਲਾਜ਼ਮ ਤੇ ਬੁੱਧੀਜੀਵੀ ਦੇਸ਼ ਦੀ ਦਿਸ਼ਾ ਤੇ ਦਸ਼ਾ ਨੂੰ ਸੁਧਾਰਨ ਲਈ ਜਨ-ਅੰਦੋਲਨ ਦਾ ਰਾਹ ਫੜਨ। ਸਮਾਜਿਕ ਤਬਦੀਲੀ ਲਈ ਜਨ-ਸੰਘਰਸ਼ ਹੀ ਅੱਜ ਦੇ ਸਮੇਂ ਦੀ ਮੁੱਖ ਲੋੜ ਹੈ। ਬੰਗਾਲ ਦੀਆਂ ਚੋਣਾਂ ਵਿੱਚ ਚੋਣ ਕਮਿਸ਼ਨ ਦੀ ਮਿਹਰਬਾਨੀ ਨਾਲ ਚੋਣ ਧਾਂਦਲੀਆਂ ਰਾਹੀਂ ਜਿਸ ਤਰ੍ਹਾਂ ਭਾਜਪਾ ਨੇ ਸੱਤਾ ਹਥਿਆਈ ਹੈ ਤੇ ਤਾਮਿਲਨਾਡੂ ਵਿੱਚ ਵਿਜੈ ਦੀ ਵਿਜੈ ਨੂੰ ਰੋਕਣ ਲਈ ਗਵਰਨਰ ਰਾਹੀਂ ਜਿਸ ਤਰ੍ਹਾਂ ਹਰ ਹਰਬਾ ਵਰਤਿਆ ਗਿਆ, ਉਸ ਤੋਂ ਬਾਅਦ ਇਹ ਭੁਲੇਖਾ ਨਿਕਲ ਜਾਣਾ ਚਾਹੀਦਾ ਹੈ ਕਿ ਭਾਜਪਾ ਨੂੰ ਚੋਣਾਂ ਰਾਹੀਂ ਹਰਾਇਆ ਜਾ ਸਕਦਾ ਹੈ।*

**-ਚੰਦ ਫਤਿਹਪੁਰੀ**

# ਕੁਦਰਤ ਦੀ ਰਹਿਬਰੀ ਤਿਆਗ ਦੇਣ ਦਾ ਹਸ਼ਰ



ਗੁਰਚਰਨ ਸਿੰਘ ਨੂਰਪੁਰ

ਧਰਤੀ, ਪਾਣੀ ਅਤੇ ਹਵਾ ਬਾਰੇ ਗੁਰੂ ਬਾਬੇ ਦੇ ਕਹੇ ਸ਼ਬਦਾਂ ਨੂੰ ਅਸੀਂ ਪੰਜਾਬੀਆਂ ਨੇ ਮੱਥਾ ਤਾਂ ਟੇਕਿਆ, ਪਰ ਮੱਥਿਆਂ ਵਿੱਚ ਪਾਇਆ ਨਹੀਂ। ਸਾਡਾ ਵਾਤਾਵਰਣ ਹੁਣ ਬਿਮਾਰ ਹੋ ਗਿਆ ਹੈ। ਬਿਮਾਰ ਵਾਤਾਵਰਣ ਵਿੱਚ ਤੰਦਰੁਸਤ ਜੀਵਨ ਦੀ ਕਲਪਨਾ ਨਹੀਂ ਕੀਤੀ ਜਾ ਸਕਦੀ। ਸਾਡੀ ਸਰੀਰਕ ਸਿਹਤ ਹੋਵੇ ਜਾਂ ਮਾਨਸਿਕ ਸਿਹਤ, ਇਹ ਸਾਡੇ ਸਰੀਰ ਤੱਕ ਹੀ ਸੀਮਤ ਨਹੀਂ ਹੁੰਦੀ, ਮਨੁੱਖ ਇੱਕ ਸਮਾਜਿਕ ਪ੍ਰਾਣੀ ਹੈ, ਇਸ ਲਈ ਇਸ ਬਾਰੇ ਕਿਹਾ ਜਾ ਸਕਦਾ ਹੈ ਇਹਦੀ ਸਿਹਤ ਦਾ ਪਸਾਰ ਸਰੀਰਕ, ਮਾਨਸਿਕ ਸਿਹਤ ਤੋਂ ਅਗਾਂਹ ਵਾਤਾਵਰਣਿਕ ਸਿਹਤ ਅਤੇ ਸਮਾਜਿਕ ਸਿਹਤ ਤੱਕ ਵੀ ਹੈ।

ਭਾਰਤ ਦੇ ਦੂਜੇ ਸੂਬਿਆਂ ਦੇ ਮੁਕਾਬਲੇ ਪੰਜਾਬ ਵਿੱਚ ਖੇਤੀਬਾੜੀ ਦੇ ਖੇਤਰ ਵਿੱਚ ਤੇਜ਼ੀ ਨਾਲ ਵਿਕਾਸ ਹੋਇਆ। ਹਰੇ ਇਨਕਲਾਬ ਨਾਲ ਅਸੀਂ ਪੈਦਾਵਾਰ ਤਾਂ ਕੁਝ ਹੱਦ ਤੱਕ ਵੱਧ ਲੈਣ ਦੇ ਸਮਰੱਥ ਹੋ ਗਏ, ਪਰ ਖੇਤਾਂ, ਰੁੱਖਾਂ ਦੀਆਂ ਝਿੜੀਆਂ, ਪਸ਼ੂਆਂ, ਪਰਿੰਦਿਆਂ ਨਾਲ ਜੋ ਸਾਡਾ ਭਾਵਨਾਤਮਿਕ ਨਾਤਾ ਸੀ, ਉਸ ਤੋਂ ਅਸੀਂ ਵਿਰਵੇ ਹੋ ਗਏ। ਕਿਸੇ ਖਿੱਤੇ ਵਿੱਚ ਜੀਵਨ ਲਈ ਸਾਜਗਾਰ ਮਾਹੌਲ ਲਈ 33 ਫੀਸਦੀ ਜੰਗਲ ਦੀ ਲੋੜ ਹੁੰਦੀ ਹੈ, ਪਰ ਇਸ ਸਮੇਂ ਪੰਜਾਬ ਵਿੱਚ ਕੇਵਲ 3.6 ਫੀਸਦੀ ਜੰਗਲ ਹਨ, ਜੋ ਭਾਰਤ ਦੀਆਂ ਸਾਰੀਆਂ ਸਟੇਟਾਂ ਨਾਲੋਂ ਘੱਟ ਹਨ।

ਪੰਜਾਬ ਕੇਵਲ ਪੰਜ ਪਾਣੀਆਂ ਦੀ ਹੀ ਧਰਤੀ ਨਹੀਂ ਸੀ, ਬਲਕਿ ਇੱਥੇ ਹੋਰ ਵੀ ਛੋਟੀਆਂ, ਵੱਡੀਆਂ, ਨੈਆਂ, ਨਦੀਆਂ, ਵੇਈਆਂ ਵਹਿੰਦੀਆਂ ਸਨ, ਜੋ ਇਸ ਧਰਤੀ ਨੂੰ ਜੀਵੰਤ ਰੱਖਣ ਲਈ ਇੱਕ ਤਰ੍ਹਾਂ ਨਾਲ ਨਾੜਾਂ ਦਾ ਕੰਮ ਕਰਦੀਆਂ ਸਨ। ਅਖੌਤੀ ਵਿਕਾਸ ਦੇ ਜ਼ਲਜ਼ਲੇ ਨੇ ਧਰਤੀ ਦੀਆਂ ਇਹਨਾਂ ਨਾੜਾਂ ਨੂੰ ਨੇਸਤੋਨਾਬੂਦ ਕਰ ਦਿੱਤਾ ਹੈ। ਨਦੀਆਂ, ਨੈਆਂ, ਵੇਈਆਂ ਦੇ ਪਾਣੀਆਂ 'ਤੇ ਨਿਰਭਰ ਰਹਿਣ ਵਾਲੇ ਜੀਵਾਂ ਦਾ ਇੱਕ ਅਲੌਕਿਕ ਸੰਸਾਰ ਸੀ। ਇੱਥੇ ਮੱਛਲੀਆਂ, ਡੱਡੂ, ਕੱਛੂਕੁੰਮੇ, ਮੁਰਗਾਬੀਆਂ, ਝੀਂਗੇ, ਘੋਗੇ, ਸਿੱਪੀਆਂ ਅਤੇ ਹੋਰ ਕਈ ਤਰਾਂ ਦੇ ਜੀਵ ਸਨ, ਜਿਹਨਾਂ ਦਾ ਧਰਤੀ ਦੇ ਇਸ ਖਿੱਤੇ ਤੋਂ ਸਫਾਇਆ ਕਰ ਦਿੱਤਾ ਗਿਆ। ਪਾਣੀਆਂ ਦੇ ਵਿੱਚ ਅਤੇ ਆਸ-ਪਾਸ ਉੱਗਣ ਵਾਲੀਆਂ ਕਈ ਤਰ੍ਹਾਂ ਦੀਆਂ ਬਨਸਪਤੀਆਂ ਤੋਂ ਇਲਾਵਾ ਕਾਹੀ, ਸਰ, ਡਿੱਬ, ਕਾਨੇ ਅਤੇ ਹੋਰ ਕਈ ਤਰਾਂ ਦੇ ਪੌਦੇ, ਜਿਹਨਾਂ ਵਿੱਚ ਕਈ ਤਰ੍ਹਾਂ ਦੇ ਜਾਨਵਰਾਂ ਅਤੇ ਪੰਛੀਆਂ ਦੀਆਂ ਰਿਹਾਇਸ਼ਗਾਹਾਂ ਸਨ, ਦਾ ਸਫਾਇਆ ਹੋ ਗਿਆ। ਅਖੌਤੀ ਵਿਕਾਸ ਨੇ ਸਾਨੂੰ ਅਨੇਕਾਂ ਪੰਛੀਆਂ ਅਤੇ ਬਨਸਪਤੀ ਦੀ ਵੰਨਸੁਵੰਨਤਾ ਦੇ ਇੱਕ ਅਲੌਕਿਕ ਸੰਸਾਰ ਤੋਂ ਵਾਂਝਿਆਂ ਕਰ ਦਿੱਤਾ ਹੈ। ਅਜਿਹੀ ਸਥਿਤੀ ਜਿੱਥੇ ਜੀਵ-ਜੰਤੂਆਂ ਲਈ ਘਾਤਕ ਸਿੱਧ ਹੁੰਦੀ ਹੈ, ਉੱਥੇ ਮਨੁੱਖਾਂ ਦੀ ਸਿਹਤ 'ਤੇ ਵੀ ਇਸ ਦੇ ਬੁਰੇ ਪ੍ਰਭਾਵ ਪੈਂਦੇ ਹਨ। ਇਹ ਸਥਿਤੀ ਜੂਨ ਦੇ ਪਹਿਲੇ ਦੂਜੇ ਹਫਤੇ ਤੱਕ ਜਾਰੀ ਰਹਿੰਦੀ ਹੈ। ਫਿਰ ਇਸ ਅਤਿ ਦੀ ਗਰਮੀ ਅਤੇ ਤਪਸ਼ ਵਿੱਚ ਸ਼ੁਰੂ ਹੁੰਦੀ ਹੈ ਝੋਨੇ ਦੀ ਲਵਾਈ। ਇਸ ਦੌਰਾਨ ਅਸੀਂ ਹਜ਼ਾਰਾਂ ਕਿਊਸਿਕ ਪਾਣੀ ਧਰਤੀ 'ਚੋਂ ਕੱਢ ਕੇ ਬਲਦੀ ਜ਼ਮੀਨ 'ਤੇ ਸੁੱਟ ਕੇ ਪੰਜਾਬ ਨੂੰ ਇੱਕ ਵਿਸ਼ਾਲ ਛੱਪੜ ਵਿੱਚ ਬਦਲ ਦਿੰਦੇ ਹਾਂ। ਹਰ ਸਾਲ ਇਹ ਪ੍ਰੀਕਿਰਿਆ ਦੁਹਰਾਈ ਜਾਂਦੀ ਹੈ। ਇਸ ਨਾਲ ਧਰਤੀ ਹੇਠਲੇ ਪਾਣੀ ਦੀ ਬੜੀ ਤੇਜ਼ੀ ਨਾਲ ਬਰਬਾਦੀ ਹੁੰਦੀ ਹੈ।

ਅਸੀਂ ਪੰਜਾਬੀਆਂ ਨੇ ਪਾਣੀ ਦੀ ਪਹਿਲੀ ਸਭ ਤੋਂ ਬਹੁਮੁੱਲੀ ਉਪਰਲੀ ਤਹਿ ਨੂੰ ਖਤਮ ਕਰ ਦਿੱਤਾ ਹੈ। ਇਹ ਸਾਫ-ਸੁਥਰਾ ਫਿਲਟਰ ਹੋਇਆ ਸਵੱਛ ਪਾਣੀ ਸੀ, ਜੋ ਧਰਤੀ ਤੋਂ ਜ਼ੀਰ ਕੇ ਜ਼ਮੀਨ ਵਿੱਚ ਜਾਂਦਾ ਸੀ। ਧਰਤੀ ਹੇਠਲੀ ਇਸ ਤਹਿ ਦਾ ਸਿੱਧਾ ਸਬੰਧ ਮੌਨਸੂਨ ਅਤੇ ਬਾਰਸ਼ਾਂ ਦੇ ਮੌਸਮਾਂ ਨਾਲ ਜੁੜਿਆ ਹੋਇਆ ਸੀ। ਅਸੀਂ ਪਾਣੀ ਦੀ ਬਹੁਮੁੱਲੀ ਤਹਿ ਨੂੰ ਹੀ ਖਤਮ ਨਹੀਂ ਕੀਤਾ, ਬਲਕਿ ਇਸ ਧਰਤੀ 'ਤੇ ਸਦੀਆਂ ਤੋਂ ਮੌਨਸੂਨੀ ਬਾਰਸ਼ਾਂ ਨਾਲ ਜੁੜੇ ਧਰਤੀ ਹੇਠਲੇ ਪਾਣੀ ਦੇ ਸਬੰਧ ਨੂੰ ਵੀ ਤੋੜ ਦਿੱਤਾ, ਜਿਸ ਦੇ ਬੜੇ ਭਿਆਨਕ ਸਿੱਟੇ ਸਾਡੇ ਸਾਹਮਣੇ ਆ ਰਹੇ ਹਨ। ਪਾਣੀ ਸਬੰਧੀ ਪੰਜਾਬ ਦੀ ਹਾਲਤ ਬੜੀ ਭਿਆਨਕ ਹੈ, ਬੜੀ ਡਰਾਉਣੀ ਹੈ। ਪੰਜਾਬ ਦਾ ਵੱਡਾ ਹਿੱਸਾ ਮਾਰੂਥਲ ਬਣਨ ਜਾ ਨਹੀਂ ਰਿਹਾ, ਬਲਕਿ ਮਾਰੂਥਲ ਬਣ ਗਿਆ ਹੈ ਅਤੇ ਇਸ ਦਾ ਲਗਾਤਾਰ ਵਿਸਥਾਰ ਹੋ ਰਿਹਾ ਹੈ। ਇਸ ਸਮੇਂ ਦੇਸ਼ ਵਿੱਚ ਪਾਣੀ ਦੀ ਇੱਕ ਲੀਟਰ ਬੋਤਲ ਦਾ ਮੁੱਲ 20 ਤੋਂ 25 ਰੁਪਏ ਹੈ। ਕੁਝ ਹਿੱਲ ਸਟੇਸ਼ਨਾਂ, ਮਹਿੰਗੇ ਹੋਟਲਾਂ ਅਤੇ ਹੋਰ ਖਾਸ ਥਾਂਵਾਂ ਤੇ ਇਹ ਰੇਟ 30 ਤੋਂ 35 ਰੁਪਏ ਪ੍ਰਤੀ ਬੋਤਲ ਜਾਂ ਇਸ ਤੋਂ ਵੱਧ ਵੀ ਹੈ। ਇਸ ਸਮੇਂ ਅੰਤਰਰਾਸ਼ਟਰੀ ਮੰਡੀ ਵਿੱਚ ਕੱਚੇ ਤੇਲ ਦਾ ਮੁੱਲ 30 ਤੋਂ 32 ਰੁਪਏ ਲੀਟਰ ਹੈ। ਜੇਕਰ ਗਹੁ ਨਾਲ ਵੇਖਿਆ ਜਾਵੇ ਤਾਂ ਇਹ ਥੋੜ੍ਹਾ ਜਿਹਾ ਫਰਕ ਅਗਲੇ ਕੁਝ ਸਾਲਾਂ ਵਿੱਚ ਖਤਮ ਹੋ ਜਾਵੇਗਾ। ਇੱਥੇ ਸਾਨੂੰ ਇਹ ਸਮਝਣ ਦੀ ਲੋੜ ਹੈ ਕਿ ਮਨੁੱਖੀ ਜ਼ਿੰਦਗੀ ਲਈ ਪਾਣੀ ਦੀ ਵੱਧ ਮਹੱਤਤਾ ਹੈ ਜਾਂ ਤੇਲ ਦੀ? ਅਸੀਂ ਇਹ ਵੀ ਅੰਦਾਜ਼ਾ ਕਰ ਸਕਦੇ ਹਾਂ ਕਿ ਪਾਣੀ ਜੋ ਬਹੁਮੁੱਲੀ ਦਾਤ ਹੈ, ਇਸ ਨੂੰ ਅਸੀਂ ਕਿਵੇਂ ਜਾਇਆ ਕਰ ਰਹੇ ਹਾਂ? ਭਵਿੱਖ ਵਿੱਚ ਇਸ ਦਾ ਮੁੱਲ ਤੇਲ ਤੋਂ ਵੀ ਵੱਧ ਹੋਵੇਗਾ।

ਹੁਣ ਅਸੀਂ ਮੱਛੀ ਮੋਟਰਾਂ ਨਾਲ ਖਿੱਚਿਆ ਪਾਣੀ ਪੀ ਰਹੇ ਹਾਂ। ਪਾਈਪਾਂ ਦੇ ਟੋਟੇ ਪਾ ਕੇ ਮੱਛੀ ਮੋਟਰਾਂ ਨੂੰ ਹਰ ਸਾਲ ਹੋਰ ਨੀਵਾਂ ਕਰ ਰਹੇ ਹਾਂ। ਇਹ ਸਿਲਸਿਲਾ ਕਿੰਨੀ ਕੁ ਦੇਰ ਚਲਦਾ ਰਹੇਗਾ? ਕੁਝ ਦਹਾਕੇ ਪਹਿਲਾਂ ਸਮੁੱਚੇ ਪੰਜਾਬ ਵਿੱਚ ਹਰ ਘਰ ਵਿੱਚ ਨਲਕਾ ਹੁੰਦਾ ਸੀ। ਨਲਕਿਆਂ ਦਾ ਪਾਣੀ ਪੀਂਦਿਆਂ ਕਦੇ ਨਹੀਂ ਸੋਚਿਆ ਕਿ ਨਲਕਿਆਂ ਦਾ ਇੱਕ ਦਿਨ ਇਸ ਧਰਤੀ ਤੋਂ ਸਫਾਇਆ ਜੋ ਜਾਵੇਗਾ। ਨਲਕੇ ਸੁੱਕ ਗਏ ਤੇ ਨਲਕਿਆਂ ਵਾਂਗ ਮੱਛੀ ਮੋਟਰਾਂ ਵੀ ਬੜੀ ਜਲਦੀ ਪਾਣੀ ਤੋਂ ਜਵਾਬ ਦੇ ਜਾਣਗੀਆਂ। ਸਾਨੂੰ ਭਰਮ ਹੈ ਕਿ ਮੱਛੀ ਮੋਟਰਾਂ ਦਾ ਪਾਣੀ ਸਦੀਵੀ ਹੈ, ਪਰ ਅਸੀਂ ਇਸ ਭਰਮ 'ਚੋਂ ਜਿੰਨੀ ਜਲਦੀ ਬਾਹਰ ਆ ਜਾਈਏ ਓਨਾ ਹੀ ਚੰਗਾ ਹੈ। ਪੰਜਾਬ ਦੇ 20 ਜ਼ਿਲ੍ਹਿਆਂ ਵਿੱਚ ਪਾਣੀ ਕਿੰਨੀ ਤੇਜ਼ੀ ਨਾਲ ਖਤਮ ਹੋ ਰਿਹਾ ਹੈ, ਇਸ ਦਾ ਅੰਦਾਜ਼ਾ ਇੱਕ ਰਿਪੋਰਟ ਤੋਂ ਲਾਇਆ ਜਾ ਸਕਦਾ ਹੈ, ਜਿਸ ਵਿੱਚ ਸੰਗਰੂਰ ਜਿਲੇ ਵਿੱਚ ਜੂਨ 2013 ਵਿੱਚ ਇੱਥੇ ਪਾਣੀ ਦਾ ਪੱਧਰ 38.37 ਮੀਟਰ ਸੀ ਜੋ ਜੂਨ 2023 ਵਿੱਚ 44.26 ਮੀਟਰ ਦਰਜ ਕੀਤਾ ਗਿਆ। ਪਟਿਆਲੇ ਵਿੱਚ ਜੂਨ 2013 ਵਿੱਚ ਪਾਣੀ ਦਾ ਪੱਧਰ 37.95 ਮੀਟਰ ਸੀ, ਜੋ ਕਿ 2023 ਵਿੱਚ 43.32 ਮੀਟਰ ਹੋ ਗਿਆ। ਪਠਾਨਕੋਟ ਵਿੱਚ ਪਾਣੀ ਦਾ ਪੱਧਰ ਜੂਨ 2013 ਵਿੱਚ 15.26 ਮੀਟਰ ਸੀ, ਜੋ ਜੂਨ 2023 ਵਿੱਚ 28.08 ਮੀਟਰ ਦਰਜ ਕੀਤਾ ਗਿਆ। ਇਸੇ ਤਰ੍ਹਾਂ ਤਰਨ-ਤਾਰਨ, ਹੁਸ਼ਿਆਰਪੁਰ, ਕਪੂਰਥਲਾ, ਰੋਪੜ, ਨਵਾਂਸ਼ਹਿਰ, ਫਿਰੋਜ਼ਪੁਰ, ਫਾਜ਼ਿਲਕਾ, ਫਰੀਦਕੋਟ, ਮੁਕਤਸਰ, ਬਠਿੰਡਾ ਆਦਿ ਜ਼ਿਲ੍ਹਿਆਂ ਦੀ ਪਾਣੀ ਦੀ ਹਾਲਤ ਹਰ ਸਾਲ ਬਦ ਤੋਂ ਬਦਤਰ ਹੁੰਦੀ ਜਾ ਰਹੀ ਹੈ।

ਵੱਡੀ ਗਿਣਤੀ ਲੋਕਾਂ ਅਤੇ ਜੀਵ-ਜੰਤੂਆਂ ਲਈ ਜਾਨ ਦਾ ਖੌਅ ਬਣੇ ਪੰਜਾਬ ਦੀ ਸਾਹ ਰਗ ਵਿੱਚ ਵਹਿੰਦੇ ਬੁੱਢੇ ਦਰਿਆ ਲਈ ਵੀ ਠੋਸ ਕਦਮ ਚੁੱਕੇ ਜਾਣ ਦੀ ਲੋੜ ਹੈ। ਇਹ ਇੱਕ ਤਰ੍ਹਾਂ ਨਾਲ ਪੰਜਾਬ ਦੀ ਧਰਤੀ ਦੇ ਕੇਂਦਰ 'ਚੋਂ ਵਹਿੰਦਾ ਬਦਬੋ ਮਾਰਦਾ ਅਜਿਹਾ ਨਰਕ ਹੈ, ਜਿਸ ਨੇ ਪੰਜਾਬ ਅਤੇ ਰਾਜਸਥਾਨ ਦੇ ਦੋ ਕਰੋੜ ਲੋਕਾਂ ਦੀ ਜ਼ਿੰਦਗੀ ਨੂੰ ਨਰਕ ਬਣਾ ਦਿੱਤਾ ਹੈ। ਧਰਤੀ ਹੇਠੋਂ ਸਾਫ ਪਾਣੀ ਕੱਢ ਕੇ ਇਸ ਨੂੰ ਗੰਦਾ ਕਰਕੇ ਅਗਾਂਹ ਦਰਿਆ ਦੇ ਸਾਫ ਪਾਣੀ ਨੂੰ ਗੰਦਾ ਕਰਨ ਲਈ ਦਰਿਆ ਵਿੱਚ ਸੁੱਟ ਦੇਣਾ ਇਹ ਗੈਰਇਖਲਾਕੀ ਹੈ ਹੀ ਨਹੀਂ ਅਮਾਨਵੀ ਵੀ ਹੈ। ਸਾਨੂੰ ਇਹ ਸਮਝਣਾ ਚਾਹੀਦਾ ਹੈ ਕਿ ਬੁੱਢੇ ਦਰਿਆ ਦੇ ਰੂਪ ਵਿੱਚ ਲੁਧਿਆਣਾ ਸ਼ਹਿਰ 'ਚੋਂ ਧਰਤੀ ਹੇਠੋਂ ਪਾਣੀ ਦੀ ਇੱਕ ਵੱਡੀ ਨਦੀ ਨਿਰੰਤਰ ਕੱਢੀ ਜਾ ਰਹੀ ਹੈ। ਬਿਮਾਰੀਆਂ ਦਾ ਪ੍ਰਕੋਪ ਏਨਾ ਜ਼ਿਆਦਾ ਹੈ ਕਿ ਇਲਾਜ ਲਈ ਲੋਕਾਂ ਦੀਆਂ ਜ਼ਮੀਨਾਂ, ਘਰ, ਦੁਕਾਨਾਂ ਵਿਕ ਰਹੀਆਂ ਹਨ, ਇਲਾਜ ਲਈ ਲੋਕ ਵੱਖ-ਵੱਖ ਹਸਪਤਾਲਾਂ ਵਿੱਚ ਭਟਕ ਰਹੇ ਹਨ। ਬਹੁਤ ਸਾਰੇ ਪਿੰਡ ਅਜਿਹੇ ਹਨ, ਜਿੱਥੇ ਵੱਡੀ ਗਿਣਤੀ ਵਿੱਚ ਮੰਦਬੁੱਧੀ ਬੱਚੇ ਪੈਦਾ ਹੋ ਰਹੇ ਹਨ। ਹਾਲਾਤ ਦਾ ਸੰਤਾਪ ਭੋਗ ਰਹੇ ਲੋਕਾਂ ਦੀ ਕੋਈ ਸਾਰ ਨਹੀਂ ਲੈ ਰਿਹਾ। ਹੁਣ ਵਿਚਾਰਨ ਵਾਲੀ ਗੱਲ ਇਹ ਹੈ, ਜੋ ਲੁਧਿਆਣਾ ਵਿੱਚ ਕਾਰੋਬਾਰ ਕਰਕੇ ਜੋ ਮੁਨਾਫਾ ਕਮਾਇਆ ਜਾ ਰਿਹਾ ਹੈ, ਉਸ ਦਾ ਖਮਿਆਜ਼ਾ ਅਬੋਹਰ, ਫਾਜ਼ਿਲਕਾ, ਸ੍ਰੀ ਮੁਕਤਸਰ ਸਾਹਿਬ ਅਤੇ ਰਾਜਸਥਾਨ ਦੇ ਵੱਡੀ ਤਾਦਾਦ ਵਿੱਚ ਲੋਕ ਕਿਉਂ ਭੁਗਤ ਰਹੇ ਹਨ? ਸਾਨੂੰ ਵਿਚਾਰਨਾ ਪਵੇਗਾ ਕਿ ਜਿਸ ਵਿਕਾਸ ਨੂੰ ਅਸੀਂ ਮਨੁੱਖੀ ਜੀਵਨ ਦੀ ਸਭ ਤੋਂ ਵੱਡੀ ਲੋੜ ਸਮਝਦੇ ਹਾਂ, ਉਹ ਵਿਕਾਸ ਕਿਤੇ ਹੋਰ ਹਜ਼ਾਰਾਂ ਲੋਕਾਂ ਲਈ ਆਜ਼ਾਬ ਤਾਂ ਨਹੀਂ ਬਣ ਰਿਹਾ? ਜਿਸ ਵਿਕਾਸ ਨਾਲ ਲੱਖਾਂ ਲੋਕਾਂ ਦੀ ਜਾਨ ਖਤਰੇ ਵਿੱਚ ਪੈਂਦੀ ਹੋਵੇ, ਉਸ ਨੂੰ ਵਿਕਾਸ ਨਹੀਂ ਵਿਨਾਸ਼ ਕਿਹਾ ਜਾਣਾ ਚਾਹੀਦਾ ਹੈ।

ਲਿਫਾਫੇ ਅਤੇ ਡਿਸਪੋਜ਼ਲ ਦੇ ਰੂਪ ਵਿੱਚ ਪਲਾਸਟਿਕ ਦਾ ਕਚਰਾ ਜੋ ਦਹਾਕਿਆਂ ਤੱਕ ਗਲਦਾ ਨਹੀਂ, ਵਾਤਾਵਰਣ ਲਈ ਸੰਕਟ ਬਣਨ ਲੱਗ ਪਿਆ ਹੈ। ਪੈਕਟਾਂ ਤੇ ਬੋਤਲਾਂ ਵਿੱਚ ਬੰਦ ਵੱਖ ਵੱਖ ਤਰਾਂ ਦੇ ਖਾਣੇ, ਜੂਸ, ਠੰਢੇ ਅਤੇ ਬੱਚਿਆਂ ਦੇ ਖਾਣ ਵਾਲੀਆਂ ਵਸਤਾਂ ਦੀ ਪਲਾਸਟਿਕ ਪੈਕਿੰਗ ਵੀ ਇੱਕ ਵੱਡੀ ਸਮੱਸਿਆ ਹੈ, ਇਸ 'ਤੇ ਰੋਕ ਲਾਉਣ ਲਈ ਵੀ ਸਰਕਾਰਾਂ ਨੂੰ ਵੱਡੇ ਪੈਮਾਨੇ 'ਤੇ ਯਤਨ ਕਰਨ ਦੀ ਲੋੜ ਹੈ। ਬੇਸ਼ੱਕ ਇਹ ਵੱਡੀਆਂ ਮਲਟੀਨੈਸ਼ਨਲ ਕੰਪਨੀਆਂ ਦੇ ਪ੍ਰੋਡਕਟ ਹਨ, ਪਰ ਵਾਤਾਵਰਣ ਦੀ ਤਬਾਹੀ ਰੋਕਣ ਲਈ ਸਾਨੂੰ ਇੱਕ ਨਾ ਇੱਕ ਦਿਨ ਇਹ ਸਭ ਕੁਝ ਕਰਨਾ ਪੈਣਾ ਹੈ।

ਜੇਕਰ ਅਸੀਂ ਸੁਹਿਰਦ ਹੋਈਏ ਤਾਂ ਪੰਜਾਬ ਦੇ ਵਾਤਾਵਰਣ ਨੂੰ ਸੁਧਾਰਿਆ ਜਾ ਸਕਦਾ ਹੈ। ਹਵਾ ਤੇ ਮਿੱਟੀ ਦੇ ਪ੍ਰਦੂਸ਼ਣ ਨੂੰ ਰੋਕਣ ਲਈ ਰੇਹਾਂ, ਸਪਰੇਆਂ ਨੂੰ ਸੀਮਤ ਕੀਤਾ ਜਾਵੇ। ਖੇਤੀ ਲਈ ਧਰਤੀ ਹੇਠਲੇ ਪਾਣੀ ਦੀ ਬਜਾਏ ਨਹਿਰੀ ਪਾਣੀ ਨੂੰ ਤਰਜੀਹ ਦਿੱਤੀ ਜਾਵੇ। ਘੱਟ ਪਾਣੀ ਲੈਣ ਵਾਲੀਆਂ ਝੋਨੇ ਦੀਆਂ ਫਸਲਾਂ ਦੀ ਖੋਜ ਕੀਤੀ ਜਾਵੇ। ਦਰਿਆਵਾਂ ਵਿੱਚ ਲਗਾਤਾਰ ਸੁੱਟੇ ਜਾਂਦੇ ਜ਼ਹਿਰੀਲੇ ਮਾਦੇ ਨੂੰ ਤੁਰੰਤ ਰੋਕਿਆ ਜਾਵੇ। ਹਰ ਪਿੰਡ ਵਿੱਚ ਛੱਪੜਾਂ ਨੂੰ ਡੂੰਘਾ ਕਰਕੇ ਇਹਨਾਂ ਦੀ ਖਲਾਈ ਕੀਤੀ ਜਾਵੇ। ਹਰ ਪਿੰਡ ਵਿੱਚ ਬਾਰਿਸ਼ ਦੇ ਪਾਣੀ ਨੂੰ ਸੰਭਾਲਣ ਲਈ ਰੇਤ ਦੇ ਵਿਸ਼ਾਲ ਫਿਲਟਰ ਬਣਾ ਕੇ ਪਾਣੀ ਨੂੰ ਫਿਲਟਰ ਕਰਕੇ ਧਰਤੀ ਹੇਠਲੇ ਪਾਣੀ ਨੂੰ ਰੀਚਾਰਜ ਕਰਨ ਦੇ ਪ੍ਰਬੰਧ ਕੀਤੇ ਜਾਣ। ਬਾਰਸ਼ਾਂ ਵਿੱਚ ਵਹਿਣ ਵਾਲੀਆਂ ਛੋਟੀਆਂ-ਛੋਟੀਆਂ ਨਦੀਆਂ, ਨੈਆਂ ਨੂੰ ਮੁੜ ਸੁਰਜੀਤ ਕੀਤਾ ਜਾਵੇ। ਰੁੱਖਾਂ ਨੂੰ ਲਗਾਉਣ ਦੇ ਨਾਲ ਨਾਲ ਪਾਲਣ ਲਈ ਵਿਸ਼ੇਸ਼ ਪ੍ਰੋਗਰਾਮ ਬਣਾ ਕੇ ਢੁਕਵੇਂ ਯਤਨ ਕੀਤੇ ਜਾਣ। ਦਰਿਆਵਾਂ ਦੇ ਕੰਢਿਆਂ ਤੋਂ ਨਜਾਇਜ਼ ਕਬਜ਼ੇ ਛੁਡਵਾਏ ਜਾਣ। ਬਹੁਤ ਸਾਰੀਆਂ ਅਜਿਹੀਆਂ ਉਦਾਹਰਣਾਂ ਹਨ, ਜਿੱਥੇ ਧਰਤੀ ਹੇਠਲਾ ਪਾਣੀ ਸੁੱਕ ਗਿਆ ਅਤੇ ਸੂਝਵਾਨ ਲੋਕਾਂ ਨੇ ਇਕੱਠੇ ਹੋ ਕੇ ਇਸ ਨੂੰ ਦੁਬਾਰਾ ਹਾਸਿਲ ਕਰਨ ਵਿੱਚ ਸਫਲਤਾ ਹਾਸਲ ਕੀਤੀ।

ਅਜੋਕਾ ਸਾਡਾ ਵਿਕਾਸ ਮਾਡਲ ਬਜ਼ਾਰੂ ਤਰਜੀਹਾਂ 'ਤੇ ਉਸਰਿਆ ਵਿਕਾਸ ਮਾਡਲ ਹੈ। ਸਾਨੂੰ ਇਹ ਸਮਝਣਾ ਪਵੇਗਾ ਕਿ ਕੁਦਰਤ ਨਾਲੋਂ ਤੋੜ-ਵਿਛੋੜਾ ਕਰਕੇ ਸਾਡਾ ਗੁਜ਼ਾਰਾ ਨਹੀਂ। ਕੁਦਰਤ ਦੀ ਰਹਿਬਰੀ ਤਿਆਗ ਕੇ ਅਸੀਂ ਪਤਾ ਨਹੀਂ ਕਿਹੜੇ ਸੁੱਖਾਂ ਦੀ ਭਾਲ ਕਰ ਰਹੇ ਹਾਂ। ਸਾਡਾ ਸੂਬਾ ਖੇਤੀ ਪ੍ਰਧਾਨ ਸੂਬਾ ਹੈ, ਜਿਸ ਬਾਰੇ 'ਉੱਤਮ ਖੇਤੀ, ਮੱਧਮ ਵਪਾਰ, ਨਿਖਿੱਧ ਚਾਕਰੀ' ਕਿਹਾ ਜਾਂਦਾ ਸੀ, ਜਿਸ ਖੇਤੀ ਨੂੰ ਸਾਡੇ ਗੁਰੂ ਬਾਬੇ ਨਾਨਕ ਨੇ:-

*ਮਨੁ ਹਾਲੀ ਕਿਰਸਾਣੀ ਕਰਣੀ ਸਰਮੁ ਪਾਣੀ ਤਨੁ ਖੇਤੁ ॥*

ਆਖ ਕੁਦਰਤ ਨਾਲ ਸਾਡੇ ਰਿਸ਼ਤੇ ਦੀ ਵਿਆਖਿਆ ਕੀਤੀ ਤੇ ਇਸ ਨੂੰ ਵਡਿਆਇਆ ਸੀ, ਉਸ ਖੇਤੀ 'ਤੇ ਬਾਜ਼ਾਰ ਦਾ ਗਲਬਾ ਪੈ ਗਿਆ। ਬਜ਼ਾਰ ਦੇ ਗਲਬੇ ਦੀ ਬਦੌਲਤ ਸਾਡੇ ਖੇਤਾਂ 'ਚੋਂ ਰੁੱਖ, ਪਸ਼ੂ, ਪੰਛੀ, ਬਨਸਪਤੀਆਂ, ਸੂਏ, ਨੈਆਂ, ਵੇਈਆਂ, ਟੋਏ, ਟਿੱਬੇ, ਝਾੜ, ਬੂਟੇ, ਝਿੜੀਆਂ ਇਸ ਧਰਤੀ ਨੂੰ ਬੇਦਾਵਾ ਦੇ ਗਏ। ਬਾਜ਼ਾਰੂ ਢੰਗ ਦੀ ਖੇਤੀ ਨੇ ਜਿੱਥੇ ਸਾਨੂੰ ਕੁਦਰਤੀ ਨਿਆਮਤਾਂ ਤੋਂ ਦੂਰ ਕਰ ਦਿੱਤਾ, ਉੱਥੇ ਅਸੀਂ ਕਿਰਤ ਤੋਂ ਵੀ ਟੁੱਟ ਗਏ। ਅੱਜ ਸਾਨੂੰ ਇਸ ਮਕੜਜਾਲ ਨੂੰ ਸਮਝਣ ਦੀ ਲੋੜ ਹੈ। ਕੁਦਰਤ ਤੋਂ ਤੋੜ-ਵਿਛੋੜਾ ਕਰ ਕੇ ਸਾਡਾ ਗੁਜ਼ਾਰਾ ਨਹੀਂ।

**# ਸੰਪਰਕ : 98550-51099**

# ਨੌਜਵਾਨ ਕ੍ਰਾਂਤੀਕਾਰੀ ਸ਼ਹੀਦ ਬਸੰਤ ਕੁਮਾਰ ਬਿਸ਼ਵਾਸ

**ਪਿਰਥੀਪਾਲ ਸਿੰਘ ਮਾੜੀਮੇਘਾ**

ਮਹਾਨ ਆਜ਼ਾਦੀ ਘੁਲਾਟੀਏ ਬਸੰਤ ਕੁਮਾਰ ਬਿਸ਼ਵਾਸ ਨੇ 23 ਦਸੰਬਰ 1912 ਨੂੰ ਅੰਗਰੇਜ ਵਾਇਸਰਾਏ ਲਾਰਡ ਹਾਰਡਿੰਗ 'ਤੇ ਦਿੱਲੀ ਵਿਖੇ ਬੰਬ ਸੁੱਟ ਕੇ ਉਸ ਨੂੰ ਮਾਰਨ ਦੀ ਕੋਸ਼ਿਸ਼ ਕੀਤੀ, ਪਰ ਉਹ ਜ਼ਖਮੀ ਹੋਇਆ ਵੀ ਬਚ ਗਿਆ।

ਬਸੰਤ ਕੁਮਾਰ ਦਾ ਜਨਮ 6 ਫਰਵਰੀ 1895 ਨੂੰ ਬੰਗਾਲ ਦੇ ਨਦੀਆ ਜ਼ਿਲ੍ਹੇ ਦੇ ਪਿੰਡ 'ਪੋਰਾਗਾਛਾ' ਵਿੱਚ ਹੋਇਆ। ਜਵਾਨੀ ਦੀ ਦਹਿਲੀਜ਼ 'ਤੇ ਪੈਰ ਧਰਦਿਆਂ ਹੀ ਆਪ ਰਾਜਨੀਤੀ ਵਿੱਚ ਕੁੱਦ ਪਏ। ਬਸੰਤ ਕੁਮਾਰ ਪ੍ਰਸਿੱਧ ਇਨਕਲਾਬੀ ਰਾਸ ਬਿਹਾਰੀ ਬੋਸ ਦੇ ਸੰਪਰਕ ਵਿੱਚ ਆ ਕੇ ਯੁਗਾਂਤਰ ਸਮੂਹ ਦੇ ਸਰਗਰਮ ਮੈਂਬਰ ਬਣ ਗਏ। ਬਸੰਤ ਕੁਮਾਰ ਨੇ 16 ਸਾਲ ਦੀ ਉਮਰ ਵਿੱਚ ਬੰਬ ਬਣਾਉਣਾ ਤੇ ਚਲਾਉਣਾ ਸਿੱਖ ਲਿਆ ਸੀ। ਉਨ੍ਹਾ ਦਾ ਅੰਗਰੇਜ਼ ਸਾਮਰਾਜੀਆਂ ਵਿਰੁੱਧ ਸਰਗਰਮੀਆਂ ਦਾ ਮੁੱਖ ਕੇਂਦਰ ਬੰਗਾਲ, ਪੰਜਾਬ ,ਉੱਤਰ ਪ੍ਰਦੇਸ਼ ਤੇ ਦਿੱਲੀ ਰਿਹਾ। ਰਾਸ ਬਿਹਾਰੀ ਬੋਸ ਉਹ ਨਿਡਰ ਕ੍ਰਾਂਤੀਕਾਰੀ ਸਨ, ਜੋ ਗਦਰੀ ਦੇਸ਼ ਭਗਤਾਂ ਦੇ ਸੱਦੇ 'ਤੇ ਗਦਰ ਦੀ ਅਗਵਾਈ ਕਰਨ ਲਈ ਅੰਮ੍ਰਿਤਸਰ ਤੇ ਲਾਹੌਰ ਪਹੁੰਚ ਗਏ ਸਨ।

ਅੰਗਰੇਜ਼ਾਂ ਨੇ ਹਿੰਦੁਸਤਾਨ ਦੇ ਸਥਾਨ ਪਲਾਸੀ 'ਤੇ ਕਬਜ਼ਾ ਕਰਕੇ ਜਦੋਂ ਬੰਗਾਲ ਨੂੰ ਆਪਣੇ ਅਧਿਕਾਰ ਹੇਠ ਲੈ ਲਿਆ ਤੇ ਉਨ੍ਹਾਂ ਨੇ ਆਪਣੀ ਰਾਜਧਾਨੀ ਕਲਕੱਤੇ ਬਣਾਈ। ਹਿੰਦੁਸਤਾਨ ਦੇ ਬਾਕੀ ਹਿੱਸਿਆਂ 'ਤੇ ਕਬਜ਼ਾ ਕਰਨ ਤੋਂ ਬਾਅਦ ਅੰਗਰੇਜ਼ਾਂ ਨੇ ਜਦੋਂ ਰਾਜਧਾਨੀ ਕਲਕੱਤੇ ਤੋਂ ਦਿੱਲੀ ਲਿਆਂਦੀ ਤੇ ਅੰਗਰੇਜ਼ ਹਾਕਮ ਵਾਇਸਰਾਏ ਲਾਰਡ ਹਾਰਡਿੰਗ ਖ਼ੁਸ਼ੀ ਵਿੱਚ ਪੁਰਾਣੀ ਦਿੱਲੀ ਵਿਖੇ ਸ਼ਾਹੀ ਜਲੂਸ ਕੱਢ ਰਿਹਾ ਸੀ। ਜਲੂਸ ਚਾਂਦਨੀ ਚੌਕ ਪਹੁੰਚਿਆ ਤੇ ਕ੍ਰਾਂਤੀਕਾਰੀਆਂ ਦੀ ਯੋਜਨਾ 'ਤੇ ਬਸੰਤ ਕੁਮਾਰ ਬਿਸ਼ਵਾਸ ਨੇ ਲਾਰਡ ਹਾਰਡਿੰਗ 'ਤੇ ਬੰਬ ਸੁੱਟ ਦਿੱਤਾ। ਬੰਬ ਫਟਣ ਨਾਲ ਵਾਇਸਰਾਏ ਨੂੰ ਮਾਮੂਲੀ ਸੱਟਾਂ ਲੱਗੀਆਂ। ਉਸ ਦੇ ਨਾਲ ਹਾਥੀ ਤੇ ਸਵਾਰ ਉਸ ਦੀ ਪਤਨੀ ਵਿਨੀਫਰੇਡ ਸੱਟਾਂ ਲੱਗਣ ਤੋਂ ਬਚ ਗਈ। ਵਾਇਸਰਾਏ ਦਾ ਸੇਵਾਦਾਰ, ਜਿਸ ਨੇ ਵਾਇਸਰਾਏ ਉਪਰ ਛਤਰੀ ਦੀ ਛਾਂ ਕੀਤੀ ਹੋਈ ਸੀ, ਉਹ ਬੰਬ ਧਮਾਕੇ ਵਿੱਚ ਮਾਰਿਆ ਗਿਆ ਅਤੇ ਦੂਜੇ ਸੇਵਦਾਰ ਦੇ ਬੰਬ ਦੇ ਧਮਾਕੇ ਨਾਲ ਕੰਨਾਂ ਦੇ ਪਰਦੇ ਫਟ ਗਏ। ਸ਼ਾਹੀ ਜਲੂਸ ਵੇਖਣ ਆਏ ਇੱਕ 16 ਸਾਲਾ ਲੜਕੇ ਦੀ ਵੀ ਬੰਬ ਦੇ ਛਰਿਆਂ ਨਾਲ ਮੌਤ ਹੋਈ। ਇਸ ਬੰਬ ਧਮਾਕੇ ਵਿੱਚ 20 ਦੇ ਕਰੀਬ ਲੋਕ ਜ਼ਖਮੀ ਹੋਏ।



ਇਸ ਘਟਨਾ ਤੋਂ ਬਾਅਦ ਇਲਾਕੇ ਅਤੇ ਰੇਲਵੇ ਸਟੇਸ਼ਨ ਨੂੰ ਪੁਲਸ ਨੇ ਘੇਰ ਲਿਆ। ਕਿਸੇ ਵੀ ਮਨੁੱਖ ਨੂੰ ਸ਼ਹਿਰ 'ਚੋਂ ਬਾਹਰ ਜਾਣ ਦੀ ਮਨਾਹੀ ਕਰ ਦਿੱਤੀ ਗਈ। ਸਪੈਸ਼ਲ ਔਰਤਾਂ ਮੰਗਵਾ ਕੇ ਮਹਿਲਾਵਾਂ ਦੀ ਵੀ ਤਲਾਸ਼ੀ ਲਈ ਗਈ ਕਿ ਕਿਤੇ ਬੰਬ ਸੁੱਟਣ ਵਾਲਾ ਔਰਤ ਦੇ ਭੇਸ ਵਿੱਚ ਨਾ ਹੋਵੇ। ਉਂਞ ਸੂਤਰ ਇਹ ਦੱਸਦੇ ਹਨ ਕਿ ਬਸੰਤ ਕੁਮਾਰ ਨੇ ਇਹ ਬੰਬ ਔਰਤ ਦੇ ਭੇਸ ਵਿੱਚ ਹੀ ਸੁੱਟਿਆ ਸੀ। ਡਾਕਖਾਨਿਆਂ ਵਿੱਚ ਡਾਕ ਦੀ ਪੜਤਾਲ ਕੀਤੀ ਗਈ ਕਿ ਕੋਈ ਚਿੱਠੀ ਪੱਤਰ ਦਾ ਖੁਰਾ-ਖੋਜ ਇਸ ਬੰਬ ਧਮਾਕੇ ਬਾਰੇ ਮਿਲ ਜਾਏ। ਅੰਗਰੇਜ਼ਾਂ ਨੇ ਕ੍ਰਾਂਤੀਕਾਰੀਆਂ ਦੇ ਇਸ ਇਨਕਲਾਬੀ ਕਾਰਨਾਮੇ ਨੂੰ ਸਾਹਮਣੇ ਰੱਖ ਕੇ ਇਸ ਬੰਬ ਧਮਾਕੇ ਦੀ ਜਾਣਕਾਰੀ ਲੈਣ ਲਈ ਅਲੀਗੜ੍ਹ, ਲਖਨਊ, ਬਨਾਰਸ, ਪੇਸ਼ਾਵਰ, ਸ਼ਿਮਲਾ, ਹੈਦਰਾਬਾਦ, ਇੰਦੌਰ, ਮੇਰਠ, ਕਰਾਚੀ ਅਤੇ ਇਥੋਂ ਤੱਕ ਕਿ ਫਾਰਸ ਦੀ ਖਾੜੀ ਦੇ ਅਬਾਦਾਨ ਵਰਗੇ ਸ਼ਹਿਰਾਂ ਵਿੱਚ ਸੌ ਤੋਂ ਜ਼ਿਆਦਾ ਵੱਖ ਵੱਖ ਜਾਂਚ, ਨਿਗਰਾਨ ਅਭਿਆਨ ਅਤੇ ਗ੍ਰਿਫਤਾਰੀਆਂ ਕੀਤੀਆਂ, ਪਰ ਕਿਤੋਂ ਵੀ ਬੰਬ ਸੁੱਟਣ ਵਾਲਿਆਂ ਦੇ ਸੁਰਾਗ ਦਾ ਪਤਾ ਨਾ ਲੱਗਿਆ।

ਦਿੱਲੀ ਧਮਾਕੇ ਦੇ ਸੁਰਾਗ ਬਾਰੇ ਲਾਹੌਰ ਬੰਬ ਧਮਾਕੇ ਤੋਂ ਪਤਾ ਲੱਗਾ, ਕਿਉਂਕਿ ਦਿੱਲੀ ਤੇ ਲਾਹੌਰ ਦੇ ਬੰਬ ਧਮਾਕੇ ਸੇਮ ਸਮੱਗਰੀ ਵਾਲੇ ਸਨ। ਪੰਜਾਬ ਅਤੇ ਕਲਕੱਤੇ ਦੇ ਕ੍ਰਾਂਤੀਕਾਰੀਆਂ ਦਾ ਆਪਸੀ ਤਾਲਮੇਲ ਸੀ। ਸਬੂਤਾਂ ਦੇ ਆਧਾਰ 'ਤੇ ਪੁਲਸ ਨੇ ਕਲਕੱਤੇ ਦੀ ਇੱਕ ਇਮਾਰਤ 'ਤੇ ਛਾਪਾ ਮਾਰ ਕੇ ਚਾਰ ਲੋਕਾਂ ਨੂੰ ਗ੍ਰਿਫਤਾਰ ਕਰ ਲਿਆ ਅਤੇ ਉਨ੍ਹਾਂ ਕੋਲੋਂ ਬੰਬ ਬਣਾਉਣ ਵਾਲਾ ਸਾਮਾਨ ਤੇ ਕ੍ਰਾਂਤੀਕਾਰੀ ਸਾਹਿਤ ਵੀ ਮਿਲ ਗਿਆ। ਇਹ ਵੀ ਸਬੂਤ ਮਿਲ ਗਿਆ ਕਿ ਇਹ ਸਾਹਿਤ ਲਾਹੌਰ, ਯੂ ਪੀ ਤੇ ਦਿੱਲੀ ਵੰਡਿਆ ਗਿਆ ਹੈ। ਪੁਲਸ ਨੇ ਦਿੱਲੀ ਵਿਖੇ ਕ੍ਰਾਂਤੀਕਾਰੀ ਅਮੀਰ ਚੰਦ ਦੇ ਘਰ ਛਾਪਾ ਮਾਰਿਆ ਤੇ ਉਥੋਂ ਕ੍ਰਾਂਤੀਕਾਰੀ ਸਾਹਿਤ ਦਾ ਭੰਡਾਰ, ਲੁਕਾਏ ਹੋਏ ਬੰਬਾਂ ਦੇ ਡੈਟੋਨੇਟਰ, ਪਿਕਰਿਡ ਐਸਿਡ ਅਤੇ ਅੰਗਰੇਜ਼ ਅਫਸਰਾਂ ਨੂੰ ਮਾਰਨ ਵਾਲੀ ਯੋਜਨਾ ਵਾਲੇ ਕਾਗਜ਼ ਵੀ ਮਿਲ ਗਏ। ਅਮੀਰ ਚੰਦ ਦੇ ਘਰ ਤੋਂ ਇਹ ਵੀ ਪਤਾ ਲੱਗ ਗਿਆ ਕਿ ਰਾਸ ਬਿਹਾਰੀ ਬੋਸ ਇਥੇ ਠਹਿਰਿਆ ਸੀ। ਕਾਗਜ਼ਾਂ ਤੋਂ ਇਹ ਵੀ ਜਾਣਕਾਰੀ ਪੱਕੀ ਹੋ ਗਈ ਕਿ ਰਾਸ ਬਿਹਾਰੀ ਬੋਸ ਹੀ ਲਾਹੌਰ, ਦਿੱਲੀ ਅਤੇ ਕਲਕੱਤਾ ਦੇ ਕ੍ਰਾਂਤੀਕਾਰੀਆਂ ਨੂੰ ਆਪਸ ਵਿੱਚ ਜੋੜਨ ਦਾ ਕੰਮ ਕਰਦਾ ਹੈ। ਉਥੋਂ ਹੀ ਪੁਲਸ ਦੇ ਹੱਥ ਇੱਕ ਪੱਤਰ ਲੱਗਾ, ਜਿਹੜਾ ਅਵਧ ਬਿਹਾਰੀ ਨੂੰ ਸੰਬੋਧਿਤ ਸੀ। ਗ੍ਰਿਫ਼ਤਾਰੀ ਦੌਰਾਨ ਅਵਧ ਬਿਹਾਰੀ ਨੇ ਪੁਲਸ ਕੋਲ ਉਸ ਪੱਤਰ ਬਾਰੇ ਸਵੀਕਾਰ ਵੀ ਕੀਤਾ ਕਿ ਇਹ ਪੱਤਰ ਉਸ ਨੂੰ ਲਾਹੌਰ ਦੇ ਇੱਕ ਵਿਦਿਆਰਥੀ ਦੀਨਾਨਾਥ ਨੇ ਭੇਜਿਆ ਸੀ। ਜਦੋਂ ਦੀਨਾ ਨਾਥ ਨੂੰ ਪੁਲਸ ਨੇ ਗ੍ਰਿਫਤਾਰ ਕੀਤਾ ਤਾਂ ਉਸ ਨੇ ਦੱਸ ਦਿੱਤਾ ਕਿ ਦਿੱਲੀ ਵਾਇਸਰਾਏ 'ਤੇ ਬੰਬ ਸੁੱਟਣ ਲਈ ਬੰਬ ਸਪਲਾਈ ਬੋਸ ਨੇ ਹੀ ਕੀਤਾ ਸੀ। ਇਹ ਵੀ ਸਾਫ ਹੋ ਗਿਆ ਕਿ ਦਿੱਲੀ ਬੰਬ ਧਮਾਕੇ ਵਿੱਚ ਬਸੰਤ ਕੁਮਾਰ ਬਿਸ਼ਵਾਸ ਤੇ ਅਵਧ ਬਿਹਾਰੀ ਸ਼ਾਮਲ ਹਨ। ਪੁਲਸ ਨੇ ਬਸੰਤ ਕੁਮਾਰ ਬਿਸ਼ਵਾਸ ਨੂੰ 26 ਫਰਵਰੀ 1914 ਨੂੰ ਬੰਗਾਲ ਦੇ ਨਾਦੀਆ ਦੇ 'ਪੁਰਾਗਾਚਾ' ਤੋਂ ਆਪਣੇ ਪਿਤਾ ਦੇ ਅੰਤਮ ਸੰਸਕਾਰ ਸਮੇਂ ਗ੍ਰਿਫਤਾਰ ਕਰ ਲਿਆ।

ਦਿੱਲੀ, ਲਾਹੌਰ ਛੜਯੰਤਰ ਮੁਕੱਦਮਾ 23 ਮਈ 1914 ਨੂੰ ਦਿੱਲੀ ਵਿੱਚ ਸ਼ੁਰੂ ਹੋਇਆ। ਮੁਕੱਦਮੇ ਵਿੱਚ ਚਾਰ ਪ੍ਰਸਿੱਧ ਕ੍ਰਾਂਤੀਕਾਰੀ ਬਸੰਤ ਕੁਮਾਰ ਬਿਸ਼ਵਾਸ, ਅਵਧ ਬਿਹਾਰੀ, ਅਮੀਰ ਚੰਦ, ਭਾਈ ਬਾਲ ਮੁਕੰਦ ਅਤੇ ਰਾਸ ਬਿਹਾਰੀ ਬੋਸ ਮੁੱਖ ਤੌਰ 'ਤੇ ਸ਼ਾਮਲ ਸਨ। ਰਾਸ ਬਿਹਾਰੀ ਤਾਂ ਪੁਲਸ ਦੇ ਹੱਥ ਨਾ ਆਇਆ ਤੇ ਜਾਪਾਨ ਜਾ ਕੇ ਉਥੋਂ ਦਾ ਵਸਨੀਕ ਬਣ ਗਿਆ। ਇਸ ਕੇਸ ਵਿੱਚ ਅਵਧ ਬਿਹਾਰੀ, ਅਮੀਰ ਚੰਦ ਅਤੇ ਭਾਈ ਬਾਲ ਮੁਕੰਦ ਨੂੰ ਮੌਤ ਦੀ ਸਜ਼ਾ ਹੋਈ। ਭਾਈ ਬਸੰਤ ਕੁਮਾਰ ਨੂੰ ਪਹਿਲਾਂ ਉਮਰ ਕੈਦ ਦੀ ਸਜ਼ਾ ਦਿੱਤੀ ਗਈ, ਜਦੋਂ ਉਸ ਦੀ ਅਪੀਲ ਪਾਈ ਗਈ ਤੇ ਫਿਰ ਮੌਤ ਦੀ ਸਜ਼ਾ ਹੋ ਗਈ। ਅੰਗਰੇਜ਼ ਹਕੂਮਤ ਨੇ 20 ਸਾਲਾ ਨੌਜਵਾਨ ਕ੍ਰਾਂਤੀਕਾਰੀ ਬਸੰਤ ਕੁਮਾਰ ਨੂੰ 11 ਮਈ 1915 ਨੂੰ ਅੰਬਾਲਾ ਜੇਲ੍ਹ ਵਿੱਚ ਫਾਂਸੀ ਦੇ ਕੇ ਸ਼ਹੀਦ ਕਰ ਦਿੱਤਾ। ਇਸੇ ਤਰ੍ਹਾਂ ਬਾਕੀ ਇਨਕਲਾਬੀਆਂ ਨੂੰ ਇੱਕ-ਇੱਕ, ਦੋ-ਦੋ ਦਿਨ ਦੇ ਵਕਫੇ ਨਾਲ ਫਾਂਸੀ ਦਿੱਤੀ ਗਈ।

**# ਸੰਪਰਕ : 98760-78731**

**ਬਰਸੀ 'ਤੇ ਵਿਸ਼ੇਸ਼**

# ਸੁਰਜੀਤ ਪਾਤਰ ਨਾਲ ਜੁੜੀ ਪਿਆਰੀ ਯਾਦ

**ਡਾ. ਇਕਬਾਲ ਸਿੰਘ ਸਕਰੌਦੀ**

ਮੈਂ, ਡਾ. ਸੁਰਜੀਤ ਪਾਤਰ ਦੀਆਂ ਗ਼ਜ਼ਲਾਂ ਦੀ ਪ੍ਰਕਾਸ਼ਿਤ ਪਹਿਲੀ ਰਚਨਾ 'ਹਵਾ ਵਿੱਚ ਲਿਖੇ ਹਰਫ਼' ਨੂੰ ਦਸਵੀਂ ਜਮਾਤ ਵਿੱਚ ਪੜ੍ਹਦਿਆਂ ਪੜ੍ਹ ਲਿਆ ਸੀ। ਇਸ ਪਿੱਛੋਂ ਪ੍ਰਕਾਸ਼ਤ ਹੋਈਆਂ ਪਾਤਰ ਦੀਆਂ ਸਾਰੀਆਂ ਕਵਿਤਾਵਾਂ ਅਤੇ ਗ਼ਜ਼ਲਾਂ ਮੈਂ ਸਮੇਂ-ਸਮੇਂ 'ਤੇ ਪੜ੍ਹੀਆਂ। ਮੈਂ ਜਦੋਂ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ, ਛਾਜਲੀ (ਸੰਗਰੂਰ) ਵਿੱਚ ਬਤੌਰ ਮੁਖੀ ਜੁਆਇੰਨ ਕੀਤਾ ਤਾਂ ਮੈਂ ਵੇਖਿਆ ਕਿ ਸਕੂਲ ਵਿੱਚ ਬਹੁਤ ਵੱਡੀ ਲਾਇਬਰੇਰੀ ਹੈ। ਪੁਸਤਕਾਂ ਦੀ ਗਿਣਤੀ ਵੀ ਬਹੁਤ ਜ਼ਿਆਦਾ ਹੈ, ਪਰੰਤੂ ਵਿਦਿਆਰਥੀਆਂ ਦੀ ਲਾਇਬਰੇਰੀ ਵੱਲ ਕੋਈ ਖਿੱਚ ਨਹੀਂ ਸੀ। ਉਹ ਪੁਸਤਕਾਂ ਈਸ਼ੂ ਨਹੀਂ ਕਰਵਾਉਂਦੇ। ਦੂਜਾ, ਲਾਇਬਰੇਰੀ ਵਿੱਚ ਨਵੀਆਂ ਪ੍ਰਕਾਸ਼ਤ ਪੁਸਤਕਾਂ ਦੀ ਵੀ ਮੈਨੂੰ ਘਾਟ ਮਹਿਸੂਸ ਹੋਈ। ਮੈਂ ਆਪਣੀ ਜੇਬ 'ਚੋਂ ਪੈਸੇ ਖ਼ਰਚ ਕੇ ਪਾਤਰ ਦੀਆਂ ਪੁਸਤਕਾਂ ਦੇ ਪੰਜ ਸੈੱਟ ਅਤੇ ਹੋਰ ਬਹੁਤ ਸਾਰੀਆਂ ਨਵੀਆਂ ਛਪੀਆਂ ਪੁਸਤਕਾਂ ਲਾਇਬਰੇਰੀ ਵਿੱਚ ਪਾ ਦਿੱਤੀਆਂ। ਅਗਲੇ ਦਿਨ ਸਵੇਰ ਦੀ ਸਭਾ ਵਿੱਚ ਪੁਸਤਕਾਂ ਸੰਬੰਧੀ ਦੱਸਦਿਆਂ ਮੈਂ ਕਿਹਾ, ਪਿਆਰੇ ਵਿਦਿਆਰਥੀਓ, ਆਪਣੇ ਸਕੂਲ ਦੀ ਲਾਇਬਰੇਰੀ ਵਿੱਚ ਕਵਿਤਾਵਾਂ, ਕਹਾਣੀਆਂ, ਨਾਵਲ, ਨਾਟਕ, ਸਵੈ-ਜੀਵਨੀਆਂ ਅਤੇ ਛੋਟੇ ਬੱਚਿਆਂ ਨਾਲ਼ ਸੰਬੰਧਤ ਬਹੁਤ ਸਾਰੀਆਂ ਪੁਸਤਕਾਂ ਪਾ ਦਿੱਤੀਆਂ ਹਨ। ਸਾਰੇ ਵਿਦਿਆਰਥੀ ਆਪੋ-ਆਪਣੀ ਪਸੰਦ ਦੀ ਪੁਸਤਕ ਲਾਇਬਰੇਰੀ ਵਿੱਚੋਂ ਜਾਰੀ ਕਰਵਾ ਕੇ ਆਪਣੇ ਘਰ ਬੈਠ ਕੇ ਪੜ੍ਹਨਗੇ। ਪੁਸਤਕ ਪੜ੍ਹ ਕੇ ਜਿਹੜਾ ਵਿਦਿਆਰਥੀ ਪੁਸਤਕ ਸੰਬੰਧੀ ਦੋ ਪੰਨਿਆਂ ਦੀ ਸੰਖੇਪ ਜਾਣਕਾਰੀ ਲਿਖ ਕੇ ਲਿਆਵੇਗਾ, ਉਸ ਨੂੰ ਸਕੂਲ ਵੱਲੋਂ ਵੀਹ ਰੁਪਏ ਦਾ ਨਵਾਂ ਰਜਿਸਟਰ ਇਨਾਮ ਵਿੱਚ ਦਿੱਤਾ ਜਾਏਗਾ।

ਇਸ ਨਾਲ਼ ਵਿਦਿਆਰਥੀਆਂ ਵਿੱਚ ਪੁਸਤਕਾਂ ਪੜ੍ਹਨ ਦੀ ਚੇਟਕ ਲੱਗ ਗਈ। ਭਾਵੇਂ ਉਹ ਜ਼ਿਆਦਾ ਕਰਕੇ ਕਵਿਤਾਵਾਂ ਅਤੇ ਕਹਾਣੀਆਂ ਦੀਆਂ ਪੁਸਤਕਾਂ ਹੀ ਪੜ੍ਹਦੇ ਸਨ, ਪਰੰਤੂ ਵੀਹ ਰੁਪਏ ਦਾ ਰਜਿਸਟਰ ਇਨਾਮ ਵਿੱਚ ਜਿੱਤਣ ਲਈ ਉਹ ਪੜ੍ਹੀ ਗਈ ਪੁਸਤਕ ਬਾਰੇ ਬਹੁਤ ਸੋਹਣਾ ਲਿਖ ਕੇ ਲਿਆਉਣ ਲੱਗ ਪਏ। ਬਹੁਤ ਸਾਰੀਆਂ ਵਿਦਿਆਰਥਣਾਂ ਨੇ ਪਾਤਰ ਦੀਆਂ ਗ਼ਜ਼ਲਾਂ ਅਤੇ ਕਵਿਤਾਵਾਂ ਨੂੰ ਪੜ੍ਹਿਆ। ਉਹ ਕਵਿਤਾਵਾਂ, ਗ਼ਜ਼ਲਾਂ ਬਾਰੇ ਲਿਖ ਕੇ ਲਿਆਉਣ ਲੱਗ ਪਈਆਂ। ਬਹੁਤ ਸਾਰੇ ਵਿਦਿਆਰਥੀਆਂ ਨੇ ਸਵੇਰ ਦੀ ਸਭਾ ਵਿੱਚ ਪਾਤਰ ਦੀਆਂ ਗ਼ਜ਼ਲਾਂ ਨੂੰ ਸੁਰ ਵਿਚ ਗਾ ਕੇ ਸੁਣਾਉਣਾ ਸ਼ੁਰੂ ਕਰ ਦਿੱਤਾ।



ਇੱਕ ਦਿਨ ਮੈਂ ਡਾ. ਸੁਰਜੀਤ ਪਾਤਰ ਨੂੰ ਪੱਤਰ ਲਿਖ ਦਿੱਤਾ-

ਸਤਿਕਰਿਤ ਡਾ. ਸੁਰਜੀਤ ਪਾਤਰ ਜੀ, ਮੈਂ ਖ਼ੁਦ, ਮੇਰੇ ਸਕੂਲ ਦੇ ਵਿਦਿਆਰਥੀ ਅਤੇ ਅਧਿਆਪਕ ਤੁਹਾਡੀਆਂ ਰਚਨਾਵਾਂ ਨੂੰ ਬਹੁਤ ਪਿਆਰ ਕਰਦੇ ਹਾਂ। ਅਸੀਂ ਤੁਹਾਨੂੰ ਆਪਣੇ ਸਕੂਲ ਵਿੱਚ ਆਉਣ ਦਾ ਸੱਦਾ ਪੱਤਰ ਭੇਜ ਰਹੇ ਹਾਂ। ਪਰਵਾਨ ਕਰਨਾ ਜੀ। ਧੰਨਵਾਦ ਸਹਿਤ, ਵੱਲੋਂ ਡਾ. ਇਕਬਾਲ ਸਿੰਘ ਪ੍ਰਿੰਸੀਪਲ , ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਛਾਜਲੀ (ਸੰਗਰੂਰ)।

ਥੋੜ੍ਹੇ ਦਿਨਾਂ ਬਾਅਦ ਪਾਤਰ ਦਾ ਮੈਨੂੰ ਫ਼ੋਨ ਆ ਗਿਆ। ਉਨ੍ਹਾ ਕਿਹਾ, ਮੈਂ ਤੁਹਾਡੇ ਸਕੂਲ ਵਿੱਚ ਆਵਾਂਗਾ ਤਾਂ ਜ਼ਰੂਰ, ਪਰੰਤੂ ਮੇਰੇ ਬਹੁਤ ਸਾਰੇ ਰੁਝੇਵੇਂ ਹਨ। ਇਸ ਕਰਕੇ ਜਲਦੀ ਨਹੀਂ ਆ ਸਕਾਂਗਾ। ਅੱਜ-ਕੱਲ੍ਹ, ਅੱਜ-ਕੱਲ੍ਹ ਕਰਦੇ ਛੇ ਮਹੀਨੇ ਲੰਘ ਗਏ, ਪਰੰਤੂ ਪਾਤਰ ਆਪਣੇ ਰੁਝੇਵਿਆਂ ਕਾਰਨ ਸਾਡੇ ਸਕੂਲ ਨਾ ਆ ਸਕੇ। 10 ਦਸੰਬਰ, 2019 ਨੂੰ ਮੈਂ ਆਪਣੇ ਦਫ਼ਤਰ ਵਿੱਚ ਬੈਠਾ ਕੁਝ ਜ਼ਰੂਰੀ ਕੰਮ ਕਰ ਰਿਹਾ ਸਾਂ। ਨੌਵੀਂ ਜਮਾਤ ਵਿੱਚ ਪੜ੍ਹਦੀਆਂ ਦੋ ਵਿਦਿਆਰਥਣਾਂ ਮੇਰੇ ਕੋਲੋਂ ਆਗਿਆ ਲੈ ਕੇ ਅੰਦਰ ਆ ਗਈਆਂ, ਤੇ ਮੈਨੂੰ ਸਵਾਲ ਕੀਤਾ ਪ੍ਰਿੰਸੀਪਲ ਸਰ, ਡਾ. ਸੁਰਜੀਤ ਪਾਤਰ ਜੀ ਆਪਣੇ ਸਕੂਲ ਵਿੱਚ ਕਿਉਂ ਨਹੀਂ ਆਉਂਦੇ? ਮੈਂ ਉਨ੍ਹਾਂ ਨੂੰ ਦੱਸਿਆ ਕਿ ਉਨ੍ਹਾ ਦੇ ਬਹੁਤ ਜ਼ਿਆਦਾ ਰੁਝੇਵੇਂ ਹਨ। ਇਸ ਕਰਕੇ ਉਨ੍ਹਾਂ ਨੂੰ ਆਪਣੇ ਸਕੂਲ ਵਿੱਚ ਆਉਣ ਲਈ ਦੇਰੀ ਹੋ ਰਹੀ ਹੈ। ਉਨ੍ਹਾਂ ਵਿੱਚੋਂ ਇੱਕ ਵਿਦਿਆਰਥਣ ਮੈਨੂੰ ਕਹਿਣ ਲੱਗੀ-ਸਰ, ਕੀ ਤੁਸੀਂ ਡਾ. ਸੁਰਜੀਤ ਪਾਤਰ ਜੀ ਨਾਲ ਫ਼ੋਨ 'ਤੇ ਸਾਡੀ ਗੱਲ ਕਰਵਾ ਸਕਦੇ ਹੋ?

ਹਾਂ-ਹਾਂ, ਜ਼ਰੂਰ ਕਰਵਾ ਸਕਦਾ ਹਾਂ। ਇਹ ਕਹਿੰਦਿਆਂ ਮੈਂ ਪਾਤਰ ਦਾ ਫ਼ੋਨ ਮਿਲ਼ਾ ਲਿਆ। ਉਨ੍ਹਾ ਨੂੰ ਫ਼ਤਹਿ ਬੁਲਾਉਣ ਉਪਰੰਤ ਮੈਂ ਕਿਹਾ-ਡਾਕਟਰ ਸਾਹਿਬ, ਮੇਰੇ ਸਕੂਲ ਦੀਆਂ ਦੋ ਵਿਦਿਆਰਥਣਾਂ ਤੁਹਾਡੇ ਨਾਲ ਫ਼ੋਨ 'ਤੇ ਗੱਲ ਕਰਨਾ ਚਾਹੁੰਦੀਆਂ ਹਨ।

ਉਨ੍ਹਾ ਵੱਲੋਂ ਹਾਂ-ਹਾਂ, ਕਰਵਾ ਦਿਓ ਗੱਲ। ਕਹਿਣ 'ਤੇ ਫ਼ੋਨ ਮੈਂ ਇੱਕ ਵਿਦਿਆਰਥਣ ਨੂੰ ਦੇ ਦਿੱਤਾ। ਵਿਦਿਆਰਥਣ ਨੇ ਫ਼ੋਨ ਕੰਨ ਨਾਲ਼ ਲਾਉਂਦਿਆਂ ਕਿਹਾ-ਸਤਿਕਾਰਯੋਗ ਡਾ. ਸੁਰਜੀਤ ਪਾਤਰ ਜੀ, ਸਤਿ ਸ਼੍ਰੀ ਅਕਾਲ ਜੀ। ਸਰ, ਮੈਂ ਰਮਨਦੀਪ ਕੌਰ, ਨੌਵੀਂ ਜਮਾਤ ਦੀ ਵਿਦਿਆਰਥਣ ਹਾਂ। ਜਦੋਂ ਦੇ ਸਾਡੇ ਸਕੂਲ ਵਿੱਚ ਸਾਡੇ ਨਵੇਂ ਪ੍ਰਿੰਸੀਪਲ ਸਰ ਆਏ ਹਨ, ਉਨ੍ਹਾ ਸਾਨੂੰ ਸਾਰਿਆਂ ਨੂੰ ਪੁਸਤਕਾਂ ਪੜ੍ਹਨ ਦੀ ਲਗਨ ਲਾ ਦਿੱਤੀ ਹੈ। ਅਸੀਂ ਹੁਣ ਆਪਣੇ ਵਿਹਲੇ ਸਮੇਂ ਵਿੱਚ ਮੋਬਾਇਲ ਨਹੀਂ ਚਲਾਉਂਦੀਆਂ, ਸਗੋਂ ਪੁਸਤਕਾਂ ਪੜ੍ਹਦੀਆਂ ਹਾਂ। ਤੁਹਾਡੀਆਂ ਰਚੀਆਂ ਸਾਰੀਆਂ ਕਵਿਤਾਵਾਂ ਦੀਆਂ ਪੁਸਤਕਾਂ ਪ੍ਰਿੰਸੀਪਲ ਸਰ ਨੇ ਸਾਡੇ ਸਕੂਲ ਦੀ ਲਾਇਬਰੇਰੀ ਵਿੱਚ ਪਾ ਦਿੱਤੀਆਂ ਹਨ। ਅਸੀਂ ਬਹੁਤ ਸਾਰੀਆਂ ਵਿਦਿਆਰਥਣਾਂ ਨੇ ਤੁਹਾਡੀਆਂ ਲਿਖੀਆਂ ਬਹੁਤੀਆਂ ਕਵਿਤਾਵਾਂ ਪੜ੍ਹ ਲਈਆਂ ਹਨ। ਬਹੁਤ ਸਾਰੀਆਂ ਜ਼ੁਬਾਨੀ ਯਾਦ ਕਰ ਲਈਆਂ ਹਨ। ਹੁਣ ਅਸੀਂ ਸਵੇਰ ਦੀ ਸਭਾ ਵਿੱਚ ਤੁਹਾਡੀਆਂ ਰਚਨਾਵਾਂ ਗਾ ਕੇ ਸੁਣਾਉਂਦੀਆਂ ਹਾਂ। ਅਸੀਂ ਤੁਹਾਡੀਆਂ ਰਚੀਆਂ ਕਵਿਤਾਵਾਂ ਨੂੰ ਬਹੁਤ ਪਿਆਰ ਕਰਦੀਆਂ ਹਾਂ। ਸਰ, ਦੂਜੀ ਗੱਲ ਮੈਂ ਤੁਹਾਡੇ ਨਾਲ ਇਹ ਕਰਨੀ ਹੈ ਕਿ ਸਾਡੇ ਪ੍ਰਿੰਸੀਪਲ ਸਰ ਨੇ ਤੁਹਾਨੂੰ ਸਾਡੇ ਸਕੂਲ ਆਉਣ ਲਈ ਕਈ ਵਾਰੀ ਸੱਦਾ-ਪੱਤਰ ਭੇਜਿਆ ਹੈ, ਪਰ ਤੁਸੀਂ ਹਰ ਵਾਰੀ ਲਾਰਾ ਲਾ ਦਿੰਦੇ ਹੋ। ਹੁਣ ਮੈਂ ਤੁਹਾਨੂੰ ਬੇਨਤੀ ਕਰਦੀ ਹਾਂ ਕਿ ਤੁਸੀਂ ਸਾਡੇ ਸਕੂਲ ਵਿੱਚ ਕਦੇ ਵੀ ਨਾ ਆਇਓ, ਪਰੰਤੂ ਅਸੀਂ ਸਾਰੀਆਂ ਵਿਦਿਆਰਥਣਾਂ ਤੁਹਾਡੀਆਂ ਰਚਨਾਵਾਂ ਨੂੰ ਵਾਰ-ਵਾਰ ਪੜ੍ਹਦੀਆਂ ਰਹਾਂਗੀਆਂ। ਉਨ੍ਹਾਂ ਨੂੰ ਪਿਆਰ ਕਰਦੀਆਂ ਰਹਾਂਗੀਆਂ। ਸਵੇਰ ਦੀ ਸਭਾ ਵਿੱਚ ਗਾਉਂਦੀਆਂ ਰਹਾਂਗੀਆਂ।

ਪੁੱਤਰ, ਤੁਸੀਂ ਆਪਣੇ ਪ੍ਰਿੰਸੀਪਲ ਸਾਹਿਬ ਨਾਲ ਮੇਰੀ ਗੱਲ ਕਰਵਾਓ, ਪਾਤਰ ਸਾਹਿਬ ਨੇ ਕਿਹਾ। ਮੇਰੇ ਵੱਲੋਂ ਹੈਲੋ ਕਹਿਣ 'ਤੇ ਉਨ੍ਹਾ ਮੈਨੂੰ ਪੁੱਛਿਆ- ਪ੍ਰਿੰਸੀਪਲ ਸਾਹਿਬ, ਤੁਸੀਂ ਦੱਸੋ, ਮੈਂ ਕਿਸ ਦਿਨ ਤੁਹਾਡੇ ਸਕੂਲ ਆਵਾਂ? ਮੈਂ ਉਨ੍ਹਾ ਨੂੰ ਤੁਰੰਤ ਕਿਹਾ-ਜੀ, 17 ਦਸੰਬਰ ਠੀਕ ਰਹੇਗਾ।

ਠੀਕ ਹੈ! ਮੈਂ 17 ਦਸੰਬਰ ਨੂੰ ਸਵੇਰੇ ਨੌਂ ਵਜੇ ਤੁਹਾਡੇ ਸਕੂਲ ਪਹੁੰਚ ਜਾਵਾਂਗਾ, ਪਰ ਮੈਂ ਕੇਵਲ ਦੋ ਘੰਟਿਆਂ ਲਈ ਹੀ ਰੁਕਾਂਗਾ। ਜੀ ਬਿਹਤਰ ਹੈ, ਮੈਂ ਕਿਹਾ।

ਉਸੇ ਦਿਨ ਮੈਂ ਸਟਾਫ਼ ਮੀਟਿੰਗ ਕਰਕੇ ਸਾਰਾ ਪ੍ਰੋਗਰਾਮ ਉਲੀਕ ਲਿਆ। ਡਰਾਇੰਗ ਅਤੇ ਪੇਂਟਿੰਗਜ਼ ਵਿੱਚ ਮਾਹਰ ਵਿਦਿਆਰਥੀਆਂ ਨੇ ਪਾਤਰ ਦੀਆਂ ਲਿਖੀਆਂ ਨਜ਼ਮਾਂ ਅਤੇ ਗ਼ਜ਼ਲਾਂ ਨੂੰ ਬਹੁਤ ਹੀ ਖ਼ੂਬਸੂਰਤ ਢੰਗ ਨਾਲ਼ ਚਾਰਟ ਉੱਤੇ ਪੇਸ਼ ਕਰ ਦਿੱਤਾ। ਬਹੁਤ ਸਾਰੀਆਂ ਵਿਦਿਆਰਥਣਾਂ ਨੇ ਨੈੱਟ ਤੋਂ ਪਾਤਰ ਦੀਆਂ ਤਸਵੀਰਾਂ ਲੈ ਕੇ ਪੇਂਟਿੰਗਜ਼ ਤਿਆਰ ਕਰ ਲਈਆਂ। ਆਖ਼ਰ 17 ਦਸੰਬਰ ਨੂੰ ਡਾ. ਸੁਰਜੀਤ ਪਾਤਰ ਸਾਡੇ ਸਕੂਲ ਦੇ ਮੇਨ ਗੇਟ 'ਤੇ ਪਹੁੰਚ ਗਏ। ਐੱਨ ਐੱਸ ਐੱਸ ਦੇ ਵਲੰਟੀਅਰਜ਼, ਜਮਾਤਾਂ ਦੇ ਮਾਨੀਟਰਜ਼, ਮੈਂ ਖ਼ੁਦ ਅਤੇ ਅਧਿਆਪਕਾਂ ਨੇ ਉਨ੍ਹਾ ਨੂੰ ਜੀ ਆਇਆਂ ਨੂੰ ਕਿਹਾ। ਸਕੂਲ ਦੇ ਅੰਦਰਲੇ ਗੇਟ 'ਤੇ ਪਾਤਰ ਸਾਹਿਬ ਦੀ ਐਂਟਰੀ ਰਜਿਸਟਰ ਵਿੱਚ ਪਾਈ ਗਈ। ਸਾਰਾ ਸਕੂਲ ਹੀ ਪਾਤਰ ਦੀਆਂ ਪੇਂਟਿੰਗਜ਼ ਨਾਲ਼ ਭਰਿਆ ਪਿਆ ਸੀ। ਉਹ ਇਹ ਸਾਰਾ ਪ੍ਰਬੰਧ ਦੇਖ ਕੇ ਬਹੁਤ ਖ਼ੁਸ਼ ਹੋਏ। ਸਵੇਰੇ ਸਾਢੇ ਨੌਂ ਵਜੇ ਤੋਂ ਲੈ ਕੇ ਬਾਅਦ ਦੁਪਹਿਰ ਢਾਈ ਵਜੇ ਤੱਕ ਪਾਤਰ ਸਾਹਿਬ ਨੇ ਆਪਣੇ ਜੀਵਨ, ਰਚਨ ਪ੍ਰਕਿਰਿਆ, ਕਵਿਤਾ ਕਾਰਨ ਦੇਸ਼-ਵਿਦੇਸ਼ ਵਿੱਚ ਜਾਣ ਸੰਬੰਧੀ ਬਹੁਤ ਹੀ ਵਿਸਥਾਰ-ਪੂਰਵਕ ਢੰਗ ਨਾਲ਼ ਦੱਸਿਆ। ਉਨ੍ਹਾ ਬਹੁਤ ਸਾਰੀਆਂ ਗ਼ਜ਼ਲਾਂ, ਕਵਿਤਾਵਾਂ ਤਰੰਨਮ ਵਿੱਚ ਗਾ ਕੇ ਪੇਸ਼ ਕੀਤੀਆਂ। ਇਉਂ ਲੱਗਦਾ ਸੀ ਜਿਵੇਂ ਸਮਾਂ ਖਲੋ ਗਿਆ ਹੋਵੇ। ਉਹ ਢਾਈ ਵਜੇ ਤੱਕ ਆਪਣੀਆਂ ਰਚਨਾਵਾਂ ਨਾਲ ਵਿਦਿਆਰਥੀਆਂ, ਅਧਿਆਪਕਾਂ, ਪਿੰਡ ਦੇ ਪਤਵੰਤੇ ਸੱਜਣਾਂ ਅਤੇ ਹੋਰ ਸਰੋਤਿਆਂ ਨੂੰ ਸਰਸ਼ਾਰ ਕਰਦੇ ਰਹੇ। ਡਾ. ਸੁਰਜੀਤ ਪਾਤਰ ਦਾ ਛਾਜਲੀ ਸਕੂਲ ਵਿੱਚ ਆਉਣਾ ਮੇਰੇ ਜੀਵਨ ਦੀ ਅਭੁੱਲ ਯਾਦ ਬਣ ਗਈ।

**# ਸੰਪਰਕ : 84276-85020**

# ਆਪ ਵੱਲੋਂ ਭਾਜਪਾ ਦੀ 'ਗੰਦੀ ਰਾਜਨੀਤੀ' ਵਿਰੁੱਧ ਪ੍ਰਦਰਸ਼ਨ

## ਮੁੱਖ ਚੌਕ 'ਤੇ ਕੇਂਦਰ ਸਰਕਾਰ ਦਾ ਪੁਤਲਾ ਸਾੜਿਆ ਤੇ ਕੀਤੀ ਨਾਅਰੇਬਾਜ਼ੀ



ਮੋਗਾ (ਇਕਬਾਲ ਸਿੰਘ ਖਹਿਰਾ)-ਆਮ ਆਦਮੀ ਪਾਰਟੀ (ਆਪ) ਮੋਗਾ ਜ਼ਿਲ੍ਹਾ ਇਕਾਈ ਨੇ ਮੋਗਾ ਦੇ ਮੁੱਖ ਚੌਕ 'ਤੇ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੀ 'ਗੰਦੀ ਰਾਜਨੀਤੀ' ਵਿਰੁੱਧ ਪ੍ਰਦਰਸ਼ਨ ਕੀਤਾ, ਜਿਸ ਵਿੱਚ ਵਿਰੋਧੀ ਆਗੂਆਂ ਨੂੰ ਡਰਾਉਣ ਤੇ ਧਮਕਾਉਣ ਲਈ ਇਨਫੋਰਸਮੈਂਟ ਡਾਇਰੈਕਟੋਰੇਟ (ਈ ਡੀ) ਦੀ ਵਰਤੋਂ ਸ਼ਾਮਲ ਹੈ।ਇਸ ਮੌਕੇ ਲੋਕਤੰਤਰ ਦੀ ਆਵਾਜ਼ ਨੂੰ ਦਬਾਉਣ ਦੀਆਂ ਕੋਸ਼ਿਸ਼ਾਂ ਦੇ ਵਿਰੋਧ ਵਿੱਚ ਆਪ ਪਾਰਟੀ ਦੇ ਆਗੂ ਤੇ ਵਰਕਰ ਸਰਕਾਰ ਦਾ ਪੁਤਲਾ ਸਾੜ ਕੇ ਕੇਂਦਰ ਸਰਕਾਰ ਦੀਆਂ ਤਾਨਾਸ਼ਾਹੀ ਨੀਤੀਆਂ ਵਿਰੁੱਧ ਆਪਣਾ ਗੁੱਸਾ ਪ੍ਰਗਟ ਕਰਨ ਲਈ ਇਕੱਠੇ ਹੋਏ।ਰੋਸ ਪ੍ਰਦਰਸ਼ਨ ਨੂੰ ਸੰਬੋਧਨ ਕਰਦਿਆਂ ਮੋਗਾ ਹਲਕੇ ਦੇ ਵਿਧਾਇਕ (ਡਾ. ਅਮਨਦੀਪ ਕੌਰ ਅਰੋੜਾ), ਨਿਹਾਲ ਸਿੰਘ ਵਾਲਾ (ਮਨਜੀਤ ਸਿੰਘ ਬਿਲਾਸਪੁਰ), ਧਰਮਕੋਟ (ਦਵਿੰਦਰਜੀਤ ਸਿੰਘ ਲਾਡੀ ਢੋਸ) ਤੇ ਬਾਘਾਪੁਰਾਣਾ (ਅੰਮ੍ਰਿਤਪਾਲ ਸਿੰਘ ਸੁਖਾਨੰਦ) ਨੇ ਭਾਜਪਾ 'ਤੇ 'ਆਪ' ਵਿਧਾਇਕਾਂ ਨੂੰ ਡਰਾਉਣ ਲਈ ਸਰਗਰਮੀ ਨਾਲ ਕੰਮ ਕਰਨ ਦਾ ਦੋਸ਼ ਲਗਾਇਆ।ਉਨ੍ਹਾਂ ਕਿਹਾ ਕਿ ਜਦੋਂ ਕਿ ਭਾਜਪਾ ਜਨਤਾ ਵਿੱਚ ਡਰ ਪੈਦਾ ਕਰਨ ਲਈ ਅਜਿਹੀਆਂ ਚਾਲਾਂ ਵਿੱਚ ਲੱਗੀ ਹੋਈ ਹੈ, ਉਹ ਇਹ ਸਮਝਣ ਵਿੱਚ ਅਸਫਲ ਰਹਿੰਦੀ ਹੈ ਕਿ ਇਨ੍ਹਾਂ ਕਾਰਵਾਈਆਂ ਦਾ ਅੰਤ ਵਿੱਚ ਕੋਈ ਨਤੀਜਾ ਨਹੀਂ ਨਿਕਲੇਗਾ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਡਰਾਇਆ ਨਹੀਂ ਜਾਣਾ ਚਾਹੀਦਾ।ਉਨ੍ਹਾਂ ਖਾਸ ਤੌਰ 'ਤੇ ਨੋਟ ਕੀਤਾ ਕਿ ਸੰਜੀਵ ਅਰੋੜਾ ਇੱਕ ਕਾਰੋਬਾਰੀ ਹੈ ਤੇ ਭਾਜਪਾ ਜਾਣਬੁੱਝ ਕੇ ਉਸ ਨੂੰ ਪ੍ਰੇਸ਼ਾਨ ਕਰ ਰਹੀ ਹੈ, ਹਾਲਾਂਕਿ ਇਹ ਵੀ ਵਿਅਰਥ ਸਾਬਿਤ ਹੋਵੇਗਾ।

ਉਨ੍ਹਾਂ ਅੱਗੇ ਟਿੱਪਣੀ ਕੀਤੀ ਕਿ ਪੰਜਾਬ ਵਿੱਚ ਵਿਧਾਨ ਸਭਾ ਚੋਣਾਂ ਨੇੜੇ ਆਉਣ ਦੇ ਨਾਲ, ਭਾਜਪਾ ਈ ਡੀ ਦੀਆਂ ਕਾਰਵਾਈਆਂ ਨੂੰ ਇੱਕ ਰਾਜਨੀਤਕ ਚਾਲ ਵਜੋਂ ਚਲਾ ਰਹੀ ਹੈ, ਵਿਰੋਧੀ ਧਿਰ ਨੂੰ ਆਪਣੇ ਮੈਂਬਰਾਂ ਨੂੰ ਡਰਾ ਕੇ ਅਸਥਿਰ ਕਰਨ ਦੀ ਕੋਸ਼ਿਸ਼ ਕਰ ਰਹੀ ਹੈ।ਕੇਂਦਰ ਸਰਕਾਰ 'ਤੇ ਦੋਸ਼ ਲਗਾਉਂਦੇ ਹੋਏ, ਉਨ੍ਹਾਂ ਦੋਸ਼ ਲਗਾਇਆ ਕਿ ਇੱਕ ਰਾਜਨੀਤਕ ਰਣਨੀਤੀ ਵਰਤੀ ਜਾ ਰਹੀ ਹੈ, ਜਿਸ ਵਿੱਚ ਵਿਰੋਧੀ ਆਗੂਆਂ ਨੂੰ ਜਾਂਚ ਏਜੰਸੀਆਂ ਰਾਹੀਂ ਡਰਾਇਆ ਜਾ ਰਿਹਾ ਹੈ ਤਾਂ ਜੋ ਉਨ੍ਹਾਂ ਨੂੰ ਭਾਜਪਾ ਵਿੱਚ ਸ਼ਾਮਲ ਹੋਣ ਲਈ ਮਜਬੂਰ ਕੀਤਾ ਜਾ ਸਕੇ।ਉਨ੍ਹਾਂ ਇਹ ਕਹਿ ਕੇ ਸਿੱਟਾ ਕੱਢਿਆ ਕਿ ਰਾਜਨੀਤਿਕ ਦੁਸ਼ਮਣੀ ਕਾਰਨ, ਮੰਤਰੀ ਸੰਜੀਵ ਅਰੋੜਾ ਵਿਰੁੱਧ ਕੀਤੇ ਜਾ ਰਹੇ ਈ ਡੀ ਦੇ ਛਾਪਿਆਂ ਨੂੰ ਲੈ ਕੇ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਪ੍ਰਤੀ ਵਿਆਪਕ ਗੁੱਸਾ ਹੈ ਅਤੇ 'ਆਪ' ਆਗੂਆਂ ਤੇ ਵਰਕਰਾਂ ਵਿੱਚ ਗੁੱਸੇ ਦੀ ਡੂੰਘੀ ਭਾਵਨਾ ਹੈ।ਇਸ ਮੌਕੇ ਨਗਰ ਨਿਗਮ ਦੇ ਮੇਅਰ ਪ੍ਰਵੀਨ ਕੁਮਾਰ ਸ਼ਰਮਾ, ਆਪ ਜ਼ਿਲ੍ਹਾ ਪ੍ਰਧਾਨ ਵਰਿੰਦਰਪਾਲ ਸਿੰਘ ਮਧੇਕੇ, ਆਪ ਸ਼ਹਿਰੀ ਜ਼ਿਲ੍ਹਾ ਪ੍ਰਧਾਨ ਪ੍ਰੇਮ ਚੰਦ ਚੱਕੀ ਵਾਲਾ, ਮਾਰਕੀਟ ਕਮੇਟੀ ਚੇਅਰਮੈਨ ਹਰਜਿੰਦਰ ਸਿੰਘ ਰੋਡੇ ਅਤੇ ਸੀਨੀਅਰ ਆਗੂ ਗੁਰਮਿੰਦਰਜੀਤ ਸਿੰਘ ਬਬਲੂ, ਰਾਕੇਸ਼ ਮਿੱਡਾ ਤੇ ਸੰਜੀਵ ਨਰੂਲਾ (ਆਪ ਦੇ ਵਪਾਰ ਵਿੰਗ ਤੋਂ) ਤੋਂ ਇਲਾਵਾ ਉਨ੍ਹਾਂ ਨਾਲ ਕੁਨਾਲ ਅਰੋੜਾ, ਜਗਦੀਸ਼ ਸ਼ਰਮਾ, ਵਿੱਕੀ ਦੌਧਰੀਆ, ਗੌਰਵ ਗਰਗ, ਰੋਸ਼ਨ ਲਾਲ ਚਾਵਲਾ, ਜਗਦੀਸ਼ ਕੁਮਾਰ, ਵਿਪਨ ਕੁਮਾਰ, ਵਰਿੰਦਰ ਸਿੰਘ ਟੋਨੀ, ਸੰਨੀ ਧਾਲੀਵਾਲ, ਲੱਖਾ ਸਿੰਘ, ਪੰਮਾ ਕੁਮਾਰ ਅਤੇ ਸੰਜੇ ਸ਼ਰਮਾ ਸ਼ਾਮਲ ਹੋਏ, ਨਾਲ ਹੀ ਆਮ ਆਦਮੀ ਪਾਰਟੀ ਦੇ ਚਾਰੇ ਵਿਧਾਨ ਸਭਾ ਹਲਕਿਆਂ ਦੀ ਨੁਮਾਇੰਦਗੀ ਕਰਨ ਵਾਲੇ ਸੀਨੀਅਰ ਆਗੂਆਂ, ਬਲਾਕ ਪ੍ਰਧਾਨਾਂ, ਬਲਾਕ ਸਕੱਤਰਾਂ, ਹਲਕਾ ਕੋਆਰਡੀਨੇਟਰਾਂ, ਪਾਰਟੀ ਵਰਕਰਾਂ ਤੇ ਵਲੰਟੀਅਰਾਂ ਦਾ ਇੱਕ ਵੱਡਾ ਇਕੱਠ ਵੀ ਸ਼ਾਮਲ ਹੋਇਆ।

# ਗੈਸ ਦੀ ਸਪਲਾਈ 'ਚ ਦੇਰੀ ਤੇ ਘਾਟ ਨੇ ਖਪਤਕਾਰਾਂ ਨੂੰ ਕੀਤਾ ਪ੍ਰੇਸ਼ਾਨ

## ਭੁੱਲਰਹੇੜੀ ਵੱਲੋਂ ਜ਼ਿਲ੍ਹੇ 'ਚ ਗੈਸ ਦੀ ਕਿੱਲਤ ਦੀ ਉੱਚ ਪੱਧਰੀ ਜਾਂਚ ਦੀ ਮੰਗ

ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)-ਤਰਲ ਪੈਟਰੋਲੀਅਮ ਗੈਸ (ਐੱਲ.ਪੀ.ਜੀ.) ਦੀ ਸਪਲਾਈ ਲੜੀ ਵਿੱਚ ਆਈ ਵੱਡੀ ਰੁਕਾਵਟ ਨੇ ਸੰਗਰੂਰ ਜ਼ਿਲ੍ਹੇ ਦੇ ਹਜ਼ਾਰਾਂ ਘਰਾਂ ਨੂੰ ਮੁਸੀਬਤ ਵਿੱਚ ਪਾ ਦਿੱਤਾ ਹੈ।ਹਫ਼ਤਿਆਂ ਬੱਧੀ ਬੁਕਿੰਗਾਂ ਬਕਾਇਆ ਹੋਣ ਕਾਰਨ, ਘਰੇਲੂ ਬਾਲਣ ਦੀ ਕਿੱਲਤ ਇੱਕ ਨਾਜ਼ੁਕ ਮੋੜ 'ਤੇ ਪਹੁੰਚ ਗਈ ਹੈ, ਜਿਸ ਕਾਰਨ ਲੋਕ ਬਦਲਵੇਂ ਪ੍ਰਬੰਧਾਂ ਲਈ ਭੱਜ-ਨੱਠ ਕਰ ਰਹੇ ਹਨ।ਪਿਛਲੇ ਪੰਦਰਵਾੜੇ ਤੋਂ ਗੰਭੀਰ ਹੋਇਆ ਇਹ ਸੰਕਟ ਖੇਤਰੀ ਬੋਟਲਿੰਗ ਪਲਾਂਟਾਂ ਤੋਂ ਸਪਲਾਈ ਵਿੱਚ ਅਨਿਯਮਿਤਤਾ ਤੇ ਘਬਰਾਹਟ ਵਿੱਚ ਕੀਤੀਆਂ ਜਾ ਰਹੀਆਂ ਬੁਕਿੰਗਾਂ ਦੇ ਰਲੇਵੇਂ ਦਾ ਨਤੀਜਾ ਦੱਸਿਆ ਜਾ ਰਿਹਾ ਹੈ।ਡਿਸਟ੍ਰੀਬਿਊਟਰਾਂ ਦੇ ਭਰੋਸੇ ਦੇ ਬਾਵਜੂਦ, ਮੰਗ ਤੇ ਸਪਲਾਈ ਵਿੱਚ ਪਾੜਾ ਵਧਦਾ ਜਾ ਰਿਹਾ ਹੈ, ਜਿਸ ਨਾਲ ਅਜਿਹੀ ਰੁਕਾਵਟ ਪੈਦਾ ਹੋਈ ਹੈ, ਜਿਸ ਨੇ ਸਥਾਨਕ ਡਿਲਿਵਰੀ ਨੈੱਟਵਰਕ ਨੂੰ ਠੱਪ ਕਰ ਦਿੱਤਾ ਹੈ।ਹਾਲਾਂਕਿ ਸਥਾਨਕ ਪ੍ਰਸ਼ਾਸਨ ਨੇ ਲੋਕਾਂ ਨੂੰ ਸਬਰ ਰੱਖਣ ਤੇ 'ਪੈਨਿਕ-ਸਟੈਕਿੰਗ' (ਲੋੜ ਤੋਂ ਵੱਧ ਜਮ੍ਹਾਂਖੋਰੀ) ਨਾ ਕਰਨ ਦੀ ਅਪੀਲ ਕੀਤੀ ਹੈ, ਜੋ ਉਨ੍ਹਾਂ ਦੇ ਅਨੁਸਾਰ ਡਿਲਿਵਰੀ ਪ੍ਰਣਾਲੀ 'ਤੇ ਬੋਝ ਪਾਉਂਦੀ ਹੈ, ਪਰ ਜ਼ਮੀਨੀ ਹਕੀਕਤ ਚਿੰਤਾਜਨਕ ਬਣੀ ਹੋਈ ਹੈ।ਪਰਿਵਾਰਾਂ ਦਾ ਕਹਿਣਾ ਹੈ ਕਿ ਸਿਲੰਡਰ ਬਦਲਣ ਦਾ ਮਿਥਿਆ ਸਮਾਂ ਖਤਮ ਹੋ ਗਿਆ ਹੈ।ਇਸ ਅਨਿਸ਼ਚਿਤਤਾ ਨੇ ਕਈਆਂ ਨੂੰ ਇੰਡਕਸ਼ਨ ਚੁੱਲ੍ਹਿਆਂ ਜਾਂ ਪੁਰਾਤਨ ਬਾਲਣ (ਲੱਕੜਾਂ) 'ਤੇ ਨਿਰਭਰ ਹੋਣ ਲਈ ਮਜਬੂਰ ਕਰ ਦਿੱਤਾ ਹੈ, ਜੋ ਮੌਜੂਦਾ ਵੰਡ ਪ੍ਰਣਾਲੀ ਦੀ ਕਮਜ਼ੋਰੀ ਨੂੰ ਦਰਸਾਉਂਦਾ ਹੈ।

ਇਸ ਮਾਮਲੇ ਵਿੱਚ ਦਖਲ ਦਿੰਦੇ ਹੋਏ ਗੰਨਾ ਸੁਸਾਇਟੀ ਧੂਰੀ ਦੇ ਡਾਇਰੈਕਟਰ ਤੇ ਸੀਨੀਅਰ ਕਿਸਾਨ ਆਗੂ ਅਵਤਾਰ ਸਿੰਘ 'ਤਾਰੀ ਭੁੱਲਰਹੇੜੀ' ਨੇ ਸਰਕਾਰ ਨੂੰ ਸਖ਼ਤ ਦਖਲ ਦੇਣ ਦੀ ਅਪੀਲ ਕੀਤੀ ਹੈ। ਉਨ੍ਹਾਂ ਨੇ ਮੌਜੂਦਾ ਸਪਲਾਈ ਲੜੀ ਦੀ ਪਾਰਦਰਸ਼ਤਾ ਤੇ ਆਮ ਆਦਮੀ ਨੂੰ ਦਰਪੇਸ਼ ਮੁਸ਼ਕਲਾਂ 'ਤੇ ਡੂੰਘੀ ਚਿੰਤਾ ਪ੍ਰਗਟਾਈ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਹਰ ਘਰ ਵਿੱਚ ਗੈਸ ਰੀਫਿਲ ਦੀ ਤੁਰੰਤ ਤੇ ਸਮੇਂ ਸਿਰ ਡਿਲਿਵਰੀ ਯਕੀਨੀ ਬਣਾਉਣੀ ਚਾਹੀਦੀ ਹੈ।ਬੋਟਲਿੰਗ ਯੂਨਿਟਾਂ ਤੋਂ ਜਾਰੀ ਕੀਤੇ ਸਟਾਕ ਤੇ ਖਪਤਕਾਰਾਂ ਤੱਕ ਅਸਲ ਵਿੱਚ ਵੱਡੀ ਜਾਂਚ ਕਰਵਾਉਣ ਦੀ ਲੋੜ ਹੈ। ਕਿਸਾਨ ਆਗੂ ਨੇ ਰੀਫਿਲਾਂ ਦੀ ਕਾਲਾਬਜ਼ਾਰੀ ਵਿੱਚ ਵਰਤੋਂ ਹੋਣ ਦੀ ਸੰਭਾਵਨਾ ਦੀ ਜਾਂਚ ਲਈ ਉੱਚ ਪੱਧਰੀ ਜਾਂਚ ਦੀ ਰਸਮੀ ਮੰਗ ਕੀਤੀ ਹੈ।

# ਵਿਧਾਇਕ ਨਰੇਸ਼ ਕਟਾਰੀਆ ਨੇ ਸੁਣੀਆਂ ਵਪਾਰੀਆਂ ਦੀਆਂ ਮੁਸ਼ਕਲਾਂ



ਮੱਖੂ (ਰਛਪਾਲ ਸਿੰਘ ਸੰਧੂ)-ਵਿਧਾਨ ਸਭਾ ਹਲਕਾ ਜ਼ੀਰਾ ਦੇ ਵਿਧਾਇਕ ਨਰੇਸ਼ ਕਟਾਰੀਆ ਵੱਲੋਂ ਮੱਖੂ ਸ਼ਹਿਰ ਦੇ ਵਪਾਰੀਆਂ ਨਾਲ ਇੱਕ ਮੀਟਿੰਗ ਕੀਤੀ, ਜਿਸ ਵੱਡੀ ਗਿਣਤੀ ਵਿੱਚ ਸ਼ਹਿਰ ਦੇ ਵਪਾਰੀਆਂ ਨੇ ਹਿੱਸਾ ਲਿਆ।ਇਸ ਮੀਟਿੰਗ ਵਿੱਚ ਉਚੇਚੇ ਤੌਰ 'ਤੇ ਬਲਵੰਤ ਸਿੰਘ ਢਿੱਲੋਂ ਪ੍ਰਧਾਨ ਜ਼ਿਲ੍ਹਾ ਵਪਾਰ ਸੈੱਲ, ਐੱਸ.ਡੀ.ਐੱਮ. ਜ਼ੀਰਾ ਲਸ਼ਮਣ ਸਿੰਘ, ਡੀ.ਐੱਸ.ਪੀ. ਜ਼ੀਰਾ ਜਸਪਾਲ ਸਿੰਘ, ਬਿਜਲੀ ਬੋਰਡ ਦੇ ਐੱਸ.ਡੀ.ਓ. ਸੁਖਚੈਨ ਸਿੰਘ, ਬਲਾਕ ਵਿਕਾਸ ਤੇ ਪੰਚਾਇਤ ਅਫਸਰ ਵਿਜੇ ਵਿਕਰਾਂਤ, ਈ.ਓ. ਮੱਖੂ ਨਰਿੰਦਰ ਕੁਮਾਰ, ਰੋਬਿਨ ਸਚਦੇਵਾ, ਨਾਇਬ ਤਹਿਸੀਲਦਾਰ ਤੇ ਐਕਸਾਈਜ਼ ਵਿਭਾਗ ਦੇ ਅਧਿਕਾਰੀਆਂ ਤੋਂ ਇਲਾਵਾ ਨਗਰ ਪੰਚਾਇਤ ਮੱਖੂ ਦੇ ਪ੍ਰਧਾਨ ਨਰਿੰਦਰ ਮੋਹਨ ਕਟਾਰੀਆ, ਨਗਰ ਪੰਚਾਇਤ ਮੱਖੂ ਦੇ ਸਾਬਕਾ ਪ੍ਰਧਾਨ ਵਰਿੰਦਰ ਠੁਕਰਾਲ, ਆੜ੍ਹਤੀਆਂ ਐਸੋਸੀਏਸ਼ਨ ਮੱਖੂ ਦੇ ਪ੍ਰਧਾਨ ਰਿਸ਼ੂ ਖੁਰਾਣਾ, ਪ੍ਰਦੀਪ ਕੱਕੜ, ਮਨਮੋਹਨ ਗਰੋਵਰ, ਬਲਵਿੰਦਰ ਠੁਕਰਾਲ, ਕਰਿਆਨਾ ਯੂਨੀਅਨ ਮੱਖੂ ਦੇ ਪ੍ਰਧਾਨ ਹੀਰਾ ਖੁਰਾਣਾ ਆਦਿ ਨੇ ਮੀਟਿੰਗ ਵਿੱਚ ਹਿੱਸਾ ਲਿਆ।ਸਮਾਜ ਸੇਵੀ ਸੰਜੀਵ ਆਹੂਜਾ ਨੇ ਸ਼ਹਿਰ ਵਾਸੀਆਂ ਦੀਆਂ ਮੁਸ਼ਕਲਾਂ ਨੂੰ ਦੱਸਿਆ, ਜਿਸ 'ਤੇ ਵਿਧਾਇਕ ਨਰੇਸ਼ ਕਟਾਰੀਆ ਨੇ ਦੱਸਿਆ ਕਿ ਬਹੁਤ ਜਲਦੀ 75 ਕਰੋੜ ਰੁਪਏ ਦੀ ਲਾਗਤ ਨਾਲ ਪੀਣ ਵਾਲਾ ਸਾਫ ਪਾਣੀ ਦਾ ਪ੍ਰੋਜੈਕਟ ਤਿਆਰ ਹੋ ਜਾਵੇਗਾ, ਜਿਸ ਨਾਲ ਨਹਿਰਾਂ ਵਿੱਚੋਂ ਪਾਣੀ ਲੈ ਕੇ ਉਸ ਨੂੰ ਸਾਫ ਕਰਕੇ ਕਸਬਾ ਮੱਖੂ ਤੇ ਜ਼ੀਰਾ ਨੂੰ ਪੀਣ ਵਾਲਾ ਸਾਫ ਪਾਣੀ ਮੁਹੱਈਆ ਕਰਵਾਇਆ ਜਾਵੇਗਾ।ਬੱਸ ਸਟੈਂਡ ਦੀ ਗੱਲ ਕਰਦੇ ਹੋਏ ਵਿਧਾਇਕ ਨਰੇਸ਼ ਕਟਾਰੀਆਂ ਨੇ ਦੱਸਿਆ ਕਿ ਬਹੁਤ ਜਲਦੀ ਮੱਖੂ ਸ਼ਹਿਰ ਵਿੱਚ ਬੱਸ ਸਟੈਂਡ ਤਿਆਰ ਕਰਕੇ ਸ਼ਹਿਰ ਵਾਸੀਆਂ ਦੇ ਸਪੁਰਦ ਕੀਤਾ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਡੀ ਸੀ ਧਵਨ ਮੀਤ ਪ੍ਰਧਾਨ, ਹੀਰਾ ਸਿੰਘ ਐੱਮ.ਸੀ., ਦਵਿੰਦਰ ਸਿੰਘ ਐੱਮ.ਸੀ., ਕੀਮਤੀ ਨਰੂਲਾ, ਰਮਨ ਕੱਕੜ, ਕਾਲਾ ਧਵਨ, ਰਮਿਤ ਖੁਰਾਣਾ, ਮਨੀਸ਼ ਠੁਕਰਾਲ, ਵਰੁਣ ਠਕੁਰਾਲ, ਪਿਊਸ਼ ਖੁਰਾਣਾ, ਸਤੀਸ਼ ਕਟਾਰੀਆ, ਟੋਨੀ ਆਹੂਜਾ, ਜਤਿੰਦਰ ਠੁਕਰਾਲ ਬੇਕਰੀ ਵਾਲਾ, ਪਵਨ ਖੰਨਾ ਆਦਿ ਹਾਜ਼ਰ ਸਨ।

# ਮਲਵਿੰਦਰਜੀਤ ਸਿੰਘ ਵੜੈਚ ਦੀ ਮੌਤ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ

ਲੁਧਿਆਣਾ (ਸਤੀਸ਼ ਸਚਦੇਵਾ)-ਵਿਸ਼ਵ ਭਰ ਵਿੱਚ ਪ੍ਰਸਿੱਧ ਤੇ ਗਦਰੀ ਬਾਬਿਆਂ ਦੇ ਮੁਨਸ਼ੀ ਕਹਾਉਣ ਵਾਲੇ ਇਨਕਲਾਬੀ ਖੋਜਕਾਰ ਸਾਹਿਤਕਾਰ ਮਲਵਿੰਦਰਜੀਤ ਸਿੰਘ ਵੜੈਚ ਦੀ ਮੌਤ 'ਤੇ ਲੁਧਿਆਣੇ ਦੀਆਂ ਜਨਤਕ ਜਮਹੂਰੀ ਜਥੇਬੰਦੀਆਂ ਵੱਲੋਂ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।

ਜਥੇਬੰਦੀਆਂ ਦੇ ਆਗੂਆਂ, ਜਿਨ੍ਹਾਂ ਵਿੱਚ ਜਮਹੂਰੀ ਅਧਿਕਾਰ ਸਭਾ ਪੰਜਾਬ ਦੇ ਪ੍ਰਧਾਨ ਪ੍ਰੋ. ਜਗਮੋਹਨ ਸਿੰਘ, ਉਨ੍ਹਾਂ ਦੇ ਸੰਗੀ ਪ੍ਰੋ. ਏ ਕੇ ਮਲੇਰੀ, ਡਾ. ਹਰਬੰਸ ਗਰੇਵਾਲ, ਸ਼ਹੀਦ ਬਾਬਾ ਭਾਨ ਸਿੰਘ ਗਦਰ ਮੈਮੋਰੀਅਲ ਟਰੱਸਟ ਲੁਧਿਆਣਾ ਦੇ ਜਨਰਲ ਸਕੱਤਰ ਜਸਵੰਤ ਜ਼ੀਰਖ, ਇਨਕਲਾਬੀ ਮਜ਼ਦੂਰ ਕੇਂਦਰ ਲੁਧਿਆਣਾ ਦੇ ਪ੍ਰਧਾਨ ਸੁਰਿੰਦਰ ਸਿੰਘ, ਗਦਰੀ ਸ਼ਹੀਦ ਬਾਬਾ ਭਾਨ ਸਿੰਘ ਨੌਜਵਾਨ ਸਭਾ ਦੇ ਪ੍ਰਧਾਨ ਹਰਪ੍ਰੀਤ ਜ਼ੀਰਖ, ਤਰਕਸ਼ੀਲ ਸੁਸਾਇਟੀ ਲੁਧਿਆਣਾ ਇਕਾਈ ਦੇ ਮੁਖੀ ਬਲਵਿੰਦਰ ਸਿੰਘ ਸਮੇਤ ਸਤੀਸ਼ ਕੁਮਾਰ ਸੱਚਦੇਵਾ ਤੇ ਪ੍ਰਿੰਸੀਪਲ ਅਜਮੇਰ ਦਾਖਾ ਸ਼ਾਮਲ ਹਨ, ਨੇ ਪ੍ਰੋ. ਮਲਵਿੰਦਰਜੀਤ ਸਿੰਘ ਵੜੈਚ ਦੀ ਸਮਾਜ ਪ੍ਰਤੀ ਘਾਲਣਾ ਨੂੰ ਸਿਜਦਾ ਕੀਤਾ।ਉਨ੍ਹਾਂ ਦੀਆਂ ਗਦਰੀ ਬਾਬਿਆਂ ਤੇ ਸ਼ਹੀਦ ਭਗਤ ਸਿੰਘ ਅਤੇ ਸਾਥੀਆਂ ਬਾਰੇ ਖੋਜ ਭਰਪੂਰ ਲਿਖਤਾਂ ਦਾ ਹਵਾਲਾ ਦਿੰਦਿਆਂ ਕਿਹਾ ਕਿ ਇੱਕ ਮਹਾਨ ਇਨਕਲਾਬੀ ਚਿੰਤਕ ਸਮਾਜ 'ਚੋਂ ਵਿੱਛੜ ਗਿਆ ਹੈ, ਜਿਨ੍ਹਾਂ ਵੱਲੋਂ ਅਨੇਕਾਂ ਖੋਜ ਭਰਪੂਰ ਕਿਤਾਬਾਂ ਰਾਹੀਂ ਉਨ੍ਹਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ।

## ਕਾਤਰਾਂ

### ਪੁਲਸ ਨੇ ਇੱਕ ਕਿਲੋ ਨਸ਼ੀਲਾ ਪਦਾਰਥ ਬਰਾਮਦ ਕੀਤਾ

ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)-ਭਦੌੜ ਪੁਲਸ ਨੇ ਇੱਕ ਵਿਅਕਤੀ ਤੋਂ ਲਗਭਗ ਇੱਕ ਕਿਲੋ ਨਸ਼ੀਲਾ ਪਦਾਰਥ (ਡਰੱਗ) ਬਰਾਮਦ ਕਰਨ ਦਾ ਦਾਅਵਾ ਕੀਤਾ ਹੈ।ਸੂਤਰਾਂ ਅਨੁਸਾਰ 7 ਮਈ, 2026 ਨੂੰ ਭਦੌੜ ਪੁਲਸ ਨੂੰ ਇੱਕ ਸੂਚਨਾ ਮਿਲੀ ਕਿ ਫ਼ਾਜ਼ਿਲਕਾ ਜ਼ਿਲ੍ਹੇ ਦੇ ਬਾਹਮਣੀਵਾਲਾ ਪਿੰਡ ਦੇ ਵਸਨੀਕ ਕੁਲਦੀਪ ਸਿੰਘ ਦਾ ਪੁੱਤਰ ਮਨਪ੍ਰੀਤ ਸਿੰਘ, ਜੋ ਹੈਰੋਇਨ/ਨਸ਼ੀਲੇ ਪਦਾਰਥਾਂ ਦਾ ਵਪਾਰ ਕਰਦਾ ਹੈ, ਬਠਿੰਡਾ ਤੋਂ ਭਾਰਤਮਾਲਾ ਪ੍ਰੋਜੈਕਟ ਰੋਡ ਰਾਹੀਂ ਇੱਕ ਕਾਲੇ ਹੌਂਡਾ ਮੋਟਰਸਾਈਕਲ 'ਤੇ ਬਿਨਾਂ ਰਜਿਸਟ੍ਰੇਸ਼ਨ ਨੰਬਰ ਦੇ ਆ ਰਿਹਾ ਸੀ ਤੇ ਪਿੰਡ ਸੰਧੂ ਕਲਾਂ ਦੇ ਨੇੜੇ ਖੜ੍ਹਾ ਸੀ, ਗਾਹਕਾਂ ਨੂੰ ਹੈਰੋਇਨ/ਨਸ਼ੀਲੇ ਪਦਾਰਥ ਸਪਲਾਈ ਕਰਨ ਦੀ ਉਡੀਕ ਕਰ ਰਿਹਾ ਸੀ।ਮਨਪ੍ਰੀਤ ਸਿੰਘ ਵਿਰੁੱਧ ਐਨਡੀਪੀਐਸ ਐਕਟ ਦੀ ਧਾਰਾ 21/61/85, ਐਫਆਈਆਰ ਨੰਬਰ 36 ਮਿਤੀ 7 ਮਈ, 2026 ਦੇ ਤਹਿਤ ਮਾਮਲਾ ਦਰਜ ਕੀਤਾ ਗਿਆ ਸੀ।ਪੁਲਸ ਅਨੁਸਾਰ ਉਕਤ ਵਿਅਕਤੀ ਤੋਂ 1 ਕਿਲੋ 3 ਗ੍ਰਾਮ ਹੈਰੋਇਨ/ਮੈਥ ਬਰਾਮਦ ਕਰਨ ਦਾ ਦਾਅਵਾ ਕੀਤਾ ਗਿਆ ਹੈ।

### ਬੀ ਐੱਸ ਸੀ ਨਰਸਿੰਗ ਦੀ ਵਿਦਿਆਰਥਣ ਨੇ ਪਹਿਲਾ ਸਥਾਨ ਹਾਸਲ ਕੀਤਾ



ਬਰੇਟਾ (ਰੀਤਵਾਲ)-ਬੀ.ਐਸ.ਸੀ ਨਰਸਿੰਗ ਦੀ ਵਿਦਿਆਰਥਣ ਪ੍ਰਿਅੰਕਾ ਸ਼ਰਮਾ ਪੁੱਤਰੀ ਰਾਕੇਸ਼ ਸ਼ਰਮਾ ਨੇ ਬੀ.ਐਸ.ਸੀ ਸਮੈਸਟਰ 6ਵੇਂ ਦੇ ਆਏ ਨਤੀਜੇ ਵਿੱਚ ਪਹਿਲਾ ਸਥਾਨ ਹਾਸਲ ਕਰਕੇ ਅਜੀਤ ਨਰਸਿੰਗ ਇੰਸਟੀਚਿਊਟ ਸੁਨਾਮ ਤੇ ਆਪਣੇ ਮਾਪਿਆਂ ਦਾ ਨਾਂਅ ਰੌਸ਼ਨ ਕੀਤਾ ਹੈ।ਇਸ ਕਾਮਯਾਬੀ ਤੇ ਕਾਲਜ ਦੀ ਪ੍ਰਿੰਸੀਪਲ ਡਾਕਟਰ ਗੁਰਜੀਤ ਕੌਰ ਨੇ ਪ੍ਰਿਅੰਕਾ ਸ਼ਰਮਾ ਦੀ ਹੌਸਲਾ ਅਫ਼ਜ਼ਾਈ ਕਰਦੇ ਹੋਏ ਕਿਹਾ ਕਿ ਇਹ ਸਭ ਕੁੱਝ ਸਟਾਫ਼ ਤੇ ਵਿਦਿਆਰਥਣ ਦੀ ਮਿਹਨਤ ਸਦਕਾ ਹੀ ਸੰਭਵ ਹੋਇਆ ਹੈ।ਖੁਸ਼ੀ ਸਾਂਝੀ ਕਰਦੇ ਹੋਏ ਵਿਦਿਆਰਥਣ ਪ੍ਰਿਅੰਕਾ ਸ਼ਰਮਾ ਨੇ ਕਿਹਾ ਕਿ ਮੇਰੀ ਇਸ ਕਾਮਯਾਬੀ ਦੇ ਪਿੱਛੇ ਮੇਰੇ ਕਾਲਜ ਦੇ ਸਟਾਫ਼ ਤੇ ਮੇਰੇ ਮਾਪਿਆਂ ਦਾ ਹੱਥ ਹੈ, ਜਿਨ੍ਹਾਂ ਨੇ ਮੈਨੂੰ ਮਿਹਨਤ ਕਰਨ ਵਿੱਚ ਪੂਰਾ ਸਹਿਯੋਗ ਦਿੱਤਾ ਹੈ।ਪ੍ਰਿਅੰਕਾ ਸ਼ਰਮਾ ਨੇ ਕਿਹਾ ਕਿ ਪੀ.ਐੱਚ.ਡੀ ਕਰਨ ਤੋਂ ਬਾਅਦ ਮੈਡੀਕਲ ਖੇਤਰ ਵਿੱਚ ਕੋਈ ਚੰਗੀ ਪੋਸਟ ਹਾਸਲ ਕਰਨਾ ਮੇਰਾ ਅਗਲਾ ਡਰੀਮ ਹੈ।

### ਸੜਕ ਹਾਦਸੇ 'ਚ ਵਿਅਕਤੀ ਦੀ ਮੌਤ

ਜਲਾਲਾਬਾਦ (ਜੀਤ ਕੁਮਾਰ)-ਥਾਣਾ ਅਮੀਰ ਖਾਸ ਦੀ ਪੁਲਸ ਵੱਲੋਂ ਸੜਕ ਹਾਦਸੇ ਵਿੱਚ ਇਕ ਵਿਅਕਤੀ ਦੀ ਮੌਤ ਹੋ ਜਾਣ ਤੇ ਅਣਪਛਾਤੇ ਵਹੀਕਲ ਚਾਲਕ ਦੇ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਹੈ। ਇਸ ਸਬੰਧੀ ਜਾਂਚ ਅਧਿਕਾਰੀ ਐੱਸ.ਆਈ. ਲਵਪ੍ਰੀਤ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਸੰਦੀਪ ਸਿੰਘ ਵਾਸੀ ਬੁੱਲਾ ਰਾਏ ਉਤਾੜ ਦੁਆਰਾ ਪੁਲਸ ਕੋਲ ਬਿਆਨ ਦਰਜ ਕਰਵਾਏ ਗਏ ਹਨ ਕਿ ਉਹ ਆਪਣੇ ਪਿਤਾ ਨਾਲ ਕੰਮ ਤੋਂ ਰਾਤ ਨੂੰ ਕਰੀਬ 7 ਵਜੇ ਆਪਣੇ ਮੋਟਰਸਾਈਕਲ 'ਤੇ ਘਰ ਵਾਪਸ ਆ ਰਹੇ ਸੀ, ਰਸਤੇ ਵਿੱਚ ਅਣਪਛਾਤੇ ਵਹੀਕਲ ਦੇ ਚਾਲਕ ਨੇ ਫੇਟ ਮਾਰ ਦਿੱਤੀ, ਜਿਸ ਨਾਲ ਉਸ ਨੂੰ ਸਰਕਾਰੀ ਹਸਪਤਾਲ ਵਿਖੇ ਇਲਾਜ ਲਈ ਦਾਖਲ ਕਰਵਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਦੇ ਪਿਤਾ ਬਲਕਾਰ ਸਿੰਘ ਨੂੰ ਮ੍ਰਿਤਕ ਘੋਸ਼ਿਤ ਕਰ ਦਿੱਤਾ, ਜਿਸ 'ਤੇ ਥਾਣਾ ਅਮੀਰ ਖਾਸ ਵਿਖੇ ਪੁਲਸ ਨੇ ਅਣਪਛਾਤੇ ਵਹੀਕਲ ਚਾਲਕ ਦੇ ਵਿਰੁੱਧ ਮੁਕੱਦਮਾ ਦਰਜ ਕਰ ਲਿਆ ਹੈ।

# ਮੁੱਖ ਮੰਤਰੀ ਮਹਾਨ ਸ਼ਹੀਦਾਂ ਦਾ ਨਾਂਅ ਵਰਤਣਾ ਬੰਦ ਕਰਨ : ਸੇਖੋਂ

## ਪੰਜਾਬ ਸਰਕਾਰ ਦੇ ਕੰਮ ਸ਼ਹੀਦਾਂ ਦੀ ਸੋਚ ਦੇ ਉਲਟ

ਬਠਿੰਡਾ (ਬਖਤੌਰ ਢਿੱਲੋਂ)-ਆਮ ਆਦਮੀ ਪਾਰਟੀ ਦੀ ਮੌਜੂਦਾ ਪੰਜਾਬ ਸਰਕਾਰ ਦੇ ਮੰਤਰੀਆਂ ਤੇ ਵਿਧਾਇਕਾਂ ਦੇ ਭ੍ਰਿਸ਼ਟਾਚਾਰ ਜਾਂ ਹੋਰ ਅਨੈਤਿਕ ਕੰਮਾਂ ਦੇ ਲੱਗੇ ਦੋਸ਼ਾਂ ਨੇ ਪੰਜਾਬ ਦੇ ਲੋਕਾਂ ਨੂੰ ਨਿਰਾਸ਼ ਹੀ ਨਹੀਂ ਕੀਤਾ, ਬਲਕਿ ਉਨ੍ਹਾਂ ਮਹਾਨ ਸ਼ਹੀਦਾਂ ਦਾ ਵੀ ਅਪਮਾਨ ਕੀਤਾ ਹੈ, ਜਿਨ੍ਹਾਂ ਦੀਆਂ ਸਹੁੰਆਂ ਖਾ ਕੇ ਇਸ ਸਰਕਾਰ ਦਾ ਮੁੱਢ ਬੰਨ੍ਹਿਆ ਸੀ ਅਤੇ ਉਨ੍ਹਾਂ ਦਾ ਨਾਂ ਵਰਤਿਆ ਜਾ ਰਿਹਾ ਹੈ। ਇਹ ਵਿਚਾਰ ਪ੍ਰਗਟ ਕਰਦਿਆਂ ਸੀ ਪੀ ਆਈ ਐੱਮ ਪੰਜਾਬ ਦੇ ਸਕੱਤਰ ਕਾ: ਸੁਖਵਿੰਦਰ ਸਿੰਘ ਸੇਖੋਂ ਨੇ ਕਿਹਾ ਮਹਾਨ ਸ਼ਹੀਦ ਸ: ਭਗਤ ਸਿੰਘ, ਕਰਤਾਰ ਸਿੰਘ ਸਰਾਭਾ ਹੋਰਾਂ ਨੇ ਦੇਸ਼ ਵਿੱਚ ਤਬਦੀਲੀ ਲਿਆ ਕੇ ਭ੍ਰਿਸ਼ਟ ਰਹਿਤ ਸਮਾਜ ਸਿਰਜਣ ਦਾ ਸੁਪਨਾ ਲਿਆ ਸੀ, ਪਰ ਭਗਵੰਤ ਮਾਨ ਸਰਕਾਰ ਦੇ ਮੰਤਰੀ ਤੇ ਵਿਧਾਇਕ ਭ੍ਰਿਸ਼ਟਾਚਾਰ ਤੇ ਹੋਰ ਅਨੈਤਿਕ ਕੰਮਾਂ ਲਈ ਸਭ ਹੱਦਾਂ ਬੰਨੇ ਟੱਪ ਗਏ ਹਨ, ਇਸ ਲਈ ਉਹ ਸ਼ਹੀਦਾਂ ਦਾ ਨਾਂ ਵਰਤਣਾ ਬੰਦ ਕਰਨ। ਕਾ: ਸੇਖੋਂ ਨੇ ਪੰਜਾਬ ਵਾਸੀਆਂ ਨੂੰ ਸ਼ਹੀਦਾਂ ਦੀ ਸੋਚ ਤੇ ਕੁਰਬਾਨੀਆਂ ਯਾਦ ਕਰਵਾਉਂਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਉਨ੍ਹਾਂ ਦਾ ਪਹਿਰਾਵਾ ਵਰਤ ਕੇ ਤੇ ਉਨ੍ਹਾਂ ਦੇ ਪੂਰਨਿਆਂ 'ਤੇ ਚੱਲਣ ਦਾ ਵਿਸ਼ਵਾਸ ਦਿਵਾ ਕੇ ਸਰਕਾਰ ਦਾ ਮੁੱਢ ਬੰਨ੍ਹਿਆ ਸੀ, ਜਿਸ ਕਰਕੇ ਲੋਕਾਂ ਨੇ ਭਰੋਸਾ ਕਰਦਿਆਂ ਵੱਡੀਆਂ ਉਮੀਦਾਂ ਰੱਖੀਆਂ ਸਨ, ਪਰ ਲੋਕਾਂ ਨੂੰ ਬੜੀ ਨਿਰਾਸ਼ਾ ਹੋਈ ਜਦੋਂ ਇਸ ਸਰਕਾਰ ਦੇ ਕਈ ਮੰਤਰੀ ਤੇ ਵਿਧਾਇਕ ਭ੍ਰਿਸ਼ਟਾਚਾਰ ਜਾਂ ਹੋਰ ਮਾਮਲਿਆਂ ਦੇ ਦੋਸ਼ੀ ਮੰਨੇ ਗਏ। ਵਰਨਣਯੋਗ ਹੈ ਕਿ ਪੰਜਾਬ ਦੇ ਮੰਤਰੀਆਂ ਤੇ ਵਿਧਾਇਕਾਂ ਲਾਲਜੀਤ ਭੁੱਲਰ, ਕੁਲਦੀਪ ਸਿੰਘ ਧਾਲੀਵਾਲ, ਹਰਦੀਪ ਮੁੰਡੀਆਂ, ਲਾਲ ਚੰਦ ਕਟਾਰੂਚੱਕ, ਮਨਜਿੰਦਰ ਸਿੰਘ ਲਾਲਪੁਰਾ, ਵਿਜੈ ਸਿੰਗਲਾ, ਅਮਿਤ ਰਤਨ, ਹਰਮੀਤ ਸਿੰਘ ਪਠਾਨਮਾਜਰਾ, ਸੰਜੀਵ ਅਰੋੜਾ, ਸਰਬਜੀਤ ਕੌਰ ਮਾਣੂਕੇ ਆਦਿ 'ਤੇ ਦੋਸ਼ ਲੱਗੇ ਹਨ, ਕਈਆਂ ਤੇ ਮੁਕੱਦਮੇ ਚੱਲੇ, ਕਈਆਂ ਨੂੰ ਸਜ਼ਾ ਵੀ ਹੋਈ ਤੇ ਕਈ ਅਜੇ ਮੁਕੱਦਮਿਆਂ ਦਾ ਸਾਹਮਣਾ ਕਰ ਰਹੇ ਹਨ। ਇੱਥੇ ਹੀ ਬੱਸ ਨਹੀਂ ਕਈ ਮੰਤਰੀ ਵਿਧਾਇਕ ਚਰਚਾ ਵਿੱਚ ਹਨ ਤੇ ਉਨ੍ਹਾਂ ਵਿਰੁੱਧ ਵੀ ਕਾਰਵਾਈ ਹੋਣ ਦੀਆਂ ਸੰਭਾਵਨਾਵਾਂ ਹਨ। ਕਾ: ਸੇਖੋਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਸੱਤਾ ਭੋਗਣ ਲਈ ਸ਼ਹੀਦਾਂ ਦੇ ਨਾਂ ਨੂੰ ਵਰਤਣਾ ਬੰਦ ਕਰਨ, ਅਜਿਹਾ ਕਰਨ ਨਾਲ ਸ਼ਹੀਦਾਂ ਦਾ ਅਪਮਾਨ ਹੁੰਦਾ ਹੈ। ਉਨ੍ਹਾਂ ਪੰਜਾਬ ਦੇ ਲੋਕਾਂ ਨੂੰ ਸੁਚੇਤ ਕੀਤਾ ਕਿ ਅਗਲੀਆਂ ਵਿਧਾਨ ਸਭਾ ਚੋਣਾਂ ਨੇੜੇ ਆ ਰਹੀਆਂ ਹਨ, ਉਸ ਸਮੇਂ ਚੰਗੇ ਚਰਿੱਤਰ ਵਾਲੇ ਤੇ ਸੱਚ 'ਤੇ ਪਹਿਰਾ ਦੇ ਕੇ ਲੋਕ ਸੇਵਾ ਕਰਨ ਵਾਲੇ ਆਗੂਆਂ ਦੀ ਚੋਣ ਕਰਨ।

# ਮਾਛੀਕੇ ਦੀ ਦਾਣਾ ਮੰਡੀ 'ਚ ਕਣਕ ਦੀਆਂ ਬੋਰੀਆਂ ਦੇ ਲੱਗੇ ਢੇਰ, ਮਜ਼ਦੂਰ ਪ੍ਰੇਸ਼ਾਨ



ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)-ਮਾਛੀਕੇ ਦੀ ਦਾਣਾ ਮੰਡੀ ਵਿੱਚ ਕਣਕ ਦੀ ਲਿਫਟਿੰਗ ਵਿੱਚ ਹੋ ਰਹੀ ਦੇਰੀ ਕਾਰਨ ਕਣਕ ਦੀਆਂ ਬੋਰੀਆਂ ਦੇ ਢੇਰ ਲੱਗ ਗਏ ਹਨ।ਮੰਡੀ ਵਿੱਚ ਹਰ ਪਾਸੇ ਕਣਕ ਦੀਆਂ ਬੋਰੀਆਂ ਪਈਆਂ ਨਜ਼ਰ ਆ ਰਹੀਆਂ ਹਨ, ਜਿਸ ਕਾਰਨ ਕਿਸਾਨਾਂ ਤੇ ਮਜ਼ਦੂਰਾਂ ਨੂੰ ਕਾਫੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਮੰਡੀ ਵਿੱਚ ਕੰਮ ਕਰਦੇ ਮਜ਼ਦੂਰਾਂ ਨੇ ਦੱਸਿਆ ਕਿ ਲਿਫਟਿੰਗ ਨਾ ਹੋਣ ਕਾਰਨ ਉਨ੍ਹਾਂ ਨੂੰ ਰੋਜ਼ਾਨਾ ਕੰਮ ਨਹੀਂ ਮਿਲ ਰਿਹਾ ਤੇ ਉਹ ਸਾਰਾ ਦਿਨ ਮੰਡੀ ਵਿੱਚ ਬੈਠ ਕੇ ਉਡੀਕ ਕਰਨ ਲਈ ਮਜਬੂਰ ਹਨ।ਉਨ੍ਹਾਂ ਕਿਹਾ ਕਿ ਮੰਡੀ ਵਿੱਚ ਬੋਰੀਆਂ ਦੀ ਭਰਮਾਰ ਹੋਣ ਦੇ ਬਾਵਜੂਦ ਢੁਆਈ ਦੀ ਗਤੀ ਬਹੁਤ ਹੌਲੀ ਹੈ।ਕਿਸਾਨਾਂ ਨੇ ਵੀ ਸਰਕਾਰ ਤੇ ਸੰਬੰਧਤ ਖਰੀਦ ਏਜੰਸੀਆਂ ਪ੍ਰਤੀ ਰੋਸ ਜਤਾਉਂਦਿਆਂ ਕਿਹਾ ਕਿ ਜੇਕਰ ਜਲਦ ਲਿਫਟਿੰਗ ਨਾ ਹੋਈ ਤਾਂ ਆਉਣ ਵਾਲੇ ਦਿਨਾਂ ਵਿੱਚ ਹਾਲਾਤ ਹੋਰ ਵੀ ਖਰਾਬ ਹੋ ਸਕਦੇ ਹਨ। ਉਨ੍ਹਾਂ ਮੰਗ ਕੀਤੀ ਕਿ ਤੁਰੰਤ ਪ੍ਰਬੰਧ ਕਰਕੇ ਮੰਡੀ ਵਿੱਚੋਂ ਕਣਕ ਦੀ ਲਿਫਟਿੰਗ ਕਰਵਾਈ ਜਾਵੇ ਤਾਂ ਜੋ ਕਿਸਾਨਾਂ ਤੇ ਮਜ਼ਦੂਰਾਂ ਨੂੰ ਰਾਹਤ ਮਿਲ ਸਕੇ।

# ਅਭਿਨੰਦਨ ਪੱਬੀ ਯੁਵਾ ਖੱਤਰੀ ਮਹਾਂਸਭਾ ਬਲਾਕ ਧਰਮਕੋਟ ਦੇ ਪ੍ਰਧਾਨ ਨਿਯੁਕਤ



ਮੋਗਾ (ਇਕਬਾਲ ਸਿੰਘ ਖਹਿਰਾ)-ਮੋਗਾ ਖੱਤਰੀ ਮਹਾਂਸਭਾ ਦੇ ਸੀਨੀਅਰ ਆਗੂ ਤੇ ਭਾਜਪਾ ਆਗੂ ਅਤੇ ਗਊ ਰੱਖਿਅਕ ਵਰਿੰਦਰ ਪੱਬੀ ਦੇ ਹੋਣਹਾਰ ਪੁੱਤਰ ਅਭਿਨੰਦਨ ਪੱਬੀ ਨੂੰ ਅੱਜ ਜ਼ਿਲ੍ਹਾ ਪ੍ਰਧਾਨ ਨਰੋਤਮ ਪੁਰੀ ਤੇ ਜਨਰਲ ਸਕੱਤਰ ਵਿਕਾਸ ਕਪੂਰ ਦੀ ਅਗਵਾਈ ਹੇਠ ਖੱਤਰੀ ਭਵਨ ਵਿਖੇ ਯੂਥ ਖੱਤਰੀ ਮਹਾਂਸਭਾ ਬਲਾਕ ਧਰਮਕੋਟ ਦਾ ਬਲਾਕ ਪ੍ਰਧਾਨ ਨਿਯੁਕਤ ਕੀਤਾ ਗਿਆ।ਇਹ ਨਿਯੁਕਤੀ ਖੱਤਰੀ ਮਹਾਂਸਭਾ ਦੇ ਸੂਬਾ ਪ੍ਰਧਾਨ ਐਡਵੋਕੇਟ ਵਿਜੇ ਧੀਰ ਨੇ ਕੀਤੀ।ਇਸ ਮੌਕੇ ਮਹਾਸਭਾ ਦੇ ਸੂਬਾ ਮੁੱਖ ਸਰਪ੍ਰਸਤ ਵਿਜੇ ਧੀਰ, ਸਾਬਕਾ ਚੇਅਰਮੈਨ ਕੋਟ ਈਸੇ ਖਾਂ ਤੇ ਸੂਬਾ ਆਗੂ ਬਲਜਿੰਦਰ ਸਿੰਘ ਸਹਿਗਲ ਮੌਜੂਦ ਸਨ। ਨਵ-ਨਿਯੁਕਤ ਬਲਾਕ ਪ੍ਰਧਾਨ ਅਭਿਨੰਦਨ ਪੱਬੀ ਨੂੰ ਖੱਤਰੀ ਮਹਾਂਸਭਾ ਵੱਲੋਂ ਸਿਰੋਪਾਓ (ਸਿਰੋਪਾ) ਭੇਟ ਕਰਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਅਭਿਨੰਦਨ ਪੱਬੀ ਨੇ ਕਿਹਾ ਕਿ ਉਹ ਉਨ੍ਹਾਂ ਨੂੰ ਸੌਂਪੀ ਗਈ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ।ਖੱਤਰੀ ਸਭਾ ਮੋਗਾ ਦੇ ਪ੍ਰਧਾਨ ਡਾ. ਐਮ.ਐਲ. ਜੈਦਕਾ, ਸਕੱਤਰ ਸੰਜੀਵ ਕੌੜਾ, ਵਿੱਤ ਸਕੱਤਰ ਸਰਬਜੀਤ ਮੈਂਗੀ, ਸੀਨੀਅਰ ਮੀਤ ਪ੍ਰਧਾਨ ਡਾ: ਮਹਿੰਦਰਪਾਲ ਸੱਭਰਵਾਲ, ਸੁਸ਼ੀਲ ਸਿਆਲ, ਦੀਪਕ ਕੌੜਾ, ਸ਼ਿਵ ਟੰਡਨ, ਸੁਮਿਤ ਮਲਹੋਤਰਾ ਕੋਟ ਈਸੇ ਖਾਂ, ਤਿਲਕ ਰਾਜ ਸੋਨੀ, ਵਰਿੰਦਰ ਉਪ ਪ੍ਰਧਾਨ ਡਾ. ਪੁਰੀ ਹਾਜ਼ਰ ਸਨ।

# ਬੀ. ਐੱਡ ਅਧਿਆਪਕ ਫਰੰਟ 4161 ਅਧੀਨ ਭਰਤੀ ਅਧਿਆਪਕਾਂ ਦੇ ਸਮਰਥਨ 'ਚ ਨਿੱਤਰਿਆ

ਮਾਨਸਾ (ਆਤਮਾ ਸਿੰਘ ਪਮਾਰ)-ਬੀ. ਐੱਡ ਅਧਿਆਪਕ ਫਰੰਟ 4161 ਭਰਤੀ ਵਾਲੇ ਅਧਿਆਪਕਾਂ ਨਾਲ ਚਟਾਨ ਵਾਂਗ ਖੜ੍ਹਾ ਹੈ।ਇਨ੍ਹਾਂ ਵਿਚਾਰਾ ਦਾ ਪ੍ਰਗਟਾਵਾ ਕਰਦਿਆਂ ਬੀ. ਐੱਡ ਅਧਿਆਪਕ ਫਰੰਟ ਜ਼ਿਲ੍ਹਾ ਮਾਨਸਾ ਦੇ ਆਗੂਆਂ ਨਿਤਿਨ ਸੋਢੀ, ਦਰਸ਼ਨ ਸਿੰਘ ਅਲੀਸ਼ੇਰ ਨੇ 4161 ਅਧੀਨ ਭਰਤੀ ਅਧਿਆਪਕਾਂ ਦੇ ਸਮਰਥਨ ਦਾ ਪੂਰਾ ਐਲਾਨ ਕਰਦਿਆਂ ਕਿਹਾ ਕਿ ਤਿੰਨ ਸਾਲਾਂ ਤੋਂ ਸੇਵਾ ਨਿਭਾ ਰਹੇ ਇਨ੍ਹਾਂ ਅਧਿਆਪਕਾਂ ਨਾਲ ਸਰਕਾਰ ਬੇਇਨਸਾਫ਼ੀ ਕੀਤੀ ਜਾ ਰਹੀ ਹੈ।ਫਰੰਟ ਦੇ ਆਗੂਆਂ ਬੇਅੰਤ ਸਿੰਘ ਰੜ, ਸਿਕੰਦਰ ਸਿੰਘ, ਸਮਰਜੀਤ ਸਿੰਘ, ਗੁਰਜੰਟ ਸਿੰਘ, ਰਾਕੇਸ਼ ਕੁਮਾਰ, ਰਮੇਸ਼ ਕੁਮਾਰ, ਜਨਕ ਰਾਜ, ਜਤਿੰਦਰ ਪਾਲ ਸਿੰਘ, ਜਸਵਿੰਦਰ ਜੋਗਾ, ਸ਼ਮਸ਼ੇਰ ਸਿੰਘ ਬਰੇਟਾ, ਗੁਰਜੀਤ ਸਿੰਘ ਰੜ, ਅੰਗਰੇਜ਼ ਸਿੰਘ, ਸਰਦੂਲਗੜ੍ਹ ਆਦਿ ਵੱਲੋਂ ਜਾਰੀ ਬਿਆਨ 'ਚ ਕਿਹਾ ਕਿ 4161 ਅਧਿਆਪਕਾਂ ਦੀਆਂ ਅਸਾਮੀਆਂ ਦਾ ਨਤੀਜਾ ਘੋਸ਼ਿਤ ਹੋਣ ਸਮੇਂ ਉਮੀਦਵਾਰਾਂ ਵੱਲੋਂ ਪ੍ਰਾਪਤ ਅੰਕਾਂ ਦੇ ਆਧਾਰ 'ਤੇ ਹੀ ਸਿੱਖਿਆ ਵਿਭਾਗ ਵੱਲੋਂ ਮੈਰਿਟ ਤਿਆਰ ਕੀਤੀ ਗਈ ਸੀ ਤੇ ਉਨ੍ਹਾਂ ਨੂੰ ਨਿਯੁਕਤੀ ਵੀ ਦਿੱਤੀ ਗਈ ਸੀ, ਪਰ ਬਾਅਦ 'ਚ ਕਿਸੇ ਕੇਸ ਦੇ ਚੱਲਦੇ ਨਤੀਜੇ ਰਿਵਾਈਜ਼ ਕੀਤੇ ਗਏ, ਜਿਸ 'ਚ ਵਿਭਾਗ ਵੱਲੋਂ ਦੁਬਾਰਾ ਨਤੀਜਾ ਸੋਧਿਆ ਗਿਆ, ਜਿਸ ਨਾਲ ਉਨ੍ਹਾਂ ਦੇ ਅੰਕ ਘੱਟ ਗਏ ਤੇ ਹੁਣ ਤਿੰਨ ਸਾਲ ਦੀ ਸੇਵਾ ਬਾਅਦ 300 ਦੇ ਕਰੀਬ ਅਧਿਆਪਕਾਂ ਨੂੰ ਨੌਕਰੀ ਤੋਂ ਬਾਹਰ ਕੀਤਾ ਜਾ ਰਿਹਾ ਹੈ, ਜੋ ਕਿ ਅਧਿਆਪਕਾਂ ਨਾਲ ਸ਼ਰੇਆਮ ਬੇਇਨਸਾਫ਼ੀ ਹੈ।ਉਨ੍ਹਾਂ ਕਿਹਾ ਕਿ ਜਦੋਂ ਤਿੰਨ ਸਾਲਾਂ ਤੋਂ ਅਧਿਆਪਕ ਇਮਾਨਦਾਰੀ ਨਾਲ ਆਪਣੀ ਜ਼ਿੰਮੇਵਾਰੀ ਨਿਭਾ ਰਹੇ ਹਨ, ਉਨ੍ਹਾਂ ਨੂੰ ਮੁੜ ਬੇਰੁਜ਼ਗਾਰੀ ਦੀ ਦਲਦਲ 'ਚ ਧੱਕਣਾ ਬਿਲਕੁਲ ਗਲਤ ਹੈ।

ਬੀ. ਐੱਡ ਅਧਿਆਪਕ ਫਰੰਟ ਨੇ ਵਿਭਾਗ ਦੀ ਇਹ ਧੱਕੇਸ਼ਾਹੀ ਖ਼ਿਲਾਫ਼ ਚਿਤਾਵਨੀ ਦਿੱਤੀ ਕਿ ਜੇਕਰ ਵਿਭਾਗ ਨੇ ਇਨ੍ਹਾਂ ਬੇਕਸੂਰ ਅਧਿਆਪਕਾਂ ਨੂੰ ਮੁੜ ਨੌਕਰੀ 'ਤੇ ਹਾਜ਼ਰ ਨਾ ਕਰਵਾਇਆ ਤਾਂ ਭਰਾਤਰੀ ਜਥੇਬੰਦੀਆਂ ਨਾਲ ਮਿਲ ਕੇ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।ਅਧਿਆਪਕ ਮੋਰਚਾ ਪੰਜਾਬ 4161 ਅਧਿਆਪਕਾਂ ਦੇ ਹੱਕ 'ਚ ਹਰ ਮੰਚ 'ਤੇ ਨਾਲ ਖੜ੍ਹਾ ਹੈ ਅਤੇ ਕਿਸੇ ਵੀ ਕੀਮਤ 'ਤੇ ਇੱਕ ਵੀ ਅਧਿਆਪਕ ਨੂੰ ਫਾਰਗ ਨਹੀਂ ਹੋਣ ਦਿੱਤਾ ਜਾਵੇਗਾ।ਇਸ ਮੌਕੇ ਸ਼ਮਸ਼ੇਰ ਬਰੇਟਾ, ਗੁਰਜੰਟ ਸਿੰਘ, ਵਿਨੋਦ ਬਰੇਟਾ, ਹਰਦੀਪ ਮੱਤੀ, ਜਗਸੀਰ ਸਿੰਘ, ਗੁਰਦਾਸ ਸਿੰਘ, ਪ੍ਰਭੂ ਸਿੰਘ, ਜਗਰਾਜ ਭੀਖੀ, ਗੁਰਸੇਵਕ ਭੀਖੀ, ਕਰਮਜੀਤ ਸਿੰਘ, ਮਨਿੰਦਰ ਸਿੰਘ, ਦਰਸ਼ਨ ਜੋਗਾ ਆਦਿ ਆਗੂ ਹਾਜ਼ਰ ਸਨ।

# ਭਾਜਪਾ ਦੀਆਂ ਧੱਕੇਸ਼ਾਹੀਆਂ ਖ਼ਿਲਾਫ਼ 'ਆਪ' ਵੱਲੋਂ ਜ਼ੋਰਦਾਰ ਰੋਸ ਪ੍ਰਦਰਸ਼ਨ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਭਾਜਪਾ ਦੀਆਂ ਧੱਕੇਸ਼ਾਹੀਆਂ ਤੇ ਪੰਜਾਬ ਵਿਰੋਧੀ ਨੀਤੀਆਂ ਖ਼ਿਲਾਫ਼ ਪਟਿਆਲਾ ਭਜਪਾ ਦਫਤਰ ਅਰਨਾ ਬਰਨਾ ਚੌਕ ਵਿਖੇ ਆਮ ਆਦਮੀ ਪਾਰਟੀ ਵੱਲੋਂ ਵੱਡੇ ਪੱਧਰ 'ਤੇ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਗਿਆ।ਪੰਜਾਬ ਦੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਨੂੰ ਈ ਡੀ ਵੱਲੋਂ ਹਿਰਾਸਤ ਵਿੱਚ ਲੈਣ ਦੇ ਵਿਰੋਧ 'ਚ ਸਿਹਤ ਮੰਤਰੀ ਡਾ. ਬਲਬੀਰ ਸਿੰਘ, ਹਲਕਾ ਸਮਾਣਾ ਦੇ ਐੱਮ ਐੱਲ ਏ ਚੇਤਨ ਸਿੰਘ ਜੌੜੇਮਾਜਰਾ ਤੇ ਪੰਜਾਬ ਐਗਰੋ ਦੇ ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ, ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਹਰਪਾਲ ਸਿੰਘ ਵਿਰਕ, ਵਾ. ਚੇਅਰਮੈਨ ਵਿੱਕੀ ਘਨੌਰ, ਨਾਭਾ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ, ਸੀਨੀਅਰ ਡਿਪਟੀ ਮੇਅਰ ਹਰਿੰਦਰ ਕੋਹਲੀ, ਅਮਰੀਕ ਸਿੰਘ ਬੰਗੜ ਐੱਸ ਸੀ ਵਿੰਗ ਇੰਚਾਰਜ ਈਸਟ ਮਾਲਵਾ ਜ਼ੋਨ, ਪਾਰਟੀ ਦੇ ਅਹੁਦੇਦਾਰਾਂ, ਵਰਕਰਾਂ ਤੇ ਸਮੂਹ ਆਗੂਆਂ ਨੇ ਵੱਡੀ ਗਿਣਤੀ ਵਿੱਚ ਇਕੱਠੇ ਹੋ ਕੇ ਭਾਜਪਾ ਸਰਕਾਰ ਖ਼ਿਲਾਫ਼ ਜ਼ੋਰਦਾਰ ਰੋਸ ਪ੍ਰਗਟ ਕੀਤਾ।ਇਸ ਮੌਕੇ ਸਿਹਤ ਮੰਤਰੀ ਡਾ. ਬਲਬੀਰ ਸਿੰਘ, ਚੇਅਰਮੈਨ ਬਲਜਿੰਦਰ ਢਿੱਲੋਂ, ਬਲਕਾਰ ਸਿੰਘ ਗੱਜੂ ਮਾਜਰਾ ਚੇਅਰਮੇਨ ਮਾਰਕੀਟ ਕਮੇਟੀ ਸਮਾਣਾ, ਅਸ਼ੋਕ ਸਿਰਸਵਾਲ ਚੇਅਰਮੈਨ ਮਾਰਕੀਟ ਕਮੇਟੀ ਪਟਿਆਲਾ, ਗ਼ੁੱਜਣ ਸਿੰਘ ਮੀਡੀਆ ਸਕੱਤਰ, ਪ੍ਰਿੰਸ ਲਾਂਬਾ ਜ਼ਿਲ੍ਹਾ ਮੀਡੀਆ ਇੰਚਾਰਜ, ਸੰਦੀਪ ਬੰਧੂ ਹਲਕਾ ਮੀਡੀਆ ਕੋਆਰਡੀਨੇਟ, ਜਗਤਾਰ ਜੱਗੀ, ਸਾਗਰ ਧਾਰੀਵਾਲ, ਰੁਪਾਲੀ ਗਰਗ, ਜਤਿੰਦਰ ਕੌਰ ਐੱਸ ਕੇ, ਮੁਕਤਾ ਗੁਪਤਾ, ਮੋਹਿਤ ਕੁਮਾਰ ਮੋਹਿਤ ਕੁਕਰੇਜਾ, ਸ਼ਿਵਰਾਜ ਵਿਰਕ, ਗਿਆਨ ਚੰਦ (ਸਾਰੇ ਐੱਮ ਸੀ) ਤੇ ਪ੍ਰਦੀਪ ਗਰਗ, ਗੁਰਧੀਆਂ ਖਰੋੜ ਜ਼ਿਲ੍ਹਾ ਇੰਚਾਰਜ ਕਿਸਾਨ ਵਿੰਗ, ਵਿਨੋਦ ਸਿੰਗਲਾ ਜ਼ਿਲ੍ਹਾ ਸ਼ਹਿਰੀ ਇੰਚਾਰਜ ਟ੍ਰੇਡ ਵਿੰਗ, ਮੋਨਿਕਾ ਸ਼ਰਮਾ, ਓਮ ਪ੍ਰਕਾਸ, ਹਰਜੀਤ ਸਿੰਘ, ਕ੍ਰਿਸ਼ਨ ਕੁਮਾਰ ਸੀਨੀਅਰ ਆਗੂ ਤੇ ਰਾਜ ਕੁਮਾਰ ਮਿਠਾਰੀਆਂ ਲੋਕ ਸਭਾ ਆਫਿਸ ਇੰਚਾਰਜ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਅਹੁਦੇਦਾਰ ਤੇ ਵਲੰਟੀਅਰ ਸਾਹਿਬਾਨ ਆਦਿ ਮੌਜੂਦ ਸਨ।

# ਮਾਂ ਮਮਤਾ ਦਾ ਸਾਗਰ ਤੇ ਸੰਸਕਾਰਾਂ ਦੀ ਪਹਿਲੀ ਪਾਠਸ਼ਾਲਾ : ਪ੍ਰਿੰ. ਮੋਹਨ ਲਾਲ



ਸਮਾਣਾ (ਗੁਰਪਿਆਰ ਸਿੰਘ ਬੱਲ)-ਇੱਥੇ ਮਾਂ ਦਿਵਸ ਦੇ ਸਬੰਧ ਵਿੱਚ ਕਰਵਾਏ ਗਏ ਇੱਕ ਸਮਾਗਮ ਦੌਰਾਨ ਪ੍ਰਸਿੱਧ ਸਿੱਖਿਆ ਸ਼ਾਸਤਰੀ ਪ੍ਰਿੰਸੀਪਲ ਮੋਹਨ ਲਾਲ ਸ਼ਰਮਾ ਨੇ ਮਾਂ ਦੇ ਰਿਸ਼ਤੇ ਦੀ ਮਹਾਨਤਾ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ।ਉਨ੍ਹਾਂ ਕਿਹਾ ਕਿ ਇੱਕ ਮਾਂ ਨਾ ਸਿਰਫ਼ ਬੱਚੇ ਨੂੰ ਜਨਮ ਦਿੰਦੀ ਹੈ, ਸਗੋਂ ਉਹ ਉਸ ਦੀ ਪਹਿਲੀ ਗੁਰੂ ਤੇ ਚਰਿੱਤਰ ਨਿਰਮਾਤਾ ਵੀ ਹੁੰਦੀ ਹੈ।ਪ੍ਰਿੰਸੀਪਲ ਸ਼ਰਮਾ ਨੇ ਕਿਹਾ ਕਿ ਬੱਚੇ ਦੇ ਜੀਵਨ ਵਿੱਚ ਜੋ ਵੀ ਨੈਤਿਕ ਕਦਰਾਂ-ਕੀਮਤਾਂ ਹੁੰਦੀਆਂ ਹਨ, ਉਨ੍ਹਾਂ ਦੀ ਨੀਂਹ ਮਾਂ ਦੁਆਰਾ ਹੀ ਰੱਖੀ ਜਾਂਦੀ ਹੈ।ਉਨ੍ਹਾਂ ਕਿਹਾ ਕਿ ਦੁਨੀਆ ਵਿੱਚ ਸਿਰਫ਼ ਮਾਂ ਦਾ ਪਿਆਰ ਹੀ ਅਜਿਹਾ ਹੈ, ਜਿਸ ਵਿੱਚ ਕੋਈ ਸਵਾਰਥ ਨਹੀਂ ਹੁੰਦਾ।ਮਾਂ ਆਪਣੇ ਬੱਚਿਆਂ ਦੀ ਖੁਸ਼ੀ ਲਈ ਆਪਣੀਆਂ ਇੱਛਾਵਾਂ ਦਾ ਤਿਆਗ ਕਰ ਦਿੰਦੀ ਹੈ।ਉਨ੍ਹਾਂ ਨੌਜਵਾਨਾਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਸਾਨੂੰ ਸਾਲ ਵਿੱਚ ਸਿਰਫ਼ ਇੱਕ ਦਿਨ ਹੀ ਨਹੀਂ, ਸਗੋਂ ਹਰ ਦਿਨ ਆਪਣੇ ਮਾਪਿਆਂ ਦਾ ਸਤਿਕਾਰ ਕਰਨਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਜਿਸ ਘਰ ਵਿੱਚ ਮਾਂ-ਬਾਪ ਦਾ ਸਤਿਕਾਰ ਹੁੰਦਾ ਹੈ, ਉੱਥੇ ਹੀ ਪ੍ਰਮਾਤਮਾ ਦਾ ਵਾਸ ਹੁੰਦਾ ਹੈ।ਪ੍ਰਿੰਸੀਪਲ ਮੋਹਨ ਲਾਲ ਸ਼ਰਮਾ ਨੇ ਸਮੂਹ ਮਾਵਾਂ ਨੂੰ ਸਲਾਮ ਕਰਦਿਆਂ ਕਿਹਾ ਕਿ ਸਮਾਜ ਦੀ ਸਿਰਜਣਾ ਵਿੱਚ ਮਾਵਾਂ ਦਾ ਯੋਗਦਾਨ ਬੇਮਿਸਾਲ ਹੈ।ਅਜੋਕੇ ਦੌਰ ਵਿੱਚ ਜਿੱਥੇ ਰਿਸ਼ਤਿਆਂ ਵਿੱਚ ਦੂਰੀਆਂ ਵਧ ਰਹੀਆਂ ਹਨ, ਉੱਥੇ ਮਾਂ ਦੇ ਆਂਚਲ ਦੀ ਛਾਂ ਸਭ ਤੋਂ ਵੱਧ ਸਕੂਨ ਦੇਣ ਵਾਲੀ ਹੈ। ?ਇਸ ਮੌਕੇ ਉਨ੍ਹਾਂ ਨੇ ਬੱਚਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਮਾਂ ਦੀਆਂ ਸਿੱਖਿਆਵਾਂ 'ਤੇ ਚੱਲ ਕੇ ਦੇਸ਼ ਦੇ ਚੰਗੇ ਨਾਗਰਿਕ ਬਣਨ।

## ਹੈਰੋਇਨ ਦਾ ਨਸ਼ਾ ਕਰਦਾ ਕਾਬੂ

ਜਲਾਲਾਬਾਦ (ਜੀਤ ਕੁਮਾਰ)-ਥਾਣਾ ਸਦਰ ਜਲਾਲਾਬਾਦ ਦੀ ਪੁਲਸ ਨੇ ਇੱਕ ਵਿਅਕਤੀ ਨੂੰ ਹੈਰੋਇਨ ਦਾ ਨਸ਼ਾ ਕਰਨ 'ਤੇ ਕਾਬੂ ਕੀਤਾ ਗਿਆ ਹੈ। ਜਾਂਚ ਅਧਿਕਾਰੀ ਐੱਸ.ਆਈ. ਰਣਜੀਤ ਸਿੰਘ ਨੇ ਦੱਸਿਆ ਕਿ ਉਹ ਸਮੇਤ ਪੁਲਸ ਪਾਰਟੀ ਗਸ਼ਤ ਦੌਰਾਨ ਪਿੰਡ ਚੱਕ ਲਮੋਚੜ ਮੁਰਕ ਵਾਲਾ ਦੇ ਕੋਲ ਮੌਜੂਦ ਸੀ ਤਾਂ ਗੁਰਮੀਤ ਸਿੰਘ ਉਰਫ ਗੀਤੂ ਪੁੱਤਰ ਹਰਬੰਸ ਸਿੰਘ ਵਾਸੀ ਫੱਤੂ ਵਾਲਾ ਨੂੰ ਹੈਰੋਇਨ ਦਾ ਸੇਵਨ ਕਰਦੇ ਹੋਏ ਇਕ ਲਾਇਟਰ, ਪੇਪਰ ਪੰਨੀ, 10 ਰੁਪਏ ਦਾ ਨੋਟ ਥੋੜ੍ਹਾ ਜਿਹਾ ਜਲਿਆ ਹੋਇਆ ਸਮੇਤ ਕਾਬੂ ਕੀਤਾ ਗਿਆ ਹੈ। ਜਿਸ 'ਤੇ ਥਾਣਾ ਸਦਰ ਜਲਾਲਾਬਾਦ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ।

# ਅਮਿਤ ਅਗਰਵਾਲ ਆਰ ਟੀ ਆਈ ਪੰਜਾਬ ਦਾ ਵਾਈਸ ਪ੍ਰਧਾਨ ਬਣਨ 'ਤੇ ਸਨਮਾਨਤ



ਬਾਘਾ ਪੁਰਾਣਾ (ਮਨੀ ਸਿੰਗਲਾ)

ਯੂਥ ਅਗਰਵਾਲ ਸਭਾ ਵੱਲੋਂ ਇੱਕ ਸ਼ਾਨਦਾਰ ਸਮਾਗਮ ਦੌਰਾਨ ਸਮਾਜ ਸੇਵੀ ਐਡਵੋਕੇਟ ਅਮਿਤ ਅਗਰਵਾਲ ਨੂੰ ਭਾਰਤੀ ਜਨਤਾ ਪਾਰਟੀ ਦੇ ਆਰ.ਟੀ.ਆਈ ਸੈੱਲ ਪੰਜਾਬ ਦਾ ਵਾਈਸ ਪ੍ਰਧਾਨ ਨਿਯੁਕਤ ਹੋਣ 'ਤੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ ਤੇ ਦਿਲੋਂ ਵਧਾਈ ਦਿੱਤੀ ਗਈ।ਸੁਰਿੰਦਰ ਬਾਂਸਲ, ਸੀਨੀਅਰ ਮੀਤ ਪ੍ਰਧਾਨ ਮਿਲਨ ਗਰਗ, ਜੁਆਇੰਟ ਸੈਕਟਰੀ ਬਿੱਟਾ ਜਿੰਦਲ, ਮੀਡੀਆ ਇੰਚਾਰਜ ਮਨੀ ਸਿੰਗਲਾ, ਸੈਕਟਰੀ ਪ੍ਰੇਮ ਬਾਂਸਲ ਪੰਕਜ ਗਰਗ, ਕੈਸ਼ੀਅਰ ਸਾਹਿਲ ਬਾਂਸਲ, ਹਿਮਾਂਸ਼ੂ ਅਗਰਵਾਲ, ਸੁਰੇਸ਼ ਗੋਇਲ, ਅਕਸ਼ੇ ਗੋਇਲ ਨੇ ਅਮਿਤ ਅਗਰਵਾਲ ਦੀ ਸ਼ਖ਼ਸੀਅਤ ਬਾਰੇ ਗੱਲ ਕਰਦੇ ਹੋਏ ਕਿਹਾ ਕਿ ਉਹ ਸਿਰਫ਼ ਇੱਕ ਰਾਜਨੀਤਕ ਚਿਹਰਾ ਨਹੀਂ, ਸਗੋਂ ਲੋਕਾਂ ਦੇ ਦਿਲਾਂ 'ਚ ਵਸਣ ਵਾਲੇ ਇੱਕ ਸੱਚੇ ਸੇਵਾਦਾਰ ਹਨ।

ਉਨ੍ਹਾਂ ਕਿਹਾ ਕਿ ਅਮਿਤ ਅਗਰਵਾਲ ਨੇ ਹਮੇਸ਼ਾ ਲੋਕਾਂ ਦੇ ਦੁੱਖ-ਸੁੱਖ ਵਿੱਚ ਸਾਥ ਦਿੱਤਾ ਹੈ, ਜਦੋਂ ਵੀ ਕਿਸੇ ਨੂੰ ਮਦਦ ਦੀ ਲੋੜ ਪਈ, ਉਹ ਸਭ ਤੋਂ ਪਹਿਲਾਂ ਮੌਕੇ 'ਤੇ ਪਹੁੰਚੇ।ਉਨ੍ਹਾਂ ਦੀ ਇਹੀ ਸੇਵਾ ਭਾਵਨਾ ਉਨ੍ਹਾਂ ਨੂੰ ਹੋਰਨਾਂ ਤੋਂ ਵੱਖਰਾ ਬਣਾਉਂਦੀ ਹੈ।ਅਹੁਦੇਦਾਰਾਂ ਨੇ ਇਹ ਵੀ ਦੱਸਿਆ ਕਿ ਅਮਿਤ ਅਗਰਵਾਲ ਨੂੰ ਯੂਥ ਅਗਰਵਾਲ ਸਭਾ ਦਾ ਪ੍ਰਧਾਨ ਵੀ ਨਿਵਾਜਿਆ ਹੋਇਆ ਹੈ ਤੇ ਉਹ ਇਸ ਜ਼ਿੰਮੇਵਾਰੀ ਨੂੰ ਵੀ ਬੜੀ ਲਗਨ ਅਤੇ ਇਮਾਨਦਾਰੀ ਨਾਲ ਨਿਭਾ ਰਹੇ ਹਨ।ਉਨ੍ਹਾਂ ਦੀ ਅਗਵਾਈ ਹੇਠ ਸਭਾ ਵੱਲੋਂ ਕਈ ਸਮਾਜਿਕ ਤੇ ਭਲਾਈ ਦੇ ਕੰਮ ਕੀਤੇ ਜਾ ਰਹੇ ਹਨ, ਜਿਸ ਨਾਲ ਉਨ੍ਹਾਂ ਦੀ ਲੀਡਰਸ਼ਿਪ ਦੀ ਕਾਬਲਿਯਤ ਸਪੱਸ਼ਟ ਹੁੰਦੀ ਹੈ।ਉਨ੍ਹਾਂ ਅੱਗੇ ਕਿਹਾ ਕਿ ਹੁਣ ਜਦੋਂ ਅਮਿਤ ਅਗਰਵਾਲ ਸਰਗਰਮ ਸਿਆਸਤ ਵਿੱਚ ਆਏ ਹਨ, ਤਾਂ ਹਲਕੇ ਦੇ ਵਿਕਾਸ ਨੂੰ ਨਵੀਂ ਦਿਸ਼ਾ ਮਿਲੇਗੀ ਤੇ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨਗੇ।ਉਹ ਜ਼ਮੀਨੀ ਲੀਡਰ ਹਨ, ਜੋ ਲੋਕਾਂ ਦੇ ਮੁੱਦਿਆਂ ਨੂੰ ਨਾ ਸਿਰਫ਼ ਸਮਝਦੇ ਹਨ, ਸਗੋਂ ਉਹਨਾਂ ਦਾ ਹੱਲ ਲੱਭਣ ਲਈ ਹਮੇਸ਼ਾ ਤਤਪਰ ਰਹਿੰਦੇ ਹਨ, ਸਮਰਥਕਾਂ ਨੇ ਦਾਅਵਾ ਕੀਤਾ।ਜ਼ਿਕਰਯੋਗ ਹੈ ਕਿ ਅਮਿਤ ਅਗਰਵਾਲ ਪਿਛਲੇ ਕਈ ਸਾਲਾਂ ਤੋਂ ਸਮਾਜ ਸੇਵਾ ਨਾਲ ਗਹਿਰਾਈ ਨਾਲ ਜੁੜੇ ਹੋਏ ਹਨ ਤੇ ਇਲਾਕੇ ਵਿੱਚ ਉਹਨਾਂ ਦੀ ਇੱਕ ਇਮਾਨਦਾਰ ਅਤੇ ਮਦਦਗਾਰ ਵਿਅਕਤੀ ਵਜੋਂ ਪਛਾਣ ਬਣੀ ਹੋਈ ਹੈ।ਸਮਾਗਮ ਦੇ ਅੰਤ ਵਿੱਚ ਐਡਵੋਕੇਟ ਅਮਿਤ ਅਗਰਵਾਲ ਨੇ ਯੂਥ ਅਗਰਵਾਲ ਸਭਾ ਦੇ ਸਾਰੇ ਮੈਂਬਰਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਉਹ ਇਸ ਜ਼ਿੰਮੇਵਾਰੀ ਨੂੰ ਪੂਰੀ ਨਿਭਾਉਣਗੇ ਅਤੇ ਲੋਕਾਂ ਦੀ ਸੇਵਾ ਲਈ ਹਮੇਸ਼ਾ ਤਿਆਰ ਰਹਿਣਗੇ।

# ਗ੍ਰਹਿ ਵਿਭਾਗ ਨੇ ਸ਼ਿਕਾਇਤ 'ਤੇ ਕਾਰਵਾਈ ਲਈ ਡੀ ਜੀ ਪੀ ਨੂੰ ਕੀਤੀ ਹਦਾਇਤ



ਗ੍ਰਹਿ ਵਿਭਾਗ ਪੰਜਾਬ ਵੱਲੋਂ ਰਾਜੀਵ ਕੁਮਾਰ ਜੈਨ ਦੀ ਸ਼ਿਕਾਇਤ ਦੇ ਨਿਪਟਾਰੇ ਸਬੰਧੀ ਡੀ.ਜੀ.ਪੀ. ਪੰਜਾਬ ਨੂੰ ਲਿਖੇ ਪੱਤਰ ਦੀ ਨਕਲ ਵਿਖਾਉਂਦਾ ਹੋਇਆ ਰਾਜੀਵ ਕੁਮਾਰ ਜੈਨ।

ਜ਼ੀਰਾ (ਨਰਿੰਦਰ ਅਨੇਜਾ)-ਲਗਭਗ ਸੱਤ ਮਹੀਨੇ ਪਹਿਲਾਂ ਇੱਕ ਹਲਵਾਈ ਦੀ ਦੁਕਾਨ ਵਿੱਚ ਦਾਖਲ ਹੋ ਕੇ ਕੁਝ ਨੌਜਵਾਨਾਂ ਵੱਲੋਂ ਹਲਵਾਈ ਨਾਲ ਗਾਲੀ ਗਲੋਚ ਕਰਨ ਤੇ ਉਸ ਦੇ ਧਰਮ ਪ੍ਰਤੀ ਭੱਦੀ ਅਤੇ ਅਸ਼ਲੀਲ ਸ਼ਬਦਾਵਲੀ ਵਰਤਣ ਸਬੰਧੀ ਥਾਣਾ ਸਿਟੀ ਜ਼ੀਰਾ ਦੇ ਐੱਸ.ਐੱਚ.ਓ. ਵੱਲੋਂ ਦਰਖਾਸਤ ਲੈਣ ਤੋਂ ਇਨਕਾਰ ਕਰਨ 'ਤੇ ਇਸ ਮਾਮਲੇ ਦਾ ਗੰਭੀਰ ਨੋਟਿਸ ਲੈਂਦਿਆਂ ਗ੍ਰਹਿ ਵਿਭਾਗ ਪੰਜਾਬ ਨੇ ਡੀ.ਜੀ.ਪੀ. ਪੰਜਾਬ ਨੂੰ ਇੱਕ ਪੱਤਰ ਲਿਖ ਕੇ ਮੁਲਜ਼ਮਾਂ ਖਿਲਾਫ ਕਾਨੂੰਨ ਅਨੁਸਾਰ ਬਣਦੀ ਕਾਰਵਾਈ ਕਰਨ ਦੀ ਹਦਾਇਤ ਕੀਤੀ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਪੀੜਤ ਹਲਵਾਈ ਰਾਜੀਵ ਕੁਮਾਰ ਜੈਨ ਵਾਸੀ ਸਮਾਧੀ ਰੋਡ ਜ਼ੀਰਾ ਨੇ ਦੱਸਿਆ ਕਿ ਗ੍ਰਹਿ ਵਿਭਾਗ ਪੰਜਾਬ, ਡੀ.ਜੀ.ਪੀ. ਪੰਜਾਬ ਸਮੇਤ ਪੁਲਸ ਦੇ ਉੱਚ ਅਧਿਕਾਰੀਆਂ ਨੂੰ ਭੇਜੀਆਂ ਲਿਖਤੀ ਸ਼ਿਕਾਇਤਾਂ ਵਿੱਚ ਉਸ ਨੇ ਦੋਸ਼ ਲਗਾਏ ਹਨ ਕਿ ਸਾਡੀ ਇੱਕ ਪ੍ਰਕਾਸ਼ ਸਵੀਟਸ ਦੇ ਨਾਮ 'ਤੇ ਮੇਨ ਬਾਜ਼ਾਰ ਜ਼ੀਰਾ ਵਿਖੇ ਕਾਫੀ ਪੁਰਾਣੀ ਤੇ ਮਸ਼ਹੂਰ ਹਲਵਾਈ ਦੀ ਦੁਕਾਨ ਹੈ।ਉਸ ਨੇ ਦੱਸਿਆ ਕਿ ਮਿਤੀ 13-10-2025 ਨੂੰ ਮੈਂ ਤੇ ਮੇਰੇ ਮੁਲਾਜ਼ਮ ਦੁਕਾਨ 'ਤੇ ਰਾਤ ਸਮੇਂ ਬੈਠੇ ਤਿਉਹਾਰਾਂ ਵਾਸਤੇ ਮਠਿਆਈ ਤਿਆਰ ਕਰ ਰਹੇ ਸੀ ਤਾਂ ਮੁਲਜ਼ਮ ਵੰਸ਼, ਸ਼ਿਵਮ ਪੁੱਤਰ ਰਾਜ ਕੁਮਾਰ ਉਰਫ ਰਾਜਾ ਵਾਸੀ ਮੁਹੱਲਾ ਸੂਦਾਂ ਵਾਲਾ ਜ਼ੀਰਾ ਤੇ ਇਨ੍ਹਾਂ ਦਾ ਇੱਕ ਹੋਰ ਸਾਥੀ ਮੇਰੀ ਦੁਕਾਨ 'ਤੇ ਮਠਿਆਈ ਲੈਣ ਦੇ ਬਹਾਨੇ ਦੁਕਾਨ ਦੇ ਲੱਕੜ ਦੇ ਦਰਵਾਜ਼ੇ ਨੂੰ ਲੱਤਾਂ ਮਾਰਨ ਲੱਗੇ।ਰਾਜੀਵ ਕੁਮਾਰ ਜੈਨ ਨੇ ਦੱਸਿਆ ਕਿ ਇਸ ਦੌਰਾਨ ਉਨ੍ਹਾਂ ਨੇ ਦੁਕਾਨ ਅੰਦਰ ਕੰਧ 'ਤੇ ਸਾਡੇ ਜੈਨ ਗੁਰੂ ਸਾਹਿਬ ਤੇ ਮੇਰੇ ਪੂਰਵਜ਼ਾਂ ਦੀਆਂ ਲੱਗੀਆਂ ਤਸਵੀਰਾਂ ਦੇ ਨਾਮ ਪੜ੍ਹ ਕੇ ਸਾਡੇ ਜੈਨ ਧਰਮ ਪ੍ਰਤੀ ਗਲਤ, ਭੱਦੀ ਤੇ ਅਸ਼ਲੀਲ ਸ਼ਬਦਾਵਲੀ ਵਰਤਣ ਲੱਗੇ।ਮੇਰੇ ਵੱਲੋਂ ਰੋਕਣ 'ਤੇ ਇਨ੍ਹਾਂ ਮੈਨੂੰ ਗਾਲੀ ਗਲੋਚ ਕੀਤਾ ਅਤੇ ਧੱਕਾ-ਮੁੱਕੀ ਕੀਤੀ, ਪਰ ਮੇਰੇ ਮੁਲਾਜ਼ਮਾਂ ਵੱਲੋਂ ਇਨ੍ਹਾਂ ਨੂੰ ਮੌਕੇ ਤੋਂ ਘਰ ਨੂੰ ਤੋਰ ਦਿੱਤਾ ਗਿਆ।ਇਸ ਤੋਂ ਬਾਅਦ ਇਨਸਾਫ ਲੈਣ ਲਈ ਆਪਣੀ ਦਰਖਾਸਤ ਲਿਖ ਕੇ ਇਕ ਪੱਤਰਕਾਰ ਨੂੰ ਨਾਲ ਲੈ ਕੇ ਥਾਣਾ ਸਿਟੀ ਜ਼ੀਰਾ ਜਾ ਰਿਹਾ ਸੀ ਤਾਂ ਐਸ.ਐਚ.ਓ ਗੁਰਮੀਤ ਸਿੰਘ ਮੁੱਖ ਅਫਸਰ ਥਾਣਾ ਸਿਟੀ ਜ਼ੀਰਾ, ਜੋ ਹੁਣ ਥਾਣਾ ਮੱਖੂ ਵਿਖੇ ਤਾਇਨਾਤ ਹਨ, ਥਾਣੇ ਦੇ ਬਾਹਰ ਆਪਣੇ ਮੁਲਾਜ਼ਮਾਂ ਨਾਲ ਖੜ੍ਹਾ ਸੀ।ਮੈਂ ਇਨ੍ਹਾਂ ਨੂੰ ਦੇਖ ਕੇ ਪੱਤਰਕਾਰ ਨਾਲ ਐੱਸ.ਐੱਚ.ਓ. ਗੁਰਮੀਤ ਸਿੰਘ ਨੂੰ ਆਪਣੇ ਨਾਲ ਵਾਪਰੀ ਘਟਨਾ ਬਾਰੇ ਦੱਸਿਆ, ਜੋ ਐੱਸ.ਐੱਚ.ਓ. ਗੁਰਮੀਤ ਸਿੰਘ ਵੱਲੋਂ ਮੇਰੀ ਦਰਖਾਸਤ ਨੂੰ ਪੜ੍ਹ ਕੇ ਕਹਿਣ ਲੱਗੇ ਕਿ ਇਸ ਦਰਖਾਸਤ 'ਤੇ ਕੋਈ ਕਾਰਵਾਈ ਨਹੀਂ ਬਣਦੀ, ਪਰ ਮੇਰੇ ਵੱਲੋਂ ਬੇਨਤੀ ਕਰਨ 'ਤੇ ਵੀ ਐੱਸ.ਐੱਚ.ਓ. ਗੁਰਮੀਤ ਸਿੰਘ ਨੇ ਨਾ ਹੀ ਦਰਖਾਸਤ ਲਈ ਅਤੇ ਨਾ ਹੀ ਕੋਈ ਕਾਰਵਾਈ ਕੀਤੀ।ਰਾਜੀਵ ਕੁਮਾਰ ਜੈਨ ਨੇ ਅੱਗੇ ਦੱਸਿਆ ਕਿ ਇਸ ਤੋਂ ਬਾਅਦ ਮੈਂ ਕਈ ਵਾਰ ਉੱਚ ਅਫਸਰਾਂ ਨੂੰ ਦਰਖਾਸਤਾਂ ਦਿੱਤੀਆਂ, ਪਰ ਮੇਰੀ ਕੋਈ ਸੁਣਵਾਈ ਨਹੀਂ ਹੋਈ ਤੇ ਉਲਟਾ ਮੈਨੂੰ ਕਿਸੇ ਵੀ ਦਰਖਾਸਤ ਵਿੱਚ ਸ਼ਾਮਿਲ ਹੋਣ/ਪੜਤਾਲ ਲਈ/ਬਿਆਨਾਂ ਲਈ ਅੱਜ ਤੱਕ ਕੋਈ ਨੋਟਿਸ/ਪਰਵਾਨਾ ਨਹੀਂ ਆਇਆ।ਉਲਟਾ ਮੇਰੀ ਦਰਖਾਸਤ 'ਤੇ ਉੱਚ ਅਫਸਰਾਂ ਵੱਲੋਂ ਐੱਸ.ਐੱਚ.ਓ.ਗੁਰਮੀਤ ਸਿੰਘ ਨੂੰ ਬਚਾਉਣ ਲਈ ਆਪਣੀ ਮਰਜ਼ੀ ਨਾਲ ਉਨ੍ਹਾਂ ਦੇ ਹੱਕ ਵਿੱਚ ਰਿਪੋਰਟ ਤਿਆਰ ਕਰਕੇ ਮੇਰੇ ਨਾਲ ਬੇਇਨਸਾਫੀ ਕੀਤੀ ਗਈ।ਰਾਜੀਵ ਕੁਮਾਰ ਜੈਨ ਨੇ ਦੱਸਿਆ ਕਿ ਗ੍ਰਹਿ ਵਿਭਾਗ ਵੱਲੋਂ ਡੀ.ਜੀ.ਪੀ. ਪੰਜਾਬ ਨੂੰ ਇੱਕ ਪੱਤਰ ਮੀਮੋ ਨੰਬਰ-04-06-2026-3 ਪਬ1/ਰਾਹੀਂ ਡੀਜੀਪੀ ਪੰਜਾਬ ਪੁਲਸ ਨੂੰ ਉਕਤ ਮਾਮਲੇ ਵਿੱਚ ਦੋਸ਼ੀਆਂ ਵਿਰੁੱਧ ਬਣਦੀ ਕਾਨੂੰਨੀ ਕਾਰਵਾਈ ਕਰਕੇ ਸ਼ਿਕਾਇਤ ਦਾ ਨਿਪਟਾਰਾ ਕਰਨ ਦੀ ਹਦਾਇਤ ਕੀਤੀ ਹੈ ਜਿਸ ਦਾ ਇੱਕ ਉਤਾਰਾ ਮੈਨੂੰ ਵੀ ਭੇਜਿਆ ਗਿਆ ਹੈ।

# ਫ਼ਿਰੋਜ਼ਪੁਰ ਪ੍ਰੈੱਸ ਕਲੱਬ ਦੀ ਚੋਣ, ਗੌਰਵ ਬਣੇ ਪ੍ਰਧਾਨ



ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)

ਪ੍ਰੈੱਸ ਕਲੱਬ ਫਿਰੋਜ਼ਪੁਰ ਦੀਆਂ 2026-27 ਲਈ ਹੋਈਆਂ ਚੋਣਾਂ ਵਿੱਚ ਡੇਲੀ ਪੋਸਟ ਨਿਊਜ਼ ਚੈਨਲ ਨਾਲ ਸੰਬੰਧਤ ਪ੍ਰਸਿੱਧ ਟੀਵੀ ਪੱਤਰਕਾਰ ਗੌਰਵ ਮਾਣਿਕ ਨੂੰ ਨਵਾਂ ਪ੍ਰਧਾਨ ਚੁਣਿਆ ਗਿਆ। ਉਨ੍ਹਾਂ ਆਪਣੇ ਹਰੀਫ ਬੌਬੀ ਖੁਰਾਣਾ ਨੂੰ ਕੇਵਲ ਇੱਕ ਵੋਟ ਦੇ ਫਰਕ ਨਾਲ ਹਰਾ ਕੇ ਇਸ ਅਹੁਦੇ 'ਤੇ ਕਬਜ਼ਾ ਜਮਾਇਆ। ਪ੍ਰੈੱਸ ਕਲੱਬ ਫਿਰੋਜ਼ਪੁਰ ਵਿੱਚ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਪ੍ਰਧਾਨ ਦੀ ਚੋਣ ਲਈ ਮੀਟਿੰਗ ਕਰਵਾਈ ਗਈ। ਚੋਣ ਪ੍ਰਕਿਰਿਆ ਦੌਰਾਨ ਕੁੱਲ 43 ਮੈਂਬਰਾਂ ਨੇ ਵੋਟਿੰਗ ਵਿੱਚ ਸਿੱਧੇ ਤੌਰ 'ਤੇ ਹਿੱਸਾ ਲਿਆ, ਜਦਕਿ ਚਾਰ ਮੈਂਬਰਾਂ ਨੇ ਪਾਵਰ ਅਟਾਰਨੀ ਰਾਹੀਂ ਆਪਣੀ ਵੋਟ ਪਾਈ। ਪ੍ਰਧਾਨਗੀ ਲਈ ਦੋ ਉਮੀਦਵਾਰ ਗੌਰਵ ਮਾਣਿਕ ਤੇ ਬੌਬੀ ਖੁਰਾਣਾ ਮੈਦਾਨ ਵਿੱਚ ਸਨ। ਵੋਟਿੰਗ ਦੌਰਾਨ ਬਹੁਤ ਹੀ ਕਾਂਟੇ ਦੀ ਟੱਕਰ ਵੇਖਣ ਨੂੰ ਮਿਲੀ। ਕੁੱਲ 47 ਵੋਟਾਂ ਵਿੱਚੋਂ 23 ਵੋਟਾਂ ਬੌਬੀ ਖੁਰਾਣਾ ਦੇ ਹੱਕ ਵਿੱਚ ਪਈਆਂ, ਜਦਕਿ ਇੱਕ ਵੋਟ ਵੱਧ ਮਿਲਣ ਨਾਲ ਗੌਰਵ ਮਾਣਿਕ ਜੇਤੂ ਐਲਾਨੇ ਗਏ। ਇਸ ਮੌਕੇ ਪ੍ਰੈੱਸ ਕਲੱਬ ਫਿਰੋਜ਼ਪੁਰ ਦੇ ਸਾਬਕਾ ਪ੍ਰਧਾਨ ਮਨਦੀਪ ਸਿੰਘ ਮੌਂਟੀ ਨੇ ਗੌਰਵ ਮਾਣਿਕ ਨੂੰ ਨਵੇਂ ਪ੍ਰਧਾਨ ਬਣਨ 'ਤੇ ਮੁਬਾਰਕਬਾਦ ਦਿੱਤੀ। ਜਿੱਤ ਮਗਰੋਂ ਗੌਰਵ ਮਾਣਿਕ ਨੇ ਕਿਹਾ ਕਿ ਉਨ੍ਹਾਂ ਨੂੰ ਪ੍ਰੈੱਸ ਕਲੱਬ ਫਿਰੋਜ਼ਪੁਰ ਦੀ ਪ੍ਰਧਾਨਗੀ ਦੀ ਵੱਡੀ ਜ਼ਿੰਮੇਵਾਰੀ ਸੌਂਪੀ ਗਈ ਹੈ ਤੇ ਉਹ ਹਰ ਮੈਂਬਰ ਦੀ ਆਵਾਜ਼ ਨੂੰ ਬੁਲੰਦ ਕਰਨ ਲਈ ਕੰਮ ਕਰਨਗੇ। ਉਨ੍ਹਾਂ ਕਿਹਾ ਕਿ ਕਲੱਬ ਦੇ ਹਿੱਤਾਂ ਤੇ ਵਿਕਾਸ ਨੂੰ ਪਹਿਲ ਦਿੱਤੀ ਜਾਵੇਗੀ ਅਤੇ ਨਵੀਂ ਟੀਮ ਨਾਲ ਮਿਲ ਕੇ ਕਲੱਬ ਦੀਆਂ ਸਰਗਰਮੀਆਂ ਨੂੰ ਹੋਰ ਉਚਾਈਆਂ ਤੱਕ ਲਿਜਾਇਆ ਜਾਵੇਗਾ।

# ਭਾਜਪਾ ਦੇ ਧੱਕੇ ਅੱਗੇ 'ਆਪ' ਦਾ ਵਰਕਰ ਨਹੀਂ ਝੁਕੇਗਾ : ਕਾਕਾ ਬਰਾੜ

## ਕੋਟਕਪੂਰਾ ਚੌਕ ਵਿਖੇ ਭਾਜਪਾ ਦੀ ਧੱਕੇਸ਼ਾਹੀ ਖਿਲਾਫ ਪ੍ਰਦਰਸ਼ਨ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਲਗਾਤਾਰ ਪੰਜਾਬ ਨਾਲ ਕੀਤੇ ਜਾ ਰਹੇ ਧੱਕੇ ਖਿਲਾਫ ਆਮ ਆਦਮੀ ਪਾਰਟੀ ਵੱਲੋਂ ਸੂਬਾ ਭਰ ਵਿੱਚ ਪ੍ਰਦਰਸ਼ਨ ਕੀਤੇ ਗਏ।ਇਸੇ ਕੜੀ ਤਹਿਤ ਸਥਾਨਕ ਕੋਟਕਪੂਰਾ ਚੌਕ ਵਿਖੇ ਜ਼ਿਲ੍ਹਾ ਪ੍ਰਧਾਨ ਜਸ਼ਨ ਬਰਾੜ ਲੱਖੇਵਾਲੀ ਦੀ ਅਗਵਾਈ ਹੇਠ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਪੁਤਲਾ ਫੂਕ ਪ੍ਰਦਰਸ਼ਨ ਕੀਤਾ ਗਿਆ।ਇਸ ਮੌਕੇ ਜ਼ਿਲ੍ਹੇ ਦੇ ਅਹੁਦੇਦਾਰ ਤੇ ਵਰਕਰ ਹਾਜ਼ਰ ਸਨ।ਇਸ ਮੌਕੇ ਬੋਲਦਿਆਂ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਆਖਿਆ ਕਿ ਪੂਰੇ ਭਾਰਤ ਵਿੱਚ ਮੋਦੀ ਵੱਲੋਂ, ਜੋ ਜ਼ੁਲਮ ਢਾਹਿਆ ਜਾ ਰਿਹਾ ਹੈ, ਉਸ ਦਾ ਮੂੰਹ ਤੋੜ ਜਵਾਬ ਜਨਤਾ ਜਲਦ ਦੇਵੇਗੀ।ਉਨ੍ਹਾਂ ਕਿਹਾ ਕਿ ਈਡੀ ਦੇ ਜਰੀਏ ਭਾਰਤ ਦੇ ਸਾਰੇ ਸੂਬਿਆਂ ਵਿੱਚ ਆਪਣਾ ਕਬਜ਼ਾ ਕਰਨਾ ਚਾਹੁੰਦੀ ਹੈ ਭਾਜਪਾ, ਪ੍ਰੰਤੂ ਇਹ ਪੰਜਾਬ ਵਿੱਚ ਨਹੀਂ ਹੋਵੇਗਾ।ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਭਾਜਪਾ ਦੀ ਕੇਂਦਰ ਸਰਕਾਰ ਨੇ ਵੋਟਾਂ ਕਟਾਉਣ ਦਾ ਰਾਜਨੀਤੀ ਸ਼ੁਰੂ ਕੀਤੀ ਹੋਈ ਹੈ ਉਹ ਬਿਲਕੁਲ ਵੀ ਸਹਿਣ ਨਹੀਂ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਮੰਤਰੀ ਤੇ ਵਿਧਾਇਕਾਂ ਨੂੰ ਭਾਜਪਾ ਵੱਲੋਂ ਡਰਾਇਆ ਧਮਕਾਇਆ ਜਾ ਰਿਹਾ ਹੈ, ਪ੍ਰੰਤੂ ਆਮ ਆਦਮੀ ਪਾਰਟੀ ਦਾ ਵਰਕਰ ਡਰਨ ਤੇ ਝੁੱਕਣ ਵਾਲਾ ਨਹੀਂ ਹੈ, ਇਹ ਭਾਜਪਾ ਨੂੰ ਮੂੰਹ ਤੋੜ ਜਵਾਬ ਦੇਣਗੇ।ਬੀਤੇ ਦਿਨੀਂ ਕੈਬਿਨਟ ਮੰਤਰੀ ਸੰਜੀਵ ਅਰੋੜਾ ਨੂੰ ਈਡੀ ਵੱਲੋਂ ਭਾਜਪਾ ਦੇ ਇਸ਼ਾਰੇ ਤੇ ਚੁੱਕ ਕੇ ਦਿੱਲੀ ਲੈ ਗਈ, ਜਿਸ ਨੂੰ ਭਾਜਪਾ ਵਿੱਚ ਸ਼ਾਮਲ ਹੋਣ ਲਈ ਡਰਾਇਆ ਜਾ ਰਿਹਾ ਹੈ, ਪ੍ਰੰਤੂ ਪੂਰਾ ਪੰਜਾਬ ਉਨ੍ਹਾਂ ਦੇ ਮੋਢੇ ਨਾਲ ਮੋਢਾ ਲਗਾ ਕੇ ਖੜ੍ਹਾ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਿਪਾਹੀ ਭਾਜਪਾ ਨਾਲ ਲੜਨ ਲਈ ਤਿਆਰ ਬਰ ਤਿਆਰ ਬੈਠੇ ਹਨ।ਇਸ ਤੋਂ ਇਲਾਵਾ ਬੀ ਸੀ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਅੰਗਰੇਜ਼ ਸਿੰਘ, ਜ਼ਿਲ੍ਹਾ ਪਲਾਨਿੰਗ ਬੋਰਡ ਦੇ ਚੇਅਰਮੈਨ ਸੁਖਜਿੰਦਰ ਸਿੰਘ ਕਾਉਣੀ, ਸੰਗਠਨ ਇੰਚਾਰਜ ਪਰਮਜੀਤ ਸਿੰਘ ਗਿੱਲ, ਜ਼ਿਲ੍ਹਾ ਪ੍ਰਧਾਨ ਜਸ਼ਨ ਬਰਾੜ, ਕੋਆਪ੍ਰੇਟਿਵ ਬੈਂਕ ਪੰਜਾਬ ਦੇ ਚੇਅਰਮੈਨ ਜਗਦੇਵ ਸਿੰਘ ਬਾਮ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਚਰਨਜੀਤ ਸਿੰਘ ਧਾਲੀਵਾਲ, ਮਹਿਲਾ ਵਿੰਗ ਦੀ ਪ੍ਰਧਾਨ ਪਰਮਿੰਦਰ ਕੌਰ, ਐੱਸਸੀ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਕੌਂਸਲਰ ਹਰਦੀਪ ਸਿੰਘ, ਸੰਗਠਨ ਇੰਚਾਰਜ ਜਸਵੰਤ ਸੰਧੂ ਨੇ ਵੀ ਸੰਬੋਧਨ ਕੀਤਾ।ਇਸ ਦੌਰਾਨ ਪੁਤਲਾ ਫੂਕ ਪ੍ਰਦਰਸ਼ਨ ਕਰਦਿਆਂ ਭਾਜਪਾ ਦਾ ਪੂਰਾ ਪਿੱਟ ਸਿਆਪਾ ਕੀਤਾ ਗਿਆ।

## ਭਾਜਪਾ ਵੱਲੋਂ ਨਗਰ ਕੌਂਸਲ ਚੋਣਾਂ ਸੰਬੰਧੀ ਮੀਟਿੰਗ



**ਰਾਜਪੁਰਾ (ਰਮੇਸ਼ ਕਟਾਰੀਆ)**-ਭਾਰਤੀ ਜਨਤਾ ਪਾਰਟੀ ਵੱਲੋਂ ਨਗਰ ਕੌਂਸਲ ਰਾਜਪੁਰਾ ਚੋਣਾਂ ਦੀ ਤਿਆਰੀ ਲਈ ਇਕ ਮੀਟਿੰਗ ਕੀਤੀ ਗਈ।ਇਸ ਬੈਠਕ ਵਿੱਚ ਭਾਰਤੀ ਜਨਤਾ ਪਾਰਟੀ ਦੇ ਸੂਬਾ ਜਨਰਲ ਸਕੱਤਰ ਅਨਿਲ ਸਰੀਨ ਤੇ ਨਗਰ ਕੌਂਸਲ ਰਾਜਪੁਰਾ ਚੋਣਾਂ ਦੇ ਇੰਚਾਰਜ ਐੱਸ ਕੇ ਦੇਵ ਵਿਸ਼ੇਸ਼ ਤੌਰ 'ਤੇ ਪਹੁੰਚੇ।ਇਸ ਮੌਕੇ ਅਨਿਲ ਸਰੀਨ ਨੇ ਕਿਹਾ ਕਿ ਭਾਜਪਾ ਨਗਰ ਕੌਂਸਲ ਰਾਜਪੁਰਾ ਦੀਆਂ ਚੋਣਾਂ ਪੂਰੇ 31 ਵਾਰਡਾਂ ਵਿੱਚ ਲੜੇਗੀ ਤੇ ਨਗਰ ਕੌਂਸਲ ਰਾਜਪੁਰਾ ਚੋਣਾਂ ਵਿੱਚ ਜਿੱਤ ਪ੍ਰਾਪਤ ਕਰਕੇ ਭਾਰਤੀ ਜਨਤਾ ਪਾਰਟੀ ਦਾ ਪ੍ਰਚਮ ਲਹਿਰਾਵੇਗੀ।ਉਨ੍ਹਾਂ ਕਿਹਾ ਕਿ ਨਗਰ ਕੌਂਸਲ ਚੋਣਾਂ ਦੇ ਇੰਚਾਰਜ ਸ੍ਰੀ ਐੱਸ ਕੇ ਦੇਵ ਸਾਰੇ 31 ਵਾਰਡਾਂ ਵਿੱਚ ਜਾ ਕੇ ਵੋਟਰਾਂ ਦੀ ਪਸੰਦ ਦੇ ਉਮੀਦਵਾਰਾਂ ਨੂੰ ਟਿਕਟ ਦੇਣ ਦੀ ਸਿਫਾਰਸ਼ ਕਰਨਗੇ।ਇਸ ਬੈਠਕ ਵਿੱਚ ਐੱਸ ਕੇ ਦੇਵ ਨੇ ਕਾਰਜਕਰਤਾਵਾਂ ਨੂੰ ਪੂਰੀ ਤਨਦੇਹੀ ਨਾਲ ਭਾਜਪਾ ਉਮੀਦਵਾਰਾਂ ਨੂੰ ਜਿਤਾਉਣ ਦੀ ਅਪੀਲ ਕੀਤੀ।

## ਸੈਂਟੀਨਲ ਸਕੂਲ ਵਿਖੇ ਮਾਂ ਦਿਵਸ ਮਨਾਇਆ



**ਸਮਰਾਲਾ (ਸੁਰਜੀਤ ਸਿੰਘ)**-ਸਥਾਨਕ ਸੈਂਟੀਨਲ ਇੰਟਰਨੈਸ਼ਨਲ ਸਕੂਲ ਵੱਲੋਂ ਪ੍ਰਿੰਸੀਪਲ ਡਾ. ਪੂਨਮ ਸ਼ਰਮਾ ਦੇ ਨਿਰਦੇਸ਼ਾਂ ਅਨੁਸਾਰ ਸਕੂਲ ਵਿੱਚ 'ਮਾਂ ਦਿਵਸ' ਮਨਾਇਆ ਗਿਆ।ਵਿਦਿਆਰਥੀਆਂ ਦੇ ਭਾਸ਼ਣ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਬੱਚਿਆਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ।ਇਸ ਦੌਰਾਨ ਬੱਚਿਆਂ ਨੇ ਮਾਂ ਨੂੰ ਸਮਰਪਤ ਬਹੁਤ ਸਾਰੀਆਂ ਕਵਿਤਾਵਾਂ ਦਾ ਉਚਾਰਨ ਕੀਤਾ ਤੇ ਬੱਚਿਆਂ ਨੇ ਆਪਣੀਆਂ ਮਾਵਾਂ ਲਈ ਆਪਣੇ ਵਿਚਾਰ ਸਾਰਿਆਂ ਦੇ ਸਾਹਮਣੇ ਸਾਂਝੇ ਕੀਤੇ।ਛੋਟੇ ਵਿਦਿਆਰਥੀਆਂ ਵੱਲੋਂ ਆਪਣੀਆਂ ਤੋਤਲੀਆਂ ਆਵਾਜ਼ਾਂ ਵਿੱਚ ਮਾਂ ਲਈ ਕਵਿਤਾਵਾਂ ਬੋਲੀਆਂ ਗਈਆਂ।ਇਸ ਦੌਰਾਨ ਪ੍ਰੀ-ਨਰਸਰੀ ਦੇ ਵਿਦਿਆਰਥੀਆਂ ਦੀਆਂ ਮਾਵਾਂ ਨੂੰ ਸਕੂਲ ਵਿੱਚ ਬੁਲਾ ਕੇ ਗਤੀਵਿਧੀਆਂ ਕਰਵਾਈਆਂ ਗਈਆਂ।ਇਸ ਦੌਰਾਨ ਪ੍ਰਿੰਸੀਪਲ ਡਾ. ਪੂਨਮ ਸ਼ਰਮਾ ਨੇ ਵਿਦਿਆਰਥੀਆਂ ਨੂੰ ਮਾਤਾ-ਪਿਤਾ ਦੇ ਉਨ੍ਹਾਂ ਪ੍ਰਤੀ ਫ਼ਰਜ਼ਾਂ ਤੇ ਬੱਚਿਆਂ ਦੇ ਮਾਤਾ-ਪਿਤਾ ਪ੍ਰਤੀ ਕਰਤੱਵਾਂ ਬਾਰੇ ਸਮਝਾਇਆ ਤੇ ਉਨ੍ਹਾਂ ਨੂੰ ਆਪਣੇ ਮਾਤਾ-ਪਿਤਾ ਦਾ ਆਦਰ-ਸਤਿਕਾਰ ਕਰਨ ਵੱਲ ਪ੍ਰੇਰਿਤ ਕੀਤਾ।

## ਮੁੱਖ ਮੰਤਰੀ ਦੀ ਸ਼ੁਕਰਾਨਾ ਯਾਤਰਾ ਨੂੰ ਪਟਿਆਲਾ 'ਚ ਮਿਲਿਆ ਭਰਪੂਰ ਜਨ ਸਮਰਥਨ : ਬਲਜਿੰਦਰ ਢਿੱਲੋਂ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਮਾਣਯੋਗ ਮੁੱਖ ਮੰਤਰੀ ਦੀ ਸ਼ੁਕਰਾਨਾ ਯਾਤਰਾ ਦੇ ਸਵਾਗਤ ਲਈ ਪਟਿਆਲਾ ਦੇ ਖੰਡਾ ਚੌਕ ਵਿਖੇ ਲੋਕਾਂ ਦਾ ਭਾਰੀ ਉਤਸ਼ਾਹ ਤੇ ਜਜ਼ਬਾ ਦੇਖਣ ਨੂੰ ਮਿਲਿਆ।ਵੱਡੀ ਗਿਣਤੀ ਵਿੱਚ ਪਹੁੰਚੇ ਲੋਕਾਂ ਨੇ ਜੋਸ਼ ਤੇ ਉਤਸ਼ਾਹ ਨਾਲ ਮੁੱਖ ਮੰਤਰੀ ਦਾ ਤਹਿ ਦਿਲੋਂ ਸਵਾਗਤ ਕੀਤਾ।ਇਸ ਮੌਕੇ ਲੋਕ ਸਭਾ ਇੰਚਾਰਜ ਤੇ ਚੇਅਰਮੈਨ ਬਲਜਿੰਦਰ ਢਿੱਲੋਂ ਨੇ ਦੱਸਿਆ ਕਿ ਬੇਅਦਬੀ ਖ਼ਿਲਾਫ਼ ਸਖ਼ਤ ਕਾਨੂੰਨ ਬਣਾਉਣ ਲਈ ਲੋਕਾਂ ਨੇ ਸੀ ਐੱਮ ਮਾਨ ਨੂੰ ਦਿਲੋਂ ਸਤਿਕਾਰ ਦਿੱਤਾ ਹੈ।ਭਾਰੀ ਇਕੱਠ ਨੇ ਫੁੱਲਾਂ ਦੀ ਵਰਖਾ ਕਰਕੇ ਕਾਨੂੰਨ 'ਤੇ ਸੰਤੁਸ਼ਟੀ ਪ੍ਰਗਟਾਈ ਹੈ, ਸ਼ੁਕਰਾਨਾ ਯਾਤਰਾ ਦੌਰਾਨ ਹਰ ਵਰਗ ਦੇ ਲੋਕਾਂ ਨੇ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਲੋਕ-ਹਿਤਾਇਸ਼ੀ ਕੰਮਾਂ, ਵਿਕਾਸਮੁਖੀ ਨੀਤੀਆਂ ਤੇ ਪਾਰਦਰਸ਼ੀ ਪ੍ਰਸ਼ਾਸਨ 'ਤੇ ਆਪਣਾ ਪੂਰਾ ਭਰੋਸਾ ਜਤਾਇਆ।ਪਟਿਆਲਾ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚ ਲੋਕਾਂ ਦਾ ਵੱਡਾ ਇਕੱਠ ਇਸ ਗੱਲ ਦਾ ਸਪੱਸ਼ਟ ਸਬੂਤ ਬਣਿਆ ਕਿ ਪੰਜਾਬ ਦੀ ਜਨਤਾ ਮੁੱਖ ਮੰਤਰੀ ਭਗਵੰਤ ਮਾਨ ਜੀ ਦੀ ਇਮਾਨਦਾਰ, ਲੋਕਪੱਖੀ ਤੇ ਵਿਕਾਸਸ਼ੀਲ ਸਰਕਾਰ ਨਾਲ ਮਜ਼ਬੂਤੀ ਨਾਲ ਖੜੀ ਹੈ।ਇਸ ਮੌਕੇ ਲੋਕਾਂ ਵਿੱਚ ਬੇਹੱਦ ਜੋਸ਼, ਉਮੀਦ ਤੇ ਬਦਲਾਅ ਦੀ ਲਹਿਰ ਮਹਿਸੂਸ ਕੀਤੀ ਗਈ।ਸ਼ੁਕਰਾਨਾ ਯਾਤਰਾ ਨੇ ਪਟਿਆਲਾ ਦੇ ਰਾਜਨੀਤਕ ਮਾਹੌਲ ਨੂੰ ਨਵੀਂ ਊਰਜਾ ਨਾਲ ਭਰ ਦਿੱਤਾ ਤੇ ਲੋਕਾਂ ਨੇ ਪੰਜਾਬ ਸਰਕਾਰ ਦੀਆਂ ਨੀਤੀਆਂ ਨੂੰ ਭਰਪੂਰ ਸਮਰਥਨ ਦੇਣ ਦਾ ਸੰਦੇਸ਼ ਦਿੱਤਾ।ਇਸ ਮੌਕੇ ਮਾਰਕੀਟ ਕਮੇਟੀ ਚੇਅਰਮੈਨ ਅਸ਼ੋਕ ਸਿਰਸਵਾਲ, ਲਖਵਿੰਦਰ ਢਿੱਲੋਂ, ਰਾਜ ਕੁਮਾਰ ਮਿੱਠਾਰੀਆ, ਗੱਜਣ ਸਿੰਘ, ਮਦਨ ਮੋਹਨ ਜੁਲਕਾਂ, ਗੁਰਚਰਨ ਸਿੰਘ ਰੁਪਾਣਾ, ਜਸਵੰਤ ਰਾਏ, ਓਮ ਪ੍ਰਕਾਸ਼, ਸੂਰਜੀਤ ਸਿੰਘ, ਮਨਦੀਪ ਜੋਲਾ, ਪ੍ਰੀਤੀ ਸਨੌਰ, ਪਰਮ ਕੌਰ, ਰਾਜਿੰਦਰ ਸਿੰਘ ਗਿੱਲ, ਜਗਸੀਰ, ਰਾਜਿੰਦਰ ਸਿੰਘ ਕੋਹਲੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਅਹੁਦੇਦਾਰ ਤੇ ਵਲੰਟੀਅਰ ਮੌਜੂਦ ਸਨ।

## ਪੈਨਸ਼ਨਰਾਂ ਸੰਬੰਧੀ ਹਾਈ ਕੋਰਟ ਦੇ ਫੈਸਲੇ ਨੂੰ ਸਰਕਾਰ ਤੁਰੰਤ ਲਾਗੂ ਕਰੇ : ਚਹਿਲ



**ਬੁਢਲਾਡਾ (ਅਸ਼ੋਕ ਲਾਕੜਾ)**-ਸਥਾਨਕ ਪੈਨਸ਼ਨਰ ਭਵਨ ਵਿਖੇ ਗੌਰਮਿੰਟ ਪੈਨਸ਼ਨਰ ਐਸੋਸੀਏਸ਼ਨ ਦੀ ਕਾਰਜਕਾਰਨੀ ਕਮੇਟੀ ਦੀ ਮੀਟਿੰਗ ਪ੍ਰਗਟ ਸਿੰਘ ਚਹਿਲ ਦੀ ਪ੍ਰਧਾਨਗੀ ਹੇਠ ਹੋਈ। ਇਸ ਮੌਕੇ ਮੰਗਾਂ ਸਬੰਧੀ ਨੂੰ ਹੱਲ ਕਰਵਾਉਣ ਤੇ ਪੈਂਡਿੰਗ ਕੰਮਾਂ ਸਬੰਧੀ ਰੀਵਿਊ ਕੀਤਾ। ਸਕੱਤਰ ਨਰੇਸ਼ ਕੁਮਾਰ ਕਾਂਸਲ ਨੇ ਸਰਕਾਰ ਦੀ ਪੈਨਸ਼ਨਰਾਂ ਸਬੰਧੀ ਬੇਰੁਖੀ ਬਾਰੇ ਤੇ ਹਾਈਕੋਰਟ ਵੱਲੋਂ 18% ਡੀ ਏ ਸਬੰਧੀ ਦਿੱਤੇ ਫੈਸਲੇ ਨੂੰ ਲਾਗੂ ਨਾ ਕਰਨ ਦੀ ਨਿਖੇਧੀ ਕੀਤੀ। ਜਗਸੀਰ ਸਿੰਘ ਰਾਏਕੇ ਨੇ ਕਿਹਾ ਕਿ ਕੇਂਦਰ ਤੇ ਰਾਜ ਸਰਕਾਰਾਂ ਦੇ ਮੁਲਾਜ਼ਮਾਂ ਵਿਰੋਧੀ ਫੈਸਲਿਆਂ ਨੂੰ ਰੱਦ ਕਰਵਾਉਣ ਲਈ ਇੱਕ ਮੁੱਠ ਹੋ ਕੇ ਸਾਂਝੇ ਪਲੇਟਫਾਰਮ 'ਤੇ ਇਕੱਠੇ ਹੋ ਕੇ ਸੰਘਰਸ਼ਾਂ ਦੀ ਲੋੜ ਹੈ। ਬਲਬੀਰ ਸਿੰਘ ਸਰਾਂ ਨੇ ਕਿਹਾ ਕਿ ਜੇਕਰ ਇਕੱਠੇ ਹੋ ਕੇ ਨਾ ਲੜੇ ਤਾਂ ਸਾਮਰਾਜੀ ਤਾਕਤਾਂ ਦੇ ਦਬਾਅ ਹੇਠ ਸਰਕਾਰ ਡੀ ਏ ਨੂੰ ਡੀ ਲਿੰਕ ਕਰਕੇ ਪੈਨਸ਼ਨ ਬੰਦ ਕਰਨ ਵੱਲ ਵਧ ਸਕਦੀ ਹੈ। ਗੁਰਮੇਲ ਸਿੰਘ ਬੋੜਾਵਾਲ ਤੇ ਸ਼ਾਮ ਸੁੰਦਰ ਸ਼ਰਮਾ ਨੇ ਸੰਘਰਸ਼ ਵਿੱਚ ਵਧ ਚੜ੍ਹ ਕੇ ਹਿੱਸਾ ਲੈਣ ਦਾ ਸੱਦਾ ਦਿੱਤਾ। ਇਸ ਮੌਕੇ ਸੀਨੀਅਰ ਮੀਤ ਪ੍ਰਧਾਨ ਰਘੂਨਾਥ ਸਿੰਗਲਾ, ਜਰਨੈਲ ਸਿੰਘ, ਮਿੱਤ ਸਿੰਘ, ਨਾਮਦੇਵ ਸਿੰਘ, ਕੁਲਵਿੰਦਰ ਸਿੰਘ, ਸੁਰਿੰਦਰ ਕੁਮਾਰ, ਰਾਜੇਸ਼ ਅਰੋੜਾ, ਸੁਰਜੀਤ ਸਿੰਘ, ਅਵਿਨਾਸ਼ ਸੂਦ, ਕੌਰ ਸਿੰਘ, ਬਹਾਲ ਸਿੰਘ, ਟੇਕ ਸਿੰਘ, ਅਵਤਾਰ ਸਿੰਘ, ਮੇਘਰਾਜ, ਸੁਖਵਿੰਦਰ ਸਿੰਘ ਜੋਸ਼ੀ, ਰਾਮ ਸਿੰਘ, ਬੀਰਬਲ ਸ਼ਰਮਾ, ਗੁਰਲਾਲ ਸਿੰਘ, ਦਿਆਲ ਸਿੰਘ, ਗੁਰਤੇਜ ਸਿੰਘ ਆਦਿ ਹਾਜ਼ਰ ਸਨ।

## ਓਰੀਐਂਟ ਇੰਟਰਨੈਸ਼ਨਲ ਸਕੂਲ 'ਚ ਮਾਂ ਦਿਵਸ ਮਨਾਇਆ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਰੋਪੜ ਰੋਡ 'ਤੇ ਸਥਿਤ ਓਰੀਐਂਟ ਇੰਟਰਨੈਸ਼ਨਲ ਸਕੂਲ ਐਂਡ ਸਪੋਰਟਸ ਅਕੈਡਮੀ 'ਚ ਮਾਂ ਦਿਵਸ ਨੂੰ ਬੜੇ ਹੀ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਵੱਲੋਂ ਆਪਣੀਆਂ ਮਾਵਾਂ ਪ੍ਰਤੀ ਪਿਆਰ ਤੇ ਸਤਿਕਾਰ ਪ੍ਰਗਟ ਕਰਨ ਲਈ ਵੱਖ-ਵੱਖ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤੇ ਗਏ। ਵਿਦਿਆਰਥੀਆਂ ਨੇ ਗੀਤ, ਕਵਿਤਾਵਾਂ ਤੇ ਸਕਿੱਟਾਂ ਰਾਹੀਂ ਮਾਂ ਦੀ ਮਹਾਨਤਾ ਨੂੰ ਦਰਸਾਇਆ। ਬੱਚਿਆਂ ਵੱਲੋਂ ਤਿਆਰ ਕੀਤੇ ਗ੍ਰੀਟਿੰਗ ਕਾਰਡ ਤੇ ਹੱਥੀਂ ਬਣੇ ਤੋਹਫ਼ੇ ਵੀ ਮਾਵਾਂ ਨੂੰ ਸਮਰਪਤ ਕੀਤੇ ਗਏ। ਮਾਤਾਵਾਂ ਲਈ ਖਾਸ ਖੇਡਾਂ ਤੇ ਮਨੋਰੰਜਕ ਗਤੀਵਿਧੀਆਂ ਵੀ ਕਰਵਾਈਆਂ ਗਈਆਂ, ਜਿਨ੍ਹਾਂ ਵਿੱਚ ਉਨ੍ਹਾਂ ਨੇ ਬੜੇ ਚਾਅ ਨਾਲ ਭਾਗ ਲਿਆ। ਸਕੂਲ ਦੇ ਡਾਇਰੈਕਟਰ ਰਜਤ ਸ਼ਰਮਾ ਤੇ ਪ੍ਰਿੰਸੀਪਲ ਦੀਪਾਲੀ ਨੰਦਾ ਨੇ ਮਾਤਾ ਦਿਵਸ ਦੀਆਂ ਵਧਾਈਆਂ ਦਿੰਦਿਆਂ ਕਿਹਾ ਕਿ ਮਾਂ ਦਾ ਦਰਜਾ ਸਭ ਤੋਂ ਉੱਚਾ ਹੈ ਤੇ ਬੱਚਿਆਂ ਦੀ ਜ਼ਿੰਦਗੀ 'ਚ ਮਾਂ ਦੀ ਭੂਮਿਕਾ ਅਹਿਮ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਆਪਣੇ ਮਾਪਿਆਂ ਦਾ ਸਤਿਕਾਰ ਕਰਨ ਤੇ ਹਮੇਸ਼ਾਂ ਉਨ੍ਹਾਂ ਦੀ ਸੇਵਾ ਕਰਨ ਲਈ ਪ੍ਰੇਰਿਤ ਕੀਤਾ।

## ਭਗੌੜਾ ਗ੍ਰਿਫਤਾਰ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਪੁਲਸ ਨੂੰ ਉਸ ਸਮੇਂ ਵੱਡੀ ਸਫਲਤਾ ਮਿਲੀ, ਜਦੋਂ ਉਨ੍ਹਾਂ ਕਾਫੀ ਸਮੇਂ ਤੋਂ ਫਰਾਰ ਚੱਲ ਰਹੇ ਇੱਕ ਭਗੌੜੇ ਦੋਸ਼ੀ ਨੂੰ ਕਾਬੂ ਕਰਨ ਵਿੱਚ ਸਫਲਤਾ ਹਾਸਲ ਕੀਤੀ। ਜਾਣਕਾਰੀ ਅਨੁਸਾਰ ਐੱਸ.ਐੱਸ.ਪੀ. ਭੁਪਿੰਦਰ ਸਿੰਘ ਫਿਰੋਜ਼ਪੁਰ ਨੇ ਜ਼ਿਲ੍ਹੇ ਦੇ ਸਮੂਹ ਪੁਲਸ ਅਧਿਕਾਰੀਆਂ ਨੂੰ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਹੋਈਆਂ ਹਨ ਕਿ ਅਦਾਲਤਾਂ ਵੱਲੋਂ ਭਗੌੜੇ ਕੀਤੇ ਗਏ ਦੋਸ਼ੀਆਂ ਨੂੰ ਜਲਦ ਤੋਂ ਜਲਦ ਸਲਾਖਾਂ ਪਿੱਛੇ ਪਹੁੰਚਾਇਆ ਜਾਵੇ। ਇਨ੍ਹਾਂ ਹਦਾਇਤਾਂ ਦੀ ਪਾਲਣਾ ਕਰਦੇ ਹੋਏ, ਪੁਲਸ ਦੀ ਵਿਸ਼ੇਸ਼ ਟੀਮ ਨੇ ਸੂਚਨਾ ਦੇ ਆਧਾਰ 'ਤੇ ਛਾਪੇਮਾਰੀ ਕਰਦਿਆਂ ਇੱਕ ਭਗੌੜੇ ਦੋਸ਼ੀ ਨੂੰ ਗ੍ਰਿਫਤਾਰ ਕੀਤਾ ਹੈ। ਇਹ ਦੋਸ਼ੀ ਲੰਬੇ ਸਮੇਂ ਤੋਂ ਪੁਲਸ ਦੀ ਪਕੜ ਤੋਂ ਬਾਹਰ ਸੀ ਤੇ ਆਪਣੀ ਪਛਾਣ ਛੁਪਾ ਕੇ ਰਹਿ ਰਿਹਾ ਸੀ। ਫੜੇ ਗਏ ਦੋਸ਼ੀ ਨੂੰ ਅਦਾਲਤ ਵਿੱਚ ਪੇਸ਼ ਕਰਕੇ ਅਗਲੇਰੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ। ਐੱਸ.ਐੱਸ.ਪੀ. ਭੁਪਿੰਦਰ ਸਿੰਘ ਨੇ ਸਪੱਸ਼ਟ ਕੀਤਾ ਕਿ ਕਿਸੇ ਵੀ ਸ਼ਰਾਰਤੀ ਅਨਸਰ ਨੂੰ ਬਖਸ਼ਿਆ ਨਹੀਂ ਜਾਵੇਗਾ। ਪੁਲਸ ਨੇ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਜੇਕਰ ਉਨ੍ਹਾਂ ਨੂੰ ਕਿਸੇ ਵੀ ਸ਼ੱਕੀ ਵਿਅਕਤੀ ਬਾਰੇ ਕੋਈ ਜਾਣਕਾਰੀ ਮਿਲਦੀ ਹੈ, ਤਾਂ ਉਹ ਤੁਰੰਤ ਪੁਲਸ ਨੂੰ ਸੂਚਿਤ ਕਰਨ ਤਾਂ ਜੋ ਸਮਾਜਿਕ ਬੁਰਾਈਆਂ ਦਾ ਖਾਤਮਾ ਕੀਤਾ ਜਾ ਸਕੇ।

# ਯੂਰੀਆ ਦੀ ਕਾਲਾਬਾਜ਼ਾਰੀ ਬੇਨਕਾਬ, ਰਾਈਸ ਮਿੱਲ 'ਚੋਂ 560 ਥੈਲੇ ਬਰਾਮਦ

■ ਖਾਦ ਦੀ ਕਾਲਾਬਾਜ਼ਾਰੀ ਕਰਨ ਵਾਲਿਆਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ : ਮੁੱਖ ਖੇਤੀਬਾੜੀ ਅਫ਼ਸਰ ■ ਲਾਇਸੰਸ ਬਿਨਾਂ ਯੂਰੀਆ ਸਟੋਰ ਕਰਨ ਵਾਲਿਆਂ ਖ਼ਿਲਾਫ਼ ਪਰਚਾ ਦਰਜ



**ਲੁਧਿਆਣਾ (ਰਾਜ ਸਿੰਗਲਾ)**-ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨੂੰ ਆਗਾਮੀ ਸਾਉਣੀ ਦੇ ਸੀਜ਼ਨ ਦੌਰਾਨ ਮਿਆਰੀ ਖੇਤੀ ਇਨਪੁੱਟ ਮੁਹੱਈਆ ਕਰਵਾਉਣ ਹਿੱਤ ਖੇਤੀਬਾੜੀ ਮੰਤਰੀ ਸ੍ਰੀ ਗੁਰਮੀਤ ਸਿੰਘ ਖੁੱਡੀਆਂ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸਕੱਤਰ ਖੇਤੀਬਾੜੀ ਸ੍ਰੀ ਅਰਸ਼ਦੀਪ ਥਿੰਦ ਤੇ ਡਾਇਰੈਕਟਰ ਖੇਤੀਬਾੜੀ ਡਾ. ਗੁਰਜੀਤ ਸਿੰਘ ਬਰਾੜ ਦੀਆਂ ਖੇਤੀ ਯੋਗ ਯੂਰੀਆ ਦੀ ਨਿਰਵਿਘਨ ਸਪਲਾਈ ਤੇ ਬਲੈਕ ਮਾਰਕੀਟਿੰਗ ਰੋਕਣ ਦੀਆਂ ਹਦਾਇਤਾਂ ਦੇ ਮੱਦੇਨਜ਼ਰ ਡਾ. ਗੁਰਦੀਪ ਸਿੰਘ ਮੁੱਖ ਖੇਤੀਬਾੜੀ ਅਫਸਰ ਲੁਧਿਆਣਾ ਦੀ ਅਗਵਾਈ ਵਾਲੀ ਟੀਮ ਨੂੰ ਮਿਲੀ ਗੁਪਤ ਸੂਚਨਾ ਦੇ ਆਧਾਰ 'ਤੇ ਸ੍ਰੀ ਸ਼ਾਮ ਰਾਇਸ ਮਿੱਲ, ਖੁਦਾਈ ਚੱਕ ਲੁਧਿਆਣਾ ਵਿਖੇ ਰੇਡ ਕੀਤੀ ਗਈ।

ਇਸ ਮੌਕੇ ਰਾਈਸ ਮਿੱਲ ਵਿੱਚੋਂ ਯੂਰੀਆ ਦੇ 560 ਥੈਲੇ ਬਰਾਮਦ ਹੋਏ।ਮੌਕੇ 'ਤੇ ਰਾਈਸ ਮਿੱਲ ਦੇ ਮਾਲਕ ਅਭਿਨੇਸ਼ ਕੁਮਾਰ ਤੋਂ ਮਿਲੀ ਬਿਲਟੀ ਤੋਂ ਪਤਾ ਲੱਗਿਆ ਕਿ ਇਹ ਯੂਰੀਆ ਬੱਦੋਵਾਲ ਰੈਕ ਪੁਆਇੰਟ ਤੋਂ ਨਿੱਜੀ ਸਵਾਰਥ ਤੇ ਮੁਨਾਫਾ ਲੈਣ ਲਈ ਗੋਇਲ ਐਂਡ ਕੰਪਨੀ ਸੁਨਾਮ ਵੱਲੋਂ ਵਿਕਰੀ ਨਿਯਮਾਂ ਦੀ ਉਲੰਘਣਾ ਕਰਕੇ ਸਪਲਾਈ ਕੀਤਾ ਗਿਆ ਹੈ।ਦੋਸ਼ੀਆਂ ਵਿੱਚੋਂ ਕਿਸੇ ਪਾਸ ਵੀ ਖਾਦ ਦਾ ਕਾਰੋਬਾਰ ਕਰਨ ਦਾ ਲਾਇਸੰਸ ਨਹੀਂ ਮਿਲਿਆ।ਸੈਲਰ ਮਾਲਕ ਪੈਸਟੀਸਾਈਡ ਦੀ ਵਿਕਰੀ ਦਾ ਕੰਮ ਵੀ ਕਰ ਰਿਹਾ ਹੈ।ਉਪਰੋਕਤ ਅਨੁਸਾਰ ਯੂਰੀਆ ਖਾਦ ਅਣ-ਅਧਿਕਾਰਤ ਤੌਰ 'ਤੇ ਸਟੋਰ ਕਰਕੇ ਸ਼ੈਲਰ ਮਾਲਕ ਵੱਲੋਂ ਫਰਟੀਲਾਈਜ਼ਰ ਕੰਟਰੋਲ ਆਰਡਰ 1985 ਤੇ ਜ਼ਰੂਰੀ ਵਸਤਾਂ ਐਕਟ 1955 ਦੀ ਉਲੰਘਣਾ ਕੀਤੀ ਗਈ ਹੈ।ਸੈਲਰ ਮਾਲਕ ਵੱਲੋਂ ਆਪਣੇ ਭਰਾ ਵਨੀਤ ਕੁਮਾਰ ਤੇ ਹੋਰਨਾਂ ਨਾਲ ਰਲ ਕੇ ਸਬਸਿਡੀ 'ਤੇ ਉਪਲੱਬਧ ਯੂਰੀਆ ਖਾਦ ਦੀ ਗਲਤ ਤਰੀਕੇ ਨਾਲ ਖਰੀਦ ਕਰਕੇ ਲੁਕ-ਛੁਪਾ ਕੇ ਰੱਖਣ ਕਰਕੇ ਕਾਲਾਬਜ਼ਾਰੀ ਕੀਤੀ ਜਾਣ ਦਾ ਸ਼ੱਕ ਹੈ।

ਟੀਮ ਵੱਲੋਂ ਸ਼ੈਲਰ ਮਾਲਕ ਦੀ ਪੈਸਟੀਸਾਈਡ ਦੀ ਦੁਕਾਨ 'ਤੇ ਵੀ ਚੈਕਿੰਗ ਕੀਤੀ ਗਈ ਤੇ ਉੱਥੇ ਵੀ ਅਣਅਧਿਕਾਰਤ ਤੌਰ 'ਤੇ ਸਟੋਰ ਕੀਤਾ ਖਾਦ ਦਾ ਸਟਾਕ ਪਾਇਆ ਗਿਆ।ਖਾਦ ਅਮਰੀਕਾ ਹਰਸ਼ ਕੁਮਾਰ ਮਹੇ ਵੱਲੋਂ ਪੁਲਸ ਪਾਰਟੀ ਸਿੱਧਵਾਂ ਬੇਟ ਨੂੰ ਮੌਕੇ 'ਤੇ ਬੁਲਾ ਕੇ ਕਾਰਵਾਈ ਕੀਤੀ ਗਈ ਤੇ ਪਰਚਾ ਦਰਜ ਕਰਵਾਇਆ ਗਿਆ। ਇਸ ਮੌਕੇ ਮੁੱਖ ਖੇਤੀਬਾੜੀ ਅਫ਼ਸਰ ਲੁਧਿਆਣਾ ਡਾ. ਗੁਰਦੀਪ ਸਿੰਘ ਨੇ ਕਿਹਾ ਕਿ ਜੋ ਵੀ ਵਿਅਕਤੀ ਖਾਦ ਦੀ ਕਾਲਾਬਜ਼ਾਰੀ ਕਰੇਗਾ, ਉਸ ਨੂੰ ਕਿਸੇ ਵੀ ਹਾਲਤ ਵਿੱਚ ਬਖਸ਼ਿਆ ਨਹੀਂ ਜਾਵੇਗਾ।ਪੰਜਾਬ ਸਰਕਾਰ ਦੇ ਹੁਕਮਾਂ ਦੀ ਪਾਲਣਾ ਯਕੀਨੀ ਬਣਾਈ ਜਾਵੇਗੀ।

# ਸੈਸ਼ਨ ਡਵੀਜ਼ਨ ਲੁਧਿਆਣਾ ਵਿਖੇ ਰਾਸ਼ਟਰੀ ਲੋਕ ਅਦਾਲਤ ਦਾ ਆਯੋਜਨ

**ਦੋਰਾਹਾ (ਹਰਮਿੰਦਰ ਸੇਠ)**

ਮਾਨਯੋਗ ਸ੍ਰੀ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ, ਜੱਜ, ਪੰਜਾਬ ਤੇ ਹਰਿਆਣਾ ਹਾਈਕੋਰਟ ਅਤੇ ਕਾਰਜਕਾਰੀ ਚੇਅਰਮੈਨ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੀ ਅਗਵਾਈ ਹੇਠ ਜ਼ਿਲ੍ਹਾ ਲੁਧਿਆਣਾ ਤੇ ਸਬ-ਡਵੀਜ਼ਨਾਂ ਜਗਰਾਉਂ, ਸਮਰਾਲਾ, ਖੰਨਾ ਤੇ ਪਾਇਲ ਦੀਆਂ ਅਦਾਲਤਾਂ ਵਿਖੇ ਕੌਮੀ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ।ਇਹ ਲੋਕ ਅਦਾਲਤ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਵਿਖੇ ਕਾਰਜਕਾਰੀ ਮੈਂਬਰ ਸਕੱਤਰ ਸ਼੍ਰੀਮਤੀ ਜਗਦੀਪ ਕੌਰ ਵਿਰਕ ਦੇ ਹੁਕਮਾਂ ਅਨੁਸਾਰ ਮੈਡਮ ਹਰਪ੍ਰੀਤ ਕੌਰ ਰੰਧਾਵਾ, ਮਾਨਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਪਰਸਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਲੁਧਿਆਣਾ ਦੀ ਨਿਗਰਾਨੀ ਹੇਠ ਕਰਵਾਈ ਗਈ।




ਮੈਡਮ ਹਰਪ੍ਰੀਤ ਕੌਰ ਰੰਧਾਵਾ ਨੇ ਦੱਸਿਆ ਕਿ ਜ਼ਿਲ੍ਹਾ ਹੈੱਡਕੁਆਰਟਰ ਲੁਧਿਆਣਾ ਵਿਖੇ ਕੁੱਲ 48 ਬੈਂਚਾਂ ਦਾ ਗਠਨ ਕੀਤਾ ਗਿਆ ਸੀ ਤੇ ਜਗਰਾਉਂ, ਸਮਰਾਲਾ, ਖੰਨਾ ਤੇ ਪਾਇਲ ਸਬ-ਡਵੀਜ਼ਨਾਂ ਵਿਖੇ ਕੁੱਲ 10 ਬੈਂਚਾਂ ਦਾ ਗਠਨ ਕੀਤਾ ਗਿਆ ਸੀ।ਸ਼੍ਰੀਮਤੀ ਰੰਧਾਵਾ ਨੇ ਦੱਸਿਆ ਕਿ ਇਸ ਕੌਮੀ ਲੋਕ ਅਦਾਲਤ ਦੌਰਾਨ 1,15,000 ਤੋਂ ਵੱਧ ਕੇਸਾਂ ਦੀ ਸੁਣਵਾਈ ਕੀਤੀ ਗਈ, ਜਿਨ੍ਹਾਂ ਵਿੱਚੋਂ 1,10,000 ਤੋਂ ਵੱਧ ਕੇਸਾਂ ਦਾ ਨਿਪਟਾਰਾ ਕੀਤਾ ਗਿਆ ਸੀ ਤੇ 1997779582 ਰੁਪਏ ਦੇ ਪੁਰਸਕਾਰ ਪਾਸ ਕੀਤੇ ਗਏ ਸਨ।ਮੈਡਮ ਹਰਪ੍ਰੀਤ ਕੌਰ ਰੰਧਾਵਾ ਮਾਨਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਪਰਸਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਲੁਧਿਆਣਾ ਨੇ ਲੋਕ ਅਦਾਲਤ ਦੇ ਵੱਖ-ਵੱਖ ਲਾਭਾਂ 'ਤੇ ਵੀ ਚਾਨਣਾ ਪਾਇਆ, ਜਿਸ ਵਿੱਚ ਕੇਸਾਂ ਦਾ ਤੇਜ਼ੀ ਨਾਲ ਨਿਪਟਾਰਾ, ਸਿਵਲ ਅਦਾਲਤ ਦੇ ਡਿਕਰੀ ਦਾ ਦਰਜਾ ਪ੍ਰਾਪਤ ਕਰਨ ਵਾਲੇ ਐਵਾਰਡ, ਕਾਨੂੰਨ ਅਧੀਨ ਬਿਨਾਂ ਕਿਸੇ ਅਪੀਲ ਦੇ ਅਵਾਰਡਾਂ ਦਾ ਅੰਤਮ ਰੂਪ, ਆਪਸੀ ਸਮਝੌਤੇ ਰਾਹੀਂ ਨਿਪਟਾਰਾ ਤੇ ਅਦਾਲਤੀ ਫੀਸ ਦੀ ਵਾਪਸੀ ਸ਼ਾਮਲ ਹੈ।ਉਨ੍ਹਾਂ ਦੱਸਿਆ ਕਿ ਅਗਲੀ ਕੌਮੀ ਲੋਕ ਅਦਾਲਤ 12 ਸਤੰਬਰ 2026 ਨੂੰ ਆਯੋਜਿਤ ਕੀਤੀ ਜਾਵੇਗੀ ਤੇ 138 ਐੱਨ.ਆਈ ਐਕਟ ਅਧੀਨ ਮਾਮਲਿਆਂ ਲਈ ਇੱਕ ਵਿਸ਼ੇਸ਼ ਲੋਕ ਅਦਾਲਤ ਵੀ 18 ਅਗਸਤ 2026 ਨੂੰ ਆਯੋਜਿਤ ਕੀਤੀ ਜਾਵੇਗੀ।ਅੰਤ ਵਿੱਚ ਉਨ੍ਹਾਂ ਦੱਸਿਆ ਕਿ ਲੋਕ ਉਕਤ ਲੋਕ ਅਦਾਲਤ ਤੇ ਹੋਰ ਕਾਨੂੰਨੀ ਸੇਵਾਵਾਂ ਅਤੇ ਸਹਾਇਤਾ ਬਾਰੇ ਵਧੇਰੇ ਜਾਣਕਾਰੀ ਲਈ ਟੋਲ-ਫ੍ਰੀ ਹੈਲਪਲਾਈਨ ਨੰਬਰ 15100 'ਤੇ ਵੀ ਸੰਪਰਕ ਕਰ ਸਕਦੇ ਹਨ।ਇਸ ਮੌਕੇ ਐਡਵੋਕੇਟ ਵਿਪਿਨ ਸੱਗਰ ਪ੍ਰਧਾਨ ਤੇ ਐਡਵੋਕੇਟ ਹਿਮਾਂਸ਼ੂ ਵਾਲੀਆ ਸਕੱਤਰ ਜ਼ਿਲ੍ਹਾ ਬਾਰ ਐਸੋਸੀਏਸ਼ਨ ਲੁਧਿਆਣਾ ਤੇ ਐਡਵੋਕੇਟ ਰਜਨੀਸ਼ ਲਖਨਪਾਲ ਮੌਜੂਦ ਸਨ।

# ਬਾਬਾ ਬ੍ਰਹਮ ਦਾਸ ਤੇ ਵਿਧਾਇਕ ਗੋਲਡੀ ਕੰਬੋਜ ਨੇ ਸ਼ਹੀਦ ਊਧਮ ਸਿੰਘ ਮਾਰਗ ਬਾਈਪਾਸ ਦਾ ਰੱਖਿਆ ਨੀਂਹ ਪੱਥਰ

**ਜਲਾਲਾਬਾਦ (ਬਲਵਿੰਦਰ ਸਿੰਘ)**

ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ ਇਤਿਹਾਸਿਕ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਇਸੇ ਲੜੀ ਤਹਿਤ ਹੀ ਪਰਮ ਸੰਤ ਬਾਬਾ ਬ੍ਰਹਮ ਦਾਸ ਜੀ ਤੇ ਵਿਧਾਇਕ ਗੋਲਡੀ ਕੰਬੋਜ ਨੇ 'ਸ਼ਹੀਦ ਊਧਮ ਸਿੰਘ ਮਾਰਗ' ਬਾਈਪਾਸ ਦਾ ਰੱਖਿਆ ਨੀਂਹ ਪੱਥਰ ਰੱਖਿਆ।



ਸਮਾਗਮ ਦੌਰਾਨ ਪਰਮ ਸੰਤ ਬਾਬਾ ਬ੍ਰਹਮ ਦਾਸ ਜੀ ਨੇ ਪੰਜਾਬ ਸਰਕਾਰ ਤੇ ਵਿਧਾਇਕ ਜਗਦੀਪ ਕੰਬੋਜ ਗੋਲਡੀ ਦੇ ਕੰਮਾਂ ਦੀ ਖੁੱਲ੍ਹ ਕੇ ਸ਼ਲਾਘਾ ਕੀਤੀ।ਬਾਬਾ ਜੀ ਨੇ ਕਿਹਾ ਕਿ ਜਲਾਲਾਬਾਦ ਦੇ ਲੋਕ ਖ਼ੁਸ਼ਕਿਸਮਤ ਹਨ ਕਿ ਉਨ੍ਹਾਂ ਨੂੰ ਅਜਿਹਾ ਨੌਜਵਾਨ, ਮਿਹਨਤੀ ਤੇ ਇਮਾਨਦਾਰ ਵਿਧਾਇਕ ਮਿਲਿਆ ਹੈ, ਜੋ ਦਿਨ-ਰਾਤ ਲੋਕਾਂ ਦੀ ਸੇਵਾ ਲਈ ਸਮਰਪਤ ਹੈ।ਉਨ੍ਹਾਂ ਕਿਹਾ ਕਿ ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਬਹੁਤ ਥੋੜ੍ਹੇ ਸਮੇਂ ਵਿੱਚ ਜਲਾਲਾਬਾਦ ਦੀ ਤਸਵੀਰ ਤੇ ਤਕਦੀਰ ਬਦਲਣ ਦਾ ਕੰਮ ਕੀਤਾ ਹੈ ਅੱਜ ਸ਼ਹਿਰ ਵਿੱਚ ਜਿੱਥੇ ਵੀ ਨਜ਼ਰ ਮਾਰੀਏ, ਉੱਥੇ ਵਿਕਾਸ ਹੀ ਵਿਕਾਸ ਦਿਖਾਈ ਦਿੰਦਾ ਹੈ।ਇਸ ਮੌਕੇ ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਕਿਹਾ ਕਿ ਜਲਾਲਾਬਾਦ ਸ਼ਹਿਰ ਨੂੰ ਟ੍ਰੈਫਿਕ ਸਮੱਸਿਆ ਤੋਂ ਰਾਹਤ ਦੇਣ ਤੇ ਸ਼ਹਿਰ ਦੇ ਵਿਕਾਸ ਨੂੰ ਨਵੀਂ ਦਿਸ਼ਾ ਦੇਣ ਲਈ ਐੱਫ. ਐੱਫ. ਰੋਡ ਬੱਘੇ ਕੇ ਉਤਾੜ ਤੋਂ ਪਿੰਡ ਅਮੀਰ ਖ਼ਾਸ (ਲਾਧੂਕਾ ਡਿਸਟ੍ਰੀਬਿਊਟਰ) ਦੇ ਨਾਲ ਤੱਕ 8.50 ਕਿਲੋਮੀਟਰ ਤੱਕ 13 ਕਰੋੜ 48 ਲੱਖ ਰੁਪਏ ਦੀ ਲਾਗਤ ਨਾਲ ਇਹ 'ਸ਼ਹੀਦ ਊਧਮ ਸਿੰਘ ਮਾਰਗ' ਬਾਈਪਾਸ ਬਣਾਇਆ ਜਾਵੇਗਾ, ਜਿਸ ਦਾ ਅੱਜ ਨੀਂਹ ਪੱਥਰ ਰੱਖ ਦਿੱਤਾ ਗਿਆ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਦਾ ਇੱਕੋ ਮਕਸਦ ਪੰਜਾਬ ਨੂੰ ਮੁੜ ਤੋਂ ਰੰਗਲਾ ਪੰਜਾਬ ਬਣਾਉਣਾ ਹੈ।ਉਨ੍ਹਾਂ ਕਿਹਾ ਕਿ ਜਲਾਲਾਬਾਦ ਹਲਕੇ ਵਿੱਚ ਲਗਾਤਾਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਤੇ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕੀਤਾ ਜਾ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਆਉਣ ਵਾਲੇ ਸਮੇਂ ਵਿੱਚ ਵੀ ਜਲਾਲਾਬਾਦ ਨੂੰ ਹੋਰ ਵੱਡੇ ਪ੍ਰੋਜੈਕਟ ਦਿੱਤੇ ਜਾਣਗੇ ਤਾਂ ਜੋ ਸ਼ਹਿਰ ਨੂੰ ਆਧੁਨਿਕ ਤੇ ਸੁੰਦਰ ਬਣਾਇਆ ਜਾ ਸਕੇ।ਸਮਾਗਮ ਦੇ ਅੰਤ ਵਿੱਚ ਪਰਮ ਸੰਤ ਬਾਬਾ ਬ੍ਰਹਮ ਦਾਸ ਜੀ ਵੱਲੋਂ ਪੰਜਾਬ ਦੀ ਚੜ੍ਹਦੀ ਕਲਾ ਲੋਕਾਂ ਦੀ ਖ਼ੁਸ਼ਹਾਲੀ ਤੇ ਜਲਾਲਾਬਾਦ ਦੇ ਵਿਕਾਸ ਲਈ ਅਰਦਾਸ ਕੀਤੀ ਗਈ।ਇਸ ਦੌਰਾਨ ਲੋਕਾਂ ਨੇ ਪੰਜਾਬ ਸਰਕਾਰ ਤੇ ਵਿਧਾਇਕ ਜਗਦੀਪ ਕੰਬੋਜ ਗੋਲਡੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਜਲਾਲਾਬਾਦ ਹੁਣ ਵਿਕਾਸ ਦੀ ਨਵੀਂ ਰਾਹ 'ਤੇ ਅੱਗੇ ਵੱਧ ਰਿਹਾ ਹੈ।ਇਸ ਮੌਕੇ ਵੱਡੀ ਗਿਣਤੀ ਵਿੱਚ ਇਲਾਕਾ ਵਾਸੀ, ਧਾਰਮਿਕ ਸ਼ਖ਼ਸੀਅਤਾਂ, ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦੇ ਤੇ ਆਮ ਆਦਮੀ ਪਾਰਟੀ ਦੇ ਵਰਕਰ ਮੌਜੂਦ ਸਨ।

# ਸੰਧਵਾਂ ਤੇ ਕੈਬਨਿਟ ਮੰਤਰੀ ਮੁੰਡੀਆਂ ਵੱਲੋਂ ਫ਼ਰੀਦਕੋਟ ਦੇ ਵਿਕਾਸ ਕਾਰਜਾਂ ਦੀ ਸਮੀਖਿਆ

■ ਤਹਿਸੀਲਾਂ ਤੇ ਪਟਵਾਰਖਾਨਿਆਂ ਵਿੱਚ ਕੰਮ-ਕਾਜ ਹੋਰ ਪਾਰਦਰਸ਼ੀ ਬਣਾਉਣ ਦੇ ਆਦੇਸ਼ ■ ਸਫ਼ਾਈ ਸੇਵਕਾਂ ਦੀਆਂ ਮੰਗਾਂ ਜਲਦ ਪੂਰੀਆਂ ਕਰਨ ਦਾ ਦਿੱਤਾ ਭਰੋਸਾ

**ਫ਼ਰੀਦਕੋਟ (ਐਲਗਿਜ਼ੈਂਡਰ ਡਿਸੂਜ਼ਾ)**

ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਤੇ ਕੈਬਨਿਟ ਮੰਤਰੀ ਸ. ਹਰਦੀਪ ਸਿੰਘ ਮੁੰਡੀਆਂ ਨੇ ਫ਼ਰੀਦਕੋਟ ਸ਼ਹਿਰ ਦੇ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਦੀ ਸਮੀਖਿਆ ਕਰਨ ਤੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਯਕੀਨੀ ਬਣਾਉਣ ਲਈ ਅਧਿਕਾਰੀਆਂ ਨਾਲ ਵਿਸ਼ੇਸ਼ ਮੀਟਿੰਗ ਕੀਤੀ।ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਜ਼ ਦੇ ਗੈਸਟ ਹਾਊਸ ਵਿਖੇ ਹੋਈ ਇਸ ਮੀਟਿੰਗ ਵਿੱਚ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਤੇ ਵਿਧਾਇਕ ਜੈਤੋ ਅਮੋਲਕ ਸਿੰਘ ਵੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਪਿੰਡਾਂ ਤੇ ਸ਼ਹਿਰਾਂ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ ਅਤੇ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।ਉਨ੍ਹਾਂ ਅਧਿਕਾਰੀਆਂ ਨੂੰ ਸਖ਼ਤ ਨਿਰਦੇਸ਼ ਦਿੱਤੇ ਕਿ ਚੱਲ ਰਹੇ ਵਿਕਾਸ ਕਾਰਜਾਂ ਵਿੱਚ ਗੁਣਵੱਤਾ (ਕੁਆਲਿਟੀ) ਦਾ ਖ਼ਾਸ ਖ਼ਿਆਲ ਰੱਖਿਆ ਜਾਵੇ ਤੇ ਪੈਂਡਿੰਗ ਕੰਮਾਂ ਨੂੰ ਤੈਅ ਸਮੇਂ ਅੰਦਰ ਪੂਰਾ ਕੀਤਾ ਜਾਵੇ।ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਅਧਿਕਾਰੀਆਂ ਨੂੰ ਤਹਿਸੀਲਾਂ ਤੇ ਪਟਵਾਰਖਾਨਿਆਂ ਵਿੱਚ ਕੰਮ-ਕਾਜ ਨੂੰ ਹੋਰ ਪਾਰਦਰਸ਼ੀ ਬਣਾਉਣ ਦੀ ਹਦਾਇਤ ਕੀਤੀ।ਉਨ੍ਹਾਂ ਕਿਹਾ ਕਿ ਲੋਕਾਂ ਨੂੰ ਪੀਣ ਵਾਲੇ ਪਾਣੀ, ਸੀਵਰੇਜ ਤੇ ਹੋਰ ਪ੍ਰਸ਼ਾਸਨਕ ਕੰਮਾਂ ਵਿੱਚ ਕੋਈ ਦਿੱਕਤ ਨਹੀਂ ਆਉਣੀ ਚਾਹੀਦੀ।ਮੁੰਡੀਆਂ ਨੇ ਚਿਤਾਵਨੀ ਦਿੱਤੀ ਕਿ ਡਿਊਟੀ ਵਿੱਚ ਅਣਗਹਿਲੀ ਕਰਨ ਵਾਲੇ ਅਧਿਕਾਰੀਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ।ਉਨ੍ਹਾਂ ਹੜਤਾਲ 'ਤੇ ਚੱਲ ਰਹੇ ਸਫ਼ਾਈ ਸੇਵਕਾਂ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਦੀਆਂ ਜਾਇਜ਼ ਮੰਗਾਂ ਜਲਦ ਹੱਲ ਕੀਤੀਆਂ ਜਾਣਗੀਆਂ।ਇਸ ਮੀਟਿੰਗ ਦੌਰਾਨ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ, ਪਲਾਨਿੰਗ ਬੋਰਡ ਦੇ ਚੇਅਰਮੈਨ ਗੁਰਤੇਜ ਸਿੰਘ ਖੋਸਾ, ਮਾਰਕੀਟ ਕਮੇਟੀ ਦੇ ਚੇਅਰਮੈਨ ਗੁਰਮੀਤ ਸਿੰਘ ਆਰੇਵਾਲਾ, ਬੀ.ਸੀ. ਵਿੰਗ ਦੇ ਸੂਬਾ ਪ੍ਰਧਾਨ ਸੁਖਜੀਤ ਸਿੰਘ ਢਿੱਲਵਾਂ, ਡੀ.ਆਰ.ਓ. ਲਵਪ੍ਰੀਤ ਕੌਰ, ਐੱਸ.ਪੀ. ਜੋਗੇਸ਼ਵਰ ਸਿੰਘ ਗੋਰਾਇਆ ਤੇ ਹੋਰ ਅਧਿਕਾਰੀ ਤੇ ਪਾਰਟੀ ਆਗੂ ਮੌਜੂਦ ਸਨ।



## ਗਗਨਦੀਪ ਸਿੰਘ ਬਿੱਲਾ ਦੇ ਕਤਲ ਦੀ ਨਿਰਪੱਖਤਾ ਨਾਲ ਜਾਂਚ ਹੋਵੇ : ਮਾਨ

**ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਗਗਨਦੀਪ ਸਿੰਘ ਬਿੱਲਾ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੀ ਜਥੇਬੰਦੀ ਦੇ ਮਾਛੀਵਾੜਾ ਸਰਕਲ ਦੇ ਯੂਥ ਪ੍ਰਧਾਨ ਸਨ, ਜਿਨ੍ਹਾਂ ਨੇ ਬਹੁਤ ਹੀ ਮਿਹਨਤ ਤੇ ਇਮਾਨਦਾਰੀ ਨਾਲ ਪਾਰਟੀ ਲਈ ਕੰਮ ਕੀਤਾ।ਇਸ ਦਾ ਕਿਸੇ ਨਾਲ ਕਿਸੇ ਤਰ੍ਹਾਂ ਦਾ ਵੈਰ ਵਿਰੋਧ ਨਹੀਂ ਸੀ, ਪਰ ਦੁੱਖ ਹੈ ਕਿ ਕੁਝ ਗੈਰ ਕਾਨੂੰਨੀ ਅਮਲ ਕਰਨ ਵਾਲੇ ਅਨਸਰਾਂ ਵੱਲੋਂ ਉਪਰੋਕਤ ਨੌਜਵਾਨ ਦਾ ਬਹੁਤ ਹੀ ਬੇਰਹਿਮੀ ਨਾਲ ਕਤਲ ਕਰ ਦਿੱਤਾ ਗਿਆ। ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਇਸ ਗੱਲ ਦੀ ਡੂੰਘੀ ਇੱਛਾ ਰੱਖਦਾ ਹੈ ਕਿ ਜੇਕਰ ਪੁਲਸ ਨਿਰਪੱਖਤਾ ਤੇ ਇਮਾਨਦਾਰੀ ਨਾਲ ਇਸ ਕਤਲ ਦੀ ਜਾਂਚ ਕਰਦੀ ਹੋਈ ਦੋਸ਼ੀਆਂ ਨੂੰ ਉਮਰ ਭਰ ਦੀ ਕੈਦ ਕਰਾਉਣ ਲਈ ਆਪਣੀ ਜ਼ਿੰਮੇਵਾਰੀ ਨਿਭਾਅ ਸਕੇ ਤਾਂ ਇਹ ਇਸ ਹੋਏ ਕਤਲ ਦਾ ਇਨਸਾਫ ਹੋ ਸਕੇਗਾ।ਇਹ ਕਤਲ ਕਰਕੇ ਕਾਤਲਾਂ ਨੇ ਬਹੁਤ ਹੀ ਜਬਰ ਕੀਤਾ ਹੈ।ਇਸ ਲਈ ਇਨ੍ਹਾਂ ਕਾਤਲਾਂ ਨੂੰ ਹਰ ਕੀਮਤ 'ਤੇ ਉਮਰ ਭਰ ਦੀ ਕੈਦ ਹੋਣੀ ਚਾਹੀਦੀ ਹੈ। ਇਹ ਵਿਚਾਰ ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਗਗਨਦੀਪ ਸਿੰਘ ਦੇ ਨੌਜਵਾਨ ਕਤਲ ਉਤੇ ਗਹਿਰਾ ਦੁੱਖ ਜ਼ਾਹਰ ਕਰਦੇ ਹੋਏ ਕਾਤਲਾਂ ਨੂੰ ਸਖ਼ਤ ਤੋਂ ਸਖ਼ਤ ਸਜ਼ਾਵਾਂ ਦੇਣ ਦੀ ਮੰਗ ਕਰਦੇ ਹੋਏ ਪ੍ਰਗਟ ਕੀਤੇ।

# ਪਟੇਲ ਕਾਲਜ ਦੇ ਈਕੋ ਕਲੱਬ ਤੇ ਵਿਗਿਆਨ ਵਿਭਾਗ ਵੱਲੋਂ ਵਾਤਾਵਰਣ ਜਾਗਰੂਕਤਾ ਪ੍ਰੋਗਰਾਮ

**ਰਾਜਪੁਰਾ (ਰਮੇਸ਼ ਕਟਾਰੀਆ)**

ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਨਿਰਦੇਸ਼ਾਂ ਅਨੁਸਾਰ ਈਕੋ ਕਲੱਬ ਤੇ ਪਟੇਲ ਮੈਮੋਰੀਅਲ ਨੈਸ਼ਨਲ ਕਾਲਜ ਰਾਜਪੁਰਾ ਦੇ ਵਿਗਿਆਨ ਵਿਭਾਗ ਵੱਲੋਂ ਵਾਤਾਵਰਣ ਜਾਗਰੂਕਤਾ ਪ੍ਰੋਗਰਾਮ ਤੇ ਵਾਤਾਵਰਣ-ਅਨੁਕੂਲ ਗਤੀਵਿਧੀਆਂ ਦੀ ਇੱਕ ਲੜੀ ਸਫਲਤਾਪੂਰਵਕ ਆਯੋਜਿਤ ਕੀਤੀ ਗਈ, ਜਿਸ ਨੂੰ ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨਾਲੋਜੀ ਦੇ ਸਾਡੀ ਸ਼ਕਤੀ ਤੇ ਸਾਡਾ ਗ੍ਰਹਿ ਵਾਤਾਵਰਣ ਸਿੱਖਿਆ ਪ੍ਰੋਗਰਾਮ ਦੇ ਥੀਮ ਹੇਠ ਭਾਰਤ ਸਰਕਾਰ ਦੇ ਵਾਤਾਵਰਣ, ਜੰਗਲਾਤ ਤੇ ਜਲਵਾਯੂ ਪਰਿਵਰਤਨ ਮੰਤਰਾਲੇ ਦੁਆਰਾ ਪ੍ਰਿੰਸੀਪਲ ਡਾ. ਚੰਦਰ ਪ੍ਰਕਾਸ਼ ਤੇ ਈਕੋ ਕਲੱਬ ਦੇ ਨੋਡਲ ਅਫਸਰ ਡਾ. ਦਲਵੀਰ ਕੌਰ ਤੇ ਡਾ. ਜਸਨੀਤ ਕੌਰ ਦੀ ਨਿਗਰਾਨੀ ਹੇਠ ਸਮਰਥਤ ਕੀਤਾ ਗਿਆ ਸੀ। ਇਸ ਪ੍ਰੋਗਰਾਮ ਦਾ ਉਦੇਸ਼ ਵਿਦਿਆਰਥੀਆਂ ਵਿੱਚ ਵਾਤਾਵਰਣ ਸੰਭਾਲ, ਟਿਕਾਊ ਜੀਵਨ ਤੇ ਕੁਦਰਤੀ ਸਰੋਤਾਂ ਦੀ ਰੱਖਿਆ ਦੀ ਮਹੱਤਤਾ ਬਾਰੇ ਜਾਗਰੂਕਤਾ ਪੈਦਾ ਕਰਨਾ ਸੀ।ਇਸ ਸਮਾਗਮ ਵਿੱਚ ਵਿਦਿਆਰਥੀਆਂ, ਅਧਿਆਪਕਾਂ ਤੇ ਸਟਾਫ਼ ਮੈਂਬਰਾਂ ਨੇ ਉਤਸ਼ਾਹਜਨਕ ਭਾਗੀਦਾਰੀ ਕੀਤੀ।ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਬਨਸਪਤੀ ਵਿਗਿਆਨ ਵਿਭਾਗ ਤੋਂ ਡਾ. ਅਵਨੀਤ ਪਾਲ ਸਿੰਘ ਨੇ ਵਿਦਿਆਰਥੀਆਂ ਨੂੰ ਜੈਵ ਵਿਭਿੰਨਤਾ ਦੇ ਵੱਖ-ਵੱਖ ਪਹਿਲੂਆਂ ਤੇ ਜੀਵਤ ਜੀਵਾਂ ਦੀ ਸਮੁੱਚੀ ਵਿਭਿੰਨਤਾ ਤੇ ਜਲਵਾਯੂ ਪਰਿਵਰਤਨ ਦੇ ਪ੍ਰਭਾਵ ਬਾਰੇ ਜਾਗਰੂਕ ਕੀਤਾ।ਪ੍ਰੋਗਰਾਮ ਦੌਰਾਨ ਡਾ. ਤਰੰਗ ਨੇ ਦਰਸ਼ਕਾਂ ਨੂੰ ਪੂਰੇ ਪ੍ਰੋਗਰਾਮ ਬਾਰੇ ਜਾਣੂ ਕਰਵਾਇਆ ਤੇ ਡਾ. ਵੰਦਨਾ, ਡਾ. ਜੈਦੀਪ ਸਿੰਘ, ਡਾ. ਤਰਨਜੀਤ ਸਿੰਘ, ਡਾ. ਸ਼ੇਰ ਸਿੰਘ ਨੇ ਵਾਤਾਵਰਣ ਨੂੰ ਪ੍ਰਦੂਸ਼ਣ ਤੇ ਜਲਵਾਯੂ ਪਰਿਵਰਤਨ ਤੋਂ ਬਚਾਉਣ ਦੀ ਜ਼ਰੂਰੀ ਲੋੜ 'ਤੇ ਚਾਨਣਾ ਪਾਇਆ।ਡਾ. ਨੀਰਜ, ਪ੍ਰੋ. ਚੀਨਾ ਤੇ ਪ੍ਰੋ. ਸੋਮੀਆ ਨੇ ਪੋਸਟਰ ਮੇਕਿੰਗ ਮੁਕਾਬਲੇ ਦਾ ਨਿਰਣਾ ਕੀਤਾ ਤੇ ਸ਼ਵੇਤਾ (ਬੀ.ਐਸ.ਸੀ. ਮੈਡ-1) ਲਈ ਪਹਿਲਾ ਸਥਾਨ, ਸਾਕਸ਼ੀ (ਬੀ.ਐਸ.ਸੀ. ਨਾਨ ਮੈਡ-1) ਲਈ ਦੂਜਾ ਸਥਾਨ ਅਤੇ ਮਨਿਆਦੀਪ (ਬੀ.ਐਸ.ਸੀ. ਨਾਨ ਮੈਡ-1) ਤੇ ਹਰਨੂਰ (ਬੀ.ਐਸ.ਸੀ. ਮੈਡ-3) ਲਈ ਤੀਜਾ ਸਥਾਨ ਦਾ ਐਲਾਨ ਕੀਤਾ।



ਸਟਾਫ਼ ਮੈਂਬਰਾਂ ਵਿੱਚ ਡਾ. ਕੁਲਵਿੰਦਰ ਕੌਰ, ਡਾ. ਅਮਿਤਾ, ਡਾ. ਹਰਜਿੰਦਰ ਕੌਰ, ਡਾ. ਰਸ਼ਮੀ, ਡਾ. ਪਵਨਦੀਪ ਕੌਰ, ਪ੍ਰੋ. ਦੀਪਿਕਾ ਚੌਧਰੀ, ਪ੍ਰੋ. ਦੀਪਿਕਾ ਫਿਰਾਨੀ, ਪ੍ਰੋ. ਗੀਤਿਕਾ ਗੁਡਵਾਨੀ, ਪ੍ਰੋ. ਗੀਤੂ ਗੁਡਵਾਨੀ, ਪ੍ਰੋ. ਪ੍ਰਿਆ, ਪ੍ਰੋ. ਸੰਦੀਪ, ਸ਼੍ਰੀਮਤੀ ਲਵਪ੍ਰੀਤ, ਸ਼੍ਰੀ ਮਨਦੀਪ ਸਿੰਘ ਤੇ ਸ਼੍ਰੀਮਤੀ ਪੂਨਮ ਸ਼ਾਮਲ ਸਨ। ਪ੍ਰਿੰਸੀਪਲ, ਈਕੋ ਕਲੱਬ ਦੇ ਕੋਆਰਡੀਨੇਟਰਾਂ ਤੇ ਸਟਾਫ਼ ਮੈਂਬਰਾਂ ਨੇ ਲੈਬ ਅਟੈਂਡੈਂਟ ਸ੍ਰੀ ਰਾਜੂ ਤੇ ਸ੍ਰੀ ਗੁਰਪ੍ਰੀਤ ਸਿੰਘ ਤੇ ਗਾਰਡਨਰਜ਼ ਹੀਰਾ ਲਾਲ, ਸੀਆ ਰਾਮ ਤੇ ਰਾਮ ਬਹਾਦਰ ਦੀ ਸੁਹਿਰਦ ਸਹਿਯੋਗ ਲਈ ਸ਼ਲਾਘਾ ਕੀਤੀ।

ਪ੍ਰਿੰਸੀਪਲ ਡਾ. ਚੰਦਰ ਪ੍ਰਕਾਸ਼ ਨੇ ਈਕੋ ਕਲੱਬ ਤੇ ਵਿਗਿਆਨ ਵਿਭਾਗ ਦੇ ਯਤਨਾਂ ਦੀ ਵੀ ਸ਼ਲਾਘਾ ਕੀਤੀ।ਪ੍ਰੋਗਰਾਮ ਦੀ ਸਫਲ ਸਮਾਪਤੀ ਦੌਰਾਨ ਪ੍ਰਿੰਸੀਪਲ ਡਾ. ਚੰਦਰ ਪ੍ਰਕਾਸ਼ ਨੇ ਪੰਜਾਬ ਰਾਜ ਵਿਗਿਆਨ ਤੇ ਤਕਨਾਲੋਜੀ ਪ੍ਰੀਸ਼ਦ ਤੇ ਭਾਰਤ ਸਰਕਾਰ ਦੇ ਵਾਤਾਵਰਣ, ਜੰਗਲਾਤ ਤੇ ਜਲਵਾਯੂ ਪਰਿਵਰਤਨ ਮੰਤਰਾਲੇ ਦਾ ਵਿੱਤੀ ਸਹਾਇਤਾ ਪ੍ਰਦਾਨ ਕਰਨ ਲਈ ਧੰਨਵਾਦ ਕੀਤਾ।

## ਦੋਹਰੇ ਕਤਲ ਮਾਮਲੇ 'ਚ ਪੁਲਸ ਵੱਲੋਂ ਹੁਣ ਤੱਕ 10 ਗ੍ਰਿਫ਼ਤਾਰ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਰਤੀਪੁਰ ਰੋਡ 'ਤੇ ਇੱਕ ਕਾਲੋਨੀ ਵਿੱਚ ਹੋਈ ਖ਼ੂਨੀ ਝੜਪ ਵਿੱਚ ਨੌਜਵਾਨ ਗਗਨਦੀਪ ਸਿੰਘ ਬਿੱਲਾ ਤੇ ਮਨਪ੍ਰੀਤ ਸਿੰਘ ਮਨੀ ਦੇ ਦੋਹਰੇ ਕਤਲ ਮਾਮਲੇ ਵਿੱਚ ਪੁਲਸ ਨੇ 2 ਹੋਰ ਮੁਲਜ਼ਮਾਂ ਖੁਸ਼ਪ੍ਰੀਤ ਸਿੰਘ ਖੁਸ਼ੀ ਵਾਸੀ ਸਮਰਾਲਾ ਤੇ ਅੰਮ੍ਰਿਤਵੀਰ ਸਿੰਘ ਉਰਫ਼ ਅੰਮ੍ਰਿਤ ਵਾਸੀ ਲੱਖੋਵਾਲ ਨੂੰ ਕਾਬੂ ਕੀਤਾ ਹੈ। ਡੀ.ਐੱਸ.ਪੀ. ਪ੍ਰਿਤਪਾਲ ਸਿੰਘ ਨੇ ਦੱਸਿਆ ਕਿ ਦੋਹਰੇ ਕਤਲ ਮਾਮਲੇ ਵਿੱਚ ਪੁਲਸ ਵੱਲੋਂ 11 ਵਿਅਕਤੀਆਂ ਦੀ ਪਹਿਚਾਣ ਕਰ ਤੇ ਬਾਕੀ 10 ਅਣਪਛਾਤਿਆਂ ਖਿਲਾਫ਼ ਮਾਮਲਾ ਦਰਜ ਕੀਤਾ ਗਿਆ ਸੀ। ਉਨ੍ਹਾਂ ਦੱਸਿਆ ਕਿ ਮਾਛੀਵਾੜਾ ਪੁਲਸ ਵੱਲੋਂ ਇਸ ਸਬੰਧੀ 8 ਮੁਲਜ਼ਮਾਂ ਨੂੰ ਪਹਿਲਾਂ ਹੀ ਗ੍ਰਿਫ਼ਤਾਰ ਕਰ ਲਿਆ ਗਿਆ ਹੈ, ਜਦਕਿ ਅੱਜ 2 ਹੋਰ ਨੂੰ ਕਾਬੂ ਕਰ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਪੁਲਸ ਜ਼ਿਲ੍ਹਾ ਖੰਨਾ ਦੇ ਐੱਸ.ਐੱਸ.ਪੀ. ਦਰਪਣ ਆਹਲੂਵਾਲੀਆ ਦੇ ਨਿਰਦੇਸ਼ਾਂ ਤਹਿਤ ਪੁਲਸ ਪਾਰਟੀਆਂ ਲਗਾਤਾਰ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਕਰ ਰਹੀਆਂ ਹਨ ਤੇ ਇਸ ਮਾਮਲੇ ਵਿੱਚ ਕਿਸੇ ਨੂੰ ਵੀ ਬਖਸ਼ਿਆ ਨਹੀਂ ਜਾਵੇਗਾ।

## ਗਿੱਦੜਬਾਹਾ ਲੋਕ ਅਦਾਲਤ 'ਚ 211 ਕੇਸਾਂ ਦਾ ਨਿਪਟਾਰਾ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਕੋਰਟ ਕੰਪਲੈਕਸ ਗਿੱਦੜਬਾਹਾ ਵਿਖੇ ਨੈਸ਼ਨਲ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਮੁਫਤ ਕਾਨੂੰਨੀ ਸਹਾਇਤਾ ਦੇ ਐਡਵਕੋਟ ਮਨਜੀਤ ਸਿੰਘ ਬੇੜ੍ਹੀ, ਐਡਵਕੇਟ ਜਸਵਿੰਦਰ ਸਿੰਘ ਬਰਾੜ ਤੇ ਹਰਸਿਮਰਨ ਸਿੰਘ ਸਿੱਧੂ ਨੇ ਦੱਸਿਆ ਕਿ ਲੋਕ ਅਦਾਲਤ ਦੌਰਾਨ ਜੇ.ਐੱਮ.ਆਈ.ਸੀ. ਗੌਰਵ ਮਿੱਤਲ ਤੇ ਜੇ.ਐੱਮ.ਆਈ.ਸੀ. ਮੈਡਮ ਕਿਰਨਦੀਪ ਕੌਰ ਦੀ ਅਦਾਲਤ ਵਿੱਚ ਜਿੱਥੇ ਪ੍ਰੀ ਲੀਗਲ ਕੇਸਾਂ ਦਾ ਨਿਪਟਾਰਾ ਕੀਤਾ ਗਿਆ, ਉਥੇ ਹੀ ਰਾਜ਼ੀਨਾਮਾ ਹੋਣ ਯੋਗ ਫੌਜਦਾਰੀ ਮਾਮਲਿਆਂ ਤੋਂ ਇਲਾਵਾ ਟ੍ਰੈਫਿਕ ਚਲਾਨਾਂ, ਪਾਰਟੀਆਂ ਦੀ ਸਹਿਮਤੀ ਨਾਲ ਚੈੱਕ ਬਾਊਂਸ ਕੇਸ, ਰਿਕਵਰੀ ਕੇਸ, ਝਗੜੇ ਸੰਬੰਧੀ, ਜ਼ਮੀਨ ਜਾਇਦਾਦ ਸਬੰਧੀ ਮਜ਼ਦੂਰੀ, ਬਿਜਲੀ ਤੇ ਪਾਣੀ ਦੇ ਬਿੱਲਾਂ, ਤਨਖਾਹ ਤੇ ਭੱਤਿਆਂ, ਮਾਲ ਵਿਭਾਗ ਤੇ ਹਰ ਸਿਵਲ ਕੇਸਾਂ ਆਦਿ ਦੇ ਕੁੱਲ ਆਏ 271 ਕੇਸਾਂ ਵਿੱਚ 211 ਕੇਸਾਂ ਦਾ ਮੌਕੇ 'ਤੇ ਨਿਪਟਾਰਾ ਕੀਤਾ ਗਿਆ ਅਤੇ 74 ਲੱਖ 1460 ਰੁਪਏ ਦੀ ਰਿਕਵਰੀ ਕੀਤੀ ਗਈ।ਇਸ ਮੌਕੇ ਲੋਕ ਅਦਾਲਤ ਦੇ ਮੈਂਬਰ ਐਡਵੋਕੇਟ ਰਾਹੁਲ ਜਿੰਦਲ, ਐਡਵੋਕੇਟ ਪਾਰਸ ਗੁਪਤਾ ਤੋਂ ਇਲਾਵਾ ਬਾਰ ਐਸਸੀਏਸ਼ਨ ਦੇ ਪ੍ਰਧਾਨ ਐਡਵਕੋਟ ਐਡਵੋਕੇਟ ਸਿਕੰਦਰ ਸਿੰਘ ਮਾਨ, ਸੀਨੀਅਰ ਐਡਵੋਕੇਟ ਰਾਮ ਨਾਥ ਗੁਪਤਾ, ਸੀਨੀਅਰ ਐਡਵੋਕੇਟ ਆਰ.ਪੀ. ਸਿੰਘ, ਸੀਨੀਅਰ ਐਡਵੋਕੇਟ ਐਮ.ਪੀ ਗੋਇਲ, ਐਡਵਕੋਟ ਅਮਿਤ ਬਾਂਸਲ, ਐਡਵੋਕੇਟ ਸੰਜੀਵ ਕੋਛੜ, ਐਡਵੋਕੇਟ ਵੀ. ਪੀ ਧੀਰ, ਐਡਵੋਕੇਟ ਕੁਲਜਿੰਦਰ ਸਿੰਘ ਸੰਧੂ, ਐਡਵੋਕੇਟ ਕੁਲਦੀਪ ਜਿੰਦਲ, ਐਡਵੋਕੇਟ ਮੋਹਿਤ ਗਰਗ, ਐਡਵੋਕੇਟ ਲਵਲੀਸ਼ ਗੋਇਲ ਤੇ ਲਵਿਸ਼ ਜਿੰਦਲ ਆਦਿ ਮੌਜੂਦ।

## ਸਫ਼ਾਈ ਸੇਵਕਾਂ ਦੀ ਹੜਤਾਲ ਕਾਰਨ ਸ਼ਹਿਰ 'ਚ ਮਹਾਂਮਾਰੀ ਫੈਲਣ ਦਾ ਡਰ



**ਸਮਾਣਾ (ਇਕਬਾਲ ਸਿੰਘ ਬੱਲ)**-ਸਮਾਣਾ ਸ਼ਹਿਰ ਵਿੱਚ ਸਫ਼ਾਈ ਸੇਵਕਾਂ ਵੱਲੋਂ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਵਿੱਢੀ ਗਈ ਅਣਮਿੱਥੇ ਸਮੇਂ ਦੀ ਹੜਤਾਲ ਕਾਰਨ ਸਫ਼ਾਈ ਵਿਵਸਥਾ ਪੂਰੀ ਤਰ੍ਹਾਂ ਚਰਮਰਾ ਗਈ ਹੈ।ਸ਼ਹਿਰ ਦੀਆਂ ਗਲੀਆਂ, ਮੁਹੱਲਿਆਂ ਤੇ ਮੁੱਖ ਬਾਜ਼ਾਰਾਂ ਵਿੱਚ ਕੂੜੇ ਦੇ ਵੱਡੇ-ਵੱਡੇ ਢੇਰ ਲੱਗ ਜਾਣ ਕਾਰਨ ਸ਼ਹਿਰ ਨਰਕ ਦਾ ਰੂਪ ਧਾਰਨ ਕਰਦਾ ਜਾ ਰਿਹਾ ਹੈ, ਜਿਸ ਕਾਰਨ ਸਥਾਨਕ ਨਿਵਾਸੀਆਂ ਤੇ ਰਾਹਗੀਰਾਂ ਦਾ ਜਿਉਣਾ ਮੁਹਾਲ ਹੋ ਗਿਆ ਹੈ।ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚ ਲੱਗੇ ਗੰਦਗੀ ਦੇ ਢੇਰਾਂ ਵਿੱਚੋਂ ਉੱਠ ਰਹੀ ਭਿਆਨਕ ਬਦਬੂ ਨੇ ਲੋਕਾਂ ਦਾ ਨੱਕ ਵਿੱਚ ਦਮ ਕਰ ਦਿੱਤਾ ਹੈ।ਰਿਹਾਇਸ਼ੀ ਇਲਾਕਿਆਂ 'ਤੇ ਸੜਕਾਂ ਦੇ ਕਿਨਾਰੇ ਖਿਲਰਿਆ ਕੂੜਾ ਆਉਣ-ਜਾਣ ਵਾਲਿਆਂ ਲਈ ਵੱਡੀ ਮੁਸੀਬਤ ਬਣਿਆ ਹੋਇਆ ਹੈ।ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਜੇਕਰ ਬਾਰਿਸ਼ ਹੁੰਦੀ ਹੈ ਤਾਂ ਸਥਿਤੀ ਹੋਰ ਵੀ ਭਿਆਨਕ ਹੋ ਜਾਵੇਗੀ, ਜਿਸ ਨਾਲ ਹੈਜ਼ਾ, ਡੇਂਗੂ ਤੇ ਹੋਰ ਭਿਆਨਕ ਬਿਮਾਰੀਆਂ ਫੈਲਣ ਦਾ ਗੰਭੀਰ ਖਤਰਾ ਬਣਿਆ ਹੋਇਆ ਹੈ।ਸਫ਼ਾਈ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਸੋਨੂ ਸੰਗਰ ਨੇ ਦੱਸਿਆ ਕਿ ਉਹ ਲੰਬੇ ਸਮੇਂ ਤੋਂ ਆਪਣੀਆਂ ਜਾਇਜ਼ ਮੰਗਾਂ ਲਈ ਸੰਘਰਸ਼ ਕਰ ਰਹੇ ਹਨ।ਉਨ੍ਹਾਂ ਸਾਫ਼ ਕਿਹਾ ਕਿ ਜਦੋਂ ਤੱਕ ਮੰਗਾਂ ਨਹੀਂ ਮੰਨੀਆਂ ਜਾਂਦੀਆਂ, ਇਹ ਹੜਤਾਲ ਜਾਰੀ ਰਹੇਗੀ। ਇਸ ਮੌਕੇ ਸ਼ਹਿਰ ਵਾਸੀਆਂ ਤੇ ਸਮਾਜ ਸੇਵੀ ਸੰਸਥਾਵਾਂ ਨੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਸਫ਼ਾਈ ਸੇਵਕਾਂ ਦੇ ਮਸਲੇ ਦਾ ਤੁਰੰਤ ਹੱਲ ਕੱਢਿਆ ਜਾਵੇ।ਜੇਕਰ ਜਲਦੀ ਕੋਈ ਠੋਸ ਕਦਮ ਨਾ ਚੁੱਕਿਆ ਗਿਆ ਤਾਂ ਸ਼ਹਿਰ ਦੀ ਹਾਲਤ ਹੋਰ ਵੀ ਬਦਤਰ ਹੋ ਸਕਦੀ ਹੈ, ਜਿਸ ਦੀ ਜ਼ਿੰਮੇਵਾਰੀ ਸਿੱਧੇ ਤੌਰ 'ਤੇ ਪ੍ਰਸ਼ਾਸਨ ਤੇ ਸਰਕਾਰ ਦੀ ਹੋਵੇਗੀ।

## ਸਪਰਿੰਗ ਫੀਲਡ ਸਕੂਲ 'ਚ ਮਾਂ ਦਿਵਸ ਮਨਾਇਆ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸਪਰਿੰਗ ਫੀਲਡ ਕਾਨਵੈਂਟ ਸਕੂਲ ਬਾਘਾ ਪੁਰਾਣਾ ਵਿਖੇ ਮਾਂ ਦਿਵਸ ਮਨਾਉਣ ਲਈ ਬਹੁਤ ਪ੍ਰਭਾਵਸ਼ਾਲੀ ਪ੍ਰੋਗਰਾਮ ਕੀਤਾ ਗਿਆ। ਸਕੂਲ ਦੇ ਨਰਸਰੀ ਬਲਾਕ ਦੇ ਬੱਚਿਆਂ ਦੀਆਂ ਮਾਂਵਾਂ ਨੂੰ ਇਸ ਪ੍ਰੋਗਰਾਮ ਵਿੱਚ ਸ਼ਾਮਿਲ ਹੋਣ ਲਈ ਸੱਦਾ ਦਿੱਤਾ ਗਿਆ।ਹਰ ਬੱਚੇ ਤੇ ਉਸਦੀ ਮਾਤਾ ਨੇ ਇਸ ਪ੍ਰੋਗਰਾਮ ਵਿੱਚ ਹਿੱਸਾ ਲਿਆ, ਜਿਸ ਵਿੱਚ ਵੱਖ-ਵੱਖ ਤਰ੍ਹਾਂ ਦੀਆਂ ਕਰਾਈਆਂ ਗਈਆਂ, ਜਿਸ ਦਾ ਹਰ ਇੱਕ ਨੇ ਬਹੁਤ ਆਨੰਦ ਮਾਣਿਆ, ਜਿਵੇਂ ਉੱਥੇ ਮਾਂ ਦੀ ਮਹੱਤਤਾ ਦੇ ਸੰਬੰਧ ਵਿੱਚ ਗੀਤ, ਕਵਿਤਾਵਾਂ ਤੇ ਸਕਿ.ਟ ਪੇਸ਼ ਕੀਤੇ ਗਏ।ਬੱਚਿਆਂ ਨੇ ਆਪਣੀਆਂ ਮਾਵਾਂ ਨੂੰ ਦੇਣ ਵਾਸਤੇ ਇਸ ਬਹੁਤ ਸੁੰਦਰ ਕਾਰਡ ਤਿਆਰ ਕੀਤੇ।ਚੇਅਰਮੈਨ ਨਰ ਸਿੰਘ ਬਰਾੜ ਨੇ ਦੱਸਿਆ ਕਿ ਮਾਂ ਹੀ ਬੱਚੇ ਦਾ ਪਹਿਲਾ ਅਧਿਆਪਕ ਹੈ, ਜੋ ਬੱਚੇ ਨੂੰ ਚੰਗਾ ਇਨਸਾਨ ਬਣਾਉਣ ਵਿੱਚ ਅਹਿਮ ਰੋਲ ਅਦਾ ਕਰਦੀ ਹੈ।ਚੇਅਰਮੈਨ ਨਰ ਸਿੰਘ ਬਰਾੜ ਨੇ ਕਿਹਾ ਕਿ ਸੱਚਮੁੱਚ ਮਾਂ ਰੱਬ ਦਾ ਰੂਪ ਹੈ। ਸਕੂਲੀ ਬੱਚਿਆਂ ਲਈ ਅਤੇ ਆਈਆਂ ਹੋਈਆਂ ਮਾਵਾਂ ਲਈ ਖਾਣ-ਪੀਣ ਦਾ ਬਹੁਤ ਵਧੀਆ ਪ੍ਰਬੰਧ ਕੀਤਾ ਗਿਆ। ਉਨ੍ਹਾਂ ਨੂੰ ਸਨਮਾਨ ਚਿੰਨ੍ਹ ਵੀ ਦਿੱਤੇ ਗਏ।ਪ੍ਰੋਗਰਾਮ ਦੇ ਪ੍ਰਬੰਧਕ ਕੋਆਰਡੀਨੇਟਰ ਮੈਡਮ ਅਨੂਪ ਸ਼ਰਮਾ ਨੇ ਨਰਸਰੀ ਬਲਾਕ ਦੇ ਅਧਿਆਪਕਾਂ ਦੇ ਸਹਿਯੋਗ ਨਾਲ ਬਹੁਤ ਵਧੀਆ ਪ੍ਰੋਗਰਾਮ ਤਿਆਰ ਕੀਤਾ ਗਿਆ।

## ਅਕਾਲ ਅਕੈਡਮੀ ਉੱਭਿਆ ਦਾ ਇੰਟਰ ਅਕੈਡਮੀ ਫੁੱਟਬਾਲ ਮੁਕਾਬਲਿਆਂ 'ਚ ਸ਼ਾਨਦਾਰ ਪ੍ਰਦਰਸ਼ਨ



**ਚੀਮਾ ਮੰਡੀ (ਰਵਿੰਦਰ ਚੀਮਾ)**-ਕਲਗੀਧਰ ਟਰੱਸਟ ਬੜੂ ਸਾਹਿਬ ਅਧੀਨ ਚੱਲ ਰਹੀਆਂ ਵਿੱਦਿਅਕ ਸੰਸਥਾਵਾਂ ਦੇ ਇੰਟਰ ਅਕੈਡਮੀ ਫੁੱਟਬਾਲ ਮੁਕਾਬਲੇ ਫਤਿਹਗੜ੍ਹ ਗੰਢੂਆਂ ਵਿਖੇ ਲੜਕਿਆਂ ਤੇ ਲੜਕੀਆਂ ਦੀਆਂ ਵੱਖ-ਵੱਖ ਟੀਮਾਂ ਵਿਚਕਾਰ ਕਰਵਾਏ ਗਏ।ਇਨ੍ਹਾਂ ਮੁਕਾਬਲਿਆਂ ਵਿੱਚ ਅਕਾਲ ਅਕੈਡਮੀ ਬੇਨੜਾ, ਧਰਮਗੜ੍ਹ ਛੰਨਾ, ਫਤਿਹਗੜ੍ਹ ਗੰਢੂਆਂ, ਮੰਡੇਰ, ਰਟੋਲਾ ਤੇ ਉੱਭਿਆ ਦੀਆਂ ਟੀਮਾਂ ਨੇ ਭਾਗ ਲਿਆ।ਇਸ ਮੌਕੇ ਅਕਾਲ ਅਕੈਡਮੀ ਫਤਿਹਗੜ੍ਹ ਗੰਢੂਆਂ ਦੀ ਪ੍ਰਿੰਸੀਪਲ ਅਨੁਰਾਧਾ ਬੱਬਰ ਨੇ ਖਿਡਾਰੀਆਂ ਨਾਲ ਜਾਣ-ਪਛਾਣ ਕਰਦਿਆਂ ਉਨ੍ਹਾਂ ਦਾ ਹੌਸਲਾ ਵਧਾਇਆ ਤੇ ਖੇਡ ਭਾਵਨਾ ਨਾਲ ਖੇਡਣ ਲਈ ਪ੍ਰੇਰਿਤ ਕੀਤਾ।ਲੜਕਿਆਂ ਦੇ ਫੁੱਟਬਾਲ ਮੁਕਾਬਲਿਆਂ ਵਿੱਚ ਅਕਾਲ ਅਕੈਡਮੀ ਮੰਡੇਰ ਨੇ ਪਹਿਲਾ ਸਥਾਨ, ਅਕਾਲ ਅਕੈਡਮੀ ਉੱਭਿਆ ਨੇ ਦੂਜਾ ਤੇ ਅਕਾਲ ਅਕੈਡਮੀ ਫਤਿਹਗੜ੍ਹ ਗੰਢੂਆਂ ਨੇ ਤੀਜਾ ਸਥਾਨ ਹਾਸਲ ਕੀਤਾ। ਇਸ ਤੋਂ ਇਲਾਵਾ ਲੜਕੀਆਂ ਦੇ ਫੁੱਟਬਾਲ ਮੁਕਾਬਲਿਆਂ ਵਿੱਚ ਅਕਾਲ ਅਕੈਡਮੀ ਉੱਭਿਆ ਦੀ ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਹਾਸਲ ਕਰਕੇ ਅਕੈਡਮੀ ਦਾ ਨਾਮ ਰੌਸ਼ਨ ਕੀਤਾ। ਮੁਕਾਬਲਿਆਂ ਦੀ ਸਮਾਪਤੀ ਉਪਰੰਤ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ, ਜਿਸ ਦੌਰਾਨ ਸਾਰੇ ਭਾਗ ਲੈਣ ਵਾਲੇ ਖਿਡਾਰੀਆਂ ਨੂੰ ਸਰਟੀਫਿਕੇਟ ਪ੍ਰਦਾਨ ਕੀਤੇ ਗਏ, ਜਦਕਿ ਜੇਤੂ ਟੀਮਾਂ ਨੂੰ ਟਰਾਫੀਆਂ ਤੇ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ।ਅਕਾਲ ਅਕੈਡਮੀ ਉੱਭਿਆ ਦੀ ਪ੍ਰਿੰਸੀਪਲ ਗੁਰਜੀਤ ਕੌਰ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕੀਤੀ ਤੇ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਵੱਧ ਤੋਂ ਵੱਧ ਉਪਲਬਧੀਆਂ ਹਾਸਲ ਕਰਨ ਲਈ ਪ੍ਰੇਰਿਤ ਕੀਤਾ।ਉਨ੍ਹਾਂ ਇਸ ਸਫਲਤਾ ਦਾ ਸਿਹਰਾ ਪੀ.ਟੀ.ਆਈ. ਅਧਿਆਪਕ ਜਰਨੈਲ ਸਿੰਘ ਦੀ ਮਿਹਨਤ ਤੇ ਰਹਿਨੁਮਾਈ ਨੂੰ ਦਿੰਦਿਆਂ ਉਨ੍ਹਾਂ ਨੂੰ ਵੀ ਵਧਾਈ ਦਿੱਤੀ।

# ਜਨਗਣਨਾ ਡਿਊਟੀ 'ਤੇ ਲੱਗੇ ਕਰਮਚਾਰੀਆਂ ਦਾ ਦੋ ਕਰੋੜ ਦਾ ਬੀਮਾ ਕਰਕੇ ਸੁਰੱਖਿਆ ਪ੍ਰਦਾਨ ਕਰੇ ਸਰਕਾਰ : ਟਹਿਲ ਸਰਾਭਾ



ਚੌਂਕੀਮਾਨ (ਇੰਜੀ ਬਲਬੀਰ ਸਿੰਘ ਮਾਨ) ਜਨਗਣਨਾ 2026 'ਚ ਲੱਗੀਆਂ ਡਿਊਟੀਆਂ ਵਿੱਚ ਅਧਿਆਪਕਾਂ ਨੂੰ ਕਈ ਤਰ੍ਹਾਂ ਦੀਆਂ ਪ੍ਰਬੰਧਕੀ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਪਹਿਲੇ ਫੇਜ਼ ਅਧੀਨ ਇਹ ਮਰਦਮਸ਼ੁਮਾਰੀ 15 ਮਈ ਤੋਂ ਸ਼ੁਰੂ ਹੋ ਕੇ 14 ਜੂਨ ਤੱਕ ਕੀਤੀ ਜਾ ਰਹੀ ਹੈ।ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਦਾ ਵਫ਼ਦ ਜ਼ਿਲ੍ਹਾ ਪ੍ਰਧਾਨ ਟਹਿਲ ਸਿੰਘ ਸਰਾਭਾ ਜਨਰਲ ਸਕੱਤਰ ਪਰਮਿੰਦਰ ਪਾਲ ਸਿੰਘ ਕਾਲੀਆ, ਮਨੀਸ਼ ਸ਼ਰਮਾ, ਸੰਜੀਵ ਸ਼ਰਮਾ, ਬਲਵੀਰ ਸਿੰਘ ਕੰਗ, ਸਤਵਿੰਦਰਪਾਲ ਸਿੰਘ ਘਲੋਟੀ, ਰਮਨਦੀਪ ਸਿੰਘ ਫੱਲੇਵਾਲ, ਪਰਮਜੀਤ ਸਿੰਘ ਸਵੱਦੀ ਦੀ ਅਗਵਾਈ ਹੇਠ ਮੈਡਮ ਪਾਇਲ ਗੋਇਲ ਸਹਾਇਕ ਕਮਿਸ਼ਨਰ (ਜ) ਨੂੰ ਮਿਲਿਆ।ਇਸ ਸਮੇਂ ਜਥੇਬੰਦੀ ਵੱਲੋਂ ਮੰਗ ਪੱਤਰ ਸੌਂਪਿਆ ਤੇ ਮੰਗ ਕੀਤੀ ਕਿ ਜਨਗਣਨਾ ਡਿਊਟੀ ਸ਼ੁਰੂ ਹੋਣ ਤੋਂ ਲੈ ਕੇ ਅੰਤ ਤੱਕ ਨਿਯੁਕਤ ਕੀਤੇ ਗਏ ਅਮਲੇ ਦਾ ਦੋ ਕਰੋੜ ਦਾ ਵਿਸ਼ੇਸ਼ ਬੀਮਾ ਕੀਤਾ ਜਾਵੇ।ਜਨਗਣਨਾ ਡਿਊਟੀ ਦੌਰਾਨ ਅਧਿਆਪਕਾਂ ਤੇ ਮੁਲਾਜ਼ਮਾਂ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ।ਮਹਿਲਾ ਮੁਲਾਜ਼ਮਾਂ ਸਮੇਤ ਸਾਰੇ ਮੁਲਾਜ਼ਮਾਂ ਨਾਲ ਪੁਲਿਸ ਕਰਮੀਆਂ ਨੂੰ ਵੀ ਮਰਦਮਸ਼ੁਮਾਰੀ ਡਿਊਟੀ ਤੇ ਤਾਇਨਾਤ ਕੀਤਾ ਜਾਵੇ।ਮਰਦਮਸ਼ੁਮਾਰੀ ਡਿਊਟੀ ਵਿੱਚ ਨਿਯੁਕਤ ਕੀਤੇ ਹਰ ਕ੍ਰਮਚਾਰੀ ਨੂੰ ਹਫਤੇ ਵਿੱਚ ਘੱਟੋ-ਘੱਟ ਚਾਰ ਦਿਨ ਮਰਦਮਸ਼ੁਮਾਰੀ ਡਿਊਟੀ ਲਈ ਸਕੂਲਾਂ ਤੇ ਦਫਤਰਾਂ 'ਚੋਂ ਫਾਰਗ ਕੀਤਾ ਜਾਵੇ।ਮਰਦਮਸ਼ੁਮਾਰੀ ਡਿਊਟੀ ਕਰ ਰਹੇ ਅਧਿਆਪਕਾਂ ਨੂੰ ਮਾਣ ਭੱਤੇ ਦੇ ਨਾਲ-ਨਾਲ ਛੁੱਟੀ ਵਾਲੇ ਦਿਨ ਦੇ ਕੰਮ ਜਾਂ ਟ੍ਰੇਨਿੰਗਾਂ ਦੌਰਾਨ ਵਿਸ਼ੇਸ਼ ਕਮਾਈ ਛੁੱਟੀ ਦਿੱਤੀ ਜਾਵੇ।

ਡਿਊਟੀਆਂ ਅਧਿਆਪਕਾਂ ਦੇ ਆਪਣੇ ਸਕੂਲ ਜਾਂ ਰਿਹਾਇਸ਼ੀ ਖੇਤਰ ਵਿੱਚ ਹੀ ਲਾਈਆਂ ਜਾਣ।ਜ਼ਿਲ੍ਹੇ ਦੇ ਸਰਕਾਰੀ ਸਕੂਲਾਂ ਦਾ ਲਗਭਗ 90% ਸਟਾਫ਼ ਜਨਗਣਨਾ ਡਿਊਟੀ ਉੱਤੇ ਲਾਇਆ ਗਿਆ ਹੈ, ਜੋ ਤਰਕ ਸੰਗਤ ਨਹੀਂ ਹੈ। ਸਕੂਲਾਂ ਵਿੱਚ ਵਿਦਿਆਰਥੀਆਂ ਦਾ ਨਵਾਂ ਸੈਸ਼ਨ ਸ਼ੁਰੂ ਹੋ ਗਿਆ ਹੈ ਤੇ ਵਿਦਿਆਰਥੀਆਂ ਦੇ ਦਾਖਲੇ ਵੀ ਚੱਲ ਰਹੇ ਹਨ। ਜਥੇਬੰਦੀ ਮੰਗ ਕਰਦੀ ਹੈ ਕਿ ਅਧਿਆਪਕਾਂ ਦੀਆਂ ਕੇਵਲ 40% ਸਟਾਫ ਦੀਆਂ ਡਿਊਟੀਆਂ ਹੀ ਲਾਈਆਂ ਜਾਣ ਤੇ ਦੂਜੇ ਸਰਕਾਰੀ ਵਿਭਾਗਾਂ 'ਚੋਂ ਵੀ ਅਨੁਪਾਤ ਅਨੁਸਾਰ ਮੁਲਾਜ਼ਮ ਨਿਯੁਕਤ ਕੀਤੇ ਜਾਣ।ਅੰਗਹੀਣ ਮੁਲਾਜ਼ਮਾਂ, ਗੰਭੀਰ ਬਿਮਾਰੀ ਤੋਂ ਪੀੜਤ ਮੁਲਾਜ਼ਮਾਂ, ਕਿਸੇ ਪਰਵਾਰਕ ਮੈਂਬਰ ਦੀ ਗੰਭੀਰ ਬਿਮਾਰੀ ਤੋਂ ਪੀੜਤ ਹੋਣ ਕਾਰਨ, ਗਰਭਪਤੀ ਮਹਿਲਾ ਮੁਲਾਜ਼ਮਾਂ, ਪੰਜ ਸਾਲ ਤੋਂ ਛੋਟੇ ਬੱਚਿਆਂ ਦੀਆਂ ਮਾਵਾਂ, 55 ਸਾਲ ਤੋਂ ਵੱਧ ਉਮਰ ਦੇ ਮੁਲਾਜ਼ਮਾਂ ਆਦਿ ਨੂੰ ਜਨਗਣਨਾ ਡਿਊਟੀ ਤੋਂ ਛੂਟ ਦਿੱਤੀ ਜਾਵੇ।ਸਕੂਲਾਂ ਦੀ ਸਟਾਫ ਦੀਆਂ ਡਿਊਟੀਆਂ ਲਾਉਣ ਸਮੇਂ ਕਪਲ ਕੇਸਾਂ ਦੀ ਡਿਊਟੀ ਵੀ ਲਗਾ ਦਿੱਤੀ ਗਈ ਹੈ, ਜਿਸ ਵਿੱਚ ਪਤੀ ਪਤਨੀ ਵਿੱਚੋਂ ਇੱਕ ਨੂੰ ਛੋਟ ਦਿੱਤੀ ਜਾਵੇ।

# ਸਫ਼ਾਈ ਸੇਵਕਾਂ ਦੀ ਹੜਤਾਲ ਦੇ ਸਮਰਥਨ 'ਚ ਐੱਸ.ਡੀ.ਐੱਮ ਨੂੰ ਦਿੱਤਾ ਮੰਗ ਪੱਤਰ



ਜਗਰਾਉਂ (ਨਛੱਤਰ ਸੰਧੂ) ਸਫ਼ਾਈ ਕਾਮਿਆਂ ਵੱਲੋਂ ਆਪਣੀਆਂ ਹੱਕੀ ਤੇ ਜਾਇਜ਼ ਮੰਗਾਂ ਦੇ ਹੱਕ 'ਚ ਅਣਮਿੱਥੇ ਸਮੇਂ ਦੀ ਹੜਤਾਲ ਦਾ ਸ਼ਹਿਰ ਦੇ ਵੱਖ-ਵੱਖ ਵਰਗ ਪੁਰਜ਼ੋਰ ਸਮਰਥਨ ਕਰ ਰਹੇ ਹਨ।ਨਗਰ ਸੁਧਾਰ ਸਭਾ ਦਾ ਵਫ਼ਦ ਸਮਾਜ ਦੇ ਸਭ ਤੋਂ ਵਧ ਪੀੜਤ ਵਰਗ ਸਫ਼ਾਈ ਕਾਮਿਆਂ ਦੇ ਹੱਕ 'ਚ ਐਸ ਡੀ ਐਮ ਦਫਤਰ ਪੁੱਜਾ।ਸਭਾ ਦੇ ਪ੍ਰਧਾਨ ਅਵਤਾਰ ਸਿੰਘ ਦੀ ਅਗਵਾਈ 'ਚ ਐਸ ਡੀ ਐਮ ਦੇ ਛੁੱਟੀ 'ਤੇ ਹੋਣ ਕਾਰਨ ਤਹਿਸੀਲਦਾਰ ਰੇਸ਼ਮ ਸਿੰਘ ਨੂੰ ਮਿਲਿਆ।ਵਫ਼ਦ ਨੇ ਮੁੱਖ ਮੰਤਰੀ ਨੂੰ ਭੇਜੇ ਮੰਗ ਪੱਤਰ ਰਾਹੀ ਮੰਗ ਕੀਤੀ ਗਈ ਹੈ ਕਿ ਹੜਤਾਲੀ ਸਫ਼ਾਈ ਕਾਮਿਆਂ ਦੀ ਠੇਕੇਦਾਰੀ ਸਿਸਟਮ ਬੰਦ ਕਰਨ, ਕੱਚੇ ਮੁਲਾਜ਼ਮ ਪੱਕੇ ਕਰਨ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ, ਬਕਾਇਆ ਡੀ ਏ ਇਕਮੁਸ਼ਤ ਜਾਰੀ ਕਰਨ ਆਦਿ ਮੰਗਾਂ ਤੁਰਤ ਮੰਨੀਆਂ ਜਾਣ ਤਾਂਕਿ ਸ਼ਹਿਰਾਂ ਕਸਬਿਆਂ 'ਚ ਸਫ਼ਾਈ ਕੰਮ ਸ਼ੁਰੂ ਹੋ ਜਾਣ।ਵਫ਼ਦ ਨੇ ਜਗਰਾਓਂ ਸ਼ਹਿਰ 'ਚ ਕੂੜੇ ਦੇ ਪ੍ਰਬੰਧਨ ਚ ਨਗਰ ਕੌਂਸਲ ਦੀ ਨਾਕਾਮੀ ਲਈ ਹਲਕਾ ਵਿਧਾਇਕਾ ਵੱਲੋਂ ਖੜੀ ਕੀਤੀ ਧੜੇਬੰਦੀ ਨੂੰ ਜ਼ਿੰਮੇਵਾਰ ਕਰਾਰ ਦਿੰਦਿਆਂ ਸਰਕਾਰ ਤੋਂ ਮਸਲੇ ਦੇ ਤੁਰੰਤ ਹੱਲ ਦੀ ਮੰਗ ਕੀਤੀ। ਵਫ਼ਦ ਨੇ ਪੰਜਾਬ ਸਰਕਾਰ ਵਲੋਂ ਜਨਗਣਨਾ ਪ੍ਰੋਫਾਰਮੇ 'ਚ ਦਰਜ ਜਾਤੀਸੂਚਕ ਸ਼ਬਦਾਂ ਨੂੰ ਤੁਰਤ ਹਟਾਉਣ ਦੀ ਜ਼ੋਰਦਾਰ ਮੰਗ ਕਰਦਿਆਂ ਇਸ ਗੈਰਸੰਵਿਧਾਨਕ ਨਾਲਾਇਕੀ ਦੇ ਜ਼ਿੰਮੇਵਾਰ ਅਧਿਕਾਰੀਆਂ 'ਤੇ ਕਨੂੰਨ ਮੁਤਾਬਕ ਸਖ਼ਤ ਕਾਰਵਾਈ ਕਰਨ ਦੀ ਮੰਗ ਕੀਤੀ।ਉਨ੍ਹਾਂ ਕਿਹਾ ਕਿ ਇਸ ਜਿਲਤ ਨੇ ਸਾਬਤ ਕਰ ਦਿੱਤਾ ਹੈ ਕਿ ਅਫ਼ਸਰਸ਼ਾਹੀ 'ਚ ਜਾਤੀ ਨਫ਼ਰਤ ਤੇ ਦਾਬਾ ਕੁੱਟ-ਕੁੱਟ ਕੇ ਭਰਿਆ ਹੋਇਆ ਹੈ।ਉਨ੍ਹਾਂ ਕਿਹਾ ਕਿ ਇਨ੍ਹਾਂ ਮੰਗਾਂ ਦੀ ਪੂਰਤੀ ਨਾ ਹੋਣ ਦੀ ਹਾਲਤ 'ਚ ਪੰਜਾਬ ਸਰਕਾਰ ਖ਼ਿਲਾਫ਼ ਸਖ਼ਤ ਐਕਸ਼ਨ ਲਿਆ ਜਾਵੇਗਾ।

# ਜ਼ਿਲ੍ਹਾ ਕਚਹਿਰੀਆਂ 'ਚ ਸਾਲ ਦੀ ਦੂਜੀ ਨੈਸ਼ਨਲ ਲੋਕ ਅਦਾਲਤ ਦਾ ਸਫ਼ਲਤਾਪੂਰਵਕ ਆਯੋਜਨ



ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ) ਰਾਸ਼ਟਰੀ ਕਾਨੂੰਨੀ ਸੇਵਾਵਾਂ ਅਥਾਰਟੀ, ਨਵੀਂ ਦਿੱਲੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਮੈਂਬਰ ਸਕੱਤਰ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਹੁਕਮਾਂ ਦੀ ਪਾਲਣਾ ਕਰਦੇ ਹੋਏ ਸ਼੍ਰੀ ਅਸ਼ੋਕ ਕੁਮਾਰ ਚੌਹਾਨ, ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਜ਼ਿਲ੍ਹਾ ਕਚਹਿਰੀਆਂ, ਅਮਲੋਹ ਤੇ ਖਮਾਣੋਂ ਦੀਆਂ ਸਬ ਡਵੀਜ਼ਨ ਪੱਧਰ ਦੀਆਂ ਕਚਹਿਰੀਆਂ ਵਿੱਚ ਸਾਲ ਦੀ ਦੂਜੀ ਨੈਸ਼ਨਲ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਨੈਸ਼ਨਲ ਲੋਕ ਅਦਾਲਤ ਦੇ 11 ਬੈਂਚਾਂ ਵੱਲੋਂ 13342 ਕੇਸਾਂ ਦੀ ਸੁਣਵਾਈ ਹੋਈ, ਜਿਨ੍ਹਾਂ 'ਚੋਂ 10274 ਕੇਸਾਂ ਦਾ ਨਿਪਟਾਰਾ ਦੋਵਾਂ ਧਿਰਾਂ ਦੀ ਆਪਸੀ ਰਜ਼ਾਮੰਦੀ ਨਾਲ ਕੀਤਾ ਗਿਆ ਤੇ ਵਿੱਤੀ ਮਾਮਲਿਆਂ ਦੇ ਕੇਸਾਂ ਵਿੱਚ 05 ਕਰੋੜ ਰੁਪਏ ਤੋਂ ਵੱਧ ਦੀ ਰਕਮ ਦੇ ਐਵਾਰਡ ਪਾਸ ਕੀਤੇ ਗਏ। ਸ਼੍ਰੀ ਅਸ਼ੋਕ ਕੁਮਾਰ ਚੌਹਾਨ, ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਕਿਹਾ ਕਿ ਲੋਕ ਅਦਾਲਤਾਂ ਰਾਹੀਂ ਕੇਸਾਂ ਦਾ ਨਿਪਟਾਰਾ ਹੋਣ ਨਾਲ ਆਮ ਲੋਕਾਂ ਨੂੰ ਬਹੁਤ ਵੱਡੀ ਰਾਹਤ ਮਿਲਦੀ ਹੈ, ਕਿਉਂਕਿ ਇਨ੍ਹਾਂ ਲੋਕ ਅਦਾਲਤਾਂ ਵਿੱਚ ਦੋਵਾਂ ਧਿਰਾਂ ਦੀ ਆਪਸੀ ਸਹਿਮਤੀ ਨਾਲ ਕੇਸਾਂ ਦਾ ਨਿਪਟਾਰਾ ਕੀਤਾ ਜਾਂਦਾ ਹੈ, ਜਿਸ ਨਾਲ ਆਮ ਲੋਕਾਂ ਨੂੰ ਜਲਦੀ ਅਤੇ ਸਸਤਾ ਨਿਆਂ ਵੀ ਮਿਲਦਾ ਹੈ।ਸਾਲ ਦੀ ਇਸ ਦੂਜੀ ਨੈਸ਼ਨਲ ਲੋਕ ਅਦਾਲਤ 'ਚ ਲੋਕਾਂ ਨੇ ਵਧੇਰੇ ਉਤਸ਼ਾਹ ਦਿਖਾਉਂਦਿਆਂ ਵਧ-ਚੜ੍ਹ ਕੇ ਹਿੱਸਾ ਲਿਆ।ਸ਼੍ਰੀ ਅਸ਼ੋਕ ਕੁਮਾਰ ਨੇ ਦੱਸਿਆ ਕਿ ਇਨ੍ਹਾਂ ਲੋਕ ਅਦਾਲਤਾਂ ਵਿੱਚ ਵੱਡੀ ਗਿਣਤੀ 'ਚ ਅਜਿਹੇ ਕੇਸਾਂ ਦਾ ਨਿਪਟਾਰਾ ਕੀਤਾ ਗਿਆ, ਜਿਹੜੇ ਪਹਿਲਾਂ ਕਿਸੇ ਵੀ ਅਦਾਲਤ ਵਿੱਚ ਨਹੀਂ ਲਗਾਏ ਗਏ ਸਨ ਤੇ ਇਸ ਤੋਂ ਇਲਾਵਾ ਲੰਮੇ ਸਮੇਂ ਤੋਂ ਅਦਾਲਤਾਂ ਵਿੱਚ ਲੰਬਿਤ ਕੇਸਾਂ ਦਾ ਵੀ ਵੱਡੀ ਗਿਣਤੀ ਵਿੱਚ ਨਿਪਟਾਰਾ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਇਨ੍ਹਾਂ ਲੋਕ ਅਦਾਲਤਾਂ ਵਿੱਚ ਰਾਜ਼ੀਨਾਮੇਯੋਗ ਫੌਜਦਾਰੀ ਕੇਸ, ਚੈੱਕ ਬਾਊਂਸ ਦੇ ਕੇਸ, ਸੜਕ ਹਾਦਸੇ ਸਬੰਧੀ ਕੇਸ, ਵਿਆਹ ਅਤੇ ਪਰਵਾਰਕ ਝਗੜਿਆਂ ਦੇ ਕੇਸ, ਕਿਰਤ ਮਾਮਲਿਆਂ ਦੇ ਕੇਸ, ਮਕਾਨ ਕਿਰਾਏ ਸਬੰਧੀ ਦੀਵਾਨੀ ਕੇਸ, ਬੈਂਕ ਰਿਕਵਰੀ, ਮਾਲ ਵਿਭਾਗ ਨਾਲ ਸਬੰਧਤ ਕੇਸ, ਬਿਜਲੀ ਤੇ ਪੀਣ ਵਾਲੇ ਪਾਣੀ ਨਾਲ ਸਬੰਧਿਤ ਕੇਸ ਅਤੇ ਹੋਰ ਆਪਸੀ ਸਹਿਮਤੀ ਨਾਲ ਨਿਪਟਾਏ ਜਾਣ ਵਾਲੇ ਕੇਸ ਰੱਖੇ ਗਏ ਸਨ।ਇਸ ਮੌਕੇ 1 ਵਿਵਾਹਿਤ ਜੋੜਾ ਜਿਨ੍ਹਾਂ ਦਾ ਕੇਸ ਅਦਾਲਤ ਵਿੱਚ ਚੱਲ ਰਿਹਾ ਸੀ, ਨੂੰ ਆਪਸੀ ਸਮਝੌਤੇ ਨਾਲ ਦੁਬਾਰਾ ਇਕੱਠਾ ਕੀਤਾ ਗਿਆ ਅਤੇ ਇਸ ਮੌਕੇ ਉਨ੍ਹਾਂ ਨੂੰ ਪੌਦਾ ਦਿੱਤਾ ਗਿਆ ਤਾਂ ਜੁ ਉਨ੍ਹਾਂ ਦਾ ਅਗਲੇਰਾ ਜੀਵਨ ਪੌਦਿਆਂ ਦੀ ਤਰ੍ਹਾਂ ਹਰਿਆ ਭਰਿਆ ਰਹੇ।ਸਕੱਤਰ ਨੇ ਦੱਸਿਆ ਕਿ ਇਸ ਨੈਸ਼ਨਲ ਲੋਕ ਅਦਾਲਤ 'ਚ ਆਪਣੇ ਕੇਸਾਂ ਦਾ ਨਿਪਟਾਰਾ ਕਰਵਾਉਣ ਲਈ ਲੋਕਾਂ ਵਿੱਚ ਭਰਵਾਂ ਉਤਸ਼ਾਹ ਦੇਖਿਆ ਗਿਆ ਤੇ ਇਸ ਲੋਕ ਅਦਾਲਤ ਦੀ ਸਫ਼ਲਤਾ ਵਿੱਚ ਨਿਆਂ ਅਧਿਕਾਰੀਆਂ, ਵਕੀਲ ਸਾਹਿਬਾਨ ਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੇ ਵਡਮੁੱਲਾ ਯੋਗਦਾਨ ਦਿੱਤਾ।

# ਪੰਜਾਬ ਪ੍ਰੈੱਸ ਕਲੱਬ ਜਲੰਧਰ ਵੱਲੋਂ ਦਿੱਲੀ 'ਚ ਪੱਤਰਕਾਰਾਂ ਨਾਲ ਬਦਸਲੂਕੀ ਦੀ ਪੁਰਜ਼ੋਰ ਨਿੰਦਾ



ਜਲੰਧਰ- ਪੰਜਾਬ ਪ੍ਰੈਸ ਕਲੱਬ, ਜਲੰਧਰ ਨਵੀਂ ਦਿੱਲੀ ਵਿੱਚ ਯੂਨਾਈਟਿਡ ਨਿਊਜ਼ ਆਫ਼ ਇੰਡੀਆ (ਯੂ ਐਨ ਆਈ) ਦੇ ਅਹਾਤੇ ਵਿੱਚ ਹਾਲ ਹੀ ਵਿੱਚ ਵਾਪਰੀ ਘਟਨਾ ਤੋਂ ਪ੍ਰਭਾਵਿਤ ਪੱਤਰਕਾਰਾਂ ਨਾਲ ਆਪਣੀ ਇਕਜੁੱਟਤਾ ਦਾ ਜ਼ੋਰਦਾਰ ਪ੍ਰਗਟਾਵਾ ਕਰਦਾ ਹੈ।ਅਸੀਂ ਅਧਿਕਾਰੀਆਂ ਦੁਆਰਾ ਮਹਿਲਾ ਪੱਤਰਕਾਰਾਂ ਸਮੇਤ ਹੋਰ ਪੱਤਰਕਾਰਾਂ ਨਾਲ ਕਥਿਤ ਤੌਰ 'ਤੇ ਕੀਤੀ ਗਈ ਬਦਸਲੂਕੀ ਅਤੇ ਜ਼ਬਰਦਸਤੀ ਹਟਾਉਣ ਦੀ ਡੂੰਘਾਈ ਨਾਲ ਨਿੰਦਾ ਕਰਦੇ ਹਾਂ। ਅਜਿਹੀਆਂ ਕਾਰਵਾਈਆਂ ਇੱਕ ਲੋਕਤੰਤਰੀ ਸਮਾਜ ਵਿੱਚ ਮੰਦਭਾਗੀਆਂ ਅਤੇ ਅਸਵਿਕਾਰਨਯੋਗ ਹਨ ਜਿੱਥੇ ਪ੍ਰੈਸ ਦੀ ਆਜ਼ਾਦੀ ਅਤੇ ਪੱਤਰਕਾਰਾਂ ਦੇ ਮਾਣ ਦਾ ਹਮੇਸ਼ਾ ਸਤਿਕਾਰ ਅਤੇ ਰੱਖਿਆ ਕੀਤਾ ਜਾਣਾ ਚਾਹੀਦਾ ਹੈ।

ਪੰਜਾਬ ਪ੍ਰੈਸ ਕਲੱਬ, ਜਲੰਧਰ ਪ੍ਰੈਸ ਕਲੱਬ ਆਫ਼ ਇੰਡੀਆ ਦੁਆਰਾ ਲਏ ਗਏ ਸਟੈਂਡ ਦਾ ਪੂਰਾ ਸਮਰਥਨ ਕਰਦਾ ਹੈ ਅਤੇ ਸਬੰਧਤ ਅਧਿਕਾਰੀਆਂ ਨੂੰ ਇਸ ਦੁਰਵਿਵਹਾਰ ਲਈ ਜ਼ਿੰਮੇਵਾਰ ਲੋਕਾਂ ਵਿਰੁੱਧ ਤੁਰੰਤ ਅਤੇ ਢੁਕਵੀਂ ਕਾਰਵਾਈ ਕਰਨ ਦੀ ਅਪੀਲ ਕਰਦਾ ਹੈ।

# ਉਦਯੋਗਿਕ ਸੁੱਰਖਿਆ ਤੇ ਕਿੱਤਾਮੁਖੀ ਸਿਹਤ ਜਾਗਰੂਕਤਾ ਪ੍ਰੋਗਰਾਮ ਕਰਾਇਆ



ਬਠਿੰਡਾ (ਪਰਵਿੰਦਰ ਜੀਤ ਸਿੰਘ) ਸੇਫ਼ਟੀ ਕਾਊਂਸਲ ਆਫ਼ ਪੰਜਾਬ ਦੇ ਦਿਸ਼ਾ-ਨਿਰਦੇਸ਼ ਹੇਠ ਬੀਸੀਐੱਲ ਇੰਡਸਟਰੀਜ਼ ਲਿਮ: ਦੇ ਸੰਗਤ ਵਿਖੇ ਸਥਿਤ ਡਿਸਟਿਲਰੀ ਯੂਨਿਟ ਵਿਖੇ ਇੱਕ ਵਿਸ਼ੇਸ਼ ਉਦਯੋਗਿਕ ਸੁਰੱਖਿਆ ਤੇ ਕਿੱਤਾਮੁਖੀ ਸਿਹਤ ਸਬੰਧੀ ਵਿਸ਼ੇਸ਼ ਜਾਗਰੂਕ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।ਡਾਇਰੈਕਟਰ ਆਫ਼ ਫੈਕਟਰੀਜ਼ ਦੀ ਅਗਵਾਈ ਹੇਠ ਐਨਡੀਆਰਐੱਫ ਦੀ ਸੱਤ ਬਟਾਲੀਅਨ ਦੀ ਵਿਸ਼ੇਸ਼ ਟੀਮ ਵੱਲੋਂ ਉਦਯੋਗਿਕ ਯੂਨਿਟ ਦੇ ਕ੍ਰਮਚਾਰੀਆਂ ਤੇ ਹੋਰ ਅਧਿਕਾਰੀਆਂ ਨੂੰ ਵਿਸ਼ੇਸ਼ ਸਿਖਲਾਈ ਦਿੱਤੀ ਗਈ।ਇਸ ਵਿਸ਼ੇਸ਼ ਪ੍ਰੋਗਰਾਮ 'ਚ ਹਿੱਸਾ ਲੈਣ ਵਾਲੇ ਸਾਰੇ ਕਰਮੀਆਂ ਨੂੰ ਅੰਤ 'ਚ ਸਾਰਫੀਕੇਟ ਵੀ ਦਿੱਤੇ ਗਏ। ਸਿਖਲਾਈ ਪ੍ਰੋਗਰਾਮ 'ਚ ਹਿੱਸਾ ਲੈਣ ਵਾਲੇ ਕਰਮੀਆਂ ਨੂੰ ਐਨਡੀਆਰਐੱਫ ਦੇ ਸਬ-ਇੰਸਪੈਕਟਰ ਨਿਤਿਨ ਤੇ ਉਨ੍ਹਾਂ ਦੀ ਟੀਮ ਵੱਲੋਂ ਕਿਸੇ ਵੀ ਖਤਰਨਾਕ ਸਥਿਤੀ ਦੌਰਾਨ ਹਾਲਾਤਾਂ ਨਾਲ ਕਿਸ ਤਰ੍ਹਾਂ ਲੜ੍ਹਿਆ ਜਾਵੇ ਤਾਂ ਜੁ ਸੁਰੱਖਿਆ ਨੂੰ ਹਰ ਪੱਖ ਤੋਂ ਕਾਇਮ ਰੱਖਿਆ ਜਾ ਸਕੇ ਇਸ ਸਬੰਧੀ ਵਿਸ਼ੇਸ਼ ਸਿਖਲਾਈ ਸ਼ੈਸ਼ਨ ਦਿੱਤਾ ਗਿਆ, ਜਿਸ 'ਚ ਐਨਡੀਆਰਐੱਫ ਤੇ ਕੰਪਨੀ ਦੇ ਕਰਮੀਆਂ ਨੇ ਮਿਲ ਕੇ ਕਈ ਸੁਰੱਖਿਆ ਪ੍ਰੋਗਰਾਮਾਂ ਨੂੰ ਪ੍ਰੈਕਟੀਕਲੀ ਵੀ ਮੌਕੇ 'ਤੇ ਅੰਜ਼ਾਮ ਦਿੱਤਾ। ਡਿਪਟੀ ਡਾਇਰੈਕਟਰ ਫੈਕਟਰੀਜ਼ ਡਾ. ਵਿਸ਼ਾਲ ਸਿੰਗਲਾ ਵੱਲੋਂ ਫੈਕਟਰੀ ਦੇ ਅੰਦਰ ਕਰਮੀਆਂ ਦੀ ਸੁਰੱਖਿਆ ਅਤੇ ਕਿੱਤਾ ਮੁੱਖੀ ਸਿਹਤ ਆਦਿ ਵਿਸ਼ਿਆਂ 'ਤੇ ਵਿਸਥਾਰ 'ਚ ਜਾਣਕਾਰੀ ਦਿੱਤੀ।ਪ੍ਰੋਗਰਾਮ ਦੇ ਅਗਲੇ ਸ਼ੈਸ਼ਨ ਦੌਰਾਨ ਸਿਵਲ ਡਿਫੈਂਸ ਬਠਿੰਡਾ ਤੋਂ ਉਚੇਚੇ ਤੌਰ 'ਤੇ ਪਹੁੰਚੇ ਡਿਪਟੀ ਚੀਫ ਵਾਰਡਨ ਨਰਿੰਦਰ ਬੱਸੀ ਵੱਲੋਂ ਇਕੱਤਰ ਕਰਮੀਆਂ ਨੂੰ ਸਿਹਤ ਸਬੰਧੀ ਜਾਗਰੂਕ ਕਰਦੇ ਵਿਚਾਰਾਂ ਤੋਂ ਇਲਾਵਾ ਐਚਆਈਵੀ ਤੇ ਡਰੱਗ ਆਦਿ ਵਿਸ਼ਿਆਂ ਸਬੰਧੀ ਵੀ ਵਿਸਥਾਰ ਪੂਰਵਕ ਲੈਕਚਰ ਦਿੱਤਾ। ਪ੍ਰੋਗਰਾਮ ਦੇ ਅੰਤ 'ਚ ਹਿੱਸਾ ਲੈਣ ਵਾਲੇ ਸਾਰੇ ਕਰਮੀਆਂ ਨੂੰ ਸੇਫਟੀ ਕਾਊਂਸਲ ਆਫ਼ ਪੰਜਾਬ ਦੀ ਤਰਫੋਂ ਸਾਰਟੀਫਿਕੇਟ ਵੀ ਦਿੱਤੇ ਗਏ, ਜਿਸ ਤੋਂ ਬਾਅਦ ਕੰਪਨੀ ਦੇ ਸੀਨੀਅਰ ਜੀਐੱਮ ਐੱਸਐੱਸ ਸੰਧੂ ਵੱਲੋਂ ਬਾਹਰ ਤੋਂ ਆਏ ਐਨਡੀਆਰਐੱਫ ਟੀਮ ਤੋਂ ਇਲਾਵਾ ਹੋਰ ਉਚ ਅਧਿਕਾਰੀਆਂ ਤੇ ਬੁਲਾਰਿਆਂ ਦਾ ਪਹੁੰਚਣ 'ਤੇ ਧੰਨਵਾਦ ਕੀਤਾ।

# ਲੜਕੀ ਭੇਦਭਰੇ ਹਾਲਾਤ 'ਚ ਲਾਪਤਾ, ਮਾਮਲਾ ਦਰਜ

ਡੇਰਾਬੱਸੀ (ਵਿਨੈ ਕੁਮਾਰ ਜੈਨ)-ਡੇਰਾਬੱਸੀ ਪੁਲਿਸ ਨੇ ਸ਼ਹਿਰ ਦੇ ਆਦਰਸ਼ ਨਗਰ ਇਲਾਕੇ ਵਿੱਚੋਂ ਇੱਕ 18 ਸਾਲਾ ਨੌਜਵਾਨ ਲੜਕੀ ਦੇ ਅਚਾਨਕ ਲਾਪਤਾ ਹੋਣ ਦੇ ਮਾਮਲੇ ਵਿੱਚ ਅਣਪਛਾਤੇ ਵਿਅਕਤੀ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਇਸ ਘਟਨਾ ਤੋਂ ਬਾਅਦ ਪਰਵਾਰ ਵਿੱਚ ਚਿੰਤਾ ਅਤੇ ਸਹਿਮ ਦਾ ਮਾਹੌਲ ਬਣਿਆ ਹੋਇਆ ਹੈ। ਜਾਣਕਾਰੀ ਅਨੁਸਾਰ ਪੀੜਤ ਪਰਿਵਾਰ ਦੇ ਮੁਖੀ ਨੇ ਪੁਲਿਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੱਸਿਆ ਕਿ ਉਸ ਦੀ ਪੁੱਤਰੀ, ਜਿਸ ਨੇ ਹਾਲ ਹੀ ਵਿੱਚ ਦਸਵੀਂ ਤੱਕ ਦੀ ਪੜ੍ਹਾਈ ਮੁਕੰਮਲ ਕੀਤੀ ਸੀ, ਬੀਤੀ 7 ਮਈ ਦੀ ਸ਼ਾਮ ਨੂੰ ਘਰੋਂ ਅਚਾਨਕ ਗਾਇਬ ਹੋ ਗਈ।ਪੀੜਤ ਪਿਤਾ ਨੇ ਦੱਸਿਆ ਕਿ ਉਹ ਸ਼ਾਮ ਕਰੀਬ 6 ਵਜੇ ਕਿਸੇ ਨਿੱਜੀ ਕੰਮ ਲਈ ਬਾਜ਼ਾਰ ਗਿਆ ਸੀ, ਪਰ ਜਦੋਂ ਉਹ ਮਹਿਜ਼ ਇੱਕ ਘੰਟੇ ਬਾਅਦ ਵਾਪਸ ਘਰ ਪਰਤਿਆ ਤਾਂ ਉਸ ਦੀ ਬੇਟੀ ਉੱਥੇ ਮੌਜੂਦ ਨਹੀਂ ਸੀ। ਲੜਕੀ ਦੀ ਗੈਰ-ਮੌਜੂਦਗੀ ਤੋਂ ਘਬਰਾਏ ਪਰਿਵਾਰ ਨੇ ਤੁਰੰਤ ਆਪਣੇ ਪੱਧਰ 'ਤੇ ਉਸ ਦੀ ਹਰ ਸੰਭਵ ਥਾਂ 'ਤੇ ਭਾਲ ਕੀਤੀ। ਰਿਸ਼ਤੇਦਾਰਾਂ ਤੇ ਜਾਣਕਾਰਾਂ ਕੋਲ ਪੁੱਛਗਿੱਛ ਕਰਨ ਦੇ ਬਾਵਜੂਦ ਜਦੋਂ ਕੋਈ ਸੁਰਾਗ ਨਹੀਂ ਮਿਲਿਆ, ਤਾਂ ਮਾਮਲੇ ਦੀ ਸੂਚਨਾ ਸਥਾਨਕ ਪੁਲਸ ਨੂੰ ਦਿੱਤੀ ਗਈ।ਡੇਰਾਬੱਸੀ ਪੁਲਿਸ ਨੇ ਲੜਕੀ ਦੇ ਪਿਤਾ ਦੇ ਬਿਆਨਾਂ ਦੇ ਅਧਾਰ ਤੇ ਮਾਮਲਾ ਦਰਜ ਕਰਕੇ ਮਾਮਲੇ ਦੀ ਤਫਤੀਸ਼ ਸ਼ੁਰੂ ਕਰ ਦਿੱਤੀ ਹੈ। ਪੁਲਿਸ ਨੇ ਦਾਅਵਾ ਕੀਤਾ ਕਿ ਜਲਦ ਹੀ ਲੜਕੀ ਨੂੰ ਸੁਰੱਖਿਅਤ ਬਰਾਮਦ ਕਰ ਲਿਆ ਜਾਵੇਗਾ ਤੇ ਇਸ ਘਟਨਾ ਪਿੱਛੇ ਸ਼ਾਮਲ ਕਿਸੇ ਵੀ ਸ਼ਰਾਰਤੀ ਅਨਸਰ ਨੂੰ ਬਖਸ਼ਿਆ ਨਹੀਂ ਜਾਵੇਗਾ।

# ਮਾਣੂੰਕੇ ਦੇ ਡਾ. ਕਲਾਮ ਇੰਟਰਨੈਸ਼ਨਲ ਸਕੂਲ 'ਚ ਮਾਂ ਦਿਵਸ ਮਨਾਇਆ




ਬਾਘਾ ਪੁਰਾਣਾ (ਮਨੀ ਸਿੰਗਲਾ) ਡਾਕਟਰ ਕਲਾਮ ਇੰਟਰਨੈਸ਼ਨਲ ਸਕੂਲ 'ਚ ਮੈਨੇਜਮੈਂਟ ਮੈਂਬਰ ਨਿਖਿਲ ਵਾਲੀਆ, ਰਾਮ ਗੁਪਤਾ ਤੇ ਪ੍ਰਿੰਸੀਪਲ ਮੈਡਮ ਗੁਰਪ੍ਰੀਤ ਸ਼ਰਮਾ ਦੀ ਅਗਵਾਈ ਹੇਠ 'ਮਾਂ ਦਿਵਸ' ਬੜੇ ਉਤਸ਼ਾਹ ਅਤੇ ਧੂਮਧਾਮ ਨਾਲ ਮਨਾਇਆ ਗਿਆ।ਸਕੂਲ 'ਚ ਰੰਗ-ਬਿਰੰਗੇ ਕਾਰਜਕ੍ਰਮ ਕਰਾਏ ਗਏ, ਜਿਨ੍ਹਾਂ ਵਿੱਚ ਪੋਸਟਰ ਮੇਕਿੰਗ, ਕਵਿਤਾ ਪਾਠ ਤੇ ਹੋਰ ਕਈ ਰੁਚਿਕਰ ਮੁਕਾਬਲੇ ਸ਼ਾਮਲ ਸਨ।ਸਮਾਗਮ ਦੌਰਾਨ ਨੰਨ੍ਹੇ-ਮੁੰਨੇ ਬੱਚਿਆਂ ਵੱਲੋਂ ਪੇਸ਼ ਕੀਤੇ ਮਨਮੋਹਕ ਡਾਂਸ ਪ੍ਰੋਗਰਾਮ ਨੇ ਹਾਜ਼ਰ ਦਰਸ਼ਕਾਂ ਦਾ ਦਿਲ ਜੀਤ ਲਿਆ ਤੇ ਮਾਹੌਲ ਨੂੰ ਖੁਸ਼ਗਵਾਰ ਬਣਾ ਦਿੱਤਾ।ਕੋ-ਆਰਡੀਨੇਟਰ ਅੰਕੀਤਾ ਮੈਡਮ ਨੇ ਆਪਣੇ ਸੰਬੋਧਨ ਵਿੱਚ ਮਾਂ ਦੀ ਅਹਿਮੀਅਤ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਮਾਂ ਦਾ ਦਰਜਾ ਰੱਬ ਵਰਗਾ ਹੁੰਦਾ ਹੈ ਤੇ ਉਸ ਦੀ ਮਮਤਾ ਤੇ ਅਸੀਸਾਂ ਹੀ ਸਾਨੂੰ ਜੀਵਨ ਵਿੱਚ ਅੱਗੇ ਵਧਣ ਦੀ ਪ੍ਰੇਰਣਾ ਦਿੰਦੀਆਂ ਹਨ।ਸਕੂਲ ਵੱਲੋਂ ਮਾਵਾਂ ਲਈ ਵੀ ਛੋਟੀਆਂ-ਛੋਟੀਆਂ ਖੇਡਾਂ ਦਾ ਆਯੋਜਨ ਕੀਤਾ ਗਿਆ, ਜਿਨ੍ਹਾਂ ਵਿੱਚ ਮਾਵਾਂ ਨੇ ਉਤਸ਼ਾਹ ਨਾਲ ਭਾਗ ਲਿਆ।ਇਨ੍ਹਾਂ ਖੇਡਾਂ ਰਾਹੀਂ ਮਾਵਾਂ ਨੇ ਸਾਬਤ ਕੀਤਾ ਕਿ ਉਨ੍ਹਾਂ ਦੇ ਅੰਦਰ ਅੱਜ ਵੀ ਇੱਕ ਬੱਚਾ ਜਿਉਂਦਾ ਹੈ।ਮਾਵਾਂ ਦੇ ਸਹਿਯੋਗ ਤੇ ਅਧਿਆਪਕਾਂ ਦੀ ਮਿਹਨਤ ਨਾਲ ਇਹ ਸਮਾਗਮ ਬਹੁਤ ਹੀ ਯਾਦਗਾਰ ਬਣਿਆ।ਅੰਤ 'ਚ ਸਾਰੀਆਂ ਮਾਤਾਵਾਂ ਨੇ ਵੀ ਡਾਂਸ ਵਿੱਚ ਭਾਗ ਲੈ ਕੇ ਸਮਾਗਮ ਨੂੰ ਹੋਰ ਰੌਣਕਮਈ ਬਣਾਇਆ।ਸਕੂਲ ਮੈਨੇਜਮੈਂਟ ਤੇ ਪ੍ਰਿੰਸੀਪਲ ਮੈਡਮ ਗੁਰਪ੍ਰੀਤ ਸ਼ਰਮਾ ਵੱਲੋਂ ਮਾਪਿਆਂ ਨੂੰ ਤੋਹਫ਼ੇ ਦੇ ਕੇ ਸਨਮਾਨਤ ਕੀਤਾ ਗਿਆ ਤੇ ਸਮੇਂ ਦੀ ਪਾਬੰਦੀ ਨਿਭਾਉਣ ਵਾਲੀਆਂ ਮਾਵਾਂ ਨੂੰ ਖਾਸ ਤੌਰ 'ਤੇ ਸਨਮਾਨ ਦਿੱਤਾ ਗਿਆ।ਸਮਾਗਮ ਦੇ ਅੰਤ ਵਿੱਚ ਮਾਤਾਵਾਂ ਵੱਲੋਂ ਸਕੂਲ ਲਈ ਆਪਣੇ ਸਕਾਰਾਤਮਕ ਫੀਡਬੈਕ ਸਾਂਝੇ ਕੀਤੇ ਗਏ।

# ਹੋਲੀਹਾਰਟ ਸਕੂਲ 'ਚ ਪੀਟੀ-1 ਦੇ ਪੇਪਰਾਂ ਸੰਬੰਧੀ ਪਹਿਲੀ ਮਾਪੇ-ਅਧਿਆਪਕ ਮਿਲਣੀ ਕਰਾਈ



ਅਜੀਤਵਾਲ (ਨਛੱਤਰ ਸੰਧੂ) ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਪੀਟੀ-1 ਦੇ ਆਉਣ ਵਾਲੇ ਪੇਪਰਾਂ ਨੂੰ ਧਿਆਨ ਵਿੱਚ ਰੱਖਦਿਆਂ ਸ਼ੈਸ਼ਨ ਦੀ ਪਹਿਲੀ ਮਾਪੇ-ਅਧਿਆਪਕ ਮਿਲਣੀ ਬਹੁਤ ਹੀ ਸੁਚੱਜੇ ਤੇ ਉਤਸ਼ਾਹਪੂਰਣ ਮਾਹੌਲ ਵਿੱਚ ਆਯੋਜਤ ਕੀਤੀ ਗਈ।ਸਕੂਲ ਵਿੱਚ ਬੱਚਿਆਂ ਦੇ ਮਾਪਿਆਂ ਨੇ ਵੱਡੀ ਗਿਣਤੀ ਵਿੱਚ ਪਹੁੰਚ ਕੇ ਅਧਿਆਪਕਾਂ ਨਾਲ ਆਪਣੇ ਬੱਚਿਆਂ ਦੀ ਪੜ੍ਹਾਈ ਅਤੇ ਸਕੂਲੀ ਗਤੀਵਿਧੀਆਂ ਬਾਰੇ ਵਿਚਾਰ-ਵਟਾਂਦਰਾ ਕੀਤਾ।ਮਿਲਣੀ ਦੌਰਾਨ ਅਧਿਆਪਕਾਂ ਵੱਲੋਂ ਮਾਪਿਆਂ ਨੂੰ ਪੀਟੀ-1 ਦੀ ਤਿਆਰੀ ਸਬੰਧੀ ਮਹੱਤਵਪੂਰਨ ਜਾਣਕਾਰੀਆਂ ਦਿੱਤੀਆਂ ਗਈਆਂ।ਬੱਚਿਆਂ ਦੀ ਰੋਜ਼ਾਨਾ ਪੜ੍ਹਾਈ, ਲਿਖਤ, ਹੋਮਵਰਕ, ਕਲਾਸ ਟੈਸਟਾਂ ਤੇ ਅਨੁਸ਼ਾਸਨ ਬਾਰੇ ਵੀ ਵਿਸਥਾਰ ਨਾਲ ਚਰਚਾ ਕੀਤੀ ਗਈ।ਅਧਿਆਪਕਾਂ ਨੇ ਮਾਪਿਆਂ ਨੂੰ ਕਿਹਾ ਕਿ ਬੱਚਿਆਂ ਦੀ ਪੜ੍ਹਾਈ ਵਿੱਚ ਨਿਰੰਤਰ ਧਿਆਨ ਦੇਣਾ ਬਹੁਤ ਜ਼ਰੂਰੀ ਹੈ ਤਾਂ ਜੁ ਬੱਚੇ ਪੇਪਰਾਂ ਵਿੱਚ ਵਧੀਆ ਪ੍ਰਦਰਸ਼ਨ ਕਰ ਸਕਣ।ਸਕੂਲ ਦੇ ਚੇਅਰਮੈਨ ਸੁਭਾਸ਼ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ਼੍ਰੈਆ ਪਲਤਾ ਤੇ ਸਕੂਲ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਨੇ ਮਾਪਿਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਕੂਲ ਤੇ ਮਾਪਿਆਂ ਦਾ ਆਪਸੀ ਸਹਿਯੋਗ ਹੀ ਬੱਚਿਆਂ ਦੀ ਸਫਲਤਾ ਦੀ ਕੁੰਜੀ ਹੈ।ਉਨ੍ਹਾਂ ਕਿਹਾ ਕਿ ਬੱਚਿਆਂ ਨੂੰ ਘਰ ਵਿੱਚ ਪੜ੍ਹਾਈ ਲਈ ਢੰਗ ਦਾ ਮਾਹੌਲ ਦੇਣਾ ਤੇ ਸਮੇਂ-ਸਮੇਂ ਤੇ ਉਹਨਾਂ ਦੀ ਪੜ੍ਹਾਈ ਦੀ ਜਾਂਚ ਕਰਨਾ ਬਹੁਤ ਜ਼ਰੂਰੀ ਹੈ।ਨਾਲ ਹੀ ਮਾਪਿਆਂ ਨੂੰ ਬੱਚਿਆਂ ਦੀ ਨਿਯਮਿਤ ਹਾਜ਼ਰੀ, ਸਮੇਂ ਦੀ ਪਾਬੰਦੀ ਤੇ ਸਕੂਲੀ ਨਿਯਮਾਂ ਦੀ ਪਾਲਣਾ ਯਕੀਨੀ ਬਣਾਉਣ ਲਈ ਵੀ ਕਿਹਾ ਗਿਆ।ਅਧਿਆਪਕਾਂ ਨੇ ਮਾਪਿਆਂ ਨੂੰ ਇਹ ਵੀ ਦੱਸਿਆ ਕਿ ਪੀਟੀ-1 ਦੇ ਪੇਪਰਾਂ ਲਈ ਸਕੂਲ ਵੱਲੋਂ ਪੂਰੀ ਤਿਆਰੀ ਕਰਵਾਈ ਜਾ ਰਹੀ ਹੈ ਤੇ ਬੱਚਿਆਂ ਨੂੰ ਹਰ ਵਿਸ਼ੇ ਦੀ ਚੰਗੀ ਤਰ੍ਹਾਂ ਦੁਹਰਾਈ ਕਰਵਾਈ ਜਾ ਰਹੀ ਹੈ।ਮਾਪਿਆਂ ਨੂੰ ਬੱਚਿਆਂ ਨੂੰ ਮੋਬਾਈਲ ਫੋਨ ਤੇ ਹੋਰ ਗੈਰ-ਜ਼ਰੂਰੀ ਗਤੀਵਿਧੀਆਂ ਤੋਂ ਦੂਰ ਰੱਖ ਕੇ ਪੜ੍ਹਾਈ ਵੱਲ ਪ੍ਰੇਰਿਤ ਕਰਨ ਦੀ ਅਪੀਲ ਵੀ ਕੀਤੀ ਗਈ।ਮਾਪਿਆਂ ਨੇ ਸਕੂਲ ਵੱਲੋਂ ਕਰਾਈ ਗਈ ਇਸ ਮਾਪੇ-ਅਧਿਆਪਕ ਮਿਲਣੀ ਦੀ ਭਰਪੂਰ ਸ਼ਲਾਘਾ ਕੀਤੀ ਤੇ ਕਿਹਾ ਕਿ ਇਸ ਤਰ੍ਹਾਂ ਦੀਆਂ ਮਿਲਣੀਆਂ ਨਾਲ ਉਨ੍ਹਾਂ ਨੂੰ ਆਪਣੇ ਬੱਚਿਆਂ ਦੀ ਪੜ੍ਹਾਈ ਤੇ ਪ੍ਰਗਤੀ ਬਾਰੇ ਪੂਰੀ ਜਾਣਕਾਰੀ ਮਿਲਦੀ ਹੈ।ਉਨ੍ਹਾਂ ਸਕੂਲ ਪ੍ਰਬੰਧਕਾਂ ਤੇ ਅਧਿਆਪਕਾਂ ਵੱਲੋਂ ਬੱਚਿਆਂ ਦੇ ਭਵਿੱਖ ਲਈ ਕੀਤੇ ਜਾ ਰਹੇ ਯਤਨਾਂ ਦੀ ਵੀ ਪ੍ਰਸੰਸਾ ਕੀਤੀ।

# ਲਿਟਲ ਫਲਾਵਰ ਦੀ ਕਰਾਟੇ ਟੀਮ ਨੇ ਜ਼ੋਨਲ ਚੈਂਪੀਅਨਸ਼ਿਪ 'ਚ ਮਾਰੀਆਂ ਮੱਲਾਂ



ਗੁਰੂ ਹਰਸਹਾਏ : (ਫ਼ਕੀਰ ਚੰਦ ਸਿਕਰੀ)-ਲਿਟਲ ਫਲਾਵਰ ਕਾਨਵੈਂਟ ਸਕੂਲ ਗੁਰੂ ਹਰਸਹਾਏ ਦੀ ਕਰਾਟੇ ਟੀਮ ਨੇ ਸੈਕਰਡ ਹਾਰਟ ਕਾਨਵੈਂਟ ਸਕੂਲ ਜਲਾਲਾਬਾਦ ਵਿਖੇ ਕਰਵਾਈ ਗਈ ਜ਼ੋਨਲ ਕਰਾਟੇ ਚੈਂਪੀਅਨਸ਼ਿਪ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸਕੂਲ ਦਾ ਨਾਂ ਰੌਸ਼ਨ ਕੀਤਾ।ਇਸ ਮੁਕਾਬਲੇ ਵਿੱਚ ਸਕੂਲ ਦੇ 38 ਵਿਦਿਆਰਥੀਆਂ ਨੇ ਭਾਗ ਲਿਆ, ਜਿਨ੍ਹਾਂ ਵਿੱਚੋਂ 24 ਵਿਦਿਆਰਥੀਆਂ ਨੇ ਗੋਲਡ ਮੈਡਲ, 8 ਨੇ ਸਿਲਵਰ ਮੈਡਲ ਤੇ 6 ਨੇ ਬ੍ਰੋਂਜ਼ ਮੈਡਲ ਜਿੱਤ ਕੇ ਸਫਲਤਾ ਹਾਸਲ ਕੀਤੀ।ਇਸ ਤੋਂ ਇਲਾਵਾ ਅੰਡਰ-19 ਮੁੰਡਿਆਂ ਤੇ ਕੁੜੀਆਂ ਦੀਆਂ ਟੀਮਾਂ ਨੇ ਪਹਿਲਾ ਸਥਾਨ ਹਾਸਲ ਕਰਕੇ ਸਕੂਲ ਦੀ ਝੋਲੀ ਵਿੱਚ ਇਕ ਹੋਰ ਵੱਡੀ ਉਪਲਬਧੀ ਪਾਈ।ਟੂਰਨਾਮੈਂਟ ਵਿੱਚ ਸ਼ਾਨਦਾਰ ਪ੍ਰਦਰਸ਼ਨ ਦੇ ਆਧਾਰ 'ਤੇ ਸਕੂਲ ਦੇ 24 ਵਿਦਿਆਰਥੀ ਰੀਜਨਲ ਲੈਵਲ ਟੂਰਨਾਮੈਂਟ ਲਈ ਵੀ ਚੁਣੇ ਗਏ ਹਨ।ਸਕੂਲ ਪ੍ਰਬੰਧਕਾਂ ਨੇ ਇਸ ਸ਼ਾਨਦਾਰ ਪ੍ਰਾਪਤੀ ਲਈ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਤੇ ਕੋਚ ਸ਼ਲਿੰਦਰ ਸਰ ਨੂੰ ਵਧਾਈ ਦਿੰਦਿਆਂ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।

# ਹੈਰੋਇਨ ਸਣੇ 2 ਵਿਅਕਤੀ ਕਾਬੂ

ਜਲਾਲਾਬਾਦ, (ਜੀਤ ਕੁਮਾਰ)-ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਨੇ 3 ਗ੍ਰਾਮ ਹੈਰੋਇਨ ਸਣੇ 2 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਸੁਨੀਲ ਕੁਮਾਰ ਨੇ ਦੱਸਿਆ ਕਿ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਦਾਨਾ ਮੰਡੀ ਜਲਾਲਾਬਾਦ ਤੋਂ ਲੱਲਾ ਬਸਤੀ ਦੇ ਬੈਕ ਸਾਈਡ ਬਣੀ ਸਮਾਧ ਦੇ ਕੋਲ ਪੁੱਜੀ ਤਾਂ ਉਥੇ ਸਤਨਾਮ ਸਿੰਘ ਉਰਫ ਸੱਤੂ ਤੇ ਪ੍ਰਵੀਨ ਕੌਰ ਨੂੰ ਸ਼ੱਕ ਦੀ ਬਿਨਾਅ 'ਤੇ ਕਾਬੂ ਕੀਤਾ ਗਿਆ ਅਤੇ ਉਸ ਪਾਸੋਂ ਸੁੱਟੇ ਗਏ ਮੋਮੀ ਲਿਫਾਫੇ ਨੂੰ ਚੈੱਕ ਕਰਨ ਤੇ ਉਸ 'ਚੋਂ 3 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਨੇ ਸਤਨਾਮ ਸਿੰਘ ਉਰਫ ਸੱਤੂ ਪੁਤਰ ਦਰਸ਼ਨ ਸਿੰਘ ਵਾਸੀ ਗੋਬਿੰਦ ਨਗਰੀ ਜਲਾਲਾਬਾਦ ਹਾਲ ਅਬਾਦ ਬਸਤੀ ਭੂੰਮਣ ਸ਼ਾਹ ਜਲਾਲਾਬਾਦ ਤੇ ਪ੍ਰਵੀਨ ਕੌਰ ਪਤਨੀ ਜਗਮੀਤ ਸਿੰਘ ਵਾਸੀ ਭਗਵਾਨਪੁਰਾ ਬਸਤੀ ਜਲਾਲਾਬਾਦ ਦੇ ਖਿਲਾਫ ਮੁਕੱਦਮਾ ਥਾਣਾ ਸਿਟੀ ਜਲਾਲਾਬਾਦ ਵਿਖੇ ਦਰਜ ਕੀਤਾ ਹੈ।

# ਸਵੈ-ਜਨਗਣਨਾ ਦੇ ਫਾਰਮ 'ਚ ਪੱਛੜੀ ਸ਼੍ਰੇਣੀ ਦਾ ਵਰਨਣ ਨਾ ਕਰਨ ਦੀ ਨਿਖੇਧੀ



ਕੋਟਕਪੂਰਾ, (ਰਛਪਾਲ ਭੁੱਲਰ) ਭਾਰਤੀ ਕਿਸਾਨ ਸੈਨ ਵੈਲਫ਼ੇਅਰ ਸਭਾ ਦੇ ਸੂਬਾ ਪ੍ਰਧਾਨ ਪ੍ਰਗਟ ਸਿੰਘ ਧੀਰਾਪੱਤਰਾ ਨੇ ਆਖਿਆ ਕਿ ਭਾਰਤ ਸਰਕਾਰ ਵੱਲੋਂ ਪੰਜਾਬ ਵਿੱਚ ਜਨਗਣਨਾ ਕਰਾਉਣ ਦਾ ਕੰਮ ਆਰੰਭ ਕਰ ਦਿੱਤਾ ਹੈ।ਇਸ ਤੋਂ ਪਹਿਲਾਂ ਕਿ ਗਿਣਤੀਕਾਰ ਤੁਹਾਡੇ ਘਰ ਆਵੇ, ਆਨਲਾਇਨ ਸਵੈ ਜਨਗਣਨਾ ਦਾ ਕੰਮ 14 ਮਈ ਤੋਂ ਆਰੰਭ ਕੀਤਾ ਜਾਣਾ ਹੈ ਤਾਂ ਜੁ ਗਿਣਤੀਕਾਰ ਦੇ ਘਰ ਆਉਣ ਤੇ ਘੱਟ ਤੋਂ ਘੱਟ ਸਮਾਂ ਲੱਗੇ, ਪਰ ਉਨ੍ਹਾਂ ਇਸ ਗੱਲ 'ਤੇ ਬੜੀ ਹੈਰਾਨੀ ਪ੍ਰਗਟਾਈ ਕਿ ਫਾਰਮ ਵਿੱਚ ਓਬੀਸੀ ਵਰਗ ਦਾ ਕੋਈ ਜ਼ਿਕਰ ਨਹੀਂ।ਸਰਕਾਰ ਜਾਣਦੇ ਹੋਏ ਵੀ ਜਾਤੀ ਜਨਗਣਨਾ ਨਹੀਂ ਕਰਾਨਾ ਚਾਹੁੰਦੀ ਤਾਂ ਕਿ ਉਹ ਆਪਣੀ ਅਸਲੀ ਤਾਕਤ ਵਿਖਾਉਣ ਤੋਂ ਵਾਂਝੇ ਰਹਿ ਸਕਣ । ਉਨ੍ਹਾਂ ਸਖ਼ਤ ਸ਼ਬਦਾਂ ਵਿੱਚ ਚਿਤਾਵਨੀ ਦਿੱਤੀ ਕਿ ਸਰਕਾਰ ਤੁਰੰਤ ਜਾਤੀ ਜਨਗਣਨਾ ਕਰਾਉਣ ਲਈ ਸਬੰਧਤ ਫਾਰਮ ਵਿੱਚ ਓਬੀਸੀ ਦਾ ਵਰਨਣ ਕਰਨ ਲਈ ਇੱਕ ਕਾਲਮ ਤਿਆਰ ਕਰੇ ਨਹੀਂ ਤਾਂ ਸਮੁੱਚਾ ਸੈਨ ਸਮਾਜ ਦੂਜੇ ਓਬੀਸੀ ਭਾਈਚਾਰੇ ਨਾਲ ਮਿਲ ਕੇ ਸੰਘਰਸ਼ ਲਈ ਮਜ਼ਬੂਰ ਹੋਵੇਗਾ।ਇਸ ਸਮੇਂ ਭਾਰਤੀ ਕਿਸਾਨ ਏਕਤਾ ਸੈਨ ਵੈਲਫੇਅਰ ਸਭਾ ਪੰਜਾਬ ਦੇ ਸੀਨੀਅਰ ਮੀਤ ਪ੍ਰਧਾਨ ਰਮਨ ਸੈਨ, ਪੰਜਾਬ ਮੀਤ ਪ੍ਰਧਾਨ ਨੀਲਾ ਸਿੰਘ, ਪੰਜਾਬ ਦੇ ਜਰਨਲ ਸਕੱਤਰ ਸਰਦਾਰ ਬੂਟਾ ਸਿੰਘ, ਪੰਜਾਬ ਦੇ ਜਨਰਲ ਸੈਕਟਰੀ ਰਛਪਾਲ ਸਿੰਘ ਭੁੱਲਰ, ਬਿੰਦਰ ਸਿੰਘ ਮੱਤਾ ਇਕਾਈ ਪ੍ਰਧਾਨ ਤੇ ਰੂਪ ਸਿੰਘ ਚੇਅਰਮੈਨ ਪੰਜਾਬ ਆਦਿ ਵੱਡੀ ਗਿਣਤੀ ਸਭਾ ਹਾਜ਼ਰ ਸਨ।



ਭਾਜਪਾ ਦੇ ਦਫਤਰ ਵਿਚ ਕੁਆਰਟਰਾਂ ਤੇ ਰੋਸ ਧਰਨੇ ਦੇਣ ਦੀ ਕਾਲ ਵਜੋਂ 'ਆਪ' ਵੱਲੋਂ ਹਲਕਾ ਵਿਧਾਇਕ ਬੰਗਾ ਡਾਕਟਰ ਸੁਖਵਿੰਦਰ ਸੁੱਖੀ ਤੇ ਵਿਧਾਇਕਾ ਸੰਤੋਸ਼ ਕਟਾਰੀਆ ਦੀ ਅਗਵਾਈ ਹੇਠ ਭਾਜਪਾ ਦਫਤਰ ਬਲਾਚੌਰ ਅੱਗੇ ਕੇਂਦਰ ਸਰਕਾਰ ਵਿਰੁੱਧ ਰੋਸ ਮੁਜ਼ਾਹਰਾ ਕੀਤਾ ਗਿਆ। (ਫੋਟੋ ਤੇ ਵੇਰਵਾ ਜਸਵਿੰਦਰ ਬੈਂਸ ਬਲਾਚੌਰ)

# ਆਧਸ ਵੱਲੋਂ ਵਾਲਮੀਕ ਸਤਿਸੰਗ ਕਰਵਾਇਆ



ਮੋਰਿੰਡਾ (ਨਿਹਾਲ ਸਿੰਘ ਕਲਸੀ)-ਆਦਿ ਧਰਮ ਸਮਾਜ (ਆਧਸ ) ਪੰਜਾਬ ਵੱਲੋਂ ਡਾ. ਭੀਮ ਰਾਓ ਅੰਬੇਦਕਰ ਕਮਿਊਨਟੀ ਸੈਂਟਰ ਮੋਰਿੰਡਾ ਵਿਖੇ ਵਾਲਮੀਕ ਸਤਿਸੰਗ ਕਰਵਾਇਆ ਗਿਆ ਜਿਸ ਵਿਚ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਹਾਜ਼ਰੀਆਂ ਭਰੀਆਂ। ਇਸ ਮੌਕੇ ਧਰਮ ਗੁਰੂ ਸ਼ੰਕਰਾਚਾਰੀਆ ਦਸ਼ਰਥ ਰਤਨ ਰਾਵਣ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਮਾਜਿਕ ਆਗੂ ਮੋਹਨ ਲਾਲ ਕਾਲਾ ਸਾਬਕਾ ਕੌਂਸਲਰ ਮੋਰਿੰਡਾ ਨੇ ਦੱਸਿਆ ਕਿ ਵਾਲਮੀਕ ਸਤਸੰਗ ਦੌਰਾਨ ਪ੍ਰਸਿੱਧ ਕਲਾਕਾਰ ਸਤਵਿੰਦਰ ਬਿੱਟੂ ਨੇ ਅਪਣੇ ਸਾਥੀਆਂ ਸਮੇਤ ਕਥਾ ਅਤੇ ਕੀਰਤਨ ਰਾਹੀਂ ਮਹਾਂਰਿਸ਼ੀ ਵਾਲਮੀਕਿ ਦੀ ਮਹਿਮਾ ਸੁਣਾ ਕੇ ਸ਼ਰਧਾਲੂਆਂ ਨੂੰ ਨਿਹਾਲ ਕੀਤਾ। ਇਸੇ ਦੌਰਾਨ ਧਰਮ ਗੁਰੂ ਸ਼ੰਕਰਾਚਾਰੀਆ ਦਸ਼ਰਥ ਰਤਨ ਰਾਵਣ ਨੇ ਸ਼ਰਧਾਲੂਆਂ ਨੂੰ ਮਹਾਂਰਿਸ਼ੀ ਵਾਲਮੀਕਿ ਦੇ ਦਰਸਾਏ ਮਾਰਗ ਤੇ ਚਲਣ ਅਤੇ ਅਪਣੇ ਹੱਕਾਂ ਅਤੇ ਫਰਜ਼ਾਂ ਤੇ ਇਮਾਨਦਾਰੀ ਤੇ ਤਨਦੇਹੀ ਨਾਲ ਪਹਿਰਾ ਦੇਣ ਦੀ ਪ੍ਰੇਰਨਾ ਦਿੱਤੀ। ਉਹਨਾਂ ਅਪਣੇ ਹੱਕਾਂ ਅਤੇ ਸਵੈਮਾਣ ਦੀ ਰਖਿਆ ਲਈ ਇਕਜੁਟ ਹੋਣ ਦਾ ਸਦਾ ਦਿਤਾ। ਇਸ ਮੌਕੇ ਸਮਾਗਮ ਦੇ ਮੁੱਖ ਪ੍ਰਬੰਧਕ ਮੋਹਨ ਲਾਲ ਕਾਲਾ ਨੇ ਵਿਸ਼ੇਸ਼ ਤੌਰ ਤੇ ਪਹੁੰਚੇ ਸ਼ੰਕਰਾਚਾਰੀਆ ਦਸ਼ਰਥ ਰਤਨ ਰਾਵਣ , ਭਜਨ ਮੰਡਲੀ ਦੇ ਮੈਂਬਰਾਂ ਅਤੇ ਸਮਾਗਮ ਪਹੁੰਚੇ ਪਤਵੰਤੇ ਸਜਣਾਂ ਨੂੰ ਸਿਰੋਪਾਓ ਅਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਨਗਰ ਕੌਂਸਲ ਮੋਰਿੰਡਾ ਦੇ ਪ੍ਰਧਾਨ ਜਗਦੇਵ ਸਿੰਘ ਭਟੋਆ, ਪੀ ਏ ਡੀ ਬੈਂਕ ਦੇ ਵਾਇਸ ਚੇਅਰਮੈਨ ਕਰਨੈਲ ਸਿੰਘ ਜੀਤ, ਮੁਲਾਜ਼ਮਾਂ ਦੇ ਸੁਬਾਈ ਆਗੂ ਸੁਖਵਿੰਦਰ ਸਿੰਘ ਦੁਮਣਾ, ਲਵਲੀ ਅਛੂਤ ਪਟਿਆਲਾ, ਸ਼ਕਤੀ ਦ੍ਰਾਵਿੜ ਰੂਪਨਗਰ, ਰਾਜਪਾਲ ਚੰਡੀਗੜ੍ਹ, ਚਮਨ ਲਾਲ ਕੁਰਾਲੀ, ਰਾਜੇਸ਼ ਦੈਤੀਆ ਲੁਧਿਆਣਾ, ਸੋਹਨ ਸਿੰਘ ਗੋਬਿੰਦਗੜ੍ਹ, ਸ਼ਾਮ ਸੁੰਦਰ ਮੋਹਾਲੀ, ਚਮਨ ਲਾਲ ਕੁਰਾਲੀ, ਜ਼ਿਲ੍ਹਾ ਸਿੰਘ ਰੈਲੋਂ, ਨਵੀਨ ਨਾਂਹ ਗਿਦੜਬਾਹਾ, ਦੇਸ਼ ਰਾਜ ਸੁਨਾਮ ਸਮੇਤ ਅਨੇਕਾਂ ਪਤਵੰਤੇ ਸੱਜਣ ਹਾਜ਼ਰ ਸਨ।

# ਮਦਰਜ਼ ਡੇ ਉਤਸ਼ਾਹ ਨਾਲ ਮਨਾਇਆ



ਜਲੰਧਰ (ਰਾਜੇਸ਼ ਥਾਪਾ)- ਏ ਜੀ ਆਈ ਗਲੋਬਲ ਸਕੂਲ ਵਿੱਚ ਮਦਰਜ਼ ਡੇ ਨੂੰ ਬਹੁਤ ਪਿਆਰ, ਸਨਮਾਨ ਤੇ ਭਾਵਨਾਤਮਕ ਗਰਮਜੋਸ਼ੀ ਨਾਲ ਮਨਾਇਆ ਗਿਆ। ਇਹ ਵਿਸ਼ੇਸ਼ ਸਮਾਗਮ ਮਾਵਾਂ ਦੇ ਨਿਸ਼ਕਾਮ ਪਿਆਰ, ਤਿਆਗ ਅਤੇ ਬੱਚਿਆਂ ਦੇ ਜੀਵਨ ਅਤੇ ਭਵਿੱਖ ਨੂੰ ਸਵਾਰਨ ਵਿੱਚ ਉਨ੍ਹਾਂ ਦੇ ਮਹੱਤਵਪੂਰਨ ਯੋਗਦਾਨ ਨੂੰ ਸਨਮਾਨ ਦੇਣ ਲਈ ਆਯੋਜਿਤ ਕੀਤਾ ਗਿਆ।ਸਮਾਗਮ ਦੌਰਾਨ ਮਾਵਾਂ, ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਬਹੁਤ ਉਤਸ਼ਾਹ ਨਾਲ ਭਾਗ ਲਿਆ, ਜਿਸ ਨਾਲ ਸਕੂਲ ਦਾ ਮਾਹੌਲ ਖੁਸ਼ੀ ਅਤੇ ਯਾਦਗਾਰ ਪਲਾਂ ਨਾਲ ਭਰ ਗਿਆ। ਵਿਦਿਆਰਥੀਆਂ ਵੱਲੋਂ ਮਾਵਾਂ ਨੂੰ ਸਮਰਪਿਤ ਰੰਗਾਰੰਗ ਸੱਭਿਆਚਾਰਕ ਪ੍ਰਸਤੁਤੀਆਂ ਪੇਸ਼ ਕੀਤੀਆਂ ਗਈਆਂ, ਜਿਨ੍ਹਾਂ ਵਿੱਚ ਗੀਤ, ਨਾਚ, ਕਵਿਤਾਵਾਂ ਅਤੇ ਨਾਟਿਕਾਵਾਂ ਸ਼ਾਮਲ ਸਨ। ਬੱਚਿਆਂ ਦੀਆਂ ਭਾਵੁਕ ਪੇਸ਼ਕਾਰੀਆਂ ਨੇ ਹਰ ਕਿਸੇ ਦਾ ਦਿਲ ਛੂਹ ਲਿਆ ਅਤੇ ਸਭ ਵੱਲੋਂ ਭਰਪੂਰ ਸਰਾਹਨਾ ਪ੍ਰਾਪਤ ਕੀਤੀ।ਮਦਰਜ਼ ਡੇ ਸਬੰਧੀ ਵਿਚਾਰ ਪ੍ਰਗਟ ਕਰਦਿਆਂ ਸਕੂਲ ਦੀ ਚੇਅਰਪਰਸਨ ਸਲਵਿੰਦਰਜੀਤ ਕੌਰ ਨੇ ਮਾਵਾਂ ਦੇ ਨਿਸ਼ਕਾਮ ਪਿਆਰ, ਸਹਿਯੋਗ ਅਤੇ ਪਰਿਵਾਰ ਤੇ ਸਮਾਜ ਪ੍ਰਤੀ ਉਨ੍ਹਾਂ ਦੇ ਜੀਵਨ ਭਰ ਦੇ ਯੋਗਦਾਨ ਲਈ ਧੰਨਵਾਦ ਪ੍ਰਗਟ ਕੀਤਾ। ਹਰਲੀਨ ਮੋਹੰਤੀ ਨੇ ਕਿਹਾ ਕਿ ਮਾਂ ਹਰ ਬੱਚੇ ਦੀ ਪਹਿਲੀ ਅਧਿਆਪਕ ਅਤੇ ਸਭ ਤੋਂ ਮਜ਼ਬੂਤ ਸਹਾਰਾ ਹੁੰਦੀ ਹੈ।ਸਕੂਲ ਦੀ ਪ੍ਰਿੰਸੀਪਲ ਆਰਤੀ ਸ਼ਰਮਾ ਨੇ ਵਿਦਿਆਰਥੀਆਂ ਤੇ ਅਧਿਆਪਕਾਂ ਦੇ ਯਤਨਾਂ ਦੀ ਸਰਾਹਨਾ ਕਰਦਿਆਂ ਕਿਹਾ ਕਿ ਸਕੂਲ ਹਮੇਸ਼ਾਂ ਮਜ਼ਬੂਤ ਪਰਿਵਾਰਿਕ ਮੁੱਲਾਂ ਅਤੇ ਸਰਵਪੱਖੀ ਸਿੱਖਿਆ ਨੂੰ ਉਤਸ਼ਾਹਿਤ ਕਰਨ ਲਈ ਵਚਨਬੱਧ ਰਹੇਗਾ।ਸਮਾਗਮ ਦਾ ਸਮਾਪਨ ਧੰਨਵਾਦ ਪ੍ਰਸਤਾਵ ਅਤੇ ਮਾਵਾਂ ਨੂੰ ਸਨਮਾਨ ਚਿੰਨ੍ਹ ਭੇਟ ਕਰਕੇ ਕੀਤਾ ਗਿਆ, ਜਿਸ ਨਾਲ ਇਹ ਸਮਾਰੋਹ ਹਰ ਕਿਸੇ ਲਈ ਯਾਦਗਾਰ ਅਤੇ ਭਾਵੁਕ ਬਣ ਗਿਆ।

# ਪ੍ਰਿੰ. ਕਿਰਨਪ੍ਰੀਤ ਕੌਰ ਧਾਮੀ ਦੇ ਅਕਾਲ ਚਲਾਣੇ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ



ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ) ਚੀਫ ਖਾਲਸਾ ਦੀਵਾਨ ਚੈਰੀਟੇਬਲ ਸੁਸਾਇਟੀ ਸ੍ਰੀ ਅੰਮ੍ਰਿਤਸਰ ਦੇ ਸਕੂਲਾਂ ਵਿੱਚ ਬਤੌਰ ਅਸਿਸਟੈਂਟ ਡਾਇਰੈਕਟਰ ਕੰਮ ਕਰ ਰਹੇ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਸਕੂਲ ਪੰਡੋਰੀ ਖਜੂਰ ਹੁਸ਼ਿਆਰਪੁਰ ਦੇ ਮੁਖੀ ਪ੍ਰਿੰਸੀਪਲ ਕਿਰਨਪ੍ਰੀਤ ਕੌਰ ਧਾਮੀ ਅਚਾਨਕ ਦਿਲ ਦੀ ਗਤੀ ਰੁਕ ਜਾਣ ਕਾਰਨ ਸਦੀਵੀ ਵਿਛੋੜਾ ਦੇ ਗਏ। ਜ਼ਿਕਰਯੋਗ ਹੈ ਕਿ ਪ੍ਰਿੰਸੀਪਲ ਕਿਰਨਪ੍ਰੀਤ ਕੌਰ ਧਾਮੀ ਲੰਬੇ ਸਮੇਂ ਤੋਂ ਚੀਫ਼ ਖਾਲਸਾ ਦੀਵਾਨ ਨਾਲ ਜੁੜੇ ਹੋਏ ਸਨ ਤੇ ਉਹਨਾਂ ਦੀ ਅਗਵਾਈ ਵਿੱਚ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਸਕੂਲ ਪੰਡੋਰੀ ਖਜੂਰ ਹੁਸ਼ਿਆਰਪੁਰ ਵਿੱਦਿਆ ਦੇ ਖੇਤਰ ਵਿੱਚ ਇਲਾਕੇ ਦਾ ਮੋਹਰੀ ਸਕੂਲ ਬਣਿਆ ਰਿਹਾ। ਪ੍ਰਿੰਸੀਪਲ ਕਿਰਨਪ੍ਰੀਤ ਕੌਰ ਧਾਮੀ ਦੇ ਅਚਾਨਕ ਅਕਾਲ ਚਲਾਣਾ ਕਰ ਜਾਣ ਤੇ ਵੱਖ ਵੱਖ ਖੇਤਰਾਂ ਨਾਲ ਜੁੜੀਆਂ ਸ਼ਖਸੀਅਤਾਂ ਨੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ। ਦੁੱਖ ਦਾ ਪ੍ਰਗਟਾਵਾ ਕਰਨ ਵਾਲਿਆਂ ਵਿੱਚ ਡਾ. ਪ੍ਰਭਜੋਤ ਕੌਰ, ਇੰਦਰਜੀਤ ਸਿੰਘ, ਗੁਰਮਿੰਦਰ ਸਿੰਘ ਭੁੱਲਰ, ਐਡਵੋਕੇਟ ਪਾਖਰ ਸਿੰਘ ਭੱਠਲ, ਨੰਬਰਦਾਰ ਕੁਲਦੀਪ ਸਿੰਘ, ਸਮਾਜ ਸੇਵੀ ਮਹਿੰਦਰ ਸਿੰਘ ਵਾਲੀਆ, ਸਰਬਜੀਤ ਸਿੰਘ ਰੈਣੂੰ, ਪ੍ਰਿੰਸੀਪਲ ਗੁਰਿੰਦਰ ਕੌਰ, ਪ੍ਰਿੰਸੀਪਲ ਸੁਖਪਾਲ ਕੌਰ ਵਾਲੀਆ, ਪ੍ਰਿੰਸੀਪਲ ਆਸ਼ਾ ਰਾਣੀ, ਐਨਸੀਸੀ ਅਫਸਰ ਰਣਜੀਤ ਸਿੰਘ, ਡਾ. ਹਰਮਨਪ੍ਰੀਤ ਸਿੰਘ ਕਾਹਲੋਂ, ਸੇਵਾ ਸਿੰਘ, ਰਣਜੋਧ ਸਿੰਘ, ਜਸਪ੍ਰੀਤ ਸਿੰਘ, ਗੁਰਿੰਦਰ ਸਿੰਘ ਕੰਦੋਲਾ, ਅਮਰਜੀਤ ਕੌਰ, ਜਸਵੰਤ ਸਿੰਘ, ਰਜਿੰਦਰ ਕੌਰ, ਨਰਿੰਦਰ ਕੌਰ, ਜੰਗ ਬਹਾਦਰ ਸਿੰਘ, ਦੀਪਾਂਜਲੀ ਸ਼ਰਮਾ, ਸਤਿੰਦਰ ਕੌਰ, ਜਸਪ੍ਰੀਤ ਕੌਰ, ਕੰਵਲਜੀਤ ਕੌਰ ਆਦਿ ਸ਼ਾਮਿਲ ਹਨ।

# 'ਸ਼ਾਂਤੀਵਣ ਮ੍ਰਿਤਕ ਦੇਹ ਸੰਭਾਲ ਕੇਂਦਰ' ਦਾ ਉਦਘਾਟਨ



ਫ਼ਰੀਦਕੋਟ, (ਐਲਿਗਜੈਂਡਰ ਡਿਸੂਜਾ) ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਗੁਰੂ ਤੇਗ ਬਹਾਦਰ ਨਗਰ ਸਥਿਤ ਸ਼ਮਸ਼ਾਨਘਾਟ ਵਿਖੇ 'ਸ਼ਾਂਤੀਵਣ ਮ੍ਰਿਤਕ ਦੇਹ ਸੰਭਾਲ ਕੇਂਦਰ' ਦਾ ਉਦਘਾਟਨ ਕੀਤਾ। ਉਨ੍ਹਾਂ ਨਾਲ ਫ਼ਰੀਦਕੋਟ ਦੇ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।ਸਮਾਗਮ ਦੌਰਾਨ ਸੰਬੋਧਨ ਕਰਦਿਆਂ ਸਪੀਕਰ ਸੰਧਵਾਂ ਨੇ ਇਸ ਕੇਂਦਰ ਨੂੰ ਸਮਾਜ ਦੀ ਵੱਡੀ ਸੇਵਾ ਅਤੇ ਸਮੇਂ ਦੀ ਮੁੱਖ ਲੋੜ ਦੱਸਿਆ।

ਸਪੀਕਰ ਨੇ ਕਿਹਾ ਕਿ ਅੱਜ ਦੇ ਦੌਰ ਵਿੱਚ ਪੰਜਾਬੀ ਦੁਨੀਆ ਦੇ ਹਰ ਕੋਨੇ ਵਿੱਚ ਫੈਲੇ ਹੋਏ ਹਨ।ਅਜਿਹੇ ਵਿੱਚ ਜਦੋਂ ਕਿਸੇ ਪਰਿਵਾਰ ਵਿੱਚ ਕੋਈ ਮੰਦਭਾਗੀ ਘਟਨਾ ਵਾਪਰਦੀ ਹੈ, ਤਾਂ ਵਿਦੇਸ਼ਾਂ ਤੋਂ ਮੈਂਬਰਾਂ ਦੇ ਪਹੁੰਚਣ ਤੱਕ ਮ੍ਰਿਤਕ ਦੇਹ ਨੂੰ ਸੰਭਾਲ ਕੇ ਰੱਖਣਾ ਇੱਕ ਵੱਡੀ ਚੁਣੌਤੀ ਹੁੰਦਾ ਹੈ।ਉਨ੍ਹਾਂ ਕਿਹਾ ਕਿ ਸ਼ਾਂਤੀਵਣ ਕੇਂਦਰ ਅਜਿਹੇ ਸਮੇਂ ਵਿੱਚ ਪਰਿਵਾਰਾਂ ਲਈ ਬਹੁਤ ਵੱਡੀ ਸਹੂਲਤ ਸਾਬਤ ਹੋਵੇਗਾ।ਉਨ੍ਹਾਂ ਬਾਬਾ ਫ਼ਰੀਦ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਦੇ ਲੋਕਾਂ ਵਿੱਚ ਮੌਜੂਦ ਸੇਵਾ ਭਾਵਨਾ ਦੀ ਵੀ ਭਰਪੂਰ ਸ਼ਲਾਘਾ ਕੀਤੀ।

ਪ੍ਰੋਜੈਕਟ ਵਿੱਚ ਬਾਬਾ ਫਰੀਦ ਸੁਸਾਇਟੀ ਸਰੀ (ਕੈਨੇਡਾ) ਵੱਲੋਂ ਦਿੱਤੇ ਗਏ ਵਿਸ਼ੇਸ਼ ਸਹਿਯੋਗ ਦਾ ਜ਼ਿਕਰ ਕਰਦਿਆਂ ਸਪੀਕਰ ਨੇ ਕਿਹਾ ਕਿ ਸਾਡੇ ਵਿਦੇਸ਼ੀ ਭਰਾਵਾਂ ਨੇ ਸਾਬਤ ਕਰ ਦਿੱਤਾ ਹੈ ਕਿ ਉਹ ਆਪਣੀ ਮਿੱਟੀ ਨਾਲ ਅੱਜ ਵੀ ਡੂੰਘਾ ਮੋਹ ਰੱਖਦੇ ਹਨ।ਉਨ੍ਹਾਂ ਇਸ ਨੇਕ ਕਾਰਜ ਲਈ ਸੁਸਾਇਟੀ ਅਤੇ ਸਥਾਨਕ ਧਾਰਮਿਕ-ਸਮਾਜਿਕ ਜਥੇਬੰਦੀਆਂ ਦਾ ਧੰਨਵਾਦ ਕੀਤਾ।

ਵਿਧਾਇਕ ਗੁਰਦਿੱਤ ਸਿੰਘ ਸੇਖੋਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬੀ ਭਾਈਚਾਰਾ ਭਾਵੇਂ ਦੁਨੀਆ ਦੇ ਕਿਸੇ ਵੀ ਹਿੱਸੇ ਵਿੱਚ ਚਲਾ ਜਾਵੇ, ਉਹ ਆਪਣੀਆਂ ਜੜ੍ਹਾਂ ਤੇ ਸਮਾਜਿਕ ਜ਼ਿੰਮੇਵਾਰੀਆਂ ਨੂੰ ਕਦੇ ਨਹੀਂ ਭੁੱਲਦਾ।ਉਨ੍ਹਾਂ ਕਿਹਾ ਕਿ ਇਹ ਕੇਂਦਰ ਇਲਾਕੇ ਦੇ ਲੋਕਾਂ ਲਈ ਇੱਕ ਅਹਿਮ ਸਹੂਲਤ ਹੋਵੇਗਾ।

## ਕਲਾਸੀਫਾਈਡ ਇਸ਼ਤਿਹਾਰ

### Change of Name

I, Sudesh Rani W/o Tejinder Sharma R/o NA 220, Kishanpura, Jalandhar, Punjab have changed my name from Sudesh Rani to Sudesh Sharma after marriage. All concerned please note.

I, Jasmeet Singh Dhot S/o Surjit Singh R/o H.No. WF. 50, Ali Mohalla, Jalandhar, Punjab-144001 have changed my name from Jasmeet Singh Dhot to Jasmeet Singh. All concerned please note.

I, Surjit Singh Dhot S/o Sampuran Singh R/o H.No. WF. 50, Ali Mohalla, Jalandhar, Punjab-144001 have changed my name from Surjit Singh Dhot to Surjit Singh. All concerned please note.

I, Harpreet Kaur Dhot W/o Surjit Singh R/o H.No. WF. 50, Ali Mohalla, Jalandhar, Punjab-144001 have changed my name from Harpreet Kaur Dhot to Harpreet Kaur. All concerned please note.

I, Saurav Kumar S/o Som Nath R/o House Number B-23, 618, Ravidass Nagar, Hoshiarpur, Punjab-146001 have changed my name from Saurav Kumar to Given Name Saurav & Surname as Kumar. Concerned Note.

I, Parminder Singh son of Yashpal Singh resident of VPO Kahlwan, Distt. Jalandhar, Punjab have changed my name to Singh as surname and Parminder as given name. All concern may note please.

I, Sweety Bala w/o Raj Kumar r/o H.No. 7, New Santokh Pura, Jalandhar have changed my name from Sweety Bala to Sweeti Bala. All Please Note.

I Rakesh S/o Gian Chand R/o Chachoki, Phagwara Distt. Kapurthala, have changed my name from Rakesh to Rakesh Kumar. All Please Note.

I, Gurpreet Singh S/o Kulwant Singh R/o Village Bhaini Khadar, P.O.Nanowal Jinder, Distt. Gurdaspur, Punjab, 143517 have changed my Given name as Gurpreet & Surname as Singh. All Please Note.

I, Vijay Kumar S/o Sardari Lal R/o H.No. 38, Mohalla Kot Ram Dass, Po. Chugitti, Distt. Jalandhar have changed my Given name as Vijay & Surname as Kumar. All Please Note.

I, Yavraj Singh S/o Lakhwinder Singh R/o Bhoya Fatehgarh, Distt. Amritsar, Punjab-143502 have changed my name from Yavraj Singh to Yuvraj Singh and Singh is my surname and Yuvraj is my given name.

### ਬੇਦਖਲੀ ਨੋਟਿਸ

ਮੈਂ, ਜੋਗਿੰਦਰ ਕੌਰ ਪਤਨੀ ਲੇਟ ਗੁਰਮੁਖ ਸਿੰਘ ਵਾਸੀ ਮਕਾਨ ਨੰਬਰ 66, ਨੇੜੇ ਬਾਵਾ ਟੈਂਟ ਹਾਊਸ, ਜੋਗਿੰਦਰ ਨਗਰ, ਜਲੰਧਰ-2, ਡਾਕਖਾਨਾ - ਪੀ.ਏ.ਪੀ. ਲਾਇਨ, ਜਲੰਧਰ ਕੈਂਟ, ਜ਼ਿਲ੍ਹਾ ਜਲੰਧਰ, ਪੰਜਾਬ-144006 ਸੂਚਿਤ ਕਰਦੀ ਹਾਂ ਕਿ ਮਿੱਤੀ 13-10-2020 ਨੂੰ ਮੇਰੇ ਪਤੀ ਗੁਰਮੁਖ ਸਿੰਘ ਨੇ ਆਪਣਾ ਲੜਕਾ ਸੁਰਮੁਖ ਸਿੰਘ ਸਿੱਧੂ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਬੇਦਖਲ ਕੀਤਾ ਸੀ। ਮੇਰੇ ਪਤੀ ਗੁਰਮੁਖ ਸਿੰਘ ਦੀ ਮੌਤ ਮਿਤੀ 13-04-2024 ਨੂੰ ਹੋ ਚੁੱਕੀ ਹੈ। ਹੁਣ ਮੇਰਾ ਲੜਕਾ ਸੁਰਮੁਖ ਸਿੰਘ ਸਿੱਧੂ ਮੇਰੇ ਕਹਿਣੇ ਵਿੱਚ ਹੈ। ਇਸ ਲਈ ਮੈਂ ਬੇਦਖਲੀ ਵਾਪਿਸ ਲੈਂਦੀ ਹਾਂ ਅਤੇ ਹੁਣ ਮੇਰਾ ਲੜਕਾ ਮੇਰੀ ਚੱਲ ਵਾ ਅਚੱਲ ਜਾਇਦਾਦ ਦਾ ਹੱਕਦਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਅਸੀਂ ਵਿਜੈ ਕੁਮਾਰ ਪੁੱਤਰ ਸੰਤ ਰਾਮ ਵਾ ਨਰੇਸ਼ ਕੁਮਾਰੀ ਪਤਨੀ ਵਿਜੈ ਕੁਮਾਰ ਵਾਸੀਆਨ ਮਕਾਨ ਨੰਬਰ 96/11, ਭਾਰਗੋ ਨਗਰ, ਜਲੰਧਰ, ਪੰਜਾਬ ਬਿਆਨ ਕਰਦੇ ਹਾਂ ਕਿ ਸਾਡਾ ਭਰਾ/ਜੇਠ ਬਚਨ ਲਾਲ ਵਾ ਉਸਦੀ ਪਤਨੀ ਆਸ਼ਾ ਰਾਣੀ ਵਾ ਇਨ੍ਹਾਂ ਦੇ ਲੜਕਿਆਂ ਵਿਨੋਦ ਕੁਮਾਰ ਵਾ ਬੰਟੀ ਨਾਲ ਕੋਈ ਵੀ ਲੈਣ ਦੇਣ ਵਾ ਤਲਕ ਵਾਸਤਾ ਨਹੀਂ ਹੈ। ਇਹ ਆਪਣੇ ਕੀਤੇ ਹੋਏ ਹਰੇਕ ਚੰਗੇ ਮਾੜੇ ਕੰਮ, ਲੈਣ ਦੇਣ ਅਤੇ ਨਫੇ ਨੁਕਸਾਨ ਦੇ ਖੁਦ ਜ਼ਿੰਮੇਵਾਰ ਹੋਣਗੇ। ਸਾਡੀ ਜਾਂ ਸਾਡੇ ਪਰਿਵਾਰਕ ਕਿਸੇ ਵੀ ਮੈਂਬਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬਧਿਤ ਨੋਟ ਕਰਨ।

ਮੈ ਸ਼ਿੰਦੋ ਪਤਨੀ ਹਰੀ ਸਿੰਘ ਵਾਸੀ ਵਾਰਡ ਨੰਬਰ 6 ਪੱਟੀ ਤਹਿਸੀਲ ਪੱਟੀ ਜ਼ਿਲ੍ਹਾ ਤਰਨਤਾਰਨ ਦੀ ਰਹਿਣ ਵਾਲੀ ਹਾਂ । ਮੇਰਾ ਲੜਕਾ ਸਰਵਨ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ । ਮੈਂ ਆਪਣੇ ਲੜਕੇ ਨੂੰ ਆਪਣੀ ਚੱਲ ਤੇ ਅਚੱਲ ਜਾਇਦਾਦ ਵਿੱਚੋਂ ਬੇਦਖ਼ਲ ਕਰਦੀ ਹਾਂ ।ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ੁੰਮੇਵਾਰ ਹੋਵੇਗਾ ।

ਮੈਂ ਕੁਲਵੰਤ ਸਿੰਘ ਪੁੱਤਰ ਸ਼੍ਰੀ ਸ਼ਾਮ ਸਿੰਘ ,ਵਾਸੀ ਮਕਾਨ ਨੰਬਰ 214, ਅਮੀਰ ਚੰਦ ਕਲੋਨੀ ਖਾਬਰਾਂ, ਤਹਿਸੀਲ ਤੇ ਜ਼ਿਲਾ ਜਲੰਧਰ ਇਹ ਬਿਆਨ ਕਰਦਾ ਹਾਂ ਕਿ ਮੈਂ ਆਪਣੇ ਲੜਕੇ ਅਮਰਜੀਤ ਸਿੰਘ ਨੂੰ ਹੁਣ ਆਪਣੇ ਕਹਿਣੇਕਾਰ ਹੋਣ ਕਰਕੇ ਉਸ ਸੰਬੰਧੀ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲੀ ਸੰਬੰਧੀ ਦਿੱਤਾ ਪਬਲਿਕ ਨੋਟਿਸ ਵਾਪਸ ਲੈਂਦਾ ਹਾਂ। ਹੁਣ ਮੇਰਾ ਲੜਕਾ ਮੇਰੀ ਚੱਲ-ਅਚੱਲ ਜਾਇਦਾਦ ਵਿਚ ਪੂਰਾ ਹੱਕਦਾਰ ਹੈ । ਸੰਬੰਧਤ ਨੋਟ ਕਰਨ।

ਮੈਂ, ਦਲਬੀਰ ਸਿੰਘ ਪੁੱਤਰ ਬੂਟਾ ਸਿੰਘ, ਵਾਸੀ ਪਿੰਡ ਭੁੱਚਰ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਗੁਰਵਿੰਦਰ ਕੌਰ (ਵਿਆਹੀ) ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦੀ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਵਾਰ ਦਾ ਇਸ ਨਾਲ ਕੋਈ ਸੰਬੰਧ ਨਹੀਂ ਹੈ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ।

### ਨਾਂਅ ਦੀ ਬਦਲੀ

ਮੈਂ, ਵੀਨਾ ਪੁੱਤਰੀ ਰਾਮ ਲੁਭਾਇਆ ਵਾਸੀ ਮਕਾਨ ਨੰ: 214, ਸ਼ਿਵ ਨਗਰ, ਗੜ੍ਹਾ, ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੈਂ ਆਪਣਾ ਨਾਮ ਵੀਨਾ ਤੋਂ ਬਦਲ ਕੇ ਵੀਨਾ ਰਾਣੀ ਰੱਖ ਲਿਆ ਹੈ। ਸੰਬਧਿਤ ਨੋਟ ਕਰਨ।

### ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

**'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।**

### ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀ ਜਗਸੀਰ ਸਿੰਘ ਮਿੱਤਲ, ਤਹਿਸੀਲਦਾਰ ਕਮ ਸਹਾਇਕ ਕੁਲੈਕਟਰ ਦਰਜਾ ਪਹਿਲਾ, ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ।

ਕੇਸ ਨੰਬਰ : 5/ਤਹਿ Other Cases/7/2026
ਦਾਇਰ ਮਿਤੀ : 06-02-2026
ਕਿਸਮ ਕੇਸ : ਦਰੁਸਤੀ ਗਿਰਦਾਵਰੀ ਰਕਬਾ ਪਿੰਡ : ਲੱਖੂਵਾਲ
ਅਗਲੀ ਤਾਰੀਖ ਪੇਸ਼ੀ : 25-05-2026

1. ਗੁਰਬੀਰ ਸਿੰਘ ਪੁੱਤਰ ਝਿਰਮਲ ਸਿੰਘ, ਵਾਸੀ ਪਿੰਡ ਲੱਖੂਵਾਲ, ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ। .......... ਦਾਅਵਾ ਕਰਤਾ

ਬਨਾਮ

ਹਰਭਜਨ ਕੌਰ ਵਗੈਰਾ .........ਉੱਤਰਵਾਦੀ ਧਿਰਾਂ

ਦਰਖਾਸਤ ਦਰੁਸਤੀ ਗਿਰਦਾਵਰੀ ਫਸਲ ਸਾਉਣੀ 2020 ਤੋਂ ਹਾਲ ਭੂਮੀ ਖਸਰਾ ਨੰਬਰ 33//22(7-8), 33//23(8-0), 33//24/1(4-0) ਖਾਤਾ ਖਤੌਨੀ ਨੰਬਰ 299/593, 89/188, ਮੁਤਾਬਿਕ ਜਮ੍ਹਾਂਬੰਦੀ ਸਾਲ 2019-20, ਵਾਕਿਆ ਰਕਬਾ ਪਿੰਡ ਲੱਖੂਵਾਲ, ਹ:ਬ ਨੰਬਰ 122, ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ।

ਉਕਤ ਅਨੁਵਾਨ ਕੇਸ ਵਿੱਚ ਹੇਠ ਦਰਜ ਉੱਤਰਵਾਦੀਆਂ ਦੀ ਤਲਬੀ ਸਧਾਰਨ ਸੰਮਨ ਰਾਹੀਂ ਕਰਨੀ ਸੰਭਵ ਨਾ ਹੋਣ ਕਾਰਨ ਅਖ਼ਬਾਰੀ ਇਸ਼ਤਿਹਾਰ ਰਾਹੀਂ ਉੱਤਰਵਾਦੀਆਂ ਅਤੇ ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਅਗਲੀ ਤਾਰੀਖ ਪੇਸ਼ੀ ਮਿਤੀ 25-05-2026 ਨੂੰ ਅਸਾਲਤਨ ਜਾਂ ਵਕਾਲਤਨ ਅਦਾਲਤ ਵਿੱਚ ਪੇਸ਼ ਹੋਣ ਤੇ ਕੇਸ ਦੀ ਪੈਰਵਾਈ ਕਰਨ। ਹਾਜ਼ਰ ਅਦਾਲਤ ਨਾ ਆਉਣ ਦੀ ਸੂਰਤ ਵਿੱਚ ਉਨ੍ਹਾਂ ਦੇ ਖਿਲਾਫ਼ ਇਕਤਰਫ਼ਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ ।

ਨੰ: ਤਹਿ/ਰੀਡਰ: 209 ਮਿਤੀ : 06/05/2026

ਸਹੀ/- ਸਹਾਇਕ ਕੁਲੈਕਟਰ ਦਰਜਾ ਪਹਿਲਾ ਅਜਨਾਲਾ

ਉੱਤਰਵਾਦੀ ਧਿਰ :-

1. ਹਰਭਜਨ ਕੌਰ ਪਤਨੀ ਨਰਿੰਦਰ ਸਿੰਘ 2. ਨਰੰਜਨ ਕੌਰ ਪੁੱਤਰੀ ਮਲ ਸਿੰਘ ਦੋਵੇਂ ਵਾਸੀਆਨ ਪਿੰਡ ਲੱਖੂਵਾਲ, ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ।

### ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀ ਜਗਸੀਰ ਸਿੰਘ ਮਿੱਤਲ, ਤਹਿਸੀਲਦਾਰ ਕਮ ਸਹਾਇਕ ਕੁਲੈਕਟਰ ਦਰਜਾ ਪਹਿਲਾ, ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ।

ਕੇਸ ਨੰਬਰ : 4/ਤਹਿ Other Cases/7/2026
ਦਾਇਰ ਮਿਤੀ : 06-02-2026
ਕਿਸਮ ਕੇਸ : ਦਰੁਸਤੀ ਗਿਰਦਾਵਰੀ ਰਕਬਾ ਪਿੰਡ : ਲੱਖੂਵਾਲ
ਅਗਲੀ ਤਾਰੀਖ ਪੇਸ਼ੀ : 25-05-2026

1. ਬਲਜਿੰਦਰ ਸਿੰਘ ਪੁੱਤਰ ਜਗਜੀਤ ਸਿੰਘ, ਵਾਸੀ ਪਿੰਡ ਲੱਖੂਵਾਲ, ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ। ....ਦਾਅਵਾ ਕਰਤਾ

ਬਨਾਮ

ਕਸ਼ਮੀਰ ਕੌਰ ਵਗੈਰਾ .........ਉੱਤਰਵਾਦੀ ਧਿਰਾਂ

ਦਰਖਾਸਤ ਦਰੁਸਤੀ ਗਿਰਦਾਵਰੀ ਫਸਲ ਸਾਉਣੀ 2020 ਤੋਂ ਹਾਲ ਭੂਮੀ ਖਸਰਾ ਨੰਬਰ 16//3(7-8), 23//5(8-0), 16//8/1(6-16), ਖਾਤਾ ਖਤੌਨੀ ਨੰਬਰ 131/1258, 112/224, 130/257 ਮੁਤਾਬਿਕ ਜਮ੍ਹਾਂਬੰਦੀ ਸਾਲ 2019-20, ਵਾਕਿਆ ਰਕਬਾ ਪਿੰਡ ਲੱਖੂਵਾਲ, ਹ:ਬ ਨੰਬਰ 122, ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ।

ਉਕਤ ਅਨੁਵਾਨ ਕੇਸ ਵਿੱਚ ਹੇਠ ਦਰਜ ਉੱਤਰਵਾਦੀਆਂ ਦੀ ਤਲਬੀ ਸਧਾਰਨ ਸੰਮਨ ਰਾਹੀਂ ਕਰਨੀ ਸੰਭਵ ਨਾ ਹੋਣ ਕਾਰਨ ਅਖ਼ਬਾਰੀ ਇਸ਼ਤਿਹਾਰ ਰਾਹੀਂ ਉੱਤਰਵਾਦੀਆਂ ਅਤੇ ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਅਗਲੀ ਤਾਰੀਖ ਪੇਸ਼ੀ ਮਿਤੀ 25-05-2026 ਨੂੰ ਅਸਾਲਤਨ ਜਾਂ ਵਕਾਲਤਨ ਅਦਾਲਤ ਵਿੱਚ ਪੇਸ਼ ਹੋਣ ਤੇ ਕੇਸ ਦੀ ਪੈਰਵਾਈ ਕਰਨ। ਹਾਜ਼ਰ ਅਦਾਲਤ ਨਾ ਆਉਣ ਦੀ ਸੂਰਤ ਵਿੱਚ ਉਨ੍ਹਾਂ ਦੇ ਖਿਲਾਫ਼ ਇਕਤਰਫ਼ਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ ।

ਨੰ: ਤਹਿ/ਰੀਡਰ: 210 ਮਿਤੀ : 06/05/2026

ਸਹੀ/- ਸਹਾਇਕ ਕੁਲੈਕਟਰ ਦਰਜਾ ਪਹਿਲਾ ਅਜਨਾਲਾ।

ਉੱਤਰਵਾਦੀ ਧਿਰ :-

1. ਕਸ਼ਮੀਰ ਸਿੰਘ ਪੁੱਤਰ ਲਛਮਣ ਸਿੰਘ 2. ਸੁਜਾਨ ਸਿੰਘ ਪੁੱਤਰ ਲਛਮਣ ਸਿੰਘ 3. ਇੰਦਰਜੀਤ ਸਿੰਘ ਪੁੱਤਰ ਨਰੈਣ ਸਿੰਘ 4. ਸਰਬਜੀਤ ਕੌਰ ਵਿਧਵਾ ਪਰਮਜੀਤ ਸਿੰਘ 5. ਰਾਜਬੀਰ ਸਿੰਘ ਪੁੱਤਰ ਜਸਬੀਰ ਸਿੰਘ 6. ਕਮਲਜੀਤ ਸਿੰਘ ਪੁੱਤਰ ਜਸਬੀਰ ਸਿੰਘ 7. ਵਰਿਆਮ ਸਿੰਘ ਪੁੱਤਰ ਅੱਛਰ ਸਿੰਘ 8. ਅਵਤਾਰ ਸਿੰਘ ਪੁੱਤਰ ਜਗੀਰ ਸਿੰਘ 9. ਅਮਰੀਕ ਕੌਰ ਵਿਧਵਾ ਜਗਜੀਤ ਸਿੰਘ 10. ਗੁਰਮੀਤ ਕੌਰ ਪਤਨੀ ਇੰਦਰਜੀਤ ਸਿੰਘ ਮ੍ਰਿਤਕ ਰਾਹੀਂ ਵਾਰਸ ਓ) ਗੁਰਪ੍ਰੀਤ ਕੌਰ ਹਾਲ ਪਤਨੀ ਮਲਕੀਤ ਸਿੰਘ ਵਾਸੀ ਪਿੰਡ ਪੱਧਰੀ, ਤਹਿਸੀਲ ਲੋਪੋਕੇ, ਜ਼ਿਲ੍ਹਾ ਅੰਮ੍ਰਿਤਸਰ ਅ) ਇੰਦਰਜੀਤ ਕੌਰ ਪੁੱਤਰੀ ਗੁਰਮੀਤ ਕੌਰ ਹਾਲ ਪਤਨੀ ਰਣਦੀਪ ਸਿੰਘ ਵਾਸੀ ਤਲਵੰਡੀ ਰਾਏਦਾਦੂ, ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ, 11. ਸੁਖਜਿੰਦਰ ਸਿੰਘ ਪੁੱਤਰ ਜਗਜੀਤ ਸਿੰਘ ਸਾਰੇ ਵਾਸੀਆਨ ਪਿੰਡ ਲੱਖੂਵਾਲ, ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ।

# ਹੈਰੋਇਨ, 45 ਨਸ਼ੀਲੀਆਂ ਗੋਲੀਆਂ ਤੇ 20,250 ਡਰੱਗ ਮਨੀ ਸਮੇਤ 2 ਕਾਬੂ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਚਾਹਲ)**- ਸੀਨੀਅਰ ਪੁਲਿਸ ਕਪਤਾਨ ਕਪੂਰਥਲਾ ਦੇ ਦਿਸ਼ਾ-ਨਿਰਦੇਸ਼ਾਂ ਹੇਠ ਨਸ਼ਿਆਂ ਖ਼ਿਲਾਫ਼ ਚਲਾਈ ਜਾ ਰਹੀ ਮੁਹਿਮ ਨੂੰ ਉਸ ਵੇਲੇ ਵੱਡੀ ਸਫਲਤਾ ਮਿਲੀ ਜਦੋਂ ਸੁਲਤਾਨਪੁਰ ਲੋਧੀ ਪੁਲਿਸ ਨੇ ਇੱਕ ਔਰਤ ਅਤੇ ਇੱਕ



ਵਿਅਕਤੀ ਨੂੰ ਕਾਬੂ ਕਰਕੇ ਉਨ੍ਹਾਂ ਕੋਲੋਂ 08 ਗ੍ਰਾਮ ਹੈਰੋਇਨ, 45 ਨਸ਼ੀਲੀਆਂ ਗੋਲੀਆਂ ਅਤੇ 20,250 ਦੀ ਡਰੱਗ ਮਨੀ ਬਰਾਮਦ ਕੀਤੀ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸੁਲਤਾਨਪੁਰ ਲੋਧੀ ਦੇ ਹਰਿੰਦਰ ਸਿੰਘ ਥਾਣਾ ਮੁਖੀ ਨੇ ਦੱਸਿਆ ਕਿ 8 ਮਈ ਨੂੰ ਐਂਸ ਆਈ ਸੁਖਜੀਤ ਸਿੰਘ ਸਮੇਤ ਪੁਲਿਸ ਪਾਰਟੀ ਵੱਲੋਂ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਦੌਰਾਨ ਦੋਸ਼ੀਆਂ ਅਲਵੀਰ ਸਿੰਘ ਉਰਫ਼ ਲੱਕਾ ਉਰਫ਼ ਠਾਕਰ ਪੁੱਤਰ ਚਰਨ ਸਿੰਘ ਅਤੇ ਵਿਦਿਆ ਰਾਣੀ ਪਤਨੀ ਚਰਨ ਸਿੰਘ ਵਾਸੀ ਅਲੋਵਾਲ ਨੂੰ ਕਾਬੂ ਕੀਤਾ ਗਿਆ। ਤਲਾਸ਼ੀ ਦੌਰਾਨ ਉਨ੍ਹਾਂ ਕੋਲੋਂ 8 ਗ੍ਰਾਮ ਹੈਰੋਇਨ, 45 ਨਸ਼ੀਲੀਆਂ ਗੋਲੀਆਂ ਅਤੇ 20,250 ਦੀ ਡਰੱਗ ਮਨੀ ਬਰਾਮਦ ਹੋਈ। ਮੁੱਢਲੀ ਪੁੱਛਗਿੱਛ ਦੌਰਾਨ ਸਾਹਮਣੇ ਆਇਆ ਕਿ ਦੋਵੇਂ ਦੋਸ਼ੀ ਕਾਫੀ ਸਮੇਂ ਤੋਂ ਨਸ਼ਾ ਵੇਚਣ ਦੇ ਧੰਦੇ ਨਾਲ ਜੁੜੇ ਹੋਏ ਸਨ। ਪੁਲਿਸ ਵੱਲੋਂ ਦੋਸ਼ੀਆਂ ਦੇ ਪਿਛੋਕੜ ਦੀ ਜਾਂਚ ਕੀਤੀ ਗਈ ਤਾਂ ਪਤਾ ਲੱਗਾ ਕਿ ਅਲਵੀਰ ਸਿੰਘ ਉਰਫ਼ ਲੱਕਾ ਖ਼ਿਲਾਫ਼ ਪਹਿਲਾਂ ਵੀ ਐੱਨ ਡੀ ਪੀ ਐੱਸ ਐਕਟ ਅਧੀਨ ਕਈ ਮਾਮਲੇ ਦਰਜ ਹਨ।

ਥਾਣਾ ਸੁਲਤਾਨਪੁਰ ਲੋਧੀ ਵਿੱਚ ਐੱਨ ਡੀ ਪੀ ਐੱਸ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

# ਸਾਂਝਾ ਫਰੰਟ ਪੰਜਾਬ ਦੀ ਸੂਬਾਈ ਕਨਵੈਨਸ਼ਨ 'ਚ ਸ਼ਾਮਲ ਹੋਣ ਦਾ ਫੈਸਲਾ

**ਜਲੰਧਰ (ਰਾਜੇਸ਼ ਥਾਪਾ)**- ਪੰਜਾਬ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਜਲੰਧਰ ਦੀ ਮਹੀਨਾਵਾਰ ਮੀਟਿੰਗ ਪ੍ਰਧਾਨ ਬਾਲ ਕ੍ਰਿਸ਼ਨ ਸੂਦ ਦੀ ਪ੍ਰਧਾਨਗੀ ਹੇਠ ਕੀਤੀ ਗਈ। ਮੀਟਿੰਗ ਵਿੱਚ ਪੰਜਾਬ ਸਟੇਟ ਪੈਨਸ਼ਨਰਜ਼



ਕਨਫੈਡਰੇਸ਼ਨ (ਰਜਿ) ਦੇ ਸੂਬਾ ਸਹਾਇਕ ਪ੍ਰੈੱਸ ਸਕੱਤਰ ਕੁਲਦੀਪ ਸਿੰਘ ਕੌੜਾ ਨੇ ਜੁਆਇੰਟ ਗੌਰਮਿੰਟ ਪੈਨਸ਼ਨਰਜ਼ ਫਰੰਟ ਪੰਜਾਬ ਵੱਲੋਂ ਮਿਤੀ 8 ਮਈ ਨੂੰ ਡਿਪਟੀ ਡਾਇਰੈਕਟਰ ਪੈਨਸ਼ਨ ਵੰਡ ਅਤੇ ਲੇਖਾ, ਵਿੱਤ ਅਤੇ ਯੋਜਨਾ ਵਿਭਾਗ ਨਾਲ ਹੋਈ ਸੂਬਾਈ ਮੀਟਿੰਗ ਦੇ ਵੇਰਵੇ ਸਾਂਝੇ ਕਰਦੇ ਹੋਏ ਕਿਹਾ ਕਿ ਜਿਹਨਾਂ ਪੈਨਸ਼ਨਰਾਂ ਨੇ ਅਜੇ ਤੱਕ ਡਿਜ਼ੀਟਲ ਲਾਈਵ ਸਰਟੀਫਿਕੇਟ ਅੱਪਡੇਟ ਨਹੀਂ ਕਰਵਾਇਆ,ਉਹ ਆਪਣਾ ਸਰਟੀਫਿਕੇਟ ਜਲਦੀ ਤੋਂ ਜਲਦੀ ਅੱਪਡੇਟ ਕਰਵਾ ਲੈਣ ਤਾਂ ਜੋ ਭਵਿੱਖ ਵਿੱਚ ਪੈਨਸ਼ਨ ਖਾਤਿਆਂ ਵਿੱਚ ਪੈਣ ਸੰਬੰਧੀ ਕੋਈ ਸਮੱਸਿਆ ਪੈਦਾ ਨਾ ਹੋਵੇ। ਉਹਨਾਂ ਨੇ ਇਹ ਵੀ ਦੱਸਿਆ ਕਿ ਜਿਹਨਾਂ ਮੈਂਬਰਾਂ ਦਾ ਐੱਲ ਟੀ ਸੀ ਡਿਊ ਹੈ,ਉਹ ਆਪਣਾ ਐੱਲ ਟੀ ਸੀ ਲੈਣ ਲਈ ਪੈਨਸ਼ਨ ਪੋਰਟਲ ਤੇ ਅਪਡੇਟ ਕਰਨ ਤਾਂ ਜੋ ਉਹਨਾਂ ਨੂੰ ਐੱਲ ਟੀ ਸੀ ਮਿਲ ਸਕੇ।ਮੀਟਿੰਗ ਵਿੱਚ ਹਾਜ਼ਰ ਆਗੂਆਂ ਨੇ ਸਾਂਝੇ ਤੌਰ 'ਤੇ ਅਪ੍ਰੈਲ ਮਹੀਨੇ ਦੀਆਂ ਪੈਨਸ਼ਨਾਂ ਪੈਨਸ਼ਨਰਾਂ ਦੇ ਖਾਤਿਆਂ ਵਿੱਚ ਲੇਟ ਪਾਉਣ ਅਤੇ ਪੈਨਸ਼ਨਰਾਂ ਨੂੰ ਖੱਜਲ ਖੁਆਰ ਕਰਨ ਦੀ ਤਿੱਖੀ ਨਿਖੇਧੀ ਕਰਦੇ ਹੋਏ ਮੰਗ ਕੀਤੀ ਕਿ ਭਵਿੱਖ ਵਿੱਚ ਖਾਤਿਆਂ ਵਿੱਚ ਪੈਨਸ਼ਨਾਂ ਸਮੇਂ ਸਿਰ ਪਾਉਣ ਲਈ ਪੰਜਾਬ ਸਰਕਾਰ ਸੰਬੰਧਿਤ ਬੈਂਕ ਨੂੰ ਲੋੜੀਂਦਾ ਫੰਡ ਸਮੇਂ ਸਿਰ ਭੇਜੇ ਤਾਂ ਜੋ ਪੈਨਸ਼ਨਰਾਂ ਦੀ ਖੱਜਲ ਖੁਆਰੀ ਨਾ ਹੋਵੇ। ਮੀਟਿੰਗ ਵਿੱਚ ਸਰਬ ਸੰਮਤੀ ਨਾਲ ਮਤਾ ਪਾਸ ਕਰਕੇ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਵਲੋਂ 17 ਮਈ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਕੀਤੀ ਜਾ ਰਹੀ ਸੂਬਾਈ ਕਨਵੈਨਸ਼ਨ ਵਿੱਚ ਵੱਧ ਚੜ੍ਹ ਕੇ ਸ਼ਾਮਲ ਹੋਣ ਦਾ ਫੈਸਲਾ ਕੀਤਾ ਗਿਆ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਪਵਨ ਮਸੀਹ, ਗੁਰਦੇਵ ਰਾਮ ਚਿੱਟੀ, ਬਲਵਿੰਦਰ ਕੁਮਾਰ ਪ੍ਰਧਾਨ ਫਿਲੌਰ,ਤਾਰਾ ਸਿੰਘ ਬੀਕਾ, ਮੁਖਤਿਆਰ ਸਿੰਘ, ਰਾਮ ਕਿਸ਼ਨ, ਵਿੱਦਿਆ ਸਾਗਰ, ਜੋਗਿੰਦਰ ਸਿੰਘ ਆਦਿ ਪੈਨਸ਼ਨਰ ਸਾਥੀ ਸ਼ਾਮਲ ਹੋਏ।

# ਪੈਨਸ਼ਨਰਜ਼ ਜੁਆਇੰਟ ਫਰੰਟ ਦਾ ਡੈਪੂਟੇਸ਼ਨ ਡਾਇਰੈਕਟਰ ਪੈਨਸ਼ਨ ਵੰਡ ਤੇ ਵਿੱਤ ਨੂੰ ਮਿਲਣ ਪਹੁੰਚਿਆ

**ਜਲੰਧਰ (ਰਾਜੇਸ਼ ਥਾਪਾ)**- ਪੰਜਾਬ ਦੇ ਲੱਖਾਂ ਪੈਨਸ਼ਨਰਾਂ ਦੀਆਂ ਅਪ੍ਰੈਲ ਮਹੀਨੇ ਦੀਆਂ ਰੁਕੀਆਂ ਪੈਨਸ਼ਨਾਂ ਜਾਰੀ ਕਰਵਾਉਣ, ਅੱਗੇ ਤੋਂ ਪੈਨਸ਼ਨਾਂ ਵਿੱਚ ਦੇਰੀ ਨਾ ਹੋਵੇ ਅਤੇ ਪੈਨਸ਼ਨ ਪੋਰਟਲ ਤੇ ਲਾਈਵ ਸਾਰਟੀਫਿਕੇਟ, ਈ ਕੇ ਵਾਈ ਸੀ ਟੀ.ਸੀ ਅਤੇ ਓਲਡ ਏਜ ਭੱਤੇ ਦੀ ਸਮੇਂ ਸਿਰ ਅਦਾਇਗੀ ਸਬੰਧੀ ਆ ਰਹੀਆਂ ਸਮੱਸਿਆਵਾਂ ਨੂੰ ਹੱਲ ਕਰਵਾਉਣ ਲਈ, ਪੰਜਾਬ ਗੌਰਮਿੰਟ ਪੈਨਸ਼ਨਰਜ਼ ਜੁਆਇੰਟ ਫਰੰਟ ਦਾ ਮਾਸ ਡੈਪੂਟੇਸ਼ਨ ਭਜਨ ਸਿੰਘ ਗਿੱਲ, ਕਰਮ ਸਿੰਘ ਧਨੋਆ, ਸੁਖਵਿੰਦਰ ਸਿੰਘ ਸੈਣੀ ਦੀ ਅਗਵਾਈ ਵਿੱਚ ਡਾਇਰੈਕਟਰ ਪੈਨਸ਼ਨ ਵੰਡ ਅਤੇ ਖਜ਼ਾਨਾ ਨੂੰ ਮਿਲਣ ਲਈ ਚੰਡੀਗੜ੍ਹ ਪਹੁੰਚਿਆ ਪਰ ਡਾਇਰੈਕਟਰ ਸਾਹਿਬ ਦਫ਼ਤਰ ਵਿੱਚ ਨਾ ਹੋਣ ਕਰਕੇ ਡਿਪਟੀ ਡਾਇਰੈਕਟਰ ਸੁਨੀਲ ਸੱਚਦੇਵਾ ਨੂੰ ਮਿਲਿਆ। ਵਫ਼ਦ ਨਾਲ ਗੱਲਬਾਤ ਕਰਦਿਆਂ ਉਹਨਾਂ ਵਿਸ਼ਵਾਸ ਨਾਲ ਦੱਸਿਆ ਕਿ ਲਾਈਵ ਸਰਟੀਫਿਕੇਟ ਅੱਪਡੇਟ ਨਾ ਹੋਣ ਕਰਕੇ ਪੈਨਸ਼ਨਾਂ ਪੈਣ ਵਿੱਚ ਟੈਕਨੀਕਲ ਰੁਕਾਵਟ ਪੈਣ ਕਾਰਨ ਪੈਨਸ਼ਨਾਂ ਪਾਉਣ



ਵਿੱਚ ਦੇਰੀ ਹੋਈ ਹੈ। ਪਰ ਜੁਆਇੰਟ ਫਰੰਟ ਦੇ ਆਗੂਆਂ ਨੇ ਕਿਹਾ ਕਿ ਇਹ ਸਮੱਸਿਆ ਕੁੱਝ ਪੈਨਸ਼ਨਰਾਂ ਫੈਮਲੀ ਪੈਨਸ਼ਨਰਾਂ ਦੀ ਹੋ ਸਕਦੀ ਹੈ ਪਰ ਸਾਰੇ ਪੈਨਸ਼ਨਰਾਂ ਦੀਆਂ ਪੈਨਸ਼ਨਾਂ ਬੰਦ ਕਰਨੀਆਂ ਬੁੱਢੇ ਅਤੇ ਲਾਚਾਰ ਪੈਨਸ਼ਨਰਾਂ ਨਾਲ ਸਰਾਸਰ ਧੱਕਾ ਹੈ। ਇਸ ਸਬੰਧੀ ਉਹਨਾਂ ਡਾਇਰੈਕਟਰ ਨਾਲ ਮੀਟਿੰਗ ਕਰਵਾਉਣ ਦਾ ਭਰੋਸਾ ਦਿੱਤਾ ਜਿਸ ਸਬੰਧੀ ਸ਼ਾਮ ਨੂੰ ਉਹਨਾਂ ਫੋਨ ਤੇ ਦੱਸਿਆ ਕਿ ਡਾਇਰੈਕਟਰ ਨਾਲ ਜੁਆਇੰਟ ਗੌਰਮਿੰਟ ਪੈਨਸ਼ਨਰਜ਼ ਫਰੰਟ ਦੀ ਮੀਟਿੰਗ 15 ਮਈ ਨੂੰ 12:00 ਵਜੇ ਤਹਿ ਹੋ ਗਈ ਹੈ। ਇਸ ਮੀਟਿੰਗ ਵਿੱਚ ਪੈਨਸ਼ਨ ਫੰਡ ਸਮੇਂ ਸਿਰ ਬੈਂਕਾਂ ਨੂੰ ਜਾਰੀ ਹੋਣ, ਪੈਨਸ਼ਨ ਪੋਰਟਲ ਸਬੰਧੀ ਆ ਰਹੀਆਂ ਸਮੱਸਿਆਵਾਂ ਸਬੰਧੀ ਵਿਸਥਾਰ ਨਾਲ ਵਿਚਾਰ ਚਰਚਾ ਕੀਤੀ ਜਾਵੇਗੀ।* ਵਫਦ ਵਿੱਚ ਸ਼ਾਮਲ ਜੁਆਇੰਟ ਫਰੰਟ ਦੇ ਮੈਂਬਰਾਂ ਸੁਰਿੰਦਰ ਰਾਮ ਕੁੱਸਾ , ਪ੍ਰੇਮ ਚੰਦ ਪੰਜੋਲਾ, ਅਮਰੀਕ ਸਿੰਘ, ਨਿਰਮਲ ਸਿੰਘ ਹਰਜੀਤ ਸਿੰਘ , ਸੁਖਮੰਦਰ ਸਿੰਘ ਗੁਲਜਾਰ ਸਿੰਘ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਪੈਨਸ਼ਨਰਾਂ ਸਬੰਧੀ ਪੈਨਸ਼ਨ ਪੋਰਟਲ ਨੂੰ ਜਾਂ ਤਾਂ ਰੱਦ ਕੀਤਾ ਜਾਵੇ ਜਾਂ ਇਸ ਨੂੰ ਆਪਸ਼ਨਲ ਬਣਾਇਆ ਜਾਵੇ।

# ਅਮਰੀਕਾ 'ਚ ਸੀ ਐੱਮ ਓ ਬਣੇ ਡਾ. ਬੰਗੜ ਦੇ ਪਰਵਾਰਕ ਮੈਂਬਰਾਂ ਵਿਦਿਆਰਥੀਆਂ ਨੂੰ ਮਠਿਆਈਆਂ ਵੰਡੀਆਂ

**ਫਗਵਾੜਾ (ਜਸਵਿੰਦਰ ਢੱਡਾ, ਡਾ. ਰਮਨ)**- ਪਿੰਡ ਲੱਖਪੁਰ ਦੇ ਜੰਮਪਲ ਡਾ. ਸਤਨਾਮ ਸਿੰਘ ਬੰਗੜ ਦੇ ਅਮਰੀਕਾ ਦੇ ਕੈਲੀਫੋਰਨੀਆ ਯੂ.ਐਸ.ਏ. ਵਿਖੇ ਚੀਫ ਮੈਡੀਕਲ ਅਫਸਰ (ਸੀ.ਐਮ.ਓ.) ਬਣਨ ਦੀ ਖੁਸ਼ੀ ਸ਼ਨੀਵਾਰ ਉਹਨਾਂ ਦੇ ਪਰਵਾਰਕ ਮੈਂਬਰਾਂ ਵਲੋਂ ਸਰਕਾਰੀ ਪ੍ਰਾਇਮਰੀ ਸਕੂਲ ਲੱਖਪੁਰ ਦੇ ਵਿਦਿਆਰਥੀਆਂ ਨਾਲ ਸਾਂਝੀ ਕੀਤੀ ਗਈ। ਇਸ ਮੌਕੇ ਡਾ. ਸਤਨਾਮ ਸਿੰਘ ਬੰਗੜ ਦੇ ਭਰਾ ਅਤੇ ਸਰਕਾਰੀ ਸੀ.ਸੈ. ਸਕੂਲ ਲੱਖਪੁਰ ਦੇ ਰਿਟਾ. ਪ੍ਰਿੰਸੀਪਲ ਜਸਵਿੰਦਰ ਸਿੰਘ ਬੰਗੜ ਨੇ ਵਿਦਿਆਰਥੀਆਂ ਨੂੰ ਮਠਿਆਈਆਂ ਵੰਡੀਆਂ ਅਤੇ ਦੱਸਿਆ ਕਿ ਡਾ. ਸਤਨਾਮ ਸਿੰਘ ਨੇ ਇਸੇ ਸਕੂਲ ਤੋਂ ਆਪਣੀ ਵਿੱਦਿਆ ਪ੍ਰਾਪਤੀ ਦੀ ਸ਼ੁਰੂਆਤ ਕੀਤੀ ਸੀ ਅਤੇ ਉਸ ਤੋਂ ਬਾਅਦ ਸੀ.ਸੈ. ਸਕੂਲ ਲੱਖਪੁਰ ਵਿੱਚ ਸਕੂਲੀ ਸਿੱਖਿਆ ਪੂਰੀ ਕੀਤੀ। ਉਹਨਾਂ ਸਮੂਹ ਵਿਦਿਆਰਥੀਆਂ ਨੂੰ ਪੜ੍ਹਾਈ ਵਿੱਚ ਦਿਲ ਲਗਾਉਣ ਅਤੇ ਜੀਵਨ ਵਿੱਚ ਸਫਲਤਾ ਹਾਸਲ ਕਰਕੇ ਪਿੰਡ ਅਤੇ ਮਾਪਿਆਂ ਦਾ ਨਾਂਅ ਰੌਸ਼ਨ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਸੁਖਵਿੰਦਰ ਸਿੰਘ ਮਕੈਨਿਕਲ ਇੰਜੀਨੀਅਰ ਮਰਚੈਂਟ ਨੇਵੀ, ਭਾਈ ਯਾਦਵਿੰਦਰ ਸਿੰਘ ਸੋਢੀ ਫਗਵਾੜਾ ਅਤੇ ਸਾਬਕਾ ਸਰਪੰਚ ਪਿਆਰਾ ਸਿੰਘ ਢੱਡਵਾਲ ਐਨ.ਆਰ.ਆਈ. ਨੇ ਕਿਹਾ ਕਿ ਡਾ. ਸਤਨਾਮ ਸਿੰਘ ਦਾ ਅਮਰੀਕਾ ਵਿੱਚ ਚੀਫ ਮੈਡੀਕਲ ਅਫਸਰ ਬਣਨਾ ਸਿਰਫ ਪਰਵਾਰ ਲਈ ਹੀ ਨਹੀਂ ਸਗੋਂ ਸਾਰੇ ਇਲਾਕੇ ਲਈ ਮਾਣ ਦੀ ਗੱਲ ਹੈ। ਸਕੂਲ ਇੰਚਾਰਜ ਸਰਬਜੀਤ ਕੁਮਾਰ ਨੇ ਬੰਗੜ ਪਰਵਾਰ ਨੂੰ ਸ਼ੁੱਭ ਇੱਛਾਵਾਂ ਦਿੱਤੀਆਂ ਅਤੇ ਭਰੋਸਾ ਜਤਾਇਆ ਕਿ ਇਸ ਸਕੂਲ ਤੋਂ ਸਿੱਖਿਆ ਪ੍ਰਾਪਤੀ ਦੀ ਸ਼ੁਰੂਆਤ ਕਰਨ ਵਾਲੇ ਹੋਰ ਵਿਦਿਆਰਥੀ ਵੀ ਭਵਿੱਖ ਵਿੱਚ ਸਕੂਲ ਅਤੇ ਪਿੰਡ ਦਾ ਨਾਮ ਰੌਸ਼ਨ ਕਰਨਗੇ। ਇਸ ਮੌਕੇ ਗੁਰਸ਼ਰਨ ਸਿੰਘ ਫਗਵਾੜਾ, ਮੋਹਨ ਸਿੰਘ ਲੱਖਪੁਰ, ਮਾ. ਅਕਬਰ ਖਾਨ, ਮੈਡਮ ਕ੍ਰੀਤਿਕਾ, ਅਮਨਦੀਪ ਕੌਰ, ਹਰਜਿੰਦਰ ਕੌਰ, ਜਸਵਿੰਦਰ ਕੌਰ, ਪਰਮਜੀਤ ਕੌਰ ਅਤੇ ਦਲਜੀਤ ਕੌਰ ਆਦਿ ਵੀ ਹਾਜ਼ਰ ਸਨ ।



# ਅਨੰਦਪੁਰ ਸਾਹਿਬ ਪ੍ਰੀਮੀਅਰ ਲੀਗ ਦੇ ਫਾਈਨਲ ਮੁਕਾਬਲਿਆਂ ਮੌਕੇ ਖੇਡ ਪ੍ਰੇਮੀਆਂ 'ਚ ਭਾਰੀ ਉਤਸ਼ਾਹ

**ਨੰਗਲ (ਸੁਰਜੀਤ ਸਿੰਘ)**- ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸਿੱਖਿਆ ਅਤੇ ਸੂਚਨਾ ਤੇ ਲੋਕ ਸੰਪਰਕ ਵਿਭਾਗ ਦੁਆਰਾ ਕਰਵਾਈ ਗਈ ਅਨੰਦਪੁਰ ਸਾਹਿਬ ਪ੍ਰੀਮੀਅਰ ਲੀਗ ਦੇ ਫਾਈਨਲ ਮੁਕਾਬਲੇ ਮੌਕੇ ਖੇਡ ਮੈਦਾਨ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਨੌਜਵਾਨਾਂ ਅਤੇ ਖੇਡ ਪ੍ਰੇਮੀਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਨੇ ਦੱਸਿਆ ਕਿ ਫਾਈਨਲ ਮੁਕਾਬਲੇ ਵਿੱਚ ਘਨਾਰੂ ਰਾਇਲਜ਼ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਖਿਤਾਬ ਆਪਣੇ ਨਾਮ ਕੀਤਾ। ਥਲੂਹ ਵਾਰੀਅਰਜ਼ ਨੇ ਦੂਜਾ ਸਥਾਨ ਹਾਸਲ ਕੀਤਾ, ਜਦਕਿ ਕੰਚੇੜਾ ਰਾਈਡਰਜ਼ ਤੀਜੇ ਸਥਾਨ 'ਤੇ ਰਹੀ। ਕੈਬਨਿਟ ਮੰਤਰੀ ਵੱਲੋਂ ਜੇਤੂ ਟੀਮਾਂ ਨੂੰ ਵੱਡੇ ਪੱਧਰ 'ਤੇ ਇਨਾਮੀ ਰਾਸ਼ੀ ਦਿੱਤੀ ਗਈ। ਪਹਿਲੀ ਸਥਾਨ ਹਾਸਲ ਕਰਨ ਵਾਲੀ ਘਨਾਰੂ ਰਾਇਲਜ਼ ਨੂੰ ਪਿੰਡ ਲਈ 10 ਲੱਖ ਰੁਪਏ ਅਤੇ ਟੀਮ ਲਈ 1.5 ਲੱਖ ਰੁਪਏ ਦਿੱਤੇ ਗਏ। ਦੂਜੇ ਸਥਾਨ 'ਤੇ ਰਹੀ ਥਲੂਹ ਵਾਰੀਅਰਜ਼ ਨੂੰ ਪਿੰਡ ਲਈ 5 ਲੱਖ ਰੁਪਏ ਅਤੇ ਟੀਮ ਲਈ 1 ਲੱਖ ਰੁਪਏ ਪ੍ਰਦਾਨ ਕੀਤੇ ਗਏ। ਤੀਜੇ ਸਥਾਨ 'ਤੇ ਰਹੀ ਕੰਚੇੜਾ ਰਾਈਡਰਜ਼ ਨੂੰ ਪਿੰਡ ਲਈ 2.5 ਲੱਖ ਰੁਪਏ ਅਤੇ ਟੀਮ ਲਈ 51 ਹਜ਼ਾਰ ਰੁਪਏ ਦੀ ਇਨਾਮੀ ਰਾਸ਼ੀ ਭੇਟ ਕੀਤੀ ਗਈ। ਇਸ ਤੋਂ ਇਲਾਵਾ ਮੈਨ ਆਫ ਦ ਟੂਰਨਾਮੈਂਟ ਨੂੰ 50 ਹਜ਼ਾਰ ਰੁਪਏ ਅਤੇ ਬੈਸਟ ਬੱਲੇਬਾਜ਼ ਅਤੇ ਬੈਸਟ ਗੇਂਦਬਾਜ਼ ਨੂੰ 21-21 ਹਜ਼ਾਰ ਰੁਪਏ ਦੇ ਇਨਾਮ ਦਿੱਤੇ ਗਏ।ਇਸ ਟੂਰਨਾਮੈਂਟ 'ਚ 161 ਟੀਮਾਂ ਨੇ ਭਾਗ ਲਿਆ ਅਤੇ ਹਰ ਟੀਮ ਨੂੰ ਵੱਖਰੀ ਡਿਜ਼ਾਈਨ ਦੀ ਜਰਸੀ ਦਿੱਤੀ ਗਈ। ਇਸਦੇ ਨਾਲ ਹੀ ਹਰ ਟੀਮ ਨੂੰ ਅਲੱਗ ਕ੍ਰਿਕਟ ਕਿੱਟ ਮੁਹੱਈਆ ਕਰਵਾਈ ਗਈ। ਫਾਈਨਲ ਮੌਕੇ ਮਨਕੀਰਤ ਔਲਖ ਦੇ ਖੁੱਲ੍ਹੇ ਅਖਾੜੇ ਵਿੱਚ ਵਿਸ਼ੇਸ਼ ਰੌਣਕਾਂ ਦੇਖਣ ਨੂੰ ਮਿਲੀਆਂ। ਇਸ ਮੌਕੇ ਪ੍ਰਸਿੱਧ ਅਦਾਕਾਰਾ ਸੋਨੀਆ ਮਾਨ ਅਤੇ ਐਸ.ਐਸ.ਪੀ ਬਠਿੰਡਾ ਡਾ. ਜਯੋਤੀ ਯਾਦਵ ਬੈਂਸ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਵੀ ਹਾਜ਼ਰ ਰਹੀਆਂ।



ਇਸ ਮੌਕੇ ਇਸ ਮੌਕੇ ਡਾ.ਸੰਜੀਵ ਗੌਤਮ ਜਿਲ੍ਹਾਂ ਪ੍ਰਧਾਨ ਆਮ ਆਦਮੀ ਪਾਰਟੀ, ਜਸਪਾਲ ਸਿੰਘ ਢਾਹੇ ਸਰਪੰਚ, ਚੇਅਰਮੈਨ ਮਮਤਾ ਦੇਵੀ, ਗੁਰਵਿੰਦਰ ਸ਼ੇਖੋ ਸਰਪੰਚ, ਦੀਪਕ ਸੋਨੀ ਮੀਡੀਆ ਕੋਆਰਡੀਨੇਟਰ, ਸੁਮਿਤ ਭਾਰਤਵਾਜ, ਦਇਆ ਸਿੰਘ ਮੀਡੀਆ ਕੋਆਰਡੀਨੇਟਰ, ਮਧੂ ਬਾਲਾ ਸਰਪੰਚ, ਸੁਖਵਿੰਦਰ ਸਿੰਘ ਬਲਾਕ ਪ੍ਰਧਾਨ, ਦਲਜੀਤ ਸਿੰਘ, ਨਿਤਿਨ ਬਾਸੋਵਾਲ, ਅੰਕੁਸ਼ ਪਾਠਕ ਤੇ ਪਤਵੰਤੇ ਵੱਡੀ ਗਿਣਤੀ ਵਿਚ ਹਾਜ਼ਰ ਸਨ।

# 'ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ' ਮੁਹਿੰਮ ਤਹਿਤ ਸਿਹਤ ਵਿਭਾਗ ਵੱਲੋਂ ਹਾਟ ਸਪਾਟ ਏਰੀਏ ਦਾ ਨਿਰੀਖਣ

**ਫਗਵਾੜਾ (ਡਾ. ਰਮਨ)**- ਸਬ ਡਵੀਜ਼ਨ ਫਗਵਾੜਾ ਵਾਸੀਆਂ ਨੂੰ ਡੇਂਗੂ ਬੁਖ਼ਾਰ ਤੋਂ ਬਚਾਉਣ ਲਈ ਸਿਹਤ ਵਿਭਾਗ ਨੇ ਡੇਂਗੂ ਰੋਕਥਾਮ ਮੁਹਿੰਮ ਸ਼ੁਰੂ ਕਰ ਦਿੱਤੀ ਹੈ। ਜ਼ਿਲ੍ਹੇ ਦੇ ਉੱਚ ਅਧਿਕਾਰੀਆਂ ਦੀ ਅਗਵਾਈ ਹੇਠ ਸਿਹਤ ਕਾਮਿਆਂ ਦੀਆਂ ਟੀਮਾਂ 'ਹਰ ਸ਼ੁੱਕਰਵਾਰ, ਡੇਂਗੂ 'ਤੇ ਵਾਰ' ਮੁਹਿੰਮ ਤਹਿਤ ਸਿਵਲ ਸਰਜਨ ਕਪੂਰਥਲਾ ਡਾ ਸੰਜੀਵ ਭਗਤ ਦੇ ਦਿਸ਼ਾ ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ ਸਿਮਰਦੀਪ ਕੌਰ ਦੀ ਯੋਗ ਰਹਿਨੁਮਾਈ ਹੇਠ ਜ਼ਿਲ੍ਹਾ ਐਪੀਡੀਮੋਲੋਜਿਸਟ ਡਾ ਨੰਦਿਕਾ ਖੁੱਲਰ ਵਲੋਂ ਹਾਟ ਸਪਾਟ ਏਰੀਏ ਸ਼ੂਗਰ ਮਿੱਲ ਕਲੋਨੀ, ਰੇਲਵੇ ਕਲੋਨੀ ਅਤੇ ਫਗਵਾੜਾ ਦੇ ਹੋਰ ਵੱਖ ਵੱਖ ਖੇਤਰਾਂ ਵਿੱਚ ਚੈਕਿੰਗ ਮੁਹਿੰਮ ਚਲਾਈ ਗਈ। ਡਾ.ਨੰਦਿਕਾ ਖੁੱਲਰ ਨੇ ਖ਼ੁਦ ਰੇਲਵੇ ਕਲੋਨੀ, ਸ਼ੂਗਰ ਮਿੱਲ ਕਲੋਨੀ ਵਿਖੇ ਡੇਂਗੂ ਰੋਕਥਾਮ ਮੁਹਿੰਮ ਦਾ ਨਿਰੀਖਣ ਕੀਤਾ ਅਤੇ ਜ਼ਰੂਰੀ ਹਦਾਇਤਾਂ ਦਿੱਤੀਆਂ। ਇਸ ਮੌਕੇ ਡਾ ਨੰਦਿਕਾ ਖੁੱਲਰ ਨੇ ਆਖਿਆ ਕਿ ਡੇਂਗੂ ਜਿਹੇ ਮਾਰੂ ਬੁਖ਼ਾਰ ਤੋਂ ਬਚਾਅ ਲਈ ਸਾਰਿਆਂ ਨੂੰ ਜਾਗਰੂਕ ਹੋਣ ਅਤੇ ਸਾਵਧਾਨੀਆਂ ਵਰਤਣ ਦੀ ਲੋੜ ਹੈ। ਕਿਸੇ ਵੀ ਥਾਂ 'ਤੇ ਪਾਣੀ ਜਮ੍ਹਾਂ ਨਾ ਹੋਣ ਦਿੱਤਾ ਜਾਵੇ ਤਾਂਕਿ ਡੇਂਗੂ ਬੁਖ਼ਾਰ ਲਈ ਜ਼ਿੰਮੇਵਾਰ ਮੱਛਰ ਪੈਦਾ ਨਾ ਹੋ ਸਕੇ। ਉਨ੍ਹਾਂ ਡੇਂਗੂ ਦੀ ਰੋਕਥਾਮ ਲਈ ਸ਼ਹਿਰ ਵਾਸੀਆਂ ਨੂੰ ਸਹਿਯੋਗ ਦੇਣ ਦੀ ਅਪੀਲ ਕਰਦਿਆਂ ਕਿਹਾ ਕਿ ਲੋਕਾਂ ਦੀ ਮਦਦ ਨਾਲ ਹੀ ਸਬ ਡਵੀਜ਼ਨ ਫਗਵਾੜਾ ਨੂੰ ਡੇਂਗੂ ਮੁਕਤ ਬਣਾਇਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਕਿਸੇ ਤਰ੍ਹਾਂ ਦੀ ਜਾਣਕਾਰੀ ਲਈ ਸਿਹਤ ਵਿਭਾਗ ਦੇ ਹੈਲਪਲਾਈਨ ਨੰਬਰ 104 'ਤੇ ਸੰਪਰਕ ਕੀਤਾ ਜਾ ਸਕਦਾ ਹੈ। ਇਸ ਮੌਕੇ ਹੈਲਥ ਇੰਸਪੈਕਟਰ ਕੰਵਲਜੀਤ ਸਿੰਘ, ਹੈਲਥ ਸੁਪਰਵਾਈਜ਼ਰ ਬਲਿਹਾਰ ਚੰਦ, ਲਖਵਿੰਦਰ ਸਿੰਘ ਹੈਲਥ ਵਰਕਰ, ਬ੍ਰਿਡਿੰਗ ਚੈਕਰ ਸੁਨੀਲ ਕੁਮਾਰ, ਮਨੀ ਕੁਮਾਰ ਆਦਿ ਮੌਜੂਦ ਸਨ।



# ਪੰਜਾਬ ਭਰ 'ਚ ਲਗਾਈ ਗਈ ਰਾਸ਼ਟਰੀ ਲੋਕ ਅਦਾਲਤ

**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ)**- ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਮਾਨਯੋਗ ਜਸਟਿਸ ਸ਼ੀਲ ਨਾਗੂ, ਚੀਫ ਜਸਟਿਸ, ਪੰਜਾਬ ਅਤੇ ਹਰਿਆਣਾ ਹਾਈ ਕੋਰਟ ਜੀਆਂ ਦੀ ਸਰਪ੍ਰਸਤੀ ਅਧੀਨ ਅਤੇ ਕਾਰਜਕਾਰੀ ਚੇਅਰਮੈਨ ਮਾਣਯੋਗ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ ਦੀ ਅਗਵਾਈ ਹੇਠ ਸੂਬੇ ਭਰ ਵਿੱਚ ਸਾਲ 2026 ਦੀ ਦੂਸਰੀ ਰਾਸ਼ਟਰੀ ਲੋਕ ਅਦਾਲਤ ਲਗਾਈ ਗਈ। ਰਾਸ਼ਟਰੀ ਕਾਨੂੰਨੀ ਸੇਵਾਵਾਂ ਅਥਾਰਟੀ ਦੀ ਅਗਵਾਈ ਹੇਠ ਕਰਵਾਈ ਗਈ ਇਸ ਪਹਿਲਕਦਮੀ ਦਾ ਉਦੇਸ਼ ਝਗੜਿਆਂ ਦਾ ਜਲਦ, ਘੱਟ ਖਰਚ ਨਾਲ ਅਤੇ ਦੋਸਤਾਨਾ ਢੰਗ ਨਾਲ ਨਿਪਟਾਰਾ ਕਰਨਾ ਹੈ ਤਾਂ ਜੋ ਭਾਰਤੀ ਸੰਵਿਧਾਨ ਦੇ ਅਨੁਛੇਦ 39-ਏ ਅਨੁਸਾਰ ਨਿਆਂ ਤੱਕ ਪਹੁੰਚ ਵਧਾਈ ਜਾ ਸਕੇ। ਸੂਬੇ ਦੇ ਸਾਰੇ ਜ਼ਿਲ੍ਹਿਆਂ ਅਤੇ ਸਬ-ਡਵੀਜ਼ਨਾਂ ਵਿੱਚ ਕੁੱਲ 399 ਲੋਕ ਅਦਾਲਤ ਬੈਂਚਾਂ ਦਾ ਗਠਨ ਕੀਤਾ ਗਿਆ ਸੀ ਜਿਸ ਵਿੱਚ 5,25,137 ਕੇਸਾਂ ਦੀ ਸੁਣਵਾਈ ਕੀਤੀ ਗਈ, ਜਿਨ੍ਹਾਂ ਵਿੱਚੋਂ 4,68,633 ਕੇਸਾਂ ਦਾ ਸੁਹਿਰਦਤਾ ਨਾਲ ਨਿਪਟਾਰਾ ਕੀਤਾ ਗਿਆ ਅਤੇ 917.55 ਕਰੋੜ ਰੁਪਏ ਦੇ ਅਵਾਰਡ ਪਾਸ ਕੀਤੇ ਗਏ।

# ਰਾਜਾ ਨੇ 'ਮੇਰੀ ਰਸੋਈ ਯੋਜਨਾ' ਤਹਿਤ ਵੰਡੇ ਸਮਾਰਟ ਕਾਰਡ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)**- ਹਲਕਾ ਵਿਧਾਇਕ ਉੜਮੁੜ ਟਾਂਡਾ ਜਸਵੀਰ ਸਿੰਘ ਰਾਜਾ ਗਿੱਲ ਨੇ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੇਰੀ ਰਸੋਈ ਯੋਜਨਾ ਤਹਿਤ



ਲਾਭਪਾਤਰੀਆਂ ਨੂੰ ਸਮਾਰਟ ਕਾਰਡ ਵੰਡੇ । ਇਸ ਮੌਕੇ ਵਿਧਾਇਕ ਰਾਜਾ ਗਿੱਲ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਵਲੋਂ ਸੂਬੇ ਦੇ ਨੀਲੇ ਕਾਰਡ ਧਾਰਕਾਂ ਨੂੰ ਇਸ ਯੋਜਨਾ ਤਹਿਤ ਸਮਾਰਟ ਕਾਰਡ ਬਣਾਏ ਜਾ ਰਹੇ ਹਨ ਤਾਂ ਜੋਂ ਲੋੜਵੰਦ ਪਰਵਾਰਾਂ ਨੂੰ ਸਮੇਂ ਸਿਰ ਰਾਸ਼ਨ ਮਿਲ ਸਕੇ । ਇਸ ਮੌਕੇ ਉਨ੍ਹਾਂ ਨਾਲ ਆਪ ਦੇ ਜ਼ਿਲ੍ਹਾ ਪ੍ਰਧਾਨ ਹੁਸ਼ਿਆਰਪੁਰ ਤੇ ਚੇਅਰਮੈਨ ਇੰਪਰੂਵਮੈਂਟ ਟਰਸਟ ਹੁਸ਼ਿਆਰਪੁਰ ਗੁਰਵਿੰਦਰ ਸਿੰਘ ਪਾਬਲਾ ਵੀ ਉਨ੍ਹਾਂ ਨਾਲ ਹਾਜ਼ਰ ਸਨ। ਵਿਧਾਇਕ ਰਾਜਾ ਗਿੱਲ ਨੇ ਦੱਸਿਆ ਕਿ ਇਨ੍ਹਾਂ ਸਮਾਰਟ ਕਾਰਡਾਂ 'ਤੇ ਲੋੜਵੰਦ ਪਰਿਵਾਰਾਂ ਨੂੰ ਰੋਜ਼ਾਨਾ ਵਰਤੋਂ ਦੀਆਂ ਵਸਤੂਆਂ ਸ਼ਾਮਲ ਹਨ, ਜਿਵੇਂ 2 ਕਿਲੋ ਮਾਂਹ-ਛੋਲਿਆਂ ਦੀ ਦਾਲ, 2 ਕਿਲੋ ਖੰਡ, ਇੱਕ ਕਿਲੋ ਆਇਓਡੀਨ ਵਾਲਾ ਨਮਕ, ਇੱਕ ਲੀਟਰ ਸਰ੍ਹੋਂ ਦਾ ਤੇਲ, 200 ਗ੍ਰਾਮ ਹਲਦੀ ਪਾਊਡਰ , 100 ਗ੍ਰਾਮ ਲਾਲ ਮਿਰਚ ਪਾਊਡਰ, 100 ਗ੍ਰਾਮ ਧਨੀਆ ਪਾਊਡਰ ਆਦਿ ਦਿੱਤਾ ਜਾਵੇਗਾ।

ਉਨ੍ਹਾਂ ਦੱਸਿਆ ਕਿ ਇਸ ਯੋਜਨਾ ਦਾ ਮੁੱਖ ਉਦੇਸ਼ ਗਰੀਬ ਅਤੇ ਪੱਛੜੇ ਵਰਗ ਦੇ ਪਰਵਾਰਾਂ ਨੂੰ ਪੌਸ਼ਟਿਕ ਭੋਜਨ ਮੁਹੱਈਆ ਕਰਵਾਉਣਾ ਅਤੇ ਉਨ੍ਹਾਂ ਦੇ ਮਹੀਨਾਵਾਰ ਰਸੋਈ ਦੇ ਖਰਚੇ ਨੂੰ ਘਟਾਉਣਾ ਹੈ।ਵਿਧਾਇਕ ਰਾਜਾ ਗਿੱਲ ਨੇ ਹਲਕਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਜਿਸ ਕਿਸੇ ਵੀ ਪਰਵਾਰ ਨੇ ਸਿਹਤ ਬੀਮਾ ਯੋਜਨਾ ਤਹਿਤ ਬਣਨ ਵਾਲੇ 10 ਲੱਖ ਰੁਪਏ ਦੇ ਮੁਫ਼ਤ ਇਲਾਜ ਵਾਲੇ ਕਾਰਡ ਨੂੰ ਜ਼ਰੂਰ ਬਣਾਉ ਤਾਂ ਜੋ ਪੰਜਾਬ ਸਰਕਾਰ ਵਲੋਂ ਜਾਰੀ ਕੀਤੀ ਇਸ ਸਿਹਤ ਯੋਜਨਾ ਦਾ ਫਾਇਦਾ ਮਿਲ ਸਕੇ । ਇਸ ਮੌਕੇ ਆਪ ਸੰਗਠਨ ਇੰਚਾਰਜ ਕੇਸ਼ਵ ਸਿੰਘ ਸੈਣੀ, ਸਾਬਕਾ ਕੌਂਸਲਰ ਹਰੀਕ੍ਰਿਸ਼ਨ ਸੈਣੀ , ਚੇਅਰਮੈਨ ਬਲਾਕ ਸੰਮਤੀ ਟਾਂਡਾ ਸੁਖਵਿੰਦਰਜੀਤ ਸਿੰਘ ਝਾਵਰ , ਅਸਿਸਟੈਂਟ ਫੂਡ ਅਫਸਰ ਮਨੀਸ਼ ਬਸੀ, ਆਪ ਆਗੂ ਗੁਰਦੀਪ ਸਿੰਘ ਹੈਪੀ, ਸੇਠਰਾਮ ਸੇਠੀ, ਜਸਵਿੰਦਰ ਸੰਧੂ , ਦਲਵੀਰ ਸਿੰਘ, ਗੁਰਮੀਤ ਸਿੰਘ, ਮੀਨੂੰ, ਇੰਦਰਜੀਤ ਕੌਰ, ਕੌਸ਼ਲਿਆ ਕੌਰ, ਪ੍ਰੀਤੀ ਆਦਿ ਵੀ ਹਾਜ਼ਰ ਸਨ ।

# ਖੁਰਾਲਗੜ੍ਹ ਸਾਹਿਬ ਮੱਥਾ ਟੇਕ ਕੇ ਵਾਪਸ ਆ ਰਹੀ ਬੱਸ ਖੱਡ ਵਿਚ ਡਿੱਗੀ, ਜਾਨੀ ਨੁਕਸਾਨ ਤੋਂ ਬਚਾਅ

**ਹੁਸ਼ਿਆਰਪੁਰ (ਓ ਪੀ ਰਾਣਾ, ਬੀ ਐੱਸ ਸੈਣੀ)**- ਸ੍ਰੀ ਚਰਨਛੋਹ ਗੰਗਾ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਮੱਥਾ ਟੇਕ ਕੇ ਵਾਪਸ ਆ ਰਹੀ ਬੱਸ ਚੜਾਈ ਚੜ੍ਹਦੇ ਸਮੇਂ ਬ੍ਰੇਕ ਫੇਲ ਹੋਣ ਕਰਕੇ ਡੂੰਗੀ ਖੱਡ ਵਿੱਚ ਜਾ ਡਿਗੀ। ਪਿੰਡ ਦੌਲਤ ਪੁਰ ਫਗਵਾੜੇ ਤੋਂ ਇਕ ਬੱਸ ਨੰਬਰ ਪੀ ਵੀ 08 ਬੀ ਜੈਡ 0181 ਭਰਕੇ ਇਤਿਹਾਸਕ ਅਸਥਾਨ ਸ੍ਰੀ ਚਰਨਛੋਹ ਗੰਗਾ ਤੇ ਸ੍ਰੀ ਗੁਰੂ ਰਵਿਦਾਸ ਇਤਿਹਾਸਕ ਧਰਮ ਅਸਥਾਨ ਬੇਗਮਪੁਰਾ ਸ੍ਰੀ ਖੁਰਾਲਗੜ ਸਾਹਿਬ ਦੇ ਦਰਸ਼ਨਾ ਲਈ ਆਈ ਸੀ ਜਿਸ ਵਿੱਚ 55 ਦੇ ਕਰੀਬ ਸਵਾਰੀਆਂ ਸਨ। ਮੱਥਾ ਟੇਕ ਕੇ ਵਾਪਸ ਜਾਣ ਸਮੇਂ ਸ੍ਰੀ ਬੇਗਮਪੁਰਾ ਚੌਂਕ ਤੋਂ ਖੁਰਾਲੀ ਪਿੰਡ ਨੂੰ ਚੜਾਈ ਚੜ੍ਹਦੇ ਸਮੇਂ ਗੱਡੀ ਦੀ ਬ੍ਰੇਕ ਫੇਲ ਹੋਣ ਕਰਕੇ ਬੱਸ ਪਿੱਛੇ ਵੱਲ ਆ ਕੇ ਡੂੰਘੀ ਖੱਡ ਵੱਲ ਘੁੰਮ ਗਈ ਤੇ ਪਿਛਲੇ ਟਾਇਰਾਂ ਤੋਂ ਡੂੰਗੀ ਖੱਡ ਵਿਚ ਡਿੱਗ ਪਈ। ਬੱਸ ਵਿੱਚ 3-4 ਸਵਾਰੀਆਂ ਨੂੰ ਛੱਡ ਕੇ ਬਾਕੀ ਬੱਸ ਖਾਲੀ ਕਰਕੇ ਸਵਾਰੀਆਂ ਨੂੰ ਹੇਠਾਂ ਉਤਾਰਨ ਕਰਕੇ ਭਾਰੀ ਜਾਨੀ ਨੁਕਸਾਨ ਤੋਂ ਬਚਾਅ ਹੋ ਗਿਆ ।ਇਕ ਔਰਤ,ਇਕ ਚਾਰ ਸਾਲ ਦੀ ਬੱਚੀ ਅਤੇ ਡਰਾਈਵਰ ਸਮੇਤ ਤਿੰਨ ਹੋਰ ਵਿਅਕਤੀ ਬੱਸ ਵਿੱਚ ਸਵਾਰ ਸਨ ।ਇਕ ਵਿਅਕਤੀ ਨੂੰ ਮਾਮੂਲੀ ਸੱਟਾਂ ਲੱਗੀਆਂ ਤੇ ਮੌਕੇ ਤੇ ਹਾਜ਼ਰ ਲੋਕਾਂ ਵਲੋਂ ਉਨਾਂ ਨੂੰ ਬੱਸ ਵਿਚੋਂ ਸੁਰੱਖਿਅਤ ਬਾਹਰ ਕੱਢਿਆ।ਇਸ ਮੌਕੇ ਸੰਗਤ ਨਾਲ ਆਏ ਸੁਖਦੇਵ ਰਾਜ ਨੇ ਦੱਸਿਆ ਕਿ ਪਿੰਡ ਦੌਲਤ ਪੁਰ ਫਗਵਾੜੇ ਤੋਂ ਸੰਗਤ ਸ੍ਰੀ ਖੁਰਾਲਗੜ੍ਹ ਸਾਹਿਬ ਮੱਥਾ ਟੇਕ ਕੇ ਵਾਪਸ ਜਾ ਰਹੀ ਤਾਂ ਬੇਗਮਪੁਰਾ ਚੌਂਕ ਤੋਂ ਚੜਾਈ ਚੜ੍ਹਨ ਸਮੇਂ ਇਹ ਹਾਦਸਾ ਵਾਪਰ ਗਿਆ। ਇਸ ਮੌਕੇ ਤੇ ਹਾਜ਼ਰ ਸੰਤ ਸਤਵਿੰਦਰ ਹੀਰਾ ਰਾਸ਼ਟਰੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ (ਰਜਿ.) ਭਾਰਤ ਨੇ ਸੰਗਤਾਂ ਦਾ ਹਾਲ ਜਾਣਿਆ ਅਤੇ ਕਿਹਾ ਕਿ ਇਹ ਰਸਤਾ ਖਤਰਨਾਕ ਹੈ ਇਥੇ ਪਹਿਲਾਂ ਕਈ ਐਕਸੀਡੈਂਟ ਹੋ ਚੁੱਕੇ ਹਨ ਤੇ ਅਨੇਕਾਂ ਕੀਮਤੀ ਜਾਨਾਂ ਜਾ ਚੁੱਕੀਆਂ ਹਨ। ਉਨਾਂ ਸਰਕਾਰ ਤੋਂ ਮੰਗ ਕੀਤੀ ਕਿ ਇਸ ਖਤਰਨਾਕ ਰੋਡ ਨੂੰ ਵੱਡੀਆਂ ਗੱਡੀਆਂ ਲਈ ਬੰਦ ਕੀਤਾ ਜਾਵੇ ਅਤੇ ਟਰੈਫਿਕ ਪੁਲਿਸ ਦੀ ਨਿਗਰਾਨੀ ਲਈ ਪੱਕੀ ਡਿਊਟੀ ਲਗਾਈ ਜਾਵੇ ਤਾਂ ਦੁਰਘਟਨਾਵਾਂ ਤੋਂ ਬਚਾਅ ਹੋ ਸਕੇ।



# ਖ਼ੂਨਦਾਨ ਕੈਂਪ ਲਗਾਇਆ

**ਮਾਹਿਲਪੁਰ (ਸ਼ਫ਼ਰੀ)**- ਮਾਹਿਲਪੁਰ ਵਿੱਚ ਸੰਤ ਨਿਰੰਕਾਰੀ ਚੈਰੀਟੇਬਲ ਫਾਊਂਡੇਸ਼ਨ ਵੱਲੋਂ ਮਾਨਵ ਏਕਤਾ ਦਿਵਸ ਤੇ ਨਿਰੰਕਾਰੀ ਭਵਨ ਮਾਹਿਲਪੁਰ ਵਿੱਚ ਮੁਖੀ ਮਹਾਤਮਾ ਭੈਣ ਨਛੱਤਰ ਕੌਰ ਦੀ ਅਗਵਾਈ ਹੇਠ ਖ਼ੂਨਦਾਨ ਕੈਂਪ ਆਯੋਜਿਤ ਕੀਤਾ ਗਿਆ। ਜਿਸ ਵਿਚ ਹਲਕਾ ਵਿਧਾਇਕ ਚੱਬੇਵਾਲ ਡਾਕਟਰ ਇਸ਼ਾਂਤ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਖ਼ੂਨਦਾਨ ਕੈਂਪ ਦਾ ਉਦਘਾਟਨ ਮਨੋਹਰ ਲਾਲ ਸ਼ਰਮਾ ਸੰਯੋਜਕ ਪਠਾਨਕੋਟ ਨੇ ਕੀਤਾ। ਡਾਕਟਰ ਇਸ਼ਾਂਤ ਨੇ ਕਿਹਾ ਕਿ ਖ਼ੂਨਦਾਨ ਮਹਾਂਦਾਨ ਹੈ,ਇਹ ਇਨਸਾਨੀ ਜਾਨਾਂ ਨੂੰ ਨਵਾਂ ਜੀਵਨ ਪ੍ਰਦਾਨ ਕਰਨ ਲਈ ਇਕ ਵਰਦਾਨ ਹੈ। ਮੁਖੀ ਮਹਾਤਮਾ ਬੀਬੀ ਨਛੱਤਰ ਕੌਰ ਬ੍ਰਾਂਚ ਮਾਹਿਲਪੁਰ ਨੇ ਕਿਹਾ ਕਿ ਨਿਰੰਕਾਰੀ ਬਾਬਾ ਹਰਦੇਵ ਸਿੰਘ ਜੀ ਨੇ ਕਿਹਾ ਸੀ ਕਿ ਖ਼ੂਨ ਨਾਲੀਆਂ ਵਿਚ ਨਹੀਂ, ਨਾੜੀਆਂ ਵਿੱਚ ਪੈਣਾ ਚਾਹੀਦਾ ਹੈ। ਇਹਨਾਂ ਵਚਨਾਂ ਨੂੰ ਪ੍ਰਵਾਨ ਕਰਦਿਆਂ, ਲੱਗੇ ਇਸ ਖ਼ੂਨਦਾਨ ਕੈਂਪ ਵਿੱਚ ਸੈਂਕੜੇ ਮਹਾਦਾਨੀਆਂ ਨੇ ਖ਼ੂਨਦਾਨ ਕੀਤਾ। ਐੱਸ ਐੱਮ ਓ, ਸੀ ਐੱਚ ਸੀ ਮਾਹਿਲਪੁਰ ਡਾਕਟਰ ਜਸਵੰਤ ਸਿੰਘ ਥਿੰਦ ਨੇ ਉਚੇਚੇ ਤੌਰ 'ਤੇ ਇਸ ਖ਼ੂਨਦਾਨ ਕੈਂਪ ਵਿੱਚ ਸ਼ਿਰਕਤ ਕੀਤੀ। ਉਹਨਾਂ ਦੱਸਿਆ ਕਿ ਹੁਸ਼ਿਆਰਪੁਰ, ਪਠਾਨਕੋਟ, ਨਵਾਂ ਸ਼ਹਿਰ ਦੇ ਹਸਪਤਾਲਾਂ ਦੀਆਂ ਟੀਮਾਂ ਦੀ ਮਿਹਨਤ ਸਦਕਾ ਕਰੀਬ 350 ਯੂਨਿਟ ਖ਼ੂਨ ਪ੍ਰਾਪਤ ਹੋਇਆ। ਖ਼ੂਨਦਾਨ ਕਰਨ ਵਾਲੀਆਂ ਸ਼ਖ਼ਸੀਅਤਾਂ ਨੂੰ ਮੋਮੈਂਟੋ, ਸਰਟੀਫਿਕੇਟ ਅਤੇ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਕੈਂਪ ਵਿੱਚ ਸੱਤ ਸੈਂਟਰਾਂ ਨੇ ਵਡਮੁੱਲਾ ਯੋਗਦਾਨ ਪਾਇਆ ਜਿਸ ਵਿੱਚ ਮਾਹਿਲਪੁਰ, ਕੋਟਫਤੂਹੀ, ਗੜ੍ਹਸ਼ੰਕਰ, ਹੁਸ਼ਿਆਰਪੁਰ, ਬੁਲ੍ਹੋਵਾਲ, ਸ਼ਾਮਚੌਰਾਸੀ ਤੇ ਅੱਜੋਵਾਲ ਸ਼ਾਮਿਲ ਹਨ।



# ਕ੍ਰਿਕਟ ਟੂਰਨਾਮੈਂਟ 13 ਤੋਂ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਐਨ ਆਰ ਆਈ ਬੋਬਾ ਕਨੇਡਾ ਨੇ ਜਾਣਕਾਰੀ ਦਿੰਦਿਆ ਕਿ ਸਵ: ਬਲਵੀਰ ਸਿੰਘ ਉਰਫ ਬੀਰੂ ਲੰਬੜ, ਸਵ: ਜਤਿੰਦਰ ਸਿੰਘ ਜੈਕੀ, ਸਵ: ਚਰਨਜੀਤ ਸਿੰਘ ਚੰਨ, ਸਵ: ਬਲਵਿੰਦਰ ਕੁਮਾਰ ਕਾਲੂ ਸਵ; ਜਸਦੀਪ ਸਿੰਘ ਜੱਸੀ, ਉਪਰੋਕਤ ਸਵਾਰਗਵਾਸੀਆ ਦੀ ਨਿੱਘੀ ਯਾਦ ਵਿੱਚ ਪਿੰਡ ਸੁੰਨੜ ਕਲਾਂ ਵਿਖੇ ਮਿਤੀ 13,14 ਤੇ,15 ਮਈ ਨੂੰ ਕ੍ਰਿਕਟ ਟੂਰਨਾਮੈਂਟ ਸ਼ਹੀਦ ਬਾਬਾ ਦੀਪ ਸਿੰਘ ਸਪੋਰਟਸ ਕਲੱਬ ( ਰਜਿ:) ਅਤੇ ਸ੍ਰੀ ਗੁਰੂ ਰਵਿਦਾਸ ਸਪੋਰਟਸ ਕਲੱਬ ਐਨ ਆਰ ਆਈ ਪਿੰਡ ਸੁੰਨੜ ਕਲਾਂ ਵਲੋਂ ਕਰਵਾਇਆ ਜਾ ਰਿਹਾ ਹੈ। ਇਸ ਟੂਰਨਾਮੈਂਟ ਵਿੱਚ ਬਹੁਤ ਹੀ ਚੋਟੀ ਦੀਆਂ ਟੀਮਾਂ ਭਾਗ ਲੈਣਗੀਆਂ। ਇਸ ਟੂਰਨਾਮੈਂਟ ਵਿੱਚ ਪਹਿਲਾ ਇਨਾਮ 31000 ਰੁਪਏ ਦੂਜਾ ਇਨਾਮ 21000 ਰੁਪਏ, ਤੀਸਰਾ ਇਨਾਮ 2100 ਰੁਪਏ, ਅਤੇ ਚੌਥਾ ਇਨਾਮ 210 ਰੁਪਏ ਮੈਨ ਆਫ ਸੀਰੀਜ਼ ਐਲ ਸੀ ਡੀ ਇਨਾਮ ਵਜੋਂ ਦਿੱਤੇ ਜਾਣਗੇ।ਇਸ ਮੌਕੇ ਗੁਰੂ ਜੀ ਕਾ ਲੰਗਰ ਅਤੁੱਟ ਵਰਤਾਏ ਜਾਣਗੇ।

# ਬਾਲੂ ਜਠੇਰਿਆਂ ਦਾ ਸਾਲਾਨਾ ਜੋੜ ਮੇਲਾ 17 ਨੂੰ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਬਾਲੂ ਜਠੇਰਿਆਂ ਦੇ 33ਵੇਂ ਸਲਾਨਾ ਜੋੜ ਮੇਲੇ ਦੀਆਂ ਤਿਆਰੀਆਂ ਸਬੰਧੀ ਇਕ ਮੀਟਿੰਗ ਕਮੇਟੀ ਚੇਅਰਮੈਨ ਮਾਸਟਰ ਹਰਬਲਾਸ ਬਾਲੂ ਦੀ ਪ੍ਰਧਾਨਗੀ ਹੇਠ ਜਠੇਰੇ ਅਸਥਾਨ ਪਿੰਡ ਭਾਣੋਕੀ ਵਿਖੇ ਹੋਈ। ਮੀਟਿੰਗ ਦੌਰਾਨ ਸਲਾਨਾ ਜੋੜ ਮੇਲੇ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਉਪਰੰਤ ਮਾਸਟਰ ਹਰਬਲਾਸ ਬਾਲੂ ਨੇ ਦੱਸਿਆ ਕਿ ਸਾਲਾਨਾ ਜੋੜ ਮੇਲਾ ਹਰ ਸਾਲ ਦੀ ਤਰ੍ਹਾਂ ਬਾਲੂ ਜਠੇਰੇ ਵੈਲਫੇਅਰ ਕਮੇਟੀ ਵਲੋਂ ਜਠੇਰੇ ਅਸਥਾਨ ਦਰਬਾਰ ਬਾਬਾ ਸੀਹੂ, ਬਾਬਾ ਮੀਹੂ ਤੇ ਮਾਤਾ ਮਹਾਤੀ ਪਿੰਡ ਭਾਣੋਕੀ ਤਹਿਸੀਲ ਫਗਵਾੜਾ ਵਿਖੇ 17 ਮਈ ਨੂੰ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਕਰਵਾਇਆ ਜਾ ਰਿਹਾ ਹੈ। ਉਹਨਾਂ ਦੱਸਿਆ ਕਿ ਸਵੇਰੇ 9 ਵਜੇ ਨਿਸ਼ਾਨ ਸਾਹਿਬ ਦੀ ਰਸਮ ਉਪਰੰਤ 10.30 ਵਜੇ ਸ੍ਰੀ ਗੁਰੂ ਰਵਿਦਾਸ ਜੀ ਦੀ ਬਾਣੀ ਦੇ ਪਾਠ ਦਾ ਭੋਗ ਪਾਇਆ ਜਾਵੇਗਾ। ਉਪਰੰਤ 11.30 ਵਜੇ ਤੋਂ ਸ਼ਾਮ 4 ਵਜੇ ਤੱਕ ਧਾਰਮਿਕ ਸਟੇਜ ਸਜਾਈ ਜਾਵੇਗੀ। ਜਿਸ ਵਿਚ ਪ੍ਰਸਿੱਧ ਗਾਇਕ ਕਲਾਕਾਰ ਕੇ ਐੱਸ ਬੰਗੜ ਅਤੇ ਬੀਬਾ ਸਿਮਰਨ ਸਿੰਮੀ ਧਾਰਮਿਕ ਗੀਤਾਂ ਰਾਹੀਂ ਸੰਗਤਾਂ ਵੱਡੇ ਵਡੇਰਿਆਂ ਦੀ ਮਹਿਮਾ ਦਾ ਗੁਣਗਾਨ ਕਰਨਗੇ। ਚਾਹ ਪਕੌੜਿਆਂ ਦੀ ਸੇਵਾ, ਠੰਡਾ ਮਿੱਠਾ ਜਲ ਅਤੇ ਬਾਬਾ ਜੀ ਦਾ ਲੰਗਰ ਅਤੁੱਟ ਵਰਤਾਇਆ ਜਾਵੇਗਾ। ਉਹਨਾਂ ਸਮੂਹ ਬਾਲੂ ਪਰਵਾਰਾਂ ਨੂੰ ਜਿੱਥੇ ਇਸ ਸਲਾਨਾ ਜੋੜ ਮੇਲੇ ਵਿਚ ਸਹਿਯੋਗ ਦੀ ਪੁਰਜ਼ੋਰ ਅਪੀਲ ਕੀਤੀ ਹੈ, ਉੱਥੇ ਹੀ ਕਿਹਾ ਕਿ ਕੋਈ ਵੀ ਵਿਅਕਤੀ ਨਸ਼ਾ ਕਰਕੇ ਮੇਲੇ ਵਿਚ ਨਾ ਆਵੇ। ਇਸ ਸਬੰਧੀ ਸੇਵਾਦਾਰਾਂ ਦੀਆਂ ਡਿਊਟੀਆਂ ਵੀ ਲਗਾਈਆਂ ਗਈਆਂ ਹਨ। ਇਸ ਮੌਕੇ ਪ੍ਰਧਾਨ ਬੂਟੀ ਰਾਮ ਮੌਲੀ, ਉਪ ਪ੍ਰਧਾਨ ਅਮਰਜੀਤ ਸਿੰਘ ਪਿੰਡ ਪਿਆਲਾ, ਉਪ ਪ੍ਰਧਾਨ ਬਲਵੀਰ ਚੰਦ ਕਾਰੀ, ਕੈਸ਼ੀਅਰ ਤੇ ਸਕੱਤਰ ਮਾ. ਕੁੰਦਨ ਲਾਲ ਫਰੀਦਪੁਰ, ਹਰੀ ਪਾਲ ਨੂਰਮਹਿਲ, ਡਾ. ਕੁਲਵਿੰਦਰ ਰਾਜ ਬਾਲੀ ਹੁਸ਼ਿਆਰਪੁਰ, ਹਰਬਲਾਸ ਥਲਾ, ਨਛੱਤਰ ਸਿੰਘ ਅਬਾਦਪੁਰਾ, ਠੇਕੇਦਾਰ ਹੰਸਰਾਜ ਸੰਤੋਖਪੁਰਾ ਆਦਿ ਹਾਜ਼ਰ ਸਨ।



# ਜਨਗਣਨਾ ਫਾਰਮ 'ਚ ਗੈਰ-ਸੰਵਿਧਾਨਕ ਸ਼ਬਦਾਂ ਦੀ ਵਰਤੋਂ ਕਰਨ ਵਾਲੇ ਅਧਿਕਾਰੀਆਂ 'ਤੇ ਤੁਰੰਤ ਐੱਫ ਆਈ ਆਰ ਦਰਜ ਹੋਵੇ : ਬੇਗਮਪੁਰਾ ਟਾਈਗਰ ਫੋਰਸ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਬੇਗਮਪੁਰਾ ਟਾਈਗਰ ਫੋਰਸ ਦੇ ਪੰਜਾਬ ਪ੍ਰਧਾਨ ਬੀਰਪਾਲ ਠਰੋਲੀ, ਜਸਵਿੰਦਰ ਸਿੰਘ ਜੌਲੀ ਪੰਜਾਬ ਪ੍ਰਧਾਨ ਯੂਨਾਈਟਿਡ ਅੰਬਡੇਕਰ ਸੈਨਾ ਪੰਜਾਬ, ਹੈਪੀ ਫਤਿਹਗੜ੍ਹ ਜਿਲ੍ਹਾ ਪ੍ਰਧਾਨ ਬੇਗਮਪੁਰਾ ਟਾਈਗਰ ਫੋਰਸ, ਅਮਨਦੀਪ ਕੰਡਲ, ਬਿਸ਼ਨ ਪਾਲ ਠਰੋਲੀ, ਮੋਹਿਤ ਬੱਧਣ, ਰੋਹਿਤ ਬੱਧਣ, ਢਿੱਲੋ,ਆਦਿ ਨੇ ਜਨਗਣਨਾ ਫਾਰਮ ਤਿਆਰ ਕਰਨ ਵਾਲੇ ਅਧਿਕਾਰੀਆਂ ਵਿਰੁੱਧ ਸਖ਼ਤ ਰੁਖ ਅਖਤਿਆਰ ਕਰਦਿਆਂ ਸਰਕਾਰ ਤੋਂ ਮੰਗ ਕੀਤੀ ਹੈ ਕਿ ਅਨੁਸੂਚਿਤ ਜਾਤੀ ਦੇ ਕਾਲਮ ਵਿੱਚ ਗੈਰ-ਸੰਵਿਧਾਨਕ ਸ਼ਬਦਾਂ ਦੀ ਵਰਤੋਂ ਕਰਨ ਵਾਲੇ ਜ਼ਿੰਮੇਵਾਰ ਅਫਸਰਾਂ 'ਤੇ ਐਸ ਸੀ ਐਸ ਟੀ ਐਕਟ ਦੇ ਤਹਿਤ ਤੁਰੰਤ ਐਫ.ਆਈ.ਆਰ ਦਰਜ ਕੀਤੀ ਜਾਵੇ। ਆਗੂਆਂ ਨੇ ਕਿਹਾ ਕਿ ਜਨਗਣਨਾ ਦੇ ਫਾਰਮਾਂ ਵਿੱਚ ਅਨੁਸੂਚਿਤ ਜਾਤੀ ਵਰਗ ਲਈ ਵਰਤੇ ਗਏ ਕੁਝ ਸ਼ਬਦ ਸੰਵਿਧਾਨ ਦੀ ਮਰਿਆਦਾ ਦੇ ਖਿਲਾਫ ਹਨ। ਉਨ੍ਹਾਂ ਕਿਹਾ ਕਿ ਅਜਿਹੀ ਸ਼ਬਦਾਵਲੀ ਐਸ ਸੀ ਸਮਾਜ ਦੇ ਭਾਈਚਾਰੇ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੀ ਹੈ।



ਉਨ੍ਹਾਂ ਸਪੱਸ਼ਟ ਕੀਤਾ ਕਿ ਇਹ ਕੋਈ ਅਣਜਾਣੇ ਵਿੱਚ ਹੋਈ ਗਲਤੀ ਨਹੀਂ, ਸਗੋਂ ਇੱਕ ਸੋਚੀ-ਸਮਝੀ ਸਾਜ਼ਿਸ਼ ਪ੍ਰਤੀਤ ਹੁੰਦੀ ਹੈ। ਇਸ ਲਈ ਫਾਰਮ ਤਿਆਰ ਕਰਨ ਵਾਲੇ ਉੱਚ ਅਧਿਕਾਰੀਆਂ 'ਤੇ ਬਣਦੀਆਂ ਕਾਨੂੰਨੀ ਧਾਰਾਵਾਂ ਤਹਿਤ ਕੇਸ ਦਰਜ ਹੋਣਾ ਚਾਹੀਦਾ ਹੈ।ਆਗੂਆਂ ਨੇ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਇਨ੍ਹਾਂ ਗੈਰ-ਸੰਵਿਧਾਨਕ ਸ਼ਬਦਾਂ ਨੂੰ ਤੁਰੰਤ ਫਾਰਮਾਂ ਵਿੱਚੋਂ ਹਟਾਇਆ ਜਾਵੇ ਅਤੇ ਸੰਵਿਧਾਨ ਅਨੁਸਾਰ ਸਹੀ ਸ਼ਬਦਾਵਲੀ ਦੀ ਵਰਤੋਂ ਯਕੀਨੀ ਬਣਾਈ ਜਾਵੇ। ਉਹਨਾਂ ਕਿਹਾ ਕਿ ਜੇਕਰ ਇਨ੍ਹਾਂ ਸ਼ਬਦਾਂ ਨੂੰ ਤੁਰੰਤ ਨਾ ਹਟਾਇਆ ਗਿਆ ਅਤੇ ਫਾਰਮ ਤਿਆਰ ਕਰਨ ਵਾਲੇ ਅਧਿਕਾਰੀਆਂ 'ਤੇ ਕਾਰਵਾਈ ਨਾ ਹੋਈ, ਤਾਂ ਬੇਗਮਪੁਰਾ ਟਾਈਗਰ ਫੋਰਸ ਸੂਬਾ ਪੱਧਰੀ ਸੰਘਰਸ਼ ਵਿੱਢਣ ਲਈ ਮਜਬੂਰ ਹੋਵੇਗੀ। ਉਨ੍ਹਾਂ ਕਿਹਾ ਕਿ ਉਹ ਇਸ ਮਾਮਲੇ ਨੂੰ ਲੈ ਕੇ ਜਲਦ ਹੀ ਮੁੱਖ ਮੰਤਰੀ ਅਤੇ ਰਾਜਪਾਲ ਨੂੰ ਮੰਗ ਪੱਤਰ ਸੌਂਪਣਗੇ ਤਾਂ ਜੋ ਅਨੁਸੂਚਿਤ ਜਾਤੀ ਭਾਈਚਾਰੇ ਦੇ ਮਾਣ-ਸਨਮਾਨ ਨੂੰ ਬਹਾਲ ਰੱਖਿਆ ਜਾ ਸਕੇ।

# ਮਾਤਾ ਸਵਰਨ ਕੌਰ ਦੀ ਬਰਸੀ ਮੌਕੇ ਵੱਖ-ਵੱਖ ਸ਼ਖ਼ਸੀਅਤਾਂ ਵੱਲੋਂ ਸ਼ਰਧਾ ਦੇ ਫੁੱਲ ਭੇਟ

**ਅੱਡਾ ਸਰਾਂ (ਜਸਵੀਰ ਕਾਜਲ)**- ਮਾਤਾ ਸਵਰਨ ਕੌਰ ਪਤਨੀ ਸਵ. ਅਮਰ ਸਿੰਘ ਰਿਟਾਇਰ, ਪਿੰਡ ਰਾਪੁਰ ਨੇੜੇ ਅੱਡਾ ਚੋਲਾਂਗ ਟਾਂਡਾ ਹੁਸ਼ਿਆਰਪੁਰ ਵਿਖੇ ਪਹਿਲੀ ਬਰਸੀ ਮੌਕੇ ਪਰਵਾਰ ਵਲੋਂ ਸ੍ਰੀ ਸੁਖਮਨੀ ਸਾਹਿਬ ਜੀ ਦੇ ਭੋਗ ਪਾਏ ਗਏ ਉਪਰੰਤ ਗੁਰੂ ਘਰ ਦੇ ਕੀਰਤਨੀ ਜੱਥੇ ਵਲੋਂ ਕੀਰਤਨ ਅਤੇ ਕਥਾ ਵਿਚਾਰਾਂ ਨਾਲ ਨਿਹਾਲ ਕੀਤਾ। ਬਰਸੀ ਸਮਾਗਮ ਵਿੱਚ ਵੱਖ ਵੱਖ ਧਾਰਮਿਕ, ਰਾਜਨੀਤਿਕ ਅਤੇ ਸਮਾਜ ਸੇਵੀ ਸ਼ਖ਼ਸੀਅਤਾਂ ਨੇ ਹਾਜ਼ਰੀ ਭਰ ਸ਼ਰਧਾ ਦੇ ਫੁੱਲ ਭੇਟ ਕੀਤੇ। ਜਿਸ ਵਿੱਚ ਟਾਂਡਾ ਉੜਮੁੜ ਦੇ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ, ਹਰਮੀਤ ਸਿੰਘ ਔਲਖ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਤੇ ਹੋਰ ਧਾਰਮਿਕ ਰਾਜਨੀਤਿਕ ਸ਼ਖ਼ਸੀਅਤਾਂ ਨੇ ਸ਼ਰਧਾ ਦੇ ਫੁੱਲ ਭੇਟ ਕੀਤੇ। ਮਾਤਾ ਸਵਰਨ ਕੌਰ ਦੀ ਫੁਲਵਾੜੀ ਚੋਂ ਉਹਨਾਂ ਦੇ ਪੁੱਤਰ ਪਰਮਜੀਤ ਸਿੰਘ ਰਿਟਾਇਰ ਐਲ ਆਈ ਸੀ ਅਫਸਰ ਅਤੇ ਬਾਸਦੇਵ ਸਿੰਘ ਬੱਗਾ ਸਾਬਕਾ ਸਰਪੰਚ ਰਾਪੁਰ ਨੇ ਆਏ ਸਭ ਰਿਸ਼ਤੇਦਾਰ, ਸਾਕ ਸਬੰਧੀ ਅਤੇ ਸਾਰੀਆਂ ਸ਼ਖ਼ਸੀਅਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਸੁਰਿੰਦਰ ਸਿੰਘ ਲੰਬੜਦਾਰ, ਕੁਲਦੀਪ ਸਿੰਘ ਸਾਬਕਾ ਸਰਪੰਚ, ਲਾਲਾ ਸੀਕਰੀ, ਚਰਨਜੀਤ ਪੜਬੱਗਾ ਕੰਧਾਲਾ ਜੱਟਾਂ, ਸਰਪੰਚ ਸਾਹਿਬ ਅਤੇ ਸਮੂਹ ਗ੍ਰਾਮ ਪੰਚਾਇਤ ਪਿੰਡ ਰਾਪੁਰ, ਨਗਰ ਨਿਵਾਸੀ ਰਿਸ਼ਤੇਦਾਰ ਸਾਕ ਸਬੰਧੀ ਹਾਜ਼ਰ ਸਨ।



# ਦਰਜਨਾਂ ਨੌਜਵਾਨ ਬਸਪਾ 'ਚ ਸ਼ਾਮਲ ਹੋਏ

**ਹੁਸ਼ਿਆਰਪੁਰ (ਓ ਪੀ ਰਾਣਾ)**- ਹਲਕਾ ਚੱਬੇਵਾਲ ਦੇ ਪਿੰਡ ਭਗਤੂਪੁਰ ਵਿਖੇ ਬਹੁਜਨ ਸਮਾਜ ਪਾਰਟੀ ਦੀ ਇਕ ਵਿਸ਼ੇਸ਼ ਮੀਟਿੰਗ ਡਾ. ਹਰਨੇਕ ਸਿੰਘ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਐਡਵੋਕੇਟ ਪਲਵਿੰਦਰ ਮਾਨਾ ਇੰਚਾਰਜ ਬਸਪਾ ਹਲਕਾ ਚੱਬੇਵਾਲ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਐਡਵੋਕੇਟ ਪਲਵਿੰਦਰ ਮਾਨਾ ਨੇ ਦੱਸਿਆ ਕਿ ਪੰਜਾਬ ਸੰਭਾਲੋ ਮੁਹਿੰਮ ਤੋਂ ਪ੍ਰਭਾਵਿਤ ਹੋ ਕੇ ਪੰਜਾਬ ਅੰਦਰ ਵੱਡੇ ਪੱਧਰ ਤੇ ਨੌਜਵਾਨ ਬਸਪਾ 'ਚ ਸ਼ਾਮਿਲ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਜੇਕਰ 2027 ਦੀਆਂ ਵਿਧਾਨ ਸਭਾ ਚੋਣਾਂ ਵਿਚ ਪੰਜਾਬ ਵਾਸੀ ਇਕ ਮੌਕਾ ਬਸਪਾ ਨੂੰ ਦੇਣਗੇ ਤਾਂ ਪੰਜਾਬ ਅੰਦਰ ਐਜੂਕੇਸ਼ਨ ਅਤੇ ਸਿਹਤ ਸਹੂਲਤਾਂ ਵਿੱਚ ਵੱਡੇ ਪੱਧਰ ਤੇ ਬਦਲਾਅ ਕੀਤਾ ਜਾਵੇਗਾ ਅਤੇ ਪੰਜਾਬ ਨੂੰ ਨਸ਼ਾ ਮੁਕਤ ਕਰਨ, ਗਰੀਬ ਕਿਸਾਨ ਤੇ ਮਜ਼ਦੂਰ ਵਰਗ ਲਈ ਵਧੀਆ ਤੇ ਉਚਿਤ ਸਹੂਲਤਾਂ ਦੇਣ ਲਈ ਪ੍ਰਬੰਧ ਕੀਤਾ ਜਾਵੇਗਾ। ਉਨ੍ਹਾਂ ਕਿਹਾ 2027 ਵਿੱਚ ਸੱਤਾ ਵਿਚ ਆਉਣ ਤੇ ਪੰਜਾਬ ਨੂੰ ਖੁਸ਼ਹਾਲ ਅਤੇ ਰੰਗਲਾ ਪੰਜਾਬ ਬਨਾਉਣ ਲਈ ਵਧੀਆ ਸਕੀਮਾਂ ਅਤੇ ਨੀਤੀਆਂ ਲਿਆਉਣ ਲਈ ਬਸਪਾ ਬਚਨਬੱਧ ਹੋਵੇਗੀ। ਇਸ ਸਮੇਂ ਪਾਰਟੀ ਨੂੰ ਉਸ ਸਮੇਂ ਭਾਰੀ ਬਲ ਮਿਲਿਆ ਜਦੋਂ ਹਾਜ਼ਰ ਨੌਜਵਾਨਾਂ ਨੇ ਬਸਪਾ ਦੀ ਵਿਚਾਰਧਾਰਾ ਅਤੇ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਬਸਪਾ ਵਿਚ ਸ਼ਾਮਿਲ ਹੋਣ ਦਾ ਐਲਾਨ ਕੀਤਾ ਤੇ ਐਡਵੋਕੇਟ ਪਲਵਿੰਦਰ ਮਾਨਾ ਨੇ ਉਨ੍ਹਾਂ ਨੂੰ ਸਿਰਪਾਓ ਭੇਟ ਕਰਕੇ ਬਸਪਾ ਵਿਚ ਸ਼ਾਮਿਲ ਕੀਤਾ। ਇਸ ਮੌਕੇ ਐਡਵੋਕੇਟ ਪਲਵਿੰਦਰ ਮਾਨਾ ਨੇ ਪਾਰਟੀ ਹਾਈ ਕਮਾਂਡ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਡਾ. ਹਰਨੇਕ ਸਿੰਘ ਨੂੰ ਹਲਕਾ ਚੱਬੇਵਾਲ ਦੇ ਸਕੱਤਰ ਨਿਯੁਕਤ ਕੀਤਾ।ਇਸ ਮੌਕੇ ਰਾਕੇਸ਼ ਕਿਟੀ ਜ਼ਿਲ੍ਹਾ ਸਕੱਤਰ, ਵਿਕੀ ਬੰਗਾ, ਜੱਸੀ ਖਾਨਪੁਰ, ਬਲਵੰਤ ਸਹਿਗਲ, ਰਾਜੇਸ਼ ਭੁੰਨੋ ਹਲਕਾ ਖਜਾਨਚੀ, ਲਖਵਿੰਦਰ ਸਿੰਘ ਲੱਕੀ, ਹੈਪੀ, ਅਵਤਾਰ ਸਿੰਘ, ਜਸਦੀਪ, ਲਵਲੀ, ਸਨਦੀਪ, ਸੂਰਜ, ਪ੍ਰੇਮ, ਜੱਸ ਪਜੋੜਾ, ਸਤੀਸ਼ ਪਜੋੜਾ, ਲਖਵਿੰਦਰ ਲੱਕੀ, ਸੰਦੀਪ ਕੁਮਾਰ, ਸੰਨੀ ਆਦਿ ਹਾਜ਼ਰ ਸਨ।



# ਆਰ ਬੀ ਯੂ ਦੇ ਐਲਫਾ ਸਕੂਲ ਵੱਲੋਂ ਐੱਚ ਆਰ ਕਨਕਲੇਵ 2026 ਕਰਵਾਇਆ



**ਚੰਡੀਗੜ੍ਹ (ਗੁਰਜੀਤ ਬਿੱਲਾ)**- ਰਿਆਤ ਬਾਹਰਾ ਯੂਨੀਵਰਸਿਟੀ ਦੇ ਅਲਫ਼ਾ ਸਕੂਲ ਨੇ ਏਆਈ-ਸੰਚਾਲਿਤ ਦੁਨੀਆ ਵਿੱਚ ਕਰੀਅਰ ਦਾ ਭਵਿੱਖ ਵਿਸ਼ੇ 'ਤੇ ਐੱਚ ਆਰ ਕਨਕਲੇਵ 2026 ਦਾ ਸਫਲਤਾਪੂਰਵਕ ਆਯੋਜਨ ਕੀਤਾ, ਜਿਸ ਵਿੱਚ ਮੋਹਰੀ ਐਚਆਰ ਪੇਸ਼ੇਵਰਾਂ ਅਤੇ ਉਦਯੋਗ ਮਾਹਰਾਂ ਨੇ ਵਿਦਿਆਰਥੀਆਂ ਨਾਲ ਆਰਟੀਫੀਸ਼ੀਅਲ ਇੰਟੈਲੀਜੈਂਸ ਅਤੇ ਉੱਭਰ ਰਹੀਆਂ ਤਕਨਾਲੋਜੀਆਂ ਦੁਆਰਾ ਪ੍ਰਭਾਵਿਤ ਕਰੀਅਰਾਂ ਦੇ ਬਦਲਦੇ ਰੁਝਾਨਾਂ ਬਾਰੇ ਵਿਚਾਰ ਸਾਂਝੇ ਕੀਤੇ। ਅਲਫ਼ਾ ਸਕੂਲ ਦੇ ਡਾਇਰੈਕਟਰ ਪ੍ਰੋਫੈਸਰ (ਡਾ.) ਪੂਜਾ ਸ਼ਰਮਾ ਨੇ ਦੱਸਿਆ ਕਿ ਇਸ ਪ੍ਰੋਗਰਾਮ ਵਿੱਚ ਗ੍ਰੈਜ਼ਿਟੀ ਇੰਟਰਐਕਟਿਵ ਦੀ ਐੱਚ ਆਰ ਹੈੱਡ ਯਾਮਿਨੀ ਮਹਿਤਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ । ਆਪਣੇ ਮੁੱਖ ਭਾਸ਼ਣ ਵਿੱਚ, ਉਸਨੇ ਅੱਜ ਦੇ ਬਹੁਤ ਹੀ ਮੁਕਾਬਲੇਬਾਜ਼ ਅਤੇ ਤਕਨਾਲੋਜੀ-ਅਧਾਰਤ ਪੇਸ਼ੇਵਰ ਦ੍ਰਿਸ਼ ਵਿੱਚ ਅਨੁਕੂਲਤਾ, ਨਵੀਨਤਾ ਅਤੇ ਨਿਰੰਤਰ ਸਿੱਖਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਹਨਾਂ ਵਿਦਿਆਰਥੀਆਂ ਨੂੰ ਚੁਸਤ ਰਹਿਣ ਅਤੇ ਤੇਜ਼ ਡਿਜੀਟਲ ਪਰਿਵਰਤਨ ਦੇ ਯੁੱਗ ਵਿੱਚ ਪ੍ਰਸੰਗਿਕ ਰਹਿਣ ਲਈ ਆਪਣੇ ਹੁਨਰਾਂ ਨੂੰ ਨਿਰੰਤਰ ਅਪਗ੍ਰੇਡ ਕਰਨ ਲਈ ਉਤਸ਼ਾਹਿਤ ਕੀਤਾ।

# ਸੀ ਟੀ ਗਰੁੱਪ ਵੱਲੋਂ ਐਲੂਮਨਾਈ ਐਵਾਰਡਜ਼ ਸਮਾਰੋਹ

**ਜਲੰਧਰ (ਸ਼ੈਲੀ ਐਲਬਰਟ)**- ਸੀ ਟੀ ਗਰੁੱਪ ਆਫ ਇੰਸਟੀਚਿਊਸ਼ਨਜ਼, ਸ਼ਾਹਪੁਰ ਕੈਂਪਸ ਵੱਲੋਂ ਐਲੂਮਨਾਈ ਅਵਾਰਡਜ਼ ਸੀਜ਼ਨ 4.0 ਦਾ ਵਿਸ਼ਾਲ ਅਤੇ ਸ਼ਾਨਦਾਰ ਆਯੋਜਨ ਕੀਤਾ ਗਿਆ। ਇਹ ਵਿਸ਼ੇਸ਼ ਸਮਾਰੋਹ ਸੰਸਥਾ ਦੇ ਉਹਨਾਂ ਪ੍ਰਤਿਭਾਸ਼ਾਲੀ ਪੁਰਾਤਨ ਵਿਦਿਆਰਥੀਆਂ (ਐਲੂਮਨਾਈ) ਨੂੰ ਸਨਮਾਨਤ ਕਰਨ ਲਈ ਆਯੋਜਿਤ ਕੀਤਾ ਗਿਆ, ਜਿਨ੍ਹਾਂ ਨੇ ਵੱਖ-ਵੱਖ ਖੇਤਰਾਂ ਵਿੱਚ ਆਪਣੀ ਮਿਹਨਤ, ਲਗਨ ਅਤੇ ਯੋਗਤਾ ਨਾਲ ਸ਼ਾਨਦਾਰ ਉਪਲਬਧੀਆਂ ਹਾਸਲ ਕੀਤੀਆਂ ਹਨ।ਇਸ ਸਮਾਗਮ ਵਿੱਚ ਡੀ ਆਈ ਜੀ ਇੰਦਰਬੀਰ ਸਿੰਘ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਆਪਣੇ ਪ੍ਰੇਰਨਾਦਾਇਕ ਸੰਬੋਧਨ ਦੌਰਾਨ ਉਨ੍ਹਾਂ ਨੇ ਨੇਤ੍ਰਿਤਵ, ਅਨੁਸ਼ਾਸਨ ਅਤੇ ਲੋਕ ਸੇਵਾ ਦੀ ਅਹਿਮੀਅਤ ਉਤੇ ਜ਼ੋਰ ਦਿੱਤਾ।

ਇਸ ਮੌਕੇ ਸੰਸਥਾ ਦੇ ਚੇਅਰਮੈਨ ਚਰਨਜੀਤ ਸਿੰਘ ਚੰਨੀ, ਮੈਨੇਜਿੰਗ ਡਾਇਰੈਕਟਰ ਡਾ. ਮਨਬੀਰ ਸਿੰਘ ਸਮੇਤ ਵੱਖ-ਵੱਖ ਸੰਸਥਾਵਾਂ ਦੇ ਡਾਇਰੈਕਟਰਾਂ ਅਤੇ ਵਿਭਾਗ ਮੁਖੀਆਂ ਦੀ ਵੀ ਹਾਜ਼ਰੀ ਰਹੀ। ਇਹ ਸਮਾਰੋਹ ਪੁਰਾਣੇ ਵਿਦਿਆਰਥੀਆਂ ਲਈ ਆਪਣੇ ਸੰਸਥਾਨ ਨਾਲ ਮੁੜ ਜੁੜਨ ਦਾ ਇੱਕ ਮਹੱਤਵਪੂਰਨ ਮੰਚ ਸਾਬਤ ਹੋਇਆ। ਹੈਲਥਕੇਅਰ, ਆਰਕੀਟੈਕਚਰ, ਫੈਸ਼ਨ, ਕਾਨੂੰਨ ਅਤੇ ਉਦਯਮਤਾ ਵਰਗੇ ਖੇਤਰਾਂ ਵਿੱਚ ਉਤਕ੍ਰਿਸ਼ਟ ਪ੍ਰਦਰਸ਼ਨ ਕਰਨ ਵਾਲੇ ਐਲੂਮਨਾਈ ਨੂੰ ਸਨਮਾਨਤ ਕੀਤਾ ਗਿਆ। ਕੁੱਲ 14 ਵਿਸ਼ੇਸ਼ ਹਸਤੀਆਂ ਨੂੰ ਸਨਮਾਨ ਮਿਲਿਆ, ਜਿਨ੍ਹਾਂ ਵਿੱਚ ਅਰਵਿੰਦ ਫੈਸ਼ਨਜ਼ ਦੀ ਮਿਸ ਗਰੀਮਾ ਭਾਰਦਵਾਜ, ਐਚ ਆਰ ਮਾਹਰ ਮਿਸ ਵਿਧੂ ਟੰਡਨ ਅਤੇ ਕਾਨੂੰਨੀ ਵਿਦਵਾਨ ਮਿਸਟਰ ਵਿਵੇਕ ਸ਼ਾਮਲ ਸਨ।ਇਸ ਤੋਂ ਇਲਾਵਾ, ਰਚਨਾਤਮਕ ਖੇਤਰ ਵਿੱਚ ਆਪਣੀ ਪਛਾਣ ਬਣਾਉਣ ਵਾਲੇ ਮਯੰਕ ਭਾਰਦਵਾਜ (ਵੋਇਸ ਆਫ ਪੰਜਾਬ) ਅਤੇ ਫੈਸ਼ਨ ਡਿਜ਼ਾਈਨਰ ਮਿਸ ਮੰਦੀਪ ਕੌਰ ਬੈਂਸ, ਤਕਨੀਕੀ ਖੇਤਰ ਵਿੱਚ ਯੋਗਦਾਨ ਪਾਉਣ ਵਾਲੇ ਸ਼ਸ਼ਾਂਕ ਪਾਂਡੇ (ਐਕਸਯੂਵੀ-700 ਪ੍ਰੋਜੈਕਟ), ਅਤੇ ਸਿਹਤ ਸੇਵਾਵਾਂ ਨਾਲ ਜੁੜੇ ਸੀਐਮਸੀ ਲੁਧਿਆਣਾ ਦੀ ਮਿਸ ਪਿੰਕੀ ਅਤੇ ਹੈਲਥ ਐਂਡ ਫੈਮਿਲੀ ਵੈਲਫੇਅਰ ਵਿਭਾਗ ਨਾਲ ਸੰਬੰਧਿਤ ਮਿਸਟਰ ਕਰਨ ਨੂੰ ਵੀ ਸਨਮਾਨਤ ਕੀਤਾ ।ਸਮਾਰੋਹ ਦਾ ਇੱਕ ਭਾਵੁਕ ਪਲ ਉਹ ਸੀ ਜਦੋਂ 2022-2026 ਬੈਚ ਦੇ ਲੈਫਟੀਨੈਂਟ ਗੁਰਪ੍ਰਤਾਪ ਸਿੰਘ ਨੂੰ ਸ਼ਰਧਾਂਜਲੀ ਅਰਪਿਤ ਕੀਤੀ ਗਈ।





# ਮਹਾਰਾਣਾ ਪ੍ਰਤਾਪ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਸਮਾਗਮ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਵੈਟਰਨ ਜਤਿੰਦਰ ਸਿੰਘ ਰਾਣਾ ਮੀਤ ਪ੍ਰਧਾਨ ਪੰਜਾਬ ਡਿਫੈਂਸ ਵੈਟਰਨਜ਼ ਆਰਗੇਨਾਈਜੇਸ਼ਨ ਨੇ ਮਹਾਨ ਯੋਧੇ, ਦੇਸ਼ ਭਗਤ ਮਹਾਰਾਣਾ ਪ੍ਰਤਾਪ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਇੱਕ ਵਿਸ਼ੇਸ਼ ਸਮਾਗਮ ਆਯੋਜਿਤ ਕੀਤਾ ਗਿਆ। ਇਸ ਮੌਕੇ ਉੱਤੇ ਸਮਾਜ ਦੇ ਮੈਂਬਰਾਂ ਅਤੇ ਨੌਜਵਾਨਾਂ ਨੇ ਮਹਾਰਾਣਾ ਪ੍ਰਤਾਪ ਦੇ ਚਿੱਤਰ ਅੱਗੇ ਫੁੱਲ ਭੇਟ ਕਰਕੇ ਉਨ੍ਹਾਂ ਨੂੰ ਨਮਨ ਕੀਤਾ। ਬੁਲਾਰਿਆਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਮਹਾਰਾਣਾ ਪ੍ਰਤਾਪ ਦੀ ਵੀਰਤਾ, ਦੇਸ਼ ਪ੍ਰੇਮ ਅਤੇ ਸਵਾਭਿਮਾਨ ਸਾਨੂੰ ਹਮੇਸ਼ਾ ਪ੍ਰੇਰਿਤ ਕਰਦੇ ਰਹਿਣਗੇ। ਉਨ੍ਹਾਂ ਦਾ ਜੀਵਨ ਸੱਚਾਈ, ਹਿੰਮਤ ਅਤੇ ਧਰਮ ਦੀ ਰੱਖਿਆ ਲਈ ਸਮਰਪਿਤ ਸੀ। ਮਹਾਰਾਣਾ ਪ੍ਰਤਾਪ ਭਾਰਤ ਦੇ ਮਹਾਨ ਰਾਜਪੂਤ ਯੋਧਿਆਂ ਵਿੱਚੋਂ ਇੱਕ ਸਨ। ਉਹ ਮੇਵਾਰ (ਮੌਜੂਦਾ ਰਾਜਸਥਾਨ) ਦੇ ਰਾਜਾ ਸਨ ਅਤੇ ਆਪਣੀ ਵੀਰਤਾ, ਦੇਸ਼ਭਗਤੀ ਅਤੇ ਆਜ਼ਾਦੀ ਲਈ ਸੰਘਰਸ਼ ਕਾਰਨ ਪ੍ਰਸਿੱਧ ਹਨ।

# ਪੇਂਡੂ ਚੌਂਕੀਦਾਰਾਂ ਨੇ ਮੰਗਾਂ ਦੀ ਪੂਰਤੀ ਲਈ ਪੰਜਾਬ ਸਰਕਾਰ ਖਿਲਾਫ ਕੀਤਾ ਰੋਸ ਪ੍ਰਗਟ

**ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)**- ਲਾਲ ਝੰਡਾ ਪੇਂਡੂ ਚੌਂਕੀਦਾਰ ਯੂਨੀਅਨ ਪੰਜਾਬ ਤਹਿਸੀਲ ਟਾਂਡਾ ਦੀ ਮਹੀਨਾਵਾਰ ਮੀਟਿੰਗ ਤਹਿਸੀਲ ਕੰਪਲੈਕਸ ਟਾਂਡਾ ਵਿੱਚ ਹੋਈ ਜਿਸ ਦੌਰਾਨ ਵੱਖ-ਵੱਖ ਪਿੰਡਾਂ ਤੋਂ ਇਕੱਤਰ ਹੋਏ ਚੌਂਕੀਦਾਰਾਂ ਨੇ ਆਪਣੀਆਂ ਮੰਗਾਂ ਦੇ ਪ੍ਰਤੀ ਆਵਾਜ਼ ਬੁਲੰਦ ਕਰਦੇ ਹੋਏ ਪੰਜਾਬ ਸਰਕਾਰ ਖਿਲਾਫ ਰੋਸ ਪ੍ਰਗਟ ਕੀਤਾ। ਯੂਨੀਅਨ ਦੇ ਸੂਬਾ ਪ੍ਰਧਾਨ ਪਰਮਜੀਤ ਸਿੰਘ ਨੀਲੋਂ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਜ਼ਿਲ੍ਹਾ ਪ੍ਰਧਾਨ ਜੋਗਿੰਦਰ ਪਾਲ ਦੀ ਅਗਵਾਈ ਵਿੱਚ ਹੋਈ ਇਸ ਮੀਟਿੰਗ ਦੌਰਾਨ ਆਡਿਟ ਅਫਸਰ ਪੰਜਾਬ ਹਰਕੀਰਤ ਸਿੰਘ ਅਜਨੋਹਾ ਤੇ ਸੂਬਾ ਪ੍ਰੈੱਸ ਸਕੱਤਰ ਸੁਰਿੰਦਰ ਸਿੰਘ ਨੰਗਲ ਕਲਾਲਾ ਨੇ ਵਿਸ਼ੇਸ਼ ਤੌਰ ’ਤੇ ਸ਼ਿਰਕਤ ਕੀਤੀ। ਇਸ ਮੌਕੇ ਪੇਂਡੂ ਚੌਂਕੀਦਾਰਾਂ ਨੇ ਪਿਛਲੇ ਲੰਬੇ ਸਮੇਂ ਤੋਂ ਚੌਂਕੀਦਾਰਾਂ ਦੀਆਂ ਲਟਕਦੀਆਂ ਆ ਰਹੀਆਂ ਮੰਗਾਂ ਨੂੰ ਪੂਰਾ ਨਾ ਕਰਨ ਦੇ ਰੋਸ ਵਜੋਂ ਪੰਜਾਬ ਸਰਕਾਰ ਖਿਲਾਫ ਰੋਸ ਪ੍ਰਗਟ ਕਰਦੇ ਹੋਏ ਆਪਣੀਆਂ ਮੰਗਾਂ ਜਲਦ ਤੋਂ ਜਲਦ ਪੂਰੀਆਂ ਕਰਨ ਦੀ ਮੰਗ ਕੀਤੀ।ਇਸ ਮੌਕੇ ਯੂਨੀਅਨ ਵੱਲੋਂ ਤਹਿਸੀਲ ਟਾਂਡਾ ਦੇ ਅਹੁਦੇਦਾਰਾਂ ਦੀ ਚੋਣ ਸਰਬ ਸੰਮਤੀ ਨਾਲ ਕੀਤੀ ਗਈ ਜਿਸ ਦੌਰਾਨ ਜੀਤ ਸਿੰਘ ਟਿਲੂਵਾਲ ਨੂੰ ਸਰਪ੍ਰਸਤ, ਜੋਗਿੰਦਰ ਸਿੰਘ ਗਿੱਲ ਨੂੰ ਤਹਿਸੀਲ ਪ੍ਰਧਾਨ, ਜਗਦੀਸ਼ ਮੂਨਕਾ ਤੇ ਮਹਿੰਦਰ ਪਾਲ ਜੌੜਾ ਨੂੰ ਮੀਤ ਪ੍ਰਧਾਨ, ਜਸਵਿੰਦਰ ਸਿੰਘ ਜਕੋਵਾਲ




ਨੂੰ ਜਨਰਲ ਸੈਕਟਰੀ, ਪਰਮਜੀਤ ਸਿੰਘ ਨੂੰ ਪ੍ਰੈੱਸ ਸਕੱਤਰ, ਧਰਮਿੰਦਰ ਸਿੰਘ ਟਾਹਲੀ ਨੂੰ ਸਲਾਹਕਾਰ ਨਿਯੁਕਤ ਕੀਤਾ ਗਿਆ ਇਸ ਤੋਂ ਇਲਾਵਾ ਸੁਰਿੰਦਰ ਸਿੰਘ ਦੇਹਰੀਵਾਲ, ਜਸਵਿੰਦਰ ਸਿੰਘ ਜੱਕੋਵਾਲ, ਕੁਲਦੀਪ ਸਿੰਘ ਸਹਿਬਾਜ਼ਪੁਰ, ਪਰਮਜੀਤ ਸਿੰਘ, ਜਗਦੀਸ਼ ਸਿੰਘ ਮੂਨਕਾਂ, ਮੀਦਾ ਝਾਵਾਂ, ਅਜੀਤ ਸਿੰਘ ਢਿੱਲੋਵਾਲ ਜਤਿੰਦਰ ਕੁਮਾਰ ਪੁਲ ਪੁਖਤਾ ਯੋਗਰਾਜ ਜੌੜਾ ਸਤਪਾਲ ਸਿੰਘ ਜਹੂਰਾ, ਦਿਲਬਾਗ ਸਿੰਘ ਨਰਿਆਲਾ, ਮਹਿੰਦਰ ਸਿੰਘ ਲਿੱਤਰ, ਮਹਿੰਦਰ ਲਾਲ ਕੋਟਲੀ ਜੰਡ, ਗੁਰਮੁਖ ਸਿੰਘ ਮਸੀਤੀ, ਅਮਰੀਕ ਸਿੰਘ ਬੋਤਲ ਕੋਟਲੀ, ਧਰਮਿੰਦਰ ਸਿੰਘ ਟਾਹਲੀ, ਤਰਸੇਮ ਲਾਲ ਦਬੁਰਜੀ, ਸੁਰਿੰਦਰ ਸਿੰਘ ਸ਼ਾਲਾਪੁਰ, ਬਲਵਿੰਦਰ ਸਿੰਘ ਜੌੜਾ, ਚਮਨ ਲਾਲ ਭੂਲਪੁਰ, ਪਿਆਰਾ ਲਾਲ ਨਿਰਮਲ ਸਿੰਘ, ਜਤਿੰਦਰ ਕੁਮਾਰ ,ਸੁਖਵਿੰਦਰ ਕੌਰ, ਆਸ਼ਾ ਰਾਣੀ, ਨੂੰ ਮੈਂਬਰ ਨਿਯੁਕਤ ਕੀਤਾ ਗਿਆ।ਇਸ ਮੌਕੇ ਸੂਬਾ ਆਡਿਟ ਅਫਸਰ ਹਰਕੀਰਤ ਸਿੰਘ ਅਜਨੋਹਾ, ਸੂਬਾ ਪ੍ਰੈੱਸ ਸਕੱਤਰ ਸੁਰਿੰਦਰ ਸਿੰਘ ਨੰਗਲ ਕਲਾਲਾ ਜ਼ਿਲ੍ਹਾ ਪ੍ਰਧਾਨ ਜੋਗਿੰਦਰ ਸਿੰਘ ਗਿੱਲ ਨੇ ਦੱਸਿਆ ਕਿ ਪੇਂਡੂ ਚੌਂਕੀਦਾਰ ਪਿਛਲੇ ਲੰਬੇ ਸਮੇਂ ਤੋਂ ਆਪਣੀ ਤਨਖਾਹ ਹਰਿਆਣਾ ਪੈਟਰਨ ਦੀ ਤਰਜ ’ਤੇ 7500 ਰੁਪਏ ਪ੍ਰਤੀ ਮਹੀਨਾ, ਚੌਂਕੀਦਾਰਾਂ ਨੂੰ ਮੌਸਮ ਅਨੁਸਾਰ ਡਿਊਟੀ ਕਰਨ ਲਈ ਦੋ-ਦੋ ਵਰਦੀਆਂ, ਪਿੰਡਾਂ ਵਿੱਚ 5-5 ਮਰਲੇ ਦੇ ਪਲਾਟ ਅਤੇ ਜਨਮ ਮੌਤ ਦੇ ਰਜਿਸਟਰੇਸ਼ਨ ਕਰਨ ਦਾ ਅਧਿਕਾਰ ਨੂੰ ਲੈ ਕੇ ਸੰਘਰਸ਼ ਕਰਦੇ ਆ ਰਹੇ ਹਨ ਪ੍ਰੰਤੂ ਮੌਜੂਦਾ ਤੇ ਪਿਛਲੀਆਂ ਸਰਕਾਰਾਂ ਨੇ ਉਹਨਾਂ ਨੂੰ ਲਾਰਿਆਂ ਤੇ ਵਾਅਦਿਆਂ ਤੋਂ ਇਲਾਵਾ ਕੁਝ ਨਹੀਂ ਦਿੱਤਾ।

# ਨਿੱਜੀਕਰਨ ਤੇ ਜੀ ਰਾਮ ਜੀ ਕਾਨੂੰਨ ਖਿਲਾਫ 22 ਦੇ ਸਾਂਝੇ ਧਰਨਿਆਂ ਲਈ ਖੇਤ ਮਜ਼ਦੂਰਾਂ ਵਿੱਢੀ ਮੁਹਿੰਮ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਦੀਆਂ ਦਰਜਨਾਂ ਮਜ਼ਦੂਰ ਕਿਸਾਨ ਮੁਲਾਜ਼ਮ ਤੇ ਠੇਕਾ ਕਾਮਿਆਂ ਦੀਆਂ ਜਥੇਬੰਦੀਆਂ ਵੱਲੋਂ 22 ਫਰਵਰੀ ਨੂੰ ਪੰਜਾਬ ਭਰ ’ਚ ਭਾਜਪਾ ਤੇ ਆਪ ਆਗੂਆਂ ਦੇ ਘਰਾਂ ਅੱਗੇ ਦਿੱਤੇ ਜਾ ਰਹੇ ਧਰਨਿਆਂ



’ਚ ਖੇਤ ਮਜ਼ਦੂਰਾਂ ਦੀ ਭਰਵੀਂ ਸ਼ਮੂਲੀਅਤ ਕਰਾਉਣ ਲਈ ਪੰਜਾਬ ਖੇਤ ਮਜ਼ਦੂਰ ਯੂਨੀਅਨ ਵੱਲੋਂ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ, ਫਰੀਦਕੋਟ, ਮੋਗਾ, ਬਠਿੰਡਾ, ਸੰਗਰੂਰ, ਜਲੰਧਰ ਤੇ ਬਰਨਾਲਾ ਦੇ ਪਿੰਡਾਂ ’ਚ ਕੀਤੀਆਂ ਜਾ ਰਹੀਆਂ ਜਨਤਕ ਮੀਟਿੰਗਾਂ ਨੂੰ ਮਜ਼ਦੂਰ ਵਰਗ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਇਹ ਜਾਣਕਾਰੀ ਯੂਨੀਅਨ ਦੇ ਸੂਬਾ ਪ੍ਰਧਾਨ ਜੋਰਾ ਸਿੰਘ, ਸੂਬਾ ਜਨਰਲ ਸਕੱਤਰ ਲਛਮਣ ਸਿੰਘ ਸੇਵੇਵਾਲਾ ਤੇ ਵਿੱਤ ਸਕੱਤਰ ਹਰਮੇਸ਼ ਮਾਲੜੀ ਵੱਲੋਂ ਜ਼ਾਰੀ ਕੀਤੇ ਬਿਆਨ ਰਾਹੀਂ ਦਿੱਤੀ ਗਈ। ਉਹਨਾਂ ਦੱਸਿਆ ਕਿ 22 ਫਰਵਰੀ ਦੇ ਧਰਨੇ ਕੇਂਦਰ ਸਰਕਾਰ ਵੱਲੋਂ ਲਾਗੂ ਕੀਤੀਆਂ ਜਾ ਰਹੀਆਂ ਨਿੱਜੀਕਰਨ, ਪੰਚਾਇਤੀਕਰਨ ਦੀਆਂ ਨੀਤੀਆਂ ਰੱਦ ਕਰਨ, ਮਨਰੇਗਾ ਦੀ ਥਾਂ ਲਿਆਂਦੇ ਜੀ ਰਾਮ ਜੀ ਕਾਨੂੰਨ ਨੂੰ ਰੱਦ ਕਰਕੇ ਮਨਰੇਗਾ ਨੂੰ ਬਹਾਲ ਕਰਨ, ਬਿਜਲੀ ਸੋਧ ਬਿੱਲ 2025, ਮਜ਼ਦੂਰ ਵਿਰੋਧੀ ਲੇਬਰ ਕੋਡ ਅਤੇ ਦੇਸ਼ ਵਿਰੋਧੀ ਭਾਰਤ ਅਮਰੀਕਾ ਮੁਕਤ ਵਪਾਰ ਸਮਝੌਤਾ ਰੱਦ ਕਰਨ ਵਰਗੀਆਂ ਮੰਗਾਂ ਨੂੰ ਲੈ ਕੇ ਦਿੱਤੇ ਜਾਣਗੇ। ਵੱਖ ਵੱਖ ਥਾਵਾਂ ’ਤੇ ਜੁੜੇ ਇਕੱਠਾਂ ਨੂੰ ਮਜ਼ਦੂਰ ਆਗੂ ਮੇਜਰ ਸਿੰਘ ਕਾਲੇਕੇ, ਗੁਰਪਾਲ ਸਿੰਘ ਨੰਗਲ ਤੇ ਹਰਭਗਵਾਨ ਸਿੰਘ ਮੂਨਕ ਤੋਂ ਇਲਾਵਾ ਸਥਾਨਕ ਆਗੂਆਂ ਨੇ ਸੰਬੋਧਨ ਕੀਤਾ। ਖੇਤ ਮਜ਼ਦੂਰ ਆਗੂਆਂ ਨੇ ਦੋਸ਼ ਲਾਇਆ ਕਿ ਕੇਂਦਰ ਸਰਕਾਰ ਲਗਾਤਾਰ ਮਜ਼ਦੂਰ ਕਿਸਾਨ ਤੇ ਮੁਲਾਜ਼ਮ ਵਿਰੋਧੀ ਨੀਤੀਆਂ ਲਾਗੂ ਕਰ ਰਹੀਆਂ ਹਨ।

# ਦਲਿਤ ਭਾਈਚਾਰੇ ਲਈ ਜਾਤੀਸੂਚਕ ਸ਼ਬਦ ਵਰਤਣਾ ਬੇਹੱਦ ਮੰਦਭਾਗਾ : ਜਗਜੀਤ ਛੜਬੜ

**ਡੇਰਾਬੱਸੀ, (ਵਿਨੈ ਕੁਮਾਰ ਜੈਨ)**- 2027 ਦੀ ਜਨਗਣਨਾ ਲਈ ਆਨਲਾਈਨ ਜਾਰੀ ਕੀਤੇ ਗਏ ਪੰਜਾਬੀ ਫਾਰਮ ਵਿੱਚ ਦਲਿਤ ਭਾਈਚਾਰੇ ਲਈ ਕਾਨੂੰਨੀ ਤੌਰ ’ਤੇ ਵਰਜਿਤ ਜਾਤੀਸੂਚਕ ਸ਼ਬਦ ਦਰਜ ਕਰਨਾ ਬੇਹੱਦ ਮੰਦਭਾਗਾ ਹੈ। ਇਹ ਨਾ ਸਿਰਫ਼



ਸੰਵਿਧਾਨਕ ਨਿਯਮਾਂ ਦੀ ਉਲੰਘਣਾ ਹੈ, ਸਗੋਂ ਸਮੁੱਚੇ ਦਲਿਤ ਭਾਈਚਾਰੇ ਦਾ ਜਨਤਕ ਅਪਮਾਨ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਬਹੁਜਨ ਸਮਾਜ ਪਾਰਟੀ (ਬਸਪਾ) ਪੰਜਾਬ ਦੇ ਸੂਬਾ ਜਨਰਲ ਸਕੱਤਰ ਜਗਜੀਤ ਸਿੰਘ ਛੜਬੜ ਨੇ ਇੱਥੇ ਇੱਕ ਪ੍ਰੈਸ ਬਿਆਨ ਜਾਰੀ ਕਰਦਿਆਂ ਕੀਤਾ।ਬਸਪਾ ਆਗੂ ਨੇ ਸਖ਼ਤ ਰੁਖ਼ ਅਖ਼ਤਿਆਰ ਕਰਦਿਆਂ ਕਿਹਾ ਕਿ ਐਸ.ਸੀ./ਐਸ.ਟੀ. ਕਮਿਸ਼ਨ ਨੂੰ ਇਸ ਗੰਭੀਰ ਲਾਪਰਵਾਹੀ ਦਾ ਤੁਰੰਤ ਨੋਟਿਸ ਲੈਣਾ ਚਾਹੀਦਾ ਹੈ। ਉਨ੍ਹਾਂ ਮੰਗ ਕੀਤੀ ਕਿ ਉਕਤ ਪ੍ਰੋਫਾਰਮਾ ਤਿਆਰ ਕਰਨ ਵਾਲੇ ਜ਼ਿੰਮੇਵਾਰ ਅਧਿਕਾਰੀਆਂ ਦੇ ਵਿਰੁੱਧ ਐਸ.ਸੀ./ਐਸ.ਟੀ. ਐਕਟ ਤਹਿਤ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ। ਛੜਬੜ ਨੇ ਕਿਹਾ ਕਿ ਇੱਕ ਪਾਸੇ ਜਿੱਥੇ ਦਲਿਤ ਅਤੇ ਪਛੜੇ ਵਰਗ ਦੇ ਲੋਕਾਂ ’ਤੇ ਹਿੰਸਕ ਹਮਲੇ ਤੇਜ਼ ਹੋ ਰਹੇ ਹਨ, ਉੱਥੇ ਹੀ ਉਨ੍ਹਾਂ ਨੂੰ ਰਾਖਵੀਆਂ ਪੰਚਾਇਤੀ ਅਤੇ ਸ਼ਾਮਲਾਟ ਜ਼ਮੀਨਾਂ ਦੇ ਹੱਕਾਂ ਤੋਂ ਵੀ ਵਾਂਝਾ ਰੱਖਿਆ ਜਾ ਰਿਹਾ ਹੈ। ਆਪਣੇ ਹੱਕਾਂ ਦੀ ਮੰਗ ਕਰਨ ਵਾਲੇ ਗਰੀਬ ਲੋਕਾਂ ਨੂੰ ਝੂਠੇ ਕੇਸਾਂ ਵਿੱਚ ਫਸਾ ਕੇ ਦਬਾਇਆ ਜਾ ਰਿਹਾ ਹੈ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਪੰਜਾਬੀ ਪ੍ਰੋਫਾਰਮੇ ਵਿੱਚੋਂ ਇਤਰਾਜ਼ਯੋਗ ਸ਼ਬਦ ਤੁਰੰਤ ਹਟਾਏ ਜਾਣ ਅਤੇ ਦੋਸ਼ੀ ਅਧਿਕਾਰੀਆਂ ਨੂੰ ਸਜ਼ਾ ਦਿੱਤੀ ਜਾਵੇ।ਇਸ ਮੌਕੇ ਉਨ੍ਹਾਂ ਦੇ ਨਾਲ ਮਾਸਟਰ ਸੁਰਿੰਦਰ ਸਿੰਘ, ਚਰਨਜੀਤ ਸਿੰਘ ਦੇਵੀਨਗਰ, ਮਾਸਟਰ ਸ਼ੇਰ ਸਿੰਘ, ਰਾਜ ਕੁਮਾਰ ਝਰਮੜੀ, ਗੁਰਦੇਵ ਸਿੰਘ ਪਰਾਗਪੁਰ, ਗੁਰਮੀਤ ਸਿੰਘ ਜੌਲੀ, ਪਲਵਿੰਦਰ ਸਿੰਘ ਬੜਾਣਾ, ਜਸਵਿੰਦਰ ਸਿੰਘ ਰਾਣੀਮਾਜਰਾ, ਹਰਬੰਸ ਸਿੰਘ ਲਾਲੜੂ, ਬਲਦੇਵ ਸਿੰਘ ਚੜਿਆਲਾ, ਜੀਵਨ ਕੁਮਾਰ ਸਹੋਤਾ, ਡਾਕਟਰ ਜਰਨੈਲ ਸਿੰਘ, ਜਥੇਦਾਰ ਸੁਰਜਨ ਸਿੰਘ, ਕੁਲਵੀਰ ਸਿੰਘ ਮੀਰਪੁਰਾ, ਤਾਰਾ ਸਿੰਘ ਅਤੇ ਗੁਰਮੀਤ ਸਿੰਘ ਸਮੇਤ ਹੋਰ ਆਗੂ ਵੀ ਹਾਜ਼ਰ ਸਨ।

# ਡਾਕਟਰ ਅੰਬੇਡਕਰ ਦਾ ਜਨਮ ਦਿਨ ਮਨਾਇਆ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰੀ)**- ਡਾ.ਬੀ.ਆਰ. ਅੰਬੇਡਕਰ ਸੋਸਾਇਟੀ ਪੋਸੀ ਅਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਡਾ. ਬੀ ਆਰ ਅੰਬੇਡਕਰ ਦਾ 135 ਵਾਂ ਜਨਮ ਦਿਨ ਪਿੰਡ ਪੋਸੀ ਵਿਖੇ



ਬਹੁਤ ਹੀ ਉਤਸ਼ਾਹ ਅਤੇ ਸ਼ਰਧਾ ਨਾਲ ਮਨਾਇਆ ਗਿਆ।ਇਸ ਮੌਕੇ ਡਾਕਟਰ ਕਸ਼ਮੀਰ ਚੰਦ ਅਤੇ ਡਾਕਟਰ ਨਵਨੀਤ ਸਹਿਗਲ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਪ੍ਰੋਗਰਾਮ ਦਾ ਮੁੱਖ ਆਕਰਸ਼ਣ ਮਾਸਟਰ ਰਣਜੀਤ ਸਿੰਘ ਦੁਆਰਾ ਸੰਚਾਲਿਤ ਦਰਪਣ ਕਲਾ ਮੰਚ ਦੇ ਬਾਲ ਕਲਾਕਾਰਾਂ ਵਲੋਂ ਬਾਬਾ ਸਾਹਿਬ ਦੇ ਜੀਵਨ ਅਤੇ ਮੌਜੂਦਾ ਸਮਾਜਿਕ ਬੁਰਾਈਆਂ ਨੂੰ ਉਜਾਗਰ ਕਰਦੀਆਂ ਕੋਰੀਓਗਰਾਫੀਆਂ ਰਹੀਆਂ। ਪ੍ਰਿੰਸੀਪਲ ਸੋਹਣ ਸਿੰਘ ਸੂਨੀ, ਲੈਕਚਰਾਰ ਸ਼ਾਮ ਸੁੰਦਰ ਕਪੂਰ, ਮਾਸਟਰ ਹਰਬੰਸ ਸਿੰਘ, ਬਾਬੂ ਜਗਦੀਸ਼ ਰਾਇ ਨੇ ਬਾਬਾ ਸਾਹਿਬ ਦੇ ਸੰਘਰਸ਼ਪੂਰਨ ਜੀਵਨ ਦੀ ਬਦੌਲਤ ਗਰੀਬਾਂ ਅਤੇ ਦਲਿਤਾਂ ਨੂੰ ਮਿਲੇ ਹੱਕਾਂ ਦੀ ਚਰਚਾ ਕਰਦਿਆਂ ਕਿਹਾ ਕਿ ਭਾਰਤ ਦੇ ਲੋਕਾਂ ਦੀ ਦਸ਼ਾ ਸੁਧਾਰਨ ਵਿੱਚ ਬਾਬਾ ਸਾਹਿਬ ਦੇ ਕ੍ਰਾਂਤੀਕਾਰੀ ਯੋਗਦਾਨ ਅਤੇ ਕੁਰਬਾਨੀ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਉਹਨਾਂ ਨੂੰ ਕਿਸੇ ਇਕ ਜਾਤੀ ਜਾਂ ਕੌਮ ਨਾਲ ਜੋੜਨ ਬਹੁਤ ਵੱਡੀ ਬੇਇਨਸਾਫ਼ੀ ਹੋਵੇਗੀ।ਇਸ ਮੌਕੇ ਖੇਡ, ਸਾਹਿਤ ਅਤੇ ਵਿੱਦਿਆ ਦੇ ਖੇਤਰ ਵਿੱਚ ਨਾਮਣਾ ਖੱਟਣ ਵਾਲੀਆਂ ਸ਼ਖਸੀਅਤਾਂ ਹੈਡਮਾਸਟਰ ਰੇਸ਼ਮ ਚਿੱਤਰਕਾਰ, ਪ੍ਰਿ. ਸੋਹਣ ਸਿੰਘ ਸੂਨੀਂ, ਲੈਕ: ਸ਼ਾਮ ਸੁੰਦਰ ਕਪੂਰ, ਪੰਜਾਬ ਦੀ ਫੁੱਟਬਾਲ ਟੀਮ ਦੀ ਕਪਤਾਨ ਅਤੇ ਨੈਸ਼ਨਲ ਟੀਮ ਮੈਂਬਰ ਹਰਮੀਨ ਕੌਰ, ਪੰਜਾਬ ਦੀ ਫੁਟਬਾਲ ਟੀਮ ਮੈਂਬਰ ਅਨੁਰੀਤ ਕੌਰ, ਐਥਲੀਟ ਦੀਪਿਕਾ, ਕਰਾਟੇ ਚੈਂਪੀਅਨ ਖੁਸ਼ੀ ਅਤੇ ਤਨੀਸ਼ਾ, ਪ੍ਰੋਫੈਸਰ ਏਕਤਨ ਜੱਸਲ, ਡਾ. ਹਰਪ੍ਰੀਤ ਸਿੰਘ ਮੈਡੀਕਲ ਅਫ਼ਸਰ, ਫੁੱਟਬਾਲਰ ਹਰਮਨ ਹੀਰ, ਰਮਨ, ਰਾਖੀ, ਸੁਸ਼ਮਾ, ਅੰਸ਼ਿਤ ਤਨੀਸ਼ਾ, ਜੱਸਲ, ਰਮਨ ਕੁਮਾਰ, ਸਾਧਨਾ ਨੂੰ ਵਿਸ਼ੇਸ਼ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਇਸ ਸਮੇਂ ਜਗਦੇਵ ਜੱਸਲ, ਫੁਟਬਾਲ ਕੋਚ ਸੰਦੀਪ ਸਿੰਘ ਬੈਂਸ, ਕੋਚ ਸੰਸਾਰ ਸਿੰਘ, ਬਾਬੂ ਲਹਿੰਬਰ ਰਾਮ, ਬਲਬੀਰ ਕੌਰ, ਪ੍ਰੀਤਮ ਦਾਸ ਤੇ ਅਸ਼ੋਕ ਕੁਮਾਰ ਹਾਜ਼ਰ ਸਨ।

# ਸਾਫ ਖੜ੍ਹੇ ਪਾਣੀ ’ਚ ਪੈਦਾ ਹੁੰਦਾ ਡੇਂਗੂ ਦਾ ਮੱਛਰ : ਐੱਸ ਐੱਮ ਓ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਡੇਂਗੂ ਤੋਂ ਬਚਾਓ ਅਤੇ ਇਸ ਦੇ ਫੈਲਾਓ ਨੂੰ ਰੋਕਣ ਲਈ ਸਿਹਤ ਵਿਭਾਗ ਪੰਜਾਬ ਵੱਲੋਂ ਚਲਾਈ ਗਈ ਵਿਸ਼ੇਸ ਮੁਹਿੰਮ ਹਰ ਸ਼ੁੱਕਰਵਾਰ ਡੇਂਗੂ ’ਤੇ ਵਾਰ ਤਹਿਤ ਸਿਵਲ ਸਰਜਨ ਹੁਸ਼ਿਆਰਪੁਰ ਡਾ. ਮਨਦੀਪ ਕਮਲ ਦੇ ਦਿਸ਼ਾ-ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫਸਰ ਡਾ. ਮਨਪ੍ਰੀਤ ਸਿੰਘ ਬੈਂਸ ਦੀ ਅਗਵਾਈ ਹੇਠ ਬਲਾਕ ਹਾਰਟਾ ਬਡਲਾ ਅਧੀਨ ਪੈਂਦੇ ਹਾਟ-ਸਪਾਟ ਖੇਤਰਾਂ ਅਤੇ ਵਿੱਦਿਅਕ ਅਦਾਰਿਆਂ ਵਿੱਚ ਹਰ ਸ਼ੁੱਕਰਵਾਰ ਡੇਂਗੂ ’ਤੇ ਵਾਰ ਮੁਹਿੰਮ ਤਹਿਤ ਗਤੀਵਿਧੀਆਂ ਕੀਤੀਆਂ ਗਈਆਂ।ਇਸ ਸੰਬੰਧੀ ਜਾਣਕਾਰੀ ਸਾਂਝੀ ਕਰਦਿਆਂ ਡਾ.ਮਨਪ੍ਰੀਤ ਸਿੰਘ ਨੇ ਦੱਸਿਆ ਕਿ ਮੁਹਿੰਮ ਤਹਿਤ ਸਿਹਤ ਵਿਭਾਗ ਦੀਆਂ ਟੀਮਾਂ ਅਤੇ ਨਰਸਿੰਗ ਕਾਲਜਾਂ ਦੇ ਵਿਦਿਆਰਥੀਆਂ ਦੇ ਸਹਿਯੋਗ ਨਾਲ ਹਾਟ-ਸਪਾਟ ਖੇਤਰਾਂ ਅਤੇ ਵਿੱਦਿਅਕ ਅਦਾਰਿਆਂ ਵਿੱਚ ਡੇਂਗੂ ਦੇ ਲਾਰਵੇ ਦਾ ਸਰਵੇ ਕੀਤਾ ਗਿਆ ਅਤੇ ਡੇਂਗੂ ਤੋਂ ਬਚਾਓ ਸੰਬੰਧੀ ਜਾਣਕਾਰੀ ਵੀ ਦਿੱਤੀ ਗਈ। ਸਿਹਤ ਵਿਭਾਗ ਦੀਆਂ ਟੀਮਾਂ ਵਲੋਂ ਸਰਵੇ ਦੌਰਾਨ ਡੇਂਗੂ ਦੇ ਮੱਛਰ ਦਾ ਲਾਰਵਾ ਵੀ ਦਿਖਾਇਆ ਗਿਆ ਤਾਂ ਜੋ ਆਮ ਲੋਕ ਇਸ ਦੀ ਅਸਾਨੀ ਨਾਲ ਪਹਿਚਾਣ ਕਰ ਇਸ ਦੇ ਫੈਲਾਓ ਨੂੰ ਰੋਕ ਸਕਣ। ਉਨ੍ਹਾਂ ਦੱਸਿਆ ਕਿ ਸਿਹਤ ਵਿਭਾਗ ਦੀ ਟੀਮ ਵਲੋਂ ਬਲਾਕ ਅੰਦਰ



ਪੈਂਦੇ ਵੱਖ-ਵੱਖ ਹਾਟ-ਸਪਾਟ ਖੇਤਰ ਅਤੇ ਵਿੱਦਿਅਕ ਅਦਾਰਿਆਂ ਦਾ ਵਿਸ਼ੇਸ਼ ਦੌਰਾ ਕੀਤਾ ਗਿਆ ਅਤੇ ਸਰਵੇ ਦੌਰਾਨ ਡੇਂਗੂ ਦੇ ਪਾਏ ਗਏ ਲਾਰਵੇ ਨੂੰ ਮੌਕੇ ’ਤੇ ਨਸ਼ਟ ਕਰਵਾ ਦਿੱਤਾ ਗਿਆ ਅਤੇ ਨਾਲ ਹੀ ਵਿਭਾਗ ਦੀਆਂ ਟੀਮਾਂ ਵਲੋਂ ਲੋਕਾਂ ਨੂੰ ਡੇਂਗੂ ਬਾਰੇ ਜਾਣਕਾਰੀ ਦਿੱਤੀ ਗਈ ਕਿ ਡੇਂਗੂ ਏਡੀਜ਼ ਨਾਂ ਦੇ ਮੱਛਰ ਦੇ ਕੱਟਣ ਨਾਲ ਫੈਲਦਾ ਜੋ ਕਿ ਸਾਫ ਖੜ੍ਹੇ ਪਾਣੀ ਵਿੱਚ ਪੈਦਾ ਹੁੰਦਾ ਹੈ ਅਤੇ ਦਿਨ ਵੇਲੇ ਕੱਟਦਾ ਹੈ। ਇਸ ਦੇ ਕੱਟਣ ਨਾਲ ਤੇਜ਼ ਬੁਖਾਰ, ਸਿਰ ਦਰਦ, ਮਾਸਪੇਸ਼ੀਆਂ ਵਿੱਚ ਦਰਦ, ਚਮੜੀ ’ਤੇ ਦਾਣੇ, ਅੱਖਾਂ ਦੇ ਪਿਛਲੇ ਹਿੱਸੇ ਵਿੱਚ ਦਰਦ, ਮਸੂੜਿਆਂ ਅਤੇ ਨੱਕ ਆਦਿ ਵਿੱਚੋਂ ਖੂਨ ਵਗਣਾ ਸ਼ੁਰੂ ਹੋ ਜਾਂਦਾ ਹੈ। ਕਿਸੇ ਵੀ ਤਰ੍ਹਾਂ ਦਾ ਬੁਖਾਰ ਹੋਣ ਦੀ ਸੂਰਤ ਵਿੱਚ ਜਲਦੀ ਤੋਂ ਜਲਦੀ ਨੇੜੇ ਦੇ ਸਿਹਤ ਕੇਂਦਰ ਵਿੱਚ ਜਾ ਕੇ ਆਪਣਾ ਟੈਸਟ ਕਰਵਾਉਣਾ ਚਾਹੀਦਾ ਹੈ। ਡੇਂਗੂ ਦਾ ਟੈਸਟ ਅਤੇ ਇਲਾਜ ਸਾਰੇ ਸਰਕਾਰੀ ਹਸਪਤਾਲਾ ਵਿੱਚ ਮੁਫਤ ਕੀਤਾ ਜਾਂਦਾ ਹੈ ।ਬਚਾਓ ਸੰਬਧੀ ਸਾਨੂੰ ਹਰ ਸ਼ੁੱਕਰਵਾਰ ਆਪਣੇ ਘਰਾਂ ਦੇ ਕੂਲਰਾਂ, ਡਰੰਮਾਂ, ਫਰਿੱਜਾਂ ਦੀਆਂ ਟ੍ਰੇਆਂ, ਟਾਇਰਾਂ, ਗਮਲਿਆਂ ਵਿੱਚ ਖੜ੍ਹੇ ਪਾਣੀ ਨੂੰ ਜ਼ਰੂਰ ਸਾਫ ਕਰਨਾ ਚਾਹੀਦਾ ਹੈ । ਇਸ ਤੋਂ ਇਲਾਵਾ ਕੱਪੜੇ ਅਜਿਹੇ ਪਾਓ ਜਿਸ ਨਾਲ ਸਰੀਰ ਢਕਿਆ ਰਹੇ ਤਾਂ ਕਿ ਤਹਾਨੂੰ ਮੱਛਰ ਕੱਟ ਨਾ ਸਕੇ। ਘਰਾਂ ਦੇ ਛੱਤਾਂ ਤੇ ਰੱਖੀਆਂ ਪਾਣੀ ਵਾਲੀ ਟੈਂਕੀਆਂ ਦੇ ਢੱਕਣਾਂ ਨੂੰ ਚੰਗੀ ਤਰ੍ਹਾਂ ਬੰਦ ਰੱਖੋ। ਰਾਤ ਨੂੰ ਸੌਣ ਸਮੇਂ ਮੱਛਰਦਾਨੀ, ਮੱਛਰ ਭਜਾਉਣ ਵਾਲੀਆਂ ਕਰੀਮਾਂ ਤੇ ਤੇਲ ਆਦਿ ਦੀ ਵਰਤੋਂ ਕੀਤੀ ਜਾਵੇ ।

# ਪਬਲਿਕ ਸਕੂਲ ’ਚ ਮਾਂ ਦਿਵਸ ਮਨਾਇਆ

**ਕਰਤਾਰਪੁਰ (ਹਰਮੇਸ਼ ਦੱਤ)**- ਸੰਤ ਬਾਬਾ ਨਿਧਾਨ ਸਿੰਘ ਜੀ ਪਬਲਿਕ ਸਕੂਲ, ਕਰਤਾਰਪੁਰ ਵਿਖੇ ਮਾਂ ਦਿਵਸ ਮਨਾਇਆ ਗਿਆ। ਬੱਚਿਆਂ ਨੇ ਆਪਣੀਆਂ ਮਾਵਾਂ ਲਈ ਕਾਰਡ ਬਣਾਏ।ਇਸ ਮੌਕੇ ਇੱਕ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ, ਜਿਸ ਵਿੱਚ ਬੱਚਿਆਂ




ਨੇ ਕਵਿਤਾਵਾਂ, ਨਾਟਕ ਅਤੇ ਗੀਤ ਪੇਸ਼ ਕੀਤੇ। ਸਕੂਲ ਦੀ ਪ੍ਰਿੰਸੀਪਲ ਕੰਵਲਜੀਤ ਕੌਰ ਨੇ ਬੱਚਿਆਂ ਨੂੰ ਮਾਵਾਂ ਦੀ ਜ਼ਿੰਦਗੀ ਵਿੱਚ ਮਹੱਤਤਾ ਬਾਰੇ ਦੱਸਿਆ। ਮੈਡਮ ਅਮਨ ਸ਼ਰਮਾ ਨੇ ਮਾਂ ਦਿਵਸ ’ਤੇ ਬੱਚਿਆਂ ਅਤੇ ਮਾਵਾਂ ਵਿਚਕਾਰ ਪਿਆਰ ਦੀ ਮਹੱਤਤਾ ਬਾਰੇ ਦੱਸਿਆ। ਮੈਡਮ ਰਾਜਵਿੰਦਰ ਕੌਰ ਨੇ ਇੱਕ ਕਵਿਤਾ ਸੁਣਾਈ। ਇਸ ਮੌਕੇ ਸਕੂਲ ਦੀ ਚੇਅਰਪਰਸਨ ਮੈਡਮ ਸੁਰਿੰਦਰ ਕੌਰ, ਡਾ. ਚਰਨ ਸਿੰਘ, ਡਾ. ਪਿਆਰਾ ਸਿੰਘ, ਮਨਦੀਪ ਕੌਰ, ਸਤਨਾਮ ਸਿੰਘ, ਪਲਵਿੰਦਰ ਕੌਰ ਅਤੇ ਅਧਿਆਪਕ ਹਾਜ਼ਰ ਸਨ।

# ਤੇਜ਼ ਰ.ਫਤਾਰ ਸਕਾਰਪੀਓ ਨੇ ਐਕਟਿਵਾ ਸਵਾਰ ਨੂੰ ਕੁਚਲਿਆ

**ਬਲਾਚੌਰ (ਜਸਵਿੰਦਰ ਬੈਂਸ)**- ਬਲਾਚੌਰ ਦੇ ਕੰਗਣਾ ਪੁਲ ਦੇ ਨਜ਼ਦੀਕ ਇੱਕ ਭਿਆਨਕ ਸੜਕ ਹਾਦਸੇ ਵਿੱਚ ਇੱਕ ਵਿਅਕਤੀ ਦੀ ਦਰਦਨਾਕ ਮੌਤ ਹੋ ਗਈ। ਮ੍ਰਿਤਕ ਦੀ ਪਛਾਣ ਸੁਭਾਸ਼ ਚੰਦਰ ਬਲਾਚੌਰ ਵਜੋਂ ਹੋਈ ਹੈ।



ਜਾਣਕਾਰੀ ਅਨੁਸਾਰ ਸੁਭਾਸ਼ ਚੰਦਰ ਆਪਣੀ ਐਕਟਿਵਾ ’ਤੇ ਸਵਾਰ ਹੋ ਕੇ ਜਾ ਰਹੇ ਸਨ। ਜਦੋਂ ਉਹ ਕੰਗਣਾ ਪੁਲ ਦੇ ਨਜ਼ਦੀਕ ਪਹੁੰਚੇ ਤਾਂ ਇੱਕ ਤੇਜ਼ ਰਫ਼ਤਾਰ ਕਾਲੇ ਰੰਗ ਦੀ ਸਕਾਰਪੀਓ ਨੇ ਉਹਨਾਂ ਨੂੰ ਜ਼ੋਰਦਾਰ ਫੇਟ ਮਾਰ ਦਿੱਤੀ। ਟੱਕਰ ਇੰਨੀ ਜ਼ਬਰਦਸਤ ਸੀ ਕਿ ਸੁਭਾਸ਼ ਚੰਦਰ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਏ। ਵਾਰਦਾਤ ਤੋਂ ਤੁਰੰਤ ਬਾਅਦ ਸਕਾਰਪੀਓ ਚਾਲਕ ਮੌਕੇ ਤੋਂ ਗੱਡੀ ਸਮੇਤ ਫ਼ਰਾਰ ਹੋ ਗਿਆ।ਸਥਾਨਕ ਲੋਕਾਂ ਨੇ ਤੁਰੰਤ ਜ਼ਖ਼ਮੀ ਸੁਭਾਸ਼ ਚੰਦਰ ਨੂੰ ਨਿੱਜੀ ਹਸਪਤਾਲ ਵਿਖੇ ਪਹੁੰਚਾਇਆ, ਪਰ ਡਾਕਟਰਾਂ ਨੇ ਉਹਨਾਂ ਨੂੰ ਮ੍ਰਿਤਕ ਘੋਸ਼ਿਤ ਕਰ ਦਿੱਤਾ।ਘਟਨਾ ਦੀ ਸੂਚਨਾ ਮਿਲਦੇ ਹੀ ਸੜਕ ਸੁਰੱਖਿਆ ਫੋਰਸ ਦੀ ਟੀਮ ਮੌਕੇ ’ਤੇ ਪਹੁੰਚੀ ਤੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ ।

# ਨਗਰ ਕੌਂਸਲ ਦੇ ਸਫਾਈ ਕਾਮਿਆਂ ਵੱਲੋਂ ਚੌਥੇ ਦਿਨ ਵੀ ਧਰਨਾ ਜਾਰੀ

**ਗੜ੍ਹਸ਼ੰਕਰ, (ਫੂਲਾ ਸਿੰਘ ਬੀਰਮਪੁਰੀ)**- ਮਿਊਂਸੀਪਲ ਮੁਲਾਜ਼ਮ ਐਕਸ਼ਨ ਕਮੇਟੀ ਪੰਜਾਬ ਦੇ ਸੱਦੇ ’ਤੇ ਸ਼ਨੀਵਾਰ ਨਗਰ ਕੌਂਸਲ ਗੜ੍ਹਸ਼ੰਕਰ ਦੇ ਕਰਮਚਾਰੀਆਂ ਵੱਲੋਂ ਸਫਾਈ ਕਰਮਚਾਰੀ ਯੂਨੀਅਨ ਗੜ੍ਹਸ਼ੰਕਰ ਦੀ



ਅਗਵਾਈ ਵਿਚ ਚੌਥੇ ਦਿਨ ਮੁਕੰਮਲ ਹੜਤਾਲ ਕੀਤੀ ਗਈ ਅਤੇ ਸਮੂਹ ਵਰਕਰ ਮੁਕੰਮਲ ਕੰਮ ਛੱਡ ਕੇ ਧਰਨੇ ’ਤੇ ਬੈਠੇ। ਇਸ ਸਮੇਂ ਧਰਨੇ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਕਿਰਨ ਸੋਂਧੀ ਕਿਹਾ ਕਿ ਪੰਜਾਬ ਭਰ ਵਿੱਚ ਸਮੂਹ ਕਰਮਚਾਰੀਆਂ ਦੀ ਹੜਤਾਲ ਚੱਲ ਰਹੀ। ਆਗੂਆਂ ਨੇ ਮੰਗ ਕੀਤੀ ਕਿ ਕੱਚੇ ਕਾਮਿਆਂ ਨੂੰ ਪੱਕਾ ਕੀਤਾ ਜਾਵੇ, ਘੱਟੋ ਘੱਟ ਉਜਰਤ 40,000 ਰੁਪਏ ਦਿੱਤਾ ਜਾਵੇ, ਪੁਰਾਣੀ ਪੈਨਸ਼ਨ ਸਕੀਮ ਲਾਗੂ ਕੀਤੀ ਜਾਵੇ ਅਤੇ ਅਤੇ ਹੋਰ ਮੰਗਾਂ ਨੂੰ ਪੂਰਾ ਕੀਤਾ ਜਾਵੇ। ਇਸ ਸਮੇਂ ਡੀ ਐਮ ਐਫ ਆਗੂ ਮੁਕੇਸ਼ ਕੁਮਾਰ, ਹੰਸਰਾਜ ਗੜ੍ਹਸ਼ੰਕਰ, ਸੀਪੀਐਮ ਦੇ ਤਹਿਸੀਲ ਕਮੇਟੀ ਮੈਂਬਰ ਕੁਲਵਿੰਦਰ ਸੰਘਾ, ਰਾਸ਼ਟਰੀ ਕ੍ਰਾਂਤੀ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਸ਼ਿੰਗਾਰਾ ਸਿੰਘ ਕਲਿਆਣ, ਹਰਬੰਸ ਲਾਲ ਭੱਟੀ, ਕਦਮ ਭਗਾਣੀਆ ਤੇ ਅਮਰ ਭਗਾਣੀਆ ਨੇ ਸਫਾਈ ਕਰਮਚਾਰੀਆਂ ਦੀ ਹੜਤਾਲ ਦਾ ਸਮਰਥਨ ਕਰਦਿਆਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਜਲਦੀ ਤੋਂ ਜਲਦੀ ਕਰਮਚਾਰੀਆਂ ਦੀਆਂ ਮੰਗਾਂ ਮੰਨੀਆਂ ਜਾਣ। ਇਸ ਸਮੇਂ ਸਮੂਹ ਕਰਮਚਾਰੀਆਂ ਵੱਲੋਂ ਆਪਣੀਆਂ ਮੰਗਾਂ ਦੀ ਪੂਰਤੀ ਤੱਕ ਤੱਕ ਹੜਤਾਲ ਜਾਰੀ ਰੱਖਣ ਦਾ ਅਹਿਦ ਕੀਤਾ।ਇਸ ਮੌਕੇ ਸਫਾਈ ਵਰਕਰ ਯੂਨੀਅਨ ਦੇ ਵੱਖ ਵੱਖ ਆਗੂ ਸ਼ੇਖਰ,ਚਮਨ, ਰਾਜੇਸ਼ ਕੁਮਾਰ, ਰਾਜਾ, ਸੰਦੀਪ ਸਿੰਘ, ਸੁਰਿੰਦਰ ਸਿੰਘ, ਸਰਬਜੀਤ ਕੌਰ, ਰਜਿੰਦਰ ਕੁਮਾਰ, ਅਮਨਦੀਪ, ਕਾਜਲ, ਰੇਣੂ, ਸੁਨੀਤਾ, ਰਾਜ ਕੁਮਾਰ, ਬਲਜੀਤ ਕੌਰ, ਵਿਜੇ ਕੁਮਾਰ, ਸ਼ਿਵ ਕੁਮਾਰ, ਬੱਲੂ, ਰਾਕੇਸ਼ ਕੁਮਾਰ, ਲਾਲ ਰਾਮ, ਮੁਕੇਸ਼ ਕੁਮਾਰ, ਹਨੀ, ਬਿੰਦੀ, ਸੰਜੀਵ ਕੁਮਾਰ, ਮਿੰਦਰ ਪਾਲ, ਰਾਜੇਸ਼ ਕੁਮਾਰ, ਕਮਲਦੀਪ, ਬਾਬੂ, ਪ੍ਰਵੀਨ ਕੁਮਾਰੀ, ਕਮਲਜੀਤ, ਸੰਦੀਪ, ਸਨੀ ਤੇ ਪੱਪੂ ਆਦਿ ਸ਼ਾਮਲ ਸਨ।

# ਸ਼ਮਸ਼ਾਨਘਾਟ ਤਾਜੇਵਾਲ ਦੀ ਫਰਸ਼ਬੰਦੀ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**- ਪਿੰਡ ਤਾਜੇਵਾਲ ਵਿਖੇ ਸ਼ਮਸ਼ਾਨਘਾਟ ਦੀ ਫਰਸ਼ਬੰਦੀ ਕੀਤੀ ਗਈ। ਜਿਸ ਦਾ ਨਿਰੀਖਣ ਕਰਨ ਲਈ ਡਾਕਟਰ ਇਸ਼ਾਂਕ ਕੁਮਾਰ ਵਿਧਾਇਕ ਹਲਕਾ ਚੱਬੇਵਾਲ ਵਿਸ਼ੇਸ਼ ਤੌਰ ਤੇ ਪਹੁੰਚੇ। ਇਸ ਮੌਕੇ ਪਿੰਡ ਦੀ ਸਰਪੰਚ ਦਲਜੀਤ ਕੌਰ ਨੇ ਦੱਸਿਆ ਕਿ ਇਹ ਕੰਮ ਕਰਨ ਦੀ ਗਰਾਂਟ ਐਮ.ਐਲ.ਏ. ਸਾਹਿਬ ਵਲੋਂ ਪ੍ਰਾਪਤ ਹੋਈ ਹੈ। ਸਮੁੱਚੀ ਗ੍ਰਾਮ



ਪੰਚਾਇਤ ਅਤੇ ਪਿੰਡ ਨਿਵਾਸੀ ਉਹਨਾਂ ਦੇ ਧੰਨਵਾਦੀ ਹਨ। ਰੰਗਲੇ ਪੰਜਾਬ ਤਹਿਤ ਗਰਾਊਂਡ ਵਿੱਚ ਇੱਕ ਬਰਾਂਡਾ ਬਣਾਇਆ ਜਾ ਰਿਹਾ ਹੈ। ਪਿੰਡ ਵਿੱਚ ਆ ਰਹੀਆਂ ਗਰਾਂਟਾਂ ਸਦਕਾ ਹੋਰ ਵੀ ਵਿਕਾਸ ਦੇ ਕਾਰਜ ਚੱਲ ਰਹੇ ਹਨ। ਸਰਪੰਚ ਦਲਜੀਤ ਕੌਰ ਨੇ ਦੱਸਿਆ ਕਿ ਪਿੰਡ ਵਿੱਚ ਕਿਸਾਨਾਂ ਦੀਆਂ ਮੰਗਾਂ ਨੂੰ ਦੇਖਦੇ ਹੋਏ ਸਿੰਚਾਈ ਵਾਲੇ ਟਿਊਬਵੈਲ ਦੀ ਲਾਈਨ ਵੀ ਇੱਕ ਟਿਊਬਵੈਲ ਤੋਂ ਦੂਜੇ ਟਿਊਬਵੈਲ ਨਾਲ ਜੋੜਨ ਦੀ ਮਨਜ਼ੂਰੀ ਦਿੱਤੀ ਗਈ ਹੈ। ਜਲਦ ਹੀ ਸਿੰਚਾਈ ਵਾਲੇ ਨਵੇ ਟਿਊਬਵੈਲ ਦਾ ਬੋਰ ਵੀ ਕਰਾਇਆ ਜਾਵੇਗਾ । ਇਸ ਮੌਕੇ ਡਾਕਟਰ ਇਸ਼ਾਂਕ ਕੁਮਾਰ ਨੇ ਕਿਹਾ ਕਿ ਪੰਜਾਬ ਸਰਕਾਰ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਹੱਲ ਕਰਨ ਲਈ ਵਚਨਬੱਧ ਹੈ।

ਇਸ ਮੌਕੇ ਸਰਪੰਚ ਦਲਜੀਤ ਕੌਰ ਤੋਂ ਇਲਾਵਾ ਸੰਤ ਪਵਨ ਕੁਮਾਰ ਤਾਜੇਵਾਲ, ਪੰਚ ਬਲਜੀਤ ਕੌਰ, ਪੰਚ ਸੁੱਚਾ ਸਿੰਘ, ਪੰਚ ਸੋਹਣ ਸਿੰਘ, ਪੰਚ ਰਵਿੰਦਰ ਕੌਰ, ਪੋਲਾ ਸਿੰਘ, ਸੁਰਜੀਤ ਲਾਲ, ਪਰਵੀਨ ਕੁਮਾਰ, ਜਗਜੀਵਨ ਰਾਮ, ਸ਼ਿੰਦਾ ਬੰਧਨਾ, ਬਿੰਦਰ ਕਾਲੇਵਾਲ, ਬੰਤ, ਅਮਨ ਕੁਮਾਰ ਸਮੇਤ ਪਿੰਡ ਨਿਵਾਸੀ ਹਾਜ਼ਰ ਸਨ।

# ਸੁਪਰੀਮ ਕੋਰਟ ’ਚ ਵਿਸ਼ੇਸ਼ ਲੋਕ ਅਦਾਲਤ ਦਾ ਆਯੋਜਨ 21 ਅਗਸਤ ਤੋਂ

**ਨਵਾਂਸ਼ਹਿਰ (ਮਨੋਜ ਲਾਡੀ)**- ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸ਼ਹੀਦ ਭਗਤ ਸਿੰਘ ਨਗਰ ਜਤਿੰਦਰ ਪਾਲ ਸਿੰਘ ਖੁਰਮੀ ਨੇ ਦੱਸਿਆ ਕਿ ਘਰ ਘਰ ਤੱਕ ਨਿਆਂ ਦੀ ਦੂਰਅੰਦੇਸ਼ੀ ਨੂੰ ਅੱਗੇ ਵਧਾਉਣ ਲਈ ਮੁਹਿੰਮ ਸਮਾਧਾਨ ਸਮਾਰੋਹ 21 ਅਪ੍ਰੈਲ 2026 ਤੋਂ ਚਲਾਈ ਗਈ ਹੈ । ਜਿਸ ਦੇ ਤਹਿਤ ਮਾਨਯੋਗ ਸੁਪਰੀਮ ਕੋਰਟ ਆਫ ਇੰਡੀਆ ਵੱਲੋਂ 21 ਅਗਸਤ, 22 ਅਗਸਤ, 23 ਅਗਸਤ 2026 ਨੂੰ ਵਿਸ਼ੇਸ਼ ਲੋਕ ਅਦਾਲਤ ਦਾ ਆਯੋਜਨ ਕੀਤਾ ਜਾਣਾ ਹੈ । ਇਸ ਵਿਸ਼ੇਸ ਲੋਕ ਅਦਾਲਤ ਦਾ ਉਦੇਸ਼ ਸੁਪਰੀਮ ਕੋਰਟ ਵਿੱਚ ਲੰਬਿਤ ਮਾਮਲਿਆ ਦਾ ਧਿਰਾਂ ਦੀ ਸਹਿਮਤੀ ਨਾਲ, ਆਪਸੀ ਸਮਝੌਤੇ ਰਾਹੀ ਨਿਪਟਾਰਾ ਕਰਵਾਉਣਾ ਹੈ । ਜਿਹਨਾਂ ਲੋਕਾਂ ਦੇ ਕੇਸ ਸੁਪਰੀਮ ਕੋਰਟ ਵਿਚ ਲੰਬਿਤ ਹਨ ਅਤੇ ਉਹ ਦੂਜੀ ਧਿਰ ਨਾਲ ਸਮਝੌਤੇ ਰਾਹੀਂ ਆਪਣੇ ਕੇਸ ਦਾ ਨਿਪਟਾਰਾ ਕਰਵਾਉਣਾ ਚਾਹੁੰਦੇ ਹਨ। ਇੱਛਕ ਧਿਰਾਂ ਆਪਣੇ ਨਜ਼ਦੀਕੀ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸ਼.ਭ.ਸ ਨਗਰ ਦੇ ਦਫਤਰ ਨਾਲ ਸੰਪਰਕ ਕਰਕੇ ਆਪਣਾ ਕੇਸ ਵਿਸ਼ੇਸ ਲੋਕ ਅਦਾਲਤ ਵਿਚ ਲਗਵਾ ਸਕਦੇ ਹਨ । ਵਧੇਰੇ ਜਾਣਕਾਰੀ ਲਈ ਟੋਲ ਫਰੀ ਨੰਬਰ 15100 ਅਤੇ ਦਫਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸ.ਭ.ਸ ਨਗਰ ਨਾਲ ਸੰਪਰਕ ਕੀਤਾ ਜਾ ਸਕਦਾ ਹੈ ।

# ਰੌੜੀ ਨੇ ਕੀਤਾ ਲੱਖਾਂ ਰੁਪਏ ਦੀ ਲਾਗਤ ਨਾਲ ਬਣੀ ਗਲੀ ਦਾ ਉਦਘਾਟਨ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਹਲਕਾ ਗੜ੍ਹਸ਼ੰਕਰ ਦੇ ਵਿਕਾਸ ਕਾਰਜਾਂ ਨੂੰ ਹੋਰ ਮਜ਼ਬੂਤੀ ਦਿੰਦਿਆਂ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਵੱਲੋਂ ਪਰਮਾਰ ਕਲੋਨੀ ਵਾਰਡ ਨੰ: 4 ਵਿੱਚ 5.83 ਲੱਖ ਰੁ: ਦੀ ਲਾਗਤ ਨਾਲ ਬਣਨ ਵਾਲੀ ਗਲੀ ਦਾ ਉਦਘਾਟਨ ਕੀਤਾ ਗਿਆ।



ਇਸ ਮੌਕੇ ਵਾਰਡ ਨੰ: 4 ਦੇ ਵੱਡੀ ਗਿਣਤੀ ਵਿੱਚ ਨਿਵਾਸੀ ਹਾਜ਼ਰ ਹੋਏ । ਇਸ ਮੌਕੇ ਮੁਹੱਲਾ ਨਿਵਾਸੀਆਂ ਵੱਲੋਂ ਡਿਪਟੀ ਸਪੀਕਰ ਰੌੜੀ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ । ਡਿਪਟੀ ਸਪੀਕਰ ਨੇ ਸੰਬੋਧਨ ਵਿੱਚ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਸ਼ਹਿਰ ਅੰਦਰ ਕਰੋੜਾਂ ਰੁ: ਦੇ ਵਿਕਾਸ ਦੇ ਕੰਮ ਅਤੇ ਸਟਰੀਟ ਲਾਈਟਾਂ ਦੇ ਕੰਮ ਸ਼ੁਰੂ ਕਰਨ ਜਾ ਰਹੇ ਹਾ ਅਤੇ ਸ਼ਹਿਰ ਵਿੱਚ ਸੀਵਰੇਜ ਪਾਇਆ ਜਾ ਰਿਹਾ । ਇਸ ਮੌਕੇ ਨਗਰ ਕੌਂਸਲ ਦੇ ਅਧਿਕਾਰੀ ਅਤੇ ਆਮ ਆਦਮੀ ਪਾਰਟੀ ਦੇ ਵਰਕਰ ਗੜ੍ਹਸ਼ੰਕਰ ਅਤੇ ਸ਼ਹਿਰ ਦੇ ਪਤਵੰਤੇ ਹਾਜ਼ਰ ਸਨ ।

# ਮਾਂ ਦਿਵਸ ’ਤੇ ਸਨਮਾਨ ਸਮਾਰੋਹ ਕਰਵਾਇਆ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਸਥਾਨਕ ਸਤਲੁਜ ਵਰਲਡ ਸਕੂਲ ਵਿਖੇ ‘ਮਾਂ ਦਿਵਸ’ ਤੇ ‘ਰਾਬਿੰਦਰਨਾਥ ਟੈਗੋਰ ਸਾਹਿਤ ਹਫ਼ਤੇ’ ਦੇ ਸਮਾਪਤੀ ਮੌਕੇ ਇੱਕ ਵਿਸ਼ੇਸ਼ ਜਾਗਰੂਕਤਾ ਪ੍ਰੋਗਰਾਮ ਅਤੇ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ ਸਿਵਲ ਹਸਪਤਾਲ ਡੇਰਾਬੱਸੀ ਦੀ ਸਿਹਤ ਟੀਮ ਨੇ ਵਿਸ਼ੇਸ਼ ਤੌਰ ’ਤੇ ਸ਼ਿਰਕਤ ਕੀਤੀ ਅਤੇ ਵਿਦਿਆਰਥੀਆਂ ਤੇ ਮਾਪਿਆਂ ਨੂੰ ਅਹਿਮ ਜਾਣਕਾਰੀ ਦਿੱਤੀ। ਸਮਾਗਮ ਦੌਰਾਨ ਸਕੂਲ ਵੱਲੋਂ ਵਿਦਿਆਰਥੀਆਂ ਦੀਆਂ ਮਾਤਾਵਾਂ ਨੂੰ ਵਿਸ਼ੇਸ਼ ਤੌਰ ’ਤੇ ਸੱਦਾ ਦਿੱਤਾ



ਗਿਆ ਅਤੇ ਉਨ੍ਹਾਂ ਦਾ ਭਰਵਾਂ ਸਵਾਗਤ ਤੇ ਸਨਮਾਨ ਕੀਤਾ ਗਿਆ। ਬੁਲਾਰਿਆਂ ਨੇ ਬੱਚਿਆਂ ਦੇ ਜੀਵਨ ਨਿਰਮਾਣ ਵਿੱਚ ਮਾਂ ਦੀ ਅਹਿਮ ਭੂਮਿਕਾ, ਉਸ ਦੇ ਤਿਆਗ ਅਤੇ ਮਮਤਾ ਦੀ ਮਹੱਤਤਾ ਬਾਰੇ ਵਿਸਥਾਰ ਨਾਲ ਚਰਚਾ ਕੀਤੀ। ਸਿਹਤ ਜਾਗਰੂਕਤਾ ਸੈਸ਼ਨ ਦੌਰਾਨ ਡਾ. ਸਾਕਸ਼ੀ ਨੇ ਵਿਦਿਆਰਥਣਾਂ ਨੂੰ ਸਰਵਾਈਕਲ ਕੈਂਸਰ, ਮਾਹਵਾਰੀ ਦੀ ਸਫਾਈ ਅਤੇ ਔਰਤਾਂ ਦੀਆਂ ਹੋਰ ਸਿਹਤ ਸਮੱਸਿਆਵਾਂ ਪ੍ਰਤੀ ਜਾਗਰੂਕ ਕੀਤਾ। ਸਿਹਤ ਨਿਰੀਖਕ ਸ੍ਰੀ ਰਾਜਿੰਦਰ ਸਿੰਘ ਨੇ ਸਾਫ਼-ਸਫਾਈ, ਸੁਰੱਖਿਅਤ ਪੀਣ ਵਾਲੇ ਪਾਣੀ ਅਤੇ ਪਾਣੀ ਤੋਂ ਹੋਣ ਵਾਲੀਆਂ ਬਿਮਾਰੀਆਂ ਬਾਰੇ ਜਾਣਕਾਰੀ ਦਿੱਤੀ, ਜਦਕਿ ਸਿਹਤ ਭਲਾਈ ਅਫ਼ਸਰ ਸ੍ਰੀ ਦਲਬੀਰ ਸਿੰਘ ਨੇ ਨਿੱਜੀ ਸਫ਼ਾਈ ਰੱਖਣ ਲਈ ਪ੍ਰੇਰਿਤ ਕੀਤਾ।

# ਜਲ ਸਪਲਾਈ ਤੇ ਸੈਨੀਟੇਸ਼ਨ ਵਰਕਰ ਯੂਨੀਅਨ ਪੰਜਾਬ ਦੀ ਮੀਟਿੰਗ

**ਨਕੋਦਰ (ਮਨਜੀਤ ਮਾਨ)** ਜਲ ਸਪਲਾਈ ਅਤੇ ਸੈਨੀਟੇਸ਼ਨ ਵਰਕਰ ਯੂਨੀਅਨ ਪੰਜਾਬ ਰਜਿ: 26 ਦੀ ਮੀਟਿੰਗ ਸੂਬਾ ਪ੍ਰਧਾਨ ਦਰਸ਼ਵੀਰ ਸਿੰਘ ਰਾਣਾ, ਸੂਬਾ ਜਨਰਲ ਸਕੱਤਰ ਕੁਲਦੀਪ ਸਿੰਘ ਸੰਗਰੂਰ ਦੀ ਅਗਵਾਈ ਹੇਠ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੇ ਡਿਪਟੀ ਡਾਇਰੈਕਟਰ (ਪ੍ਰਸ਼ਾਸਨ) ਹੈਡ ਆਫਿਸ ਪਟਿਆਲਾ ਨਾਲ ਹੋਈ।ਜਿਸ ਉਪਰੰਤ ਜਥੇਬੰਦੀ ਦੀਆਂ ਮੰਗਾਂ ’ਤੇ ਖੁੱਲ੍ਹ ਕੇ ਚਰਚਾ ਹੋਈ ।ਇਸ ਉਪਰੰਤ ਨੇ ਦੱਸਿਆ ਕਿ ਜਥੇਬੰਦੀ ਦੀਆਂ ਮੰਗਾਂ ਕਿਰਤ ਕਮਿਸ਼ਨਰ ਪੰਜਾਬ ਦੇ ਪੱਤਰ ਅਨੁਸਾਰ 01/09/2025 ਤੋਂ ਏਰੀਅਲ ਜਾਰੀ ਕਰਨ, ਦਫ਼ਤਰੀ ਸਟਾਫ਼ ਦੀਆਂ ਤਨਖਾਹਾਂ ਵਿੱਚ ਵਾਧਾ ਕਰਨ, ਕਿਰਤ ਕਮਿਸ਼ਨਰ ਪੰਜਾਬ ਦੇ ਪੱਤਰ ਅਨੁਸਾਰ 01/05/2026 ਤੋਂ ਲਾਗੂ ਕਰਨ ਲਈ ਕਾਰਜਕਾਰੀ ਇੰਜੀਨੀਅਰ ਤੇ ਨਿਗਰਾਨ ਇੰਜੀਨੀਅਰ ਪੰਜਾਬ ਨੂੰ ਹਦਾਇਤ ਜਾਰੀ ਕਰਨ, ਪਾਲਸੀ ਬਣਨ ਤੋਂ ਪਹਿਲਾਂ 58 ਸਾਲ ਦੀ ਸ਼ਰਤ ਲਾ ਕੇ ਕਾਮਿਆਂ ਦੀ ਛਾਂਟੀ ਬੰਦ ਕਰਵਾਉਣਾ ਆਦਿ ਮੰਗਾਂ ’ਤੇ ਚਰਚਾ ਹੋਈ।ਜਿਸ ਉਪਰੰਤ ਡਿਪਟੀ ਡਾਇਰੈਕਟਰ ਵੱਲੋਂ ਪਾਲਸੀ ਮੈਟਰ ਤੋਂ ਪੱਲਾ ਝਾੜਦਿਆਂ ਕਿਹਾ ਕਿ ਇਹ ਸਰਕਾਰ ਪੱਧਰ ਦਾ ਫੈਸਲਾ ਹੈ ਪ੍ਰਸੋਨਲ ਵੱਲੋਂ ਜੋ ਇਤਰਾਜ਼ ਲਾ ਕੇ ਭੇਜੇ ਗਏ ਹਨ ਉਨ੍ਹਾਂ ਦੇ



ਅੰਕੜੇ ਤਿਆਰ ਕਰਕੇ ਭੇਜ ਰਹੇ ਹਾਂ, ਕਿਰਤ ਕਮਿਸ਼ਨਰ ਪੰਜਾਬ ਦੇ ਪੱਤਰ ਅਨੁਸਾਰ ਕਾਰਜਕਾਰੀ ਇੰਜੀਨੀਅਰ, ਨਿਗਰਾਨ ਇੰਜੀਨੀਅਰ ਪੰਜਾਬ ਨੂੰ ਪੱਤਰ ਜਾਰੀ ਕੀਤੇ ਗਏ ਤੇ ਜਥੇਬੰਦੀ ਨੂੰ ਉਸ ਦੀਆਂ ਕਾਪੀਆਂ ਦਿੱਤੀਆਂ ਗਈਆਂ। ਆਗੂਆਂ ਨੇ ਕਿਹਾ ਕਿ ਜਥੇਬੰਦੀ ਦੀ ਲੰਮੇ ਸਮੇਂ ਤੋਂ ਮੰਗ ਸੀ ਕਿ ਇੰਨਲਿਸਟਮੈਂਟ ਤੇ ਆਊਟਸੋਰਸਿੰਗ ਦੇ ਸਿਰਫ ਫੀਲਡ ਕਾਮਿਆਂ ਤੇ ਕਿਰਤ ਕਨੂੰਨ ਦੀਆਂ ਹਦਾਇਤਾ ਲਾਗੂ ਸਨ ਦਫ਼ਤਰੀ ਸਟਾਫ਼ ਨੂੰ ਕਿਰਤ ਕਨੂੰਨ ਦੇ ਘੇਰੇ ਤੋਂ ਬਾਹਰ ਰੱਖਿਆ ਗਿਆ ਸੀ । ਜਥੇਬੰਦੀ ਦੇ ਦਬਾਅ ਸਦਕਾ ਅੱਜ ਪੂਰੇ ਪੰਜਾਬ ਵਿਚ ਦਫ਼ਤਰੀ ਸਟਾਫ਼ ਦੀਆਂ ਹਦਾਇਤਾਂ ਵੀ ਜਾਰੀ ਹੋ ਚੁੱਕੀਆ ਹਨ।ਇਸ ਤੋਂ ਇਲਾਵਾ ਉਨ੍ਹਾਂ ਕਿਹਾ ਕਿ ਦੁੱਖ ਦੀ ਤੇ ਹੈਰਾਨੀ ਦੀ ਗੱਲ ਹੈ ਕਿ ਪਾਲਸੀ ਤਿਆਰ ਹੋਣ ਤੋਂ ਪਹਿਲਾਂ ਹੀ ਕਾਮਿਆਂ ਤੇ 58 ਸਾਲ ਦੀ ਸ਼ਰਤ ਲਾ ਕੇ ਉਨ੍ਹਾਂ ਨੂੰ ਘਰਾਂ ਨੂੰ ਤੋਰਨ ਦੇ ਫੁਰਮਾਨ ਜਾਰੀ ਹੋ ਚੁੱਕੇ ਹਨ ਅਤੇ ਪਿਛਲੇ ਪੰਜ ਸਾਲ ਤੋਂ ਪ੍ਰਪੋਜ਼ਲ ਕਦੇ ਪ੍ਰਸੋਨਲ ਕੋਲ ਕਦੇ ਇਤਰਾਜ਼ ਲੱਗਣ ਤੋਂ ਬਾਅਦ ਵਿਭਾਗ ਕੋਲ ਇਸ ਵਿਚ ਹੀ ਕਾਮਿਆਂ ਨੂੰ ਘੁਮਾਇਆ ਜਾ ਰਿਹਾ ਹੈ।ਜਿਸ ਦੇ ਵਿਰੋਧ ਵਿੱਚ ਸੂਬਾ ਕਮੇਟੀ ਦੀ ਮੀਟਿੰਗ ਕਰਨ ਉਪਰੰਤ 20 ਮਈ ਨੂੰ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਕੋਠੀ ਸੰਗਰੂਰ ਮੂਹਰੇ ਧਰਨਾ ਪ੍ਰਦਰਸ਼ਨ ਕਰਨ ਦਾ ਫੈਸਲਾ ਕੀਤਾ ਹੈ। ਇਸ ਮੌਕੇ ਸੂਬਾ ਸੀਨੀਅਰ ਮੀਤ ਪ੍ਰਧਾਨ ਜਸਵੀਰ ਸਿੰਘ ਸ਼ੀਰਾ, ਸੂਬਾ ਜੁਆਇੰਟ ਸਕੱਤਰ ਸੁਖਵਿੰਦਰ ਸਿੰਘ ਖਰਲ, ਸੂਬਾ ਵਿੱਤ ਸਕੱਤਰ ਬਲਜਿੰਦਰ ਸਿੰਘ ਸਮਾਣਾ, ਸੂਬਾ ਪ੍ਰੈੱਸ ਸਕੱਤਰ ਦਵਿੰਦਰ ਸਿੰਘ ਨਾਭਾ, ਜੁਆਇੰਟ ਪ੍ਰੈੱਸ ਸਕੱਤਰ ਬਲਵੀਰ ਸਿੰਘ ਹਿਰਦਾਪੁਰ, ਸੂਬਾ ਮੀਤ ਪ੍ਰਧਾਨ ਜਰਨੈਲ ਸਿੰਘ ਫਤਿਹਗੜ੍ਹ ਸਾਹਿਬ, ਸੂਬਾ ਪ੍ਰਚਾਰ ਸਕੱਤਰ ਇੰਦਰਜੀਤ ਸਿੰਘ ਕਪੂਰਥਲਾ, ਪ੍ਰਦੀਪ ਸਿੰਘ ਹੁਸ਼ਿਆਰਪੁਰ, ਆਦਿ ਸੂਬਾ ਆਗੂਆਂ ਤੋਂ ਇਲਾਵਾ ਜ਼ਿਲ੍ਹਾ ਕਮੇਟੀਆਂ ਹਾਜ਼ਰ ਸਨ।

# ਲੇਖਕ ਰਜਨੀ ਵਾਲੀਆ ਵੱਲੋਂ ਬੱਚਿਆਂ ਦਾ ਸਨਮਾਨ

**ਕਪੂਰਥਲਾ (ਮਨਜੀਤ ਮਾਨ)**- ਕਪੂਰਥਲਾ ਦੀ ਸੁਹਿਰਦ ਲੇਖਿਕਾ ਅਤੇ ਅਸਿਸਟੈਂਟ ਮੈਂਟਰ ਡਾਇਟ ਸ਼ੇਖੂਪੁਰ ਸ੍ਰੀਮਤੀ ਰਜਨੀ ਵਾਲੀਆ ਵੱਲੋਂ ਮੰਡੀ ਹਾਰਡਿੰਗ ਗੰਜ ਹਾਈ ਸਕੂਲ ਵਿੱਚ ਉਹਨਾਂ ਵਿਦਿਆਰਥੀਆਂ ਲਈ ਸਨਮਾਨ ਚਿੰਨ੍ਹ ਸਕੂਲ ਦੀ ਮੁੱਖ ਅਧਿਆਪਿਕਾ ਗੌਰੀ ਗਰਗ ਨੂੰ ਭੇਟ ਕੀਤੇ ਗਏ, ਜਿਨ੍ਹਾਂ ਦੀਆਂ ਰਚਨਾਵਾਂ ਵਾਲੀਆ ਵੱਲੋਂ ਸੰਪਾਦਿਤ ਪੁਸਤਕ ਵਿੱਚ ਪ੍ਰਕਾਸ਼ਿਤ ਹੋਈਆਂ ਹਨ। ਵਿਦਿਆਲਯ ਦੇ ਪੁਰਾਤਨ ਵਿਦਿਆਰਥੀ ਵਿਦਿਆ, ਗਰਿਮਾ, ਸੁਨੀਤਾ ਅਤੇ ਸਾਜਨ ਦੀਆਂ ਰਚਨਾਵਾਂ ਪੁਸਤਕ ਨਵੀਆਂ ਕਲਮਾਂ, ਨਵੀਂ ਉਡਾਣ ਵਿੱਚ ਪ੍ਰਕਾਸ਼ਿਤ ਹੋਈਆਂ ਹਨ, ਜੋ ਖਾਸ ਤੌਰ ’ਤੇ ਵਿਦਿਆਰਥੀਆਂ ਲਈ ਹੀ ਛਪਵਾਈ ਗਈ ਹੈ। ਇਹ ਸਕੂਲ ਲਈ ਬਹੁਤ ਮਾਣ ਅਤੇ ਗੌਰਵ ਦੀ ਗੱਲ ਹੈ।ਇਸ ਮੌਕੇ ਉਨ੍ਹਾਂ ਸਕੂਲ ਦੀ ਮੁੱਖ ਅਧਿਆਪਿਕਾ ਗੌਰੀ ਗਰਗ ਨੂੰ ਆਪਣੀ ਪੁਸਤਕ ਵਰਕਿਆਂ ਵਿਚਲਾ ਸੱਚ ਦੀ ਇੱਕ ਪ੍ਰਤੀ ਭੇਟ ਕੀਤੀ ਅਤੇ ਪ੍ਰਭਾਰੀ ਅਧਿਆਪਿਕਾ ਸ੍ਰੀਮਤੀ ਜੋਤੀ ਸ਼ਰਮਾ ਨੂੰ ਵੀ ਸਨਮਾਨਿਤ



ਕੀਤਾ ਗਿਆ। ਇਸ ਸਮਾਗਮ ਵਿੱਚ ਸਕੂਲ ਦੇ ਸੁਯੋਗ ਅਧਿਆਪਕ ਵੀ ਸ਼ਾਮਲ ਹੋਏ।ਮੈਡਮ ਵਾਲੀਆ ਨੇ ਸਕੂਲ ਦੇ ਸੁਚੱਜੇ ਪ੍ਰਬੰਧ ਅਤੇ ਅਨੁਸ਼ਾਸਨ ਦੀ ਭਰਪੂਰ ਸਰਾਹਨਾ ਕਰਦਿਆਂ ਕਿਹਾ ਕਿ ਮੈਨੇਜਿੰਗ ਕਮੇਟੀ ਦੇ ਉੱਤਮ ਪ੍ਰਬੰਧ ਅਤੇ ਅਧਿਆਪਕਾਂ ਦੀ ਮਿਹਨਤ ਸਦਕਾ ਹੀ ਸਕੂਲ ਦੇ ਵਿਦਿਆਰਥੀ ਸਮਾਜ ਵਿੱਚ ਆਪਣਾ ਨਾਂਅ ਰੌਸ਼ਨ ਕਰ ਰਹੇ ਹਨ।

# ਐੱਸ ਡੀ ਐੱਮ ਲਾਲ ਵਿਸ਼ਵਾਸ ਬੈਂਸ ਨੇ ਅਹੁਦਾ ਸੰਭਾਲਿਆ

**ਆਦਮਪੁਰ (ਪਰਮਜੀਤ ਸਿੰਘ)**- ਆਦਮਪੁਰ ਨਗਰ ਕੌਂਸਲ ਦੇ ਪ੍ਰਧਾਨ ਅਤੇ ਕੌਂਸਲਰਾਂ ਦਾ ਸਮਾਂ ਪੂਰਾ ਹੋਣ ਤੋਂ ਬਾਅਦ ਹੁਣ ਐੱਸ. ਡੀ. ਐੱਮ. ਸਭ ਡਵੀਜ਼ਨ ਆਦਮਪੁਰ ਲਾਲ ਵਿਸ਼ਵਾਸ ਬੈਂਸ ਵੱਲੋਂ ਨਗਰ ਅਹੁਦਾ ਸੰਭਾਲਿਆ ਗਿਆ। ਕੌਂਸਲ ਆਦਮਪੁਰ ਦੇ ਪ੍ਰਬੰਧਕ ਦੇ ਤੌਰ ’ਤੇ ਉਨ੍ਹਾਂ ਦੇ ਨਗਰ ਕੌਂਸਲ ਦਫਤਰ ਆਦਮਪੁਰ ਪਹੁੰਚਣ ’ਤੇ ਨਗਰ ਕੌਂਸਲ ਦੇ ਕਾਰਜ ਸਾਧਕ ਅਫਸਰ ਰਜੀਵ ਉਬਰਾਏ, ਨਗਰ ਕੌਂਸਲ ਦੇ ਸਟਾਫ ਅਤੇ ਨਗਰ ਦੇ ਪਤਵੰਤੇ ਸੱਜਣਾਂ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ । ਇਸ ਮੌਕੇ ਸ਼ਹਿਰ ਨਿਵਾਸੀਆਂ ਨੇ ਆਦਮਪੁਰ ਦੀਆਂ ਸਮੱਸਿਆਵਾਂ ਸਟਰੀਟ ਲਾਈਟ, ਸ਼ਹਿਰ ਦੀ ਸਫਾਈ, ਬੱਸ ਸਟੈਂਡ ਤੇ ਬਣੇ ਪਾਰਕ ਸਬੰਧੀ, ਪਾਰਕਿੰਗ ਸਬੰਧੀ ਤੇ ਸ਼ਹਿਰ ’ਚ ਮੇਨ ਰੋਡ ’ਤੇ ਲੱਗਦੇ ਰੋਜ਼ਾਨਾ ਜਾਮ ਬਾਰੇ ਵੀ ਦੱਸਿਆ ਗਿਆ। ਐੱਸ. ਡੀ. ਐੱਮ. ਨੇ ਨਗਰ ਨਿਵਾਸੀਆਂ ਨੂੰ ਭਰੋਸਾ ਦਿਵਾਇਆ ਕਿ ਇਨ੍ਹਾਂ ਸਾਰੀਆਂ ਸਮੱਸਿਆਵਾਂ ਦਾ ਹੱਲ ਉਹ ਜਲਦੀ ਕਰਵਾਉਣਗੇ। ਉਨ੍ਹਾਂ ਨੇ ਨਗਰ ਨਿਵਾਸੀਆਂ ਨੂੰ ਵੀ ਬੇਨਤੀ ਕੀਤੀ ਕਿ ਉਹ ਸ਼ਹਿਰ ਦੀ ਸਫਾਈ ਵਿਚ ਆਪਣਾ ਸਹਿਯੋਗ ਦੇਣ ਅਤੇ ਜੇਕਰ ਕਿਸੇ ਨੂੰ ਵੀ ਕਿਸੇ ਕੰਮ ਲਈ ਕੋਈ ਪ੍ਰੇਸ਼ਾਨੀ ਆਉਂਦੀ ਹੈ ਤਾਂ ਮੈਨੂੰ ਸਿੱਧਾ ਮਿਲ ਸਕਦਾ ਹੈ।



# 4161 ਅਧਿਆਪਕਾਂ ਦਾ ਰੁਜ਼ਗਾਰ ਖੋਹਣ ਦੀ ਗੌਰਮਿੰਟ ਟੀਚਰਜ਼ ਯੂਨੀਅਨ ਵੱਲੋਂ ਅਲੋਚਨਾ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਬੇਰੁਜ਼ਗਾਰਾਂ ਦੇ ਹੱਕ ’ਚ ਹਰਾ ਪੈੱਨ ਚਲਾਉਣ ਦੇ ਵਾਅਦੇ ਕਰਨ ਵਾਲਾ ਮੁੱਖ



ਮੰਤਰੀ ਭਗਵੰਤ ਮਾਨ ਨੇ ਅੱਜ ਜਦੋਂ 300 ਦੇ ਕਰੀਬ ਪੰਜਾਬ ਦੇ ਅਧਿਆਪਕਾਂ ਨੂੰ ਨੌਕਰੀ ਤੋਂ ਕੱਢਣ ਲਈ ਲਾਲ ਪੈੱਨ ਚਲਾਇਆ ਤਾਂ ਅਧਿਆਪਕਾਂ ਵਿੱਚ ਗੁੱਸੇ ਦੀ ਲਹਿਰ ਦੌੜ ਗਈ।ਬਲਾਕ ਕੋਟ ਫਤੂਹੀ ਗੌਰਮਿੰਟ ਟੀਚਰਜ਼ ਯੂਨੀਅਨ ਦੇ ਪ੍ਰਧਾਨ ਨਰਿੰਦਰ ਅਜਨੋਹਾ ਅਤੇ ਜਨਰਲ ਸਕੱਤਰ ਉਂਕਾਰ ਸਿੰਘ ਨੇ ਕਿਹਾ ਕਿ ਸਾਲ 2021 ਵਿਚ ਪਿਛਲੀ ਸਰਕਾਰ ਵੱਲੋਂ 4161 ਮਾਸਟਰ ਕੇਡਰ ਦੀ ਭਰਤੀ ਦਾ ਨੋਟੀਫਿਕੇਸ਼ਨ ਜਾਰੀ ਕੀਤਾ ਸੀ।ਬਾਅਦ ਵਿਚ ਪੰਜਾਬ ਸਰਕਾਰ ਨੇ ਜਨਵਰੀ 2023 ਵਿੱਚ ਅਧਿਆਪਕਾਂ ਨੂੰ ਨਿਯੁਕਤੀ ਪੱਤਰ ਵੰਡੇ ਸਨ।ਫਿਰ ਵੀ ਲੰਬਾ ਸਮਾਂ ਅਧਿਆਪਕਾਂ ਨੂੰ ਸਕੂਲ ਵਿਚ ਭੇਜਣ ਲਈ ਭਗਵੰਤ ਮਾਨ ਸਰਕਾਰ ਟਾਲਮਟੋਲ ਕਰਦਿਆਂ 2023 ਵਿੱਚ ਜੁਆਇਨ ਕਰਵਾਇਆ ਸੀ।ਪਰ ਬੀਤੀ ਦਿਨੀਂ ਸਿੱਖਿਆ ਵਿਭਾਗ ਨੇ 4161 ਮਾਸਟਰ ਕੇਡਰ ਦੇ 300 ਦੇ ਕਰੀਬ ਅਧਿਆਪਕਾਂ ਨੂੰ ਨੌਕਰੀ ਤੋਂ ਕੱਢਣ ਦੇ ਨੋਟਿਸ ਜਾਰੀ ਕਰ ਦਿੱਤੇ ਹਨ ਜਿਸ ਵਿਚ ਸਾਫ ਲਿਖ ਦਿੱਤਾ ਹੈ ਕਿ ਤੁਹਾਨੂੰ ਨੌਕਰੀ ਤੋਂ ਕੱਢ ਦਿੱਤਾ ਜਾਵੇਗਾ, ਨਾਲ ਹੀ ਇਹਨਾਂ ਅਧਿਆਪਕਾਂ ਦਾ ਪਰਖਕਾਲ ਰੋਕਣ ਲਈ ਵੀ ਕਹਿ ਦਿੱਤਾ ਗਿਆ ਹੈ।ਆਗੂਆਂ ਨੇ ਮੁੱਖ ਮੰਤਰੀ ਅਤੇ ਸਿੱਖਿਆ ਮੰਤਰੀ ਨੂੰ ਕਿਹਾ ਹੈ ਕਿ 4161 ਮਾਸਟਰ ਕੇਡਰ ਦੇ ਜਿਹਨਾਂ ਅਧਿਆਪਕਾਂ ਨੂੰ ਇਹ ਨੋਟਿਸ ਜਾਰੀ ਕੀਤੇ ਹਨ, ਇਹਨਾਂ ਨੂੰ ਤੁਰੰਤ ਵਾਪਸ ਲਿਆ ਜਾਵੇ।ਜੇਕਰ ਸਰਕਾਰ ਦੁਆਰਾ ਇਹਨਾਂ ਨੋਟਿਸਾਂ ਨੂੰ ਵਾਪਸ ਨਹੀਂ ਲਿਆ ਜਾਂਦਾ ਤਾਂ ਇਸ ਵਿਰੁੱਧ ਤਕੜਾ ਸੰਘਰਸ਼ ਕੀਤਾ ਜਾਵੇਗਾ ਅਤੇ ਕਿਸੇ ਵੀ ਹਾਲਤ ਵਿੱਚ ਕਿਸੇ ਵੀ ਅਧਿਆਪਕ ਦੀ ਨੌਕਰੀ ਨਹੀਂ ਖੁੱਸਣ ਦਿੱਤੀ ਜਾਵੇਗੀ।ਇਸ ਮੌਕੇ ਨਰਿੰਦਰ ਅਜਨੋਹਾ, ਉਂਕਾਰ ਸਿੰਘ, ਹਾਫਿਜ, ਕੁਲਵਿੰਦਰ ਸਿੰਘ, ਮਨੋਹਰ ਲਾਲ, ਕੁਲਵੰਤ ਸਿੰਘ, ਰਵੀ ਕੁਮਾਰ, ਅਸ਼ਵਨੀ ਕੁਮਾਰ, ਮਹੇਸ਼ਇੰਦਰ ਸਿੰਘ, ਸੁਖਵੀਰ ਸਿੰਘ, ਬਲਜਿੰਦਰ ਸਿੰਘ, ਕਰਮਵੀਰ ਸਿੰਘ, ਅਜੇ ਕੁਮਾਰ, ਹੇਮਰਾਜ, ਮਨਦੀਪ ਸਿੰਘ, ਸੰਦੀਪ ਕੁਮਾਰ ਹਾਜ਼ਰ ਸਨ।

# ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ’ਚ ਮਦਰਜ਼ ਡੇ ਮਨਾਇਆ



**ਸੁਲਤਾਨਪੁਰ ਲੋਧੀ (ਹਨੀ)**- ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਸੁਲਤਾਨਪੁਰ ਲੋਧੀ ਵਿਖੇ ਸਕੂਲ ਪ੍ਰਸ਼ਾਸਕ ਇੰਜੀ. ਨਿਮਰਤਾ ਕੌਰ ਦੀ ਅਗਵਾਈ ਵਿਚ ਮਦਰਜ਼ ਡੇ ਨਾਲ ਸਬੰਧੀ ਸਮਾਗਮ ਕਰਵਾਇਆ ਗਿਆ। ਜਿਸ ਦੀ ਸ਼ੁਰੂਆਤ ਸਵੇਰ ਦੀ ਸਪੈਸ਼ਲ ਅਸੈਂਬਲੀ ਦੇ ਨਾਲ ਹੋਈ। ਇਸ ਦੌਰਾਨ ਵਿਦਿਆਰਥੀਆਂ ਵੱਲੋਂ ਭਾਸ਼ਣ, ਕਵਿਤਾਵਾਂ ਅਤੇ ਗੀਤਾਂ ਰਾਹੀਂ ਮਾਵਾਂ ਪ੍ਰਤੀ ਆਪਣੇ ਪਿਆਰ ਤੇ ਸਤਿਕਾਰ ਦਾ ਇਜ਼ਹਾਰ ਕੀਤਾ ਗਿਆ। ਇਸ ਤੋਂ ਇਲਾਵਾ ਵਿਦਿਆਰਥੀਆਂ ਦੁਆਰਾ ਮਾਂ ਦੀ ਮਹੱਤਤਾ ਨੂੰ ਦਰਸਾਉਂਦੇ ਬਹੁਤ ਹੀ ਸੁੰਦਰ ਕਾਰਡ ਬਣਾਏ ਗਏ। ਇਸ ਦੌਰਾਨ ਪਿੰਕ ਪਹਿਰਾਵੇ ਵਿੱਚ ਸਜੇ ਕੇਜੀ ਵਿੰਗ ਦੇ ਨੰਨ੍ਹੇ-ਮੁੰਨੇ ਵਿਦਿਆਰਥੀ ਆਕਰਸ਼ਣ ਦਾ ਕੇਂਦਰ ਰਹੇ । ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ ਨੇ ਵਿਦਿਆਰਥੀਆਂ ਦੇ ਰੂਬਰੂ ਹੁੰਦਿਆਂ ਬੱਚਿਆਂ ਨੂੰ ਮਾਪਿਆਂ ਦਾ ਸਤਿਕਾਰ ਕਰਨ ਅਤੇ ਹਮੇਸ਼ਾ ਉਹਨਾਂ ਦੀ ਸੇਵਾ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਇੰਜੀ. ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ, ਸਕੂਲ ਡਾਇਰੈਕਟਰ ਇੰਜੀ. ਹਰਨਿਆਮਤ ਕੌਰ, ਪ੍ਰਸ਼ਾਸਕ ਇੰਜੀ. ਨਿਮਰਤਾ ਕੌਰ ਅਤੇ ਪ੍ਰਿੰਸੀਪਲ ਰੇਨੂੰ ਅਰੋੜਾ ਨੇ ਵਿਦਿਆਰਥੀਆਂ ਵੱਲੋਂ ਦਿਖਾਈ ਪ੍ਰਤਿਭਾ ਦੀ ਸ਼ਲਾਘਾ ਕੀਤੀ ।

# ਗਿਆਨੀ ਬਲਵੰਤ ਸਿੰਘ ਦੀ 41ਵੀਂ ਸਾਲਾਨਾ ਬਰਸੀ 15 ਨੂੰ

**ਮੋਹਾਲੀ (ਗੁਰਜੀਤ ਬਿੱਲਾ)**- ਧੰਨ ਧੰਨ ਅਮਰ ਸ਼ਹੀਦ ਜਥੇਦਾਰ ਬਾਬਾ ਹਨੂੰਮਾਨ ਸਿੰਘ ਜੀ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਸੱਚਖੰਡ ਵਾਸੀ ਗਿਆਨੀ ਬਲਵੰਤ ਸਿੰਘ ਦੀ 41ਵੀਂ ਸਾਲਾਨਾ ਬਰਸੀ 15 ਮਈ ਨੂੰ ਬੜੀ ਸ਼ਰਧਾ ਭਾਵਨਾ ਨਾਲ ਮਨਾਈ ਜਾਵੇਗੀ। ਪ੍ਰਬੰਧਕ ਕਮੇਟੀ ਦੇ ਬੁਲਾਰੇ ਨੇ ਦੱਸਿਆ ਕਿ ਗਿਆਨੀ ਜੀ, ਜਿਨ੍ਹਾਂ ਨੇ ਲਗਭਗ 40 ਸਾਲ ਇਸ ਸ਼ਹੀਦੀ ਸਥਾਨ ਦੀ ਸੇਵਾ ਕੀਤੀ, ਦੀ ਯਾਦ ਵਿੱਚ ਸਵੇਰੇ 9:00 ਵਜੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ। ਉਪਰੰਤ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਜਾਵੇਗਾ। ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦੇ ਹਜ਼ੂਰੀ ਰਾਗੀ ਜਥੇ, ਇੰਟਰਨੈਸ਼ਨਲ ਢਾਡੀ ਜਥਾ, ਸੰਤ ਵਿਦਵਾਨ ਅਤੇ ਉੱਚ ਕੋਟੀ ਦੇ ਪੰਥ ਪ੍ਰਸਿੱਧ ਪ੍ਰਚਾਰਕ ਸੰਗਤਾਂ ਨੂੰ ਹਰਿ ਜਸ ਸੁਣਾ ਕੇ ਨਿਹਾਲ ਕਰਨਗੇ। ਇਸ ਮੌਕੇ ਗੁਰੂ ਕਾ ਲੰਗਰ ਸੰਗਤਾਂ ਨੂੰ ਅਤੁੱਟ ਵਰਤਾਇਆ ਜਾਵੇਗਾ ।

# ਵਿਸ਼ਵ ਪੰਜਾਬੀ ਪ੍ਰਚਾਰ ਸਭਾ ਵੱਲੋਂ ਚੰਨ ਗੁਰਾਇਆ ਵਾਲਾ ਨੂੰ ਸ਼ਰਧਾਂਜਲੀ

**ਚੰਡੀਗੜ੍ਹ (ਸੁਰਜੀਤ ਸੁਮਨ)**- ਵਿਸ਼ਵ ਪੰਜਾਬੀ ਪ੍ਰਚਾਰ ਸਭਾ ਚੰਡੀਗੜ੍ਹ ਦੇ ਸੈਕਟਰ-41 ਸਥਿਤ ਦਫਤਰ ਵਿਖੇ ਸੰਸਥਾ ਦੇ ਅਹੁਦੇਦਾਰਾਂ ਦੀ ਇੱਕ ਵਿਸ਼ੇਸ਼ ਮੀਟਿੰਗ ਪ੍ਰਸਿੱਧ ਸਾਹਿਤਕਾਰ ਅਤੇ ਸਾਬਕਾ ਡਿਪਟੀ ਸੈਕਟਰੀ ਪੰਜਾਬ ਸਰਕਾਰ ਰਾਜ ਕੁਮਾਰ ਸਾਹੋਵਾਲੀਆ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ 97 ਸਾਲਾ ਪੰਜਾਬੀ ਮਾਂ ਬੋਲੀ ਦੇ ਸਿਰਕੱਢ ਗੀਤਕਾਰ ਭੁੱਲਾ ਰਾਮ ਉਰਫ ਚੰਨ ਗੁਰਾਇਆ ਵਾਲਿਆਂ ਦੀ ਬੇ-ਵਕਤੀ ਹੋਈ ਮੌਤ ’ਤੇ ਗਹਿਰੇ ਸ਼ੋਕ ਦਾ ਪ੍ਰਗਟਾਵਾ ਕੀਤਾ ਗਿਆ। ਸਭਾ ਦੇ ਸਮੂਹ ਮੈਂਬਰਾਂ ਵਲੋਂ ਦੋ ਮਿੰਟ ਦਾ ਮੌਨ ਧਾਰਨ ਕਰਕੇ ਇਸ ਮਹਾਨ ਸ਼ਖਸ਼ੀਅਤ ਨੂੰ ਭਾਵ ਭਿੰਨੀ ਸ਼ਰਧਾਂਜਲੀ ਭੇਟ ਕੀਤੀ। ਚੰਨ ਗੁਰਾਇਆਂ ਵਾਲਾ ਦੀ ਗੀਤਕਾਰੀ ਦੀ ਵੱਡਮੁੱਲੀ ਸੇਵਾ ਨੂੰ ਧਿਆਨ ਵਿੱਚ ਰੱਖਦਿਆਂ ਹੋਇਆ ਜਿੱਥੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ, ਉੱਥੇ ਇਸ ਮੌਕੇ ’ਤੇ ਬੋਲਦਿਆਂ ਸੰਸਥਾ ਦੇ ਪ੍ਰਧਾਨ ਪ੍ਰਿੰ. ਬਹਾਦਰ ਸਿੰਘ ਗੋਸਲ ਨੇ ਦੱਸਿਆ ਕਿ ਚੰਨ ਗੁਰਾਇਆ ਵਾਲੇ ਦੀ ਅਚਾਨਕ ਮੌਤ ਕਾਰਨ ਪੰਜਾਬੀ ਸਾਹਿਤ ਅਤੇ ਖਾਸ ਕਰਕੇ ਗੀਤਕਾਰੀ ਨੂੰ ਇੱਕ ਵੱਡਾ ਧੱਕਾ ਲੱਗਿਆ ਹੈ, ਜਿਸ ਕਾਰਨ ਸਮੂਹ ਪੰਜਾਬੀ ਪ੍ਰੇਮੀਆਂ ਦੇ ਮਨਾਂ ਵਿੱਚ ਸ਼ੋਕ ਦੀ ਲਹਿਰ ਉਤਪਨ ਹੋਈ ਹੈ। ਇੱਥੇ ਇਹ ਵੀ ਵਰਨਣਯੋਗ ਹੈ ਕਿ ਉਨ੍ਹਾਂ ਦੁਆਰਾ ਲਿਖੇ ਗਏ ਬਹੁਤੇ ਗੀਤ ਹੁਣ ਲੋਕ ਗੀਤ ਬਣ ਕੇ ਲੋਕਾਂ ਦੀ ਜ਼ੁਬਾਨ ’ਤੇ ਹਨ।



## ਈਕੋ ਕਲੱਬ ਤੇ ਵਿਦਿਆਰਥੀਆਂ ਦਾ ਸ਼ਾਨਦਾਰ ਪ੍ਰਦਰਸ਼ਨ



**ਦੋਰਾਹਾ (ਹਰਮਿੰਦਰ ਸੇਠ)**-ਗੁਰੂ ਨਾਨਕ ਨੈਸ਼ਨਲ ਕਾਲਜ, ਦੋਰਾਹਾ ਨੇ ਵਾਤਾਵਰਣ ਦੀ ਸੰਭਾਲ ਤੇ ਸਮਾਜਿਕ ਗਤੀਵਿਧੀਆਂ ਦੇ ਖੇਤਰ ਵਿੱਚ ਇੱਕ ਵਾਰ ਫਿਰ ਆਪਣੀ ਵਿਲੱਖਣ ਪਛਾਣ ਬਣਾਈ ਹੈ।ਕਾਲਜ ਦੇ ਈਕੋ ਕਲੱਬ ਨੂੰ ਵਾਤਾਵਰਣ ਸਿੱਖਿਆ ਪ੍ਰੋਗਰਾਮ ਵਿੱਚ ਬਿਹਤਰ ਪ੍ਰਦਰਸ਼ਨ ਲਈ ਵਿਸ਼ੇਸ਼ ਸਨਮਾਨ ਨਾਲ ਨਿਵਾਜਿਆ ਗਿਆ ਹੈ।ਇਹ ਜਾਣਕਾਰੀ ਦਿੰਦਿਆਂ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਦੱਸਿਆ ਕਿ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਐੱਨ.ਐੱਸ.ਐੱਸ. ਵਿਭਾਗ ਵੱਲੋਂ ਪੰਜਾਬ ਸਟੇਟ ਕੌਂਸਲ ਫ਼ਾਰ ਸਾਇੰਸ ਐਂਡ ਟੈਕਨਾਲੋਜੀ ਤੇ ਭਾਰਤ ਸਰਕਾਰ ਦੇ ਵਿਗਿਆਨ ਤੇ ਤਕਨਾਲੋਜੀ ਵਿਭਾਗ ਦੇ ਸਹਿਯੋਗ ਨਾਲ ਕਰਵਾਈ ਗਈ ਇੱਕ ਰੋਜ਼ਾ ਵਰਕਸ਼ਾਪ ਦੌਰਾਨ ਕਾਲਜ ਨੂੰ 'ਸਰਟੀਫਿਕੇਟ ਆਫ ਐਕਸੀਲੈਂਸ' ਤੇ 'ਮੈਡਲ ਆਫ ਆਊਟਸਟੈਂਡਿੰਗ ਪਰਫਾਰਮੈਂਸ' ਪ੍ਰਦਾਨ ਕੀਤਾ ਗਿਆ।ਇਸ ਵਰਕਸ਼ਾਪ ਦੌਰਾਨ ਕਾਲਜ ਨੇ 'ਬੈੱਸਟ ਆਊਟ ਆਫ਼ ਵੇਸਟ' ਵਿਸ਼ੇ 'ਤੇ ਲਗਾਈ ਗਈ ਪ੍ਰਦਰਸ਼ਨੀ ਵਿੱਚ ਦੂਜਾ ਸਥਾਨ ਹਾਸਲ ਕਰਕੇ ਕਾਲਜ ਦਾ ਨਾਂਅ ਰੌਸ਼ਨ ਕੀਤਾ।ਇਸ ਪ੍ਰਦਰਸ਼ਨੀ ਵਿੱਚ ਕਾਲਜ ਵੱਲੋਂ ਬੀ.ਕਾਮ ਭਾਗ ਪਹਿਲਾ ਦੇ ਵਿਦਿਆਰਥੀ ਤਰਨਵੀਰ ਸਿੰਘ ਤੇ ਰੇਨ ਨੇ ਭਾਗ ਲੈਂਦਿਆਂ ਹਰੀ ਰਹਿੰਦ-ਖੂੰਹਦ ਨੂੰ ਬਾਇਓਚਾਰ ਵਿੱਚ ਤਬਦੀਲ ਕਰਨ ਦੇ ਪ੍ਰੋਜੈਕਟ ਰਾਹੀਂ ਕੂੜੇ ਦੇ ਨਿਪਟਾਰੇ ਦਾ ਵਧੀਆ ਹੱਲ ਪੇਸ਼ ਕੀਤਾ ਅਤੇ ਵਿਦਿਆਰਥੀਆਂ ਦੀ ਅਗਵਾਈ ਈਕੋ ਕਲੱਬ ਦੇ ਇੰਚਾਰਜ ਤੇ ਐੱਨ.ਐੱਸ.ਐੱਸ. ਪ੍ਰੋਗਰਾਮ ਅਫ਼ਸਰ ਪ੍ਰੋ. ਅਮਨਦੀਪ ਕੌਰ ਚੀਮਾ ਤੇ ਪ੍ਰੋ. ਗੁਰਪ੍ਰੀਤ ਕੌਰ ਨੇ ਕੀਤੀ।ਇਸ ਪ੍ਰਾਪਤੀ ਲਈ ਕਾਲਜ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਹਰਪ੍ਰਤਾਪ ਸਿੰਘ ਬਰਾੜ, ਜਨਰਲ ਸਕੱਤਰ ਡਾ. ਪਵਿੱਤਰਪਾਲ ਸਿੰਘ ਪਾਂਗਲੀ, ਐਗਜ਼ੀਕਿਊਟਿਵ ਮੈਂਬਰ ਸ਼੍ਰੀਮਤੀ ਰੁਪਿੰਦਰ ਕੌਰ ਬਰਾੜ, ਅਹੁਦੇਦਾਰਾਂ, ਮੈਂਬਰ ਸਾਹਿਬਾਨ ਤੇ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਸੰਬੰਧਤ ਪ੍ਰਾਧਿਆਪਕਾਂ ਤੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ।

# ਮੁੱਖ ਮੰਤਰੀ ਨੇ ਬਰਸਟ ਵਾਲਿਆਂ ਦਾ ਕੀਤਾ ਵਿਸ਼ੇਸ਼ ਧੰਨਵਾਦ

### ■ ਚੇਅਰਮੈਨ ਬਰਸਟ ਵੱਲੋਂ ਸ਼ੁਕਰਾਨਾ ਯਾਤਰਾ ਦਾ ਸਵਾਗਤ



**ਸਮਾਣਾ (ਗੁਰਪਿਆਰ ਸਿੰਘ ਬੱਲ)**

ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਸੂਬੇ ਵਿੱਚ ਕੱਢੀ ਜਾ ਰਹੀ 'ਸ਼ੁਕਰਾਨਾ ਯਾਤਰਾ' ਮਹਿਮਦਪੁਰ ਮੰਡੀ ਵਿਖੇ ਪਹੁੰਚੀ, ਜਿੱਥੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਤੇ ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਸ. ਹਰਚੰਦ ਸਿੰਘ ਬਰਸਟ ਦੀ ਅਗਵਾਈ ਹੇਠ ਜਨ ਸੈਲਾਬ ਨੇ ਮੁੱਖ ਮੰਤਰੀ ਦਾ ਨਿੱਘਾ ਸਵਾਗਤ ਕੀਤਾ।ਇਸ ਮੌਕੇ ਲੋਕਾਂ ਦੇ ਵੱਡੇ ਹਜੂਮ ਵਿੱਚ ਹਰਚੰਦ ਸਿੰਘ ਬਰਸਟ ਵੱਲੋਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਨੂੰ ਸਿਰੋਪਾ ਤੇ ਸ੍ਰੀ ਸਾਹਿਬ ਭੇਟ ਕਰਕੇ ਸਵਾਗਤ ਕੀਤਾ ਗਿਆ।ਇਸ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਨੇ ਮਹਿਮਦਪੁਰ ਮੰਡੀ ਦੇ ਲੋਕਾਂ ਤੇ ਖਾਸ ਤੌਰ 'ਤੇ ਬਰਸਟ ਵਾਲਿਆਂ ਦਾ ਵਿਸ਼ੇਸ਼ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਇਲਾਕਾ ਨਿਵਾਸੀਆਂ ਨੇ ਪਿਆਰ ਦਿੱਤਾ ਹੈ, ਉਹ ਉਨ੍ਹਾਂ ਦੇ ਹਮੇਸ਼ਾ ਦਿਲਾਂ ਵਿੱਚ ਰਹੇਗਾ।

ਇਸ ਮੌਕੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਆਪਣੇ ਸੰਬੋਧਨ ਵਿੱਚ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਨੇ ਬੇਅਦਬੀਆਂ ਦੇ ਮਾਮਲੇ ਵਿੱਚ ਉਮਰ ਕੈਦ ਤੱਕ ਦੀ ਸਜ਼ਾ ਦਾ ਕਾਨੂੰਨ ਬਣਾ ਕੇ ਇੱਕ ਇਤਿਹਾਸਕ ਫੈਸਲਾ ਲਿਆ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੀ ਧਰਤੀ ਗੁਰੂਆਂ-ਪੀਰਾਂ ਦੀ ਧਰਤੀ ਹੈ।ਪਿਛਲੀਆਂ ਸਰਕਾਰਾਂ ਨੇ ਸਿਰਫ਼ ਵੋਟਾਂ ਦੀ ਰਾਜਨੀਤੀ ਕੀਤੀ, ਪਰ ਮੁੱਖ ਮੰਤਰੀ ਭਗਵੰਤ ਮਾਨ ਨੇ ਸੰਗਤ ਦੀਆਂ ਭਾਵਨਾਵਾਂ ਨੂੰ ਸਮਝਦੇ ਹੋਏ ਬੇਅਦਬੀ ਵਿਰੁੱਧ ਸਖ਼ਤ ਕਾਨੂੰਨ ਬਣਾਇਆ ਹੈ।ਅੱਜ ਪੰਜਾਬ ਦਾ ਹਰ ਨਾਗਰਿਕ ਇਸ ਫੈਸਲੇ ਤੋਂ ਬੇਹੱਦ ਖ਼ੁਸ਼ ਹੈ।ਬਰਸਟ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਅੱਜ ਵਿਕਾਸ ਦੀਆਂ ਨਵੀਆਂ ਬੁਲੰਦੀਆਂ ਨੂੰ ਛੂਹ ਰਿਹਾ ਹੈ।ਮਹਿਮਦਪੁਰ ਮੰਡੀ ਵਿੱਚ ਮੁੱਖ ਮੰਤਰੀ ਦੇ ਪਹੁੰਚਣ 'ਤੇ ਲੋਕਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ।ਪੂਰੇ ਰਸਤੇ ਵਿੱਚ ਫੁੱਲਾਂ ਦੀ ਵਰਖਾ ਕੀਤੀ ਗਈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪਾਰਟੀ ਦੇ ਸੀਨੀਅਰ ਆਗੂ, ਸਥਾਨਕ ਇਕਾਈ ਦੇ ਅਹੁਦੇਦਾਰ ਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।ਸ. ਬਰਸਟ ਨੇ ਆਈ ਹੋਈ ਸੰਗਤ ਦਾ ਇਸ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਤਹਿ ਦਿਲੋਂ ਧੰਨਵਾਦ ਕੀਤਾ।

# ਮੁੱਖ ਮੰਤਰੀ ਦੀ 'ਸ਼ੁਕਰਾਨਾ ਯਾਤਰਾ' ਦਾ ਫੱਗੂਵਾਲਾ 'ਚ ਭਰਵਾਂ ਸਵਾਗਤ

**ਭਵਾਨੀਗੜ੍ਹ (ਰਾਜ ਖੁਰਮੀ)**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕੱਢੀ ਗਈ 'ਸ਼ੁਕਰਾਨਾ ਯਾਤਰਾ' ਨੂੰ ਉਸ ਵੇਲੇ ਭਰਵਾਂ ਹੁੰਗਾਰਾ ਮਿਲਿਆ, ਜਦੋਂ ਇਹ ਯਾਤਰਾ ਸੰਗਰੂਰ ਦੇ ਇਤਿਹਾਸਕ ਪਿੰਡ ਫੱਗੂਵਾਲਾ ਵਿਖੇ ਪਹੁੰਚੀ।

ਪਿੰਡ ਵਿੱਚ ਸੰਗਤਾਂ ਵੱਲੋਂ ਫੁੱਲਾਂ ਦੀ ਵਰਖਾ ਕਰਕੇ ਤੇ ਜੋਸ਼ੀਲੇ ਨਾਅਰਿਆਂ ਨਾਲ ਮੁੱਖ ਮੰਤਰੀ ਦਾ ਸਵਾਗਤ ਕੀਤਾ ਗਿਆ, ਜਿਸ ਨਾਲ ਪੂਰਾ ਮਾਹੌਲ ਭਗਤੀ ਤੇ ਉਤਸ਼ਾਹ ਦੇ ਰੰਗ ਵਿੱਚ ਰੰਗਿਆ ਨਜ਼ਰ ਆਇਆ।ਇਸ ਮੌਕੇ ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾਕਟਰ ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਤੇ ਵੱਡੀ ਗਿਣਤੀ ਵਿੱਚ ਇਕੱਠੀਆਂ ਹੋਈਆਂ ਸੰਗਤਾਂ ਨੂੰ ਸੰਬੋਧਨ ਕੀਤਾ।ਮੀਡੀਆ ਨਾਲ ਗੱਲਬਾਤ ਕਰਦਿਆਂ ਡਾ. ਜਵੰਧਾ ਨੇ ਕਿਹਾ ਕਿ ਮੁੱਖ ਮੰਤਰੀ ਦੀ ਇਸ ਯਾਤਰਾ ਦਾ ਮਕਸਦ ਗੁਰੂ ਸਾਹਿਬ ਦਾ ਸ਼ੁਕਰਾਨਾ ਅਦਾ ਕਰਨਾ ਤੇ ਪੰਜਾਬ ਦੇ ਲੋਕਾਂ ਦਾ ਧੰਨਵਾਦ ਕਰਨਾ ਹੈ।ਉਨ੍ਹਾਂ ਕਿਹਾ ਕਿ ਪਿੰਡ ਫੱਗੂਵਾਲਾ ਦੀ ਸੰਗਤ ਵੱਲੋਂ ਦਿੱਤਾ ਗਿਆ ਪਿਆਰ ਅਤੇ ਸਤਿਕਾਰ ਇਹ ਸਾਬਿਤ ਕਰਦਾ ਹੈ ਕਿ ਪੰਜਾਬ ਦੇ ਲੋਕ ਮੌਜੂਦਾ ਸਰਕਾਰ ਦੀਆਂ ਨੀਤੀਆਂ ਅਤੇ ਨੀਅਤ ਨਾਲ ਪੂਰੀ ਤਰ੍ਹਾਂ ਸੰਤੁਸ਼ਟ ਹਨ।ਉਨ੍ਹਾਂ ਕਿਹਾ ਕਿ ਲੋਕਾਂ ਦੀ ਸੇਵਾ ਕਰਨ ਦਾ ਮੌਕਾ ਮਿਲਣਾ ਗੁਰੂ ਸਾਹਿਬ ਦੀ ਬਖ਼ਸ਼ਿਸ਼ ਹੈ ਅਤੇ ਉਹ ਇਸ ਲਈ ਅਕਾਲ ਪੁਰਖ ਦੇ ਸਦਾ ਰਿਣੀ ਰਹਿਣਗੇ।ਡਾ. ਜਵੰਧਾ ਨੇ ਕਿਹਾ ਕਿ ਉਹ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨ ਲਈ ਲਗਾਤਾਰ ਯਤਨਸ਼ੀਲ ਹਨ।ਉਨ੍ਹਾਂ ਭਰੋਸਾ ਦਿਵਾਇਆ ਕਿ ਪੰਜਾਬ ਸਰਕਾਰ ਸੂਬੇ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹੈ ਤੇ ਲੋਕਾਂ ਦੀਆਂ ਸਮੱਸਿਆਵਾਂ ਦਾ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ।ਇਸ ਮੌਕੇ ਜ਼ਿਲ੍ਹਾ ਸਕੱਤਰ ਐਕਸ ਸਰਵਿਸਮੈਨ ਵਿੰਗ ਜਗਦੀਸ਼ ਸਿੰਘ, ਹਲਕਾ ਕੋਆਰਡੀਨੇਟਰ ਬਹਾਦਰ ਸਿੰਘ, ਹਰਪ੍ਰੀਤ ਸਿੰਘ ਜਲਾਨ, ਸਰਪੰਚ ਨਿਰਭੈ ਸਿੰਘ ਬੰਘਾਵਾਲੀ, ਜਗਜੀਤ ਸਿੰਘ ਝਨੇੜੀ, ਸਰਪੰਚ ਨਾਜਰ ਸਿੰਘ ਗੁਰਥਲੀ, ਸਰਪੰਚ ਸੰਦੀਪ ਸਿੰਘ ਕਾਲਾ ਝਾੜ ਖੁਰਦ, ਸਰਪੰਚ ਕਰਮ ਸਿੰਘ ਸੰਤੋਖਪੁਰਾ, ਸਰਪੰਚ ਰਿਕੀ ਵਿਰਕ ਨੰਦਗੜ੍ਹ, ਸੀਨੀਅਰ ਆਗੂ ਗੁਰਵਿੰਦਰ ਸਿੰਘ ਗਹਿਲਾਂ, ਸਰਪੰਚ ਕੁਲਦੀਪ ਸਿੰਘ ਰਾਜਪੁਰਾ ਤੇ ਸੀਨੀਅਰ ਆਗੂ ਅਵਤਾਰ ਸਿੰਘ ਤਾਰੀ ਭਵਾਨੀਗੜ੍ਹ ਸਮੇਤ ਵੱਡੀ ਗਿਣਤੀ ਵਿੱਚ ਆਗੂ ਤੇ ਇਲਾਕਾ ਨਿਵਾਸੀ ਹਾਜ਼ਰ ਸਨ।

### ■ ਸੰਗਤ ਦੇ ਪਿਆਰ ਲਈ ਹਮੇਸ਼ਾ ਰਿਣੀ ਰਹਾਂਗੇ : ਡਾ. ਜਵੰਧਾ



## ਮਾਰਵਲਜ਼ ਸਕੂਲ ਦੀਆਂ ਲੜਕੀਆਂ ਨੇ ਬਾਸਕਿਟਬਾਲ ਚੈਂਪੀਅਨਸ਼ਿਪ ਟਰਾਫੀ ਜਿੱਤੀ



**ਜਲਾਲਾਬਾਦ (ਬਲਵਿੰਦਰ ਸਿੰਘ)**-ਫਿਰੋਜ਼ਪੁਰ-ਫਾਜ਼ਿਲਕਾ ਮੁੱਖ ਮਾਰਗ 'ਤੇ ਸਥਿਤ ਮਾਵਰਲਜ਼ ਕਾਨਵੈਂਟ ਸਕੂਲ ਘੁਬਾਇਆ ਦੀ ਅੰਡਰ-17 ਬਾਸਕਿਟਬਾਲ ਟੀਮ ਲੜਕੀਆਂ ਨੇ ਸੀ.ਆਈ.ਐੱਸ.ਸੀ.ਈ. ਬੋਰਡ ਨਵੀਂ ਦਿੱਲੀ ਵੱਲੋਂ ਆਯੋਜਿਤ ਜ਼ੋਨਲ ਪੱਧਰ ਖੇਡਾਂ ਦੇ ਵਿੱਚ ਭਾਗ ਲੈ ਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ।ਇਸ ਦੌਰਾਨ ਕੋਟਕਪੂਰਾ ਵਿੱਚ ਸਥਿਤ ਬਲੂਮਿੰਗ ਡੇਲ ਸਕੂਲ ਵਿੱਚ ਆਯੋਜਿਤ ਬਾਸਕਿਟਬਾਲ ਚੈਂਪੀਅਨਸ਼ਿਪ ਵਿੱਚ ਵੱਖ-ਵੱਖ ਸਕੂਲਾਂ ਨੂੰ ਹਰਾ ਕੇ ਪਹਿਲਾ ਸਥਾਨ ਪ੍ਰਾਪਤ ਕਰ ਟਰਾਫੀ ਆਪਣੇ ਨਾਮ ਕੀਤੀ। ਇਸ ਤਰ੍ਹਾਂ ਖੇਤਰ ਤੋਂ ਬਾਹਰ ਜਾ ਕੇ ਵੱਖ-ਵੱਖ ਸਕੂਲਾਂ ਨੂੰ ਹਰਾ ਕੇ ਜਿੱਤਣਾ ਸੱਚਮੁੱਚ ਪ੍ਰਸ਼ੰਸਾ ਯੋਗ ਹੈ ਅਤੇ ਲੜਕੀਆਂ ਨੇ ਜੋਨਲ ਪੱਧਰ ਖੇਡਾਂ ਵਿੱਚ ਇਹ ਟਰਾਫੀ ਪ੍ਰਾਪਤ ਕਰਕੇ ਪੂਰੇ ਇਲਾਕੇ, ਮਾਪਿਆਂ ਤੇ ਸਕੂਲ ਦਾ ਨਾਮ ਰੋਸ਼ਨ ਕੀਤਾ ਹੈ।ਜਿੱਤ ਪ੍ਰਾਪਤ ਕਰਨ ਦੇ ਬਾਅਦ ਜਦੋਂ ਵਿਦਿਆਰਥੀਆਂ ਨੇ ਸਕੂਲ ਵਿੱਚ ਪ੍ਰਵੇਸ਼ ਕੀਤਾ ਤਾਂ ਸਕੂਲ ਪ੍ਰਬੰਧਕ ਕਮੇਟੀ ਵੱਲੋਂ ਖਿਡਾਰੀਆਂ ਦਾ ਜ਼ੋਰਦਾਰ ਸਵਾਗਤ ਕੀਤਾ ਗਿਆ।ਇਸ ਮੌਕੇ ਸਕੂਲ ਪ੍ਰਬੰਧਕ ਕਮੇਟੀ ਦੇ ਸੰਚਾਲਕ ਮੈਡਮ ਰੋਹਿਣੀ ਸੋਈ, ਡਾਇਰੈਕਟਰ ਸ੍ਰੀਮਤੀ ਆਸ਼ਾ ਗਿਰਧਰ, ਪ੍ਰਬੰਧਕ ਕਮੇਟੀ ਮੈਂਬਰ ਜਗਸੀਰ ਸਿੰਘ ਸੋਢੀ, ਗੌਰਵ ਹਾਂਡਾ, ਸਕੂਲ ਪ੍ਰਿੰਸਪਿਲ ਡਾ. ਦਵਿੰਦਰ ਗਿਰਧਰ, ਜੇਤੂ ਖਿਡਾਰੀ ਤੇ ਸਮੂਹ ਸਟਾਫ ਮੌਜੂਦ ਸੀ।ਪ੍ਰਿੰਸੀਪਲ ਡਾ. ਦਵਿੰਦਰ ਗਿਰਧਰ ਨੇ ਕਿਹਾ ਕਿ ਲੜਕੀਆਂ ਦੀ ਇਹ ਜਿੱਤ ਅਸਲ ਵਿੱਚ ਪ੍ਰਸੰਸਾਯੋਗ ਹੈ।ਉਨ੍ਹਾਂ ਖਿਡਾਰੀਆਂ ਦੇ ਮਾਪਿਆਂ ਨੂੰ ਵੀ ਵਧਾਈ ਦਿੱਤੀ ਤੇ ਕਾਮਨਾ ਕੀਤੀ ਕਿ ਭਵਿੱਖ ਵਿੱਚ ਇਹ ਖਿਡਾਰੀ ਇਸੇ ਤਰ੍ਹਾਂ ਜਿੱਤ ਦਾ ਝੰਡਾ ਲਹਿਰਾਉਂਦੇ ਰਹਿਣਗੇ।

## 15 ਦੀ ਮਨਰੇਗਾ ਮਜ਼ਦੂਰ ਹੜਤਾਲ ਨੂੰ ਪੂਰਾ ਸਮਰਥਨ ਕਰੋ : ਕੇਂਦਰੀ ਟਰੇਡ ਯੂਨੀਅਨਾਂ

**ਲੁਧਿਆਣਾ (ਐੱਮ ਐੱਸ ਭਾਟੀਆ)**-ਨਵੀਂ ਦਿੱਲੀ ਤੋਂ ਕੇਂਦਰੀ ਟਰੇਡ ਯੂਨੀਅਨਾਂ, ਸੁਤੰਤਰ ਖੇਤਰੀ ਫੈਡਰੇਸ਼ਨਾਂ ਤੇ ਐਸੋਸੀਏਸ਼ਨਾਂ ਦੇ ਪਲੇਟਫਾਰਮ, ਜਿਸ ਵਿੱਚ ਆਈ ਐੱਨ ਟੀ ਯੂ ਸੀ, ਏ ਆਈ ਟੀ ਯੂ ਸੀ, ਐੱਚ ਐੱਮ ਐੱਸ, ਸੀ ਆਈ ਟੀ ਯੂ, ਸੀ ਟੀ ਯੂ ਸੀ ਸੀ, ਸੇਵਾ, ਏ ਆਈ ਸੀ ਸੀ ਟੀ ਯੂ, ਐੱਲ ਪੀ ਐੱਫ, ਯੂ ਟੀ ਯੂ ਸੀ ਸ਼ਾਮਲ ਹਨ, ਵੱਲੋਂ 15 ਮਈ ਨੂੰ ਹੋਣ ਵਾਲੀ ਆਲ ਇੰਡੀਆ ਮਨਰੇਗਾ ਮਜ਼ਦੂਰ ਹੜਤਾਲ ਨੂੰ ਪੂਰਾ ਸਮਰਥਨ ਦੇਣ ਦਾ ਐਲਾਨ ਕੀਤਾ ਹੈ।ਯੂਨੀਅਨਾਂ ਨੇ ਸਾਂਝੇ ਬਿਆਨ ਵਿੱਚ ਕਿਹਾ ਕਿ ਖੇਤੀਬਾੜੀ ਤੇ ਪੇਂਡੂ ਮਜ਼ਦੂਰ ਯੂਨੀਅਨਾਂ ਦੇ ਸਾਂਝੇ ਮੋਰਚੇ ਤੇ ਨਰੇਗਾ ਸੰਘਰਸ਼ ਮੋਰਚਾ ਵੱਲੋਂ ਦਿੱਤਾ ਗਿਆ ਹੜਤਾਲ ਦਾ ਸੱਦਾ ਪੇਂਡੂ ਮਜ਼ਦੂਰਾਂ ਦੇ ਹੱਕਾਂ ਦੀ ਰੱਖਿਆ ਲਈ ਇੱਕ ਜ਼ਰੂਰੀ ਕਦਮ ਹੈ।ਉਨ੍ਹਾਂ ਕਿਹਾ ਕਿ ਮਨਰੇਗਾ ਦੇਸ਼ ਦੀ ਉਹ ਮਹੱਤਵਪੂਰਨ ਯੋਜਨਾ ਹੈ, ਜੋ ਕਾਨੂੰਨੀ ਤੌਰ 'ਤੇ ਰੁਜ਼ਗਾਰ ਦੇ ਅਧਿਕਾਰ ਦੀ ਗਰੰਟੀ ਦਿੰਦੀ ਹੈ ਤੇ ਇਸ ਨੂੰ ਕਮਜ਼ੋਰ ਕਰਨ ਦੀ ਹਰ ਕੋਸ਼ਿਸ਼ ਦਾ ਵਿਰੋਧ ਕੀਤਾ ਜਾਵੇਗਾ।ਕੇਂਦਰੀ ਟਰੇਡ ਯੂਨੀਅਨਾਂ ਨੇ ਦੇਸ਼ ਭਰ ਦੇ ਮਜ਼ਦੂਰਾਂ, ਕਿਸਾਨਾਂ ਤੇ ਲੋਕਤੰਤਰਪਸੰਦ ਵਰਗਾਂ ਨੂੰ ਅਪੀਲ ਕੀਤੀ ਕਿ ਉਹ 15 ਮਈ ਦੀ ਹੜਤਾਲ ਵਿੱਚ ਵੱਡੀ ਗਿਣਤੀ ਵਿੱਚ ਸ਼ਾਮਲ ਹੋ ਕੇ ਮਨਰੇਗਾ ਮਜ਼ਦੂਰਾਂ ਨਾਲ ਏਕਤਾ ਪ੍ਰਗਟ ਕਰਨ।

# ਵਿਸ਼ਵ ਰੈੱਡ ਕਰਾਸ ਦਿਵਸ ਧੂਮਧਾਮ ਨਾਲ ਮਨਾਇਆ

### ■ ਲੋੜਵੰਦਾਂ ਨੂੰ 30 ਸਿਲਾਈ ਮਸ਼ੀਨਾਂ ਵੀ ਵੰਡੀਆਂ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਜ਼ਿਲ੍ਹਾ ਰੈੱਡ ਕਰਾਸ ਸੋਸਾਇਟੀ ਪਟਿਆਲਾ ਦੇ ਦਫ਼ਤਰ ਵਿਖੇ ਡਿਪਟੀ ਕਮਿਸ਼ਨਰ ਤੇ ਪ੍ਰਧਾਨ ਡਾ. ਹਿਮਾਂਸ਼ੂ ਅਗਰਵਾਲ ਦੀ ਸਰਪ੍ਰਸਤੀ ਹੇਠ ਵਿਸ਼ਵ ਰੈੱਡ ਕਰਾਸ ਦਿਵਸ ਮਨਾਇਆ ਗਿਆ।ਇਸ ਮੌਕੇ ਵਿਸ਼ੇਸ਼ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਨਵਰੀਤ ਕੌਰ ਸੇਖੋਂ ਨੇ ਕਿਹਾ ਕਿ ਰੈੱਡ ਕਰਾਸ ਸੁਸਾਇਟੀ ਪੀੜਤਾਂ ਦੀ ਮਦਦ ਕਰਦੇ ਹੋਏ ਵਿਸ਼ਵ ਵਿੱਚ ਜੰਗ ਤੇ ਲੜਾਈਆਂ ਰੋਕਣ, ਸਿਹਤ ਦੀ ਉੱਨਤੀ ਹਿੱਤ ਜਾਗ੍ਰਿਤੀ ਤੇ ਫਸਟ ਏਡ ਦੀ ਸਿੱਖਿਆ, ਵਿਸ਼ਵ ਸ਼ਾਂਤੀ ਭਾਈਚਾਰੇ ਹਿੱਤ ਯਤਨ ਕਰਨ ਦੇ ਆਪਣੇ ਉਦੇਸ਼ ਪੂਰੇ ਕਰ ਰਹੀ ਹੈ।ਏ.ਡੀ.ਸੀ. ਨੇ ਰੈੱਡ ਕਰਾਸ ਦਾ ਝੰਡਾ ਲਹਿਰਾਉਣ ਦੀ ਰਸਮ ਅਦਾ ਕਰਦਿਆਂ ਸਰ ਜੀਨ ਹੈਨਰੀ ਡਿਊਨਟ ਦੀ ਤਸਵੀਰ ਤੇ ਫੁੱਲ ਮਾਲਾਵਾਂ ਭੇਟ ਕੀਤੀਆਂ।ਉਨ੍ਹਾਂ ਦੱਸਿਆ ਕਿ ਪਹਿਲੇ ਸੰਸਾਰ ਯੁੱਧ ਮਗਰੋਂ 1920 ਵਿੱਚ ਭਾਰਤ 'ਚ ਸਰਕਾਰ ਨੇ ਪਾਰਲੀਮੈਂਟ ਐਕਟ ਪਾਸ ਕਰਕੇ ਰੈੱਡ ਕਰਾਸ ਸ਼ੁਰੂ ਕੀਤੀ ਤੇ 1922 ਵਿੱਚ ਪੰਜਾਬ (ਜਿਸ ਦੀ ਰਾਜਧਾਨੀ ਲਾਹੌਰ ਸੀ) ਵਿੱਚ ਰੈੱਡ ਕਰਾਸ ਤੇ 1924 ਵਿੱਚ ਜੂਨੀਅਰ ਰੈੱਡ ਕਰਾਸ ਪੰਜਾਬ ਦੀ ਸ਼ੁਰੂਆਤ ਕੀਤੀ ਗਈ।ਇਸ ਦੌਰਾਨ ਲੋੜਵੰਦਾਂ ਨੂੰ ਰੈੱਡ ਕਰਾਸ ਵੱਲੋਂ 30 ਸਿਲਾਈ ਮਸ਼ੀਨਾਂ ਵੀ ਵੰਡੀਆਂ ਗਈਆਂ।ਇਸ ਦੌਰਾਨ ਜ਼ਿਲ੍ਹਾ ਰੈੱਡ ਕਰਾਸ ਸੋਸਾਇਟੀ ਪਟਿਆਲਾ ਦੇ ਸਕੱਤਰ ਡਾ. ਪ੍ਰਿਤਪਾਲ ਸਿੰਘ ਸਿੱਧੂ ਨੇ ਵਿਸ਼ਵ ਰੈੱਡ ਕਰਾਸ ਦਿਵਸ ਦੀ ਮਹੱਤਤਾ ਤੇ ਇਤਿਹਾਸ ਬਾਰੇ ਚਾਨਣਾ ਪਾਉਂਦਿਆਂ ਦੱਸਿਆ ਕਿ ਅੱਜ ਰੈੱਡ ਕਰਾਸ ਦੇ 7 ਅਸੂਲਾਂ (ਮਾਨਵਤਾ, ਨਿਰਪਖਤਾ, ਸਰਬ ਸਾਂਝੀਵਾਲਤਾ, ਸੁੰਤਤਰਤਾ, ਸਵੈ-ਇੱਛਕ ਸੇਵਾ, ਏਕਤਾ ਤੇ ਵਿਸ਼ਵ ਵਿਆਪਕਤਾ) ਅਨੁਸਾਰ ਤੇ 4 ਜਾਨੇਵਾ ਸੰਧੀਆਂ ਅਧੀਨ ਮਾਨਵਤਾ ਦੀ ਸੇਵਾ ਹਿੱਤ ਰੈੱਡ ਕਰਾਸ ਤੇ ਇਸ ਦੇ ਵਲੰਟੀਅਰਜ਼ ਯਤਨਸ਼ੀਲ ਹਨ।ਉਨ੍ਹਾਂ ਪਟਿਆਲਾ ਰੈੱਡ ਕਰਾਸ ਦੀ ਪ੍ਰਗਤੀ ਰਿਪੋਰਟ ਵੀ ਪੇਸ਼ ਕੀਤੀ।ਇਸ ਮੌਕੇ ਸਿਵਲ ਸਰਜਨ ਡਾ. ਸ਼ੈਲੀ ਜੇਤਲੀ, ਸਾਬਕਾ ਡੀ.ਆਰ.ਐੱਮ.ਈ. ਡਾ. ਜੈ ਕ੍ਰਿਸ਼ਨ, ਸਾਬਕਾ ਜੀ ਐੱਮ ਪੀ.ਆਰ.ਟੀ.ਸੀ. ਰਵਿੰਦਰ ਸਿੰਘ ਔਲਖ, ਹਰਬੰਸ ਬਾਂਸਲ, ਭਗਵਾਨ ਦਾਸ ਗੁਪਤਾ, ਦੇਵੀ ਦਿਆਲ ਗੋਇਲ, ਪ੍ਰਿੰਸੀਪਲ ਮੋਦੀ ਕਾਲਜ ਡਾ. ਨੀਰਜ ਗੋਇਲ, ਡਾ. ਹਿਨਾ ਸਚਦੇਵਾ, ਰਾਜੀਵ ਗਰਗ, ਐੱਚ. ਐੱਸ. ਕਰੀਰ, ਜਸਪਾਲ ਸਿੰਘ, ਕੇ ਐੱਸ ਖੰਨਾ, ਡਾ. ਮੋਨਿਕਾ, ਡਾ. ਸੁਖਵਿੰਦਰ, ਸਰਪ੍ਰਸਤ ਨੇਤਰ ਪ੍ਰਕਾਸ਼ ਆਈ ਹਸਪਤਾਲ ਡਾ. ਗੁਰਜੀਤ ਸਿੰਘ ਹਾਜ਼ਰ ਸਨ।

## ਸੁਰਿੰਦਰ ਸਿੰਘ ਚੱਠਾ ਨੂੰ ਸ਼ਰਧਾਂਜਲੀਆਂ



**ਸ੍ਰੀ ਮੁਕਤਸਰ ਸਾਹਿਬ, ਦੋਦਾ (ਸ਼ਮਿੰਦਰ ਪਾਲ, ਪੂਜਾ)**-ਸੁਰਿੰਦਰ ਸਿੰਘ ਚੱਠਾ ਨਮਿੱਤ ਅੰਤਿਮ ਅਰਦਾਸ ਉਨ੍ਹਾਂ ਦੇ ਜੱਦੀ ਪਿੰਡ ਖਿੜਕੀਆਂ ਵਾਲਾ ਵਿਖੇ ਹੋਈ।ਜ਼ਿਕਰਯੋਗ ਹੈ ਕਿ ਉਹ 30 ਅਪ੍ਰੈਲ ਨੂੰ ਅਕਾਲ ਚਲਾਣਾ ਕਰ ਗਏ ਸਨ।ਇਸ ਮੌਕੇ ਵੱਖ-ਵੱਖ ਸਿਆਸੀ ਪਾਰਟੀਆਂ ਦੇ ਆਗੂਆਂ, ਪੱਤਰਕਾਰ ਭਾਈਚਾਰੇ ਤੇ ਵੱਡੀ ਗਿਣਤੀ 'ਚ ਸੰਗਤ ਨੇ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।ਸਟੇਜ ਦੀ ਕਾਰਵਾਈ ਸੁਖਪਾਲ ਸਿੰਘ ਆਦਿਵਾਲ ਨੇ ਬਾਖ਼ੂਬੀ ਚਲਾਈ। ਸ਼ਨੀ ਢਿੱਲੋਂ (ਭਰਾ ਵਿਧਾਇਕ ਡਿੰਪੀ ਢਿੱਲੋਂ) ਨੇ ਪਰਵਾਰ ਵੱਲੋਂ ਸੰਗਤ ਦਾ ਧੰਨਵਾਦ ਕੀਤਾ ਅਤੇ ਸ. ਚੱਠਾ ਨਾਲ ਆਪਣੇ ਪਰਿਵਾਰਕ ਸਬੰਧਾਂ ਨੂੰ ਯਾਦ ਕੀਤਾ। ਸੁਖਜਿੰਦਰ ਕਾਉਣੀ ਚੇਅਰਮੈਨ, ਕ੍ਰਿਸ਼ਨ ਸਿੰਘ ਰੁਪਾਣਾ, ਕੁਲਵੰਤ ਸਿੰਘ ਮਾਨ ਸਿੰਘ ਵਾਲਾ, ਸ਼ਰਨਜੀਤ ਸਿੰਘ ਸੰਧੂ ਤੇ ਭਾਜਪਾ ਆਗੂ ਪਰਮਿੰਦਰ ਸਿੰਘ ਪਾਸ਼ਾ ਸਮੇਤ ਕਈ ਜਥੇਬੰਦੀਆਂ ਨੇ ਸ਼ੋਕ ਮਤੇ ਪੜ੍ਹੇ।ਸਾਬਕਾ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਵੱਲੋਂ ਵੀ ਸ਼ੋਕ ਮਤਾ ਭੇਜਿਆ ਗਿਆ।ਅੰਤਿਮ ਅਰਦਾਸ ਉਪਰੰਤ ਸੁਰਿੰਦਰ ਸਿੰਘ ਚੱਠਾ ਦੇ ਸਪੁੱਤਰ ਜਗਮੀਤ ਸਿੰਘ ਚੱਠਾ ਨੂੰ ਦਸਤਾਰ ਭੇਟ ਕੀਤੀ ਗਈ।ਸਮਾਗਮ 'ਚ ਸ੍ਰੀ ਮੁਕਤਸਰ ਸਾਹਿਬ ਤੇ ਬਠਿੰਡਾ ਦੇ ਵੱਡੀ ਗਿਣਤੀ ਪੱਤਰਕਾਰ ਤੇ ਇਲਾਕਾ ਨਿਵਾਸੀ ਹਾਜ਼ਰ ਸਨ।

## ਜੈਨ ਗਰਲਜ਼ ਸਕੂਲ 'ਚ ਅੱਗ ਲੱਗਣ ਕਾਰਨ ਰਿਕਾਰਡ ਸੜ ਕੇ ਸੁਆਹ



**ਸਿਰਸਾ (ਸੁਰਿੰਦਰ ਪਾਲ ਸਿੰਘ)**-ਸਿਰਸਾ ਦੇ ਭਾਦਰਾ ਬਾਜ਼ਾਰ ਵਿੱਚ ਸਥਿਤ ਸੇਠ ਸਾਗਰ ਮੱਲ ਜੈਨ ਗਰਲ ਸਕੂਲ ਵਿੱਚ ਰਾਤ ਨੂੰ ਲੱਗੀ ਅੱਗ ਵਿੱਚ ਸਕੂਲ ਦਾ ਰਿਕਾਰਡ ਸੜ ਕੇ ਸੁਆਹ ਹੋ ਗਿਆ। 12ਵੀਂ ਜਮਾਤ ਤੱਕ ਦੇ ਇਸ ਸਕੂਲ ਵਿੱਚ ਲਗਭਗ 1,150 ਵਿਦਿਆਰਥੀ ਹਨ। ਦੱਸਿਆ ਜਾ ਰਿਹਾ ਹੈ ਕਿ ਸਕੂਲ ਦੇ ਮੁੱਖ ਗੇਟ ਦੇ ਨੇੜੇ ਬਿਜਲੀ ਲਾਈਨ ਵਿੱਚ ਨੁਕਸ ਪੈਣ ਕਾਰਨ ਅੱਗ ਲੱਗੀ ਤੇ ਇਹ ਨੇੜਲੇ ਰਿਕਾਰਡ ਰੂਮ ਤੇ ਹਾਲ ਵਿੱਚ ਫੈਲ ਗਈ, ਜਿੱਥੇ ਪਿਛਲੇ ਸਾਲਾਂ ਦੇ ਰਿਕਾਰਡ ਸਟੋਰ ਕੀਤੇ ਗਏ ਸਨ। ਅੱਗ ਹਾਲ ਵਿੱਚ ਬਿਜਲੀ ਦੀਆਂ ਫਿਟਿੰਗਾਂ, ਪੱਖੇ, ਅਲਮਾਰੀਆਂ, ਕੰਪਿਊਟਰਾਂ ਤੇ ਫਰਨੀਚਰ ਵਿੱਚ ਵੀ ਫੈਲ ਗਈ, ਜਿਸ ਨਾਲ ਕਾਫ਼ੀ ਨੁਕਸਾਨ ਹੋਇਆ। ਮਿਲੀ ਜਾਣਕਾਰੀ ਅਨੁਸਾਰ, ਇਹ ਜੈਨ ਸਕੂਲ ਸ਼ਹਿਰ ਦੇ ਭਦਰਾ ਬਾਜ਼ਾਰ ਵਿੱਚ ਸਥਿਤ ਹੈ। ਰਾਤ ਨੂੰ ਲੱਗੀ ਅੱਗ ਦੇਖ ਕੇ ਹਰ ਕੋਈ ਹੈਰਾਨ ਰਹਿ ਗਿਆ ਤੇ ਮਾਪਿਆਂ ਨੇ ਕਿਹਾ ਕਿ ਅੱਗ ਦਿਨ ਵੇਲੇ ਲੱਗਦੀ ਤਾਂ ਵਿਦਿਆਰਥੀਆਂ ਦਾ ਨੁਕਸਾਨ ਹੋ ਸਕਦਾ ਸੀ। ਸਕੂਲ ਕਮੇਟੀ ਦੇ ਮੈਂਬਰਾ ਵੱਲੋਂ ਖਾਕ ਹੋ ਚੁੱਕੇ ਸਕੂਲ ਰਿਕਾਰਡ ਦਾ ਜਾਇਜ਼ਾ ਲਿਆ ਗਿਆ। ਸਕੂਲ ਕਮੇਟੀ ਅਨੁਸਾਰ 10 ਸਾਲਾਂ ਦੇ ਰਿਕਾਰਡ ਇੱਕ ਥਾਂ 'ਤੇ ਰੱਖੇ ਜਾਂਦੇ ਹਨ। ਸਕੂਲ ਦੇ ਪ੍ਰਿੰਸੀਪਲ ਮੱਖਣ ਲਾਲ ਗੋਇਲ ਨੇ ਕਿਹਾ ਕਿ ਸਕੂਲ ਦੇ ਚੌਕੀਦਾਰ ਨੂੰ ਰਾਤ 10 ਵਜੇ ਅੱਗ ਲੱਗਣ ਦਾ ਪਤਾ ਲੱਗਿਆ ਤੇ ਉਸ ਨੇ ਮੈਨੂੰ ਸੂਚਿਤ ਕੀਤਾ ਅਤੇ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਨੇ ਅੱਗ 'ਤੇ ਕਾਬੂ ਪਾਇਆ, ਪਰ ਨੁਕਸਾਨ ਹੋ ਚੁੱਕਿਆ ਸੀ। ਪ੍ਰਿੰਸੀਪਲ ਗੋਇਲ ਨੇ ਕਿਹਾ ਕਿ ਇਸ ਸਮੇਂ ਨੁਕਸਾਨ ਦਾ ਮੁਲਾਂਕਣ ਕੀਤਾ ਜਾ ਰਿਹਾ ਹੈ ਤੇ ਅੱਗ ਵਿੱਚ ਕੰਪਿਊਟਰ ਤੇ ਫਰਨੀਚਰ ਵੀ ਨੁਕਸਾਨੇ ਗਏ।

## ਸ਼੍ਰੋਮਣੀ ਅਕਾਲੀ ਦਲ 'ਚ ਸ਼ਾਮਲ ਹੋਏ ਆਗੂਆਂ ਦਾ ਸਨਮਾਨ



**ਦੋਰਾਹਾ (ਹਰਮਿੰਦਰ ਸੇਠ)**-ਹਲਕਾ ਪਾਇਲ ਦੇ ਸ਼ਹਿਰ ਦੋਰਾਹਾ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਤੇ ਸਾਬਕਾ ਮੰਤਰੀ ਪੰਜਾਬ ਸ੍ਰ. ਮਹੇਸ਼ਇੰਦਰ ਸਿੰਘ ਗਰੇਵਾਲ ਵੱਲੋਂ ਪਿਛਲੇ ਦਿਨੀਂ ਵੱਖ-ਵੱਖ ਪਾਰਟੀਆਂ ਛੱਡ ਕੇ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋਏ ਆਗੂਆਂ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ।ਇਸ ਮੌਕੇ ਸੁਰਜੀਤ ਸਿੰਘ, ਨਰਿੰਦਰ ਸਿੰਘ ਬਿੱਲੂ ਤੇ ਪ੍ਰਦੀਪ ਸਿੰਘ ਦੋਰਾਹਾ ਨੂੰ ਸਿਰੋਪਾਓ ਦੇ ਕੇ ਪਾਰਟੀ ਵਿੱਚ ਸ਼ਾਮਲ ਹੋਣ 'ਤੇ ਸਨਮਾਨਤ ਕੀਤਾ ਗਿਆ।ਸਮਾਗਮ ਦੌਰਾਨ ਨਵੇਂ ਸ਼ਾਮਲ ਹੋਏ ਆਗੂਆਂ ਨੇ ਕਿਹਾ ਕਿ ਉਹ ਸ਼੍ਰੋਮਣੀ ਅਕਾਲੀ ਦਲ ਦੀਆਂ ਨੀਤੀਆਂ, ਪੰਜਾਬ ਦੇ ਹੱਕਾਂ ਦੀ ਆਵਾਜ਼ ਤੇ ਪੰਥਕ ਸੋਚ ਤੋਂ ਪ੍ਰਭਾਵਿਤ ਹੋ ਕੇ ਪਾਰਟੀ ਨਾਲ ਜੁੜੇ ਹਨ।ਸ. ਮਹੇਸ਼ਇੰਦਰ ਸਿੰਘ ਗਰੇਵਾਲ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹਮੇਸ਼ਾ ਪੰਜਾਬ, ਪੰਜਾਬੀਅਤ ਅਤੇ ਕਿਸਾਨਾਂ-ਮਜ਼ਦੂਰਾਂ ਦੇ ਹੱਕਾਂ ਲਈ ਲੜਦਾ ਆਇਆ ਹੈ ਤੇ ਪਾਰਟੀ ਵਿੱਚ ਜੁੜਨ ਵਾਲੇ ਹਰ ਵਰਕਰ ਨੂੰ ਪੂਰਾ ਮਾਣ-ਸਤਿਕਾਰ ਦਿੱਤਾ ਜਾਂਦਾ ਹੈ।ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਸ਼੍ਰੋਮਣੀ ਅਕਾਲੀ ਦਲ ਨੂੰ ਹੋਰ ਮਜ਼ਬੂਤੀ ਮਿਲੇਗੀ।ਇਸ ਮੌਕੇ ਹਰਪਾਲ ਸਿੰਘ ਜੱਲਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸੀਨੀਅਰ ਮੀਤ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਗੁਰਪ੍ਰੀਤ ਸਿੰਘ ਲਾਪਰਾਂ, ਜਥੇਦਾਰ ਸਰਬਜੀਤ ਸਿੰਘ, ਬਿਪਨ ਸੇਠੀ, ਕੁਵਰਦੀਪ ਸਿੰਘ ਜੱਗੀ, ਐਡਵੋਕੇਟ ਮਨਦੀਪ ਸਿੰਘ, ਜੀਵਨ ਸਿੰਘ ਤੇ ਮਨਦੀਪ ਸਿੰਘ ਰੱਖੜਾ ਸਮੇਤ ਵੱਡੀ ਗਿਣਤੀ ਵਿੱਚ ਅਕਾਲੀ ਆਗੂ ਤੇ ਵਰਕਰ ਹਾਜ਼ਰ ਸਨ।

# ਅਨੁਸੂਚਿਤ ਜਾਤੀ ਵਰਗ ਦੇ ਲੋਕ ਫੁੱਟ-ਪਾਊ ਤਾਕਤਾਂ ਤੋਂ ਸੁਚੇਤ ਰਹਿਣ-ਬਸਪਾ

### ਪੰਜਾਬ ਸੰਭਾਲੋ ਮੁਹਿੰਮ ਤਹਿਤ ਬੇਰੁਜ਼ਗਾਰਾਂ ਤੇ ਮਜ਼ਦੂਰਾਂ ਦੇ ਹੱਕਾਂ ਲਈ ਸੰਘਰਸ਼ ਹੋਵੇਗਾ ਤੇਜ਼- ਬੋੜਾਵਾਲ/ਬਰੇਟਾ/ਕਟਾਰੀਆ

**ਮਾਨਸਾ (ਆਤਮਾ ਸਿੰਘ ਪਮਾਰ)**-ਬਹੁਜਨ ਸਮਾਜ ਪਾਰਟੀ ਦੇ ਸੀਨੀਅਰ ਆਗੂਆਂ ਦੀ ਇੱਕ ਅਹਿਮ ਮੀਟਿੰਗ ਪਾਰਟੀ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਗੁਰਮੇਲ ਸਿੰਘ ਬੋੜਾਵਾਲ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ 'ਚ ਪਾਰਟੀ ਦੇ ਵੱਖ-ਵੱਖ ਅਹੁਦੇਦਾਰਾਂ ਤੋਂ ਇਲਾਵਾ ਬੇਰੁਜ਼ਗਾਰ ਨੌਜਵਾਨਾਂ ਨੇ ਵੀ ਸ਼ਮੂਲੀਅਤ ਕੀਤੀ।ਮੀਟਿੰਗ 'ਚ ਹਲਕਾ ਪ੍ਰਧਾਨ ਅਵਤਾਰ ਸਿੰਘ ਕਟਾਰੀਆ ਤੇ ਗੁਰਮੇਲ ਸਿੰਘ ਬੋੜਾਵਾਲ ਨੇ ਅਨੁਸੂਚਿਤ ਜਾਤੀ ਵਰਗ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਫੁੱਟ-ਪਾਊ ਤਾਕਤਾਂ ਤੋਂ ਸੁਚੇਤ ਰਹਿਣ ਤੇ ਰਾਖਵੇਂਕਰਨ ਦੇ ਨਾਮ 'ਤੇ ਅੱਜ ਸਮਾਜ ਨੂੰ ਵੰਡਣ ਦੀ ਸਾਜ਼ਿਸ਼ ਕੀਤੀ ਜਾ ਰਹੀ ਹੈ।ਬਹੁਜਨ ਸਮਾਜ ਪਾਰਟੀ ਇਸ ਸਾਜ਼ਿਸ਼ ਨੂੰ ਕਦੇ ਵੀ ਸਫਲ ਨਹੀਂ ਹੋਣ ਦੇਵੇਗੀ।ਇਸ ਮੌਕੇ ਤੇਜਾ ਸਿੰਘ ਬਰੇਟਾ ਤੇ ਜਸਵੀਰ ਸਿੰਘ ਰੰਘੜਿਆਲ ਨੇ ਕਿਹਾ ਕਿ ਅੱਜ ਲੱਖਾਂ ਰੁਪੈ ਪੜ੍ਹਾਈ 'ਤੇ ਲਗਾਉਣ ਦੇ ਬਾਅਦ ਹਰ ਵਰਗ ਦੇ ਨੌਜਵਾਨ ਸੜਕਾਂ 'ਤੇ ਘੁੰਮਣ ਲਈ ਮਜਬੂਰ ਹਨ।ਬਸਪਾ ਆਗੂਆਂ ਨੇ ਸਰਕਾਰ ਤੋਂ ਘੱਟ ਤੋ ਘੱਟ ਦਸਵੀਂ ਪਾਸ ਬੇਰੁਜ਼ਗਾਰ ਨੂੰ 1500 ਰੁਪੈ, ਬੀ.ਏ. ਪਾਸ ਨੂੰ 2000 ਰੁਪਏ, ਡਿਪਲੋਮਾ ਜਾਂ ਡਿਗਰੀ ਪ੍ਰਾਪਤ ਬੇਰੁਜ਼ਗਾਰਾਂ ਨੂੰ 3000/- ਪ੍ਰਤੀ ਮਹੀਨਾ ਬੇਰੁਜ਼ਗਾਰੀ ਭੱਤਾ ਦੇਣ ਦੀ ਮੰਗ ਕੀਤੀ।ਇਸ ਮੌਕੇ ਅਵਤਾਰ ਸਿੰਘ ਕਟਾਰੀਆ ਤੇ ਗੁਰਮੇਲ ਸਿੰਘ ਬੋੜਾਵਾਲ ਨੇ ਸਰਕਾਰ ਤੇ ਅਨੁਸੂਚਿਤ ਜਾਤੀਆਂ ਨੂੰ ਪ੍ਰਾਈਵੇਟ ਸੈਕਟਰ ਅੰਦਰ ਰਾਖਵੇਂਕਰਨ ਦਾ ਪ੍ਰਬੰਧ ਕਰਨ ਮੰਗ ਕਰਦਿਆਂ ਕਿਹਾ ਕਿ ਆਮ ਸ਼੍ਰੇਣੀ ਗਰੀਬ ਪਰਵਾਰਾਂ ਦੇ ਬੱਚਿਆਂ ਨੂੰ ਆਰਥਿਕ ਆਧਾਰ 'ਤੇ ਰਾਖਵਾਂਕਰਨ ਦੇਣ ਦੀ ਮੰਗ ਕੀਤੀ।

ਉਪਰੋਕਤ ਆਗੂਆਂ ਵੱਲੋਂ ਅਨੁਸੂਚਿਤ ਜਾਤੀਆਂ ਦੇ ਬੱਚਿਆਂ ਨੂੰ ਮਿਲਣ ਵਾਲਾ ਵਜ਼ੀਫਾ ਤੇ ਕਿਤਾਬਾਂ ਸਹੀ ਸਮੇਂ 'ਤੇ ਦਿੱਤੇ ਜਾਣ ਦੀ ਮੰਗ ਕੀਤੀ।ਇਸ ਮੌਕੇ ਵੱਖ ਵੱਖ ਆਗੂਆਂ ਵੱਲੋਂ ਪੰਜਾਬ ਅੰਦਰ ਅਨੁਸੂਚਿਤ ਜਾਤੀਆਂ ਦੀ ਅਬਾਦੀ ਮੁਤਾਬਕ ਰਾਖਵੇਂਕਰਨ ਦਾ ਪ੍ਰਬੰਧ ਕਰਨ ਦੀ ਮੰਗ ਕਰਦਿਆਂ ਕਿਹਾ ਕਿ ਅਨੁਸੂਚਿਤ ਜਾਤੀਆਂ ਵਿੱਚ ਹੋਰ ਜਾਤੀਆਂ ਨੂੰ ਸ਼ਾਮਲ ਕਰਨ ਦੀ ਥਾਂ ਉਨ੍ਹਾਂ ਜਾਤੀਆਂ ਨੂੰ ਅਲੱਗ ਤੌਰ 'ਤੇ ਰਾਖਵਾਂਕਰਨ ਦਿੱਤਾ ਜਾਵੇ ਤੇ ਸਕੂਲਾਂ ਕਾਲਜਾਂ ਦੀਆਂ ਵਧਾਈਆਂ ਜਾਣ ਵਾਲੀਆਂ ਦਾਖਲਾ ਫੀਸਾਂ ਦਾ ਡੱਟਵਾਂ ਵਿਰੋਧ ਕੀਤਾ।ਆਗੂਆਂ ਨੇ ਕਿਹਾ ਕਿ ਮੌਜੂਦਾ ਸਮੇਂ ਪੰਜਾਬ ਗੰਭੀਰ ਸੰਕਟਾਂ ਵਿੱਚੋਂ ਗੁਜ਼ਰ ਰਿਹਾ ਹੈ, ਜਿਸ ਲਈ 'ਪੰਜਾਬ ਸੰਭਾਲੋ ਮੁਹਿੰਮ' ਨੂੰ ਹੋਰ ਤੇਜ਼ ਕੀਤਾ ਜਾਵੇਗਾ।ਮੀਟਿੰਗ 'ਚ ਗੁਰਧਿਆਨ ਸਿੰਘ ਕਟਾਰੀਆ, ਤਰਸੇਮ ਰਵਿਦਾਸੀਆ, ਜਗਤਾਰ ਸਿੰਘ ਫਤਿਹਪੁਰ, ਪਰਮਜੀਤ ਸਿੰਘ ਖੁਡਾਲ, ਮੱਖਣ ਸਿੰਘ ਟੇਲਰ, ਸੋਨੂੰ ਕਟਾਰੀਆ, ਬਬਲੀ ਸਿੰਘ ਬੁਢਲਾਡਾ, ਅਜੈ ਕੁਮਾਰ, ਬਲਵੀਰ ਸਿੰਘ ਆਦਿ ਤੋਂ ਇਲਾਵਾ ਵੱਡੀ ਗਿਣਤੀ ਆਗੂ ਤੇ ਵਰਕਰ ਹਾਜ਼ਰ ਸਨ।

## ਸਟੇਟ ਬੈਂਕ ਦੇ ਮੁਲਾਜ਼ਮ 25 ਤੇ 26 ਨੂੰ ਕਰਨਗੇ ਦੇਸ਼-ਵਿਆਪੀ ਹੜਤਾਲ

**ਬਠਿੰਡਾ (ਪਰਵਿੰਦਰਜੀਤ ਸਿੰਘ)**-ਸਟੇਟ ਬੈਂਕ ਆਫ ਇੰਡੀਆ ਦੀ ਸਭ ਤੋਂ ਵੱਡੀ ਮੁਲਾਜ਼ਮ ਜਥੇਬੰਦੀ ਸਟੇਟ ਬੈਂਕ ਆਫ ਇੰਡੀਆ ਸਟਾਫ ਐਸੋਸੀਏਸ਼ਨ ਦੇ ਬਠਿੰਡਾ ਮੋਡਿਊਲ ਦੇ ਡਿਪਟੀ ਜਨਰਲ ਸਕੱਤਰ ਕਾਮਰੇਡ ਰਮਨਦੀਪ ਸਿੰਘ ਤੇ ਅਸਿਸਟੈਂਟ ਜਨਰਲ ਸਕੱਤਰ ਕਾਮਰੇਡ ਇੰਦਰਜੀਤ ਸਿੰਘ ਸਿੱਧੂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਟੇਟ ਬੈਂਕ ਆਫ ਇੰਡੀਆ ਦੇ ਮੁਲਾਜ਼ਮ 25 ਤੇ 26 ਮਈ 2026 ਨੂੰ ਦੋ ਦਿਨਾਂ ਦੀ ਦੇਸ਼-ਵਿਆਪੀ ਹੜਤਾਲ ਕਰਨਗੇ।ਉਨ੍ਹਾਂ ਦੱਸਿਆ ਕਿ ਸਟੇਟ ਬੈਂਕ ਦੇ ਇਤਿਹਾਸ ਵਿੱਚ ਕਾਫੀ ਲੰਬੇ ਸਮੇਂ ਬਾਅਦ ਇਹ ਵੱਡੀ ਹੜਤਾਲ ਕੀਤੀ ਜਾ ਰਹੀ ਹੈ।ਇਸ ਹੜਤਾਲ ਦਾ ਮੁੱਖ ਕਾਰਨ ਬੈਂਕਾਂ ਵਿੱਚ ਲਗਾਤਾਰ ਵੱਧ ਰਹੀ ਆਊਟਸੋਰਸਿੰਗ, ਦਰਜਾ ਚਾਰ ਕਰਮਚਾਰੀਆਂ ਜਿਵੇਂ ਕਿ ਆਰਮਡ ਗਾਰਡ ਤੇ ਮੈਸੇਂਜਰਾਂ ਦੀ ਭਰਤੀ ਨਾ ਹੋਣਾ, ਕਰਮਚਾਰੀਆਂ ਉੱਤੇ ਵਧ ਰਿਹਾ ਕੰਮ ਦਾ ਦਬਾਅ ਤੇ ਹੋਰ ਲੰਬੇ ਸਮੇਂ ਤੋਂ ਲਟਕ ਰਹੀਆਂ ਮੰਗਾਂ ਹਨ।ਆਗੂਆਂ ਨੇ ਕਿਹਾ ਕਿ ਜਥੇਬੰਦੀ ਵੱਲੋਂ ਬੈਂਕ ਪ੍ਰਬੰਧਨ ਨਾਲ ਲਗਾਤਾਰ ਗੱਲਬਾਤ ਰਾਹੀਂ ਇਹ ਮੁੱਦੇ ਹੱਲ ਕਰਨ ਲਈ ਗੰਭੀਰ ਯਤਨ ਕੀਤੇ ਗਏ ਸਨ, ਪਰ ਜਦੋਂ ਸਾਰੇ ਯਤਨ ਅਸਫਲ ਰਹੇ ਤਾਂ ਆਲ ਇੰਡੀਆ ਸਟੇਟ ਬੈਂਕ ਆਫ ਇੰਡੀਆ ਸਟਾਫ ਫੈਡਰੇਸ਼ਨ ਵੱਲੋਂ ਦੋ ਦਿਨਾਂ ਦੀ ਹੜਤਾਲ ਦਾ ਸੱਦਾ ਦਿੱਤਾ ਗਿਆ।ਉਨ੍ਹਾਂ ਕਿਹਾ ਕਿ ਦੇਸ਼ ਭਰ ਦੀਆਂ ਵੱਖ-ਵੱਖ ਬੈਂਕ ਮੁਲਾਜ਼ਮ ਜਥੇਬੰਦੀਆਂ ਤੇ ਟਰੇਡ ਯੂਨੀਅਨਾਂ ਵੱਲੋਂ ਇਸ ਹੜਤਾਲ ਨੂੰ ਭਰਪੂਰ ਸਮਰਥਨ ਦਿੱਤਾ ਜਾ ਰਿਹਾ ਹੈ।

## ਟੈਕਨੀਕਲ ਤੇ ਮਕੈਨੀਕਲ ਇੰਪ. ਯੂਨੀਅਨ ਦਾ ਚੋਣ ਅਜਲਾਸ

### ਉਜਾਗਰ ਸਿੰਘ ਸੂਬਾਈ ਚੇਅਰਮੈਨ ਤੇ ਮਲਾਗਰ ਸਿੰਘ ਸੂਬਾਈ ਪ੍ਰਧਾਨ ਚੁਣੇ




**ਦਿੜ੍ਹਬਾ (ਜਸਵੀਰ ਲਾਡੀ)**-ਪੀ ਡਬਲਿਊ ਡੀ ਦੇ ਸਾਰੇ ਵਿੰਗਾਂ ਵਿੱਚ ਮੁਲਾਜ਼ਮਾਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਲਈ ਸੰਘਰਸ਼ਸ਼ੀਲ ਜਥੇਬੰਦੀ ਟੈਕਨੀਕਲ ਤੇ ਮਕੈਨੀਕਲ ਇੰਪ. ਯੂਨੀਅਨ ਰਜਿ: ਪੰਜਾਬ ਦਾ 2 ਸਾਲਾਂ ਲਈ ਚੋਣ ਇਜਲਾਸ ਟੀਚਰ ਹੋਮ ਬਠਿੰਡਾ ਵਿਖੇ ਸੰਪੰਨ ਹੋਇਆ, ਜਿਸ ਵਿੱਚ ਜਥੇਬੰਦੀ ਦੇ ਡਿਪਟੀ ਜਨਰਲ ਸਕੱਤਰ ਗੁਰਚਰਨ ਸਿੰਘ ਅਕੋਈ ਸਾਹਿਬ ਵੱਲੋਂ ਪਿਛਲੇ ਸੈਸ਼ਨ ਦੌਰਾਨ ਕੀਤੇ ਸੰਘਰਸ਼ ਤੇ ਪ੍ਰਾਪਤੀਆਂ ਦੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ, ਜਿਸ ਨੂੰ ਸਾਰੇ ਵਰਕਰਾਂ ਨੇ ਤਾੜੀਆਂ ਮਾਰ ਕੇ ਸਹਿਮਤੀ ਪ੍ਰਗਟ ਕੀਤੀ।ਵਿੱਤ ਸਕੱਤਰ ਜਗਦੇਵ ਸਿੰਘ ਘੁਰਕਣੀ ਵੱਲੋਂ ਜਥੇਬੰਦੀ ਦੇ ਫੰਡ ਦਾ ਹਿਸਾਬ ਪੜ੍ਹ ਕੇ ਸੁਣਾਇਆ ਗਿਆ।ਜਥੇਬੰਦੀ ਦੀ ਅਗਲੇ 2 ਸਾਲਾਂ ਲਈ ਸਰਬਸੰਮਤੀ ਨਾਲ ਚੋਣ ਕੀਤੀ ਗਈ, ਜਿਸ ਸੂਬਾਈ ਪ੍ਰਧਾਨ ਮੁਲਾਗਰ ਸਿੰਘ ਖਮਾਣੋਂ, ਜਨਰਲ ਸਕੱਤਰ ਜਸਵਿੰਦਰ ਸਿੰਘ ਕਾਲਝਰਾਣੀ, ਵਿੱਤ ਸਕੱਤਰ ਭੂਸ਼ਨ ਗੋਇਲ, ਸੀਨੀਅਰ ਮੀਤ ਪ੍ਰਧਾਨ ਬਲਵਿੰਦਰ ਸਿੰਘ ਸੁਨਾਮ ਤੇ ਜਥੇਬੰਦੀ ਦੇ ਚੇਅਰਮੈਨ ਉਜਾਗਰ ਸਿੰਘ ਜੱਗਾ ਨੂੰ ਚੁਣਿਆ ਗਿਆ।ਜਥੇਬੰਦੀ ਦੇ ਸਰਪ੍ਰਸਤ ਹਰਜੀਤ ਸਿੰਘ ਬਾਲੀਆਂ ਨੇ ਪੰਜਾਬ ਸਰਕਾਰ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਮੰਗ ਕੀਤੀ ਕਿ ਮੁਲਾਜ਼ਮਾਂ ਤੇ ਪੈਨਸ਼ਨਰਾਂ ਦਾ 16 ਪ੍ਰਤੀਸ਼ਤ ਡੀ ਏ ਦਿੱਤਾ ਜਾਵੇ, ਕੱਚੇ ਮੁਲਾਜ਼ਮਾਂ ਨੂੰ ਪੱਕਾ ਕੀਤਾ ਜਾਵੇ ਤੇ ਮਹਿਕਮੇ ਦਾ ਨਿੱਜੀਕਰਨ ਤੇ ਪੰਚਾਇਤੀਕਰਨ ਬੰਦ ਕੀਤਾ ਜਾਵੇ।ਇਸ ਸਮੇਂ ਮਹਿਮਾ ਸਿੰਘ ਧਨੌਲਾ, ਰਾਮਜੀ ਸਿੰਘ ਭਲਾਈਆਣਾ, ਅਸ਼ੋਕ ਸ਼ਰਮਾ, ਬਲਜੀਤ ਸਿੰਘ ਬਡਰੁੱਖਾਂ, ਬਬਨਪਾਲ ਸੰਗਰੂਰ, ਰਾਮ ਸਿੰਘ ਧੂਰੀ ਆਦਿ ਹਾਜ਼ਰ ਸਨ।

## ਵਿਜ਼ਡਮ ਵਰਲਡ ਸਕੂਲ ਵਿਖੇ ਮਾਵਾਂ ਦਾ ਵਿਸ਼ੇਸ਼ ਸਨਮਾਨ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਵਿਜ਼ਡਮ ਵਰਲਡ ਸਕੂਲ ਥਾਂਦੇਵਾਲਾ ਵਿਖੇ 'ਮਦਰਜ਼ ਡੇਅ' ਮਨਾਇਆ ਗਿਆ।ਮਾਂ ਦੀ ਮਮਤਾ ਤੇ ਤਿਆਗ ਨੂੰ ਸਮਰਪਤ ਇਸ ਸਮਾਗਮ 'ਚ ਬੱਚਿਆਂ ਤੇ ਉਨ੍ਹਾਂ ਦੀਆਂ ਮਾਵਾਂ ਨੇ ਭਾਰੀ ਉਤਸ਼ਾਹ ਨਾਲ ਸ਼ਿਰਕਤ ਕੀਤੀ।ਸਕੂਲ ਦੇ ਨੰਨ੍ਹੇ-ਮੁੰਨੇ ਵਿਦਿਆਰਥੀਆਂ ਨੇ ਕੋਰੀਓਗ੍ਰਾਫੀ, ਗੀਤਾਂ, ਨਾਟਕਾਂ ਤੇ ਕਵਿਤਾਵਾਂ ਰਾਹੀਂ ਮਾਂ ਦੀ ਮਹਾਨਤਾ ਦੇ ਰੰਗ ਬਿਖੇਰੇ।ਮਾਵਾਂ ਦੇ ਮਨੋਰੰਜਨ ਲਈ ਮਿਊਜ਼ਿਕਲ ਚੇਅਰ, ਰੈਂਪ ਵਾਕ, ਟੈਲੇਂਟ ਰਾਊਂਡ ਤੇ ਡਾਂਸ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਜੇਤੂ ਮਾਵਾਂ ਨੂੰ ਆਕਰਸ਼ਕ ਇਨਾਮਾਂ ਨਾਲ ਨਿਵਾਜਿਆ ਗਿਆ।ਜਸਵਿੰਦਰ ਸਿੰਘ ਚੇਅਰਮੈਨ ਨੇ ਕਿਹਾ ਕਿ ਮਾਂ ਸੰਸਕਾਰਾਂ ਦੀ ਜੀਵੰਤ ਮੂਰਤ ਹੈ ਤੇ ਬੱਚੇ ਦੀ ਸਫਲਤਾ 'ਚ ਉਸ ਦਾ ਸਭ ਤੋਂ ਵੱਡਾ ਯੋਗਦਾਨ ਹੁੰਦਾ ਹੈ।ਸੋਨੀਆ ਵਾਇਸ ਪ੍ਰਿੰਸੀਪਲ ਤੇ ਅਮਨਦੀਪ ਕੌਰ ਸਪੋਰਟਸ ਡੀਨ ਨੇ ਕਿਹਾ ਕਿ ਅਜਿਹੇ ਸਮਾਗਮ ਬੱਚਿਆਂ ਤੇ ਮਾਪਿਆਂ ਦੇ ਰਿਸ਼ਤੇ ਨੂੰ ਹੋਰ ਗੂੜ੍ਹਾ ਕਰਦੇ ਹਨ।ਸਮਾਗਮ ਨੂੰ ਸਫਲ ਬਣਾਉਣ 'ਚ ਚਨਾਬ ਹਾਊਸ ਦੀ ਇੰਚਾਰਜ ਮਨਜੀਤ, ਪੂਨਮ ਤਨੇਜਾ, ਵੰਦਨਾ, ਪੂਜਾ ਤੇ ਕੋਮਲ ਨੇ ਅਹਿਮ ਭੂਮਿਕਾ ਨਿਭਾਈ।ਇਸ ਦੇ ਨਾਲ ਹੀ ਕੋਆਰਡੀਨੇਟਰ ਪੂਨਮ ਸ਼ਰਮਾ, ਜੋਤੀ ਤੇ ਰਜਨੀ ਖਾਨ ਨੇ ਵੀ ਵਿਸ਼ੇਸ਼ ਸਹਿਯੋਗ ਦਿੱਤਾ।

## ਕਿਸਾਨ ਆਗੂ ਬਲਕਾਰ ਸਿੰਘ ਨੂੰ ਸਦਮਾ, ਭਰਾ ਦਾ ਦਿਹਾਂਤ



**ਮਮਦੋਟ (ਜਸਬੀਰ ਸਿੰਘ ਕੰਬੋਜ)**-ਭਾਰਤੀ ਕਿਸਾਨ ਯੂਨੀਅਨ ਦੇ ਹਰੇਕ ਸੰਘਰਸ਼ ਵਿੱਚ ਅਹਿਮ ਭੂਮਿਕਾ ਨਿਭਾਉਣ ਵਾਲੇ ਕਿਸਾਨ ਆਗੂ ਬਲਕਾਰ ਸਿੰਘ ਨੰਡਾ ਵਾਸੀ ਪਿੰਡ ਜੋਧਪੁਰ ਨੂੰ ਉਸ ਸਮੇਂ ਭਾਰੀ ਸਦਮਾ ਪੁੱਜਾ, ਜਦ ਉਸ ਦੇ ਵੱਡੇ ਭਰਾਤਾ ਸ੍ਰ. ਜੋਗਿੰਦਰ ਸਿੰਘ (75) ਦਾ ਸੰਖੇਪ ਬਿਮਾਰੀ ਪਿੱਛੋਂ ਦੇਹਾਂਤ ਹੋ ਗਿਆ। ਉਹ ਸੀਨੀਅਰ ਕਾਂਗਰਸੀ ਆਗੂ ਸੁਖਵਿੰਦਰ ਸਿੰਘ ਸੁੱਖਾ ਜੋਧਪੁਰ ਦੇ ਪਿਤਾ ਸਨ, ਉਨ੍ਹਾਂ ਦੇ ਅਕਾਲ ਚਲਾਣੇ 'ਤੇ ਕੁਲਬੀਰ ਸਿੰਘ ਜ਼ੀਰਾ ਜ਼ਿਲ੍ਹਾ ਪ੍ਰਧਾਨ ਕਮੇਟੀ (ਫਿਰੋਜ਼ਪੁਰ), ਅਮਰਦੀਪ ਸਿੰਘ ਆਸ਼ੂ ਬੰਗੜ ਹਲਕਾ ਇੰਚਾਰਜ ਫਿਰੋਜ਼ਪੁਰ ਦਿਹਾਤੀ, ਸ਼੍ਰੀਮਤੀ ਬਲਜੀਤ ਕੌਰ ਬੰਗੜ ਸੀਨੀਅਰ ਵਾਈਸ ਪ੍ਰਧਾਨ, ਗੁਰਬਚਨ ਸਿੰਘ ਕਾਲਾ ਟਿੱਬਾ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਮਮਦੋਟ, ਜੰਡ ਸਿੰਘ ਸਾਬਕਾ ਸਰਪੰਚ, ਹਰਪਾਲ ਸਿੰਘ ਸੋਢੀ ਬਲਾਕ ਪ੍ਰਧਾਨ ਮਮਦੋਟ, ਪੁਸ਼ਪਿੰਦਰ ਸਿੰਘ ਸਿੱਧੂ ਸਾਹਨ ਕੇ ਬਲਾਕ ਪ੍ਰਧਾਨ ਸ਼ਹਿਰੀ, ਕਰਨ ਮਨਚੰਦਾ, ਅਮਿਤਾਬ ਸਿੰਘ, ਬਚਨ ਸਿੰਘ, ਬਲਕਾਰ ਸਿੰਘ ਸਰਪੰਚ ਜੋਧਪੁਰ ਸਮੇਤ ਵੱਡੀ ਗਿਣਤੀ ਵੱਖ ਵੱਖ ਸਿਆਸੀ ਆਗੂਆਂ ਤੇ ਕਿਸਾਨ ਜਥੇਬੰਦੀਆਂ ਦੇ ਅਹੁਦੇਦਾਰਾਂ ਦੁਖੀ ਪਰਿਵਾਰ ਨਾਲ ਹਮਦਰਦੀ ਦਾ ਪ੍ਰਗਟਾਵਾ ਕਰਦੇ ਹੋਏ ਪਰਵਾਰ ਨਾਲ ਦੁੱਖ ਸਾਂਝਾ ਕੀਤਾ। ਸਰਦਾਰ ਜੋਗਿੰਦਰ ਸਿੰਘ ਨੰਡਾ ਨਮਿੱਤ ਪਾਠ ਦਾ ਭੋਗ ਤੇ ਅੰਤਿਮ ਅਰਦਾਸ 13 ਮਈ ਨੂੰ ਗੁਰਦੁਆਰਾ ਢਾਬਸਰ ਕਰੀ ਕਲਾਂ (ਬਾਬਾ ਬੋਰੀ ਵਾਲਾ) ਵਿਖੇ ਹੋਵੇਗੀ।

# ਡਾ. ਸੁਰਜੀਤ ਪਾਤਰ ਦੀ ਸ਼ਾਇਰੀ ਨੂੰ ਸਮਰਪਤ ਸੰਗੀਤਕ ਸ਼ਾਮ



**ਲੁਧਿਆਣਾ (ਭਾਟੀਆ, ਕਥੂਰੀਆ)**

ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਤੇ ਆਰ ਕੇ ਗ਼ਜ਼ਲ ਟਾਈਮ ਵੱਲੋਂ ਪੰਜਾਬੀ ਭਵਨ ਲੁਧਿਆਣਾ ਵਿੱਚ ਪੰਜਾਬੀ ਦੇ ਹਰਮਨ ਪਿਆਰੇ ਕਵੀ ਸਵ: ਡਾ. ਸੁਰਜੀਤ ਪਾਤਰ ਦੀ ਸ਼ਾਇਰੀ ਨੂੰ ਸਮਰਪਤ ਸੰਗੀਤਕ ਸ਼ਾਮ 'ਸ਼ਮਾਦਾਨ' ਦਾ ਆਯੋਜਨ ਕੀਤਾ ਗਿਆ। ਡਾ. ਸੁਰਜੀਤ ਪਾਤਰ ਦੇ ਧਰਮ-ਪਤਨੀ ਸ਼੍ਰੀਮਤੀ ਭੁਪਿੰਦਰ ਕੌਰ ਪਾਤਰ, ਪਾਤਰ ਜੀ ਦੇ ਭਰਾ ਗ਼ਜ਼ਲ ਗਾਇਕ ਸ਼੍ਰੀ ਉਪਕਾਰ ਸਿੰਘ ਤੇ ਸਪੁੱਤਰ ਸ਼੍ਰੀ ਮਨਰਾਜ ਪਾਤਰ ਇਸ ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ। ਯਾਦ ਰਹੇ ਕਿ ਪਾਤਰ ਜੀ 11 ਮਈ ਨੂੰ ਸਾਨੂੰ ਸਦੀਵੀ ਵਿਛੋੜਾ ਦੇ ਗਏ ਸਨ।ਇਸ ਮੌਕੇ ਭਾਸ਼ਾ ਵਿਭਾਗ ਪੰਜਾਬ ਦੇ ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ ਤੇ ਉਨ੍ਹਾਂ ਦੇ ਧਰਮ ਪਤਨੀ ਵੀ ਸ਼ਾਮਲ ਹੋਏ।ਪ੍ਰੋਗਰਾਮ ਦੀ ਸ਼ੁਰੂਆਤ ਵਿੱਚ ਸੁਰਜੀਤ ਪਾਤਰ ਦੀ ਯਾਦ 'ਚ ਸ਼ਮ੍ਹਾਂ ਰੋਸ਼ਨ ਕਰਦਿਆਂ ਭੁਪਿੰਦਰ ਕੌਰ ਪਾਤਰ, ਮਨਰਾਜ ਪਾਤਰ, ਡਾ. ਗੁਲਜ਼ਾਰ ਪੰਧੇਰ, ਸ੍ਰ. ਉਪਕਾਰ ਸਿੰਘ ਨੇ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।ਪੰਜਾਬੀ ਸਾਹਿਤ ਅਕਾਦਮੀ ਦੇ ਜਨਰਲ ਸਕੱਤਰ ਡਾ. ਗੁਲਜ਼ਾਰ ਪੰਧੇਰ ਨੇ ਪਦਮਸ਼੍ਰੀ ਸੁਰਜੀਤ ਪਾਤਰ ਨੂੰ ਯਾਦ ਕਰਦਿਆਂ ਉਨ੍ਹਾਂ ਦੀ ਸ਼ਾਇਰੀ ਤੇ ਸ਼ਖ਼ਸੀਅਤ ਬਾਰੇ ਆਪਣੇ ਵਿਚਾਰ ਰੱਖੇ।ਸੰਗੀਤਕ ਸ਼ਾਮ ਦੀ ਸ਼ੁਰੂਆਤ ਵਿੱਚ ਡਾ. ਸ਼ਵੇਤਾ ਨੇ ਉਨ੍ਹਾਂ ਦੀ ਇੱਕ ਨਜ਼ਮ 'ਅਸਾਡੀ ਤੁਹਾਡੀ ਮੁਲਾਕਾਤ ਹੋਈ' ਦੀ ਪੇਸ਼ਕਾਰੀ ਨਾਲ ਮਾਹੌਲ ਭਾਵਪੂਰਨ ਬਣਾ ਦਿੱਤਾ।ਸ਼੍ਰੀ ਮਨਰਾਜ ਪਾਤਰ ਨੇ ਵੀ ਆਪਣੇ ਪਿਤਾ ਦੇ ਖ਼ੂਬਸੂਰਤ ਗੀਤ 'ਕੀ ਦੱਸੀਏ ਹਾਲ ਪੰਜਾਬ ਦਾ' ਆਪਣੀ ਸੁਰੀਲੀ ਆਵਾਜ਼ ਵਿੱਚ ਗਾਇਨ ਕੀਤਾ, ਜਿਸ ਨੂੰ ਸੁਣ ਕੇ ਸਰੋਤਿਆਂ ਨੇ ਦਿਲ ਖੋਲ੍ਹ ਕੇ ਦਾਦ ਦਿੱਤੀ।ਉਪਰੰਤ ਉਪਕਾਰ ਸਿੰਘ, ਭੁਪਿੰਦਰ ਕੌਰ, ਜਸਪ੍ਰੀਤ ਕੌਰ, ਰਣਧੀਰ ਕੰਵਲ ਨੇ ਸੁਰਜੀਤ ਪਾਤਰ ਦੀਆਂ ਮਸ਼ਹੂਰ ਰਚਨਾਵਾਂ ਰਾਹੀਂ ਆਪਣੀ ਹਾਜ਼ਰ ਲਗਵਾਈ। ਇਸ ਮੌਕੇ ਡਾ. ਅਮਰਜੀਤ ਸਿੰਘ ਹੇਅਰ, ਗੁਰਪ੍ਰੀਤ ਸਿੰਘ ਤੂਰ, ਅਮਰਜੀਤ ਸ਼ੇਰਪੁਰੀ, ਡਾ. ਦੇਵਿੰਦਰ ਦਿਲਰੂਪ ਸਿੰਘ, ਡਾ. ਨਿਰਮਲ ਜੌੜਾ, ਤ੍ਰੈਲੋਚਨ ਲੋਚੀ, ਮਨਦੀਪ ਕੌਰ ਭੰਮਰਾ, ਡਾ. ਹਰੀ ਸਿੰਘ ਜਾਚਕ ਤੇ ਹੋਰ ਪਤਵੰਤੇ ਹਾਜ਼ਰ ਸਨ।ਮੰਚ ਸੰਚਾਲਨ ਪਾਤਰ ਸਾਹਿਬ ਬਾਰੇ ਭਾਵਪੂਰਤ ਸਾਹਿਤਕ ਟਿੱਪਣੀਆਂ ਕਰਦਿਆਂ ਖ਼ੂਬਸੂਰਤ ਭੂਮਿਕਾ ਡਾ. ਰੇਨੂੰ ਵਰਮਾ ਵੱਲੋਂ ਨਿਭਾਈ ਗਈ।ਡਾ. ਗੁਰਇਕਬਾਲ ਸਿੰਘ ਨੇ ਅੰਤ ਵਿੱਚ ਪਾਤਰ ਸਾਹਿਬ ਨੂੰ ਯਾਦ ਕਰਦਿਆਂ ਸਾਰੇ ਪਤਵੰਤਿਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

## ਭਾਰੀ ਮਾਤਰਾ ਚਿੱਟੇ ਸਮੇਤ ਨਸ਼ਾ ਤਸਕਰ ਕਾਬੂ



**ਬਰਨਾਲਾ (ਰਾਜਿੰਦਰ ਬਰਾੜ)**-ਮਾਨਯੋਗ ਸੀਨੀਅਰ ਪੁਲਸ ਕਪਤਾਨ ਬਰਨਾਲਾ ਮੁਹੰਮਦ ਸਰਫਰਾਜ ਆਲਮ ਤੇ ਜਸਕਰਨ ਸਿੰਘ ਡੀ.ਐੱਸ.ਪੀ. ਸਬ-ਡਵੀਜ਼ਨ ਤਪਾ ਜ਼ਿਲ੍ਹਾ ਬਰਨਾਲਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਇੰਸਪੈਕਟਰ ਹਰਸਿਮਰਨਜੀਤ ਸਿੰਘ ਮੁੱਖ ਅਫਸਰ ਥਾਣਾ ਭਦੌੜ ਦੀ ਯੋਗ ਅਗਵਾਈ ਹੇਠ ਸ:ਥ ਸੁਰਿੰਦਰ ਸਿੰਘ ਸਮੇਤ ਸਾਥੀ ਕਰਮਚਾਰੀਆਂ ਦੇ ਗਸ਼ਤ ਦੌਰਾਨ ਨੇੜੇ ਠੇਕਾ ਸ਼ਰਾਬ ਪਿੰਡ ਨੈਣੇਵਾਲ ਮੌਜੂਦ ਸੀ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਮਨਪ੍ਰੀਤ ਸਿੰਘ ਪੁੱਤਰ ਕੁਲਦੀਪ ਸਿੰਘ ਵਾਸੀ ਬਾਹਮਣੀ ਵਾਲਾ ਜ਼ਿਲ੍ਹਾ ਫਾਜ਼ਿਲਕਾ, ਜੋ ਕਿ ਹੈਰੋਇਨ/ਚਿੱਟਾ ਵੇਚਣ ਦੇ ਕੰਮ ਕਾਰ ਕਰਦਾ ਹੈ ਜੋ ਅੱਜ ਵੀ ਆਪਣੇ ਮੋਟਰਸਾਈਕਲ ਬਿਨਾਂ ਨੰਬਰੀ ਮਾਰਕਾ ਹਾਂਡਾ ਰੰਗ ਕਾਲਾ ਪਰ ਸਵਾਰ ਹੋ ਕੇ ਭਾਰਤ ਮਾਲਾ ਪ੍ਰੋਜੈਕਟ ਹੁੰਦੇ ਹੋਇਆ ਬਠਿੰਡਾ ਸਾਇਡ ਤੋਂ ਪਿੰਡ ਸੰਧੂ ਕਲਾਂ ਖੜਾ ਹੈਰੋਇਨ ਅੱਗੇ ਵੇਚਣ ਲਈ ਆਪਣੇ ਗਾਹਕਾਂ ਦੀ ਉਡੀਕ ਕਰ ਰਿਹਾ ਹੈ।ਜੇਕਰ ਹੁਣੇ ਹੀ ਭਾਰਤਮਾਲਾ ਪ੍ਰੋਜੈਕਟ ਰੋਡ ਸਾਈਡ ਰੇਡ ਕੀਤੀ ਜਾਵੇ ਤਾਂ ਉਕਤ ਵਿਅਕਤੀ ਭਾਰੀ ਮਾਤਰਾ ਵਿੱਚ ਹੈਰੋਇਨ ਸਮੇਤ ਕਾਬੂ ਆ ਸਕਦਾ ਹੈ, ਜਿਸ 'ਤੇ ਇਤਲਾਹ ਸੱਚੀ ਤੇ ਭਰੋਸੇਯੋਗ ਹੋਣ 'ਤੇ ਮੁੱਕਦਮਾ ਦਰਜ ਕੀਤਾ ਗਿਆ।ਤਫਤੀਸ਼ ਦੌਰਾਨ ਮੁਕਦਮਾ ਉਕਤ ਦੇ ਦੋਸ਼ੀ ਡੀ.ਐੱਸ.ਪੀ. ਤਪਾ ਦੀ ਹਾਜ਼ਰੀ ਵਿੱਚ ਕਾਬੂ ਕਰਕੇ ਉਸ ਪਾਸੋਂ 01 ਕਿੱਲੋ 03 ਗਰਾਮ ਨਸ਼ੀਲਾ ਪਦਾਰਥ ਹੈਰੋਇਨ/ਚਿੱਟਾ ਬਰਾਮਦ ਕੀਤਾ ਗਿਆ, ਜਿਸ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਦੋਸ਼ੀ ਦਾ ਤਿੰਨ ਦਿਨ ਦਾ ਪੁਲਸ ਰਿਮਾਂਡ ਹਾਸਲ ਕੀਤਾ ਗਿਆ ਹੈ।

# ਨਾਮਵਰ ਕਵੀ ਤੇ ਵਾਰਤਕ ਲੇਖਕ ਡਾ. ਅੰਬਰੀਸ਼ ਨੂੰ 'ਊੜਾ' ਪੁਰਸਕਾਰ ਪ੍ਰਦਾਨ



**ਮੋਗਾ (ਇਕਬਾਲ ਸਿੰਘ ਖਹਿਰਾ)**

ਪੰਜਾਬੀ ਦੇ ਨਾਮਵਰ ਵਾਰਤਕਕਾਰ ਤੇ ਸ਼ਾਇਰ ਡਾ. ਅੰਬਰੀਸ਼ ਦੀ ਪੁਸਤਕ 'ਘਾੜਤਾਂ' ਵਿਲੱਖਣ ਤੇ ਵਿਵਿਧ ਕਿਸਮ ਦੀ ਵਾਰਤਕ ਹੈ।ਪੰਜਾਬੀ ਦੀ ਇਹ ਪਹਿਲੀ ਵਾਰਤਕ ਪੁਸਤਕ ਹੈ, ਜਿਸ ਵਿੱਚ ਇੱਕੋ ਸਮੇਂ ਅਨੇਕਾਂ ਵਿਸ਼ਿਆਂ ਬਾਰੇ ਲਿਖਿਆ ਗਿਆ ਹੈ।'ਘਾੜਤਾਂ' ਪੁਸਤਕ ਪੰਜਾਬੀ ਵਾਰਤਕਕਾਰੀ ਵਿੱਚ ਜ਼ਿਕਰਯੋਗ ਵਾਧਾ ਕਰਨ ਵਾਲੀ ਪੁਸਤਕ ਹੈ।ਇਹ ਸ਼ਬਦ ਜ਼ਿਲ੍ਹਾ ਭਾਸ਼ਾ ਅਫ਼ਸਰ ਫ਼ਰੀਦਕੋਟ ਤੇ ਉੱਘੇ ਸ਼ਾਇਰ ਮਨਜੀਤ ਪੁਰੀ ਨੇ ਸੁਤੰਤਰਤਾ ਸੰਗਰਾਮੀ ਭਵਨ ਮੋਗਾ ਵਿਖੇ ਇੱਕ ਭਰਵੇਂ ਸਾਹਿਤਕ ਸਮਾਗਮ ਨੂੰ ਸੰਬੋਧਨ ਕਰਦਿਆਂ ਆਖੇ।ਮਹਿੰਦਰ ਸਾਥੀ ਮੰਚ ਵੱਲੋਂ ਕਰਵਾਏ ਇਸ ਸਮਾਗਮ ਵਿੱਚ ਪ੍ਰਸਿੱਧ ਸ਼ਾਇਰ ਤੇ ਵਾਰਤਕਾਰ ਡਾਕਟਰ ਅੰਬਰੀਸ਼ ਨੂੰ ਸ੍ਰ. ਅਮਰ ਸਿੰਘ ਸੇਖੋਂ ਦੀ ਯਾਦ 'ਚ 'ਊੜਾ' ਪੁਰਸਕਾਰ ਨਾਲ ਸਨਮਾਨਤ ਕੀਤਾ ਗਿਆ।ਡਾ. ਅੰਬਰੀਸ਼ ਦੇ ਜੀਵਨ ਤੇ ਸ਼ਾਇਰੀ ਬਾਰੇ ਬੋਲਦਿਆਂ ਨਾਮਵਰ ਪੰਜਾਬੀ ਕਵੀ ਗੁਰਪ੍ਰੀਤ ਨੇ ਕਿਹਾ ਕਿ ਡਾ. ਅੰਬਰੀਸ਼ ਬਹੁਤ ਹੀ ਸੂਖ਼ਮ ਤੇ ਸੰਵੇਦਨਸ਼ੀਲ ਕਵਿਤਾ ਲਿਖਣ ਵਾਲਾ ਇਨਸਾਨ ਹੈ।ਕਹਾਣੀਕਾਰ ਗੁਰਮੀਤ ਕੜਿਆਲਵੀ ਤੇ ਮੰਚ ਸੰਚਾਲਕ ਗੁਰਪ੍ਰੀਤ ਧਰਮਕੋਟ ਨੇ ਕਿਹਾ ਕਿ ਡਾ. ਅੰਬਰੀਸ਼ ਪੰਜਾਬੀ ਦੇ ਉਨ੍ਹਾਂ ਵਿਕੋਲਿਤਰੇ ਸ਼ਾਇਰਾਂ ਵਿੱਚੋਂ ਹੈ, ਜਿਹੜੇ ਦਿਲ ਨਾਲ ਸ਼ਾਇਰੀ ਕਰਦੇ ਹਨ।ਮਹਿੰਦਰ ਸਾਥੀ ਮੰਚ ਦੇ ਪ੍ਰਧਾਨ ਨਵਨੀਤ ਸਿੰਘ ਸੇਖਾ ਨੇ ਆਏ ਸਾਹਿਤਕਾਰਾਂ ਨੂੰ ਜੀ ਆਇਆਂ ਆਖਦਿਆਂ ਕਿਹਾ ਕਿ ਮੰਚ ਡਾ. ਅੰਬਰੀਸ਼ ਦੀ ਵਿਲੱਖਣ ਕਾਵਿ ਤੇ ਵਾਰਤਕ ਕਲਾ ਦਾ ਸਨਮਾਨ ਕਰਦਿਆਂ ਖੁਸ਼ੀ ਮਹਿਸੂਸ ਕਰ ਰਿਹਾ ਹੈ।ਨਾਮਵਰ ਮਾਰਕਸਵਾਦੀ ਆਲੋਚਕ ਡਾ. ਸੁਰਜੀਤ ਬਰਾੜ ਅਨੁਸਾਰ ਡਾ. ਅੰਬਰੀਸ਼ ਨਿੱਕੀ ਗੱਲ ਨੂੰ ਵੱਡੇ ਅਰਥ ਦੇਣ ਦੇ ਸਮਰੱਥ ਹੈ।ਪ੍ਰਸਿੱਧ ਵਿਅੰਗਕਾਰ ਤੇ ਸਮਾਗਮ ਦੀ ਪ੍ਰਧਾਨਗੀ ਕਰ ਰਹੇ ਕੇ ਐੱਲ ਗਰਗ ਨੇ ਕਿਹਾ ਕਿ ਡਾ. ਅੰਬਰੀਸ਼ ਦਾ ਚਾਰ ਦਹਾਕਿਆਂ ਲੰਮਾ ਸਾਹਿਤਕ ਸਫ਼ਰ ਸਨਮਾਨ ਦਾ ਹੱਕਦਾਰ ਹੈ।ਗਰਗ ਨੇ ਪੰਜਾਬੀ ਕਹਾਣੀਕਾਰਾ ਪਵਿੱਤਰ ਕੌਰ ਮਾਟੀ ਦੀ ਸ਼ਲਾਘਾ ਕੀਤੀ। ਢਾਹਾਂ ਪੁਰਸਕਾਰ ਜੇਤੂ ਕਹਾਣੀਕਾਰ ਜਤਿੰਦਰ ਹਾਂਸ ਤੇ ਪੰਜਾਬੀ ਦੇ ਸਮਰੱਥ ਕਹਾਣੀਕਾਰ ਜਸਵੀਰ ਸਿੰਘ ਰਾਣਾ ਨੇ ਊੜਾ ਪ੍ਰਕਾਸ਼ਨ ਦੇ ਮੁਰੀਦ ਸੰਧੂ, ਪਵਿੱਤਰ ਕੌਰ ਮਾਟੀ, ਅਵਤਾਰ ਮੰਗਾ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਇਹ ਪੁਰਸਕਾਰ ਪੰਜਾਬੀ ਸਾਹਿਤ ਜਗਤ 'ਚ ਵਿਲੱਖਣ ਪਛਾਣ ਬਣਾਏਗਾ।ਇਸ ਮੌਕੇ ਹਾਜ਼ਰ ਡਾ. ਸਰਬਜੀਤ ਕੌਰ ਬਰਾੜ, ਕੈਪਟਨ ਜਸਵੰਤ ਸਿੰਘ ਪੰਡੋਰੀ, ਡਾ. ਸਾਧੂ ਰਾਮ ਲੰਗੇਆਣਾ, ਦਿਲਬਾਗ ਸਿੰਘ ਬੁੱਕਣ ਵਾਲਾ, ਸੋਨੀ ਮੋਗਾ, ਅਮਨਪ੍ਰੀਤ ਕੌਰ, ਸਿਮਰਜੀਤ ਸਿੰਮੀ, ਅਮਰਪ੍ਰੀਤ ਕੌਰ ਸੰਘਾ, ਕਰਮਜੀਤ ਕੌਰ ਲੰਡੇਕੇ, ਸਰਬਜੀਤ ਕੌਰ ਮਾਹਲਾ, ਮੰਗਲਮੀਤ ਪੱਤੋ, ਪ੍ਰੇਮ ਕੁਮਾਰ, ਦਰਸ਼ਨ ਦੋਸਾਂਝ, ਪਿਆਰਾ ਸਿੰਘ ਚਾਹਲ, ਹਰਪ੍ਰੀਤ ਮੋਗਾ, ਗੁਰਮੇਲ ਸਿੰਘ ਬੌਡੇ, ਡਾ. ਹਰਨੇਕ ਸਿੰਘ ਰੋਡੇ, ਹਰਚਰਨ ਸਿੰਘ ਚੋਹਲਾ, ਪ੍ਰਤਾਪ ਹੀਰਾ ਤੇ ਮਨਦੀਪ ਸਿੰਘ ਘੱਲਕਲਾਂ ਸਮੇਤ ਹੋਰ ਬਹੁਤ ਸਾਰੇ ਸਾਹਿਤਕਾਰਾਂ ਨੇ ਡਾ. ਅੰਬਰੀਸ਼ ਨੂੰ ਵਧਾਈ ਦਿੱਤੀ।ਡਾ. ਅੰਬਰੀਸ਼ ਦੀ ਜੀਵਨ ਸਾਥਣ ਸ਼੍ਰੀਮਤੀ ਪਰਮਜੀਤ ਕੌਰ ਨੂੰ ਵੀ ਸਨਮਾਨਤ ਕੀਤਾ ਗਿਆ।

## ਪਾਵਰਕਾਮ ਪੈਨਸ਼ਨਰਜ਼ ਦੀ ਮੀਟਿੰਗ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ, ਹੈੱਡ ਆਫਿਸ ਯੂਨਿਟ ਪਟਿਆਲਾ ਦੀ ਮੀਟਿੰਗ ਸ੍ਰ: ਭਿੰਦਰ ਸਿੰਘ ਚਹਿਲ ਪ੍ਰਧਾਨ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਵਿੱਚ ਸ੍ਰ: ਹਰੀ ਸਿੰਘ ਸਾਬਕਾ ਮੰਡਲ ਲੇਖਾਕਾਰ, ਇੰਜ. ਆਰ ਡੀ ਬਾਤਿਸ਼ ਸੀਨੀਅਰ ਕਾ: ਕਾ:, ਇੰਜ. ਬਲਵੰਤ ਸਿੰਘ ਸੁਪਰਡੈਂਟ ਗਰੇਡ-9 ਤੇ ਗੁਰਚਰਨ ਸਿੰਘ ਪੰਨੂ ਸੀਨੀਅਰ ਸਹਾਇਕ ਨੂੰ ਸੀਨੀਅਰ ਪੈਨਸ਼ਨਰਾਂ ਵਜੋਂ ਸਨਮਾਨ ਚਿੰਨ੍ਹ ਨਾਲ ਨਿਵਾਜਿਆ ਗਿਆ ਅਤੇ 6 ਨੰਬਰ ਪੈਨਸ਼ਨਰਾਂ ਨੂੰ ਵਿਸ਼ੇਸ਼ ਸਹਾਇਤਾ ਵਜੋਂ ਦੁਸ਼ਾਲਾ ਦੇ ਕੇ ਸਨਮਾਨਤ ਕੀਤਾ ਗਿਆ।ਮੀਟਿੰਗ ਵਿੱਚ ਇੰਜ. ਹਰਜੀਤ ਸਿੰਘ ਸਕੱਤਰ, ਇੰਜ. ਸੰਤੋਖ ਸਿੰਘ ਸੂਬਾ ਸਲਾਹਕਾਰ, ਮਲਕੀਅਤ ਸਿੰਘ ਸਰਪ੍ਰਸਤ, ਇੰਜ. ਹਰਕੇਸ਼ ਸਿੰਘ ਤੇ ਬੀਬਾ ਹਰਸ਼ਰਨਜੀਤ ਕੌਰ ਮੁੱਖ ਸਲਾਹਕਾਰ ਨੇ ਸੰਬੋਧਨ ਕਰਦਿਆਂ ਪਾਵਰਕਾਮ ਵੱਲੋਂ ਮਾਨਯੋਗ ਹਾਈਕੋਰਟ ਦੇ ਡੀ ਏ ਦੇ ਕੇਸ ਵਿੱਚ ਦਿੱਤੇ ਹੁਕਮਾਂ ਵਿਰੁੱਧ ਐੱਲ ਪੀ ਏ ਪਾਉਣ ਲਈ ਸਰਕਾਰ ਦਾ ਹੱਥ ਠੋਕਾ ਬਣਨ ਦੀ ਸਖਤ ਨਿੰਦ ਕੀਤੀ।ਸ੍ਰ: ਭਿੰਦਰ ਸਿੰਘ ਚਹਿਲ ਪ੍ਰਧਾਨ ਨੇ 24 ਮਈ 2026 ਨੂੰ ਮੁੱਖ ਮੰਤਰੀ ਦੀ ਸੰਗਰੂਰ ਵਿਖੇ ਰਿਹਾਇਸ਼ ਦੇ ਘਿਰਾਓ ਲਈ ਲਾਮਬੰਦ ਕੀਤਾ।ਮੀਟਿੰਗ ਵਿੱਚ ਸੈਂਕੜੇ ਪੈਨਸ਼ਨਰਾਂ ਦੇ ਭਾਰੀ ਇਕੱਠ ਨੇ ਸ਼ਮੂਲੀਅਤ ਕੀਤੀ।

## ਖਾਲਸਾ ਕਾਲਜ ਝਾੜ ਸਾਹਿਬ ਦਾ ਨਤੀਜਾ ਸ਼ਾਨਦਾਰ



**ਸਮਰਾਲਾ (ਸੁਰਜੀਤ ਸਿੰਘ)**-ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫ਼ਾਰ ਵਿਮੈਨ ਝਾੜ ਸਾਹਿਬ ਦਾ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਐਲਾਨਿਆ ਬੀ ਐੱਸ ਸੀ ਐੱਫ ਡੀ ਸਮੈਸਟਰ ਪਹਿਲਾ ਦਾ ਨਤੀਜਾ ਸ਼ਾਨਦਾਰ ਰਿਹਾ।ਬੀ.ਐੱਸ.ਸੀ.ਐੱਫ.ਡੀ. ਸਮੈਸਟਰ ਪਹਿਲਾ ਦੀ ਵਿਦਿਆਰਥਣ ਗੁਰਪ੍ਰੀਤ ਕੌਰ ਨੇ 86% ਅੰਕ ਹਾਸਲ ਕਰਕੇ ਕਾਲਜ ਵਿੱਚੋਂ ਪਹਿਲਾ, ਸੁਖਮਨਜੋਤ ਕੌਰ ਨੇ 84.33% ਅੰਕ ਹਾਸਲ ਕਰਕੇ ਕਲਾਜ 'ਚੋਂ ਦੂਜਾ ਤੇ ਜਸ਼ਨਪ੍ਰੀਤ ਕੌਰ ਨੇ 81.67% ਅੰਕ ਹਾਸਲ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ।ਕਾਲਜ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਪੁਜ਼ੀਸ਼ਨਾਂ ਹਾਸਲ ਕਰਨ ਵਾਲੀਆਂ ਵਿਦਿਆਰਥਣਾਂ, ਉਨ੍ਹਾਂ ਦੇ ਮਾਤਾ-ਪਿਤਾ ਤੇ ਫੈਸ਼ਨ ਡਿਜ਼ਾਈਨਿੰਗ ਵਿਭਾਗ ਦੇ ਅਧਿਆਪਕ ਹਰਪ੍ਰੀਤ ਕੌਰ ਤੇ ਸੁਖਨਪ੍ਰੀਤ ਕੌਰ ਨੂੰ ਵਧਾਈ ਦਿੱਤੀ।ਕਾਲਜ ਦੀ ਲੋਕਲ ਮੈਨੇਜਮੈਂਟ ਕਮੇਟੀ ਵੱਲੋਂ ਵਿਦਿਆਰਥਣਾਂ ਦੀ ਇਸ ਪ੍ਰਾਪਤੀ ਦੀ ਸ਼ਲਾਘਾ ਕੀਤੀ ਗਈ।

# 2 ਪਿਸਤੌਲਾਂ ਸਮੇਤ ਤਿੰਨ ਵਿਅਕਤੀ ਗ੍ਰਿਫ਼ਤਾਰ



ਪਠਾਨਕੋਟ, (ਦਵਿੰਦਰ ਸਿੰਘ)- ਪਠਾਨਕੋਟ ਪੁਲਸ ਨੇ ਤਿੰਨ ਵਿਅਕਤੀਆਂ ਨੂੰ ਦੋ ਪਿਸਤੌਲਾਂ ਸਮੇਤ ਗ੍ਰਿਫ਼ਤਾਰ ਕੀਤਾ ਹੈ, ਜਿਨ੍ਹਾਂ ਦੇ ਪਾਕਿਸਤਾਨ ਨਾਲ ਸਬੰਧ ਦੱਸੇ ਜਾ ਰਹੇ ਹਨ।ਇਸ ਸਬੰਧੀ ਜਾਣਕਾਰੀ ਦਿੰਦਿਆਂ ਡੀਐੱਸਪੀ (ਡੀ) ਵਿਪਿਨ ਕੁਮਾਰ ਨੇ ਦੱਸਿਆ ਕਿ ਸਪੈਸ਼ਲ ਬ੍ਰਾਂਚ ਦੇ ਇੰਸਪੈਕਟਰ ਸ਼ੋਹਰਤ ਮਾਨ ਅਤੇ ਇੰਸਪੈਕਟਰ ਦਵਿੰਦਰ ਕਾਸ਼ਨੀ ਨੂੰ ਸੂਚਨਾ ਮਿਲੀ ਸੀ ਕਿ ਇੱਕ ਡਿਜ਼ਾਇਰ ਕਾਰ ਪਠਾਨਕੋਟ ਤੋਂ ਗੁਰਦਾਸਪੁਰ ਵੱਲ ਜਾ ਰਹੀ ਹੈ, ਜਿਸ ਵਿੱਚ ਵਾਰਦਾਤਾਂ ਨੂੰ ਅੰਜਾਮ ਦੇਣ ਵਾਲੇ ਵਿਅਕਤੀ ਸਵਾਰ ਹਨ।ਪੁਲਸ ਵੱਲੋਂ ਸਪੈਸ਼ਲ ਚੈੱਕਪੋਸਟ ਲਗਾ ਕੇ ਜਦੋਂ ਡਿਜ਼ਾਇਰ ਕਾਰ ਨੂੰ ਰੋਕਿਆ ਗਿਆ ਤਾਂ ਉਸ ਵਿੱਚ ਤਿੰਨ ਵਿਅਕਤੀ ਸਵਾਰ ਸਨ।ਉਨ੍ਹਾਂ ਦੀ ਪਛਾਣ ਪਿੰਡ ਡੱਲਾ ਬਲੀਮ ਨਿਵਾਸੀ ਪੰਕਜ ਉਰਫ਼ ਜੈਕ, ਮਾਡਲ ਟਾਊਨ ਪਠਾਨਕੋਟ ਨਿਵਾਸੀ ਸ਼ਾਮ ਉਰਫ਼ ਬਾਬਾ ਅਤੇ ਪਿੰਡ ਹੈਵਤ ਪਿੰਡੀ ਨਿਵਾਸੀ ਸੌਰਵ ਵਜੋਂ ਹੋਈ।ਪੁਲਸ ਨੇ ਉਨ੍ਹਾਂ ਕੋਲੋਂ ਦੋ ਪਿਸਤੌਲ, ਜ਼ਿੰਦਾ ਕਾਰਤੂਸ ਅਤੇ ਇੱਕ ਡਿਜ਼ਾਇਰ ਕਾਰ ਬਰਾਮਦ ਕੀਤੀ।ਪੁੱਛਗਿੱਛ ਦੌਰਾਨ ਪਤਾ ਲੱਗਿਆ ਕਿ ਇਹ ਪਿਸਤੌਲ ਅਮਰੀਕਾ ਵਿੱਚ ਬਣੇ ਹੋਏ ਹਨ ਅਤੇ ਇਨ੍ਹਾਂ ਨੂੰ ਪਾਕਿਸਤਾਨ ਤੋਂ ਮੰਗਵਾਇਆ ਗਿਆ ਸੀ।ਪਾਕਿਸਤਾਨ ਨਾਲ ਸੰਬੰਧ ਹੋਣ ਕਰਕੇ ਪੁਲਸ ਵੱਲੋਂ ਮਾਮਲੇ ਦੀ ਗਹਿਰਾਈ ਨਾਲ ਜਾਂਚ ਕੀਤੀ ਜਾ ਰਹੀ ਹੈ।ਡੀਐੱਸਪੀ ਵਿਪਿਨ ਕੁਮਾਰ ਨੇ ਦੱਸਿਆ ਕਿ ਇਨ੍ਹਾਂ ਵਿਅਕਤੀਆਂ ਖ਼ਿਲਾਫ਼ ਪਹਿਲਾਂ ਵੀ ਕ੍ਰਿਮੀਨਲ ਅਤੇ ਐੱਨਡੀਪੀਐੱਸ ਐਕਟ ਤਹਿਤ ਕੇਸ ਦਰਜ ਹਨ।ਉਨ੍ਹਾਂ ਕਿਹਾ ਕਿ ਇਹ ਕਿਸੇ ਵੱਡੀ ਵਾਰਦਾਤ ਨੂੰ ਅੰਜਾਮ ਦੇਣ ਦੀ ਤਿਆਰੀ ਵਿੱਚ ਸਨ, ਪਰ ਪੁਲਸ ਨੇ ਸਮੇਂ ਸਿਰ ਇਨ੍ਹਾਂ ਨੂੰ ਕਾਬੂ ਕਰ ਲਿਆ।ਉਨ੍ਹਾਂ ਕਿਹਾ ਕਿ ਪੰਜਾਬ ਪੁਲਸ ਦੇ ਡੀਜੀਪੀ ਦੇ ਸਖ਼ਤ ਹੁਕਮਾਂ ਅਨੁਸਾਰ ਗੈਂਗਸਟਰਾਂ ਅਤੇ ਅਪਰਾਧੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ, ਜਿਸ ਤਹਿਤ ਦੋਸ਼ੀਆਂ ਖ਼ਿਲਾਫ਼ ਆਰਮਜ਼ ਐਕਟ ਅਤੇ ਹੋਰ ਗੰਭੀਰ ਧਾਰਾਵਾਂ ਹੇਠ ਕੇਸ ਦਰਜ ਕੀਤਾ ਗਿਆ ਹੈ।

## ਮੰਗਾਂ ਨੂੰ ਲੈ ਕੇ ਇੰਪਲਾਈਜ਼ ਫੈਡਰੇਸ਼ਨ ਏਟਕ ਸਰਕਲ ਕਮੇਟੀ ਵੱਲੋਂ ਇਕੱਤਰਤਾ



ਧਾਰੀਵਾਲ, (ਮਨਦੀਪ ਵਿੱਕੀ)- ਪੀਐੱਸਈਬੀ ਇੰਪਲਾਈਜ਼ ਫੈਡਰੇਸ਼ਨ ਏਟਕ ਸਰਕਲ ਕਮੇਟੀ ਦੀ ਮੀਟਿੰਗ ਸਰਕਲ ਪ੍ਰਧਾਨ ਸਾਥੀ ਸਾਹਿਬ ਸਿੰਘ ਧਾਲੀਵਾਲ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੀ ਕਾਰਵਾਈ ਜਾਰੀ ਕਰਦਿਆਂ ਸਰਕਲ ਸਕੱਤਰ ਸਾਥੀ ਨਿਸ਼ਾਨ ਸਿੰਘ ਸੋਹਲ ਨੇ ਦੱਸਿਆ ਕਿ ਪੰਜਾਬ ਸਰਕਾਰ ਅਤੇ ਪਾਵਰਕੌਮ ਦੀ ਮੈਨੇਜਮੈਂਟ ਬਿਜਲੀ ਕਾਮਿਆਂ ਦੀਆਂ ਮੰਗਾਂ ਦਾਂ ਨਿਪਟਾਰਾ ਕਰਨ ਤੋਂ ਭੱਜ ਰਹੀ ਹੈ ਅਤੇ ਮੁਲਾਜ਼ਮਾਂ ਨੂੰ ਸੰਘਰਸ਼ਾਂ ਵੱਲ ਧੱਕਿਆ ਜਾ ਰਿਹਾ ਹੈ।ਬੁਲਾਰਿਆਂ ਨੇ ਦੱਸਿਆ ਕਿ ਫੀਲਡ ਵਿੱਚ ਕਰਮਚਾਰੀਆਂ ਦੀ ਗਿਣਤੀ ਬਹੁਤ ਘੱਟ ਹੈ। ਫੀਡਰਾਂ 'ਤੇ ਇਕੱਲਾ, ਇਕੱਲਾ ਹੀ ਕਰਮਚਾਰੀ ਕੰਮ ਕਰ ਰਿਹਾ ਹੈ। ਕੰਮ ਦਾ ਬੋਝ ਲਗਾਤਾਰ ਵਧ ਰਿਹਾ ਹੈ ਜਿਸ ਕਾਰਨ ਕਰਮਚਾਰੀ ਪ੍ਰੇਸ਼ਾਨੀ ਦੀ ਹਾਲਤ ਵਿੱਚ ਕੰਮ ਕਰ ਰਹੇ ਹਨ ਅਤੇ ਖਪਤਕਾਰਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਮੁਹੱਈਆ ਕਰਵਾਉਣ ਲਈ ਦਿੱਕਤਾਂ ਦਾਂ ਸਾਹਮਣਾ ਕਰਨਾ ਪੈ ਰਿਹਾ ਹੈ। ਪਾਵਰਕੌਮ ਦੀ ਮੈਨੇਜਮੈਂਟ ਅਤੇ ਸਰਕਾਰ ਵੱਲੋਂ ਮਹਿਕਮੇ ਅੰਦਰ ਤੁਰੰਤ ਪੱਕੀ ਭਰਤੀ ਕਰਨੀ ਚਾਹੀਦੀ ਹੈ ਤਾਂ ਜੋ ਪੈਡੀ ਸੀਜ਼ਨ ਦੌਰਾਨ ਕਿਸਾਨਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਦਿੱਤੀ ਜਾ ਸਕੇ। ਮੁਲਾਜ਼ਮ ਆਗੂਆਂ ਨੇ ਕਿਹਾ ਕਿ ਇੱਕ ਪਾਸੇ ਟੈਕਨੀਕਲ ਕਰਮਚਾਰੀਆਂ ਦੀ ਗਿਣਤੀ ਲਗਾਤਾਰ ਘਟਦੀ ਜਾ ਰਹੀ ਹੈ, ਦੂਸਰੇ ਪਾਸੇ ਕਈ ਥਾਵਾਂ ਤੇ ਟੈਕਨੀਕਲ ਲਾਇਨਮੈਨ ਕਰਮਚਾਰੀਆਂ ਨੂੰ ਦਫ਼ਤਰਾਂ ਵਿੱਚ ਲਾਇਆ ਹੋਇਆ ਹੈ ਜੋ ਕਿ ਮਹਿਕਮੇ ਦੀਆਂ ਹਦਾਇਤਾਂ ਦੀ ਉਲੰਘਣਾ ਕੀਤੀ ਜਾ ਰਹੀ ਹੈ। ਮੁਲਾਜ਼ਮ ਆਗੂਆਂ ਨੇ ਇਹ ਵੀ ਦੱਸਿਆ ਕਿ 2016 ਤੋਂ ਵਧੇ ਹੋਏ ਤਨਖਾਹ ਸਕੇਲਾਂ ਦੇ ਬਕਾਇਆਂ ਦੀ ਪਹਿਲੀ ਕਿਸ਼ਤ ਅਪ੍ਰੈਲ ਦੀ ਤਨਖ਼ਾਹ ਨਾਲ ਮਿਲਣੀ ਸੀ ਜਿਹੜੇ ਕਿ ਨਾ ਮਿਲਣ ਕਾਰਨ ਕਰਮਚਾਰੀਆਂ ਵਿੱਚ ਭਾਰੀ ਰੋਸ ਹੈ। ਮੁਲਾਜ਼ਮ ਆਗੂਆਂ ਨੇ ਵਧੀਕ ਨਿਗਰਾਨ ਇੰਜਨੀਅਰਾਂ ਕੋਲੋਂ ਮੰਗ ਕੀਤੀ ਹੈ ਕਿ ਮਹਿਕਮੇ ਦੀਆਂ ਹਦਾਇਤਾਂ ਅਨੁਸਾਰ ਬਕਾਇਆ ਏਰੀਅਰ ਦੀਆਂ ਕਿਸ਼ਤਾਂ ਤੁਰੰਤ ਕਰਮਚਾਰੀਆਂ ਦੇ ਖਾਤਿਆਂ ਵਿੱਚ ਪਾਈਆਂ ਜਾਣ। ਮੀਟਿੰਗ ਵਿੱਚ ਪੰਜਾਬ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵੱਲੋਂ 17 ਮਈ ਨੂੰ ਜਲੰਧਰ ਵਿਖੇ ਹੋ ਰਹੀ ਕਨਵੈਨਸ਼ਨ ਅਤੇ 19 ਮਈ ਨੂੰ ਲੇਬਰ ਦਫ਼ਤਰ ਮੁਹਾਲੀ ਵਿਖੇ ਰੈਲੀ ਵਿਚ ਸ਼ਾਮਿਲ ਹੋਣ ਦਾ ਫੈਸਲਾ ਕੀਤਾ ਗਿਆ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਸਾਥੀ ਅਮਨਦੀਪ ਸਿੰਘ ਧਾਲੀਵਾਲ, ਮਨੋਜ ਸ਼ਰਮਾ, ਇੰਜ. ਮੁਖਵਿੰਦਰ ਸਿੰਘ, ਜੇ ਈ ਓਮ ਪ੍ਰਕਾਸ਼, ਮਾਨਵਜੋਤ ਸਿੰਘ, ਗੁਰਦੇਵ ਸਿੰਘ, ਸਤਨਾਮ ਸਿੰਘ ਆਦਿ ਆਗੂ ਹਾਜ਼ਰ ਸਨ।

## ਅੱਠ ਦਿਨਾਂ ਤੋਂ ਪਾਣੀ ਨੂੰ ਤਰਸ ਰਹੇ ਮੁਹੱਲਾ ਲਦੇਟ ਦੇ ਲੋਕਾਂ ਨੇ ਖਾਲੀ ਬਾਲਟੀਆਂ ਦਿਖਾ ਕੇ ਜਤਾਇਆ ਰੋਸ



ਪਠਾਨਕੋਟ (ਦਵਿੰਦਰ ਸਿੰਘ)-ਪਿਛਲੇ ਸਾਲਾਂ ਦੀ ਤਰ੍ਹਾਂ ਇਸ ਸਾਲ ਵੀ ਗਰਮੀਆਂ ਦੀ ਸ਼ੁਰੂਆਤ ਨਾਲ ਹੀ ਅਰਧ ਪਹਾੜੀ ਧਾਰ ਬਲਾਕ ਦੇ ਪਿੰਡ ਬੁੰਗਲ ਦੇ ਮੁਹੱਲਾ ਲਦੇਟ ਵਿੱਚ ਪੀਣ ਵਾਲੇ ਪਾਣੀ ਦੀ ਸਪਲਾਈ ਦੀ ਸਮੱਸਿਆ ਸ਼ੁਰੂ ਹੋ ਗਈ ਹੈ।ਪਿਛਲੇ ਅੱਠ ਦਿਨਾਂ ਤੋਂ ਮੁਹੱਲੇ ਦੇ ਲੋਕਾਂ ਨੂੰ ਪਾਣੀ ਦੀ ਇੱਕ ਬੂੰਦ ਵੀ ਨਹੀਂ ਮਿਲੀ, ਜਿਸ ਕਾਰਨ ਮੁਹੱਲਾ ਵਾਸੀਆਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਹਾਲਾਤ ਇਹ ਹਨ ਕਿ ਪਾਣੀ ਦੀ ਲੋੜ ਪੂਰੀ ਕਰਨ ਲਈ ਲੋਕ 800 ਰੁਪਏ ਦਾ ਪਾਣੀ ਦਾ ਟੈਂਕ ਖਰੀਦ ਕੇ ਕਿਸੇ ਤਰ੍ਹਾਂ ਗੁਜ਼ਾਰਾ ਕਰ ਰਹੇ ਹਨ।ਇਸ ਦੇ ਚਲਦੇ ਐਤਵਾਰ ਨੂੰ ਪਰੇਸ਼ਾਨ ਮੁਹੱਲਾ ਵਾਸੀਆਂ ਨੇ ਖਾਲੀ ਬਾਲਟੀਆਂ ਅਤੇ ਘੜੇ ਲੈ ਕੇ ਜਨ ਸਿਹਤ ਅਤੇ ਸੈਨੀਟੇਸ਼ਨ ਵਿਭਾਗ ਖ਼ਿਲਾਫ਼ ਜ਼ੋਰਦਾਰ ਨਾਰੇਬਾਜ਼ੀ ਕਰਦੇ ਹੋਏ ਰੋਸ ਪ੍ਰਦਰਸ਼ਨ ਕੀਤਾ।ਪਿੰਡ ਵਾਸੀਆਂ ਦੀ ਸਮੱਸਿਆ ਦਾ ਪਤਾ ਲੱਗਣ 'ਤੇ ਮੌਕੇ 'ਤੇ ਪਹੁੰਚੇ ਬਲਾਕ ਸਮਿਤੀ ਮੈਂਬਰ ਅਵਤਾਰ ਸਿੰਘ ਨੇ ਲੋਕਾਂ ਦੀ ਸਮੱਸਿਆ ਸੁਣੀ ਅਤੇ ਭਰੋਸਾ ਦਿੱਤਾ ਕਿ ਜਲਦੀ ਹੀ ਇਸ ਦਾ ਹੱਲ ਕਰਵਾਇਆ ਜਾਵੇਗਾ।ਪ੍ਰਦਰਸ਼ਨਕਾਰੀਆਂ ਵਿੱਚ ਪੰਚਾਇਤ ਮੈਂਬਰ ਵੰਦਨਾ ਦੇਵੀ, ਜਨਕ ਸਿੰਘ, ਕਮਲ ਚੋਪੜਾ, ਜਗਦੀਸ਼ ਸਿੰਘ, ਸੁਭਾਸ਼ ਚੰਦਰ, ਰਾਮ ਤੀਰਥ, ਸੰਜੀਵ ਸਿੰਘ, ਸੁਰਜੀਤ ਦੇਵੀ, ਸੁਨੀਤਾ ਦੇਵੀ, ਸਮੀਤਾ ਦੇਵੀ, ਸ਼ੀਲਾ ਦੇਵੀ, ਰੀਮਾ ਦੇਵੀ, ਮੋਨਿਕਾ, ਸ਼੍ਰੇਆ, ਪੂਜਾ, ਸੁਰਜੀਤ ਦੇਵੀ, ਨੀਲਮ ਦੇਵੀ, ਰਾਧੇ ਆਦਿ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਪਿਛਲੇ ਅੱਠ ਦਿਨਾਂ ਤੋਂ ਉਨ੍ਹਾਂ ਦੀ ਪੀਣ ਵਾਲੇ ਪਾਣੀ ਦੀ ਸਪਲਾਈ ਬੰਦ ਪਈ ਹੈ।ਉਨ੍ਹਾਂ ਕਿਹਾ ਕਿ ਇਸ ਮੁੱਖ ਸਮੱਸਿਆ ਬਾਰੇ ਕਈ ਵਾਰ ਵਿਭਾਗੀ ਅਧਿਕਾਰੀਆਂ ਨੂੰ ਜਾਣੂ ਕਰਵਾਇਆ ਗਿਆ ਹੈ, ਪਰ ਅਜੇ ਤੱਕ ਕੋਈ ਹੱਲ ਨਹੀਂ ਕੀਤਾ ਗਿਆ।ਹਾਲਾਤ ਇਹ ਹਨ ਕਿ ਮੱਧਵਰਗੀ ਪਰਿਵਾਰ ਪਾਣੀ ਦੀ ਲੋੜ ਪੂਰੀ ਕਰਨ ਲਈ 700 ਰੁਪਏ ਖਰਚ ਕਰਕੇ ਪਾਣੀ ਦਾ ਟੈਂਕ ਮੰਗਵਾਉਣ ਲਈ ਮਜਬੂਰ ਹਨ।ਇਸ ਤਰ੍ਹਾਂ ਮਹੀਨੇ ਵਿੱਚ ਤਿੰਨ ਟੈਂਕ ਮੰਗਵਾਉਣ 'ਤੇ ਉਨ੍ਹਾਂ ਦੇ 2100 ਰੁਪਏ ਖਰਚ ਹੋ ਰਹੇ ਹਨ, ਜਦਕਿ ਆਰਥਿਕ ਤੌਰ 'ਤੇ ਕਮਜ਼ੋਰ ਲੋਕ ਨੇੜਲੇ ਪਿੰਡਾਂ ਅਤੇ ਮੁਹੱਲਿਆਂ ਤੋਂ ਪਾਣੀ ਲਿਆ ਕੇ ਆਪਣੇ ਘਰਾਂ ਦਾ ਗੁਜ਼ਾਰਾ ਕਰ ਰਹੇ ਹਨ।ਪਿੰਡ ਵਾਸੀਆਂ ਨੇ ਦੋਸ਼ ਲਗਾਇਆ ਕਿ ਵਿਭਾਗ ਦੇ ਕਰਮਚਾਰੀ ਉਨ੍ਹਾਂ ਨੂੰ ਪਾਣੀ ਦੀ ਸਪਲਾਈ ਤਾਂ ਨਹੀਂ ਦੇ ਰਹੇ, ਪਰ ਪਾਣੀ ਦੇ ਬਿੱਲ ਲੈਣ ਲਈ ਘਰਾਂ ਵਿੱਚ ਪਹੁੰਚ ਰਹੇ ਹਨ।ਵਿਭਾਗ ਦੀ ਇਸ ਲਾਪਰਵਾਹੀ ਕਾਰਨ ਲੋਕਾਂ ਵਿੱਚ ਭਾਰੀ ਨਾਰਾਜ਼ਗੀ ਹੈ।ਪਿੰਡ ਵਾਸੀਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਜਲਦੀ ਹੀ ਉਨ੍ਹਾਂ ਦੀ ਸਮੱਸਿਆ ਦਾ ਹੱਲ ਨਾ ਕੀਤਾ ਗਿਆ ਤਾਂ ਉਹ ਆਪਣਾ ਸੰਘਰਸ਼ ਹੋਰ ਤੇਜ਼ ਕਰਨਗੇ।ਬਲਾਕ ਸਮਿਤੀ ਮੈਂਬਰ ਅਵਤਾਰ ਸਿੰਘ ਨੇ ਮੌਕੇ 'ਤੇ ਪਹੁੰਚ ਕੇ ਦੱਸਿਆ ਕਿ ਪਿੰਡ ਵਾਸੀ ਲੰਬੇ ਸਮੇਂ ਤੋਂ ਇਸ ਸਮੱਸਿਆ ਨਾਲ ਪਰੇਸ਼ਾਨ ਹਨ ਅਤੇ ਕਈ ਵਾਰ ਵਿਭਾਗ ਦੇ ਐੱਸ ਡੀ ਓ ਅਤੇ ਜੇਈ ਨਾਲ ਫੋਨ 'ਤੇ ਸੰਪਰਕ ਕਰਨ ਦੀ ਕੋਸ਼ਿਸ਼ ਕਰ ਚੁੱਕੇ ਹਨ, ਪਰ ਕਿਸੇ ਵੀ ਅਧਿਕਾਰੀ ਨੇ ਉਨ੍ਹਾਂ ਦੀ ਗੱਲ ਸੁਣਨੀ ਜ਼ਰੂਰੀ ਨਹੀਂ ਸਮਝੀ।ਉਨ੍ਹਾਂ ਕਿਹਾ ਕਿ ਅੱਜ ਉਨ੍ਹਾਂ ਨੇ ਖੁਦ ਅਧਿਕਾਰੀਆਂ ਨੂੰ ਕਾਲ ਕੀਤੀ, ਪਰ ਕਿਸੇ ਨੇ ਵੀ ਮੋਬਾਈਲ ਨਹੀਂ ਚੁੱਕਿਆ।ਅਵਤਾਰ ਸਿੰਘ ਨੇ ਨਾਰਾਜ਼ਗੀ ਜਤਾਉਂਦੇ ਹੋਏ ਕਿਹਾ ਕਿ ਲਾਪਰਵਾਹ ਅਧਿਕਾਰੀਆਂ ਦੀ ਸ਼ਿਕਾਇਤ ਆਮ ਆਦਮੀ ਪਾਰਟੀ ਦੇ ਆਗੂਆਂ ਅਤੇ ਉੱਚ ਅਧਿਕਾਰੀਆਂ ਕੋਲ ਕੀਤੀ ਜਾਵੇਗੀ।

## ਅੱਖਾਂ ਦਾ ਮੁਫ਼ਤ ਜਾਂਚ ਕੈਂਪ ਲਾਇਆ



ਬਿਆਸ (ਪਰਮਜੀਤ ਸਿੰਘ ਰੱਖੜਾ) ਪਿੰਡ ਬੁੱਢਾ ਥੇਹ ਦੇ ਗੁਰਦੁਆਰਾ ਅਮਰ ਸ਼ਹੀਦ ਬਾਬਾ ਜੀਵਨ ਸਿੰਘ ਵਿਖੇ ਓਮ ਪ੍ਰਕਾਸ਼ ਆਈ ਕੇਅਰ ਹਸਪਤਾਲ ਵੱਲੋਂ ਸਮਾਜ ਸੇਵਕ ਸਭਾ ਰਈਆ ਦੇ ਪ੍ਰਧਾਨ ਸੁਖਵਿੰਦਰ ਸਿੰਘ ਮੱਤੇਵਾਲ, 'ਆਪ' ਦੇ ਸੀਨੀਅਰ ਆਗੂ ਰਜਿੰਦਰ ਸਿੰਘ ਸਹੋਤਾ ਤੇ ਪਾਖਰ ਸਿੰਘ ਪ੍ਰਧਾਨ ਗੁਰਦੁਆਰਾ ਸਾਹਿਬ ਕਮੇਟੀ, ਬਾਬਾ ਪ੍ਰਤਾਪ ਸਿੰਘ ਅਤੇ ਅਮਰੀਕ ਸਿੰਘ ਦੇ ਸਹਿਯੋਗ ਨਾਲ ਅੱਖਾਂ ਦਾ ਮੁਫ਼ਤ ਜਾਂਚ ਕੈਂਪ ਲਗਾਇਆ ਗਿਆ। ਕੈਂਪ ਵਿਚ ਸੈਂਕੜੇ ਲੋਕਾਂ ਨੇ ਆਪਣੀਆਂ ਅੱਖਾਂ ਦੀ ਮੁਫ਼ਤ ਜਾਂਚ ਕਰਵਾਈ। ਡਾਕਟਰਾਂ ਵੱਲੋਂ ਲੋਕਾਂ ਦੀ ਬਹੁਤ ਵਧੀਆ ਤਰੀਕੇ ਨਾਲ ਜਾਂਚ ਕੀਤੀ ਗਈ। ਰਜਿੰਦਰ ਸਿੰਘ ਸਹੋਤਾ ਨੇ ਆਏ ਲੋਕਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਕੈਂਪ ਦੌਰਾਨ ਸੰਦੀਪ ਕੁਮਾਰ, ਸਵਿੰਦਰ ਸਿੰਘ ਨੰਗਲੀ, ਬਲਜੀਤ ਸਿੰਘ, ਚੰਦਰ ਭੂਸਣ, ਈਸ਼ਵਰ ਪ੍ਰੀਤ ਸਿੰਘ, ਸਿਕੰਦਰ ਸਿੰਘ ਤੇ ਸਮਾਜ ਸੇਵਕ ਸਭਾ ਰਈਆ ਦੇ ਸਮੂਹ ਮੈਂਬਰ ਹਾਜ਼ਰ ਸਨ।

## ਸ਼ੈਰੀ ਕਲਸੀ ਨੇ ਸੇਖੜੀਆਂ ਮੁਹੱਲੇ 'ਚ ਕੀਤਾ ਗਲੀਆਂ ਦਾ ਉਦਘਾਟਨ



ਬਟਾਲਾ, (ਤਰਲੋਕ ਬੱਗਾ/ਡਾ.ਮਲਵਿੰਦਰ ਸਿੰਘ)-ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਵੱਲੋਂ ਬਟਾਲਾ ਸ਼ਹਿਰ ਅੰਦਰ ਕਰਵਾਏ ਜਾ ਰਹੇ ਵਿਕਾਸ ਕੰਮਾਂ ਤਹਿਤ ਉਨ੍ਹਾਂ ਵਲੋਂ ਵਾਰਡ ਨੰਬਰ 32, ਸੇਖੜੀਆਂ ਮੁਹੱਲਾ ਵਿਖੇ ਗਲੀਆਂ ਦੇ ਉਦਘਾਟਨ ਉਪਰੰਤ ਕਿਹਾ ਕਿ ਬਟਾਲਾ ਸ਼ਹਿਰ ਨੂੰ ਖੂਬਸੂਰਤ ਅਤੇ ਵਿਕਾਸ ਪੱਖੋਂ ਸੂਬੇ ਦਾ ਨਮੂਨੇ ਦਾ ਸ਼ਹਿਰ ਬਣਾਇਆ ਜਾ ਰਿਹਾ ਹੈ ਅਤੇ ਸ਼ਹਿਰ ਦੀਆਂ ਵਾਰਡਾਂ ਵਿੱਚ ਵਿਕਾਸ ਕਾਰਜ ਜਾਰੀ ਹਨ।ਇਸ ਮੌਕੇ ਵਾਰਡ ਵਾਸੀਆਂ ਨਾਲ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਅੱਜ ਵਾਰਡ ਵਾਸੀਆਂ ਦੀ ਮੰਗ ਪੂਰੀ ਕੀਤੀ ਗਈ ਹੈ, ਜਿਸ ਨਾਲ ਵਾਰਡ ਵਾਸੀਆਂ ਨੂੰ ਆਵਾਜਾਈ ਦੀ ਸੁਖਾਲੀ ਹੋਵੇਗੀ।ਉਨ੍ਹਾਂ ਦੱਸਿਆ ਕਿ ਬਟਾਲਾ ਵਾਸੀਆਂ ਨੂੰ ਇੱਕ ਛੱਤ ਹੇਠਾਂ ਵੱਖ-ਵੱਖ ਸਹੂਲਤਾਂ ਦੇਣ ਦੇ ਮਕਸਦ ਨਾਲ ਨਵੇਂ ਤਹਿਸੀਲ ਕੰਪਲੈਕਸ ਦਾ ਉਦਘਾਟਨ ਕਰਨ ਉਪਰੰਤ ਲੋਕਾਂ ਨੂੰ ਸਮਰਪਿਤ ਕਰ ਦਿੱਤਾ ਗਿਆ ਹੈ ਅਤੇ ਰੋਜ਼ਾਨਾ ਲੋਕ ਵੱਖ ਵੱਖ ਸੇਵਾਵਾਂ ਦਾ ਲਾਭ ਲੈ ਰਹੇ ਹਨ।

## ਪੱਤਰਕਾਰ ਹਰਿੰਦਰਪਾਲ ਸਿੰਘ ਦੇ ਪਿਤਾ ਨੂੰ ਭਾਵ-ਭਿੰਨੀ ਸ਼ਰਧਾਂਜਲੀ



ਜੰਡਿਆਲਾ ਗੁਰੂ (ਨ ਜ਼ ਸ):ਬੀਤੇ ਦਿਨੀਂ ਅਕਾਲ ਚਲਾਣਾ ਕਰ ਗਏ ਪੱਤਰਕਾਰ ਹਰਿੰਦਰਪਾਲ ਸਿੰਘ ਦੇ ਪਿਤਾ ਸਵ. ਮਲਕੀਅਤ ਸਿੰਘ ਠੇਕੇਦਾਰ ਦੀ ਅੰਤਿਮ ਅਰਦਾਸ ਉਨ੍ਹਾਂ ਦੇ ਨਿਵਾਸ ਅਸਥਾਨ ਵਿਖੇ ਹੋਈ। ਦੁਪਹਿਰ 1 ਵਜੇ ਤੋਂ 2 ਵਜੇ ਤੱਕ ਗੁਰਦੁਆਰਾ ਬਾਬਾ ਹੰਦਾਲ ਸਾਹਿਬ ਵਿਖੇ ਆਏ ਹੋਏ ਰਾਗੀ ਸਿੰਘਾਂ ਵੱਲੋਂ ਕੀਰਤਨ ਕੀਤਾ ਗਿਆ। ਇਸ ਮੌਕੇ ਇਲਾਕਾ ਨਿਵਾਸੀਆਂ, ਰਿਸ਼ਤੇਦਾਰਾਂ, ਪੱਤਰਕਾਰਾਂ ਤੋਂ ਇਲਾਵਾ ਵਿੱਛੜੀ ਰੂਹ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਲਈ ਸਾਬਕਾ ਵਿਧਾਇਕ ਅਤੇ ਅੰਮ੍ਰਿਤਸਰ ਦਿਹਾਤੀ ਕਾਂਗਰਸ ਦੇ ਪ੍ਰਧਾਨ ਸੁਖਵਿੰਦਰ ਸਿੰਘ ਡੈਨੀ ਬੰਡਾਲਾ, ਸਤਿੰਦਰ ਸਿੰਘ ਭਰਾ ਕੈਬਨਿਟ ਮੰਤਰੀ ਹਰਭਜਨ ਸਿੰਘ, ਸਰਬਜੀਤ ਸਿੰਘ ਡਿੰਪੀ ਸ਼ਹਿਰੀ ਪ੍ਰਧਾਨ ਆਪ, ਵਿਜੈ ਕੁਮਾਰ ਮੱਟੀ, ਐਡਵੋਕੇਟ ਅਮਨਦੀਪ ਸਿੰਘ ਮਲਹੋਤਰਾ, ਰਣਧੀਰ ਸਿੰਘ ਮਲਹੋਤਰਾ ਮੀਤ ਪ੍ਰਧਾਨ ਨਗਰ ਕੌਂਸਲ, ਜਸਬੀਰ ਸਿੰਘ ਪੱਟੀ, ਅਰਵਿੰਦਰ ਸਿੰਘ ਮਲਹੋਤਰਾ, ਪਰਮਦੀਪ ਸਿੰਘ ਹੈਰੀ, ਇੰਦਰਜੀਤ ਮਹਿਤਾ, ਪ੍ਰੀਕਸ਼ਤ ਸ਼ਰਮਾ ਯੂਥ ਅਕਾਲੀ ਆਗੂ, ਸਰਬਜੋਤ ਸਿੰਘ ਮਲਹੋਤਰਾ, ਨਿਰਮਲ ਸਿੰਘ ਨਿੰਮਾ, ਅਮਨ ਵਿਰਕ, ਅਵਤਾਰ ਸਿੰਘ ਟੱਕਰ, ਰਾਜੇਸ਼ ਗਿੱਲ ਪ੍ਰਧਾਨ ਅੰਮ੍ਰਿਤਸਰ ਪ੍ਰੈੱਸ ਕਲੱਬ, ਸੁਨੀਲ ਦੇਵਗਨ ਪੀਟੀਸੀ ਵਾਲੇ, ਵਰਿੰਦਰ ਸਿੰਘ ਮਲਹੋਤਰਾ ਪ੍ਰਧਾਨ ਜੰਡਿਆਲਾ ਪ੍ਰੈੱਸ ਕਲੱਬ, ਪੱਤਰਕਾਰ ਅਸ਼ਵਨੀ ਸ਼ਰਮਾ, ਕੰਵਲਜੀਤ ਸਿੰਘ ਲਾਡੀ, ਰਵਿੰਦਰ ਸਿੰਘ, ਸਵਿੰਦਰ ਸਿੰਘ ਚੰਦੀ, ਵਰੁਣ ਸੋਨੀ, ਨਰਿੰਦਰ ਸੂਰੀ, ਸੋਨੂੰ ਮਿਗਲਾਨੀ, ਹਰੀਸ਼ ਕੱਕੜ, ਜੀਵਨ ਸ਼ਰਮਾ, ਸ਼ਿੰਦਾ ਲਾਹੌਰੀਆ ਸਮੇਤ ਸਮੂਹ ਪੱਤਰਕਾਰ ਭਾਈਚਾਰਾ ਮੌਜੂਦ ਸੀ।

## ਸਪੋਰਟਸ ਕਰਾਟੇ ਐਸੋਸੀਏਸ਼ਨ ਨੇ ਇੰਟਰ ਸਕੂਲ ਕਰਾਟੇ ਚੈਂਪੀਅਨਸ਼ਿਪ ਕਰਵਾਈ




ਪਠਾਨਕੋਟ, (ਦਵਿੰਦਰ ਸਿੰਘ)-ਸਪੋਰਟਸ ਕਰਾਟੇ ਐਸੋਸੀਏਸ਼ਨ ਡਿਸਟ੍ਰਿਕਟ ਪਠਾਨਕੋਟ ਵੱਲੋਂ ਜਨਰਲ ਸਕੱਤਰ ਸਚਿਨ ਕੁਮਾਰ ਦੀ ਅਗਵਾਈ ਹੇਠ ਐੱਸਡੀ ਕਾਲਜ ਪਠਾਨਕੋਟ ਵਿੱਚ ਇੰਟਰ ਸਕੂਲ ਕਰਾਟੇ ਚੈਂਪੀਅਨਸ਼ਿਪ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵੱਖ-ਵੱਖ ਸਕੂਲਾਂ ਦੇ ਬੱਚਿਆਂ ਨੇ ਭਾਗ ਲਿਆ।ਇਸ ਮੌਕੇ ਖ਼ਾਸ ਤੌਰ 'ਤੇ ਪੰਜਾਬ ਕਰਾਟੇ ਕੋਚ ਕੁਲਦੀਪ ਸਿੰਘ, ਕਰਾਟੇ ਕੋਚ ਵਿਨੋਦ ਕੁਮਾਰ, ਕਰਾਟੇ ਕੋਚ ਅਮਿਤ ਮਨਸੋਤਰਾ, ਕੋਚ ਕ੍ਰਿਸ਼ਨ, ਕੋਚ ਮੋਹਿਤ, ਕੋਚ ਜਤਿਨ, ਕੋਚ ਹਰਸ਼ ਅਤਰੀ, ਜੌਨ ਅਤੇ ਨਿਤਿਨ ਹਾਜ਼ਰ ਰਹੇ।ਇਸ ਦੌਰਾਨ ਵੱਖ-ਵੱਖ ਸਕੂਲਾਂ ਦੇ ਬੱਚਿਆਂ ਲਈ ਕਰਾਟੇ ਮੁਕਾਬਲੇ ਕਰਵਾਏ ਗਏ ਅਤੇ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਬੱਚਿਆਂ ਨੂੰ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਜਨਰਲ ਸਕੱਤਰ ਸਚਿਨ ਕੁਮਾਰ ਅਤੇ ਪੰਜਾਬ ਕਰਾਟੇ ਕੋਚ ਕੁਲਦੀਪ ਸਿੰਘ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਬੱਚੇ ਨਸ਼ਿਆਂ ਵੱਲ ਵੱਧ ਰਹੇ ਹਨ।ਇਸ ਗੱਲ ਨੂੰ ਧਿਆਨ ਵਿੱਚ ਰੱਖਦਿਆਂ ਐਸੋਸੀਏਸ਼ਨ ਵੱਲੋਂ ਬੱਚਿਆਂ ਨੂੰ ਖੇਡਾਂ ਨਾਲ ਜੋੜਨ ਲਈ ਇਹ ਚੈਂਪੀਅਨਸ਼ਿਪ ਕਰਵਾਈ ਗਈ ਹੈ ਤਾਂ ਜੋ ਬੱਚੇ ਸਹੀ ਦਿਸ਼ਾ ਵਿੱਚ ਅੱਗੇ ਵੱਧ ਸਕਣ ਅਤੇ ਆਪਣੇ ਨਾਲ ਨਾਲ ਆਪਣੇ ਮਾਪਿਆਂ ਦਾ ਨਾਮ ਵੀ ਰੌਸ਼ਨ ਕਰ ਸਕਣ।

## ਤਰੁਣ ਚੁੱਘ ਦੇ ਘਰ ਦੇ ਬਾਹਰ ਵਿਰੋਧ ਪ੍ਰਦਰਸ਼ਨ ਸਿਰਫ਼ ਡਰਾਮਾ : ਹੇਮੰਤ ਪਿੰਕੀ



ਛੇਹਰਟਾ, (ਮਨੋਜ ਕੁਮਾਰ) : ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਨੇਤਾ ਤੇ ਸਾਬਕਾ ਮੀਡੀਆ ਪੈਨਲਿਸਟ ਹੇਮੰਤ ਪਿੰਕੀ ਨੇ ਭਾਜਪਾ ਦੇ ਕੌਮੀ ਜਨਰਲ ਸਕੱਤਰ ਤਰੁਣ ਚੁੱਘ ਦੇ ਘਰ ਦੇ ਬਾਹਰ ਆਮ ਆਦਮੀ ਪਾਰਟੀ ਦੇ ਪ੍ਰਦਰਸ਼ਨ ਦੀ ਸਖ਼ਤ ਨਿੰਦਾ ਕੀਤੀ ਹੈ ਤੇ ਇਸ ਨੂੰ ਰਾਜਨੀਤਿਕ ਦੀਵਾਲੀਆਪਨ ਦੀ ਉਦਾਹਰਣ ਦੱਸਿਆ। ਪਿੰਕੀ ਨੇ ਕਿਹਾ ਕਿ ਜਦੋਂ ਵੀ ਕੋਈ ਸਰਕਾਰ ਹਰ ਮੋਰਚੇ 'ਤੇ ਅਸਫ਼ਲ ਹੁੰਦੀ ਹੈ, ਤਾਂ ਉਹ ਜਨਤਾ ਨੂੰ ਮੂਰਖ ਬਣਾਉਣ ਲਈ ਅਜਿਹੇ ਸਿਆਸੀ ਡਰਾਮਿਆਂ ਦਾ ਸਹਾਰਾ ਲੈਂਦੀ ਹੈ। ਪਿੰਕੀ ਨੇ ਕਿਹਾ ਕਿ ਇਹ ਵਿਰੋਧ ਪ੍ਰਦਰਸ਼ਨ ਇਸ ਲਈ ਕੀਤਾ ਗਿਆ, ਕਿਉਂਕਿ ਤਰੁਣ ਚੁੱਘ ਨੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਮਾਨਹਾਨੀ ਦਾ ਨੋਟਿਸ ਭੇਜਿਆ ਸੀ, ਜਿਸ ਵਿਚ ਮੰਗ ਕੀਤੀ ਗਈ ਸੀ ਕਿ ਉਹ ਜਾਂ ਤਾਂ ਆਪਣੇ ਦੋਸ਼ਾਂ ਦੇ ਸਬੂਤ ਦੇਣ ਜਾਂ ਮੁੱਖ ਮੰਤਰੀ ਦੇ ਅਹੁਦੇ ਤੋਂ ਅਸਤੀਫ਼ਾ ਦੇਣ। ਇਸ ਨਿਰਾਸ਼ਾ ਤੇ ਰਾਜਨੀਤਿਕ ਪਰੇਸ਼ਾਨੀ ਵਿਚ ਆਮ ਆਦਮੀ ਪਾਰਟੀ ਦੇ ਵਰਕਰਾਂ ਨੂੰ ਚੁੱਘ ਦੇ ਘਰ ਦੇ ਬਾਹਰ ਵਿਰੋਧ ਪ੍ਰਦਰਸ਼ਨ ਕਰਨ ਲਈ ਭੇਜਿਆ ਗਿਆ। ਉਨ੍ਹਾਂ ਕਿਹਾ ਕਿ ਇਹ ਵਿਰੋਧ ਪ੍ਰਦਰਸ਼ਨ ਆਮ ਆਦਮੀ ਪਾਰਟੀ ਵੱਲੋਂ ਅਸਲ ਮੁੱਦਿਆਂ ਤੋਂ ਧਿਆਨ ਭਟਕਾਉਣ ਵਾਲੀ ਚਾਲ ਹੈ। ਉਨ੍ਹਾਂ ਕਿਹਾ ਕਿ ਤਰੁਣ ਚੁੱਘ ਨੇ ਹਮੇਸ਼ਾ ਪੰਜਾਬ ਦੇ ਹੱਕਾਂ ਲਈ ਲੜਾਈ ਲੜੀ ਹੈ ਤੇ ਉਨ੍ਹਾਂ ਵਿਰੁੱਧ ਇਹ ਵਿਰੋਧ ਪ੍ਰਦਰਸ਼ਨ ਸਾਬਤ ਕਰਦਾ ਹੈ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਪੂਰੀ ਤਰ੍ਹਾਂ ਬੁਖਲਾ ਗਈ ਹੈ। ਪੰਜਾਬ ਦੇ ਲੋਕ ਹੁਣ ਆਮ ਆਦਮੀ ਪਾਰਟੀ ਦੇ ਝੂਠੇ ਵਾਅਦਿਆਂ ਵਿਚ ਨਹੀਂ ਆਉਣ ਵਾਲੇ ਤੇ ਆਉਣ ਵਾਲੇ ਸਮੇਂ ਵਿਚ ਇਸ ਦਾ ਪੂਰੀ ਤਰ੍ਹਾਂ ਸਫ਼ਾਇਆ ਕਰ ਦੇਣਗੇ।

## ਮਲਵਿੰਦਰਜੀਤ ਸਿੰਘ ਵੜੈਚ ਦੇ ਦੇਹਾਂਤ 'ਤੇ ਇਪਟਾ ਵੱਲੋਂ ਦੁੱਖ ਦਾ ਪ੍ਰਗਟਾਵਾ

ਚੰਡੀਗੜ੍ਹ (ਗੁਰਜੀਤ ਬਿੱਲਾ)-ਉੱਘੇ ਇਤਿਹਾਸਕਾਰ ਅਤੇ ਵਿਦਵਾਨ ਪ੍ਰੋ. ਮਲਵਿੰਦਰਜੀਤ ਸਿੰਘ ਵੜੈਚ ਦੇ ਦੇਹਾਂਤ 'ਤੇ ਦੁੱਖ ਜ਼ਾਹਿਰ ਕਰਦਿਆਂ ਨਾਟਕਕਾਰ ਅਤੇ ਨਾਟ-ਨਿਰਦੇਸ਼ਕ ਅਤੇ ਇਪਟਾ, ਪੰਜਾਬ ਦੇ ਪ੍ਰਧਾਨ ਸੰਜੀਵਨ ਸਿੰਘ ਨੇ ਕਿਹਾ ਵੜੈਚ ਨੇ ਗਦਰੀ ਅਤੇ ਨਾਮਧਾਰੀ ਲਹਿਰ ਦੇ ਮਾਨਵਤਾਵਾਦੀ, ਕੌਮੀ, ਕੌਮਾਂਤਰੀ ਤੇ ਅਗਾਂਹਵੱਧੂ ਚਰਿੱਤਰ ਨੂੰ ਪ੍ਰਮਾਣਿਕ ਇਤਿਹਾਸਕ ਸਰੋਤਾਂ ਦੇ ਹਵਾਲੇ ਨਾਲ ਪੰਜਾਬੀ ਭਾਈਚਾਰੇ ਦੀ ਸੋਚ ਦਾ ਹਿੱਸਾ ਬਣਾਉਣ ਵਿਚ ਅਹਿਮ ਅਤੇ ਜ਼ਿਕਰਯੋਗ ਹਿੱਸਾ ਪਾਇਆ।ਉਨ੍ਹਾਂ ਦੀ ਵਸੀਅਤ ਮੁਤਾਬਿਕ ਉਨ੍ਹਾਂ ਦੀ ਮ੍ਰਿਤਕ ਦੇਹ ਖੋਜ ਕਾਰਜਾ ਲਈ ਪੀ ਜੀ ਆਈ. ਚੰਡੀਗੜ੍ਹ ਨੂੰ ਦਾਨ ਕਰ ਦਿੱਤੀ। ਪੰਜਾਬੀ ਲੇਖਕ ਰਿਪੁਦਮਨ ਸਿੰਘ ਰੂਪ, ਇਪਟਾ, ਪੰਜਾਬ ਦੇ ਜਰਨਲ ਸੱਕਤਰ ਇੰਦਰਜੀਤ ਰੂਪੋਵਾਲੀ, ਇਪਟਾ, ਚੰਡੀਗੜ੍ਹ ਦੇ ਪ੍ਰਧਾਨ ਬਲਕਾਰ ਸਿੱਧੂ ਤੇ ਜਨਰਲ ਸੱਕਤਰ ਕਮਲ ਨੈਨ ਸਿੰਘ ਸੇਖੋਂ ਤੇ ਇਪਟਾ, ਪੰਜਾਬ ਦੇ ਆਗੂ ਬਠਿੰਡਾ ਤੋਂ ਗੁਰਮੀਤ ਸਿੰਘ, ਮਾਨਸਾ ਤੋਂ ਮੇਘ ਰਾਜ ਰੱਲਾ ਨੇ ਦੁਖੀ ਪਰਵਾਰ ਦੇ ਦੁੱਖ ਵਿਚ ਸ਼ਾਮਿਲ ਹੁੰਦੇ ਕਿਹਾ ਕਿ ਮਲਵਿੰਦਰਜੀਤ ਸਿੰਘ ਵੜੈਚ ਦੇ ਦੇਹਾਂਤ ਨਾਲ ਇਨਕਲਾਬੀ ਜਮਹੂਰੀ ਲਹਿਰ ਨੂੰ ਪੂਰਾ ਹੋਣ ਵਾਲਾ ਘਾਟ ਪਿਆ ਹੈ।

## ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ 'ਚ ਬੱਚਿਆਂ ਨੇ ਕੀਤਾ ਮਾਂ ਲਈ ਅਥਾਹ ਸ਼ਰਧਾ ਤੇ ਸਤਿਕਾਰ ਦਾ ਪ੍ਰਗਟਾਵਾ



ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)-ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਵਿੱਚ ਮਦਰਜ਼ ਡੇ ਖੁਸ਼ੀਆਂ, ਜੋਸ਼ੋ-ਖਰੋਸ਼ ਨਾਲ ਮਨਾਇਆ ਗਿਆ।ਇਸ ਸਬੰਧੀ ਸਕੂਲ ਦੇ ਸ਼ਾਨਦਾਰ ਆਡੋਟੋਰੀਅਮ ਵਿੱਚ ਇੱਕ ਸਮਾਗਮ ਰੱਖਿਆ ਗਿਆ ਜਿਸ ਵਿੱਚ ਕਿੰਡਰਗਾਰਟਨ ਸੈਕਸ਼ਨ ਦੇ ਬੱਚਿਆਂ ਦੇ ਮਾਤਾ ਪਿਤਾ ਨੇ ਹਿੱਸਾ ਲਿਆ। ਇਸ ਸਮਾਗਮ ਵਿੱਚ ਉਨ੍ਹਾਂ ਸਾਰੀਆਂ ਮਾਵਾਂ ਦੇ ਬਿਨਾਂ ਸ਼ਰਤ ਪਿਆਰ, ਮਿਹਨਤ ਅਤੇ ਕੁਰਬਾਨੀਆਂ ਨੂੰ ਬੜੇ ਸੁੰਦਰ ਢੰਗ ਨਾਲ ਦਰਸਾਇਆ ਗਿਆ ਜੋ ਆਪਣੀ ਦੇਖਭਾਲ ਨਾਲ ਆਉਣ ਵਾਲੇ ਭਵਿੱਖ ਨੂੰ ਸੰਸਕਾਰਾਂ ਭਰਿਆ ਆਕਾਰ ਦਿੰਦੀਆਂ ਹਨ।ਇਸ ਸਮਾਗਮ ਵਿੱਚ ਮੁੱਖ ਮਹਿਮਾਨਾਂ ਦੇ ਤੌਰ ਤੇ ਅਕਵਿੰਦਰ ਕੌਰ ਤਹਿਸੀਲਦਾਰ ਜੰਡਿਆਲਾ ਗੁਰੂ, ਨਰੇਸ਼ ਪਾਠਕ (ਮੈਂਬਰ ਆਫ ਪੀਐੱਸਐੱਸਬੀ) ਅਤੇ ਉਨ੍ਹਾਂ ਦੀ ਧਰਮ ਪਤਨੀ ਲਵਲੀਨ ਪਾਠਕ ਅਤੇ ਸ. ਸਰਬਜੀਤ ਸਿੰਘ ਡਿੰਪੀ (ਸ਼ਹਿਰੀ ਪ੍ਰਧਾਨ ਆਮ ਆਦਮੀ ਪਾਰਟੀ) ਅਤੇ ਉਨ੍ਹਾਂ ਦੀ ਧਰਮ ਪਤਨੀ ਜਤਿੰਦਰ ਕੌਰ ਅਤੇ ਅਮਨਦੀਪ ਕੌਰ (ਡਾਇਰੈਕਟਰ ਪ੍ਰਿੰਸੀਪਲ ਸੇਂਟ ਸੋਲਜਰ ਇਲੀਟ ਕੈਂਬਰਿਜ ਸਕੂਲ ਰਾਮਤੀਰਥ ਰੋਡ ਅੰਮ੍ਰਿਤਸਰ) ਵਿਸ਼ੇਸ਼ ਤੌਰ 'ਤੇ ਪਹੁੰਚੇ।ਇਹ ਸਮਾਗਮ ਬੱਚਿਆਂ ਦੇ ਮਾਤਾ ਪਿਤਾ ਦੀਆਂ ਦਿਲਚਸਪ ਖੇਡਾਂ ਅਤੇ ਖੁਸ਼ੀਆਂ ਭਰੀਆਂ ਗਤੀਵਿਧੀਆਂ ਨਾਲ ਹੋਰ ਵੀ ਮਨੋਰੰਜਕ ਹੋ ਗਿਆ ਜਿਸ ਵਿੱਚ ਮਾਪਿਆਂ ਨੇ ਬੜੇ ਉਤਸ਼ਾਹ ਨਾਲ ਹਿੱਸਾ ਲਿਆ। ਸਮਾਗਮ ਵਿੱਚ ਕਿੰਡਰਗਾਰਟਨ ਸੈਕਸ਼ਨ ਦੇ ਬੱਚਿਆਂ ਨੇ ਮਾਤਾ ਪਿਤਾ ਨਾਲ ਸਬੰਧਿਤ ਗਾਣਿਆਂ ਤੇ ਗਰੁੱਪ ਡਾਂਸ ਪੇਸ਼ ਕਰਕੇ ਆਪਣੇ ਮਾਤਾ ਪਿਤਾ ਪ੍ਰਤੀ ਪਿਆਰ ਅਤੇ ਸਤਿਕਾਰ ਜ਼ਾਹਿਰ ਕੀਤਾ॥ ਇਸ ਮੌਕੇ ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਅਮਰਪ੍ਰੀਤ ਕੌਰ ਨੇ ਕਿਹਾ ਕਿ ਮਾਂ ਇੱਕ ਪਹਿਲੀ ਅਧਿਆਪਕ, ਸਭ ਤੋਂ ਮਜ਼ਬੂਤ ਸਮਰਥਕ ਅਤੇ ਹਰ ਪਰਿਵਾਰ ਦਾ ਇੱਕ ਦਿਲ ਹੁੰਦੀ ਹੈ।ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ. ਮੰਗਲ ਸਿੰਘ ਕਿਸ਼ਨਪੁਰੀ ਅਤੇ ਡਾਇਰੈਕਟਰ ਪ੍ਰਿੰਸੀਪਲ ਡਾ.ਅਮਰਪ੍ਰੀਤ ਕੌਰ ਨੇ ਆਏ ਹੋਏ ਮਹਿਮਾਨਾਂ ਨੂੰ ਯਾਦਗਾਰੀ ਮੋਮੈਂਟੋ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਪ੍ਰਿੰ. ਸੰਦੀਪ ਸ਼ਰਮਾ, ਵਾਇਸ ਪ੍ਰਿੰ. ਸ਼ਿਲਪਾ ਸ਼ਰਮਾ, ਨੀਲਾਕਸ਼ੀ ਗੁਪਤਾ ਕੋਆਰਡੀਨੇਟਰ ਸਮੂਹ ਸਟਾਫ ਤੇ ਬੱਚੇ ਹਾਜ਼ਰ ਸਨ।

## ਗੀਤ 'ਖਿੱਚੀ ਚੱਲੋ ਕੱਤੀਆਂ' ਦੀ ਸ਼ੂਟਿੰਗ



ਬਾਬਾ ਬਕਾਲਾ ਸਾਹਿਬ (ਜਸਪਾਲ ਸਿੰਘ)-ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਸੀਨੀਅਰ ਮੀਤ ਪ੍ਰਧਾਨ, ਗਾਇਕ ਅਤੇ ਗੀਤਕਾਰ ਮੱਖਣ ਭੈਣੀਵਾਲਾ ਦੇ ਨਵੇਂ ਸਮਾਜਿਕ ਅਤੇ ਸਿੱਖਿਆਦਾਇਕ ਗੀਤ 'ਖਿੱਚੀ ਚੱਲੋ ਕੱਤੀਆਂ' ਦੀ ਸ਼ੂਟਿੰਗ ਬਾਬਾ ਬਕਾਲਾ ਸਾਹਿਬ ਵਿਖੇ ਵੱਖ-ਵੱਖ ਥਾਈਂ ਹੋਈ।

ਇਸ ਗੀਤ ਦੇ ਪੇਸ਼ਕਾਰ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਮੁੱਖ ਸੰਚਾਲਕ ਸ਼ੈਲਿੰਦਰਜੀਤ ਸਿੰਘ ਰਾਜਨ ਹਨ, ਜਦਕਿ ਨਿਰਮਾਤਾ ਮਾ: ਮਨਜੀਤ ਸਿੰਘ ਵੱਸੀ, ਸੰਗੀਤਕਾਰ ਹਰੀ ਅਮਿਤ, ਗੀਤ ਦੇ ਵੀਡੀਓ ਡਾਇਰੈਕਟਰ ਦਿਲਬਾਗ ਹੁੰਦਲ ਅਤੇ ਕੈਮਰਾਮੈਨ ਅਵਤਾਰ ਸਿੰਘ ਭਿੰਡਰ ਹਨ।

ਗੀਤ ਵਿੱਚ ਗਾਇਕ ਗੁਰਮੇਜ ਸਹੋਤਾ, ਸੂਬੇਦਾਰ ਹਰਜਿੰਦਰ ਸਿੰਘ ਨਿੱਝਰ, ਸਰਬਜੀਤ ਸਿੰਘ ਪੱਡਾ, ਬਲਵਿੰਦਰ ਸਿੰਘ ਅਠੌਲਾ ਦੀ ਜ਼ਿਕਰਯੋਗ ਭੂਮਿਕਾ ਹੋਵੇਗੀ। 'ਹਿੰਦ ਦੀ ਚਾਦਰ' ਬਿਰਧ ਆਸ਼ਰਮ ਬਾਬਾ ਬਕਾਲਾ ਸਾਹਿਬ ਵਿਖੇ ਹੋਈ ਸ਼ੂਟਿੰਗ ਦੌਰਾਨ ਸੰਸਥਾ ਦੇ ਮੁਖੀ ਭਾਈ ਜਸਪ੍ਰੀਤ ਸਿੰਘ ਗੋਰਾ, ਖਜ਼ਾਨਚੀ ਹਰਪ੍ਰੀਤ ਸਿੰਘ ਸਮੇਤ 'ਲੋੜਵੰਦ ਪਰਿਵਾਰ ਗਰੀਬ ਟੀਮ' ਦੇ ਮੈਂਬਰਾਂ ਦਾ ਵੀ ਸਹਿਯੋਗ ਰਿਹਾ। ਜਲਦ ਹੀ ਇਹ ਗੀਤ ਦੂਰਦਰਸ਼ਨ ਅਤੇ ਯੂ-ਟਿਊਬ ਤੇ ਆਪਣੀ ਬਣਦੀ ਥਾਂ ਬਣਾਵੇਗਾ।

## ਕ੍ਰਿਸ਼ਨਾ ਇਨਕਲੇਵ ਦੇ ਵੱਡੀ ਗਿਣਤੀ 'ਚ ਲੋਕਾਂ ਵੱਲੋਂ 'ਆਪ' 'ਚ ਸ਼ਾਮਲ ਹੋਣ ਦਾ ਐਲਾਨ



ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)- ਦੀਨਾਨਗਰ ਸ਼ਹਿਰ ਅੰਦਰ ਆਮ ਆਦਮੀ ਪਾਰਟੀ ਨੂੰ ਉਦੋਂ ਤਗੜਾ ਹੁੰਗਾਰਾ ਮਿਲਿਆ ਜਦੋਂ ਵਾਰਡ ਨੰਬਰ 4 ਦੇ ਕ੍ਰਿਸ਼ਨਾ ਇਨਕਲੇਵ ਦੇ ਵੱਡੀ ਗਿਣਤੀ ਲੋਕਾਂ ਨੇ ਵੱਖ-ਵੱਖ ਪਾਰਟੀਆਂ ਨੂੰ ਛੱਡ ਕੇ ਆਮ ਆਦਮੀ ਪਾਰਟੀ ਚ ਸ਼ਾਮਲ ਹੋਣ ਦਾ ਐਲਾਨ ਕਰ ਦਿੱਤਾ ਜਿਨ੍ਹਾਂ ਦਾ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਸ਼ਾਮਲ ਹੋਣ 'ਤੇ ਸਵਾਗਤ ਕੀਤਾ। ਸ਼ਾਮਲ ਹੋਣ ਵਾਲਿਆਂ ਵਿਚ ਮੁੱਖ ਤੌਰ 'ਤੇ ਰਿਟਾ. ਕੈਪਟਨ ਰਾਮ ਸਰੂਪ, ਰਿਟਾ. ਐੱਸਡੀਓ ਸੋਮ ਰਾਜ ਥਾਪਾ, ਮਾਸਟਰ ਕਿਸ਼ੋਰ ਕੁਮਾਰ, ਰਿਟਾ. ਕੈਪਟਨ ਪ੍ਰਕਾਸ਼ ਚੰਦ, ਠਾਕੁਰ ਕੁਲਵੰਤ ਸਿੰਘ, ਰਿਟਾ. ਏ.ਐੱਸ.ਆਈ ਗੁਰਬਖਸ਼ ਸਿੰਘ, ਅਜੀਤ ਸਿੰਘ, ਰਿਟਾ., ਕੈਪਟਨ ਵਿਪਨ ਕੁਮਾਰ, ਸੰਨੀ ਕੁਮਾਰ, ਅਜੇ ਕੁਮਾਰ, ਮਾਸਟਰ ਸੁਰਿੰਦਰ ਕੁਮਾਰ, ਨਾਇਬ ਸੂਬੇਦਾਰ ਬਲਕਾਰ ਚੰਦ, ਗਗਨਦੀਪ ਸਿੰਘ, ਰਾਹੁਲ ਕੁਮਾਰ, ਸਤੀਸ਼ ਕੁਮਾਰ, ਜਗਬੀਰ ਸਿੰਘ, ਸੋਨੀ, ਸੰਦੀਪ, ਸਾਹਿਲ ਕੁਮਾਰ, ਸੂਬੇਦਾਰ ਬਲਵਿੰਦਰ ਸਿੰਘ, ਸੋਮ ਦੱਤ, ਮਾਸਟਰ ਦਰਸ਼ਨ ਲਾਲ, ਖੁਸ਼ਵਿੰਦਰ ਸਿੰਘ, ਅਜੀਤ ਸਿੰਘ ਸੈਣੀ, ਕੀਰਤਪਾਲ ਸਿੰਘ, ਸੰਜੀਵ ਕੁਮਾਰ, ਰਮੇਸ਼ ਚੰਦਰ, ਤ੍ਰਿਪਤਾ ਦੇਵੀ, ਰਜਨੀ ਸ਼ਰਮਾ, ਕਮਲੇਸ਼ ਕੁਮਾਰੀ, ਸਰੋਜ ਬਾਲਾ, ਮਿਨਾਕਸ਼ੀ, ਪ੍ਰਵੇਸ਼ ਕੁਮਾਰੀ, ਕਮਲਾ ਦੇਵੀ, ਆਸ਼ਾ ਰਾਣੀ, ਸੰਯੋਗਤਾ, ਨੀਰੂ, ਕਮਲੇਸ਼ ਕੁਮਾਰੀ, ਗੁਰਮੀਤੋ ਦੇਵੀ ਅਤੇ ਸਰਬਜੀਤ ਕੌਰ ਦੇ ਨਾਂਅ ਸ਼ਾਮਲ ਹਨ। ਇਸ ਮੌਕੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸੂਬੇ ਦੇ ਹਰ ਵਰਗ ਦੇ ਲੋਕਾਂ ਨੂੰ ਬਿਨਾਂ ਕਿਸੇ ਪੱਖਪਾਤ ਦੇ ਅਨੇਕਾਂ ਸਹੂਲਤਾਂ ਦਾ ਲਾਭ ਦਿੱਤਾ ਹੈ।

## ਮਹਿਰਾ ਬਰਾਦਰੀ ਗੋਤ ਢਿਗੀਂ ਦੇ ਜਠੇਰਿਆਂ ਦੀ ਸਾਲਾਨਾ ਮੇਲ 17 ਨੂੰ



ਧਾਰੀਵਾਲ, (ਮਨਦੀਪ ਵਿੱਕੀ)-ਮਹਿਰਾ ਬਰਾਦਰੀ ਗੋਤ ਢਿਗੀਂ ਦੇ ਜਠੇਰਿਆਂ ਦੀ ਸਾਲਾਨਾ ਮੇਲੇ 17 ਮਈ ਦਿਨ ਐਤਵਾਰ ਨੂੰ ਜਠੇਰਿਆਂ ਦੇ ਸਥਾਨ ਨੇੜੇ ਬਾਬਾ ਚੰਨਣ ਪੀਰ ਦੀ ਦਰਗਾਹ ਕਾਹਨੂੰਵਾਨ ਵਿਖੇ ਸ਼ਰਧਾ ਭਾਵਨਾ ਅਤੇ ਸਤਿਕਾਰ ਸਹਿਤ ਮਨਾਈ ਜਾਵੇਗੀ।ਮਹਿਰਾ ਬਰਾਦਰੀ ਗੋਤ ਢਿਗੀਂ ਸਭਾ ਰਜਿ. ਦੇ ਪ੍ਰਧਾਨ ਰਾਮ ਲੁਭਾਇਆ, ਜਨਰਲ ਸੱਕਤਰ ਇੰਦਰ ਜੀਤ, ਕੈਸ਼ੀਅਰ ਸੁਰਿੰਦਰ ਸਿੰਘ ਕਾਕਾ, ਡਾਕਟਰ ਸੁਖਦੇਵ ਸਿੰਘ ਆਦਿ ਵੱਲੋਂ ਅੱਜ ਮੀਟਿੰਗ ਕਰਕੇ ਜਠੇਰਿਆਂ ਦੀ ਮੇਲ ਸਬੰਧੀ ਕੀਤੇ ਪ੍ਰਬੰਧਾਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਗਈ।ਜਠੇਰਿਆਂ ਦੀ ਢੇਰੀ ਤੇ ਸਾਫ-ਸਫਾਈ ਦੀ ਸੇਵਾ ਅਤੇ ਸਥਾਨ 'ਤੇ ਰੰਗ-ਰੋਗਨ ਕਰਵਾਉਣ ਦੀ ਸੇਵਾ ਕੀਤੀ ਗਈ।ਇਸ ਮੌਕੇ ਪ੍ਰਧਾਨ ਰਾਮ ਲੁਭਿਆ ਨੇ ਦੱਸਿਆ ਕਿ 17 ਮਈ ਨੂੰ ਸਵੇਰੇ ਝੰਡਾ ਚੜ੍ਹਾਉਣ ਉਰਪੰਤ ਚਿਰਾਗ ਰੌਸ਼ਨ ਹੋਣਗੇ। ਸਮੁੱਚੀ ਮਹਿਰਾ ਬਰਾਦਰੀ ਨੂੰ ਅਪੀਲ ਹੈ ਕਿ ਉਹ 17 ਮਈ ਨੂੰ ਜਠੇਰਿਆਂ ਦੇ ਸਥਾਨ 'ਤੇ ਨਤਮਸਤਕ ਹੋ ਕੇ ਵੱਡੇ ਵਡੇਰਿਆਂ ਤੋਂ ਖੁਸ਼ੀਆਂ ਪ੍ਰਾਪਤ ਕਰਨ। ਸਮਾਗਮ ਦੌਰਾਨ ਵੱਖ-ਵੱਖ ਪਕਵਾਨਾਂ ਦੇ ਲੰਗਰ ਅਤੁੱਟ ਵਰਤਣਗੇ।

## ਲੋੜਵੰਦ ਗਰੀਬ ਪਰਿਵਾਰਾਂ ਨੂੰ ਪੱਖੇ ਵੰਡੇ

ਅਜਨਾਲਾ, (ਸੁਖਤਿੰਦਰ ਸਿੰਘ ਰਾਜੂ)-ਸਰਕਾਰ ਪੀਰ ਬਾਬਾ ਮਾਲੇ ਸ਼ਾਹ ਦਰਬਾਰ ਦੇ ਮੁੱਖ ਸੇਵਾਦਾਰ ਬਾਬਾ ਬਸੰਤੇ ਸ਼ਾਹ ਜੀ ਅਜਨਾਲਾ ਵਾਲਿਆਂ ਨੇ ਗਰੀਬ ਲੋੜਵੰਦ ਪਰਿਵਾਰਾਂ ਨੂੰ ਗਰਮੀ ਤੋਂ ਰਾਹਤ ਪਹੁੰਚਾਉਣ ਲਈ ਪੱਖਿਆਂ ਦੀ ਨਿਸ਼ਕਾਮ ਸੇਵਾ ਕੀਤੀ।ਇਸ ਮੌਕੇ ਬਾਬਾ ਬਸੰਤੇ ਸ਼ਾਹ ਨੇ ਕਿਹਾ ਕਿ ਮੈਂ 20-25 ਸਾਲਾਂ ਤੋਂ ਗਰੀਬ ਲੋੜਵੰਦ ਪਰਿਵਾਰਾਂ ਦੀ ਮਦਦ ਕਰਦਾ ਆ ਰਿਹਾ ਹਾਂ ਅਤੇ ਉਨ੍ਹਾਂ ਦੇ ਸੁੱਖ ਦੁੱਖ ਵਿੱਚ ਸ਼ਾਮਲ ਹੁੰਦਾ ਹਾਂ।ਉਨ੍ਹਾਂ ਕਿਹਾ ਕਿ ਇਹ ਸੇਵਾ ਇਸੇ ਤਰ੍ਹਾਂ ਬਾਬਾ ਮਾਲੇ ਸ਼ਾਹ ਦੇ ਅਸ਼ੀਰਵਾਦ ਨਾਲ ਚੱਲਦੀ ਰਹੇਗੀ।ਉਨ੍ਹਾਂ ਕਿਹਾ ਕਿ ਜੇਕਰ ਕੋਈ ਲੋੜਵੰਦ ਗਰੀਬ ਪਰਿਵਾਰ ਕਿਸੇ ਤਰ੍ਹਾਂ ਦੀ ਕੋਈ ਸਹਾਇਤਾ ਲੈਣ ਚਾਹੁੰਦਾ ਹੈ ਤਾਂ ਹੇਠ ਲਿਖੇ ਨੰਬਰ 'ਤੇ ਸੰਪਰਕ ਕਰ ਸਕਦਾ ਹੈ।ਨੰਬਰ ਹੈ 9878378870।ਇਸ ਮੌਕੇ ਉਨ੍ਹਾਂ ਦੇ ਨਾਲ ਸੱਤਪਾਲ ਗੋਬਿੰਦ ਟੇਲਰਜ਼ ਅਜਨਾਲਾ, ਸਮਾਜ ਸੇਵੀ ਰਾਜਬੀਰ ਸਿੰਘ ਰਾਜੂ, ਪਿਸ਼ੌਰਾ ਸਿੰਘ, ਰਾਜਾ ਮਸੀਹ, ਪ੍ਰੇਮ ਕੁਮਾਰ, ਸਾਜਨ ਮਸੀਹ, ਲਾਲੀ ਅਜਨਾਲਾ, ਸੌਰਵ ਕੁਮਾਰ, ਸੋਨੂੰ ਅਠਵਾਲ, ਟਵਿੰਕਲ ਰਿਆੜ, ਮੇਜਰ ਸਿੰਘ, ਸਾਹਿਬ ਸਿੰਘ, ਸ਼ਮਸ਼ੇਰ ਸਿੰਘ, ਅਜੀਤ ਹੰਸ, ਕਾਕਾ ਅਠਵਾਲ, ਨਿੱਕੂ ਅਤੇ ਬੱਬਲੂ ਸ਼ਾਹ ਆਦਿ ਹਾਜ਼ਰ ਸਨ।



## ਸ੍ਰੀ ਗੁਰੂ ਹਰਗੋਬਿੰਦ ਸੀਨੀਅਰ ਸੈਕੰਡਰੀ ਸਕੂਲ ਸੈਦੋਲੇਹਲ ਵਿਖੇ ਮਾਤਾ ਦਿਵਸ ਮਨਾਇਆ

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਸ੍ਰੀ ਗੁਰੂ ਹਰਗੋਬਿੰਦ ਸੀਨੀਅਰ ਸੈਕੰਡਰੀ ਸਕੂਲ ਸੈਦੋਲੇਹਲ ਖੁਜਾਲਾ, ਅੰਮ੍ਰਿਤਸਰ-ਮਹਿਤਾ ਰੋਡ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਮਾਤਾ ਦਿਵਸ ਮਨਾਇਆ ਗਿਆ ਜਿਸ ਵਿੱਚ ਸਕੂਲ ਦੇ ਵਿਦਿਆਰਥੀ ਅਤੇ ਵਿਦਿਆਰਥਣਾਂ ਨੇ ਰਲ ਕੇ ਵੱਖ-ਵੱਖ ਵੰਨਗੀਆਂ ਪੇਸ਼ ਕਰਕੇ ਅਤੇ ਮਾਂ ਦੇ ਸਤਿਕਾਰ ਵਿੱਚ ਆਪਣੇ ਵਿਚਾਰ ਪ੍ਰਗਟ ਕੀਤੇ। ਡਾਇਰੈਕਟਰ ਡਾਕਟਰ ਇੰਦਰਜੀਤ ਸਿੰਘ ਗਮਟਾਲਾ ਅਤੇ ਪ੍ਰਿੰਸੀਪਲ ਮੈਡਮ ਬਲਵਿੰਦਰ ਕੌਰ ਨੇ ਕਿਹਾ ਕਿ ਬੱਚੇ ਲਈ ਮਾਂ ਅਨਮੋਲ ਹੁੰਦੀ ਹੈ।ਉਹ ਖ਼ੁਦ ਭੁੱਖੀ ਰਹਿ ਕੇ ਵੀ ਆਪਣੇ ਬੱਚਿਆਂ ਨੂੰ ਖੁਆਉਂਦੀ ਹੈ।ਮਾਂ ਦਾ ਰੁਤਬਾ ਦੁਨੀਆ 'ਚ ਸਭ ਤੋਂ ਉੱਚਾ ਹੈ।ਹਰ ਬੱਚੇ ਲਈ ਮਾਂ ਅਨਮੋਲ ਹੁੰਦੀ ਹੈ।ਸਹੀ ਮਾਅਨਿਆਂ 'ਚ ਮਾਂ ਦੀ ਮਮਤਾ ਤੇ ਮਹਿਮਾ ਨੂੰ ਸ਼ਬਦਾਂ 'ਚ ਬਿਆਨ ਨਹੀਂ ਕੀਤਾ ਜਾ ਸਕਦਾ, ਉਸ ਨੂੰ ਸਿਰਫ਼ ਮਹਿਸੂਸ ਕੀਤਾ ਜਾ ਸਕਦਾ ਹੈ। ਮਾਂ ਤੋਂ ਬਿਨਾਂ ਅਸੀਂ ਆਪਣੀ ਜ਼ਿੰਦਗੀ ਦੀ ਕਲਪਨਾ ਵੀ ਨਹੀਂ ਕਰ ਸਕਦੇ।ਇਕ ਮਾਂ ਹੀ ਹੈ, ਜੋ ਸਾਨੂੰ ਸੰਸਾਰ 'ਚ ਲਿਆਉਂਦੀ ਹੈ, ਉਂਗਲੀ ਫੜ ਕੇ ਚੱਲਣਾ ਸਿਖਾਉਂਦੀ ਹੈ।ਇਸ ਲਈ ਸਾਨੂੰ ਸਾਰਿਆਂ ਨੂੰ ਮਾਂ ਦੇ ਸਤਿਕਾਰ 'ਚ ਕੋਈ ਕਮੀ ਨਹੀਂ ਰਹਿਣ ਦੇਣੀ ਚਾਹੀਦੀ।



## ਵੈਰੋਨੰਗਲ, ਮਸਾਣੀਆਂ ਤੇ ਚੌਧਰੀਵਾਲ ਦੇ ਖੇਤਾਂ 'ਚ ਲੱਗੀ ਅੱਗ ਬੁਝਾਈ



ਬਟਾਲਾ, (ਡਾ. ਮਲਵਿੰਦਰ ਸਿੰਘ)-ਬਟਾਲਾ ਦੇ ਐੱਸਡੀਐੱਮ ਸਾਰੰਗਪ੍ਰੀਤ ਸਿੰਘ ਦੀ ਅਗਵਾਈ ਵਿੱਚ ਪਿੰਡ ਵੈਰੋਨੰਗਲ, ਮਸਾਣੀਆਂ ਅਤੇ ਚੌਧਰੀਵਾਲ ਦੇ ਖੇਤਾਂ ਵਿੱਚ ਲੱਗੀ ਅੱਗ ਨੂੰ ਬੁਝਾਇਆ ਗਿਆ।ਐੱਸ ਡੀ ਐੱਮ ਸਾਰੰਗਪ੍ਰੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਟੀਮ ਵਿੱਚ ਤਹਿਸੀਲਦਾਰ, ਨਾਇਬ ਤਹਿਸੀਲਦਾਰ, ਕਲੱਸਟਰ ਤੇ ਨੋਡਲ ਅਫਸਰ ਸ਼ਾਮਲ ਹਨ। ਉਨ੍ਹਾਂ ਕਿਸਾਨਾਂ ਨੂੰ ਫਸਲ ਦੀ ਰਹਿੰਦ ਖੂੰਹਦ ਨਾ ਸਾੜਨ ਦੀ ਅਪੀਲ ਕਰਨ ਦੇ ਨਾਲ ਮਾਣਯੋਗ ਨੈਸ਼ਨਲ ਗਰੀਨ ਟ੍ਰਿਬਿਊਨਲ ਦੀਆਂ ਹਦਾਇਤਾਂ ਤੋਂ ਵੀ ਜਾਗਰੂਕ ਕਰਵਾਇਆ ਗਿਆ ਹੈ।ਉਨ੍ਹਾਂ ਦੱਸਿਆ ਕਿ ਨਾੜ ਨਾ ਸਾੜਨ ਦੀ ਅਪੀਲ ਦੇ ਬਾਵਜੂਦ ਕੁਝ ਕਿਸਾਨਾਂ ਵੱਲੋਂ ਨਾੜ ਨੂੰ ਅੱਗ ਲਗਾਈ ਜਾ ਰਹੀ ਹੈ, ਜਿਸ ਦੇ ਚੱਲਦਿਆਂ ਉਨ੍ਹਾਂ ਵਿਰੁੱਧ ਬਣਦੀ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਹੁਣ ਤੱਕ ਬਟਾਲਾ ਡਵੀਜ਼ਨ ਵਿੱਚ ਹਫਸਲ ਦੀ ਰਹਿੰਦ ਖੂੰਹਦ ਸਾੜਨ ਤੇ 30 ਐਫ ਆਈ.ਆਰ ਦਰਜ ਕੀਤੀਆਂ ਜਾ ਚੁੱਕੀਆਂ ਹਨ।

## ਬਾਬਾ ਬੀਰ ਸਿੰਘ ਨੌਰੰਗਾਬਾਦ ਵਾਲਿਆਂ ਦਾ 182ਵਾਂ ਸ਼ਹੀਦੀ ਸਮਾਗਮ

### * ਦੇਸ਼ਾਂ-ਵਿਦੇਸ਼ਾਂ ਤੇ ਇਲਾਕੇ ਦੀਆਂ ਸੰਗਤਾਂ ਨੇ ਭਰੀ ਹਾਜ਼ਰੀ



ਜੈਂਤੀਪੁਰ (ਸੁਖਬੀਰ ਸਿੰਘ ਸਿੱਧੂ)-ਕਸਬੇ ਦੇ ਨਜ਼ਦੀਕੀ ਪੈਂਦੇ ਗੁਰਦੁਆਰਾ ਧੰਨ-ਧੰਨ ਬਾਬਾ ਬੀਰ ਸਿੰਘ ਜੀ ਨੌਰੰਗਾਬਾਦ ਵਾਲਿਆਂ ਦਾ 182ਵਾਂ ਸਾਲਾਨਾ ਸ਼ਹੀਦੀ ਸਮਾਗਮ ਸਮੂਹ ਗ੍ਰਾਮ ਪੰਚਾਇਤ ਭੰਗਾਲੀ ਕਲਾਂ ਅਤੇ ਬਾਬਾ ਮਨਮੋਹਨ ਸਿੰਘ, ਬਾਬਾ ਲਖਬੀਰ ਸਿੰਘ ਭੰਗਾਲੀ ਕਲਾਂ, ਇਲਾਕੇ ਦੀਆਂ ਸੰਗਤਾਂ ਤੇ ਐੱਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਮਨਾਇਆ ਗਿਆ। ਇਸ ਮੌਕੇ ਗੱਲਬਾਤ ਕਰਦਿਆਂ ਬਾਬਾ ਮਨਮੋਹਨ ਸਿੰਘ, ਬਾਬਾ ਲਖਬੀਰ ਸਿੰਘ ਭੰਗਾਲੀ ਕਲਾਂ ਵਾਲਿਆਂ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਸੱਚਖੰਡ ਵਾਸੀ ਸੰਤ ਬਾਬਾ ਬੀਰ ਸਿੰਘ ਦਾ 182ਵਾਂ ਸਾਲਾਨਾ ਸ਼ਹੀਦੀ ਸਮਾਗਮ ਬੜੀ ਸ਼ਰਧਾ ਤੇ ਭਾਵਨਾ ਨਾਲ ਮਨਾਇਆ ਗਿਆ।ਸਮੂਹ ਨਗਰ, ਇਲਾਕੇ ਦੀਆਂ ਸੰਗਤਾਂ ਤੇ ਐੱਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਗੁਰੂ ਕੇ ਅਤੁੱਟ ਲੰਗਰ ਵਰਤਾਏ ਗਏ। ਇਸ ਮੌਕੇ ਬਾਬਾ ਬਾਬਾ ਸੱਜਣ ਸਿੰਘ ਬੇਰ ਸਾਹਿਬ, ਭਗਵੰਤ ਸਿੰਘ ਸਿਆਲਕਾ, ਸੰਤੋਖ ਸਿੰਘ ਸਮਰਾ, ਲਖਬੀਰ ਸਿੰਘ ਪੀ ਏ ਲਖਬੀਰ ਸਿੰਘ ਗਿੱਲ, ਕੰਚਨਪ੍ਰੀਤ ਕੌਰ, ਸਰਪੰਚ ਹਰਦੀਸ ਸਿੰਘ, ਬਾਊ ਮੁਕੇਸ਼ ਕੁਮਾਰ ਨੰਦਾ, ਡਾਕਟਰ ਚੰਦਰਮੋਹਨ, ਸਰਵਣ ਸਿੰਘ ਰੰਧਾਵਾ, ਐੱਸਡੀਓ ਰਜਿੰਦਰ ਸਿੰਘ, ਸੁਖਵਿੰਦਰ ਸਿੰਘ ਬਾਊ, ਸਰਬਜੀਤ ਸਿੰਘ, ਹਰਪਾਲ ਸਿੰਘ, ਸਰਬਜੀਤ ਸਿੰਘ, ਮੇਜਰ ਸਿੰਘ ਰੰਧਾਵਾ, ਇੰਦਰਜੀਤ ਸਿੰਘ, ਜਗਜੀਤ ਸਿੰਘ, ਪਟਵਾਰੀ ਜਸਵੰਤ ਸਿੰਘ ਜੰਗੀ, ਲਵਜੀਤ ਸਿੰਘ, ਜਸਬੀਰ ਸਿੰਘ, ਅਤਿੰਦਰ ਸਿੰਘ, ਬਲਵਿੰਦਰ ਸਿੰਘ ਬਿਜਲੀ ਵਾਲੇ, ਕਸ਼ਮੀਰ ਸਿੰਘ, ਲਖਬੀਰ ਸਿੰਘ, ਲਖਵਿੰਦਰ ਸਿੰਘ, ਸੇਵਾ ਸਿੰਘ, ਨਛੱਤਰ ਸਿੰਘ, ਡਾ. ਸਤਨਾਮ ਸਿੰਘ ਸਿੱਧਵਾਂ, ਸੁਖਵਿੰਦਰ ਸਿੰਘ ਬੱਬੇਵਾਲੇ, ਸਤਨਾਮ ਸਿੰਘ ਰੁਮਾਣਾ ਚੱਕ, ਬਾਬਾ ਹਰਦੀਪ ਸਿੰਘ, ਲਵਜੀਤ ਸਿੰਘ ਆਦਿ ਸੰਗਤਾਂ ਹਾਜ਼ਰ ਸਨ।

## ਐੱਚ ਆਈ ਵੀ/ਏਡਜ਼ ਅਤੇ ਲਾਗ ਦੀ ਬੀਮਾਰੀ ਸਬੰਧੀ ਟ੍ਰੇਨਿੰਗ ਕਰਵਾਈ



ਗੁਰਦਾਸਪੁਰ (ਜਨਕ ਮਹਾਜਨ)-ਸਿਵਲ ਸਰਜਨ ਗੁਰਦਾਸਪੁਰ ਡਾਕਟਰ ਮਹੇਸ਼ ਕੁਮਾਰ ਪ੍ਰਭਾਕਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸਟਾਫ਼ ਨਰਸਾਂ ਨੂੰ ਐੱਚਆਈਵੀ/ ਏਡਜ਼ ਅਤੇ ਲਾਗ ਦੀ ਬੀਮਾਰੀ ਸਬੰਧੀ ਟ੍ਰੇਨਿੰਗ ਕਰਵਾਈ ਗਈ।ਇਸ ਮੌਕੇ ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾਕਟਰ ਤੇਜਿੰਦਰ ਕੌਰ ਨੇ ਕਿਹਾ ਕਿ ਪ੍ਰਜਨਨ ਪ੍ਰਣਾਲੀ ਦੀ ਲਾਗ ਉਹ ਬਿਮਾਰੀਆਂ ਹਨ ਜੋ ਮਰਦਾਂ ਅਤੇ ਔਰਤਾਂ ਦੇ ਪ੍ਰਜਨਨ ਅੰਗਾਂ ਨੂੰ ਪ੍ਰਭਾਵਿਤ ਕਰਦੀਆਂ ਹਨ। ਇਹ ਬੈਕਟੀਰੀਆ, ਫੰਗਸ ਜਾਂ ਪਰਜੀਵੀਆਂ ਕਾਰਨ ਹੁੰਦੀਆਂ ਹਨ।ਇਸ ਨੂੰ ਪ੍ਰਜਨਨ ਅੰਗਾਂ ਦੀ ਲਾਗ ਕਿਹਾ ਜਾਂਦਾ ਹੈ।ਮਤਲਬ ਜਿਨਸੀ ਸੰਪਰਕ ਰਾਹੀਂ ਫੈਲਣ ਵਾਲੀ ਲਾਗ।ਇਹ ਲਾਗਾਂ ਮੁੱਖ ਤੌਰ 'ਤੇ ਅਸੁਰੱਖਿਅਤ ਸਰੀਰਕ ਸਬੰਧਾਂ ਰਾਹੀਂ ਇੱਕ ਵਿਅਕਤੀ ਤੋਂ ਦੂਜੇ ਵਿਅਕਤੀ ਵਿੱਚ ਫੈਲਦੀਆਂ ਹਨ।ਉਦਾਹਰਣ ਵਜੋਂ ਕਲੈਮੀਡੀਆ, ਗੋਨੋਰਿਆ ਆਦਿ।ਇਸ ਮੌਕੇ ਜ਼ਿਲ੍ਹਾ ਸਿਹਤ ਅਫਸਰ ਡਾਕਟਰ ਰਮੇਸ਼ ਕੁਮਾਰ ਅਤੇ ਜ਼ਿਲ੍ਹਾ ਤਪਦਿਕ ਅਫ਼ਸਰ ਡਾਕਟਰ ਸੁਚੇਤਨ ਅਬਰੋਲ ਨੇ ਐੱਚ ਆਈ ਵੀ ਇਨਫੈਕਸ਼ਨ ਅਤੇ ਇਸ ਦੇ ਏਡਜ਼ ਵਿੱਚ ਤਬਦੀਲ ਹੋਣ ਬਾਰੇ ਦੱਸਿਆ।ਉਨ੍ਹਾਂ ਕਿਹਾ ਕਿ ਜਾਣਕਾਰੀ ਨਾਲ ਹੀ ਇਸ ਬੀਮਾਰੀ ਤੋਂ ਬਚਿਆ ਜਾ ਸਕਦਾ। ਜਨਾਨਾ ਰੋਗਾਂ ਦੇ ਮਾਹਿਰ ਡਾਕਟਰ ਜੋਤੀ ਮਹਾਜਨ ਨੇ ਆਰਟੀਆਈ/ ਐੱਸਟੀਆਈ ਸਬੰਧੀ ਟੈਸਟਾਂ ਬਾਰੇ ਦੱਸਿਆ। ਉਨ੍ਹਾਂ ਦੱਸਿਆ ਕਿ ਐੱਚਆਈਵੀ ਜਾਂਚ ਹਰੇਕ ਸਰਕਾਰੀ ਹਸਪਤਾਲ ਵਿੱਚ ਮੁਫ਼ਤ ਹੁੰਦੀ ਹੈ।ਇਸ ਦਾ ਇਲਾਜ ਵੀ ਮੁਫ਼ਤ ਹੈ ਅਤੇ ਮਰੀਜ਼ ਦੀ ਜਾਣਕਾਰੀ ਵੀ ਗੁਪਤ ਰੱਖੀ ਜਾਂਦੀ ਹੈ।

## ਅਰੁਣਾ ਚੌਧਰੀ ਦੀ ਅਗਵਾਈ 'ਚ 40 ਪਰਿਵਾਰਾਂ ਵੱਲੋਂ ਕਾਂਗਰਸ ਪਾਰਟੀ 'ਚ ਸ਼ਮੂਲੀਅਤ



ਦੀਨਾਨਗਰ, (ਬਲਵਿੰਦਰ ਸਿੰਘ ਬਿੱਲਾ)-ਅਕਾਲੀ ਦਲ ਅਤੇ ਆਮ ਆਦਮੀ ਪਾਰਟੀ ਨੂੰ ਉਸ ਵੇਲੇ ਵੱਡਾ ਝਟਕਾ ਲੱਗਿਆ ਜਦ ਪਿੰਡ ਸੁਲਤਾਨੀ ਦੇ ਕਰੀਬ 40 ਪਰਿਵਾਰ ਸਾਬਕਾ ਕੈਬਨਿਟ ਮੰਤਰੀ ਅਤੇ ਵਿਧਾਨ ਸਭਾ ਹਲਕਾ ਦੀਨਾ ਨਗਰ ਤੋਂ ਮੌਜੂਦਾ ਕਾਂਗਰਸ ਵਿਧਾਇਕਾ ਅਰੁਣਾ ਚੌਧਰੀ ਅਤੇ ਕਾਂਗਰਸ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਅਸ਼ੋਕ ਚੌਧਰੀ ਦੀ ਅਗਵਾਈ ਹੇਠ ਕਾਂਗਰਸ ਪਾਰਟੀ 'ਚ ਹੋਏ ਸ਼ਾਮਿਲ।ਇਸ ਮੌਕੇ ਕਾਂਗਰਸ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਅਸ਼ੋਕ ਚੌਧਰੀ ਅਤੇ ਵਿਧਾਇਕਾ ਅਰੁਣਾ ਚੌਧਰੀ ਨੇ ਅਕਾਲੀ ਦਲ ਅਤੇ ਆਮ ਆਦਮੀ ਪਾਰਟੀ ਨੂੰ ਛੱਡ ਕੇ ਕਾਂਗਰਸ ਸ਼ਾਮਿਲ ਹੋਣ ਵਾਲੇ ਆਗੂਆਂ ਅਤੇ ਵਰਕਰਾਂ ਨੂੰ ਸਰੋਪਾ ਪਾ ਕੇ ਸਨਮਾਨਿਤ ਕੀਤਾ।

ਇਸ ਮੌਕੇ ਵਿਧਾਇਕਾ ਅਤੇ ਕਾਂਗਰਸ ਪਾਰਟੀ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਅਸ਼ੋਕ ਚੌਧਰੀ ਨੇ ਆਪਣੇ ਸੰਬੋਧਨ ਵਿੱਚ ਅਕਾਲੀ ਦਲ ਅਤੇ ਆਮ ਆਦਮੀ ਪਾਰਟੀ ਨੂੰ ਛੱਡ ਕੇ ਕਾਂਗਰਸ 'ਚ ਸ਼ਾਮਿਲ ਹੋਣ ਵਾਲੇ ਅਹੁਦੇਦਾਰਾਂ ਅਤੇ ਵਰਕਰਾਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਨੂੰ ਪਾਰਟੀ 'ਚ ਪੂਰਾ ਮਾਣ ਸਨਮਾਨ ਮਿਲੇਗਾ ਅਤੇ ਹਰ ਮੁਸ਼ਕਿਲ ਦੀ ਘੜੀ 'ਚ ਉਹ ਪਾਰਟੀ ਵਰਕਰਾਂ ਦੇ ਨਾਲ ਚੱਟਾਨ ਵਾਂਗ ਖੜ੍ਹੇ ਰਹਿਣਗੇ।

ਇਸ ਮੌਕੇ ਯੂਥ ਕਾਂਗਰਸ ਆਗੂ ਅਵਿਨਵ ਚੌਧਰੀ, ਕਾਂਗਰਸ ਦੇ ਬਲਾਕ ਪ੍ਰਧਾਨ ਦਲਵੀਰ ਸਿੰਘ ਬਿੱਟੂ, ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਨੀਟੂ ਚੌਹਾਨ, ਕਾਂਗਰਸ ਦੇ ਸਿਟੀ ਪ੍ਰਧਾਨ ਮਨੋਜ ਗੁਪਤਾ, ਬਲਾਕ ਸੰਮਤੀ ਦੀਨਾਨਗਰ ਦੇ ਸਾਬਕਾ ਚੇਅਰਮੈਨ ਹਰਵਿੰਦਰ ਸਿੰਘ ਭੱਟੀ, ਐੱਸਸੀ ਸੈੱਲ ਕਾਂਗਰਸ ਦੇ ਸੂਬਾ ਵਾਈਸ ਚੇਅਰਮੈਨ ਜਿੰਮੀ ਬਰਾੜ, ਬਲਾਕ ਸੰਮਤੀ ਦੋਰਾਂਗਲਾ ਦੇ ਚੇਅਰਮੈਨ ਬਲਵੀਰ ਚੰਦ, ਸਾਬਕਾ ਮੀਤ ਪ੍ਰਧਾਨ ਪ੍ਰਵੀਨ ਬਾਬਾ, ਕੌਂਸਲਰ ਅਜੇ ਸਟਾਰ, ਪਰਮਜੀਤ ਕੌਰ, ਗਿਰਧਾਰੀ ਲਾਲ, ਵਰਿੰਦਰ ਸਿੰਘ, ਅਮਿਤ ਬਾਲੀ, ਸੁਧਾਂਸ਼ੂ ਪੁਸ਼ਪ ਸਣੇ ਭਾਰੀ ਗਿਣਤੀ ਵਿੱਚ ਕਾਂਗਰਸ ਦੇ ਕਈ ਸੀਨੀਅਰ ਆਗੂ ਤੇ ਵਰਕਰ ਹਾਜ਼ਰ ਸਨ।

## ਉੱਘੇ ਆੜ੍ਹਤੀਏ ਅੰਗਰੇਜ਼ ਸਿੰਘ ਸੰਧੂ ਜਗਤਪੁਰਾ ਨੂੰ ਸਦਮਾ; ਵੱਡੇ ਭਰਾ ਕਸ਼ਮੀਰ ਸਿੰਘ ਦਾ ਦਿਹਾਂਤ



ਝਬਾਲ, (ਹਰਜਿੰਦਰ ਸਿੰਘ ਸੋਨੀ)-ਆੜ੍ਹਤੀ ਅੰਗਰੇਜ਼ ਸਿੰਘ ਸੰਧੂ ਜਗਤਪੁਰਾ ਨੂੰ ਉਸ ਸਮੇਂ ਗਹਿਰਾ ਸਦਮਾ ਪੁੱਜਾ ਜਦ ਉਨ੍ਹਾਂ ਦੇ ਵੱਡੇ ਭਰਾ ਕਸ਼ਮੀਰ ਸਿੰਘ ਸੰਧੂ ਜਗਤਪੁਰਾ (62) ਦਾ ਬੀਤੇ ਦਿਨੀਂ ਦਿਹਾਂਤ ਹੋ ਗਿਆ ਜਿਨ੍ਹਾਂ ਦਾ ਬਹਿਕਾ ਜਗਤਪੁਰਾ ਵਿਖੇ ਸੈਂਕੜੇ ਸੇਜਲ ਅੱਖਾਂ ਨਾਲ ਅੰਤਿਮ ਸੰਸਕਾਰ ਕਰ ਦਿੱਤਾ ਗਿਆ।ਚਿਤਾ ਨੂੰ ਅਗਨੀ ਉਨ੍ਹਾਂ ਦੇ ਸਪੁੱਤਰ ਗੁਰਮੀਤ ਸਿੰਘ ਸੰਧੂ ਜਗਤਪੁਰਾ ਵੱਲੋਂ ਦਿੱਤੀ ਗਈ।ਇਸ ਮੌਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਭਾਈ ਮਨਦੀਪ ਸਿੰਘ, ਭਾਈ ਮਨਜੀਤ ਸਿੰਘ ਭੂਰਾ ਕੋਹਨਾ, ਕਾਂਗਰਸ ਦੇ ਹਲਕਾ ਇੰਚਾਰਜ ਕਰਨਬੀਰ ਸਿੰਘ ਬੁਰਜ, ਮਨਿੰਦਰ ਪਾਲ ਸਿੰਘ ਪਲਾਸੌਰ, ਆਪ ਆਗੂ ਅੰਗਦ ਸੋਹਲ, ਮੋਨੂੰ ਚੀਮਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਸ਼੍ਰੋਮਣੀ ਅਕਾਲੀ ਦਲ ਬਾਦਲ ਤਰਨ ਤਾਰਨ ਹਲਕਾ ਇੰਚਾਰਜ ਕਰਨਪ੍ਰੀਤ ਕੌਰ, ਅਕਾਲੀ ਦਲ ਦੇ ਸੀਨੀਅਰ ਆਗੂ ਇਕਬਾਲ ਸਿੰਘ ਸੰਧੂ, ਸਾਬਕਾ ਚੇਅਰਮੈਨ ਕਸ਼ਮੀਰ ਸਿੰਘ ਮੰਨਣ, ਸਰਪੰਚ ਮਨਜਿੰਦਰ ਸਿੰਘ, ਸਰਪੰਚ ਜੱਗਾ ਸਵਾਰਗਾਪੁਰੀ, ਸਰਪੰਚ ਕਾਕਾ ਛਾਪਾ, ਸਰਪੰਚ ਪ੍ਰਗਟ ਸਿੰਘ ਬਾਬਾ ਲੰਗਾਹ, ਸਰਪੰਚ ਗੁਰਪਾਲ, ਸਰਪੰਚ ਗੁਰਚਰਨ ਸਿੰਘ ਖੈਰਦੀ, ਸਰਪੰਚ ਸੋਨੂੰ ਠੱਠਗੜ, ਸਾਬਕਾ ਸਰਪੰਚ ਸ਼ਾਮ ਸਿੰਘ ਕੋਟ, ਨਰਿੰਦਰ ਬਹਿਲ, ਕਾਕਾ ਪ੍ਰਧਾਨ, ਅਮਨਦੀਪ ਸਿੰਘ ਛੀਨਾ, ਸ਼ਰਨਜੀਤ ਸਿੰਘ ਭੋਜੀਆ, ਗੁਲਜ਼ਾਰ ਸਿੰਘ ਦੋਬਲੀਆ, ਸਾਬਕਾ ਪ੍ਰਧਾਨ ਤਸਬੀਰ ਸਿੰਘ ਠੱਠੀ ਸੋਹਲ, ਸਾਬਕਾ ਪ੍ਰਧਾਨ ਗੁਰਪ੍ਰੀਤ ਸਿੰਘ ਭੋਜੀਆ, ਆੜ੍ਹਤੀ ਗੁਰਜੀਤ ਸਿੰਘ ਝਬਾਲ, ਆੜ੍ਹਤੀ ਬਲਜਿੰਦਰ ਸਿੰਘ ਭੁੱਚਰ, ਆੜ੍ਹਤੀ ਸੁਖਵੰਤ ਸਿੰਘ ਸੁੱਖ ਠੱਠੀ, ਆੜ੍ਹਤੀ ਸੋਨੂੰ ਗੰਡੀਵਿੰਡ, ਆੜ੍ਹਤੀ ਨਰਿੰਦਰ ਸਿੰਘ ਠੱਠਗੜ੍ਹ, ਆੜ੍ਹਤੀ ਸੁਖਰਾਜ ਸਿੰਘ ਸੁੱਖ ਝਬਾਲ, ਆੜ੍ਹਤੀ ਤੇਜਿੰਦਰ ਸਿੰਘ ਵਿੱਕੀ ਕੋਟ ਸਰਪੰਚ, ਆੜ੍ਹਤੀ ਜਤਿੰਦਰ ਸਿੰਘ, ਸਰਵਣ ਸ਼ਾਹ ਕੋਟ, ਆੜ੍ਹਤੀ ਲਾਲੀ ਨੰਦਾ, ਸੰਜੀਵ ਕੁਮਾਰ ਸੂਦ, ਆੜ੍ਹਤੀ ਗੁਰਸੇਵਕ ਸਿੰਘ ਕੋਟ, ਆੜ੍ਹਤੀ ਜਸਬੀਰ ਸਿੰਘ ਔਲਖ ਠੱਠੀ, ਆੜ੍ਹਤੀ ਮੁਖਤਾਰ ਸਿੰਘ ਝਾਮਕਾ, ਆੜ੍ਹਤੀ ਸੋਨਾ ਪੰਜਵੜ, ਆੜ੍ਹਤੀ ਸੁਖਦੇਵ ਸਿੰਘ ਸੋਹਲ, ਆੜ੍ਹਤੀ ਹਰਦੀਪ ਸਿੰਘ ਪੰਜਵੜ, ਆੜ੍ਹਤੀ ਬਲਜੀਤ ਸਿੰਘ ਬੰਟੀ ਪੰਜਵੜ, ਆੜ੍ਹਤੀ ਮਨਜਿੰਦਰ ਸਿੰਘ ਮੰਨਾ ਢਾਲਾ, ਆੜ੍ਹਤੀ ਸਤਿੰਦਰਪਾਲ ਸਿੰਘ ਸੋਹਲ, ਬਜਾਜ ਪ੍ਰਾਪਰਟੀ ਡੀਲਰ, ਬਲਜੀਤ ਸਿੰਘ ਪੱਪੂ ਭਲਵਾਨ ਠੱਠਾ, ਸਾਬਕਾ ਮੈਂਬਰ ਦਿਲਬਾਗ ਸਿੰਘ ਠੱਠਗੜ੍ਹ, ਦਰਸ਼ਨ ਸਿੰਘ ਜਗਤਪੁਰਾ, ਕਾਕੂ, ਮੰਨੂ, ਨਿਸ਼ਾਨ ਸਿੰਘ ਠੱਠਾ, ਗੁਰਭਾਗ ਸਿੰਘ ਸੋਹਲ, ਸ਼ੈਲੀ ਸੋਹਲ, ਹਰਪ੍ਰੀਤ ਸਿੰਘ, ਜੋਗਾ ਸਿੰਘ ਚੀਮਾ, ਗ੍ਰੰਥੀ ਬਾਬਾ ਤੇਜਬੀਰ ਸਿੰਘ ਤੋਂ ਇਲਾਵਾ ਇਲਾਕੇ ਦੇ ਸਰਪੰਚ, ਪੰਚ, ਅੰਗਰੇਜ਼ ਸਿੰਘ ਸੰਧੂ, ਗੁਰਮੇਜ ਸਿੰਘ ਰੰਧਾਵਾ, ਗੁਰਵੈਲ ਸਿੰਘ ਰੰਧਾਵਾ, ਬਲਵਿੰਦਰ ਸਿੰਘ, ਜਸਬੀਰ ਸਿੰਘ, ਤੇਜਿੰਦਰ ਸਿੰਘ ਲਾਡੀ, ਜਸਕਰਨ ਸਿੰਘ ਕੈਨੇਡਾ, ਚਮਕੌਰ ਸਿੰਘ ਰੰਧਾਵਾ, ਗਗਨਦੀਪ ਸਿੰਘ ਰੰਧਾਵਾ ਕੈਨੇਡਾ ਆਦਿ ਨੇ ਪਰਿਵਾਰਕ ਮੈਂਬਰਾਂ ਨਾਲ ਡੂੰਘਾ ਦੁੱਖ ਪ੍ਰਗਟਾਉਂਦਿਆਂ ਕਦੇ ਵੀ ਨਾ ਪੈਣ ਵਾਲਾ ਘਾਟਾ ਦੱਸਿਆ।

## ਸਤਿਨਾਮ ਸਰਬ ਕਲਿਆਣ ਟਰੱਸਟ ਨੇ ਕਰੀਅਰ ਗਾਈਡੈਂਸ ਵਿਸ਼ੇ 'ਤੇ ਕੈਂਪ ਲਗਾਇਆ



ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)- ਸਤਿਨਾਮ ਸਰਬ ਕਲਿਆਣ ਟਰਸਟ ਵੱਲੋਂ ਮਾਤਾ ਸਾਹਿਬ ਕੌਰ ਸਕੂਲ ਵਿੱਚ ਵਿਦਿਆਰਥੀਆਂ ਲਈ ਕਰੀਅਰ ਗਾਈਡੈਂਸ ਸੈਮੀਨਾਰ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਰੁਚੀ ਅਤੇ ਪੜ੍ਹਾਈ ਦੀ ਸਟਰੀਮ ਅਨੁਸਾਰ ਭਵਿੱਖ ਵਿੱਚ ਚੁਣੇ ਜਾਣ ਵਾਲੇ ਕੋਰਸਾਂ ਅਤੇ ਪ੍ਰੋਫੈਸ਼ਨਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।ਸੈਮੀਨਾਰ ਦਾ ਮੁੱਖ ਉਦੇਸ਼ ਬੱਚਿਆਂ ਨੂੰ ਸਹੀ ਦਿਸ਼ਾ ਪ੍ਰਦਾਨ ਕਰਨਾ ਅਤੇ ਉਨ੍ਹਾਂ ਨੂੰ ਆਪਣੇ ਭਵਿੱਖ ਸੰਬੰਧੀ ਸੁਚੱਜੇ ਫੈਸਲੇ ਲੈਣ ਲਈ ਪ੍ਰੇਰਿਤ ਕਰਨਾ ਸੀ।ਇਸ ਦੌਰਾਨ ਰਜਿੰਦਰ ਸਿੰਘ ਅਤੇ ਸਰਦਾਰ ਰਣਜੀਤ ਸਿੰਘ ਨੇ ਵਿਦਿਆਰਥੀਆਂ ਨੂੰ ਵੱਖ-ਵੱਖ ਕਰੀਅਰ ਵਿਕਲਪਾਂ ਬਾਰੇ ਜਾਣੂ ਕਰਵਾਇਆ।ਉਨ੍ਹਾਂ ਨੇ ਦੱਸਿਆ ਕਿ ਅੱਜ ਦੇ ਸਮੇਂ ਵਿੱਚ ਸਹੀ ਸਟਰੀਮ ਅਤੇ ਪ੍ਰੋਫੈਸ਼ਨ ਦੀ ਚੋਣ ਬਹੁਤ ਮਹੱਤਵਪੂਰਨ ਹੈ, ਕਿਉਂਕਿ ਇਹ ਵਿਦਿਆਰਥੀਆਂ ਦੇ ਭਵਿੱਖ ਨੂੰ ਨਿਰਧਾਰਤ ਕਰਦੀ ਹੈ।ਉਨ੍ਹਾਂ ਨੇ ਬੱਚਿਆਂ ਨੂੰ ਆਪਣੀ ਯੋਗਤਾ, ਰੁਚੀ ਅਤੇ ਮਿਹਨਤ ਦੇ ਅਧਾਰ ਤੇ ਖੇਤਰ ਦੀ ਚੋਣ ਕਰਨ ਲਈ ਪ੍ਰੇਰਿਤ ਕੀਤਾ।

ਵਿਦਿਆਰਥੀਆਂ ਨੇ ਇਸ ਸੈਮੀਨਾਰ ਵਿੱਚ ਬੜੇ ਉਤਸ਼ਾਹ ਨਾਲ ਭਾਗ ਲਿਆ ਅਤੇ ਕਰੀਅਰ ਸੰਬੰਧੀ ਕਈ ਮਹੱਤਵਪੂਰਨ ਜਾਣਕਾਰੀਆਂ ਪ੍ਰਾਪਤ ਕੀਤੀਆਂ।ਸਕੂਲ ਪ੍ਰਬੰਧਕਾਂ ਵੱਲੋਂ ਸਤਿਨਾਮ ਸਰਬ ਕਲਿਆਣ ਟਰੱਸਟ ਅਤੇ ਮਹਿਮਾਨ ਦਾ ਧੰਨਵਾਦ ਕੀਤਾ ਗਿਆ ਅਤੇ ਆਸ ਜਤਾਈ ਗਈ ਕਿ ਇਸ ਤਰ੍ਹਾਂ ਦੇ ਪ੍ਰੋਗਰਾਮ ਵਿਦਿਆਰਥੀਆਂ ਦੇ ਭਵਿੱਖ ਨਿਰਮਾਣ ਵਿੱਚ ਲਾਭਦਾਇਕ ਸਾਬਤ ਹੋਣਗੇ।

# ਨੰਗਲ ਸ਼ਹਿਰ ਨੂੰ ਮਿਲੇਗੀ ਸਮਾਰਟ ਸੁਰੱਖਿਆ : ਹਰਜੋਤ ਬੈਂਸ

**ਨੰਗਲ ਭਲਾਣ (ਹਰਭਜਨ ਸਿੰਘ ਢਿੱਲੋਂ)**- ਨੰਗਲ ਸ਼ਹਿਰ ਨੂੰ ਆਧੁਨਿਕ ਬਣਾਉਣ ਵੱਲ ਵੱਡੇ ਕਦਮ ਚੁੱਕੇ ਜਾ ਰਹੇ ਹਨ। ਹੁਣ ਨੰਗਲ ਨੂੰ ਵੀ ਸੀ.ਸੀ.ਟੀ.ਵੀ ਕੈਮਰਿਆਂ ਨਾਲ ਸ੍ਰੀ ਅਨੰਦਪੁਰ ਸਾਹਿਬ ਦੀ ਤਰ੍ਹਾਂ ਲੈਸ ਕੀਤਾ ਜਾਵੇਗਾ ਤਾਂ ਜੋ ਸ਼ਹਿਰ ਵਾਸੀਆਂ ਦੀ ਸੁਰੱਖਿਆ ਨੂੰ ਯਕੀਨੀ



ਬਣਾਇਆ ਜਾ ਸਕੇ। ਮੌਜੂਦਾ ਸਮੇਂ ਵਿੱਚ 135 ਕੈਮਰੇ ਲੱਗੇ ਹੋਏ ਹਨ, ਜਿਨ੍ਹਾਂ ਵਿੱਚੋਂ ਕੇਵਲ 30 ਹੀ ਚੱਲ ਰਹੇ ਹਨ। ਪ੍ਰਸ਼ਾਸਨ ਵੱਲੋਂ ਬਾਕੀ ਬੰਦ ਕੈਮਰਿਆਂ ਦੀ ਮੁਰੰਮਤ ਕਰਨ ਦੇ ਹੁਕਮ ਜਾਰੀ ਕੀਤੇ ਗਏ ਹਨ ਅਤੇ ਜਿੱਥੇ ਕੈਮਰੇ ਨਹੀਂ ਲੱਗੇ ਉੱਥੇ ਨਵੇਂ ਕੈਮਰੇ ਵੀ ਲਗਾਏ ਜਾਣਗੇ।ਇਹ ਜਾਣਕਾਰੀ ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸਿੱਖਿਆ ਅਤੇ ਸੂਚਨਾ ਤੇ ਲੋਕ ਸੰਪਰਕ ਵਿਭਾਗ ਪੰਜਾਬ ਵੱਲੋਂ ਅੱਜ ਇੱਥੇ ਦਿੱਤੀ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ, ਸ਼ਹਿਰ ਵਿੱਚ ਪਾਣੀ ਦੀ ਸਮੱਸਿਆ ਨੂੰ ਹੱਲ ਕਰਨ ਲਈ ਵੱਖ-ਵੱਖ ਇਲਾਕਿਆਂ ਵਿੱਚ ਨਵੇਂ ਬੋਰ ਕਰਵਾਏ ਜਾਣਗੇ। ਇਹ ਕਦਮ ਲੋਕਾਂ ਨੂੰ ਸਾਫ਼ ਅਤੇ ਲਗਾਤਾਰ ਪਾਣੀ ਮੁਹੱਈਆ ਕਰਵਾਉਣ ਵਿੱਚ ਮਦਦਗਾਰ ਸਾਬਤ ਹੋਵੇਗਾ। ਇਸ ਦੇ ਨਾਲ ਹੀ ਸ਼ਹਿਰ ਦੇ ਪੂਰੇ ਸੀਵਰੇਜ ਸਿਸਟਮ ਦੀ ਸਫਾਈ ਕਰਨ ਦੀ ਯੋਜਨਾ ਵੀ ਤਿਆਰ ਕੀਤੀ ਗਈ ਹੈ।ਨੰਗਲ ਨੂੰ 'ਜ਼ੀਰੋ ਡਾਰਕ ਜ਼ੋਨ' ਬਣਾਉਣ ਲਈ ਵੱਡੇ ਪੱਧਰ 'ਤੇ ਸਟਰੀਟ ਲਾਈਟਾਂ ਲਗਾਈਆਂ ਜਾਣਗੀਆਂ। ਸ਼ਹਿਰ ਦੇ ਹਰ ਕੋਨੇ ਵਿੱਚ ਰੌਸ਼ਨੀ ਪਹੁੰਚਾਉਣ ਲਈ ਮੌਜੂਦਾ ਸਟਰੀਟ ਲਾਈਟਾਂ ਅਤੇ ਮਾਸਕ ਲਾਈਟਾਂ ਦੀ ਮੁਰੰਮਤ ਕੀਤੀ ਜਾਵੇਗੀ ਅਤੇ ਜਿੱਥੇ ਲੋੜ ਹੋਵੇਗੀ ਉੱਥੇ ਨਵੀਆਂ ਲਾਈਟਾਂ ਵੀ ਲਗਾਈਆਂ ਜਾਣਗੀਆਂ। ਸੁੰਦਰਤਾ ਵਧਾਉਣ ਲਈ ਵੀ ਨੰਗਲ ਵਿੱਚ ਕਈ ਉਪਰਾਲੇ ਕੀਤੇ ਜਾਣਗੇ। ਨਹਿਰ ਦੇ ਨਾਲ ਲੱਗੀਆਂ ਰੈਲਿੰਗਾਂ 'ਤੇ ਬੋਗਨਵਿਲੀਆ ਦੇ ਪੌਦੇ ਲਗਾਏ ਜਾਣਗੇ ਅਤੇ ਨਹਿਰ 'ਤੇ ਬਣੇ ਪੁਲਾਂ ਦਾ ਸੁੰਦਰੀਕਰਨ ਕੀਤਾ ਜਾਵੇਗਾ। ਇਸ ਤੋਂ ਇਲਾਵਾ, ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚ ਵਾਲ ਆਰਟ ਬਣਾਈ ਜਾਵੇਗੀ ਅਤੇ ਸਾਰੇ ਪਾਰਕਾਂ ਦਾ ਨਵੀਨੀਕਰਨ ਕਰਕੇ ਉਨ੍ਹਾਂ ਨੂੰ ਆਧੁਨਿਕ ਰੂਪ ਦਿੱਤਾ ਜਾਵੇਗਾ।ਇਸ ਦੇ ਨਾਲ ਹੀ, ਨੰਗਲ ਸ਼ਹਿਰ ਦੀਆਂ ਸੜਕਾਂ ਦਾ ਪੂਰੀ ਤਰ੍ਹਾਂ ਨਵੀਨੀਕਰਨ ਕੀਤਾ ਜਾਵੇਗਾ । ਨੰਗਲ ਡੈਮ ਵਾਲੇ ਪੁਲ 'ਤੇ ਸੁੰਦਰ ਫੁੱਲਾਂ ਦੇ ਗਮਲੇ ਵੀ ਲਗਾਏ ਜਾਣਗੇ ।

# ਸਿੱਖ ਮਿਸ਼ਨਰੀ ਕਾਲਜ ਨੇ ਧਾਰਮਿਕ ਪ੍ਰੀਖਿਆ ਦੇ ਇਨਾਮ ਵੰਡੇ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸਿੱਖ ਮਿਸ਼ਨਰੀ ਕਾਲਜ ਰਜਿ. ਲੁਧਿਆਣਾ ਵੱਲੋਂ ਹਰ ਸਾਲ ਵੱਖ ਵੱਖ ਸਕੂਲਾਂ ਵਿੱਚ ਧਾਰਮਿਕ ਪ੍ਰੀਖਿਆ ਕਰਵਾਈ ਜਾਂਦੀ ਹੈ। ਅੱਜ ਸਿੱਖ ਮਿਸ਼ਨਰੀ ਕਾਲਜ ਸਰਕਰ ਪੁਰਹੀਰਾਂ ਵੱਲੋਂ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਨੰਦਾਚੌਰ ਵਿਖੇ ਵਿਦਿਆਰਥੀਆਂ ਨੂੰ ਧਾਰਮਿਕ ਪ੍ਰੀਖਿਆ ਦੇ ਇਨਾਮ ਵੰਡੇ ਗਏ। ਇਸ ਮੌਕੇ ਰਿਟਾਇਰ ਪ੍ਰਿੰਸੀਪਲ ਹਰਜਿੰਦਰ ਸਿੰਘ ਧਾਰਮਿਕ ਪ੍ਰੀਖਿਆ ਪ੍ਰੋਜੈਕਟ ਇੰਚਾਰਜ ਅਤੇ ਕੈਪਟਨ ਯਸ਼ਪਾਲ ਸਿੰਘ ਨੇ ਆਖਿਆ ਕਿ



ਧਾਰਮਿਕ ਵਿਦਿਆ ਮਨੁੱਖ ਦੇ ਅੰਦਰ ਸਦਾਚਾਰ ਗੁਣ ਪੈਦਾ ਕਰਦੀ ਹੈ ਜਿਸ ਨਾਲ ਮਨੁੱਖ ਵਧੀਆ ਇਨਸਾਨ ਬਣਦਾ। ਉਨ੍ਹਾਂ ਆਉਣ ਵਾਲੀ 2026 ਦੀ ਧਾਰਮਿਕ ਪ੍ਰੀਖਿਆ ਲਈ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ ਅਤੇ ਵੱਧ ਤੋਂ ਵੱਧ ਭਾਗ ਲੈਣ ਲਈ ਆਖਿਆ। ਧਾਰਮਿਕ ਪ੍ਰੀਖਿਆ ਦੇ ਇਨਾਮ ਪ੍ਰਾਪਤ ਕਰਨ ਵਿੱਚ ਅਵਰੀਤ ਕੌਰ ਅਤੇ ਤਨਰਾਜ ਕੌਰ ਨੇ ਮੈਰਿਟ ਇਨਾਮ ਪ੍ਰਾਪਤ ਕੀਤਾ ਅਤੇ 2000 ਰੁਪਏ ਨਗਦ ਇਨਾਮ ਵੀ ਪ੍ਰਾਪਤ ਕੀਤਾ। ਇਸ ਤੋਂ ਇਲਾਵਾ ਜਸਲੀਨ ਕੌਰ, ਮਹਿਕ, ਜਸਕੀਰਤ ਕੌਰ ਨੇ 90 ਪ੍ਰਤੀਸ਼ਤ ਤੋਂ ਵੱਧ ਅੰਕ ਲੈ ਕੇ ਮੈਰਿਟ ਇਨਾਮ ਪ੍ਰਾਪਤ ਕੀਤਾ। ਗੁਰਮਨ ਸਿੰਘ, ਪਵਨਪ੍ਰੀਤ ਸਿੰਘ, ਪਰਵਨ ਸਿੰਘ, ਹਰਨਵਪਾਲ, ਕਮਲਪ੍ਰੀਤ ਸਿੰਘ, ਇਸ਼ਮੀਤ ਕੌਰ ਨੇ 80 ਪ੍ਰਤੀਸ਼ਤ ਤੋਂ ਵੱਧ ਅੰਕ ਲੈ ਕੇ ਏ ਗਰੇਡ ਇਨਾਮ ਪ੍ਰਾਪਤ ਕੀਤਾ। ਹਰਗੁਣ ਸਿੰਘ, ਰਬਦੀਪ ਕੌਰ, ਮਨਸੁਖ ਕੌਰ ਨੇ 70 ਪ੍ਰਤੀਸ਼ਤ ਤੋਂ ਵੱਧ ਨੰਬਰ ਲੈ ਕੇ ਬੀ ਗਰੇਡ ਇਨਾਮ ਪ੍ਰਾਪਤ ਕੀਤਾ। ਲਵਲੀਨ ਕੌਰ, ਬਲਜੋਤ ਸਿੰਘ, ਅਵੀਜੋਤ ਸਿੰਘ ਨੇ 60 ਪ੍ਰਤੀਸ਼ਤ ਤੋਂ ਵੱਧ ਨੰਬਰ ਲੈ ਕੇ ਸੀ ਗਰੇਡ ਇਨਾਮ ਪ੍ਰਾਪਤ ਕੀਤਾ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਹਰਕੀਰਤ ਕੌਰ ਨੇ ਬੱਚਿਆਂ ਨੂੰ ਵਧਾਈ ਦਿੱਤੀ ਅਤੇ ਹੋਰ ਮਿਹਨਤ ਕਰਨ ਲਈ ਪ੍ਰੇਰਤ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਵਾਈਸ ਪ੍ਰਿੰਸੀਪਲ ਸਤਿੰਦਰ ਕੌਰ, ਧਾਰਮਿਕ ਅਧਿਆਪਕ ਸੁਰਿੰਦਰ ਕੌਰ, ਗੁਰਚਰਨ ਸਿੰਘ ਆਦਿ ਹਾਜ਼ਰ ਸਨ।

# ਐੱਲ ਪੀ ਯੂ ਕਰ ਰਿਹਾ 50 ਤੋਂ ਵੱਧ ਅੰਤਰਰਾਸ਼ਟਰੀ ਵਿਦਿਆਰਥੀਆਂ ਦੀ ਮੇਜ਼ਬਾਨੀ

**ਜਲੰਧਰ (ਸ਼ੈਲੀ ਐਲਬਰਟ)**- ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਭਾਰਤ ਦੀਆਂ ਸਭ ਤੋਂ ਅੰਤਰਰਾਸ਼ਟਰੀ ਯੂਨੀਵਰਸਿਟੀਆਂ ਵਿੱਚੋਂ ਇੱਕ ਨੇ 550 ਤੋਂ ਵੱਧ ਗਲੋਬਲ ਸਹਿਯੋਗ ਸਥਾਪਤ ਕੀਤੇ ਹਨ, ਇੱਕ ਸਥਾਨ ਤੱਕ ਸੀਮਤ ਹੋਏ ਬਿਨਾਂ ਇੱਕ ਗਲੋਬਲ ਸਿੱਖਣ ਦਾ ਵਾਤਾਵਰਣ ਬਣਾਇਆ ਹੈ।ਸਪੇਨ, ਬ੍ਰਾਜ਼ੀਲ, ਮਲੇਸ਼ੀਆ, ਫਿਲੀਪੀਨਜ਼, ਯੂਨਾਈਟਿਡ ਕਿੰਗਡਮ ਅਤੇ ਰੂਸ ਦੇ 50 ਤੋਂ ਵੱਧ ਅੰਤਰਰਾਸ਼ਟਰੀ ਐਕਸਚੇਂਜ ਵਿਦਿਆਰਥੀ ਕੈਂਪਸ ਵਿੱਚ ਮੌਜੂਦਾ ਐਕਸਚੇਂਜ ਸਮੂਹ ਦਾ ਹਿੱਸਾ ਹਨ। ਯੂਨੀਵਰਸਿਟੀ ਆਫ਼ ਅਲਕਾਲਾ (ਸਪੇਨ), ਯੂਐਨਈਐਸਪੀ ਸਾਓ ਪੌਲੋ ਸਟੇਟ ਯੂਨੀਵਰਸਿਟੀ (ਬ੍ਰਾਜ਼ੀਲ), ਆਈਟੀਐਮਓ ਯੂਨੀਵਰਸਿਟੀ (ਰੂਸ), ਮਾਸਕੋ ਪੈਡਾਗੋਜੀਕਲ ਸਟੇਟ ਯੂਨੀਵਰਸਿਟੀ (ਰੂਸ), ਸੇਂਟ ਪੀਟਰਸਬਰਗ ਇਲੈਕਟ੍ਰੋਟੈਕਨੀਕਲ ਯੂਨੀਵਰਸਿਟੀ (ਰੂਸ), ਵੈਸਟ ਵਿਸਾਯਾਸ ਸਟੇਟ ਯੂਨੀਵਰਸਿਟੀ (ਫਿਲੀਪੀਨਜ਼), ਅਤੇ ਯੂਨੀਵਰਸਿਟੀ ਟੈਕਨੋਲੋਜੀ ਮਲੇਸ਼ੀਆ (ਮਲੇਸ਼ੀਆ) ਵਰਗੀਆਂ ਪ੍ਰਸਿੱਧ ਸੰਸਥਾਵਾਂ ਦੀ ਨੁਮਾਇੰਦਗੀ ਕਰਦੇ ਹੋਏ, ਇਹ ਸਮੂਹ ਇੱਕ ਮਜ਼ਬੂਤ ਅਤੇ ਵਿਭਿੰਨ ਗਲੋਬਲ ਅਕਾਦਮਿਕ ਮੌਜੂਦਗੀ ਨੂੰ ਦਰਸਾਉਂਦਾ ਹੈ।ਇਹ ਅਕਾਦਮਿਕ ਸ਼ਮੂਲੀਅਤ ਐਲ ਪੀ ਯੂ ਦੇ ਐਡੂ ਰੈਵੋਲਿਊਸ਼ਨ ਪ੍ਰੋਜੈਕਟਸ ਦੁਆਰਾ ਸਮਰਥਤ ਹੈ। ਯੋਗਾ ਸੈਸ਼ਨਾਂ ਅਤੇ ਭਾਰਤੀ ਭੋਜਨ ਅਨੁਭਵਾਂ ਤੋਂ ਲੈ ਕੇ ਰਵਾਇਤੀ ਡਾਂਸ ਵਰਕਸ਼ਾਪਾਂ



ਤੱਕ, ਵਿਦਿਆਰਥੀ ਕਈ ਤਰ੍ਹਾਂ ਦੇ ਸੱਭਿਆਚਾਰਕ ਰੂਪਾਂ ਨਾਲ ਜੁੜ ਰਹੇ ਹਨ। ਉਨ੍ਹਾਂ ਦੀਆਂ ਯਾਤਰਾਵਾਂ ਵਿੱਚ ਗੋਲਡਨ ਟੈਂਪਲ, ਜਲ੍ਹਿਆਂਵਾਲਾ ਬਾਗ, ਸੁਖਨਾ ਝੀਲ, ਰੌਕ ਗਾਰਡਨ ਅਤੇ ਰਿਸ਼ੀਕੇਸ਼ ਵਰਗੇ ਮਸ਼ਹੂਰ ਸਥਾਨਾਂ ਦੇ ਦੌਰੇ ਸ਼ਾਮਲ ਹਨ।ਇਸ ਤੋਂ ਇਲਾਵਾ, ਐਲਪੀਯੂ ਦੇ 100 ਤੋਂ ਵੱਧ ਵਿਦਿਆਰਥੀ ਅਮਰੀਕਾ, ਨਿਊਜ਼ੀਲੈਂਡ, ਯੂਕੇ, ਕੈਨੇਡਾ, ਆਸਟ੍ਰੇਲੀਆ, ਫਰਾਂਸ, ਐਸਟੋਨੀਆ, ਰੂਸ, ਮਲੇਸ਼ੀਆ, ਸਪੇਨ, ਲਿਥੁਆਨੀਆ, ਇਟਲੀ, ਦੱਖਣੀ ਕੋਰੀਆ ਅਤੇ ਪੋਲੈਂਡ ਵਰਗੇ ਦੇਸ਼ਾਂ ਵਿੱਚ ਗਲੋਬਲ ਗਤੀਸ਼ੀਲਤਾ ਦੇ ਮੌਕਿਆਂ ਦਾ ਲਾਭ ਵੀ ਲੈ ਰਹੇ ਹਨ। ਰਾਜ ਸਭਾ ਮੈਂਬਰ ਅਤੇ ਐਲ ਪੀ ਯੂ ਦੇ ਸੰਸਥਾਪਕ ਚਾਂਸਲਰ ਡਾ. ਅਸ਼ੋਕ ਕੁਮਾਰ ਮਿੱਤਲ ਨੇ ਕਿਹਾ ਕਿ ਐਲ ਪੀ ਯੂ ਦੀਆਂ ਗਲੋਬਲ ਪਹਿਲਕਦਮੀਆਂ ਅਕਾਦਮਿਕ ਸਹਿ-ਸਿਰਜਣਾ ਨੂੰ ਸਮਰੱਥ ਬਣਾਉਣ ਲਈ ਤਿਆਰ ਕੀਤੀਆਂ ਗਈਆਂ ਹਨ, ਜਿੱਥੇ ਅੰਤਰਰਾਸ਼ਟਰੀ ਵਿਦਿਆਰਥੀ ਵਿਭਿੰਨ ਸਿੱਖਣ ਵਾਤਾਵਰਨਾਂ ਵਿੱਚ ਖੋਜ, ਆਲੋਚਨਾਤਮਕ ਪੁੱਛਗਿੱਛ ਅਤੇ ਸਮੱਸਿਆ-ਹੱਲ ਵਿੱਚ ਸਰਗਰਮੀ ਨਾਲ ਹਿੱਸਾ ਲੈਂਦੇ ਹਨ।ਐਲ ਪੀ ਯੂ ਦੇ ਉਪ-ਪ੍ਰਧਾਨ ਡਾ. ਅਮਨ ਮਿੱਤਲ ਨੇ ਕਿਹਾ ਕਿ ਐਲ ਪੀ ਯੂ ਵਿੱਚ ਅੰਤਰਰਾਸ਼ਟਰੀਕਰਨ ਅਕਾਦਮਿਕ ਤੌਰ 'ਤੇ ਏਕੀਕ੍ਰਿਤ ਵਿਸ਼ਵਵਿਆਪੀ ਯਤਨਾਂ 'ਤੇ ਅਧਾਰਤ ਹੈ, ਨਾ ਕਿ ਸਿਰਫ ਗਤੀਸ਼ੀਲਤਾ 'ਤੇ। ਐਲ ਪੀ ਯੂ ਦੇ ਅੰਤਰਰਾਸ਼ਟਰੀ ਮਾਮਲਿਆਂ ਦੇ ਵਿਭਾਗ ਨੇ 550 ਤੋਂ ਵੱਧ ਅੰਤਰਰਾਸ਼ਟਰੀ ਸਹਿਯੋਗਾਂ ਅਤੇ 40 ਤੋਂ ਵੱਧ ਸਪਸ਼ਟੀਕਰਨ ਸਮਝੌਤਿਆਂ 'ਤੇ ਅਧਾਰਤ ਇੱਕ ਮਜ਼ਬੂਤ ਵਿਸ਼ਵਵਿਆਪੀ ਵਾਤਾਵਰਣ ਸਥਾਪਤ ਕੀਤਾ ਹੈ, ਜੋ ਅਕਾਦਮਿਕ ਚਾਲ-ਚਲਣ ਨੂੰ ਸੁਵਿਧਾਜਨਕ ਬਣਾਉਂਦੇ ਹਨ।

# ਰਾਜਪਾਲ ਵੱਲੋਂ ਲੋਕਾਂ ਨੂੰ ਮਹਾਰਾਣਾ ਪ੍ਰਤਾਪ ਦੇ ਆਦਰਸ਼ਾਂ 'ਤੇ ਚੱਲਣ ਦਾ ਸੱਦਾ

**ਬਲਾਚੌਰ (ਜਸਵਿੰਦਰ ਬੈਂਸ)**- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਸ਼ਨੀਵਾਰ ਲੋਕਾਂ, ਖਾਸ ਕਰ ਨੌਜਵਾਨ ਪੀੜ੍ਹੀ ਨੂੰ ਰਾਸ਼ਟਰੀ ਏਕਤਾ, ਅਖੰਡਤਾ ਅਤੇ ਪ੍ਰਭੂਸੱਤਾ ਨੂੰ ਮਜ਼ਬੂਤ ਕਰਨ ਲਈ ਮਹਾਰਾਣਾ ਪ੍ਰਤਾਪ ਵੱਲੋਂ ਦਰਸਾਏ ਮਾਰਗ 'ਤੇ ਚੱਲਣ ਦਾ ਸੱਦਾ ਦਿੱਤਾ। ਬਲਾਚੌਰ ਵਿਖੇ ਮਹਾਰਾਣਾ ਪ੍ਰਤਾਪ ਜਯੰਤੀ ਸਮਾਗਮ ਦੌਰਾਨ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਰਾਜਪਾਲ ਨੇ ਕਿਹਾ ਕਿ ਮਹਾਨ ਰਾਜਪੂਤ ਯੋਧੇ ਦਾ ਜੀਵਨ ਅਤੇ ਕੁਰਬਾਨੀ ਦੇਸ਼ ਭਰ ਵਿੱਚ ਪੀੜ੍ਹੀਆਂ ਨੂੰ ਪ੍ਰੇਰਿਤ ਕਰਦਾ ਰਹੇਗਾ। ਮਾਤ ਭੂਮੀ ਦੀ ਰੱਖਿਆ ਵਿੱਚ ਮਹਾਰਾਣਾ ਪ੍ਰਤਾਪ ਦੇ ਯੋਗਦਾਨ ਨੂੰ ਉਜਾਗਰ ਕਰਦਿਆਂ ਰਾਜਪਾਲ ਨੇ ਕਿਹਾ ਕਿ ਮਹਾਨ ਯੋਧੇ ਨੇ ਮੁਗਲਾਂ ਖਿਲਾਫ਼ ਬਹਾਦਰੀ ਨਾਲ ਲੜਦੇ ਹੋਏ ਆਪਣਾ ਸਮੁੱਚਾ ਜੀਵਨ ਰਾਸ਼ਟਰ ਦੇ ਸਨਮਾਨ ਅਤੇ ਅਖੰਡਤਾ ਦੀ ਰਾਖੀ ਲਈ ਸਮਰਪਤ ਕਰ ਦਿੱਤਾਰਾਜਪਾਲ ਨੇ ਪੰਜਾਬ ਦੀ ਕੁਰਬਾਨੀ ਅਤੇ ਬਹਾਦਰੀ ਦੀ ਸ਼ਾਨਦਾਰ ਵਿਰਾਸਤ ਦੀ ਵੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਪੰਜਾਬ ਦੀ ਧਰਤੀ ਦੇਸ਼ ਅਤੇ ਧਾਰਮਿਕ ਆਜ਼ਾਦੀ ਦੀ ਰਾਖੀ ਵਿੱਚ ਹਮੇਸ਼ਾ ਮੋਹਰੀ ਰਹੀ ਹੈ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਸਿੱਖ ਗੁਰੂ ਅਤੇ ਉਨ੍ਹਾਂ ਦੇ ਪਰਵਾਰ ਵੱਲੋਂ ਦੇਸ਼ ਅਤੇ ਮਨੁੱਖਤਾ ਲਈ ਦਿੱਤੀ ਗਈ ਸਰਬਉੱਚ ਕੁਰਬਾਨੀ ਸਦੀਵੀ ਪ੍ਰੇਰਨਾ ਬਣੀ ਰਹੇਗੀ । ਉਨ੍ਹਾਂ ਕਿਹਾ ਕਿ ਅਜਿਹੇ ਸਮਾਗਮ ਮਹਾਨ ਇਤਿਹਾਸਕ ਸ਼ਖ਼ਸੀਅਤਾਂ ਬਾਰੇ ਜਾਗਰੂਕਤਾ ਫੈਲਾਉਣ ਅਤੇ ਨੌਜਵਾਨਾਂ ਨੂੰ ਉਨ੍ਹਾਂ ਦੇ ਆਦਰਸ਼ ਅਪਣਾਉਣ ਲਈ ਪ੍ਰੇਰਿਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਇਸ ਤੋਂ ਪਹਿਲਾਂ ਰਾਜਪਾਲ ਨੇ ਹੋਰ ਪਤਵੰਤਿਆਂ ਦੇ ਨਾਲ ਸ਼ਮ੍ਹਾ ਰੌਸ਼ਨ ਕਰਕੇ ਸਮਾਗਮ ਦਾ ਉਦਘਾਟਨ ਕੀਤਾ। ਉਨ੍ਹਾਂ ਰਾਜਪੂਤ ਸਭਾ ਬਲਾਚੌਰ ਵੱਲੋਂ ਸ਼ਾਨਦਾਰ ਸ਼ੋਭਾ ਯਾਤਰਾ ਨੂੰ ਝੰਡੀ ਦੇ ਕੇ ਰਵਾਨਾ ਕੀਤਾ, ਜੋ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚੋਂ ਲੰਘੀ। ਰਾਜਪਾਲ ਦਾ ਸਮਾਗਮ ਵਿੱਚ ਪਹੁੰਚਣ 'ਤੇ ਐਮ.ਪੀ. ਸਤਨਾਮ ਸਿੰਘ ਸੰਧੂ, ਵਿਧਾਇਕ ਸੰਤੋਸ਼ ਕਟਾਰੀਆ, ਚੇਅਰਮੈਨ ਪੰਜਾਬ ਰਾਜ ਅਨੁਸੂਚਿਤ ਜਾਤੀ ਕਮਿਸ਼ਨ ਜਸਵੀਰ ਸਿੰਘ ਗੜ੍ਹੀ, ਡੀ.ਆਈ.ਜੀ. ਸਤਿੰਦਰ ਸਿੰਘ, ਐਸ.ਐਸ.ਪੀ. ਤੁਸ਼ਾਰ ਗੁਪਤਾ, ਐਸ.ਡੀ.ਐਮ. ਬਲਾਚੌਰ ਸੁਨੀਲ ਫੋਗਾਟ ਅਤੇ ਰਾਜਪੂਤ ਸਭਾ ਬਲਾਚੌਰ ਦੇ ਪ੍ਰਧਾਨ ਭੁਪਿੰਦਰ ਰਾਣਾ ਅਤੇ ਹੋਰ ਨੁਮਾਇੰਦਿਆਂ ਵੱਲੋਂ ਸਵਾਗਤ ਕੀਤਾ ਗਿਆ। ਸਭਾ ਵੱਲੋਂ ਸਮਾਗਮ ਦੇ ਅਖੀਰ ਵਿੱਚ ਵੀ ਰਾਜਪਾਲ ਨੂੰ ਸਨਮਾਨਿਤ ਕੀਤਾ ਗਿਆ।



# ਪ੍ਰੈੱਸ ਕਲੱਬ ਸ਼ਾਹਕੋਟ ਦੇ ਪ੍ਰਧਾਨ ਬਣੇ ਅਰਸ਼ਦੀਪ ਸਿੰਘ



**ਸ਼ਾਹਕੋਟ (ਪੱਤਰ ਪ੍ਰੇਰਕ)**- ਪ੍ਰੈੱਸ ਕਲੱਬ ਸ਼ਾਹਕੋਟ ਦੀ ਅਹਿਮ ਮੀਟਿੰਗ ਗਿਆਨ ਸੈਦਪੁਰੀ ਦੀ ਅਗਵਾਈ ਹੇਠ ਹੋਈ। ਮੀਟਿੰਗ ਵਿਚ ਪੱਤਰਕਾਰ ਭਾਈਚਾਰੇ ਨਾਲ ਸਬੰਧਤ ਅਹਿਮ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕਰਨ ਦੇ ਨਾਲ-ਨਾਲ ਕਲੱਬ ਦੀ ਨਵੀਂ ਕਾਰਜਕਾਰਨੀ ਦੀ ਚੋਣ ਵੀ ਸਰਬਸੰਮਤੀ ਨਾਲ ਕੀਤੀ ਗਈ। ਮੀਟਿੰਗ ਦੌਰਾਨ ਸਮੂਹ ਮੈਂਬਰਾਂ ਵੱਲੋਂ ਸਰਬਸੰਮਤੀ ਨਾਲ ਫੈਸਲਾ ਲੈਂਦਿਆਂ ਅਰਸ਼ਦੀਪ ਸਿੰਘ ਮਲਸੀਆਂ ਨੂੰ ਇਕ ਸਾਲ ਲਈ ਪ੍ਰੈੱਸ ਕਲੱਬ ਦਾ ਨਵਾਂ ਪ੍ਰਧਾਨ ਚੁਣ ਲਿਆ ਗਿਆ। ਇਸ ਤੋਂ ਇਲਾਵਾ ਅਰੁਣ ਚੋਪੜਾ ਨੂੰ ਸੀਨੀਅਰ ਮੀਤ ਪ੍ਰਧਾਨ, ਗੁਰਮੀਤ ਸਿੰਘ ਕੋਟਲੀ ਨੂੰ ਜਨਰਲ ਸਕੱਤਰ ਅਤੇ ਸੁਰਿੰਦਰ ਸਿੰਘ ਪਦਮ ਨੂੰ ਵਿੱਤ ਸਕੱਤਰ ਚੁਣਿਆ ਗਿਆ। ਇਸ ਮੌਕੇ ਹਾਜ਼ਰ ਮੈਂਬਰਾਂ ਨੇ ਚੁਣੀ ਹੋਈ ਨਵੀਂ ਬਾਡੀ ਨੂੰ ਵਧਾਈ ਦਿੱਤੀ। ਨਵ-ਨਿਯੁਕਤ ਅਹੁਦੇਦਾਰਾਂ ਨੇ ਭਰੋਸਾ ਦਿਵਾਇਆ ਕਿ ਉਹ ਪੱਤਰਕਾਰ ਭਾਈਚਾਰੇ ਦੀ ਭਲਾਈ ਅਤੇ ਪ੍ਰੈਸ ਕਲੱਬ ਦੀ ਤਰੱਕੀ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਾਬਕਾ ਪ੍ਰਧਾਨ ਪ੍ਰਿਤਪਾਲ ਸਿੰਘ, ਸੋਨੂੰ ਮਿੱਤਲ, ਦਲਜੀਤ ਸਿੰਘ ਸਚਦੇਵਾ, ਡਾ. ਨਗਿੰਦਰ ਸਿੰਘ ਬਾਂਸਲ, ਗੁਰਨਾਮ ਸਿੰਘ ਨਿਧੜਕ, ਸਿਦਕਪ੍ਰੀਤ ਸਿੰਘ ਸਚਦੇਵਾ, ਰਣਜੀਤ ਬਹਾਦਰ, ਮਿਹਰਜੋਤ ਸਿੰਘ ਆਦਿ ਹਾਜ਼ਰ ਸਨ।

# ਚੋਰਾਂ ਨੇ ਮੋਟਰਾਂ 'ਤੇ ਲੱਗੇ ਟਰਾਂਸਫਾਰਮਰਾਂ ਨੂੰ ਬਣਾਇਆ ਨਿਸ਼ਾਨਾ

**ਅੱਡਾ ਸਰਾਂ (ਜਸਵੀਰ ਕਾਜਲ)**- ਹਰਿਆਣੇ ਨੇੜੇ ਪੈਂਦੇ ਪਿੰਡ ਗੋਰਾਇਆਂ ਵਿਖੇ ਮੋਟਰਾਂ ਤੇ ਲੱਗੇ ਟਰਾਂਸਫਾਰਮ ਵਿੱਚੋਂ ਤੇਲ ਅਤੇ ਤਾਂਬਾ ਚੋਰੀ ਕਰਨ ਦੀ ਜਾਣਕਾਰੀ ਪ੍ਰਾਪਤ ਹੋਈ ਹੈ। ਗੋਰਾਇਆ ਦੇ ਸਰਪੰਚ ਕੁਲਵਿੰਦਰ ਕੌਰ, ਮਾਸਟਰ ਗੁਰਦਿਆਲ ਸਿੰਘ, ਸੁਖਦੇਵ ਸਿੰਘ ਅਤੇ ਸਰਬਜੀਤ ਸਿੰਘ ਦੀ ਜਾਣਕਾਰੀ ਦੇਣ ਮੁਤਾਬਿਕ ਪਿੰਡ ਗੋਰਾਇਆ ਦੇ



ਵਸਨੀਕ ਹਰਭਜਨ ਸਿੰਘ ਦੀ ਮੋਟਰ , ਸ਼ਿੰਗਾਰਾ ਸਿੰਘ ਸ਼ਹਾਬਦੀ ਦੀ ਜਮੀਨ ਗੋਰਾਇਆ , ਤਰਲੋਕ ਸਿੰਘ ਗੋਨੀ ਪਿੰਡ ਨੂਰਪੁਰ ਜਮੀਨ ਗੋਰਾਇਆ ਤੋਂ ਬਿਜਲੀ ਵਾਲੇ ਟਰਾਂਸਫਾਰਮ ਵਿੱਚੋਂ ਤੇਲ ਅਤੇ ਤਾਂਬਾ ਕੱਢ ਚੋਰੀ ਕਰਕੇ ਲੈ ਗਏ। ਜਾਣਕਾਰੀ ਹਿਤ ਚੋਰਾਂ ਨੇ ਨਜ਼ਦੀਕ ਪੈਂਦੀ ਮੋਟਰ ਉਪਰ ਬਿਜਲੀ ਦੀਆਂ ਤਾਰਾਂ ਨੂੰ ਅੱਗ ਲਗਾਈ ਗਈ ਅਤੇ ਤਾਂਬਾ ਕੱਢ ਚੋਰੀ ਕਰਕੇ ਲੈ ਗਏ। ਇਸ ਦੀ ਜਾਣਕਾਰੀ ਪੁਲਿਸ ਚੌਕੀ ਭੂੰਗਾ ਨੂੰ ਦੇ ਦਿੱਤੀ ਹੈ ਪੁਲਿਸ ਅਧਿਕਾਰੀਆਂ ਵੱਲੋਂ ਮੌਕਾ ਦੇਖਿਆ ਗਿਆ ਅਤੇ ਸ਼ਿਕਾਇਤ ਦਰਜ ਕਰ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

# ਬੀ ਕੇ ਇੰਟਰਨੈਸ਼ਨਲ ਸਕੂਲ ਤੇ ਬਾਬੇ ਕੇ ਸਕੂਲ 'ਚ ਮਨਾਇਆ ਮਦਰ ਡੇ

**ਲੋਹੀਆਂ ਖਾਸ (ਯੋਗੇਸ਼ਵਰ)**- ਬੀ.ਕੇ ਇੰਟਰਨੈਸ਼ਨਲ ਕਾਨਵੇਂਟ ਸਕੂਲ ਅਤੇ ਬਾਬੇ ਕੇ ਸੀਨੀਅਰ ਸੈਕੰਡਰੀ ਸਕੂਲ, ਵਾੜਾ ਜੋਧ ਸਿੰਘ ਵਿਖੇ ਮਦਰ ਡੇ ਨੂੰ ਸਮਰਪਿਤ ਵਿਸ਼ੇਸ਼ ਗਤੀਵਿਧੀਆਂ ਕਰਵਾਈਆਂ ਗਈਆਂ ਜਿਸ ਵਿੱਚ ਵਿਦਿਆਰਥੀਆਂ ਨੂੰ ਮਦਰ ਡੇ ਦੇ ਮਹੱਤਵ ਬਾਰੇ ਜਾਣਕਾਰੀ ਦਿੱਤੀ ਗਈ। ਵਿਦਿਆਰਥੀਆਂ ਨੇ ਮਾਤਾ ਪ੍ਰਤੀ ਆਪਣੇ ਪਿਆਰ ਅਤੇ ਆਦਰ ਨੂੰ ਵੱਖ-ਵੱਖ ਗਤੀਵਿਧੀਆਂ ਰਾਹੀਂ ਪ੍ਰਗਟ ਕੀਤਾ। ਵਿਸ਼ੇਸ਼ ਅਸੈਂਬਲੀ ਵਿੱਚ ਵਿਦਿਆਰਥੀਆਂ ਨੇ ਮਾਂ ਨੂੰ ਸਮਰਪਤ ਭਾਵਪੂਰਨ ਕਵਿਤਾਵਾਂ ਪੇਸ਼ ਕੀਤੀਆਂ। ਕਿੰਡਰ ਗਾਰਟਨ ਦੇ ਨੰਨ੍ਹੇ ਮੁੰਨੇ ਵਿਦਿਆਰਥੀਆਂ ਨੇ ਆਪਣੀ ਮਾਤਾ ਦੀ ਫੋਟੋ ਦੇ ਨਾਲ ਸੁੰਦਰ ਕੋਲਾਜ ਬਣਾਇਆ। ਸੀਨੀਅਰ ਵਿਦਿਆਰਥੀਆਂ ਨੇ ਕਲਾਤਮਕ ਫੋਟੋ ਫਰੇਮ ਅਤੇ ਕਾਰਡ ਬਣਾ ਕੇ ਆਪਣੀ ਕਲਾ ਦਾ ਪ੍ਰਦਰਸ਼ਨ ਕੀਤਾ। ਇਸ ਮੌਕੇ ਸਕੂਲ ਦੇ ਡਾਇਰੈਕਟਰ ਸਦਾਮ ਖਾਨ, ਡਿਪਟੀ ਡਾਇਰੈਕਟਰ ਸਰਗਮ ਥਿੰਦ ਅਤੇ ਪ੍ਰਿੰਸੀਪਲ ਨੀਤੀਮਾ ਪੁਰੀ ਨੇ ਵਿਦਿਆਰਥੀਆਂ ਨੂੰ ਸੰਦੇਸ਼ ਦਿੰਦੇ ਕਿਹਾ ਕਿ ਹਰ ਦਿਨ ਹੀ ਮਾਂ ਦਾ ਦਿਨ ਹੁੰਦਾ ਹੈ, ਇਸ ਲਈ ਸਾਨੂੰ ਆਪਣੇ ਮਾਤਾ ਦੇ ਆਗਿਆਕਾਰੀ ਬਣ ਕੇ ਉਹਨਾਂ ਵੱਲੋਂ ਦਿੱਤੇ ਗਏ ਸੰਸਕਾਰਾਂ ਤੇ ਚੱਲਣਾ ਚਾਹੀਦਾ ਹੈ ਅਤੇ ਉਹਨਾਂ ਨੂੰ ਸਤਿਕਾਰ ਦੇਣਾ ਚਾਹੀਦਾ ਹੈ।




# ਕੁਲਵੰਤ ਸਿੰਘ ਨੇ ਬੱਸਾਂ ਨੂੰ ਕੀਤਾ ਹਰੀ ਝੰਡੀ ਦੇ ਕੇ ਰਵਾਨਾ

**ਮੋਹਾਲੀ (ਗੁਰਜੀਤ ਬਿੱਲਾ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ ਸ਼ਨੀਵਾਰ ਮੋਹਾਲੀ ਤੋਂ 2 ਬੱਸਾਂ ਨੂੰ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਰਵਾਨਾ ਕੀਤਾ ਗਿਆ, ਵਿਧਾਨ ਸਭਾ ਹਲਕਾ ਮੋਹਾਲੀ ਅਧੀਨ ਪੈਂਦੇ ਪਿੰਡ ਬੱਲੋਮਾਜਰਾ ਅਤੇ ਜੁਝਾਰ ਨਗਰ ਤੋਂ ਸ਼ਰਧਾਲੂਆਂ ਨਾਲ ਭਰੀਆਂ ਇਹਨਾਂ ਬੱਸਾਂ ਨੂੰ ਵਿਧਾਇਕ ਕੁਲਵੰਤ ਸਿੰਘ ਹੋਰਾਂ ਦੀ ਤਰਫੋਂ ਹਰੀ ਝੰਡੀ ਦੇ ਕੇ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਰਵਾਨਾ ਕੀਤਾ ਗਿਆ। ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਉਹ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੀ ਸ਼ੁਰੂਆਤ ਕਰਨ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਹੋਰਾਂ ਦਾ ਧੰਨਵਾਦ ਕਰਦੇ ਹਨ, ਕਿਉਂਕਿ ਇਸ ਯੋਜਨਾ ਨੂੰ ਲੈ ਕੇ ਪੰਜਾਬ ਭਰ ਦੇ ਸੀਨੀਅਰ ਸਿਟੀਜ਼ਨ ਦੇ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ।



# ਸਬ-ਇੰਸਪੈਕਟਰ ਸੁਖਜਿੰਦਰ ਸਿੰਘ ਨੇ ਸੰਭਾਲਿਆ ਲੋਹੀਆਂ ਖਾਸ ਥਾਣਾ ਮੁਖੀ ਦਾ ਚਾਰਜ

**ਲੋਹੀਆਂ ਖਾਸ (ਯੋਗੇਸਵਰ, ਰੀਨਾ ਸ਼ਰਮਾ)**- ਸਬ ਇੰਸਪੈਕਟਰ ਕ੍ਰਿਸ਼ਨ ਗੋਪਾਲ ਦਾ ਤਬਾਦਲਾ ਹੋ ਜਾਣ ਤੋਂ ਬਾਅਦ ਨਵੇਂ ਆਏ ਨਵ-ਨਿਯੁਕਤ ਥਾਣਾ ਮੁਖੀ ਸਬ-ਇੰਸਪੈਕਟਰ ਸੁਖਜਿੰਦਰ ਸਿੰਘ ਨੇ ਥਾਣਾ ਲੋਹੀਆਂ ਖਾਸ ਦਾ ਥਾਣਾ ਮੁਖੀ ਵਜੋਂ ਚਾਰਜ ਸੰਭਾਲ ਲਿਆ ਹੈ। ਇਸ ਮੌਕੇ ਚਾਰਜ ਸੰਭਾਲਣ ਤੋਂ ਬਾਅਦ ਨਵੇਂ ਆਏ ਥਾਣਾ ਮੁਖੀ ਸਬ-ਇੰਸਪੈਕਟਰ ਸੁਖਜਿੰਦਰ ਸਿੰਘ ਨੇ ਆਪਣੇ ਥਾਣੇ ਦੇ ਮੁਲਾਜ਼ਮਾਂ ਨਾਲ ਮੁਲਾਕਾਤ ਕੀਤੀ ਅਤੇ ਥਾਣੇ ਦੇ ਮੁਲਾਜਮਾਂ ਵੱਲੋਂ ਉਨ੍ਹਾਂ ਨੂੰ ਵਧਾਈ ਵੀ ਦਿੱਤੀ ਗਈ। ਇਸ ਮੌਕੇ ਸਬ-ਇੰਸਪੈਕਟਰ ਸੁਖਜਿੰਦਰ ਸਿੰਘ ਨੇ ਮੀਡੀਆ ਨੂੰ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਸ਼ਰਾਰਤੀ ਅਨਸਰਾਂ ਅਤੇ ਨਸ਼ਾ ਤਸਕਰਾਂ ਅਤੇ ਚੋਰਾਂ ਨੂੰ ਸਖਤ ਹਦਾਇਤਾਂ ਦਿੰਦੇ ਹੋਏ ਕਿਹਾ ਕਿ ਜੇ ਕਿਸੇ ਨੇ ਵੀ ਇਲਾਕੇ ਦਾ ਮਾਹੌਲ ਖਰਾਬ ਕੀਤਾ ਜਾਂ ਲੋਕਾਂ ਨੂੰ ਪ੍ਰੇਸ਼ਾਨ ਕੀਤਾ ਤੇ ਉਸ ਉਪਰ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇਗੀ। ਸਬ-ਇੰਸਪੈਕਟਰ ਸੁਖਜਿੰਦਰ ਸਿੰਘ ਨੇ ਕਿਹਾ ਕਿ ਥਾਣੇ ਅੰਦਰ ਆਉਣ ਵਾਲੇ ਹਰ ਵਿਅਕਤੀ ਦਾ ਪੂਰਾ ਮਾਣ-ਸਤਿਕਾਰ ਕੀਤਾ ਜਾਵੇਗਾ ਤੇ ਉਨ੍ਹਾਂ ਦੀਆਂ ਮੁਸ਼ਕਲਾਂ ਨੂੰ ਪਹਿਲ ਦੇ ਆਧਾਰ 'ਤੇ ਸੁਣਿਆ ਜਾਵੇਗਾ ਅਤੇ ਬਜ਼ਾਰ ਦੇ ਟ੍ਰੈਫਿਕ ਨੂੰ ਸੁਚਾਰੂ ਢੰਗ ਨਾਲ ਕੰਟਰੋਲ ਕੀਤਾ ਜਾਵੇਗਾ।



# ਜਿੰਪਾ ਨੇ ਵਾਰਡ ਨੰਬਰ 7 'ਚ ਗਲੀਆਂ ਦੇ ਨਿਰਮਾਣ ਕਾਰਜ ਦੀ ਕਰਵਾਈ ਸ਼ੁਰੂਆਤ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸ਼ਹਿਰ ਦੇ ਵਿਕਾਸ ਨੂੰ ਗਤੀ ਦਿੰਦੇ ਹੋਏ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਵਾਰਡ ਨੰਬਰ 7 ਵਿੱਚ ਲਗਭਗ 14 ਲੱਖ ਰੁਪਏ ਦੀ ਲਾਗਤ ਨਾਲ ਗਲੀਆਂ ਦੇ ਨਿਰਮਾਣ ਕਾਰਜ



ਦੀ ਸ਼ੁਰੂਆਤ ਕਰਵਾਈ। ਇਸ ਮੌਕੇ ਇਲਾਕੇ ਦੇ ਲੋਕਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ ਅਤੇ ਸਥਾਨਕ ਨਿਵਾਸੀਆਂ ਨੇ ਇਸ ਲੰਬੇ ਸਮੇਂ ਤੋਂ ਲਟਕ ਰਹੇ ਪ੍ਰੋਜੈਕਟ ਦੇ ਸ਼ੁਰੂ ਹੋਣ 'ਤੇ ਆਪਣੀ ਖੁਸ਼ੀ ਦਾ ਪ੍ਰਗਟਾਵਾ ਕੀਤਾ। ਸਮਾਗਮ ਦੌਰਾਨ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਪੰਜਾਬ ਸਰਕਾਰ ਸ਼ਹਿਰ ਦੇ ਹਰ ਵਾਰਡ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਯਤਨਸ਼ੀਲ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਬਿਹਤਰ ਸੜਕਾਂ, ਸਵੱਛਤਾ ਅਤੇ ਆਰਾਮਦਾਇਕ ਵਾਤਾਵਰਣ ਪ੍ਰਦਾਨ ਕਰਨਾ ਸਰਕਾਰ ਦੀ ਤਰਜੀਹ ਹੈ।ਜਿੰਪਾ ਨੇ ਕਿਹਾ ਕਿ ਵਾਰਡ ਨੰਬਰ 7 ਵਿੱਚ ਗਲੀਆਂ ਦੇ ਨਿਰਮਾਣ ਨਾਲ ਲੋਕਾਂ ਨੂੰ ਕਾਫ਼ੀ ਰਾਹਤ ਮਿਲੇਗੀ, ਖਾਸ ਕਰਕੇ ਬਰਸਾਤ ਦੇ ਮੌਸਮ ਦੌਰਾਨ ਪਾਣੀ ਭਰਨ ਅਤੇ ਟੁੱਟੀਆਂ ਸੜਕਾਂ ਦੀ ਸਮੱਸਿਆ ਦੂਰ ਹੋਵੇਗੀ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਨਿਰਮਾਣ ਕਾਰਜ ਨਿਰਧਾਰਤ ਸਮਾਂ ਸੀਮਾ ਦੇ ਅੰਦਰ ਗੁਣਵੱਤਾ ਦੇ ਨਾਲ ਪੂਰਾ ਕੀਤਾ ਜਾਵੇ ਤਾਂ ਜੋ ਲੋਕਾਂ ਨੂੰ ਜਲਦੀ ਤੋਂ ਜਲਦੀ ਸਹੂਲਤਾਂ ਮਿਲ ਸਕਣ। ਉਨ੍ਹਾਂ ਕਿਹਾ ਕਿ ਜਨਤਾ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾ ਰਿਹਾ ਹੈ। ਇਸ ਸਮਾਗਮ ਦੌਰਾਨ ਮੇਅਰ ਸੁਰਿੰਦਰ ਕੁਮਾਰ, ਕੌਂਸਲਰ ਨਰਿੰਦਰ ਕੌਰ, ਮਨਜੀਤ ਸਿੰਘ ਸਮੇਤ ਹੋਰ ਪਤਵੰਤੇ ਅਤੇ ਵੱਡੀ ਗਿਣਤੀ ਵਿੱਚ ਸਥਾਨਕ ਨਿਵਾਸੀ ਮੌਜੂਦ ਸਨ।

# ਭਾਜਪਾ ਹੋ ਰਹੀ ਆਦਮਪੁਰ 'ਚ ਮਜ਼ਬੂਤ : ਅਮਰੀ

**ਆਦਮਪੁਰ, (ਪਰਮਜੀਤ ਸਿੰਘ)**- ਆਦਮਪੁਰ ਦੋਆਬਾ ਵਿਖੇ ਮੰਡਲ ਪ੍ਰਧਾਨ ਪਰਮਿੰਦਰ ਕੁਮਾਰ ਰਾਣਾ ਤੇ ਐਸ.ਸੀ. ਵਿੰਗ ਜਲੰਧਰ ਦਿਹਾਤੀ ਦੇ ਉੱਪ ਪ੍ਰਧਾਨ ਸ਼ਿਵ ਕੁਮਾਰ ਗੋਰਾ ਦੀ ਅਗਵਾਈ 'ਚ ਭਾਜਪਾ ਆਗੂ ਆਦਮਪੁਰ ਸ਼ਹਿਰ ਦੀਆਂ 13



ਵਾਰਡਾਂ 'ਚ ਦਿਨ-ਰਾਤ ਇਕ ਕਰ ਪਾਰਟੀ ਲਈ ਮਿਹਨਤ ਕਰ ਰਹੇ ਹਨ, ਜਿਸ ਨਾਲ ਭਾਜਪਾ ਆਦਮਪੁਰ ਸ਼ਹਿਰ 'ਚ ਬਹੁਤ ਮਜ਼ਬੂਤ ਹੋ ਰਹੀ ਹੈ ਅਤੇ ਆਉਣ ਵਾਲੀਆਂ ਨਗਰ ਕੌਂਸਲ ਚੋਣਾਂ 'ਚ ਭਾਜਪਾ ਵਿਰੋਧੀ ਪਾਰਟੀਆਂ ਨੂੰ ਭਾਰੀ ਟੱਕਰ ਦੇਵੇਗੀ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਆਦਮਪੁਰ ਦੇ ਵਾਰਡ ਨੰਬਰ 2 ਤੇ 3 'ਚ ਸ਼ਿਵ ਕੁਮਾਰ ਗੋਰਾ ਤੇ ਪਰਮਿੰਦਰ ਰਾਣਾ ਦੀ ਅਗਵਾਈ 'ਚ ਹੋਈ ਮੀਟਿੰਗ ਦੌਰਾਨ ਇਲੈਕਸ਼ਨ ਇੰਚਾਰਜ ਆਦਮਪੁਰ ਅਮਰਜੀਤ ਸਿੰਘ ਅਮਰੀ ਨੇ ਕੀਤਾ। ਉਨ੍ਹਾਂ ਕਿਹਾ ਕਿ ਜਦੋਂ ਤੋਂ ਪਾਰਟੀ ਹਾਈਕਮਾਂਡ ਨੇ ਉਨ੍ਹਾਂ ਨੂੰ ਆਦਮਪੁਰ ਦਾ ਇੰਚਾਰਜ ਲਾਇਆ ਹੈ, ਉਹ ਹਰ ਵਾਰਡ 'ਚ ਲੋਕਾਂ ਤੇ ਪਾਰਟੀ ਵਰਕਰਾਂ ਨਾਲ ਮੀਟਿੰਗਾਂ ਕਰ ਰਹੇ ਹਨ ਤੇ ਆਦਮਪੁਰ ਸ਼ਹਿਰ ਦੇ ਲੋਕ ਉਨ੍ਹਾਂ ਨੂੰ ਭਰੋਸਾ ਦੇ ਰਹੇ ਹਨ ਕਿ ਉਨ੍ਹਾਂ ਨੇ ਸਾਰੀਆਂ ਪਾਰਟੀਆਂ ਨੂੰ ਮੌਕਾ ਦੇ ਕੇ ਦੇਖ ਲਿਆ ਪਰ ਜੋ ਕੰਮ ਭਾਰਤ ਦੇ ਪ੍ਰਧਾਨ ਮੰਤਰੀ ਕਰ ਰਹੇ ਹਨ ਉਨ੍ਹਾਂ ਦੀਆਂ ਵਿਕਾਸ ਪੱਖੀ ਨੀਤੀਆਂ ਨੂੰ ਦੇਖਦੇ ਹੋਏ ਉਹ ਹੁਣ ਆਦਮਪੁਰ 'ਚ ਇਕ ਮੌਕਾ ਭਾਜਪਾ ਨੂੰ ਦੇਣਗੇ । ਅਮਰੀ ਨੇ ਸ਼ਹਿਰ ਨਿਵਾਸੀਆਂ ਨੂੰ ਭਰੋਸਾ ਦਿੱਤਾ ਕੇ ਜੇਕਰ ਨਗਰ ਕੌਂਸਲ ਤੇ ਭਾਜਪਾ ਦਾ ਪ੍ਰਧਾਨ ਬਣਿਆ ਤਾਂ ਉਹ ਕੇਂਦਰ ਸਰਕਾਰ ਤੋਂ ਗ੍ਰਾਂਟਾਂ ਲਿਆ ਕੇ ਆਦਮਪੁਰ ਸ਼ਹਿਰ ਦੀ ਨੁਹਾਰ ਬਦਲਣ 'ਚ ਕੋਈ ਕਸਰ ਨਹੀਂ ਛੱਡਣਗੇ।ਇਸ ਮੌਕੇ ਬਾਬਾ ਦਲੀਪ ਸਾਈਂ, ਹਰੀਸ਼ ਚੰਦਰ ਸਪੋਕਸਪਰਸਨ ਭਾਜਪਾ, ਕੁਲਵਿੰਦਰ ਪ੍ਰਧਾਨ ਭੋਗਪੁਰ, ਜਨਰਲ ਸਕੱਤਰ ਰਾਮਨਾਥ, ਗਿਆਨ ਚੰਦ, ਨੀਰਜ ਸ਼ਰਮਾ ਉੱਪਪ੍ਰਧਾਨ, ਅਮਿਤ ਸ਼ਰਮਾ, ਦਿਨੇਸ਼ ਗਾਂਧੀ, ਸੋਨਾਲੀ, ਲਕਸ਼ਮੀ, ਦੀਪੂ, ਦਿਸ਼ਾਂਤ, ਮੋਹਿਤ, ਰਮਨ ਤੇ ਹੋਰ ਪਾਰਟੀ ਵਰਕਰ ਹਾਜ਼ਰ ਸਨ ।

# ਖੂਨਦਾਨ ਕੈਂਪ 'ਚ 51 ਯੂਨਿਟ ਖੂਨ ਇਕੱਤਰ

**ਜਲੰਧਰ (ਸੁਰਿੰਦਰ ਕੁਮਾਰ, ਸ਼ੈਲੀ ਐਲਬਰਟ)**- ਵਿਸ਼ਵ ਰੈੱਡ ਕਰਾਸ ਦਿਵਸ ਮੌਕੇ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਦੇ ਸਹਿਯੋਗ ਨਾਲ ਡੀ ਏ ਵੀ ਕਾਲਜ ਜਲੰਧਰ ਵੱਲੋਂ ਕਾਲਜ ਕੈਂਪਸ ਵਿੱਚ ਖੂਨਦਾਨ ਕੈਂਪ ਲਗਾਇਆ ਗਿਆ, ਜਿਸ ਵਿੱਚ 51 ਯੂਨਿਟ ਖੂਨ ਇਕੱਤਰ ਕੀਤਾ ਗਿਆ।ਕੈਂਪ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਤੇਜਦੀਪ ਸਿੰਘ ਸੈਣੀ ਨੇ ਕਿਹਾ ਕਿ ਖੂਨ ਦਾਨ ਕਰਨਾ ਮਨੁੱਖਤਾ ਦੀ ਸਭ ਤੋਂ ਵੱਡੀ ਸੇਵਾ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਕਿਸੇ ਦੀ ਕੀਮਤੀ ਜਾਨ ਬਚਾਈ ਜਾ ਸਕਦੀ ਹੈ।ਰੈਡ ਕਰਾਸ ਸੁਸਾਇਟੀ ਅਤੇ ਕਾਲਜ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਵਧੀਕ ਡਿਪਟੀ ਕਮਿਸ਼ਨਰ ਨੇ ਵਿਦਿਆਰਥੀਆਂ ਨੂੰ ਅਜਿਹੇ ਨੇਕ ਕਾਰਜਾਂ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।

# ਮੀਨਾ ਸੂੰਢ ਹਲਕਾ ਇੰਚਾਰਜ ਨਿਯੁਕਤ

**ਬੰਗਾ (ਅਵਤਾਰ ਕਲੇਰ)**- ਆਲ ਇੰਡੀਆ ਕਾਂਗਰਸ ਕਮੇਟੀ ਨੇ ਦੇ ਪ੍ਰਧਾਨ ਖੜਗੇ ਦੇ ਦਿਸ਼ਾ ਨਿਰਦੇਸ਼ਾ ਤਹਿਤ ਪੰਜਾਬ ਕਾਂਗਰਸ ਦੇ ਪ੍ਰਧਾਨ ਰਾਜਾ ਵੜਿੰਗ ਨੇ ਬੰਗਾ ਹਲਕੇ ਦੇ ਸਾਬਕਾ ਵਿਧਾਇਕ ਸਵਰਗੀ ਚੌਧਰੀ ਤਰਲੋਚਨ ਸਿੰਘ ਸੂੰਢ ਦੀ ਧਰਮਪਤਨੀ ਬੀਬੀ ਮੀਨਾ ਸੂੰਢ ਨੂੰ ਬੰਗਾ ਹਲਕੇ ਦਾ ਇੰਚਾਰਜ ਨਿਯੁਕਤ ਕੀਤਾ ਹੈ। ਉਨ੍ਹਾਂ ਦੇ ਨਿਵਾਸ ਅਸਥਾਨ ਬੰਗਾ ਵਿਖੇ ਕਾਂਗਰਸੀ ਆਗੂ ਵਧਾਈਆਂ ਦੇਣ ਪਹੁੰਚੇ। ਬੀਬੀ ਮੀਨਾ ਸੂੰਢ ਨੇ ਕਾਂਗਰਸੀ ਆਗੂਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਜੋ ਕਾਂਗਰਸ ਪਾਰਟੀ ਨੇ ਮੈਨੂੰ ਵੱਡੀ ਜ਼ੁੰਮੇਵਾਰੀ ਦਿੱਤੀ ਹੈ ਮੈਂ ਬਾਖੂਬੀ ਨਿਭਾਵਾਂਗੀ ਤੇ 2027 ਵਿਧਾਨ ਸਭਾ ਦੀਆਂ ਚੋਣਾਂ ਵਿੱਚ ਬੰਗਾ ਤੋਂ ਸੀਟ ਜਿੱਤ ਕੇ ਕਾਂਗਰਸ ਦੀ ਝੋਲੀ ਵਿੱਚ ਪਾਵਾਂਗੇ।ਇਸ ਮੌਕੇ ਬੰਗਾ ਬਲਾਕ ਕਾਂਗਰਸ ਪਾਰਟੀ ਦੇ ਪ੍ਰਧਾਨ ਕੁਲਵਰਨ ਸਿੰਘ ਥਾਂਦੀਆਂ, ਜਸਵਿੰਦਰ ਮੱਟੂ ਫਰਾਲਾ, ਹੁਸਨ ਸਿੰਘ ਘੁੰਮਣ, ਸਤਨਾਮ ਸਿੰਘ ਖਾਨਖਾਨਾ, ਸੋਖੀ ਰਾਮ ਬੱਜੋ, ਅਮਰਜੀਤ ਕਲਸੀ ਪ੍ਰਧਾਨ ਸੇਵਾਦਲ ਕਾਂਗਰਸ ਬਲਾਕ ਬੰਗਾ, ਰਜਿੰਦਰ ਸ਼ਰਮਾ, ਹਰਵੰਤ ਸਿੰਘ ਮਕਸੂਦਪੁਰ, ਡਾ ਨਰੰਜਣ ਪਾਲ, ਰਾਮ ਦਾਸ ਬਲਾਕ ਪ੍ਰਧਾਨ ਔੜ, ਡਾ ਸ਼ਾਦੀ ਲਾਲ ਸਹਾਲ ਕਾਜ਼ੀਆਂ, ਰੂਪ ਲਾਲ ਚੇਤਾ ਸਾਬਕਾ ਸਰਪੰਚ, ਠੇਕੇਦਾਰ ਮੱਖਣ ਸਿੰਘ ਪੀਪਾ ਰੰਗੀ, ਬੀਬੀ ਰਸ਼ਪਾਲ ਕੌਰ ਸਰਪੰਚ ਤਲਵੰਡੀ ਜੱਟਾਂ, ਰੂਪ ਲਾਲ ਸੂੰਢ, ਸੁਰਜੀਤ ਕਲਸੀ, ਜਸਵੀਰ ਸ਼ੀਰਾ ਸੰਧਵਾਂ, ਇਰਵਨ ਰੱਤੂ, ਮਹਾਂਵੀਰ ਮੇਹਲੀ, ਗੁਰਦੀਪ ਸਿੰਘ ਸੈਂਹਬੀ, ਹਰਦੀਪ ਕੁਮਾਰ ਪੰਚ ਤਲਵੰਡੀ ਜੱਟਾਂ,ਗਿਆਨ ਚੰਦ ਨੰਬਰਦਾਰ ਆਦਿ ਹਾਜ਼ਰ ਸਨ।



# ਪੈਨਸ਼ਨਰਾਂ ਨੂੰ ਡੀ ਏ ਦੀ 18 ਫੀਸਦੀ ਅਦਾਇਗੀ ਤੁਰੰਤ ਕਰੇ ਸਰਕਾਰ : ਸ਼ਰਮਾ

**ਮੋਹਾਲੀ (ਗੁਰਜੀਤ ਬਿੱਲਾ)**- ਪੈਨਸ਼ਨਰਾਂ ਅਤੇ ਮੁਲਾਜ਼ਮਾਂ ਦੀਆਂ ਹੱਕੀ ਅਤੇ ਭਖਵੀਆਂ ਮੰਗਾਂ ਦਾ ਤੁਰੰਤ ਨਿਪਟਾਰਾ ਕਰਨ ਦਾ ਭਰੋਸਾ ਦੇ ਕੇ ਸੱਤਾ 'ਤੇ ਕਾਬਜ਼ ਹੋਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਕਰੀਬ ਸਾਢੇ ਚਾਰ ਸਾਲ ਬੀਤ ਜਾਣ ਉਪਰੰਤ ਵੀ ਪੰਜਾਬ ਦੇ ਸਮੂਹ ਪੈਨਸ਼ਨਰ ਅਤੇ ਮੁਲਾਜ਼ਮ ਆਪਣੀਆਂ ਮੰਗਾਂ ਦੇ ਹੱਲ ਲਈ ਦਰ-ਦਰ ਦੀਆਂ ਠੋਕਰਾਂ ਖਾਣ ਲਈ ਮਜਬੂਰ ਹਨ। ਸ਼ਨੀਵਾਰ ਮੋਹਾਲੀ ਪ੍ਰੈਸ ਕਲੱਬ ਵਿਖੇ ਇਕ ਪ੍ਰੈਸ ਕਾਨਫਰੰਸ ਦੌਰਾਨ ਪੰਜਾਬ ਸਿਵਲ ਸਕੱਤਰੇਤ ਰਿਟਾਇਰਡ ਅਫਸਰ ਐਸੋਸੀਏਸ਼ਨ ਦੇ ਪ੍ਰਧਾਨ ਸ਼ਿਆਮ ਲਾਲ ਸ਼ਰਮਾ ਨੇ ਦੱਸਿਆ ਕਿ ਇਸ ਸਮੇਂ ਪੰਜਾਬ ਸਰਕਾਰ ਦੇ ਪੈਨਸ਼ਨਰਾਂ ਨੂੰ ਕੇਂਦਰ ਅਤੇ ਆਪਣੇ ਗੁਆਂਢੀ ਰਾਜਾਂ ਦੇ ਪੈਨਸ਼ਨਰਾਂ/ਕਰਮਚਾਰੀਆਂ ਤੋਂ 18 ਫੀਸਦੀ ਘੱਟ ਡੀ.ਏ. ਮਿਲ ਰਿਹਾ ਹੈ। ਜਦਕਿ ਸਰਕਾਰ ਵੱਲੋਂ ਪੈਨਸ਼ਨਰਾਂ ਦਾ 01 ਜੁਲਾਈ 2023 ਤੋਂ 01 ਜਨਵਰੀ 26 ਤੱਕ ਦਾ 18% ਡੀ.ਏ. ਅਜੇ ਤੱਕ ਰਲੀਜ਼ ਹੀ ਨਹੀਂ ਕੀਤਾ। ਉਹਨਾਂ ਅਫਸੋਸ ਜ਼ਾਹਰ ਕਰਦਿਆਂ ਕਿਹਾ ਕਿ ਅੱਜ ਹਾਲਾਤ ਇੰਨੇ ਮਾੜੇ ਹੋ ਚੁੱਕੇ ਹਨ ਕਿ ਸੂਬਾ ਸਰਕਾਰ ਵੱਲੋਂ ਪੈਨਸ਼ਨਰਾਂ ਨੂੰ ਅਪ੍ਰੈਲ ਮਹੀਨੇ ਦੀ ਪੈਨਸ਼ਨ ਵੀ 7 ਮਈ ਨੂੰ ਮਿਲੀ ਹੈ, ਜਦਕਿ ਬਹੁਤੇ ਪੈਨਸ਼ਨਰ ਅਜੇ ਵੀ ਪੈਨਸ਼ਨ ਦੀ ਉਡੀਕ ਕਰ ਰਹੇ ਹਨ। ਉਹਨਾਂ ਕਿਹਾ ਕਿ ਪੈਨਸ਼ਨਰਾਂ ਨੂੰ ਡਿਜੀਟਲ ਲਾਈਫ ਸਰਟੀਫਿਕੇਟ ਦੇਣ ਲਈ ਮਜਬੂਰ ਨਾ ਕੀਤਾ ਜਾਵੇ। ਸ਼ਰਮਾ ਨੇ ਦੱਸਿਆ ਕਿ ਹਾਈ ਕੋਰਟ ਵਲੋਂ ਇਕ ਕੇਸ ਦੌਰਾਨ ਅੰਤਰਿਮ ਹੁਕਮ ਮਿਤੀ 08.04.2026 ਨੂੰ ਜਾਰੀ ਕੀਤੇ ਸਨ ਕਿ ਪੰਜਾਬ ਸਰਕਾਰ ਦੇ ਪੈਨਸ਼ਨਰਾਂ, ਫੈਮਿਲੀ ਪੈਨਸ਼ਨਰਾਂ ਅਤੇ ਕਰਮਚਾਰੀਆਂ ਨੂੰ ਅਪ-ਟੂ-ਡੇਟ ਡੀ.ਏ. 30 ਜੂਨ ਤੋਂ ਪਹਿਲਾਂ ਦਿੱਤਾ ਜਾਵੇ। ਪਰ ਪੰਜਾਬ ਸਰਕਾਰ ਵੱਲੋਂ ਮਾਨਯੋਗ ਅਦਾਲਤ ਦੇ ਫੈਸਲੇ ਦੇ ਉਲਟ 5 ਮਈ ਨੂੰ ਹੋਈ ਸੁਣਵਾਈ ਉਤੇ, ਅਦਾਲਤ ਨੇ ਇਸ ਫੈਸਲੇ 'ਤੇ ਰੋਕ ਲਗਾਉਣ ਤੋਂ ਕੋਰੀ ਨਾਂਹ ਕਰ ਦਿੱਤੀ ਅਤੇ ਫੈਸਲੇ ਨੂੰ ਬਰਕਰਾਰ ਰੱਖਿਆ। ਹੁਣ ਇਸ ਕੇਸ ਦੀ ਅਗਲੀ ਸੁਣਵਾਈ 25 ਮਈ ਨੂੰ ਹੈ। ਦੂਜੇ ਪਾਸੇ ਪੰਜਾਬ ਸਰਕਾਰ, ਪੈਨਸ਼ਨਰਾਂ/ਕਰਮਚਾਰੀਆਂ ਨੂੰ 14000 ਕਰੋੜ ਰੁਪਏ ਦੀ ਅਦਾਇਗੀ ਕਰਨ ਦੀ ਗਲਤ ਬਿਆਨਬਾਜ਼ੀ ਕਰ ਰਹੀ ਹੈ ਪਰ ਸਰਕਾਰ ਹੁਣ ਤੱਕ ਅਦਾਇਗੀ ਕੀਤੀ ਜਾ ਚੁੱਕੀ ਰਕਮ ਬਾਰੇ ਸਪੱਸ਼ਟੀਕਰਨ ਨਹੀਂ ਦੇ ਸਕੀ। ਉਹਨਾਂ ਕਿਹਾ ਕਿ ਸਰਕਾਰ ਦੀ ਮਿਆਦ ਫਰਵਰੀ 2027 ਵਿਚ ਖਤਮ ਹੋ ਰਹੀ ਹੈ। ਉਹ ਜਾਣਬੁੱਝ ਕੇ ਇਸ ਮੁੱਦੇ ਨੂੰ ਲਟਕਾ ਕੇ ਡੰਗ-ਟਪਾਊ ਨੀਤੀ ਤੇ ਕੰਮ ਕਰ ਰਹੀ ਹੈ ਅਤੇ ਨਾ ਹੀ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰ ਰਹੀ ਹੈ। ਉਹਨਾਂ ਪੰਜਾਬ ਸਰਕਾਰ ਦੀ 10 ਲੱਖ ਸਿਹਤ ਬੀਮਾ ਯੋਜਨਾ ਨੂੰ ਚੰਡੀਗੜ੍ਹ ਸਮੇਤ ਪੰਜਾਬ ਤੋਂ ਬਾਹਰ ਰਹਿੰਦੇ ਪੈਨਸ਼ਨਰਾਂ ਲਈ ਸਰਾਸਰ ਧੋਖਾ ਦੱਸਿਆ। ਉਹਨਾਂ ਕਿਹਾ ਕਿ 30 ਤੋਂ 40 ਸਾਲ ਨੌਕਰੀ ਕਰਨ ਉਪਰੰਤ ਸੇਵਾਮੁਕਤ ਹੋਏ ਪੰਜਾਬ ਦੇ ਪੈਨਸ਼ਨਰਾਂ ਨੂੰ ਇਸ ਯੋਜਨਾ ਤੋਂ ਵਾਂਝੇ ਰੱਖਿਆ ਗਿਆ ਹੈ, ਜੋ ਸਰਾਸਰ ਨਾਇਨਸਾਫੀ ਹੈ।ਆਖ਼ਰ ਵਿਚ ਐਸੋਸੀਏਸ਼ਨ ਦੇ ਸਮੂਹ ਆਗੂਆਂ ਨੇ ਭਗਵੰਤ ਸਿੰਘ ਮਾਨ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਪੈਨਸ਼ਨਰਾਂ ਅਤੇ ਕਰਮਚਾਰੀਆਂ ਦੀਆਂ ਮੰਗਾਂ ਨੂੰ ਤੁਰੰਤ ਹੱਲ ਨਾ ਕੀਤਾ ਤਾਂ ਉਸ ਨੂੰ ਇਸ ਦਾ ਨਤੀਜਾ ਆਉਂਦੀਆਂ 2027 ਵਿਧਾਨ ਸਭਾ ਚੋਣਾਂ ਵਿੱਚ ਭੁਗਤਣਾ ਪਵੇਗਾ।ਇਸ ਮੌਕੇ ਮਨੋਹਰ ਸਿੰਘ ਮੱਕੜ, ਅਮਰਜੀਤ ਸਿੰਘ ਵਾਲੀਆ, ਉਮਾ ਕਾਂਤ ਤਿਵਾੜੀ, ਸੁਖਦੇਵ ਸਿੰਘ, ਆਸ਼ਾ ਸੂਦ, ਚੰਦਰ ਸੁਰੇਖਾ, ਜਸਵਿੰਦਰ ਕੌਰ ਬੱਤਰਾ, ਅਵਤਾਰ ਸਿੰਘ ਜੋਦਕਾ, ਕ੍ਰਿਸ਼ਨ ਪਾਲ ਸ਼ਰਮਾ, ਰਾਜ ਕੁਮਾਰ ਕਾਲੀਆ, ਜਸਪਾਲ ਕੌਰ, ਸੁਰਜੀਤ ਕੌਰ, ਗੁਰਦੀਪ ਕੌਰ, ਧੰਨਾ ਸਿੰਘ, ਸਨਮੁੱਖ ਸਿੰਘ ਅਤੇ ਸਤਨਾਮ ਕੌਰ ਆਦਿ ਹਾਜ਼ਰ ਸਨ।




# ਸਿਵਲ ਹਸਪਤਾਲ ਬਲੱਡ ਬੈਂਕ ਨੇ ਮਨਾਇਆ ਵਿਸ਼ਵ ਰੈੱਡ ਕਰਾਸ ਤੇ ਥੈਲਾਸੀਮੀਆ ਦਿਵਸ

**ਫਗਵਾੜਾ (ਡਾ. ਰਮਨ)**- ਸਿਵਲ ਹਸਪਤਾਲ ਫਗਵਾੜਾ ਵਿਖੇ ਸੀਨੀਅਰ ਮੈਡੀਕਲ ਅਫ਼ਸਰ ਡਾ. ਸਿਮਰਦੀਪ ਕੌਰ ਦੀ ਰਹਿਨੁਮਾਈ ਅਤੇ ਬੱਲਡ ਬੈਂਕ ਸਿਵਲ ਹਸਪਤਾਲ ਫਗਵਾੜਾ ਦੇ ਇੰਚਾਰਜ ਡਾ. ਸੁਰਚੀ ਮੰਗਲ ਦੀ ਯੋਗ ਅਗਵਾਈ ਹੇਠ ਬਲੱਡ ਬੈਂਕ ਸਿਵਲ ਹਸਪਤਾਲ ਫਗਵਾੜਾ ਫਗਵਾੜਾ ਵਿਖੇ ਵਿਸ਼ਵ ਰੈੱਡ ਕਰਾਸ ਦਿਵਸ (ਮਨੁੱਖਤਾ ਦੇ ਨਾਲ ) ਅਤੇ ਥੈਲਾਸੀਮੀਆ ਦਿਵਸ ਦੀ ਥੀਮ ਸਬੰਧੀ ਇੱਕ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ। ਸੈਮੀਨਾਰ ਨੂੰ ਸੰਬੋਧਨ ਕਰਦਿਆਂ ਡਾ. ਸੁਰਚੀ ਮੰਗਲ ਨੇ ਦੱਸਿਆ ਕਿ ਵਿਸ਼ਵ ਰੈੱਡ ਕਰਾਸ ਦਿਵਸ ਹਰ ਸਾਲ 8 ਮਈ ਨੂੰ ਰੈਡ ਕਰਾਸ ਦੇ ਬਾਨੀ ਸਰ ਹੈਨਰੀ ਡੁਨਾਟ ਦੇ ਜਨਮ ਦਿਨ ਦੀ ਯਾਦ ਵਿੱਚ ਮਨਾਇਆ ਜਾਂਦਾ ਹੈ। ਹੈਨਰੀ ਡੁਨਾਟ ਦਾ ਜਨਮ 8 ਮਈ 1828 ਨੂੰ ਸਵਿਟਜ਼ਰਲੈਂਡ ਵਿੱਚ ਹੋਇਆ ਸੀ ਉਹ ਪਹਿਲੇ ਨੋਬਲ ਸ਼ਾਂਤੀ ਪੁਰਸਕਾਰ ਜੇਤੂ ਸਨ। ਉਨ੍ਹਾਂ ਕਿਹਾ ਕਿ ਰੈੱਡ ਕਰਾਸ ਦਿਵਸ ਸਾਨੂੰ ਯਾਦ ਦਿਵਾਉਂਦਾ ਹੈ ਕਿ ਜੰਗ ਹੋਵੇ ਜਾ ਮਹਾਂਮਾਰੀ, ਮਨੁੱਖਤਾ ਸਭ ਤੋਂ ਵੱਡਾ ਧਰਮ ਹੈ। ਇਹ ਉਨ੍ਹਾਂ ਗੁੰਮਨਾਮ ਹੀਰੋਆ ਦਾ ਦਿਨ ਹੈ ਜੋ ਆਪਣੀ ਜਾਨ ਖਤਰੇ ਵਿੱਚ ਪਾ ਕੇ ਦੂਜਿਆਂ ਦੀ ਜਾਨ ਬਚਾਉਂਦੇ ਹਨ। ਉਨ੍ਹਾਂ ਨੌਜਵਾਨਾਂ ਨੂੰ ਰੈੱਡ ਕਰਾਸ ਨਾਲ ਜੁੜ ਕੇ ਨਸ਼ਾ ਵਿਰੋਧੀ ਮੁਹਿੰਮ, ਖੂਨਦਾਨ ਅਤੇ ਆਫਤ ਦੇ ਸਮੇ ਸੇਵਾ ਕਰਨ ਦਾ ਸੱਦਾ ਦਿੱਤਾ ਇਸ ਮੌਕੇ ਉਨ੍ਹਾਂ ਥੈਲਾਸੀਮੀਆ ਸੰਬੰਧੀ ਦੱਸਿਆ ਕਿ ਥੈਲਾਸੀਮੀਆ ਇੱਕ ਖ਼ਾਨਦਾਨੀ ਖੂਨ ਦੀ ਬਿਮਾਰੀ ਹੈ। ਉਨ੍ਹਾਂ ਦੱਸਿਆ ਕਿ ਇੱਕ ਥੈਲਾਸੀਮੀਆ ਬੱਚੇ ਨੂੰ ਸਾਲ ਵਿੱਚ 12-15 ਵਾਰ ਖੂਨ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਵੈ ਇੱਛਾ ਅਨੁਸਾਰ ਇੱਕ ਯੂਨਿਟ ਕੀਤਾ ਖੂਨਦਾਨ ਉਸ ਦੀ 20 ਦਿਨ ਦੀ ਜ਼ਿੰਦਗੀ ਹੈ। ਉਨ੍ਹਾਂ ਸਮੂਹ ਨੌਜਵਾਨ ਪੀੜ੍ਹੀ ਨੂੰ ਵੱਧ ਤੋਂ ਵੱਧ ਬੱਲਡ ਡੋਨੇਸ਼ਨ ਕਰਨ ਲਈ ਜਾਗਰੂਕ ਕੀਤਾ। ਇਸ ਮੌਕੇ ਡਾ ਦਰਸ਼ਨ ਬੱਧਨ ਮੈਡੀਕਲ ਸਪੈਸ਼ਲਿਸਟ, ਡਾ ਅੰਜਨਾ ਅਰੋੜਾ ਹਾਊਸ ਸਰਜਨ, ਰਿਪਨਪ੍ਰੀਤ ਐਮ ਐਲ ਟੀ, ਗੀਟਾ ਨਰਸਿੰਗ ਸਿਸਟਰ, ਧਰਮਿੰਦਰ ਡਬਲਯੂ ਏ ਮੌਜੂਦ ਸਨ ਇਸ ਮੌਕੇ ਸਮੂਹ ਨਰਸਿੰਗ ਸਟੂਡੈਂਟਸ ਨੇ ਮਨੁੱਖਤਾ ਦੀ ਸੇਵਾ ਲਈ ਹਮੇਸ਼ਾ ਤਤਪਰ ਰਹਿਣ ਦਾ ਪ੍ਰਣ ਲਿਆ।



# ਚਾਂਦਪੁਰ ਬੇਲਾ ਵਿਖੇ 26 ਕਰੋੜ ਦੀ ਲਾਗਤ ਨਾਲ ਬਣੇਗਾ ਨਵਾਂ ਪੁਲ : ਬੈਂਸ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਸ੍ਰੀ ਅਨੰਦਪੁਰ ਸਾਹਿਬ ਤੋਂ ਹਲਕਾ ਵਿਧਾਇਕ ਤੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਿੰਡ ਚੰਦਪੁਰ ਬੇਲਾ ਵਿਖੇ 26 ਕਰੋੜ ਰੁਪਏ ਦੀ ਲਾਗਤ ਨਾਲ ਨਵਾਂ ਸਟੀਲ ਦਾ ਪੁੱਲ ਬਣਾਇਆ ਜਾਵੇਗਾ। ਇਸ ਦੇ ਨਾਲ ਹੀ ਹਲਕੇ ਵਿੱਚ ਕਰੀਬ 60 ਕਰੋੜ ਰੁਪਏ ਦੀ ਲਾਗਤ ਨਾਲ ਹੋਰ ਨਵੇਂ ਪੁੱਲਾਂ ਦੇ ਨਿਰਮਾਣ ਨੂੰ ਵੀ ਮਨਜ਼ੂਰੀ ਮਿਲੀ ਗਈ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਪ੍ਰੋਜੈਕਟਾਂ ਨਾਲ ਇਲਾਕੇ ਦੇ ਲੋਕਾਂ ਨੂੰ ਆਵਾਜਾਈ ਸੰਬੰਧੀ ਵੱਡੀ ਸਹੂਲਤ ਮਿਲੇਗੀ ਤੇ ਦਰਜਨਾਂ ਪਿੰਡਾਂ ਦੀ ਕਨੈਕਟੀਵਿਟੀ ਹੋਰ ਮਜ਼ਬੂਤ ਹੋਵੇਗੀ।ਉਨ੍ਹਾਂ ਦੱਸਿਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੌਰਾਨ ਪਹਿਲੀ ਵਾਰ ਹਲਕੇ ਵਿੱਚ ਨਵੇਂ ਪੁੱਲਾਂ ਦਾ ਨਿਰਮਾਣ ਵੱਡੇ ਪੱਧਰ 'ਤੇ ਕੀਤਾ ਜਾ ਰਿਹਾ ਹੈ। ਇਸ ਤੋਂ ਪਹਿਲਾਂ ਪੁੱਲਾਂ ਦੀ ਉਸਾਰੀ ਜ਼ਿਆਦਾਤਰ ਕਾਰ ਸੇਵਾ ਵਾਲੇ ਮਹਾਂਪੁਰਖਾਂ ਵੱਲੋਂ ਹੀ ਕੀਤੀ ਜਾਂਦੀ ਰਹੀ, ਜਦਕਿ ਪਿਛਲੀਆਂ ਸਰਕਾਰਾਂ ਨੇ ਪੁੱਲਾਂ ਅਤੇ ਸੜਕਾਂ ਦੇ ਵਿਕਾਸ ਵੱਲ ਲੋੜੀਂਦਾ ਧਿਆਨ ਨਹੀਂ ਦਿੱਤਾ। ਕੈਬਨਿਟ ਮੰਤਰੀ ਨੇ ਕਿਹਾ ਕਿ ਬੇਲਿਆਂ ਦੇ ਪਿੰਡਾਂ ਵਿੱਚ ਸੜਕੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਕਰੋੜਾਂ ਰੁਪਏ ਦੀ ਲਾਗਤ ਨਾਲ ਸੜਕਾਂ ਨੂੰ 18 ਫੁੱਟ ਚੌੜਾ ਕੀਤਾ ਜਾ ਰਿਹਾ ਹੈ ਤੇ ਇਸ ਦੇ ਨਾਲ ਹੀ ਕਰੀਬ 100 ਕਰੋੜ ਰੁਪਏ ਦੀ ਲਾਗਤ ਨਾਲ ਤਿੰਨ ਨਵੇਂ ਪੁੱਲਾਂ ਦਾ ਕੰਮ ਜੰਗੀ ਪੱਧਰ 'ਤੇ ਜਾਰੀ ਹੈ।ਉਨ੍ਹਾਂ ਹੋਰ ਦੱਸਿਆ ਕਿ ਚੰਦਪੁਰ ਬੇਲਾ ਵਿਖੇ 26 ਕਰੋੜ ਰੁਪਏ ਦੀ ਲਾਗਤ ਨਾਲ ਨਵਾਂ ਪੁੱਲ ਬਣੇਗਾ ਜਿਸ ਦਾ ਕੰਮ ਜਲਦ ਸ਼ੁਰੂ ਕਰਵਾਇਆ ਜਾਵੇਗਾ, ਜਦਕਿ ਸ਼ਾਹਪੁਰ ਬੇਲਾ ਵਿਖੇ 7 ਕਰੋੜ ਰੁਪਏ ਦੀ ਲਾਗਤ ਨਾਲ ਨਵਾਂ ਪੁੱਲ ਤਿਆਰ ਕੀਤਾ ਜਾਵੇਗਾ।



# ਬੰਗੜ ਜਠੇਰਿਆਂ ਦਾ ਸਲਾਨਾ ਜੋੜ ਮੇਲਾ 17 ਨੂੰ

**ਫਗਵਾੜਾ (ਜਸਵਿੰਦਰ ਢੱਡਾ)**- ਜਠੇਰੇ ਬੰਗੜ ਵੈਲਫੇਅਰ ਕਮੇਟੀ (ਰਜਿ.) ਵਲੋਂ ਬੰਗੜ ਜਠੇਰਿਆਂ ਦਾ 29ਵਾਂ ਸਲਾਨਾ ਜੋੜ ਮੇਲਾ 17 ਮਈ ਨੂੰ ਪਿੰਡ ਸਾਹਨੀ ਤਹਿਸੀਲ ਫਗਵਾੜਾ ਵਿਖੇ ਕਮੇਟੀ ਪ੍ਰਧਾਨ ਬਹਾਦਰ ਸਿੰਘ ਬੰਗੜ ਪਿੰਡ ਕਿਸ਼ਨਪੁਰ ਦੀ ਅਗਵਾਈ ਹੇਠ ਸਮੂਹ ਬੰਗੜ ਪਰਵਾਰਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਤੇ ਉਤਸ਼ਾਹ ਪੂਰਵਕ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਪੋਸਟਰ ਰਿਲੀਜ਼ ਕਰਦੇ ਹੋਏ ਕਮੇਟੀ ਪ੍ਰਧਾਨ ਬਹਾਦਰ ਸਿੰਘ ਬੰਗੜ, ਮੀਤ ਪ੍ਰਧਾਨ ਰਾਜਕੁਮਾਰ ਬੰਗੜ ਅਤੇ ਜਨਰਲ ਸਕੱਤਰ ਸੰਤੋਖ ਦਾਸ ਬੰਗੜ ਨੇ ਦੱਸਿਆ ਕਿ 17 ਮਈ ਨੂੰ ਸਵੇਰੇ 11.30 ਵਜੇ ਸ੍ਰੀ ਨਿਸ਼ਾਨ ਸਾਹਿਬ ਦੀ ਰਸਮ ਉਪਰੰਤ ਸਰਬੱਤ ਦੇ ਭਲੇ ਅਤੇ ਬੰਗੜ ਪਰਵਾਰਾਂ ਦੀ ਚੜ੍ਹਦੀ ਕਲਾ ਲਈ ਅਰਦਾਸ ਤੋਂ ਬਾਅਦ ਵੱਡੇ ਵਡੇਰਿਆਂ ਦਾ ਅਸ਼ੀਰਵਾਦ ਲਿਆ ਜਾਵੇਗਾ। ਉਪਰੰਤ ਧਾਰਮਿਕ ਅਤੇ ਸੱਭਿਆਚਾਰਕ ਸਟੇਜ ਸਜਾਈ ਜਾਵੇਗੀ। ਜਿਸ ਵਿਚ ਪੰਜਾਬ ਦੇ ਨਾਮਵਰ ਕਲਾਕਾਰ ਆਪਣੇ ਫਨ ਦਾ ਮੁਜ਼ਾਹਰਾ ਕਰਨਗੇ। ਪ੍ਰਬੰਧਕਾਂ ਨੇ ਦੱਸਿਆ ਕਿ ਸਮਾਗਮ ਦੌਰਾਨ ਚਾਹ ਪਕੌੜੇ, ਠੰਡੇ ਮਿੱਠੇ ਜਲ ਦੀ ਛਬੀਲ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ।ਇਸ ਮੌਕੇ ਕਮੇਟੀ ਦੇ ਮੀਤ ਪ੍ਰਧਾਨ ਰਾਕੇਸ਼ ਕੁਮਾਰ ਬੰਗੜ ਚੱਕ ਪ੍ਰੇਮਾ, ਸੰਤੋਖ ਦਾਸ ਬੰਗੜ ਜਨਰਲ ਸਕੱਤਰ, ਵਰਿੰਦਰ ਕੁਮਾਰ ਕੈਸ਼ੀਅਰ, ਸਹਿ ਸਕੱਤਰ ਪ੍ਰਿਥਵੀ ਪਾਲ ਬੰਗੜ, ਰਾਜਕੁਮਾਰ ਬੰਗੜ ਜੁਆਇੰਟ ਕੈਸ਼ੀਅਰ, ਸਲਾਹਕਾਰ ਮਨੋਹਰ ਲਾਲ ਅਤੇ ਤਰਸੇਮ ਲਾਲ ਬੰਗੜ ਤੋਂ ਇਲਾਵਾ ਜਸਵਿੰਦਰ ਸਿੰਘ ਬੰਗੜ, ਅਜੇ ਕੁਮਾਰ ਬੰਗੜ, ਧਰਮਪਾਲ ਬੰਗੜ ਅਤੇ ਨੀਲਮ ਕੁਮਾਰ ਬੰਗੜ ਕਮੇਟੀ ਮੈਂਬਰ ਆਦਿ ਹਾਜ਼ਰ ਸਨ ।

# ਯੋਗ ਆਸਨਾਂ ਰਾਹੀਂ ਮਾਨਸਿਕ ਸਿਹਤ ਤੰਦਰੁਸਤ ਰਹਿੰਦੀ : ਐੱਸ ਡੀ ਐੱਮ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਭਗਵੰਤ ਸਿੰਘ ਮਾਨ ਸਰਕਾਰ ਵੱਲੋਂ ਪੰਜਾਬ ਦੇ ਹਰ ਵਰਗ ਦੇ ਲੋਕਾਂ ਦੀ ਸਿਹਤ ਨੂੰ ਰੋਗ-ਮੁਕਤ ਕਰਨ ਦੇ ਮੰਤਵ ਨਾਲ ਸ਼ੁਰੂ ਕੀਤੀ ਗਈ ਸੀ ਐਮ ਦੀ ਯੋਗਸ਼ਾਲਾ ਡੇਰਾਬੱਸੀ ਇਲਾਕੇ ਦੇ ਲੋਕਾਂ ਲਈ ਵੀ ਬੜੀ ਲਾਭਕਾਰੀ ਸਿੱਧ ਹੋ ਰਹੀ ਹੈ।ਐੱਸ. ਡੀ.ਐਮ, ਡੇਰਾਬੱਸੀ, ਅਮਿਤ ਗੁਪਤਾ ਅਨੁਸਾਰ ਡੇਰਾਬੱਸੀ 'ਚ ਮਾਹਰ ਯੋਗਾ ਟ੍ਰੇਨਰ ਰਾਹੀ ਰੈਨਾ ਵੱਲੋਂ ਡੇਰਾਬੱਸੀ ਵਿਖੇ ਵੱਖ-ਵੱਖ ਥਾਵਾਂ 'ਤੇ ਰੋਜ਼ਾਨਾ 6 ਯੋਗਾ ਕਲਾਸਾਂ ਲਾਈਆਂ ਜਾ ਰਹੀਆਂ ਹਨ, ਜਿਨ੍ਹਾਂ 'ਚ ਉਨ੍ਹਾਂ ਵੱਲੋਂ ਹਨੂੰਮਾਨ ਮੰਦਰ ਹਾਲ, ਡੇਰਾਬਸੀ ਵਿਖੇ ਪਹਿਲੀ ਕਲਾਸ ਸਵੇਰੇ 4.50 ਵਜੇ ਤੋਂ 5.50 ਵਜੇ ਤੱਕ ਲਗਾਈ ਜਾਂਦੀ ਹੈ। ਦੂਸਰੀ ਕਲਾਸ ਐਸ.ਬੀ.ਪੀ. ਹਾਊਸਿੰਗ ਪਾਰਕ, ਡੇਰਾਬਸੀ ਵਿਖੇ ਸਵੇਰੇ 6.00 ਵਜੇ ਤੋਂ 7.00 ਵਜੇ ਤੱਕ ਹੁੰਦੀ ਹੈ। ਤੀਸਰੀ ਕਲਾਸ ਗੁਲਮੋਹਰ ਸਿਟੀ, ਐਕਸਟੈਂਸ਼ਨ, ਡੇਰਾਬਸੀ ਵਿਖੇ ਸਵੇਰੇ 7.15 ਤੋਂ 8.15 ਵਜੇ ਤੱਕ ਲਗਾਈ ਜਾਂਦੀ ਹੈ। ਚੌਥੀ ਕਲਾਸ ਰਾਮਦਾਸੀਆ ਮੁਹੱਲਾ, ਮੁਬਾਰਕਪੁਰ, ਡੇਰਾਬੱਸੀ ਵਿਖੇ ਸਵੇਰੇ 9.45 ਤੋਂ 10.45 ਵਜੇ ਤੱਕ ਹੁੰਦੀ ਹੈ। ਪੰਜਵੀਂ ਕਲਾਸ ਗੁਪਤਾ ਮੁਹੱਲਾ, ਧਰਮਸ਼ਾਲਾ, ਦੱਪਰ, ਡੇਰਾਬੱਸੀ ਵਿਖੇ ਸਵੇਰੇ 11.00 ਤੋਂ 12.00 ਵਜੇ ਤੱਕ ਅਤੇ ਛੇਵੀਂ ਕਲਾਸ ਵੀ.ਆਈ.ਪੀ. ਇੰਨਕਲੇਵ, ਹੈਬਤਪੁਰ ਰੋਡ, ਡੇਰਾਬੱਸੀ ਵਿਖੇ ਸ਼ਾਮ ਨੂੰ 6.00 ਵਜੇ ਤੋਂ 7.00 ਵਜੇ ਤੱਕ ਲਗਾਈ ਜਾਂਦੀ ਹੈ, ਜਿੱਥੇ ਬਿਨਾਂ ਕੋਈ ਫ਼ੀਸ ਲਿਆਂ ਯੋਗਾ ਦੀ ਸਿਖਲਾਈ ਦਿੱਤੀ ਜਾਂਦੀ ਹੈ। ਉ_ ਨ੍ਹ ਾਂ ਦੱਸਿਆ ਕਿ ਯੋਗਾ ਕਲਾਸਾਂ ਦਾ ਮੰਤਵ ਲੋਕਾਂ ਨੂੰ ਆਪਣੀ ਜੀਵਨ ਸ਼ੈਲੀ 'ਚ ਥੋੜ੍ਹੀ ਤਬਦੀਲੀ ਲਿਆ ਕੇ ਅਭਿਆਸ ਅਤੇ ਮੈਡੀਟੇਸ਼ਨ ਰਾਹੀਂ ਆਪਣੀਆਂ ਸਰੀਰਕ ਮੁਸ਼ਕਲਾਂ ਨੂੰ ਹੱਲ ਕਰਨ ਦੇ ਯੋਗ ਬਣਾਉਣਾ ਹੈ। ਉਨ੍ਹਾਂ ਨੇ ਇਹ ਵੀ ਦੱਸਿਆਂ ਕਿ ਕੇਵਲ ਇੱਕ ਫ਼ੋਨ ਕਾਲ ਦੇ ਜ਼ਰੀਏ ਕਿਸੇ ਵੀ ਨਵੀਂ ਥਾਂ 'ਤੇ 25 ਸਾਧਕਾਂ ਦਾ ਗਰੁੱਪ ਫ਼ੋਨ ਨੰ. 76694-00500 'ਤੇ ਸੰਪਰਕ ਕਰਕੇ ਯੋਗਾ ਟ੍ਰੇਨਰ ਦੀਆਂ ਸੇਵਾਵਾਂ ਲੈ ਸਕਦਾ ਹੈ, ਜਿਸ ਲਈ ਪੰਜਾਬ ਸਰਕਾਰ ਵੱਲੋਂ ਕੋਈ ਫ਼ੀਸ ਨਹੀਂ ਲਈ ਜਾਂਦੀ। ਇਸ ਤੋਂ ਇਲਾਵਾ ਵੈੱਬਸਾਈਟ 'ਤੇ ਜਾ ਕੇ ਵੀ ਜਾਣਕਾਰੀ ਲਈ ਜਾ ਸਕਦੀ ਹੈ।ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲੋਕਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਵੀ ਆਪਣੇ ਨੇੜਲੇ ਇਲਾਕਿਆਂ ਵਿੱਚ ਚੱਲ ਰਹੀਆਂ ਸੀ.ਐੱਮ ਦੀ ਯੋਗਸ਼ਾਲਾ ਕਲਾਸਾਂ ਨਾਲ ਜੁੜ ਕੇ ਸਿਹਤਮੰਦ ਜੀਵਨਸ਼ੈਲੀ ਅਪਣਾਉਣ।



# ਦਲਬੀਰ ਸਿੰਘ ਖਿੰਡਾ ਦੀ ਅੰਤਿਮ ਅਰਦਾਸ ਮੌਕੇ ਸ਼ਰਧਾ ਦੇ ਫੁੱਲ ਭੇਟ

**ਸ਼ਾਹਕੋਟ (ਗਿਆਨ ਸੈਦਪੁਰੀ)** ਖਿੰਡਾ ਹਾਈਵੇ ਫਿਊਲਜ਼ ਸਲੈਚਾਂ ਦੇ ਮਾਲਕ ਸੁਖਵਿੰਦਰ ਸਿੰਘ ਖਿੰਡਾ ਦੇ ਪਿਤਾ, ਉੱਘੇ ਸਮਾਜ ਸੇਵਕ ਅਤੇ ਬਜ਼ੁਰਗ ਦਲਬੀਰ ਸਿੰਘ ਖਿੰਡਾ (90) ਸਾਬਕਾ ਸਰਪੰਚ ਪਿੰਡ ਸਲੈਚਾਂ ਕੁੱਝ ਦਿਨ ਬਿਮਾਰ ਰਹਿਣ ਉਪਰੰਤ 30 ਅਪ੍ਰੈਲ 2026 ਨੂੰ ਆਪਣੇ ਸਵਾਸਾਂ ਦੀ ਪੂੰਜੀ ਨੂੰ ਪੂਰਾ ਕਰਦੇ ਹੋਏ ਵਾਹਿਗੁਰੂ ਦੇ ਚਰਨਾਂ ਵਿੱਚ ਜਾ ਬਿਰਾਜੇ ਸਨ।ਉਨਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪੈਣ ਉਪਰੰਤ ਅੰਤਿਮ ਅਰਦਾਸ ਮੌਕੇ ਜਿਥੇ ਰਾਗੀ ਸਿੰਘਾਂ ਵੱਲੋਂ ਬਹੁਤ ਹੀ ਸ਼ੋਕਮਈ ਕੀਰਤਨ ਕੀਤਾ ਗਿਆ ਤੇ ਉਥੇ ਵੱਖ ਵੱਖ ਰਾਜਨੀਤਕ,ਧਾਰਮਿਕ ਅਤੇ ਸਾਮਜ ਸੇਵੀ ਬੁਲਾਰਿਆਂ ਵੱਲੋਂ ਉਨਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ।ਦਲਬੀਰ ਸਿੰਘ ਖਿੰਡਾ ਆਪਣੇ ਪਿੱਛੇ ਇੱਕ ਭਰਿਆ ਪੂਰਾ ਪਰਵਾਰ ਪਤਨੀ ਬੀਬੀ ਕੁਲਵੰਤ ਕੌਰ, ਪੁੱਤਰ ਸੁਖਵਿੰਦਰ ਸਿੰਘ ਖਿੰਡਾ, ਬੇਟੀਆਂ ਜੋ ਕਿ ਵਿਆਹੀਆਂ ਹੋਈਆਂ ਹਨ ਅਮਰਜੀਤ ਕੌਰ, ਪ੍ਰਮਜੀਤ ਕੌਰ (ਯੂ ਕੇ), ਨਰਿੰਦਰ ਕੌਰ (ਯੂ ਐੱਸ ਏ),ਕੁਲਵਿੰਦਰ ਕੌਰ, ਜਸਵਿੰਦਰ ਕੌਰ (ਯੂ ਐੱਸ ਏ) ਅਤੇ ਪੋਤਰੇ ਗੁਰਪ੍ਰੀਤ ਸਿੰਘ ਖਿੰਡਾ, ਰਣਜੀਤ ਸਿੰਘ ਜੀਤਾ ਸਾਬਕਾ ਸਰਪੰਚ ਸਲੈਚਾਂ,ਪ੍ਰਿਤਪਾਲ ਸਿੰਘ (ਤਿੰਨੋ ਹਾਲ ਵਾਸੀ ਕੈਨੇਡਾ)। ਵੱਖ ਵੱਖ ਬੁਲਾਰਿਆਂ ਵਿੱਚ ਨਗਰ ਪੰਚਾਇਤ ਸ਼ਾਹਕੋਟ ਦੇ ਪ੍ਰਧਾਨ ਗੁਲਜਾਰ ਸਿੰਘ ਥਿੰਦ, ਸਾਬਕਾ ਵਿਧਾਇਕ ਹਲਕਾ ਨਕੋਦਰ ਜਥੇ.ਗੁਰਪ੍ਰਤਾਪ ਸਿੰਘ ਵਡਾਲਾ, ਸ਼੍ਰੋਮਣੀ ਅਕਾਲੀ ਦਲ ਦੇ ਬੁਲਾਰੇ ਐਡਵੋਕੇਟ ਬਚਿੱਤਰ ਸਿੰਘ ਕੋਹਾੜ,ਸਮਾਜ ਸੇਵੀ ਕ੍ਰਿਪਾਲ ਸਿੰਘ ਮਜੀਠਾ ਅਤੇ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਪਿੰਦਰ ਪੰਡੋਰੀ ਨੇ ਜਿਥੇ ਦਲਬੀਰ ਸਿੰਘ ਖਿੰਡਾ ਦੇ ਪਿਛੋਕੜ ਬਾਰੇ ਵਿਸਥਾਰ ਵਿੱਚ ਚਾਨਣਾਂ ਪਾਇਆ ਕਿ ਕਿਵੇਂ ਉਨਾਂ ਨੇ ਵੰਡ ਵੇਲੇ ਪਾਕਿਸਤਾਨ ਵਿੱਚੋਂ ਇੱਧਰ ਆ ਕੇ ਦਿਨ ਰਾਤ ਮਿਹਨਤ ਕੀਤੀ ਅਤੇ ਆਪਣੇ ਪਰਵਾਰ ਨੂੰ ਕਾਮਯਾਬੀ ਦੀਆਂ ਸਿਖਰਾਂ ਤੇ ਪਹੁੰਚਾਇਆ।ਉਨਾਂ ਦੱਸਿਆ ਕਿ ਉਨਾਂ ਦੀ ਮਿਹਨਤ ਸਕਦਾ ਹੀ ਅੱਜ ਉਨਾਂ ਦੇ ਤਿੰਨ ਪੋਤਰੇ ਕੈਨੇਡਾ ਵਿੱਚ ਵੈਲ ਸੈਟਲ ਹਨ।ਅੰਤਿਮ ਅਰਦਾਸ ਮੌਕੇ ਹੋਰਨਾਂ ਤੋਂ ਇਲਾਵਾ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ,ਚੇਅਰਮੈਨ ਹਰਜਿੰਦਰ ਸਿੰਘ ਸੀਚੇਵਾਲ, ਕਬੱਡੀ ਖਿਡਾਰੀ ਤੇ 'ਆਪ' ਆਗੂ ਪਾਲਾ ਜਲਾਲਪੁਰੀ, ਕੌਂਸਲਰ ਪ੍ਰਵੀਨ ਗਰੋਵਰ, ਕੌਂਸਲਰ ਬੂਟਾ ਸਿੰਘ ਕਲਸੀ, ਕੌਂਸਲਰ ਸਤੀਸ਼ ਰਿਹਾਨ, ਠੇਕੇਦਾਰ ਰਣਧੀਰ ਸਿੰਘ ਰਾਣਾਂ, ਜਗਤਾਰ ਸਿੰਘ ਤਾਰੀ ਸਾ.ਸਰਪੰਚ ਬਾਜਵਾ ਕਲਾਂ, ਸੁਖਦੇਵ ਸਿੰਘ ਢੋਟ, ਲਹਿੰਬਰ ਪਹਿਲਵਾਨ, ਸਮਾਜ ਸੇਵਕ ਬਬਲੂ ਰਿਹਾਨ, ਸੁਰਿੰਦਰ ਮੋਹਣ ਮਲਹੋਤਰਾ, ਮਕਸੂਦਨ ਕੁਮਾਰ, ਰਣਜੀਤ ਸਿੰਘ ਰਾਣਾ ਸਾ.ਸਰਪੰਚ ਸੈਦਪੁਰ, ਪੱਤਰਕਾਰ ਰਣਜੀਤ ਬਹਾਦਰ, ਮਨਦੀਪ ਸਿੰਘ ਬਾਹਮਣੀਆਂ, ਸੁਰਿੰਦਰ ਵਿੱਗ, ਬੀ ਪੀ ਈ ਓ ਰਕੇਸ਼ ਚੰਦ ਸ਼ਾਹਕੋਟ, ਹਰਮੇਸ਼ ਲਾਲ ਗੁੱਜਰ, ਮਨਜੀਤ ਸਿੰਘ ਸੱਤਾ ਟਰਾਂਸਪੋਰਟਰ, ਸਾਬਕਾ ਕੌਂਸਲਰ ਡਾ. ਅਰਵਿੰਦਰ ਸਿੰਘ ਰੂਪਰਾ, ਕਾਂਗਰਸੀ ਆਗੂ ਤਰਲੋਕ ਰੂਪਰਾ, ਰਕੇਸ਼ ਭੱਲਾ, ਸਾਬਕਾ ਪ੍ਰਧਾਨ ਨਗਰ ਪੰਚਾਇਤ ਪਵਨ ਪੁਰੀ, ਭੂਸ਼ਨ ਲਾਲ ਜੈਨ, ਅਧਿਆਂਪਕ ਆਗੂ ਗੁਰਮੇਜ ਲਾਲ ਹੀਰ, ਇੰਦਰ ਸਿੰਘ ਮੀਏਵਾਲ, ਗੁਰਦੀਪ ਸਿੰਘ ਪਟਵਾਰੀ, ਰੈਡ ਰੀਬਨ ਦੇ ਪ੍ਰਧਾਨ ਰਮਨ ਗੁਪਤਾ, ਟਿੰਪੀ ਕੁਮਰਾ, ਮਹਿੰਦਰ ਸਿੰਘ ਬਾਜਵਾ, ਅਵਤਾਰ ਸਿੰਘ ਤਾਰੀ ਢਾਬੇ ਵਾਲਾ (ਸ਼ਾਹਕੋਟ) ਆਦਿ ਹਾਜ਼ਰ ਸਨ।ਸਟੇਜ ਸਕੱਤਰ ਦੇ ਫਰਜ਼ ਉੱਘੇ ਸਮਾਜ ਸੇਵਕ ਜਤਿੰਦਰਪਾਲ ਸਿੰਘ ਬੱਲਾ ਨੇ ਬਾਖੂਬੀ ਨਿਭਾਇਆ।

